ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

# ਚੜ੍ਹਦੀਕਲਾ

DAILY CHARHDIKALA, PATIALA

ਰਜਿਸਟਰਡ ਪੋਸਟਲ ਰਜਿ: ਨੰ.
Pb/PTA(0274)/2024-26,
ਸਾਲ (Year) 58
ਅੰਕ ਨੰਬਰ (Volume No.) 107
ਫ਼ੋਨ: +91- 92168-07500
E-mail: news@charhdikala.com
www.charhdikala.com

ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ

ਕੁੱਲ ਪੰਨੇ: 12 (Sunday, 19 April, 2026) ਐਤਵਾਰ, 19 ਅਪ੍ਰੈਲ, 2026, 6 ਵੈਸਾਖ, ਨਾਨਕਸ਼ਾਹੀ ਸੰਮਤ 558, ਬਿਕ੍ਰਮੀ 2083/ PRGI (RNI) Regd. No. 22972/1972/ ਮੁੱਲ: 2 ਰੁਪਏ

## ਸੋਨਾ-ਚਾਂਦੀ ਦੀਆਂ ਕੀਮਤਾਂ 'ਚ ਗਿਰਾਵਟ

ਨਵੀਂ ਦਿੱਲੀ, 18 ਅਪ੍ਰੈਲ (ਚ.ਨ.ਸ.):ਘਰੇਲੂ ਬਾਜ਼ਾਰ ਵਿੱਚ ਕਮਜ਼ੋਰ ਮੰਗ ਦੇ ਚੱਲਦਿਆਂ ਰਾਸ਼ਟਰੀ ਰਾਜਧਾਨੀ ਦੇ ਸਰਾਫਾ ਬਾਜ਼ਾਰ ਵਿੱਚ ਸੋਨੇ ਅਤੇ ਚਾਂਦੀ ਦੀਆਂ ਕੀਮਤਾਂ ਵਿੱਚ ਭਾਰੀ ਗਿਰਾਵਟ ਦੇਖਣ ਨੂੰ ਮਿਲੀ। ਸਭ ਤੋਂ ਵੱਧ ਗਿਰਾਵਟ ਚਾਂਦੀ ਦੀਆਂ ਕੀਮਤਾਂ ਵਿੱਚ ਦਰਜ ਕੀਤੀ ਗਈ ਹੈ, ਜੋ 5,700 ਰੁਪਏ ਟੁੱਟ ਕੇ 2.53 ਲੱਖ ਰੁਪਏ ਪ੍ਰਤੀ ਕਿਲੋਗ੍ਰਾਮ 'ਤੇ ਆ ਗਈ ਹੈ।

ਅਖਿਲ ਭਾਰਤੀ ਸਰਰਾਫਾ ਸੰਘ ਅਨੁਸਾਰ, ਚਾਂਦੀ ਦੀ ਕੀਮਤ ਵਿੱਚ 2.2 ਪ੍ਰਤੀਸ਼ਤ ਦੀ ਗਿਰਾਵਟ ਆਈ ਹੈ, ਜਿਸ ਨਾਲ ਹੁਣ ਇਸਦਾ ਭਾਅ 2,53,000 ਰੁਪਏ ਪ੍ਰਤੀ ਕਿਲੋਗ੍ਰਾਮ (ਸਾਰੇ ਟੈਕਸਾਂ ਸਮੇਤ) ਹੋ ਗਿਆ ਹੈ। ਦੂਜੇ ਪਾਸੇ, 99.9 ਪ੍ਰਤੀਸ਼ਤ ਸ਼ੁੱਧਤਾ ਵਾਲਾ ਸੋਨਾ ਵੀ 1,600 ਰੁਪਏ (1.01 ਪ੍ਰਤੀਸ਼ਤ) (ਬਾਕੀ ਸਫ਼ਾ 2 'ਤੇ)

# ਹੋਰਮੁਜ਼ ਜਲਡਮਰੂ 'ਚ ਭਾਰਤੀ ਟੈਂਕਰ 'ਤੇ ਚੱਲੀਆਂ ਗੋਲ਼ੀਆਂ, ਈਰਾਨੀ ਰਾਜਦੂਤ ਤਲਬ

ਚੜ੍ਹਦੀਕਲਾ ਬਿਊਰੋ



ਨਵੀਂ ਦਿੱਲੀ, 18 ਅਪ੍ਰੈਲ :ਹੋਰਮੁਜ਼ ਜਲਡਮਰੂ ਦੇ ਨੇੜੇ ਈਰਾਨੀ ਫੌਜਾਂ ਵੱਲੋਂ ਇੱਕ ਭਾਰਤੀ ਝੰਡੇ ਵਾਲੇ ਤੇਲ ਟੈਂਕਰ 'ਤੇ ਫਾਇਰਿੰਗ ਕਰਨ ਦੀ ਘਟਨਾ ਤੋਂ ਬਾਅਦ ਭਾਰਤ ਅਤੇ ਈਰਾਨ ਵਿਚਾਲੇ ਕੂਟਨੀਤਕ ਤਣਾਅ ਪੈਦਾ ਹੋ ਗਿਆ ਹੈ। ਇਸ ਗੰਭੀਰ ਮਾਮਲੇ 'ਤੇ ਸਖ਼ਤ ਇਤਰਾਜ਼ ਜਤਾਉਂਦੇ ਹੋਏ ਭਾਰਤ ਦੇ ਵਿਦੇਸ਼ ਮੰਤਰਾਲੇ (ਐਮ.ਈ.ਏ.) ਨੇ ਸ਼ਨੀਵਾਰ ਨੂੰ ਈਰਾਨੀ ਰਾਜਦੂਤ ਨੂੰ ਤਲਬ ਕੀਤਾ ਹੈ। ਪ੍ਰਾਪਤ ਜਾਣਕਾਰੀ ਅਨੁਸਾਰ, ਭਾਰਤੀ ਤੇਲ ਟੈਂਕਰ 'ਸਨਮਾਰ ਹੇਰਾਲਡ' 'ਤੇ ਈਰਾਨੀ ਫੌਜਾਂ ਵੱਲੋਂ ਉਸ ਸਮੇਂ ਹਮਲਾ ਕੀਤਾ ਗਿਆ ਜਦੋਂ ਉਹ ਰਣਨੀਤਕ ਤੌਰ 'ਤੇ ਮਹੱਤਵਪੂਰਨ ਹੋਰਮੁਜ਼ ਦੇ ਜਲਡਮਰੂ ਮੱਧ ਦੇ ਨੇੜਿਓਂ ਗੁਜ਼ਰ ਰਿਹਾ ਸੀ। ਇਸ ਘਟਨਾ ਤੋਂ ਬਾਅਦ ਵਿਦੇਸ਼ ਮੰਤਰਾਲੇ ਨੇ ਈਰਾਨੀ ਰਾਜਦੂਤ ਡਾ. ਮੁਹੰਮਦ ਫਤਾਲੀ ਨੂੰ ਮੀਟਿੰਗ ਲਈ ਬੁਲਾਇਆ ਤਾਂ ਜੋ ਇਸ ਘਟਨਾ ਵਿਰੁੱਧ ਰਸਮੀ ਵਿਰੋਧ ਦਰਜ ਕਰਵਾਇਆ ਜਾ ਸਕੇ। ਸੂਤਰਾਂ ਅਨੁਸਾਰ, ਭਾਰਤ ਸਰਕਾਰ ਨੇ ਸਮੁੰਦਰੀ ਰਸਤੇ ਵਿੱਚ ਵਾਪਰੀ ਇਸ ਘਟਨਾ ਨੂੰ ਬਹੁਤ ਗੰਭੀਰਤਾ ਨਾਲ ਲਿਆ ਹੈ ਅਤੇ ਈਰਾਨੀ ਪੱਖ ਕੋਲ ਆਪਣਾ ਸਖ਼ਤ ਇਤਰਾਜ਼ ਦਰਜ ਕਰਵਾਇਆ ਹੈ। ਦੱਸ ਦਈਏ ਕਿ ਸ਼ਨੀਵਾਰ ਨੂੰ ਹੋਰਮੁਜ਼ ਨੂੰ ਪਾਰ ਕਰਨ ਦੀ ਕੋਸ਼ਿਸ਼ ਕਰ ਰਹੇ ਘੱਟੋ-ਘੱਟ ਦੋ ਵਪਾਰਕ ਜਹਾਜ਼ਾਂ 'ਤੇ ਗੋਲੀਬਾਰੀ ਹੋਣ ਦੀ ਖ਼ਬਰ ਸਾਹਮਣੇ ਆਈ ਸੀ। ਹਾਲਾਂਕਿ ਇਸ ਦੌਰਾਨ ਜਹਾਜ਼ਾਂ ਬਾਰੇ ਜਾਣਕਾਰੀ ਸਾਂਝੀ ਨਹੀਂ ਕੀਤੀ ਗਈ ਸੀ। ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਅਮਰੀਕਾ ਵੱਲੋਂ (ਬਾਕੀ ਸਫਾ 2 'ਤੇ)

## ਅਮਰੀਕਾ ਵੱਲੋਂ ਛੋਟ ਵਧਾਏ ਜਾਣ ਕਾਰਨ ਭਾਰਤ ਹੁਣ ਰੂਸ ਤੋਂ ਖਰੀਦ ਸਕੇਗਾ ਹੋਰ ਤੇਲ

ਵਾਸ਼ਿੰਗਟਨ, 18 ਅਪ੍ਰੈਲ (ਚ.ਨ.ਸ.): ਵਿਸ਼ਵ ਊਰਜਾ ਬਾਜ਼ਾਰ ਵਿੱਚ ਉਥਲ-ਪੁਥਲ ਵਿਚਾਲੇ ਅਮਰੀਕਾ ਨੇ ਭਾਰਤ ਨੂੰ ਰੂਸੀ ਤੇਲ ਦੀ ਖਰੀਦ 'ਤੇ ਛੋਟ ਨੂੰ ਇੱਕ ਮਹੀਨੇ ਲਈ ਵਧਾ ਦਿੱਤਾ ਹੈ। ਇਹ ਫੈਸਲਾ ਉਸ ਸਮੇਂ ਆਇਆ ਹੈ ਜਦੋਂ ਪਹਿਲਾਂ ਇਸ ਛੋਟ ਨੂੰ ਅੱਗੇ ਨਾ ਵਧਾਉਣ ਦੇ ਸੰਕੇਤ ਦਿੱਤੇ ਗਏ ਸਨ। ਹੁਣ ਇਸ ਕਦਮ ਨੂੰ ਟਰੰਪ ਪ੍ਰਸ਼ਾਸਨ ਦਾ ਇੱਕ ਵੱਡਾ ਯੂ-ਟਰਨ ਮੰਨਿਆ ਜਾ ਰਿਹਾ ਹੈ। ਅਮਰੀਕੀ ਖਜ਼ਾਨਾ ਵਿਭਾਗ ਨੇ ਕੱਲ੍ਹ ਦੇਰ ਰਾਤ ਇੱਕ ਨਵਾਂ ਲਾਇਸੈਂਸ ਜਾਰੀ ਕੀਤਾ, ਜਿਸ ਵਿੱਚ ਕਿਹਾ ਗਿਆ ਹੈ ਕਿ ਦੇਸ਼ਾਂ ਨੂੰ ਹੁਣ 16 ਮਈ ਤੱਕ ਸਮੁੰਦਰ ਰਾਹੀਂ ਰੂਸੀ ਤੇਲ ਖਰੀਦਣ ਦੀ ਇਜਾਜ਼ਤ ਹੋਵੇਗੀ। ਪਹਿਲਾਂ, ਇਹ ਛੋਟ 11 ਅਪ੍ਰੈਲ ਨੂੰ (ਬਾਕੀ ਸਫਾ 2 'ਤੇ)

ਪ੍ਰਧਾਨ ਮੰਤਰੀ ਵੱਲੋਂ ਦੇਸ਼ ਨੂੰ ਸੰਬੋਧਨ

# ਮਹਿਲਾ ਰਾਖਵਾਂਕਰਨ ਬਿੱਲ ਰੱਦ ਹੋਣ 'ਤੇ ਮੋਦੀ ਨੇ ਮੰਗੀ ਮੁਆਫ਼ੀ

## ਵਿਰੋਧੀ ਧਿਰ ਨੂੰ ਬਿੱਲ ਦਾ ਵਿਰੋਧ ਕਰਕੇ ਕੀਤੇ ਗਏ ਪਾਪ ਦੀ ਸਜ਼ਾ ਜ਼ਰੂਰ ਭੁਗਤਣੀ ਪਵੇਗੀ: ਮੋਦੀ

ਚੜ੍ਹਦੀਕਲਾ ਬਿਊਰੋ



ਨਵੀਂ ਦਿੱਲੀ, 18 ਅਪ੍ਰੈਲ :ਮਹਿਲਾ ਰਾਖਵਾਂਕਰਨ ਬਿੱਲ ਰੱਦ ਹੋਣ ਤੋਂ ਬਾਅਦ ਅੱਜ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਦੇਸ਼ ਨੂੰ ਸੰਬੋਧਨ ਕੀਤਾ। ਮਹਿਲਾ ਰਾਖਵਾਂਕਰਨ ਬਿੱਲ ਰੱਦ ਹੋਣ ਤੋਂ ਬਾਅਦ ਅੱਜ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇਸ਼ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਉਹ ਦੇਸ਼ ਦੀਆਂ ਸਾਰੀਆਂ ਮਾਵਾਂ ਅਤੇ ਭੈਣਾਂ ਤੋਂ ਇਸ ਗੱਲ ਲਈ ਮੁਆਫ਼ੀ ਮੰਗਦੇ ਹਨ ਕਿ ਇਹ ਕੋਸ਼ਿਸ਼ ਸਫਲ ਨਹੀਂ ਹੋ ਸਕੀ। ਉਨ੍ਹਾਂ ਅੱਗੇ ਕਿਹਾ ਕਿ ਸਰਕਾਰ ਲਈ, ਰਾਸ਼ਟਰੀ ਹਿੱਤ ਸਭ ਤੋਂ ਉੱਪਰ ਹੈ। ਹਾਲਾਂਕਿ, ਜਦੋਂ ਕੁਝ ਵਿਅਕਤੀਆਂ ਲਈ ਪਾਰਟੀ ਹਿੱਤ ਰਾਸ਼ਟਰੀ ਹਿੱਤ ਨਾਲੋਂ ਵਧੇਰੇ ਮਹੱਤਵਪੂਰਨ ਹੋ ਜਾਂਦੇ ਹਨ ਤਾਂ ਦੇਸ਼ ਦੀਆਂ ਔਰਤਾਂ ਅਤੇ ਸਮੁੱਚੇ ਤੌਰ 'ਤੇ ਦੇਸ਼ ਦੋਵਾਂ ਨੂੰ ਇਸ ਦੀ ਕੀਮਤ ਚੁਕਾਉਣੀ ਪੈਂਦੀ ਹੈ।

**ਇੱਕ ਔਰਤ ਕਦੇ ਵੀ ਅਪਮਾਨ ਨਹੀਂ ਭੁੱਲਦੀ:** ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਹਾ ਕਿ ਇੱਕ ਔਰਤ ਕਦੇ ਵੀ ਅਪਮਾਨ ਨਹੀਂ ਭੁੱਲਦੀ। ਵਿਰੋਧੀ ਧਿਰ ਨੂੰ ਮਹਿਲਾ ਰਾਖਵਾਂਕਰਨ ਦਾ ਵਿਰੋਧ ਕਰਕੇ ਕੀਤੇ ਗਏ ਪਾਪ ਦੀ ਸਜ਼ਾ ਜ਼ਰੂਰ ਭੁਗਤਣੀ ਪਵੇਗੀ। ਉਨ੍ਹਾਂ ਅੱਗੇ ਕਿਹਾ ਕਿ ਇਨ੍ਹਾਂ ਵਿਅਕਤੀਆਂ ਨੇ ਸੰਵਿਧਾਨ ਦੇ ਨਿਰਮਾਤਾਵਾਂ ਦਾ ਵੀ ਅਪਮਾਨ ਕੀਤਾ ਹੈ। ਪ੍ਰਧਾਨ ਮੰਤਰੀ ਨੇ ਅੱਗੇ ਟਿੱਪਣੀ ਕੀਤੀ ਕਿ ਸਦਨ ਵਿੱਚ ਪੇਸ਼ ਕੀਤਾ ਗਿਆ 'ਨਾਰੀ ਸ਼ਕਤੀ ਵੰਦਨ' ਸੋਧ ਇੱਕ ਪ੍ਰਸਤਾਵ ਸੀ ਜੋ ਸਮਾਜ ਦੇ ਹਰ ਵਰਗ ਲਈ ਕੁਝ ਨਾ ਕੁਝ ਪੇਸ਼ ਕਰਦਾ ਸੀ।

**ਸਾਡੇ ਲਈ, ਰਾਸ਼ਟਰੀ ਹਿੱਤ ਪਹਿਲਾਂ ਆਉਂਦਾ ਹੈ:** ਰਾਸ਼ਟਰ ਨੂੰ ਆਪਣੇ ਸੰਬੋਧਨ ਵਿੱਚ, ਪ੍ਰਧਾਨ ਮੰਤਰੀ ਨੇ ਕਿਹਾ ਕਿ ਸਾਡੇ ਲਈ, (ਬਾਕੀ ਸਫਾ 2 'ਤੇ)

## ਗੰਦੀ ਸਿਆਸਤ ਕਰ ਕੇ ਰੋਕਿਆ ਮਹਿਲਾ ਰਾਖਵਾਂਕਰਨ ਬਿੱਲ: ਮੋਦੀ

ਚੜ੍ਹਦੀਕਲਾ ਬਿਊਰੋ

ਚਨੇਈ, 18 ਅਪ੍ਰੈਲ :ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਲੋਕ ਸਭਾ ਵਿੱਚ ਮਹਿਲਾ ਰਾਖਵਾਂਕਰਨ ਬਿੱਲ ਨਾਲ ਸਬੰਧਤ ਸੋਧ ਪਾਸ ਨਾ ਹੋਣ 'ਤੇ ਡੂੰਘੀ ਨਿਰਾਸ਼ਾ ਅਤੇ ਗੁੱਸੇ ਦਾ ਪ੍ਰਗਟਾਵਾ ਕੀਤਾ ਹੈ। ਤਾਮਿਲਨਾਡੂ ਵਿੱਚ ਚੋਣ ਪ੍ਰਚਾਰ ਦੌਰਾਨ ਇੱਕ ਜਨਸਭਾ ਨੂੰ ਸੰਬੋਧਨ ਕਰਦਿਆਂ ਪੀਐੱਮ ਮੋਦੀ ਨੇ ਕਾਂਗਰਸ ਅਤੇ ਡੀ.ਐੱਮ.ਕੇ.'ਤੇ ਤਿੱਖਾ ਨਿਸ਼ਾਨਾ ਸਾਧਦਿਆਂ ਕਿਹਾ ਕਿ ਇਨ੍ਹਾਂ ਪਾਰਟੀਆਂ ਨੇ ਆਪਣੀ 'ਗੰਦੀ ਰਾਜਨੀਤੀ' ਕਾਰਨ ਇਸ ਮਹੱਤਵਪੂਰਨ ਬਿੱਲ ਨੂੰ ਰੋਕਿਆ ਹੈ। ਸੰਬੋਧਨ ਦੌਰਾਨ ਪੀ.ਐੱਮ. ਮੋਦੀ ਨੇ ਕਿਹਾ, 'ਅੱਜ ਮੈਂ ਆਪਣੇ ਲੋਕਾਂ ਦੇ ਵਿਚਕਾਰ ਆਪਣਾ ਦਰਦ ਅਤੇ ਗੁੱਸਾ ਜ਼ਾਹਰ ਕਰਨਾ ਚਾਹੁੰਦਾ ਹਾਂ'। ਉਨ੍ਹਾਂ ਦੱਸਿਆ ਕਿ 2023 ਵਿੱਚ 'ਨਾਰੀ ਸ਼ਕਤੀ ਵੰਦਨ ਅਧਿਨਿਯਮ' ਪਾਸ ਕੀਤਾ ਗਿਆ ਸੀ ਅਤੇ ਇਸ ਮਹੀਨੇ ਦੀ 16 ਤਰੀਕ ਨੂੰ ਸੰਸਦ ਅਤੇ ਰਾਜ ਵਿਧਾਨ ਸਭਾਵਾਂ ਵਿੱਚ ਮਹਿਲਾ ਰਾਖਵਾਂਕਰਨ ਲਾਗੂ ਕਰਨ ਦੀ ਦਿਸ਼ਾ ਵਿੱਚ ਇੱਕ ਇਤਿਹਾਸਕ ਕਦਮ ਚੁੱਕਿਆ ਗਿਆ ਸੀ ਪਰ ਸ਼ੁੱਕਰਵਾਰ (17 ਅਪ੍ਰੈਲ, 2026) ਨੂੰ ਲੋਕ ਸਭਾ ਵਿੱਚ ਇਸ ਸੋਧ ਬਿੱਲ ਨੂੰ ਪਾਸ ਨਹੀਂ ਹੋਣ ਦਿੱਤਾ ਗਿਆ।

**ਕਾਂਗਰਸ ਤੇ ਡੀ.ਐੱਮ.ਕੇ. 'ਤੇ ਲਾਏ ਗੰਭੀਰ ਇਲਜ਼ਾਮ:** ਪ੍ਰਧਾਨ ਮੰਤਰੀ ਨੇ ਕਿਹਾ ਕਿ ਉਨ੍ਹਾਂ ਨੇ ਨਿੱਜੀ ਤੌਰ 'ਤੇ ਸਾਰੀਆਂ ਸਿਆਸੀ ਪਾਰਟੀਆਂ ਨੂੰ ਇਸ ਦਾ ਸਮਰਥਨ ਕਰਨ ਦੀ ਅਪੀਲ ਕੀਤੀ ਸੀ। ਉਨ੍ਹਾਂ ਕਿਹਾ, 'ਮੈਂ ਉਨ੍ਹਾਂ ਨੂੰ ਸਪੱਸ਼ਟ ਕਿਹਾ ਸੀ ਕਿ ਉਹ ਇਸ ਦਾ ਕ੍ਰੈਡਿਟ ਲੈ ਸਕਦੇ ਹਨ ਪਰ ਮੇਰਾ ਮਕਸਦ ਇਹ ਸੀ ਕਿ ਸਾਧਾਰਨ ਪਰਿਵਾਰਾਂ ਦੀਆਂ ਭੈਣਾਂ ਵੱਡੀ (ਬਾਕੀ ਸਫਾ 2 'ਤੇ)

## ਅਕਾਲੀ ਦਲ 'ਵਾਰਿਸ ਪੰਜਾਬ ਦੇ' ਤੇ 'ਪੁਨਰ ਸੁਰਜੀਤ' 'ਚ ਗਠਜੋੜ ਹੋਣ ਦੀ ਸੰਭਾਵਨਾ !

ਚੰਡੀਗੜ੍ਹ, 18 ਅਪ੍ਰੈਲ (ਚ.ਨ.ਸ.): ਅਕਾਲੀ ਰਾਜਨੀਤੀ ਵਿੱਚ ਇੱਕ ਵੱਡੇ ਘਟਨਾਕ੍ਰਮ ਤਹਿਤ ਅਕਾਲੀ ਦਲ 'ਪੁਨਰ ਸੁਰਜੀਤ' ਦੇ ਅੰਮ੍ਰਿਤਪਾਲ ਸਿੰਘ ਦੀ ਅਗਵਾਈ ਵਾਲੇ ਅਕਾਲੀ ਦਲ 'ਵਾਰਿਸ ਪੰਜਾਬ ਦੇ' ਨਾਲ ਗਠਜੋੜ ਕਰਨ ਦੀ ਸੰਭਾਵਨਾ ਹੈ। ਸੂਤਰਾਂ ਨੇ ਪੁਸ਼ਟੀ ਕੀਤੀ ਹੈ ਕਿ ਦੋਵੇਂ ਧੜੇ ਸਮਝੌਤੇ ਨੂੰ ਅੰਤਿਮ ਰੂਪ ਦੇਣ ਲਈ ਮੀਟਿੰਗ ਕਰਨ ਜਾ ਰਹੇ ਹਨ। ਇਸ ਸਾਰੇ ਮਾਮਲੇ ਵਿੱਚ ਦਾਖਾ ਤੋਂ ਵਿਧਾਇਕ ਮਨਪ੍ਰੀਤ ਸਿੰਘ ਇਯਾਲੀ ਵਿਚੋਲੇ ਵਜੋਂ ਅਹਿਮ ਭੂਮਿਕਾ ਨਿਭਾ ਰਹੇ ਹਨ। ਉਹ ਚਾਹੁੰਦੇ ਹਨ ਕਿ ਇਹ ਦੋਵੇਂ ਧੜੇ ਇਕੱਠੇ ਹੋ ਕੇ 2027 ਦੀਆਂ ਵਿਧਾਨ ਸਭਾ ਚੋਣਾਂ ਲੜਨ। ਸੂਤਰਾਂ ਨੇ ਇਹ ਵੀ ਦੱਸਿਆ ਕਿ ਜੇਕਰ ਦੋਵੇਂ ਧੜੇ ਗਠਜੋੜ ਕਰਨ ਲਈ ਸਹਿਮਤ ਨਹੀਂ ਹੁੰਦੇ, ਤਾਂ ਇਯਾਲੀ ਦੇ 'ਵਾਰਿਸ ਪੰਜਾਬ ਦੇ' ਵਿੱਚ ਸ਼ਾਮਲ ਹੋਣ ਦੀ ਸੰਭਾਵਨਾ ਹੈ। (ਬਾਕੀ ਸਫਾ 2 'ਤੇ)

# ਅਸੀਂ ਕਿਸੇ ਵੀ ਹਾਲਾਤ 'ਚ ਈਰਾਨ ਤੋਂ ਯੂਰੇਨੀਅਮ ਲਵਾਂਗੇ : ਟਰੰਪ

## 'ਜੇਕਰ ਬੁੱਧਵਾਰ ਤੱਕ ਕੋਈ ਸਮਝੌਤਾ ਨਹੀਂ ਹੁੰਦਾ ਤਾਂ ਜੰਗਬੰਦੀ ਖ਼ਤਮ'

ਚੜ੍ਹਦੀਕਲਾ ਬਿਊਰੋ



ਵਾਸ਼ਿੰਗਟਨ, 18 ਅਪ੍ਰੈਲ : ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਇੱਕ ਵਾਰ ਫਿਰ ਈਰਾਨ ਦੇ ਯੂਰੇਨੀਅਮ ਬਾਰੇ ਆਪਣਾ ਦਾਅਵਾ ਉਠਾਇਆ ਹੈ।

ਸ਼ਨੀਵਾਰ ਨੂੰ ਏਅਰ ਫੋਰਸ ਵਨ 'ਤੇ ਪੱਤਰਕਾਰਾਂ ਦੇ ਸਵਾਲਾਂ ਦੇ ਜਵਾਬ ਦਿੰਦੇ ਹੋਏ, ਉਨ੍ਹਾਂ ਕਿਹਾ ਕਿ ਅਮਰੀਕਾ ਕਿਸੇ ਵੀ ਹਾਲਤ ਵਿਚ ਈਰਾਨ ਕੋਲੋਂ ਯੂਰੇਨੀਅਮ ਲੈ ਕੇ ਹਟੇਗਾ। ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਬੁੱਧਵਾਰ ਤੱਕ ਈਰਾਨ ਨਾਲ ਕੋਈ ਵੱਡਾ ਸਮਝੌਤਾ ਨਹੀਂ ਹੁੰਦਾ, ਤਾਂ ਮੌਜੂਦਾ ਜੰਗਬੰਦੀ ਖ਼ਤਮ ਹੋ ਸਕਦੀ ਹੈ। ਉਨ੍ਹਾਂ ਸਪੱਸ਼ਟ ਤੌਰ 'ਤੇ ਕਿਹਾ ਕਿ ਨਾਕਾਬੰਦੀ ਜਾਰੀ ਰਹੇਗੀ ਅਤੇ ਜੇਕਰ ਲੋੜ ਪਈ ਤਾਂ ਬੰਬਾਰੀ ਦੁਬਾਰਾ ਸ਼ੁਰੂ ਕੀਤੀ ਜਾ ਸਕਦੀ ਹੈ। ਇਹ ਬਿਆਨ ਅਜਿਹੇ ਸਮੇਂ ਆਇਆ ਹੈ ਜਦੋਂ ਦੋਵਾਂ ਦੇਸ਼ਾਂ ਵਿਚਕਾਰ ਗੱਲਬਾਤ ਅੱਗੇ ਵਧ ਰਹੀ ਹੈ। ਪਾਕਿਸਤਾਨ ਵਿੱਚ ਹਾਲੀਆ ਅਸਿੱਧੀ ਗੱਲਬਾਤ ਵੀ ਕੋਈ ਠੋਸ ਨਤੀਜੇ ਦੇਣ ਵਿੱਚ ਅਸਫਲ ਰਹੀ। ਦੂਜੇ ਪਾਸੇ ਈਰਾਨੀ ਸੰਸਦ ਦੇ ਸਪੀਕਰ ਮੁਹੰਮਦ ਬਾਘੇਰ ਗਾਲਿਬਾਫ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਚੇਤਾਵਨੀ ਦਿੱਤੀ ਕਿ ਜੇਕਰ ਅਮਰੀਕਾ ਆਪਣੀ ਨਾਕਾਬੰਦੀ ਜਾਰੀ ਰੱਖਦਾ ਹੈ ਤਾਂ ਹੋਰਮੁਜ਼ ਜਲਡਮਰੂ ਖੁੱਲ੍ਹਾ ਨਹੀਂ ਰਹੇਗਾ ਅਤੇ ਇਸ ਵਿੱਚੋਂ ਲੰਘਣ ਲਈ ਈਰਾਨ ਦੀ ਇਜਾਜ਼ਤ ਦੀ ਲੋੜ ਹੋਵੇਗੀ।

# ਪੰਜਾਬ 'ਚ ਆਲਮੀ ਨਿਵੇਸ਼ ਲਿਆਉਣ ਲਈ ਮਾਨ ਅੱਜ ਤੋਂ ਨੀਦਰਲੈਂਡ ਦੇ ਦੌਰੇ 'ਤੇ

## ਟਿਕਾਊ ਨੀਤੀਆਂ ਅਤੇ ਤੁਰੰਤ ਫ਼ੈਸਲਿਆਂ ਨਾਲ ਆਲਮੀ ਨਿਵੇਸ਼ ਲਈ ਪੰਜਾਬ ਪਸੰਦੀਦਾ ਸਥਾਨ ਵਜੋਂ ਉਭਰੇਗਾ : ਮੁੱਖ ਮੰਤਰੀ

ਚੜ੍ਹਦੀਕਲਾ ਬਿਊਰੋ



ਚੰਡੀਗੜ੍ਹ, 18 ਅਪ੍ਰੈਲ :ਸੂਬੇ ਦੇ ਉਦਯੋਗਿਕ ਅਤੇ ਆਰਥਿਕ ਵਿਕਾਸ ਨੂੰ ਗਤੀ ਦੇਣ ਲਈ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਨਿਰੰਤਰ ਯਤਨਾਂ ਦੇ ਹਿੱਸੇ ਵਜੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਫੂਡ ਪ੍ਰੋਸੈਸਿੰਗ, ਲੌਜਿਸਟਿਕਸ, ਅਲੌਇਜ਼ ਤੇ ਸਟੀਲਜ਼, ਫਾਰਮਾਸਿਊਟੀਕਲ ਅਤੇ ਸੂਚਨਾ ਤਕਨਾਲੋਜੀ ਸਮੇਤ ਪ੍ਰਮੁੱਖ ਖੇਤਰਾਂ ਵਿੱਚ ਦੁਵੱਲੇ ਸਬੰਧਾਂ ਨੂੰ ਮਜਬੂਤ ਕਰਨ ਅਤੇ ਨਿਵੇਸ਼ ਨੂੰ ਆਕਰਸ਼ਿਤ ਕਰਨ ਲਈ ਅੱਜ ਨੀਦਰਲੈਂਡ ਦੌਰੇ 'ਤੇ ਚਲੇ ਗਏ ਹਨ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਾਡਾ ਦ੍ਰਿਸ਼ਟੀਕੋਣ ਪੂਰੀ ਤਰ੍ਹਾਂ ਸਾਫ ਅਤੇ ਸਪੱਸ਼ਟ ਹੈ, ਜੋ ਨੀਤੀ ਸਥਿਰਤਾ, ਤੇਜ਼ੀ ਨਾਲ ਫੈਸਲੇ ਲੈਣ ਅਤੇ ਨਿਵੇਸ਼ਕਾਂ ਦੇ ਸਮੇਂ ਅਤੇ ਭਰੋਸੇ ਦਾ ਸਤਿਕਾਰ ਕਰਨ ਵਾਲੀ ਸਾਸ਼ਨ ਪ੍ਰਣਾਲੀ ਪੇਸ਼ ਕਰਕੇ ਪੰਜਾਬ ਨੂੰ ਵਿਸਵ ਪੱਧਰ 'ਤੇ ਉਦਯੋਗ ਲਈ ਤਰਜੀਹੀ ਥਾਂ ਬਣਾਉਣ 'ਤੇ ਕੇਂਦਰਤ ਹੈ।

ਇਹ ਦੌਰਾ ਇਸ ਲਈ ਮਹੱਤਵਪੂਰਨ ਹੈ ਕਿਉਂਕਿ ਨੀਦਰਲੈਂਡ, ਭਾਰਤ ਲਈ ਸਭ ਤੋਂ ਵੱਡੇ ਵਿਦੇਸ਼ੀ ਨਿਵੇਸ਼ਕਾਂ ਵਿੱਚੋਂ ਇੱਕ ਹੈ ਅਤੇ ਕਈ ਡੱਚ ਕੰਪਨੀਆਂ ਪਹਿਲਾਂ ਹੀ ਪੰਜਾਬ ਵਿੱਚ ਆਪਣਾ ਕਾਰੋਬਾਰ ਚਲਾ ਰਹੀਆਂ ਹਨ। ਜ਼ਿਕਰਯੋਗ ਹੈ ਕਿ ਮੁੱਖ ਮੰਤਰੀ ਨੇ ਇਸ ਤੋਂ ਪਹਿਲਾਂ ਅਕਤੂਬਰ-2023 ਵਿੱਚ ਵਿਵਿਧਾ ਇੰਡਸਟਰੀਅਲ ਪਾਰਕ, ਰਾਜਪੁਰਾ ਵਿਖੇ ਡੀ ਹਿਊਸ ਫੈਕਟਰੀ ਦਾ ਨੀਂਹ ਪੱਥਰ ਰੱਖਿਆ ਸੀ। ਇਸੇ ਤਰ੍ਹਾਂ ਆਲੂ ਦੀ ਫਸਲ ਲਈ ਇੰਡੋ-ਡੱਚ ਸੈਂਟਰ ਆਫ ਐਕਸੀਲੈਂਸ ਪਹਿਲਾਂ ਹੀ ਸੂਬੇ ਵਿੱਚ ਸਫਲਤਾਪੂਰਵਕ ਕੰਮ ਕਰ ਰਿਹਾ ਹੈ, (ਬਾਕੀ ਸਫ਼ਾ 2 'ਤੇ)

## ਕੇਂਦਰ ਦਾ ਸੰਘੀ ਢਾਂਚਾ ਬਦਲਣ ਦਾ 'ਮਨਸੂਬਾ' ਨਾਕਾਮ, ਵਿਰੋਧੀ ਏਕਤਾ ਦੀ ਹੋਈ ਜਿੱਤ: ਪ੍ਰਿਅੰਕਾ ਗਾਂਧੀ

ਚੜ੍ਹਦੀਕਲਾ ਬਿਊਰੋ



ਨਵੀਂ ਦਿੱਲੀ, 18 ਅਪ੍ਰੈਲ : ਕਾਂਗਰਸ ਦੀ ਜਨਰਲ ਸਕੱਤਰ ਪ੍ਰਿਅੰਕਾ ਗਾਂਧੀ ਵਾਡਰਾ ਨੇ ਅੱਜ ਕੇਂਦਰ ਸਰਕਾਰ 'ਤੇ ਤਿੱਖਾ ਹਮਲਾ ਕਰਦਿਆਂ ਦੋਸ਼ ਲਾਇਆ ਕਿ ਭਾਜਪਾ ਸਰਕਾਰ ਮਹਿਲਾ ਰਾਖਵਾਂਕਰਨ ਦੀ ਆੜ ਵਿੱਚ ਦੇਸ਼ ਦੇ ਸੰਘੀ ਢਾਂਚੇ ਨੂੰ ਬਦਲਣ ਦੀ ਸਾਜਿਸ਼ ਰਚ ਰਹੀ ਸੀ। ਉਨ੍ਹਾਂ ਕਿਹਾ ਕਿ ਲੋਕ ਸਭਾ ਵਿੱਚ 131ਵੀਂ ਸੰਵਿਧਾਨਕ ਸੋਧ ਬਿੱਲ ਦਾ ਡਿੱਗਣਾ ਨਾ ਸਿਰਫ਼ ਸੰਵਿਧਾਨ ਅਤੇ ਲੋਕਤੰਤਰ ਦੀ ਜਿੱਤ ਹੈ, ਸਗੋਂ ਇਹ ਵਿਰੋਧੀ ਧਿਰ ਦੀ ਮਜ਼ਬੂਤ ਏਕਤਾ ਦਾ ਸਬੂਤ ਵੀ ਹੈ।

ਇੱਕ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਪ੍ਰਿਅੰਕਾ ਗਾਂਧੀ ਨੇ ਕਿਹਾ ਕਿ ਸਰਕਾਰ ਦੀ ਨੀਅਤ ਔਰਤਾਂ ਨੂੰ ਹੱਕ ਦੇਣ ਦੀ ਨਹੀਂ, ਸਗੋਂ ਹੱਦਬੰਦੀ ਰਾਹੀਂ ਆਪਣੀ ਸੱਤਾ ਨੂੰ ਲੰਬੇ ਸਮੇਂ ਤੱਕ ਸੁਰੱਖਿਅਤ ਕਰਨ ਦੀ ਸੀ। ਉਨ੍ਹਾਂ ਕਿਹਾ,ਸਰਕਾਰ ਨੇ ਸੋਚਿਆ ਸੀ ਕਿ ਜੇਕਰ ਬਿੱਲ ਪਾਸ ਹੋ ਗਿਆ ਤਾਂ ਉਹ ਆਪਣੀ ਮਰਜ਼ੀ ਅਨੁਸਾਰ ਸੀਟਾਂ ਵਧਾ ਕੇ ਸਿਆਸੀ ਲਾਹਾ ਲੈਣਗੇ ਅਤੇ ਜੇਕਰ ਫੇਲ੍ਹ ਹੋ ਗਿਆ ਤਾਂ ਵਿਰੋਧੀ ਧਿਰ ਨੂੰ ਮਹਿਲਾ ਵਿਰੋਧੀ ਗਰਦਾਨ ਕੇ ਖੁਦ 'ਮਸੀਹਾ' ਬਣ ਜਾਣਗੇ। ਉਨ੍ਹਾਂ ਹਾਥਰਸ ਕਾਂਡ ਅਤੇ ਮਹਿਲਾ ਪਹਿਲਵਾਨਾਂ ਦੇ ਮੁੱਦੇ ਦਾ ਹਵਾਲਾ ਦਿੰਦਿਆਂ ਕਿਹਾ ਕਿ ਔਰਤਾਂ ਦਾ ਮਸੀਹਾ ਬਣਨਾ ਇੰਨਾ ਸੌਖਾ ਨਹੀਂ ਹੈ। ਪ੍ਰਿਅੰਕਾ ਨੇ ਮੰਗ ਕੀਤੀ ਕਿ ਸਰਕਾਰ 2023 ਦੇ (ਬਾਕੀ ਸਫ਼ਾ 2 'ਤੇ)

# ਟਰੰਪ ਨੇ ਸੰਧੂ ਨੂੰ ਦਿੱਲੀ ਦੇ ਉਪ ਰਾਜਪਾਲ ਵਜੋਂ ਨਿਯੁਕਤੀ 'ਤੇ ਵਧਾਈ ਦਿੱਤੀ

ਚੜ੍ਹਦੀਕਲਾ ਬਿਊਰੋ



ਵਾਸ਼ਿੰਗਟਨ ਡੀ.ਸੀ, 18 ਅਪ੍ਰੈਲ : ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਵੀਰਵਾਰ ਨੂੰ ਤਜ਼ਰਬੇਕਾਰ ਡਿਪਲੋਮੈਟ ਤਰਨਜੀਤ ਸਿੰਘ ਸੰਧੂ ਨੂੰ ਦਿੱਲੀ ਦੇ ਉਪ ਰਾਜਪਾਲ ਵਜੋਂ ਨਿਯੁਕਤ ਹੋਣ 'ਤੇ ਵਧਾਈ ਦਿੱਤੀ ਅਤੇ ਭਾਰਤ-ਅਮਰੀਕਾ ਸਬੰਧਾਂ ਨੂੰ ਮਜ਼ਬੂਤ ਕਰਨ ਵਿੱਚ ਉਨ੍ਹਾਂ ਦੀ ਭੂਮਿਕਾ 'ਤੇ ਜ਼ੋਰ ਦਿੱਤਾ। 'ਟਰੂਥ ਸੋਸ਼ਲ' 'ਤੇ ਇੱਕ ਪੋਸਟ ਵਿੱਚ ਟਰੰਪ ਨੇ ਸੰਧੂ ਦੇ ਕੂਟਨੀਤਕ ਤਜਰਬੇ ਦੀ ਸ਼ਲਾਘਾ ਕੀਤੀ ਅਤੇ ਉਨ੍ਹਾਂ ਦੀ ਨਵੀਂ ਭੂਮਿਕਾ ਲਈ ਸ਼ੁਭਕਾਮਨਾਵਾਂ ਦਿੱਤੀਆਂ। ਟਰੰਪ ਨੇ ਲਿਖਿਆ, 'ਤਰਨਜੀਤ ਸੰਧੂ ਨੂੰ ਦਿੱਲੀ ਦੇ ਨਵੇਂ ਉਪ ਰਾਜਪਾਲ ਬਣਨ 'ਤੇ ਵਧਾਈਆਂ! ਇੱਕ ਤਜਰਬੇਕਾਰ ਡਿਪਲੋਮੈਟ ਅਤੇ ਸੰਯੁਕਤ ਰਾਜ ਅਮਰੀਕਾ ਵਿੱਚ ਸਾਬਕਾ ਰਾਜਦੂਤ ਵਜੋਂ ਉਨ੍ਹਾਂ ਨੇ ਹਮੇਸ਼ਾ ਅਮਰੀਕਾ-ਭਾਰਤ ਸਬੰਧਾਂ ਨੂੰ ਮਜ਼ਬੂਤ ਕਰਨ ਲਈ ਡੂੰਘੀ ਵਚਨਬੱਧਤਾ ਦਿਖਾਈ ਹੈ। ਮੈਂ ਦਿੱਲੀ ਦੀ ਤਰੱਕੀ ਦੀ ਅਗਵਾਈ ਕਰਨ ਅਤੇ ਵਿਸ਼ਵਵਿਆਪੀ (ਬਾਕੀ ਸਫ਼ਾ 2 'ਤੇ)

## 'ਆਪ' ਮੰਤਰੀ ਸੰਜੀਵ ਅਰੋੜਾ ਦੇ ਘਰ ਈ.ਡੀ. ਦੀ ਕਾਰਵਾਈ ਮੁੱਕੀ

### ਗੁਰੂਗ੍ਰਾਮ ਦੇ ਦਫ਼ਤਰਾਂ 'ਚ ਤਲਾਸ਼ੀ ਜਾਰੀ

ਲੁਧਿਆਣਾ, 18 ਅਪ੍ਰੈਲ (ਚ.ਨ.ਸ.):ਕੈਬਨਿਟ ਮੰਤਰੀ ਸੰਜੀਵ ਅਰੋੜਾ ਦੇ ਲੁਧਿਆਣਾ ਸਥਿਤ ਘਰ 'ਤੇ ਸ਼ਨੀਵਾਰ ਨੂੰ ਈਡੀ ਦੀ ਛਾਪੇਮਾਰੀ ਖ਼ਤਮ ਹੋ ਗਈ ਹੈ। ਹਾਲਾਂਕਿ ਪੰਜਾਬ ਦੇ ਕੈਬਨਿਟ ਮੰਤਰੀ ਸੰਜੀਵ ਅਰੋੜਾ ਦੇ ਲੁਧਿਆਣਾ ਸਥਿਤ ਰਿਹਾਇਸ਼ ਅਤੇ ਕਾਰੋਬਾਰੀ ਟਿਕਾਣਿਆਂ 'ਤੇ ਈ.ਡੀ. ਦੀ ਛਾਪੇਮਾਰੀ ਪੂਰੀ ਹੋ ਚੁੱਕੀ ਹੈ, ਪਰ ਉਨ੍ਹਾਂ ਦੀ ਗੁਰੂਗ੍ਰਾਮ ਸਥਿਤ ਰਿਹਾਇਸ਼ 'ਤੇ ਕਾਰਵਾਈ ਅਜੇ ਵੀ ਜਾਰੀ ਹੈ। ਈ.ਡੀ. ਦੀ ਟੀਮ ਦੁਪਹਿਰ 12 ਵਜੇ ਦੇ ਕਰੀਬ ਉਨ੍ਹਾਂ ਦੇ ਲੁਧਿਆਣਾ ਸਥਿਤ ਘਰ ਤੋਂ ਰਵਾਨਾ ਹੋਈ। ਈ.ਡੀ. ਦੀ ਛਾਪੇਮਾਰੀ, ਜਿਸ ਵਿੱਚ ਸੰਜੀਵ ਅਰੋੜਾ, ਉਨ੍ਹਾਂ ਦੇ ਪੁੱਤਰ ਅਤੇ ਉਨ੍ਹਾਂ ਦੇ ਦੋ (ਬਾਕੀ ਸਫ਼ਾ 2 'ਤੇ)

328 ਲਾਪਤਾ ਸਰੂਪ ਮਾਮਲਾ

# ਪੁਲਿਸ ਦੇ ਚਾਰਜਸ਼ੀਟ ਦਾਖ਼ਲ ਕਰਨ 'ਚ ਅਸਫ਼ਲ ਰਹਿਣ ਕਾਰਨ ਮੁੱਖ ਮੁਲਜ਼ਮ ਨੂੰ ਮਿਲੀ ਜ਼ਮਾਨਤ

ਚੜ੍ਹਦੀਕਲਾ ਬਿਊਰੋ



ਅੰਮ੍ਰਿਤਸਰ,18 ਅਪ੍ਰੈਲ :328 ਲਾਪਤਾ ਪਾਵਨ ਸਰੂਪਾਂ ਦੇ ਸੰਵੇਦਨਸ਼ੀਲ ਮਾਮਲੇ ਵਿੱਚ ਅੰਮ੍ਰਿਤਸਰ ਦੀ ਇੱਕ ਸਥਾਨਕ ਅਦਾਲਤ ਨੇ ਮੁੱਖ ਮੁਲਜ਼ਮ ਕਮਲਜੀਤ ਸਿੰਘ ਉਰਫ਼ ਕੰਵਲਜੀਤ ਸਿੰਘ ਨੂੰ ਡਿਫਾਲਟ ਜ਼ਮਾਨਤ ਦੇ ਦਿੱਤੀ ਹੈ ਕਿਉਂਕਿ ਪੁਲਿਸ ਨਿਰਧਾਰਤ ਸਮੇਂ ਦੇ ਅੰਦਰ ਚਾਰਜਸ਼ੀਟ ਦਾਖ਼ਲ ਕਰਨ ਵਿੱਚ ਅਸਫ਼ਲ ਰਹੀ। ਇਹ ਹੁਕਮ ਜੁਡੀਸ਼ੀਅਲ ਮੈਜਿਸਟ੍ਰੇਟ ਵੱਲੋਂ ਗੁਰੂ ਗ੍ਰੰਥ ਸਾਹਿਬ ਜੀ ਦੇ 328 ਸਰੂਪਾਂ ਨਾਲ ਸਬੰਧਤ ਐੱਫ.ਆਈ.ਆਰ. ਵਿੱਚ ਸੁਣਾਇਆ ਗਿਆ, ਜੋ ਕਿ 7 ਦਸੰਬਰ, 2025 ਨੂੰ ਪੁਲਿਸ ਸਟੇਸ਼ਨ ਸੀ ਡਿਵੀਜ਼ਨ ਵਿਖੇ ਦਰਜ ਕੀਤੀ ਗਈ ਸੀ। ਇਸ ਕੇਸ ਵਿੱਚ ਆਈ.ਪੀ.ਸੀ. ਦੀਆਂ ਧਾਰਾਵਾਂ 295, 295-ਏ, 409, 465, 120-ਬੀ ਦੇ ਨਾਲ-ਨਾਲ 408, 466, 467, 468, 471 ਅਤੇ ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਐਕਟ, 2008 ਦੀਆਂ ਵਾਧੂ ਧਾਰਾਵਾਂ ਸਮੇਤ ਗੰਭੀਰ ਦੋਸ਼ ਸ਼ਾਮਲ ਹਨ। ਮੁਲਜ਼ਮ 3 ਜਨਵਰੀ, 2026 ਤੋਂ ਨਿਆਂਇਕ ਹਿਰਾਸਤ ਵਿੱਚ ਸੀ ਅਤੇ ਚਲਾਨ ਪੇਸ਼ ਕੀਤੇ ਬਿਨਾਂ ਜੇਲ੍ਹ ਵਿੱਚ 100 ਦਿਨਾਂ ਤੋਂ (ਬਾਕੀ ਸਫ਼ਾ 2 'ਤੇ)

## ਹੱਜ ਲਈ 431 ਸ਼ਰਧਾਲੂਆਂ ਦਾ ਪਹਿਲਾ ਜੱਥਾ ਜੰਮੂ-ਕਸ਼ਮੀਰ ਤੋਂ ਰਵਾਨਾ

ਸ੍ਰੀਨਗਰ , 18 ਅਪ੍ਰੈਲ (ਚ.ਨ.ਸ.): ਹੱਜ ਯਾਤਰਾ ਲਈ 431 ਸ਼ਰਧਾਲੂਆਂ ਦਾ ਪਹਿਲਾ ਜੱਥਾ ਸ਼ਨੀਵਾਰ ਨੂੰ ਜੰਮੂ-ਕਸ਼ਮੀਰ ਤੋਂ ਸਾਊਦੀ ਅਰਬ ਲਈ ਰਵਾਨਾ ਹੋਇਆ। ਮੁੱਖ ਮੰਤਰੀ ਉਮਰ ਅਬਦੁੱਲਾ ਨੇ ਉਨ੍ਹਾਂ ਨੂੰ ਹਵਾਈ ਅੱਡੇ 'ਤੇ ਵਿਦਾ ਕੀਤਾ। ਅਧਿਕਾਰੀਆਂ ਨੇ ਦੱਸਿਆ ਕਿ ਹੱਜ ਯਾਤਰੀਆਂ 'ਚ 230 ਪੁਰਸ਼ ਅਤੇ 201 ਔਰਤਾਂ ਸ਼ਾਮਲ ਹਨ, ਜੋ ਤਿੰਨ ਉਡਾਣਾਂ 'ਚ ਸਾਊਦੀ ਅਰਬ ਲਈ ਰਵਾਨਾ ਹੋਏ। ਅਧਿਕਾਰੀਆਂ ਨੇ ਦੱਸਿਆ ਕਿ ਸੁਚਾਰੂ ਰਵਾਨਗੀ ਪ੍ਰਕਿਰਿਆ ਨੂੰ ਯਕੀਨੀ ਕਰਨ ਲਈ ਬੇਮਿਨਾ ਸਥਿਤ ਹੱਜ ਹਾਊਸ 'ਚ ਆਵਾਜਾਈ, ਸਾਮਾਨ ਦੀ ਸੰਭਾਲ ਅਤੇ ਦਸਤਾਵੇਜ਼ੀਕਰਨ ਲਈ ਸਾਰੀਆਂ ਜ਼ਰੂਰੀ ਵਿਵਸਥਾਵਾਂ ਕਰ ਦਿੱਤੀਆਂ (ਬਾਕੀ ਸਫ਼ਾ 2 'ਤੇ)




## ਕੇਂਦਰੀ ਮੁਲਾਜ਼ਮਾਂ ਦੇ ਡੀ.ਏ. 'ਚ 2 ਫ਼ੀਸਦੀ ਦਾ ਵਾਧਾ

ਨਵੀਂ ਦਿੱਲੀ, 18 ਅਪ੍ਰੈਲ (ਚ.ਨ.ਸ.):ਕੇਂਦਰ ਸਰਕਾਰ ਨੇ ਕੇਂਦਰੀ ਸਰਕਾਰੀ ਮੁਲਾਜ਼ਮਾਂ ਲਈ ਮਹਿੰਗਾਈ ਭੱਤੇ (ਡੀ.ਏ.) ਅਤੇ ਮਹਿੰਗਾਈ ਰਾਹਤ (ਡੀ.ਆਰ.) ਵਿੱਚ 2% ਵਾਧੇ ਨੂੰ ਮਨਜ਼ੂਰੀ ਦੇ ਦਿੱਤੀ ਹੈ । ਸਰਕਾਰ ਨੇ ਡੀ.ਏ. ਨੂੰ 58 ਫ਼ੀਸਦੀ ਤੋਂ ਵਧਾ ਕੇ 60 ਫ਼ੀਸਦੀ ਕਰ ਦਿੱਤਾ ਹੈ। ਇਹ ਵਾਧਾ 1 ਜਨਵਰੀ, 2026 ਤੋਂ ਲਾਗੂ ਹੋਵੇਗਾ। ਇਸ ਫੈਸਲੇ ਨਾਲ ਸਰਕਾਰ 'ਤੇ 6,791 ਕਰੋੜ ਦਾ ਵਾਧੂ ਸਾਲਾਨਾ ਬੋਝ ਪਵੇਗਾ। ਇਸ ਤੋਂ ਪਹਿਲਾਂ ਅਕਤੂਬਰ ਵਿੱਚ ਮਹਿੰਗਾਈ ਭੱਤਾ 55 ਫ਼ੀਸਦੀ ਤੋਂ ਵਧਾ ਕੇ 58 ਫ਼ੀਸਦੀ ਕਰ ਦਿੱਤਾ ਗਿਆ ਸੀ। ਪਿਛਲੀ ਸੋਧ ਨੂੰ 1 ਜੁਲਾਈ, 2025 ਤੋਂ ਲਾਗੂ ਮੰਨਿਆ ਗਿਆ ਸੀ ਅਤੇ ਭੁਗਤਾਨ ਬਕਾਏ ਦੇ ਨਾਲ ਵੰਡੇ ਗਏ ਸਨ। ਇਹ ਐਲਾਨ ਸ਼ਨੀਵਾਰ (18 ਅਪ੍ਰੈਲ) ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਪ੍ਰਧਾਨਗੀ ਹੇਠ ਦਿੱਲੀ ਵਿੱਚ ਹੋਈ ਕੈਬਨਿਟ ਮੀਟਿੰਗ ਦੌਰਾਨ ਕੀਤਾ ਗਿਆ ਸੀ। ਇਸ ਕਦਮ ਨਾਲ ਲਗਭਗ 50.5 ਲੱਖ (ਬਾਕੀ ਸਫ਼ਾ 2 'ਤੇ)

# ਸੰਸਦ ਦੀ ਕਾਰਵਾਈ ਅਣਮਿੱਥੇ ਸਮੇਂ ਲਈ ਮੁਲਤਵੀ

ਚੜ੍ਹਦੀਕਲਾ ਬਿਊਰੋ



ਨਵੀਂ ਦਿੱਲੀ, 18 ਅਪ੍ਰੈਲ : ਲੋਕ ਸਭਾ ਦੀ ਕਾਰਵਾਈ ਸ਼ਨੀਵਾਰ ਨੂੰ ਅਣਮਿੱਥੇ ਸਮੇਂ ਲਈ ਮੁਲਤਵੀ ਕਰ ਦਿੱਤੀ ਗਈ ਹੈ। ਲੋਕ ਸਭਾ ਸਪੀਕਰ ਓਮ ਬਿਰਲਾ ਨੇ ਸਦਨ ਨੂੰ ਦੱਸਿਆ ਕਿ ਇਸ ਸੈਸ਼ਨ ਵਿੱਚ ਕੁੱਲ 31 ਬੈਠਕਾਂ ਹੋਈਆਂ ਅਤੇ ਸਦਨ ਦੀ ਕਾਰਵਾਈ 151 ਘੰਟੇ ਅਤੇ 42 ਮਿੰਟ ਤੱਕ ਚੱਲੀ। ਉਨ੍ਹਾਂ ਕਿਹਾ ਕਿ ਇਸ ਸੈਸ਼ਨ ਵਿੱਚ ਕਾਰਜ ਉਤਪਾਦਕਤਾ 93 ਪ੍ਰਤੀਸ਼ਤ ਰਹੀ। ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਗ੍ਰਹਿ ਮੰਤਰੀ ਅਮਿਤ ਸ਼ਾਹ, ਰੱਖਿਆ ਮੰਤਰੀ ਰਾਜਨਾਥ ਸਿੰਘ ਅਤੇ ਕਈ ਹੋਰ ਪਾਰਟੀਆਂ ਦੇ ਪ੍ਰਮੁੱਖ ਨੇਤਾ ਸਦਨ ਵਿੱਚ ਮੌਜੂਦ ਰਹੇ। ਬਜਟ ਸੈਸ਼ਨ ਦੀ ਸ਼ੁਰੂਆਤ 28 ਜਨਵਰੀ ਨੂੰ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਵੱਲੋਂ ਦੋਵਾਂ ਸਦਨਾਂ ਦੀ ਸਾਂਝੀ ਬੈਠਕ ਨੂੰ ਸੰਬੋਧਨ ਕਰਨ ਨਾਲ ਹੋਈ ਸੀ। ਪਹਿਲਾਂ ਇਹ ਸੈਸ਼ਨ ਦੋ ਅਪ੍ਰੈਲ ਨੂੰ ਮੁਕੰਮਲ ਹੋਣਾ ਸੀ ਪਰ ਮਹਿਲਾ ਰਾਖਵਾਂਕਰਨ ਨਾਲ ਸਬੰਧਤ 'ਸੰਵਿਧਾਨ (131ਵੀਂ) ਸੋਧ ਬਿੱਲ 2026' ਅਤੇ ਇਸ ਨਾਲ ਸਬੰਧਤ ਦੋ ਹੋਰ ਬਿੱਲਾਂ 'ਤੇ ਚਰਚਾ ਕਰਨ ਅਤੇ ਇਨ੍ਹਾਂ ਨੂੰ ਪਾਸ ਕਰਾਉਣ ਦੇ ਮਕਸਦ ਨਾਲ ਸੈਸ਼ਨ ਨੂੰ ਵਧਾ ਦਿੱਤਾ ਗਿਆ ਅਤੇ 16 ਤੋਂ 18 ਅਪ੍ਰੈਲ ਤੱਕ ਤਿੰਨ ਦਿਨਾਂ ਦੀ ਵਿਸ਼ੇਸ਼ ਬੈਠਕ ਬੁਲਾਈ ਗਈ ਸੀ।

ਇਹ ਸੰਵਿਧਾਨਕ ਸੋਧ ਬਿੱਲ ਪਾਸ ਨਹੀਂ ਹੋ ਸਕਿਆ। ਬਿੱਲ 'ਤੇ ਹੋਈ ਵੋਟਿੰਗ ਦੌਰਾਨ ਇਸ ਦੇ ਪੱਖ 'ਚ 298 ਅਤੇ ਵਿਰੋਧ 'ਚ 230 ਵੋਟਾਂ ਪਈਆਂ। ਲੋਕ ਸਭਾ ਵਿੱਚ ਸੰਵਿਧਾਨ ਸੋਧ ਬਿੱਲ ਨੂੰ ਪਾਸ ਕਰਨ ਲਈ ਦੋ-ਤਿਹਾਈ ਬਹੁਮਤ ਦੀ ਲੋੜ ਹੁੰਦੀ ਹੈ। ਬਿੱਲ 'ਤੇ ਵੋਟਿੰਗ ਵਿੱਚ 528 ਮੈਂਬਰਾਂ ਨੇ ਹਿੱਸਾ ਲਿਆ। ਇਸ ਬਿੱਲ ਨੂੰ ਪਾਸ ਕਰਨ ਲਈ 352 ਮੈਂਬਰਾਂ ਦੇ ਸਮਰਥਨ ਦੀ ਲੋੜ ਸੀ। ਬਿਰਲਾ ਨੇ ਦੱਸਿਆ ਕਿ ਇਸ ਸੈਸ਼ਨ ਵਿੱਚ ਕੁੱਲ 12 ਸਰਕਾਰੀ ਬਿੱਲ ਪੇਸ਼ ਕੀਤੇ ਗਏ ਅਤੇ ਨੌਂ ਪਾਸ ਕੀਤੇ ਗਏ। ਪਾਸ ਕੀਤੇ ਗਏ ਵਿੱਤ ਬਿੱਲਾਂ ਵਿੱਚ ਆਂਧਰਾ ਪ੍ਰਦੇਸ਼ ਪੁਨਰਗਠਨ ਸੋਧ ਬਿੱਲ ਅਤੇ ਜਨ ਵਿਸ਼ਵਾਸ ਸੋਧ ਬਿੱਲ ਪ੍ਰਮੁੱਖ ਹਨ।

**ਰਾਜ ਸਭਾ ਦੀ ਬੈਠਕ ਅਣਮਿੱਥੇ ਸਮੇਂ ਲਈ ਮੁਲਤਵੀ:** ਰਾਜ ਸਭਾ ਦੀ ਬੈਠਕ ਸ਼ਨੀਵਾਰ ਨੂੰ (ਬਾਕੀ ਸਫ਼ਾ 2 'ਤੇ)

## ਪੰਜਾਬ 'ਚ ਗਰਮੀ ਨੇ ਕੀਤਾ ਬੁਰਾ ਹਾਲ, 38 ਡਿਗਰੀ ਤੱਕ ਪੁੱਜਾ ਪਾਰਾ

ਚੰਡੀਗੜ੍ਹ, 18 ਅਪ੍ਰੈਲ (ਚ.ਨ.ਸ.): ਪੰਜਾਬ ਅਤੇ ਚੰਡੀਗੜ੍ਹ ਵਿਚ ਦਿਨੋਂ ਦਿਨ ਗਰਮੀ ਵਧ ਰਹੀ ਹੈ। ਅਗਲੇ ਸੱਤ ਦਿਨਾਂ ਤੱਕ ਮੌਸਮ ਖੁਸ਼ਕ ਰਹਿਣ ਦੀ ਉਮੀਦ ਹੈ। ਹਾਲਾਂਕਿ, ਪਿਛਲੇ 24 ਘੰਟਿਆਂ ਵਿੱਚ, ਕਈ ਇਲਾਕਿਆਂ ਵਿਚ ਬੱਦਲਵਾਈ ਹੋਣ ਕਾਰਨ, ਤਾਪਮਾਨ ਵਿੱਚ ਗਿਰਾਵਟ ਆਈ ਹੈ। ਸੂਬੇ ਭਰ ਵਿੱਚ ਤਾਪਮਾਨ 2.3 ਡਿਗਰੀ ਘੱਟ ਗਿਆ ਹੈ ਅਤੇ ਹੁਣ ਆਮ ਦੇ ਨੇੜੇ ਹੈ। ਸਭ ਤੋਂ ਵੱਧ ਤਾਪਮਾਨ 38.4 ਡਿਗਰੀ ਫਰੀਦਕੋਟ ਵਿੱਚ ਦਰਜ ਕੀਤਾ ਗਿਆ। ਚੰਡੀਗੜ੍ਹ ਵਿੱਚ ਤਾਪਮਾਨ 1.4 ਡਿਗਰੀ ਘੱਟ ਗਿਆ ਹੈ। ਪਿਛਲੇ 24 ਘੰਟਿਆਂ ਦੌਰਾਨ ਸਿਰਫ਼ ਅੰਮ੍ਰਿਤਸਰ ਵਿੱਚ ਹੀ ਹਲਕੀ ਬਾਰਿਸ਼ ਦਰਜ ਕੀਤੀ ਗਈ, ਜਦੋਂ ਕਿ ਬਾਕੀ ਸਾਰੇ ਜ਼ਿਲ੍ਹੇ ਪੂਰੀ ਤਰ੍ਹਾਂ ਸੁੱਕੇ ਰਹੇ, ਕੋਈ ਮੀਂਹ ਨਹੀਂ ਪਿਆ। ਹਾਲਾਂਕਿ, ਬੱਦਲਵਾਈ ਕਾਰਨ ਤਾਪਮਾਨ ਵਿੱਚ ਗਿਰਾਵਟ ਆਈ ਹੈ। 19 ਅਪ੍ਰੈਲ ਨੂੰ ਪਠਾਨਕੋਟ, (ਬਾਕੀ ਸਫ਼ਾ 2 'ਤੇ)



# ਸ੍ਰੀ ਗੁਰੂ ਅੰਗਦ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਮੌਕੇ ਹਰਿਮੰਦਰ ਸਾਹਿਬ ਵਿਖੇ ਕੀਤੀ ਗਈ ਦੀਪਮਾਲਾ



ਅੰਮ੍ਰਿਤਸਰ, 18 ਅਪ੍ਰੈਲ (ਬਬਲੂ ਮਹਾਜਨ): ਸ੍ਰੀ ਗੁਰੂ ਅੰਗਦ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਦੇ ਪਵਿੱਤਰ ਮੌਕੇ 'ਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਨਤਮਸਤਕ ਹੋ ਕੇ ਅਸ਼ੀਰਵਾਦ ਪ੍ਰਾਪਤ ਕੀਤਾ। ਸਵੇਰੇ ਤੋਂ ਹੀ ਦਰਬਾਰ ਸਾਹਿਬ ਦੇ ਦਰਸ਼ਨਾਂ ਲਈ ਲੰਬੀਆਂ ਕਤਾਰਾਂ ਲੱਗੀਆਂ ਰਹੀਆਂ ਅਤੇ ਗੁਰਬਾਣੀ ਕੀਰਤਨ ਦੀ ਮਧੁਰ ਧੁਨ ਨਾਲ ਸਾਰਾ ਮਾਹੌਲ ਰੂਹਾਨੀ ਰੰਗ ਵਿੱਚ ਰੰਗਿਆ ਹੋਇਆ ਸੀ।ਸੰਗਤਾਂ ਨੇ ਸ਼ਰਧਾ ਨਾਲ ਮੱਥਾ ਟੇਕਿਆ, ਕੀਰਤਨ ਸੁਣਿਆ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ। ਰਾਤ ਦੇ ਸਮੇਂ ਦੀਪਮਾਲਾ ਅਤੇ ਆਤਿਸ਼ਬਾਜੀ ਕੀਤੀ ਗਈ ਇਸ ਮੌਕੇ ਸ੍ਰੀ ਗੁਰੂ ਅੰਗਦ ਦੇਵ ਨਿਵਾਸ ਦੀ ਮੁੱਖ ਸੇਵਾਦਾਰ ਬੀਬੀ ਪਰਮਜੀਤ ਕੌਰ ਪਿੰਕੀ ਨੇ ਸੰਗਤ ਨੂੰ ਵਧਾਈ ਦਿੰਦਿਆਂ ਗੁਰੂ ਸਾਹਿਬ ਦੇ ਉਪਦੇਸ਼ਾਂ 'ਤੇ ਅਮਲ ਕਰਨ ਦੀ ਅਪੀਲ ਕੀਤੀ।

ਉਨ੍ਹਾਂ ਕਿਹਾ ਕਿ ਗੁਰੂ ਅੰਗਦ ਦੇਵ ਜੀ ਨੇ ਗੁਰਮੁਖੀ ਲਿਪੀ ਦਾ ਪ੍ਰਚਾਰ ਕਰਕੇ ਸਿੱਖੀ ਨੂੰ ਮਜ਼ਬੂਤੀ ਦਿੱਤੀ ਅਤੇ ਧਰਮ ਨੂੰ ਵਿਲੱਖਣ ਪਛਾਣ ਬਖ਼ਸ਼ੀ। ਗੁਰਪੁਰਬ ਮੌਕੇ ਪੂਰੇ ਇਲਾਕੇ ਵਿੱਚ ਭਗਤੀ ਭਾਵਨਾ ਦਾ ਮਾਹੌਲ ਬਣਿਆ ਰਿਹਾ ਅਤੇ ਸੰਗਤਾਂ ਨੇ ਬੜੇ ਉਤਸ਼ਾਹ ਨਾਲ ਇਸ ਪਵਿੱਤਰ ਦਿਹਾੜੇ ਨੂੰ ਮਨਾਇਆ।

*ਸੋਨੀਆ ਗਾਂਧੀ ਵੋਟਰ ਸੂਚੀ ਮਾਮਲਾ*

# ਅਦਾਲਤ ਵੱਲੋਂ ਦੋਵਾਂ ਧਿਰਾਂ ਨੂੰ ਲਿਖਤੀ ਦਲੀਲਾਂ ਪੇਸ਼ ਕਰਨ ਦੇ ਹੁਕਮ

ਨਵੀਂ ਦਿੱਲੀ, 18 ਅਪ੍ਰੈਲ (ਚ.ਨ.ਸ.): ਦਿੱਲੀ ਦੀ ਇੱਕ ਅਦਾਲਤ ਨੇ ਕਾਂਗਰਸ ਆਗੂ ਸੋਨੀਆ ਗਾਂਧੀ ਦੇ ਵੋਟਰ ਸੂਚੀ ਵਿੱਚ ਕਥਿਤ ਤੌਰ 'ਤੇ ਨਾਂ ਸ਼ਾਮਲ ਕਰਨ ਨਾਲ ਸਬੰਧਤ ਮਾਮਲੇ ਵਿੱਚ ਸਾਰੀਆਂ ਧਿਰਾਂ ਨੂੰ ਇੱਕ ਹਫ਼ਤੇ ਦੇ ਅੰਦਰ ਆਪਣੇ ਲਿਖਤੀ ਜਵਾਬ ਅਤੇ ਦਲੀਲਾਂ ਪੇਸ਼ ਕਰਨ ਲਈ ਕਿਹਾ ਹੈ। ਅਦਾਲਤ ਨੇ ਇਸ ਮਾਮਲੇ ਦੀ ਅਗਲੀ ਸੁਣਵਾਈ 16 ਮਈ ਲਈ ਤੈਅ ਕੀਤੀ ਹੈ। ਸੁਣਵਾਈ ਦੌਰਾਨ ਸ਼ਿਕਾਇਤਕਰਤਾ ਦੇ ਸੀਨੀਅਰ ਵਕੀਲ ਨੇ ਆਪਣੀਆਂ ਜਵਾਬੀ ਦਲੀਲਾਂ ਪੂਰੀਆਂ ਕੀਤੀਆਂ ਅਤੇ ਭਾਰਤੀ ਚੋਣ ਕਮਿਸ਼ਨ ਦੀ ਇੱਕ ਰਿਪੋਰਟ ਰਿਕਾਰਡ 'ਤੇ ਰੱਖਣ ਦੀ ਇਜਾਜ਼ਤ ਮੰਗੀ। ਦੂਜੇ ਪਾਸੇ, ਸੋਨੀਆ ਗਾਂਧੀ ਵੱਲੋਂ ਪੇਸ਼ ਹੋਏ ਵਕੀਲ ਨੇ ਅਦਾਲਤ ਨੂੰ ਦੱਸਿਆ ਕਿ ਉਹ ਇਸ ਸਬੰਧੀ ਕੁਝ ਹੋਰ ਅਹਿਮ ਦਲੀਲਾਂ ਪੇਸ਼ ਕਰਨਾ ਚਾਹੁੰਦੇ ਹਨ, ਜਿਸ ਤੋਂ ਬਾਅਦ ਅਦਾਲਤ ਨੇ ਲਿਖਤੀ ਦਸਤਾਵੇਜ਼ ਜਮ੍ਹਾਂ ਕਰਵਾਉਣ ਦੇ ਨਿਰਦੇਸ਼ ਦਿੱਤੇ।



ਜ਼ਿਕਰਯੋਗ ਹੈ ਕਿ 9 ਦਸੰਬਰ 2025 ਨੂੰ ਦਿੱਲੀ ਦੀ ਰਾਊਜ਼ ਐਵੇਨਿਊ ਕੋਰਟ ਦੇ ਵਿਸ਼ੇਸ਼ ਜੱਜ (ਭ੍ਰਿਸ਼ਟਾਚਾਰ ਰੋਕੂ ਕਾਨੂੰਨ) ਵਿਸ਼ਾਲ ਗੋਗਨੇ ਨੇ ਇਸ ਨਜ਼ਰਸਾਨੀ ਪਟੀਸ਼ਨ ਦੀ ਜਾਂਚ ਕਰਨ ਲਈ ਸਹਿਮਤੀ ਜਤਾਈ ਸੀ ਅਤੇ ਸੋਨੀਆ ਗਾਂਧੀ ਤੇ ਦਿੱਲੀ ਪੁਲਿਸ ਨੂੰ ਨੋਟਿਸ ਜਾਰੀ ਕੀਤਾ ਸੀ। ਇਹ ਮਾਮਲਾ ਪਹਿਲਾਂ ਮੈਜਿਸਟਰੇਟ ਅਦਾਲਤ ਵੱਲੋਂ ਖਾਰਜ ਕਰ ਦਿੱਤਾ ਗਿਆ ਸੀ, ਜਿਸ ਨੇ ਐੱਫ.ਆਈ.ਆਰ. ਦਰਜ ਕਰਨ ਦੇ ਹੁਕਮ ਦੇਣ ਤੋਂ ਇਨਕਾਰ ਕਰਦਿਆਂ ਕਿਹਾ ਸੀ ਕਿ ਅਦਾਲਤ ਸੰਵਿਧਾਨਕ ਅਥਾਰਟੀਆਂ ਦੇ ਕੰਮ ਵਿੱਚ ਦਖ਼ਲ ਨਹੀਂ ਦੇ ਸਕਦੀ।

# ਲੱਦਾਖ 'ਚ ਤਣਾਅ ਮਗਰੋਂ ਪਹਿਲੀ ਵਾਰ ਭਾਰਤ-ਚੀਨ ਵਿਚਾਲੇ ਹੋਈ ਗੱਲਬਾਤ ਦੌਰਾਨ ਕਈ ਮੁੱਦਿਆਂ 'ਤੇ ਹੋਈ ਚਰਚਾ

ਨਵੀਂ ਦਿੱਲੀ, 18 ਅਪ੍ਰੈਲ (ਚ.ਨ.ਸ.): ਸਾਲ 2024 ਦੌਰਾਨ ਲੱਦਾਖ 'ਚ ਭਾਰਤੀ-ਚੀਨੀ ਫੌਜ ਵਿਚਾਲੇ ਹੋਏ ਟਕਰਾਅ ਮਗਰੋਂ ਦੋਵਾਂ ਦੇਸ਼ਾਂ ਵਿਚਾਲੇ ਰਿਸ਼ਤਿਆਂ 'ਚ ਤਣਾਅ ਪੈਦਾ ਹੋ ਗਿਆ ਸੀ। ਇਸੇ ਦੌਰਾਨ ਭਾਰਤ ਅਤੇ ਚੀਨ ਨੇ 16-17 ਅਪ੍ਰੈਲ ਨੂੰ ਨਵੀਂ ਦਿੱਲੀ ਵਿੱਚ ਸ਼ੰਘਾਈ ਸਹਿਯੋਗ ਸੰਗਠਨ (ਐਸ.ਸੀ.ਓ.) ਨਾਲ ਸਬੰਧਤ ਮੁੱਦਿਆਂ 'ਤੇ ਆਪਣੀ ਪਹਿਲੀ ਰਸਮੀ ਦੁਵੱਲੀ ਬੈਠਕ ਕੀਤੀ। ਇਹ ਮੀਟਿੰਗ ਪੂਰਬੀ ਲੱਦਾਖ ਵਿੱਚ ਫੌਜੀ ਟਕਰਾਅ ਸੁਲਝਣ ਤੋਂ ਬਾਅਦ ਦੋਵਾਂ ਮੁਲਕਾਂ ਵਿਚਾਲੇ ਇੱਕ ਵੱਡੀ ਕੂਟਨੀਤਕ ਪਹਿਲ ਮੰਨੀ ਜਾ ਰਹੀ ਹੈ।

ਭਾਰਤ ਵੱਲੋਂ ਐਸ.ਸੀ.ਓ. ਕੌਮੀ ਤਾਲਮੇਲ ਅਧਿਕਾਰੀ ਆਲੋਕ ਏ. ਡਿਮਰੀ ਅਤੇ ਚੀਨ ਵੱਲੋਂ ਉਨ੍ਹਾਂ ਦੇ ਹਮਰੁਤਬਾ ਯਾਨ ਵੇਨਬਿਨ ਨੇ ਆਪਣੇ-ਆਪਣੇ ਵਫ਼ਦਾਂ ਦੀ ਅਗਵਾਈ ਕੀਤੀ। ਵਿਦੇਸ਼ ਮੰਤਰਾਲੇ ਅਨੁਸਾਰ, ਦੋਵਾਂ ਧਿਰਾਂ ਨੇ ਐਸ.ਸੀ.ਓ. ਆਗੂਆਂ ਦੇ ਫ਼ੈਸਲਿਆਂ ਨੂੰ ਲਾਗੂ ਕਰਨ ਅਤੇ ਸੰਗਠਨ ਦੇ ਭਵਿੱਖ ਦੀ ਰਣਨੀਤੀ ਬਾਰੇ ਵਿਚਾਰ-ਵਟਾਂਦਰਾ ਕੀਤਾ। ਇਸ ਵਿੱਚ ਸੁਰੱਖਿਆ, ਵਪਾਰ, ਸੰਪਰਕ ਅਤੇ ਲੋਕਾਂ ਵਿਚਾਲੇ ਰਾਬਤੇ ਵਰਗੇ ਖੇਤਰ ਸ਼ਾਮਲ ਸਨ। ਦੋਵੇਂ ਵਫ਼ਦਾਂ ਨੇ ਵਿਦੇਸ਼ ਮੰਤਰਾਲੇ ਦੇ ਸਕੱਤਰ ਸਿਬੀ



ਜੌਰਜ ਨਾਲ ਵੀ ਮੁਲਾਕਾਤ ਕੀਤੀ ਅਤੇ ਐਸ.ਸੀ.ਓ. ਦੇ ਤਹਿਤ ਚੱਲ ਰਹੇ ਸਹਿਯੋਗ ਦੀ ਨਜ਼ਰਸਾਨੀ ਕੀਤੀ।

ਇਹ ਬੈਠਕ ਅਜਿਹੇ ਸਮੇਂ ਹੋਈ ਹੈ ਜਦੋਂ ਚੀਨੀ ਆਗੂਆਂ ਦੇ ਭਾਰਤ ਆਉਣ ਦੀਆਂ ਸੰਭਾਵਨਾਵਾਂ ਵਧ ਗਈਆਂ ਹਨ। ਹੁਣ ਚੀਨੀ ਵਿਦੇਸ਼ ਮੰਤਰੀ ਵਾਂਗ ਯੀ 14-15 ਮਈ ਨੂੰ ਬ੍ਰਿਕਸ ਵਿਦੇਸ਼ ਮੰਤਰੀਆਂ ਦੀ ਬੈਠਕ ਲਈ ਭਾਰਤ ਆ ਸਕਦੇ ਹਨ, ਜਦਕਿ ਚੀਨੀ ਰਾਸ਼ਟਰਪਤੀ ਸ਼ੀ ਜਿਨਪਿੰਗ ਦੇ ਵੀ ਸਤੰਬਰ ਵਿੱਚ ਹੋਣ ਵਾਲੇ ਬ੍ਰਿਕਸ ਸਿਖਰ ਸੰਮੇਲਨ ਲਈ ਭਾਰਤ ਆਉਣ ਦੀ ਉਮੀਦ ਹੈ।ਇਸ ਦੌਰਾਨ ਭਾਰਤ ਨੇ ਸਪੱਸ਼ਟ ਕੀਤਾ ਹੈ ਕਿ ਉਹ ਐਸ.ਸੀ.ਓ. ਵਿੱਚ ਸਹਿਯੋਗ ਦਾ ਸਮਰਥਨ ਕਰਦਾ ਹੈ, ਪਰ ਇਹ ਸਹਿਯੋਗ ਮੈਂਬਰ ਦੇਸ਼ਾਂ ਦੀ ਪ੍ਰਭੂਸੱਤਾ ਅਤੇ ਖੇਤਰੀ ਅਖੰਡਤਾ ਦੇ ਸਨਮਾਨ 'ਤੇ ਅਧਾਰਤ ਹੋਣਾ ਚਾਹੀਦਾ ਹੈ।

# ਪਹਿਲੇ ਸਫ਼ੇ ਦੀ ਬਾਕੀ

## ਸੋਨਾ-ਚਾਂਦੀ ਦੀਆਂ ਕੀਮਤਾਂ 'ਚ ਗਿਰਾਵਟ

ਦੀ ਗਿਰਾਵਟ ਨਾਲ 1,56,200 ਰੁਪਏ ਪ੍ਰਤੀ 10 ਗ੍ਰਾਮ 'ਤੇ ਬੰਦ ਹੋਇਆ।

ਕਿਉਂ ਆਈ ਕੀਮਤਾਂ ਵਿੱਚ ਗਿਰਾਵਟ? ਬਾਜ਼ਾਰ ਮਾਹਿਰਾਂ ਅਨੁਸਾਰ, ਇਸ ਨਰਮੀ ਦਾ ਮੁੱਖ ਕਾਰਨ ਜੰਗਬੰਦੀ ਤੋਂ ਬਾਅਦ ਦੇ ਘਟਨਾਕ੍ਰਮ ਅਤੇ ਬਾਜ਼ਾਰ ਵਿੱਚ ਮੌਜੂਦ ਸਾਵਧਾਨੀ ਹੈ। ਐਲਕੇਪੀ ਸਕਿਓਰਿਟੀਜ਼ ਦੇ ਮਾਹਿਰ ਜਤਿਨ ਤ੍ਰਿਵੇਦੀ ਦਾ ਕਹਿਣਾ ਹੈ ਕਿ ਸੋਨਾ ਫਿਲਹਾਲ ਇੱਕ ਸੀਮਤ ਦਾਇਰੇ ਵਿੱਚ ਰਹਿਣ ਦੀ ਸੰਭਾਵਨਾ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਹੋਣ ਵਾਲੇ ਘਟਨਾਕ੍ਰਮਾਂ 'ਤੇ ਤੇਜ਼ੀ ਨਾਲ ਪ੍ਰਤੀਕਿਰਿਆ ਕਰ ਸਕਦਾ ਹੈ।

ਅੰਤਰਰਾਸ਼ਟਰੀ ਬਾਜ਼ਾਰ ਦਾ ਹਾਲ ਵਿਦੇਸ਼ੀ ਬਾਜ਼ਾਰਾਂ ਵਿੱਚ ਵੀ ਮਿਸ਼ਰਿਤ ਰੁਝਾਨ ਦੇਖਣ ਨੂੰ ਮਿਲਿਆ। ਜਿੱਥੇ ਹਾਜ਼ਰ ਸੋਨਾ ਮਾਮੂਲੀ ਗਿਰਾਵਟ ਨਾਲ 4,786.90 ਡਾਲਰ ਪ੍ਰਤੀ ਔਂਸ 'ਤੇ ਰਿਹਾ, ਉੱਥੇ ਹੀ ਅੰਤਰਰਾਸ਼ਟਰੀ ਪੱਧਰ 'ਤੇ ਚਾਂਦੀ 1.12 ਪ੍ਰਤੀਸ਼ਤ ਦੇ ਵਾਧੇ ਨਾਲ 79.28 ਡਾਲਰ ਪ੍ਰਤੀ ਔਂਸ 'ਤੇ ਪਹੁੰਚ ਗਈ।

## ਮਹਿਲਾ ਰਾਖਵਾਂਕਰਨ ਬਿੱਲ ਰੱਦ ਹੋਣ

ਰਾਸ਼ਟਰੀ ਹਿੱਤ ਸਭ ਤੋਂ ਉੱਪਰ ਹੈ। ਹਾਲਾਂਕਿ, ਜਦੋਂ ਕੁਝ ਲੋਕਾਂ ਲਈ, ਪਾਰਟੀ ਹਿੱਤ ਸਭ ਕੁਝ ਬਣ ਜਾਂਦਾ ਹੈ- ਜਦੋਂ ਪਾਰਟੀ ਹਿੱਤ ਰਾਸ਼ਟਰੀ ਹਿੱਤ ਤੋਂ ਵੱਧ ਹੁੰਦਾ ਹੈ- ਤਾਂ ਇਹ ਦੇਸ਼ ਦੀ 'ਨਾਰੀ ਸ਼ਕਤੀ' (ਮਹਿਲਾ ਸ਼ਕਤੀ) ਅਤੇ ਰਾਸ਼ਟਰੀ ਹਿੱਤ ਨੂੰ ਹੀ ਨੁਕਸਾਨ ਪਹੁੰਚਾਉਣਾ ਪੈਂਦਾ ਹੈ। ਇਸ ਵਾਰ ਵੀ ਇਹੀ ਹੋਇਆ ਹੈ। ਦੇਸ਼ ਦੀਆਂ ਔਰਤਾਂ ਨੂੰ ਕਾਂਗਰਸ, ਡੀ.ਐਮ.ਕੇ., ਟੀ.ਐਮ.ਸੀ. ਅਤੇ ਸਮਾਜਵਾਦੀ ਪਾਰਟੀ ਵਰਗੀਆਂ ਪਾਰਟੀਆਂ ਦੁਆਰਾ ਕੀਤੀ ਜਾ ਰਹੀ ਸਵਾਰਥੀ ਰਾਜਨੀਤੀ ਦੇ ਨਤੀਜੇ ਭੁਗਤਣੇ ਪਏ ਹਨ।

**ਇਹ ਲੋਕ ਦੇਸ਼ ਦੇ ਸੰਵਿਧਾਨ ਦੇ ਵਿਰੁੱਧ ਅਪਰਾਧੀ ਹਨ :** ਪੀ.ਐਮ. ਮੋਦੀ ਨੇ ਕਿਹਾ ਕਿ ਇਹ ਵਿਅਕਤੀ ਦੇਸ਼ ਦੇ ਸੰਵਿਧਾਨ ਦੇ ਵਿਰੁੱਧ ਅਪਰਾਧੀ ਹਨ। ਵਿਰੋਧੀ ਧਿਰ ਨੇ ਲਗਾਤਾਰ ਮਹਿਲਾ ਰਾਖਵੇਂਕਰਨ ਵਿੱਚ ਰੁਕਾਵਟ ਪਾਉਣ ਦੀ ਸਾਜ਼ਿਸ਼ ਰਚੀ ਹੈ। ਇਸ ਵਾਰ ਵੀ, ਕਾਂਗਰਸ ਅਤੇ ਇਸਦੇ ਸਹਿਯੋਗੀਆਂ ਨੇ ਇੱਕ ਤੋਂ ਬਾਅਦ ਇੱਕ ਬਹਾਨੇ ਬਣਾਏ। ਪ੍ਰਧਾਨ ਮੰਤਰੀ ਨੇ ਦੋਸ਼ ਲਗਾਇਆ ਕਿ ਕਾਂਗਰਸ ਅਤੇ ਇਸ ਦੇ ਸਹਿਯੋਗੀਆਂ ਨੇ ਦੇਸ਼ ਨੂੰ ਗੁੰਮਰਾਹ ਕਰਨ ਦੀ ਕੋਸ਼ਿਸ਼ ਕੀਤੀ। ਉਨ੍ਹਾਂ ਅੱਗੇ ਕਿਹਾ ਕਿ ਇਨ੍ਹਾਂ ਪਾਰਟੀਆਂ ਨੇ ਭਾਰਤ ਦੀ 'ਨਾਰੀ ਸ਼ਕਤੀ' (ਮਹਿਲਾ ਸ਼ਕਤੀ) ਦੇ ਸਾਹਮਣੇ ਆਪਣੇ ਅਸਲੀ ਚਿਹਰੇ ਬੇਨਕਾਬ ਕਰ ਦਿੱਤੇ ਹਨ।

**ਕਿਉਂ ਪਾਸ ਨਹੀਂ ਹੋ ਸਕਿਆ ਬਿੱਲ ?:** ਸੰਵਿਧਾਨ (131ਵਾਂ ਸੋਧ) ਬਿੱਲ ਲੋਕ ਸਭਾ ਵਿੱਚ ਲੋੜੀਂਦਾ ਦੋ-ਤਿਹਾਈ ਬਹੁਮਤ ਹਾਸਲ ਕਰਨ ਵਿੱਚ ਅਸਫਲ ਰਿਹਾ। ਬਿੱਲ ਦੇ ਪੱਖ ਵਿੱਚ 298 ਵੋਟਾਂ ਪਈਆਂ, ਜਦੋਂ ਕਿ 230 ਸੰਸਦ ਮੈਂਬਰਾਂ ਨੇ ਇਸ ਦਾ ਵਿਰੋਧ ਕੀਤਾ। ਇਸ ਬਿੱਲ ਦਾ ਮੁੱਖ ਉਦੇਸ਼ ਸੰਸਦ ਅਤੇ ਰਾਜ ਵਿਧਾਨ ਸਭਾਵਾਂ ਵਿੱਚ ਔਰਤਾਂ ਲਈ 33% ਰਾਖਵਾਂਕਰਨ ਲਾਗੂ ਕਰਨਾ ਅਤੇ ਲੋਕ ਸਭਾ ਦੀਆਂ ਸੀਟਾਂ ਦੀ ਗਿਣਤੀ 543 ਤੋਂ ਵਧਾ ਕੇ 850 ਕਰਨਾ ਸੀ।

**ਸਿਆਸੀ ਘਮਾਸਾਨ ਤੇਜ਼ :** ਇਸ ਘਟਨਾਕ੍ਰਮ ਨੂੰ ਲੈ ਕੇ ਸਿਆਸਤ ਪੂਰੀ ਤਰ੍ਹਾਂ ਗਰਮਾਈ ਹੋਈ ਹੈ। ਕਾਂਗਰਸ ਨੇਤਾ ਪ੍ਰਿਅੰਕਾ ਗਾਂਧੀ ਨੇ ਬਿੱਲ ਦੇ ਫੇਲ੍ਹ ਹੋਣ ਨੂੰ 'ਲੋਕਤੰਤਰ ਦੀ ਜਿੱਤ' ਅਤੇ ਭਾਜਪਾ ਲਈ 'ਕਾਲਾ ਦਿਨ' ਦੱਸਿਆ ਹੈ। ਉਨ੍ਹਾਂ ਕਿਹਾ ਕਿ 2014 ਤੋਂ ਬਾਅਦ ਇਹ ਪਹਿਲੀ ਵਾਰ ਹੈ ਜਦੋਂ ਮੋਦੀ ਸਰਕਾਰ ਨੂੰ ਸੰਸਦ ਵਿੱਚ ਹਾਰ ਦਾ ਸਾਹਮਣਾ ਕਰਨਾ ਪਿਆ ਹੈ। ਦੂਜੇ ਪਾਸੇ ਭਾਜਪਾ ਨੇਤਾਵਾਂ ਨੇ ਕਾਂਗਰਸ 'ਤੇ ਔਰਤਾਂ ਦੇ ਹੱਕ ਖੋਹਣ ਦੇ ਦੋਸ਼ ਲਗਾਏ ਹਨ।

## ਗੰਦੀ ਸਿਆਸਤ ਕਰ ਕੇ ਰੋਕਿਆ

ਗਿਣਤੀ ਵਿੱਚ ਸੰਸਦ ਅਤੇ ਵਿਧਾਨ ਸਭਾਵਾਂ ਵਿੱਚ ਆ ਸਕਣ'। ਪੀ.ਐਮ. ਮੋਦੀ ਨੇ ਅੱਗੇ ਕਿਹਾ ਕਿ ਡੀਐਮਕੇ ਅਤੇ ਕਾਂਗਰਸ ਨੇ ਨਫ਼ਰਤ ਅਤੇ ਗੰਦੀ ਰਾਜਨੀਤੀ ਕਾਰਨ ਇਸ ਨੂੰ ਨਿਸ਼ਾਨਾ ਬਣਾਇਆ। ਉਨ੍ਹਾਂ ਦਾਅਵਾ ਕੀਤਾ ਕਿ ਜੇਕਰ ਇਹ ਬਿੱਲ ਪਾਸ ਹੋ ਜਾਂਦਾ ਤਾਂ ਤਾਮਿਲਨਾਡੂ ਦੀਆਂ ਕਈ ਸਾਧਾਰਨ ਔਰਤਾਂ ਸੰਸਦ ਮੈਂਬਰ ਅਤੇ ਵਿਧਾਇਕ ਬਣ ਸਕਦੀਆਂ ਸਨ, ਪਰ ਡੀ.ਐਮ.ਕੇ. ਅਜਿਹਾ ਨਹੀਂ ਚਾਹੁੰਦੀ ਸੀ।

ਲੜਾਈ ਅਜੇ ਖ਼ਤਮ ਨਹੀਂ ਹੋਈ: ਪੀ.ਐਮ. ਮੋਦੀ ਨੇ ਔਰਤਾਂ ਨੂੰ ਭਰੋਸਾ ਦਿਵਾਉਂਦਿਆਂ ਕਿਹਾ ਕਿ ਇਹ ਲੜਾਈ ਅਜੇ ਖ਼ਤਮ ਨਹੀਂ ਹੋਈ ਹੈ। ਉਨ੍ਹਾਂ ਐਲਾਨ ਕੀਤਾ ਕਿ ਭਾਜਪਾ ਅਤੇ ਐਨ.ਡੀ.ਏ. ਔਰਤਾਂ ਦੇ ਅਧਿਕਾਰਾਂ ਲਈ ਆਪਣਾ ਸੰਘਰਸ਼ ਜਾਰੀ ਰੱਖਣਗੇ। ਸੂਤਰਾਂ ਅਨੁਸਾਰ, ਸਰਕਾਰ ਹੁਣ ਔਰਤਾਂ ਲਈ 33 ਪ੍ਰਤੀਸ਼ਤ ਰਾਖਵਾਂਕਰਨ ਲਾਗੂ ਕਰਨ ਦੇ ਹੋਰ ਤਰੀਕਿਆਂ 'ਤੇ ਵੀ ਵਿਚਾਰ ਕਰ ਰਹੀ ਹੈ। ਜ਼ਿਕਰਯੋਗ ਹੈ ਕਿ ਇਸ ਮੁੱਦੇ 'ਤੇ ਪ੍ਰਧਾਨ ਮੰਤਰੀ ਅੱਜ ਰਾਤ ਦੇਸ਼ ਨੂੰ ਸੰਬੋਧਨ ਵੀ ਕਰ ਸਕਦੇ ਹਨ।

## ਹੋਰਮੁਜ਼ ਜਲਡਮਰੂ 'ਚ ਭਾਰਤੀ ਟੈਂਕਰ

ਜਾਰੀ ਨਾਕਾਬੰਦੀ ਦੇ ਜਵਾਬ ਵਿੱਚ ਈਰਾਨ ਨੇ ਰਣਨੀਤਕ ਤੌਰ 'ਤੇ ਬੇਹੱਦ ਮਹੱਤਵਪੂਰਨ 'ਸਟਰੇਟ ਆਫ ਹੋਰਮੁਜ਼' ਨੂੰ ਮੁੜ ਬੰਦ ਕਰਨ ਦਾ ਐਲਾਨ ਕਰ ਦਿੱਤਾ। ਈਰਾਨ ਨੇ ਪਹਿਲਾਂ ਐਲਾਨ ਕੀਤਾ ਸੀ ਕਿ ਉਹ ਜਲਡਮਰੂ ਉੱਤੇ ਆਪਣੀ ਫੌਜੀ ਨਿਗਰਾਨੀ ਤੇਜ਼ ਕਰ ਰਿਹਾ ਹੈ। ਤਹਿਰਾਨ ਨੇ ਕਿਹਾ ਕਿ ਅਮਰੀਕਾ ਨੇ ਜੰਗਬੰਦੀ ਸਮਝੌਤੇ ਦੀ ਉਲੰਘਣਾ ਕੀਤੀ ਹੈ, ਇਸ ਲਈ ਹੋਰਮੁਜ਼ ਜਲਡਮਰੂ ਰਾਹੀਂ ਸਾਰੀ ਸਮੁੰਦਰੀ ਆਵਾਜਾਈ ਹੁਣ ਤੋਂ ਪੂਰੀ ਤਰ੍ਹਾਂ ਫੌਜੀ ਕੰਟਰੋਲ ਵਿੱਚ ਆ ਜਾਵੇਗੀ। ਇਸੇ ਦੌਰਾਨ ਸੰਯੁਕਤ ਰਾਜ ਨੇ ਹੋਰਮੁਜ਼ ਜਲਡਮਰੂ ਤੋਂ ਆਪਣੀ ਨਾਕਾਬੰਦੀ ਹਟਾਉਣ ਤੋਂ ਇਨਕਾਰ ਕਰ ਦਿੱਤਾ। ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਐਲਾਨ ਕੀਤਾ ਕਿ ਇਹ ਨਾਕਾਬੰਦੀ ਉਦੋਂ ਤੱਕ ਲਾਗੂ ਰਹੇਗੀ ਜਦੋਂ ਤੱਕ ਈਰਾਨ ਸੰਯੁਕਤ ਰਾਜ ਅਮਰੀਕਾ ਨਾਲ ਸਮਝੌਤਾ ਨਹੀਂ ਕਰ ਲੈਂਦਾ। ਈਰਾਨ ਦੀ ਸਰਕਾਰੀ ਮੀਡੀਆ ਨੇ ਇੱਕ ਵੀਡੀਓ ਜਾਰੀ ਕਰਕੇ ਦਿਖਾਇਆ ਹੈ ਕਿ ਕਿਸ ਤਰ੍ਹਾਂ ਹੋਰਮੁਜ਼ ਨੂੰ ਪਾਰ ਕਰਨ ਦੀ ਕੋਸ਼ਿਸ਼ ਕਰ ਰਹੇ ਦਰਜਨਾਂ ਜਹਾਜ਼ਾਂ ਨੂੰ ਵਾਪਸ ਮੁੜਨਾ ਪੈ ਰਿਹਾ ਹੈ।

## ਅਮਰੀਕਾ ਵੱਲੋਂ ਛੋਟ ਵਧਾਏ ਜਾਣ ਕਾਰਨ ਭਾਰਤ ਹੁਣ ਰੂਸ

ਖਤਮ ਹੋ ਗਈ ਸੀ। ਹਾਲਾਂਕਿ, ਇਸ ਲਾਇਸੈਂਸ ਵਿਚ ਈਰਾਨ, ਕਿਊਬਾ ਅਤੇ ਉੱਤਰੀ ਕੋਰੀਆ ਨਾਲ ਜੁੜੇ ਕਿਸੇ ਵੀ ਲੈਣ-ਦੇਣ ਨੂੰ ਸ਼ਾਮਲ ਨਹੀਂ ਕੀਤਾ ਗਿਆ ਹੈ। ਇਸ ਫੈਸਲੇ ਦਾ ਉਦੇਸ਼ ਵਧਦੀਆਂ ਵਿਸ਼ਵ ਊਰਜਾ ਕੀਮਤਾਂ ਨੂੰ ਕੰਟਰੋਲ ਕਰਨਾ ਹੈ, ਖਾਸ ਕਰਕੇ ਅਜਿਹੇ ਸਮੇਂ ਜਦੋਂ ਪੱਛਮੀ ਏਸ਼ੀਆ ਵਿੱਚ ਤਣਾਅ ਉੱਚਾ ਹੈ। ਪਹਿਲਾਂ, ਅਮਰੀਕਾ ਨੇ ਭਾਰਤ ਸਮੇਤ ਕੁਝ ਦੇਸ਼ਾਂ ਨੂੰ 5 ਮਾਰਚ ਤੋਂ ਰੂਸੀ ਤੇਲ ਖਰੀਦਣ ਤੋਂ ਅਸਥਾਈ ਰਾਹਤ ਦਿੱਤੀ ਸੀ। ਇਹ ਛੋਟ ਬਾਅਦ ਵਿੱਚ ਦੂਜੇ ਦੇਸ਼ਾਂ ਨੂੰ ਵਧਾ ਦਿੱਤੀ ਗਈ ਸੀ, ਜਿਸ ਦੀ ਮਿਆਦ 11 ਅਪ੍ਰੈਲ ਨੂੰ ਖਤਮ ਹੋ ਗਈ ਸੀ। ਇਸ ਫੈਸਲੇ ਨਾਲ ਭਾਰਤ ਲਈ ਰੂਸ ਤੋਂ ਕੱਚਾ ਤੇਲ ਖਰੀਦਣਾ ਆਸਾਨ ਹੋ ਜਾਵੇਗਾ। ਭਾਰਤ ਪਹਿਲਾਂ ਹੀ ਰੂਸ ਤੋਂ ਕਾਫ਼ੀ ਮਾਤਰਾ ਵਿੱਚ ਤੇਲ ਆਯਾਤ ਕਰਦਾ ਹੈ। ਭਾਰਤ ਵਿੱਚ ਰੂਸੀ ਰਾਜਦੂਤ ਡੇਨਿਸ ਅਲੀਪੋਵ ਨੇ ਭਰੋਸਾ ਦਿੱਤਾ ਹੈ ਕਿ ਰੂਸ ਭਾਰਤ ਨੂੰ ਕੱਚੇ ਤੇਲ, ਐਲ.ਪੀ.ਜੀ. ਅਤੇ ਐਲ.ਐਨ.ਜੀ. ਦੀ ਸਪਲਾਈ ਹੋਰ ਵਧਾਏਗਾ। ਉਨ੍ਹਾਂ ਨੇ ਭਾਰਤ ਨੂੰ ਇੱਕ ਭਰੋਸੇਮੰਦ ਭਾਈਵਾਲ ਦੱਸਿਆ। ਇੱਕ ਯੂਰਪੀਅਨ ਥਿੰਕ ਟੈਂਕ ਦੇ ਅੰਕੜਿਆਂ ਮੁਤਾਬਕ ਮਾਰਚ ਵਿੱਚ ਰੂਸ ਤੋਂ ਭਾਰਤ ਦੇ ਕੱਚੇ ਤੇਲ ਦੀ ਦਰਾਮਦ ਵਿੱਚ ਤੇਜ਼ੀ ਨਾਲ ਵਾਧਾ ਹੋਇਆ। ਸੈਂਟਰ ਫਾਰ ਰਿਸਰਚ ਆਨ ਐਨਰਜੀ ਐਂਡ ਕਲੀਨ ਏਅਰ ਦੀ ਇੱਕ ਰਿਪੋਰਟ ਮੁਤਾਬਕ ਭਾਰਤ ਨੇ ਮਾਰਚ ਵਿੱਚ ਰੂਸ ਤੋਂ 5.8 ਅਰਬ ਡਾਲਰ ਦਾ ਕੱਚਾ ਤੇਲ ਖਰੀਦਿਆ, ਜੋ ਫਰਵਰੀ ਵਿੱਚ 1.54 ਅਰਬ ਡਾਲਰ ਤੋਂ ਤਿੰਨ ਗੁਣਾ ਵੱਧ ਹੈ। ਮਾਰਚ, 2022 ਤੋਂ ਨਵੀਂ ਦਿੱਲੀ ਰੂਸੀ ਤੇਲ ਲਈ ਇੱਕ ਪ੍ਰਮੁੱਖ ਬਾਜ਼ਾਰ ਵਜੋਂ ਉਭਰੀ ਹੈ। 2024 ਵਿੱਚ ਭਾਰਤ ਨੇ ਰੂਸ ਤੋਂ ਪ੍ਰਤੀ ਦਿਨ ਲਗਭਗ 20 ਲੱਖ ਬੈਰਲ ਤੇਲ ਖਰੀਦਿਆ ਜਦੋਂ ਕਿ ਪਿਛਲੇ ਸਾਲ ਲਗਭਗ 44 ਅਰਬ ਡਾਲਰ ਦਾ ਆਯਾਤ ਹੋਇਆ ਸੀ।

## ਅਕਾਲੀ ਦਲ 'ਵਾਰਿਸ ਪੰਜਾਬ ਦੇ' ਤੇ

ਸੂਤਰਾਂ ਅਨੁਸਾਰ, ਉਨ੍ਹਾਂ ਦੇ 'ਵਾਰਿਸ ਪੰਜਾਬ ਦੇ' ਜਥੇਬੰਦੀ ਵਿੱਚ ਸ਼ਾਮਲ ਹੋਣ ਨਾਲ ਦਲ-ਬਦਲੀ ਵਿਰੋਧੀ ਕਾਨੂੰਨ ਲਾਗੂ ਨਹੀਂ ਹੋਵੇਗਾ, ਕਿਉਂਕਿ ਉਹ ਇੱਕ ਜਥੇਬੰਦੀ ਵਿੱਚ ਸ਼ਾਮਲ ਹੋ ਰਹੇ ਹਨ ਨਾ ਕਿ ਕਿਸੇ ਰਜਿਸਟਰਡ ਪਾਰਟੀ ਵਿੱਚ।

ਜਦੋਂ ਇਯਾਲੀ ਨਾਲ ਸੰਪਰਕ ਕੀਤਾ ਗਿਆ ਤਾਂ ਉਨ੍ਹਾਂ ਨੇ ਵੇਰਵੇ ਦੇਣ ਤੋਂ ਇਨਕਾਰ ਕਰਦਿਆਂ ਕਿਹਾ,'ਅਸੀਂ ਸਿੱਖ ਪੰਥ ਦੀ ਮੰਗ ਅਨੁਸਾਰ ਚੱਲ ਰਹੇ ਹਾਂ ਅਤੇ ਨਤੀਜਾ ਜਲਦੀ ਸਾਂਝਾ ਕੀਤਾ ਜਾਵੇਗਾ।' 'ਪੁਨਰ ਸੁਰਜੀਤ' ਦੇ ਪ੍ਰਮੁੱਖ ਆਗੂਆਂ ਵਿੱਚ ਗੁਰਪ੍ਰਤਾਪ ਸਿੰਘ ਵਡਾਲਾ, ਪ੍ਰੇਮ ਸਿੰਘ ਚੰਦੂਮਾਜਰਾ, ਸੁਰਜੀਤ ਸਿੰਘ ਰੱਖੜਾ ਅਤੇ ਪਰਮਿੰਦਰ ਸਿੰਘ ਢੀਂਡਸਾ ਸ਼ਾਮਲ ਹਨ। ਦਾਖਾ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਵਿਧਾਇਕ ਦੇ ਪਿਛਲੇ ਕੁਝ ਸਮੇਂ ਤੋਂ ਪਾਰਟੀ ਲੀਡਰਸ਼ਿਪ ਨਾਲ ਸਬੰਧ ਠੀਕ ਨਹੀਂ ਚੱਲ ਰਹੇ ਹਨ। ਉਹ ਪੰਜ ਸਿੱਖ ਸਾਹਿਬਾਨਾਂ ਵੱਲੋਂ ਸ਼੍ਰੋਮਣੀ ਅਕਾਲੀ ਦਲ ਦੇ ਪੁਨਰਗਠਨ ਦੀ ਅਗਵਾਈ ਕਰਨ ਲਈ ਬਣਾਈ ਗਈ ਕਮੇਟੀ ਦਾ ਹਿੱਸਾ ਵੀ ਸਨ। ਇਸ ਕਮੇਟੀ ਨੂੰ ਪਾਰਟੀ ਨੇ ਰੱਦ ਕਰ ਦਿੱਤਾ ਸੀ ਅਤੇ ਆਪਣੀ ਮੈਂਬਰਸ਼ਿਪ ਮੁਹਿੰਮ ਚਲਾਈ ਤੇ ਨਤੀਜੇ ਵਜੋਂ ਸੁਖਬੀਰ ਬਾਦਲ ਨੂੰ ਮੁੜ ਤੋਂ ਪਾਰਟੀ ਪ੍ਰਧਾਨ ਨਿਯੁਕਤ ਕੀਤਾ ਗਿਆ

## ਪੰਜਾਬ 'ਚ ਆਲਮੀ ਨਿਵੇਸ਼ ਲਿਆਉਣ

ਜੋ ਪੰਜਾਬ ਅਤੇ ਨੀਦਰਲੈਂਡ ਦਰਮਿਆਨ ਵਧ ਰਹੇ ਸਹਿਯੋਗ ਨੂੰ ਦਰਸਾਉਂਦਾ ਹੈ।

ਇਸ ਦੌਰੇ ਦੌਰਾਨ ਮੁੱਖ ਮੰਤਰੀ ਸੂਬੇ ਦੇ ਉਦਯੋਗਿਕ ਵਿਕਾਸ ਨੂੰ ਹੋਰ ਹੁਲਾਰਾ ਦੇਣ ਲਈ ਤਰਜੀਹੀ ਖੇਤਰਾਂ ਵਿੱਚ ਰਣਨੀਤਕ ਸਾਂਝ ਦੀ ਪ੍ਰਮੁੱਖਤਾ ਨੂੰ ਉਭਾਰਨਗੇ।ਉਹ ਪੰਜਾਬ ਦੀ ਰਣਨੀਤਕ ਸਥਿਤੀ, ਐਨ.ਸੀ.ਆਰ. ਅਤੇ ਪ੍ਰਮੁੱਖ ਬੰਦਰਗਾਹਾਂ ਨਾਲ ਨਿਰਵਿਘਨ ਸੰਪਰਕ, ਮਜਬੂਤ ਉਦਯੋਗਿਕ ਕਲੱਸਟਰ, ਗੁਣਵੱਤਾ ਵਾਲੀ ਨਿਰਵਿਘਨ ਬਿਜਲੀ ਸਪਲਾਈ, ਹੁਨਰਮੰਦ ਕਾਰਜਬਲ ਅਤੇ ਪ੍ਰਗਤੀਸ਼ੀਲ ਨੀਤੀ ਢਾਂਚੇ ਨੂੰ ਉਜਾਗਰ ਕਰਕੇ ਪੰਜਾਬ ਨੂੰ ਉੱਤਰੀ ਭਾਰਤ ਦੇ ਤਰਜੀਹੀ ਨਿਵੇਸ ਸਥਾਨ ਵਜੋਂ ਵੀ ਪ੍ਰਦਰਸ਼ਿਤ ਕਰਨਗੇ।

ਮੁੱਖ ਮੰਤਰੀ ਦੀ ਅਗਵਾਈ ਵਾਲਾ ਵਫਦ ਪੰਜਾਬ ਸਰਕਾਰ ਵੱਲੋਂ ਲਾਗੂ ਕੀਤੇ ਗਏ ਮੁੱਖ ਪ੍ਰਸਾਸਨਿਕ ਅਤੇ ਰੈਗੂਲੇਟਰੀ ਸੁਧਾਰਾਂ ਨੂੰ ਪੇਸ ਕਰੇਗਾ, ਜਿਸ ਵਿੱਚ 173 ਸਰਕਾਰ ਤੋਂ ਕਾਰੋਬਾਰ ਸੇਵਾਵਾਂ, ਆਟੋ-ਡੀਮਡ ਪ੍ਰਵਾਨਗੀਆਂ, ਪੈਨ-ਅਧਾਰਤ ਕਾਰੋਬਾਰੀ ਪਛਾਣ ਅਤੇ ਪੰਜਾਬ ਰਾਈਟ ਟੂ ਬਿਜ਼ਨਸ ਐਕਟ ਵਿੱਚ ਸੋਧਾਂ ਸਮੇਤ ਫਾਸਟਟ੍ਰੈਕ ਪੰਜਾਬ ਸਿੰਗਲ-ਵਿੰਡੋ ਪ੍ਰਣਾਲੀ ਸਾਮਲ ਹੈ।

ਇਸ ਵਫਦ ਦਾ ਉਦੇਸ ਲੜੀਵਾਰ ਰੋਡ ਸੋਅ, ਵਨ-ਟੂ-ਵਨ ਬਿਜਨਸ ਮੀਟਿੰਗਾਂ ਅਤੇ ਵੱਡੀਆਂ ਗਲੋਬਲ ਕਾਰਪੋਰੇਸਨਾਂ ਅਤੇ ਸੰਸਥਾਵਾਂ ਨਾਲ ਗੱਲਬਾਤ ਰਾਹੀਂ ਪੰਜਾਬ ਨੂੰ ਯੂਰਪੀਅਨ ਦੇਸਾਂ ਲਈ ਨਿਵੇਸ ਵਾਸਤੇ ਆਕਰਸ਼ਕ ਥਾਂ ਵਜੋਂ ਪੇਸ਼ ਕਰਨਾ ਅਤੇ ਪੰਜਾਬ ਵਿੱਚ ਨਵਾਂ ਨਿਵੇਸ ਲਿਆਉਣਾ ਹੈ।

## ਕੇਂਦਰ ਦਾ ਸੰਘੀ ਢਾਂਚਾ ਬਦਲਣ ਦਾ 'ਮਨਸੂਬਾ' ਨਾਕਾਮ,

ਮਹਿਲਾ ਰਾਖਵਾਂਕਰਨ ਐਕਟ ਨੂੰ ਲੋਕ ਸਭਾ ਦੀ ਮੌਜੂਦਾ ਗਿਣਤੀ 'ਤੇ ਹੀ ਤੁਰੰਤ ਲਾਗੂ ਕਰੇ। ਜ਼ਿਕਰਯੋਗ ਹੈ ਕਿ ਸਰਕਾਰ ਨੇ ਇਸ ਬਿੱਲ ਰਾਹੀਂ ਲੋਕ ਸਭਾ ਦੀਆਂ ਸੀਟਾਂ 543 ਤੋਂ ਵਧਾ ਕੇ 816 ਕਰਨ ਦਾ ਪ੍ਰਸਤਾਅ ਰੱਖਿਆ ਸੀ। ਕਾਂਗਰਸੀ ਆਗੂ ਨੇ ਕਿਹਾ ਕਿ ਔਰਤਾਂ ਦੇ ਮੋਢੇ 'ਤੇ ਬੰਦੂਕ ਰੱਖ ਕੇ ਆਪਣੀ ਮਰਜ਼ੀ ਦੀ ਹੱਦਬੰਦੀ ਕਰਨਾ ਦੇਸ਼ ਦੇ ਹਿੱਤ ਵਿੱਚ ਨਹੀਂ ਸੀ। ਸ਼ੁੱਕਰਵਾਰ ਨੂੰ ਹੋਈ ਵੋਟਿੰਗ ਦੌਰਾਨ ਸਰਕਾਰ ਨੂੰ ਵੱਡਾ ਝਟਕਾ ਲੱਗਾ। ਬਿੱਲ ਦੇ ਹੱਕ ਵਿੱਚ 298 ਵੋਟਾਂ ਪਈਆਂ, ਜਦੋਂ ਕਿ 230 ਮੈਂਬਰਾਂ ਨੇ ਇਸ ਦੇ ਵਿਰੁੱਧ ਵੋਟ ਦਿੱਤੀ। ਦੋ-ਤਿਹਾਈ ਬਹੁਮਤ ਲਈ 352 ਵੋਟਾਂ ਦੀ ਲੋੜ ਸੀ, ਜਿਸ ਕਾਰਨ ਬਿੱਲ ਪਾਸ ਨਹੀਂ ਹੋ ਸਕਿਆ। ਵਿਰੋਧੀ ਧਿਰਾਂ ਨੇ ਸਰਕਾਰ ਦੇ ਉਸ ਖ਼ਤਰਨਾਕ ਮਨਸੂਬੇ ਨੂੰ ਪਛਾੜ ਦਿੱਤਾ ਹੈ ਜਿਸ ਰਾਹੀਂ ਹੱਦਬੰਦੀ ਨੂੰ ਮਹਿਲਾ ਕੋਟੇ ਨਾਲ ਜੋੜਿਆ ਜਾ ਰਿਹਾ ਸੀ। ਪ੍ਰਿਅੰਕਾ ਗਾਂਧੀ ਨੇ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਉਸ ਬਿਆਨ ਦੀ ਵੀ ਨਿਖੇਧੀ ਕੀਤੀ ਜਿਸ ਵਿੱਚ ਉਨ੍ਹਾਂ ਕਿਹਾ ਸੀ ਕਿ ਕਾਂਗਰਸ ਆਉਣ ਵਾਲੇ ਕਈ ਸਾਲਾਂ ਤੱਕ ਸੱਤਾ ਵਿੱਚ ਨਹੀਂ ਬੈਠ ਸਕੇਗੀ।

## ਹੱਜ ਲਈ 431 ਸ਼ਰਧਾਲੂਆਂ ਦਾ ਪਹਿਲਾ ਜੱਥਾ

ਗਈਆਂ ਹਨ। ਹੱਜ ਯਾਤਰੀਆਂ ਨੂੰ ਵਿਦਾਈ ਦੇਣ ਲਈ ਉਨ੍ਹਾਂ ਦੇ ਪਰਿਵਾਰ ਦੇ ਕਈ ਮੈਂਬਰ ਹੱਜ ਹਾਊਸ ਦੇ ਬਾਹਰ ਇਕੱਠੇ ਹੋਏ। ਇਸ ਸਾਲ ਜੰਮੂ-ਕਸ਼ਮੀਰ ਤੋਂ ਕੁੱਲ 4,764 ਸ਼ਰਧਾਲੂ ਹੱਜ ਯਾਤਰਾ ਕਰਨਗੇ। ਮੁੱਖ ਮੰਤਰੀ ਦੇ ਦਫ਼ਤਰ ਨੇ ਸੋਸ਼ਲ ਮੀਡੀਆ ਮੰਚ 'ਐਕਸ' 'ਤੇ ਇਕ ਪੋਸਟ 'ਚ ਕਿਹਾ ਕਿ ਮੁੱਖ ਮੰਤਰੀ ਨੇ ਸ਼ੇਖ ਉਲ-ਆਲਮ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਹੱਜ-2026 ਦੇ ਹੱਜ ਯਾਤਰੀਆਂ ਦੇ ਪਹਿਲੇ ਜੱਥੇ ਨੂੰ ਵਿਦਾ ਕੀਤਾ। ਮੁੱਖ ਮੰਤਰੀ ਦਫ਼ਤਰ ਨੇ ਕਿਹਾ,"ਉਨ੍ਹਾਂ ਨੇ ਹੱਜ ਯਾਤਰੀਆਂ ਨੂੰ ਸੁਰੱਖਿਅਤ ਅਤੇ ਅਧਿਆਤਮਿਕ ਰੂਪ ਨਾਲ ਸੰਤੋਸ਼ ਪ੍ਰਦਾਨ ਕਰਨ ਵਾਲੀ ਯਾਤਰਾ ਲਈ ਸ਼ੁੱਭਕਾਮਨਾਵਾਂ ਦਿੱਤੀਆਂ ਅਤੇ ਉਨ੍ਹਾਂ ਨੂੰ ਜੰਮੂ ਕਸ਼ਮੀਰ ਦੀ ਸ਼ਾਂਤੀ, ਤਰੱਕੀ ਲਈ ਪ੍ਰਾਰਥਨਾ ਕਰਨ ਦੀ ਅਪੀਲ ਕੀਤੀ।" ਮੁੱਖ ਮੰਤਰੀ ਦਫ਼ਤਰ ਨੇ ਕਿਹਾ ਕਿ ਮੁੱਖ ਮੰਤਰੀ ਨੇ ਅਧਿਕਾਰੀਆਂ ਨੂੰ ਸਾਰੇ ਹੱਜ ਯਾਤਰੀਆਂ ਲਈ ਸੁਚਾਰੂ ਸਹੂਲਤ ਅਤੇ ਢੁਕਵੇਂ ਪ੍ਰਬੰਧ ਯਕੀਨੀ ਕਰਨ ਦਾ ਨਿਰਦੇਸ਼ ਦਿੱਤਾ ਹੈ, ਜਿਸ 'ਚ ਬਿਨਾਂ ਵਿਰੋਧ ਤਾਲਮੇਲ, ਯਾਤਰੀਆਂ ਦੀ ਸਹੂਲਤ ਅਤੇ ਯਾਤਰਾ ਦੇ ਹਰ ਪੜਾਅ 'ਚ ਸਮੇਂ 'ਤੇ ਮਦਦ 'ਤੇ ਧਿਆਨ ਕੇਂਦਰਿਤ ਕੀਤਾ ਗਿਆ ਹੈ।

## ਪੁਲਿਸ ਦੇ ਚਾਰਜਸ਼ੀਟ ਦਾਖ਼ਲ ਕਰਨ 'ਚ ਅਸਫ਼ਲ

ਵੱਧ ਸਮਾਂ ਪੂਰਾ ਕਰ ਚੁੱਕਾ ਸੀ। ਸੁਣਵਾਈ ਦੌਰਾਨ ਜਾਂਚ ਅਧਿਕਾਰੀ ਨੇ ਅਦਾਲਤ ਨੂੰ ਸੂਚਿਤ ਕੀਤਾ ਕਿ ਚਾਰਜਸ਼ੀਟ ਅਜੇ ਪੇਸ਼ ਨਹੀਂ ਕੀਤੀ ਗਈ ਹੈ। ਸੀ.ਆਰ.ਪੀ.ਸੀ. ਦੀ ਧਾਰਾ 167(2) (ਹੁਣ ਬੀ.ਐਨ.ਐਸ.ਐਸ., 2023 ਦੀ ਧਾਰਾ 187(2)) ਦੇ ਉਪਬੰਧਾਂ ਦਾ ਹਵਾਲਾ ਦਿੰਦੇ ਹੋਏ, ਬਚਾਅ ਪੱਖ ਨੇ ਦਲੀਲ ਦਿੱਤੀ ਕਿ ਦੇਰੀ ਕਾਰਨ ਮੁਲਜ਼ਮ ਡਿਫਾਲਟ ਜ਼ਮਾਨਤ ਦਾ ਹੱਕਦਾਰ ਹੈ। ਅਦਾਲਤ ਨੇ ਇਸ ਦਲੀਲ ਨੂੰ ਸਵੀਕਾਰ ਕਰਦਿਆਂ ਨੋਟ ਕੀਤਾ ਕਿ ਜੇ ਨਿਰਧਾਰਤ ਮਿਆਦ ਦੇ ਅੰਦਰ ਚਾਰਜਸ਼ੀਟ ਦਾਖ਼ਲ ਨਹੀਂ ਕੀਤੀ ਜਾਂਦੀ ਤਾਂ ਡਿਫਾਲਟ ਜ਼ਮਾਨਤ ਦਾ ਅਧਿਕਾਰ ਪੂਰਨ ਹੋ ਜਾਂਦਾ ਹੈ। ਸੂਤਰਾਂ ਨੇ ਸੰਕੇਤ ਦਿੱਤਾ ਕਿ ਚਾਰਜਸ਼ੀਟ ਦਾਖ਼ਲ ਕਰਨ ਵਿੱਚ ਦੇਰੀ ਅੰਸ਼ਕ ਤੌਰ 'ਤੇ ਇਸ ਮਾਮਲੇ ਵਿੱਚ ਵਿਸ਼ੇਸ਼ ਜਾਂਚ ਟੀਮ (ਐਸ.ਆਈ.ਟੀ.) ਵੱਲੋਂ ਕੀਤੀ ਜਾ ਰਹੀ ਜਾਂਚ ਨਾਲ ਜੁੜੀ ਹੋਈ ਸੀ। ਐਡਵੋਕੇਟ ਸਰਬਜੀਤ ਸਿੰਘ ਵੇਰਕਾ ਨੇ ਕਿਹਾ ਕਿ ਜਾਂਚ ਵਿੱਚ ਰੁਕਾਵਟਾਂ ਦਾ ਸਾਹਮਣਾ ਕਰਨਾ ਪਿਆ ਕਿਉਂਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਕਥਿਤ ਤੌਰ 'ਤੇ ਵਾਰ-ਵਾਰ ਯਾਦ ਕਰਵਾਉਣ ਦੇ ਬਾਵਜੂਦ ਐਸ.ਆਈ.ਟੀ. ਨੂੰ ਮੁੱਖ ਰਿਕਾਰਡ ਮੁਹੱਈਆ ਨਹੀਂ ਕਰਵਾਇਆ, ਜਿਸ ਨਾਲ ਜਾਂਚ ਦੀ ਰਫ਼ਤਾਰ ਪ੍ਰਭਾਵਿਤ ਹੋਈ। ਐਸ.ਜੀ.ਪੀ.ਸੀ. ਦੀ ਇਸ ਦੇਰੀ ਨੇ ਮੁਲਜ਼ਮਾਂ ਦੀ ਮਦਦ ਕੀਤੀ। ਵਿਸ਼ੇਸ਼ ਜਾਂਚ ਟੀਮ ਨੇ 4 ਜਨਵਰੀ ਨੂੰ ਐਸ.ਜੀ.ਪੀ.ਸੀ. ਦੇ ਸਾਬਕਾ ਸਹਾਇਕ ਸੁਪਰਵਾਈਜ਼ਰ ਨੂੰ ਗ੍ਰਿਫਤਾਰ ਕੀਤਾ ਸੀ। ਐਸ.ਆਈ.ਟੀ. ਮੈਂਬਰਾਂ ਅਨੁਸਾਰ ਕੰਵਲਜੀਤ ਸਿੰਘ ਨੇ ਕਥਿਤ ਤੌਰ 'ਤੇ ਧਾਰਮਿਕ ਗ੍ਰੰਥਾਂ ਦੀ ਸਾਂਭ-ਸੰਭਾਲ ਅਤੇ ਪ੍ਰਬੰਧਨ ਨਾਲ ਸਬੰਧਤ ਗੰਭੀਰ ਬੇਨਿਯਮੀਆਂ ਵਿੱਚ ਸਿੱਧੀ ਭੂਮਿਕਾ ਨਿਭਾਈ ਸੀ ਅਤੇ ਉਹ ਪਵਿੱਤਰ ਸਰੂਪਾਂ ਨੂੰ ਅਣਅਧਿਕਾਰਤ ਤੌਰ 'ਤੇ ਤਿਆਰ ਕਰਨ ਅਤੇ ਸਟੋਰ ਕਰਨ ਵਿੱਚ ਵੀ ਸ਼ਾਮਲ ਸੀ।

## 'ਆਪ' ਮੰਤਰੀ ਸੰਜੀਵ ਅਰੋੜਾ ਦੇ ਘਰ ਈ.ਡੀ.

ਕਾਰੋਬਾਰੀ ਭਾਈਵਾਲਾਂ ਹੇਮੰਤ ਸੂਦ ਅਤੇ ਚੰਦਰਸ਼ੇਖਰ ਅਗਰਵਾਲ ਦੇ ਰਿਹਾਇਸ਼ੀ ਅਤੇ ਕਾਰੋਬਾਰੀ ਅਦਾਰਿਆਂ ਨੂੰ ਨਿਸ਼ਾਨਾ ਬਣਾਇਆ ਗਿਆ ਹੈ, ਸ਼ੁੱਕਰਵਾਰ ਸਵੇਰੇ 6 ਵਜੇ ਸ਼ੁਰੂ ਹੋਈ ਸੀ ਅਤੇ ਸ਼ਨੀਵਾਰ ਤੱਕ ਜਾਰੀ ਰਹੀ। ਇਹ ਛਾਪੇਮਾਰੀ ਲੁਧਿਆਣਾ, ਜਲੰਧਰ, ਗੁਰੂਗ੍ਰਾਮ ਅਤੇ ਚੰਡੀਗੜ੍ਹ ਵਿੱਚ ਫੈਲੀਆਂ 13 ਥਾਵਾਂ 'ਤੇ ਇਕੋ ਸਮੇਂ ਸ਼ੁਰੂ ਕੀਤੀ ਗਈ ਸੀ। ਕਾਰਵਾਈ ਦੌਰਾਨ ਮੰਤਰੀ ਅਰੋੜਾ ਦੀ ਦਿੱਲੀ ਸਥਿਤ ਸਰਕਾਰੀ ਰਿਹਾਇਸ਼, ਉਨ੍ਹਾਂ ਦੇ ਨਿੱਜੀ ਘਰ, ਉਨ੍ਹਾਂ ਦੇ ਕੰਪਨੀ ਦਫ਼ਤਰਾਂ ਅਤੇ ਇੱਥੋਂ ਤੱਕ ਕਿ ਉਨ੍ਹਾਂ ਦੇ ਕਰੀਬੀ ਸਾਥੀਆਂ ਦੇ ਘਰਾਂ ਦੀ ਵੀ ਬਾਰੀਕੀ ਨਾਲ ਤਲਾਸ਼ੀ ਲਈ ਗਈ। ਕੁਝ ਖਾਸ ਥਾਵਾਂ ਨੂੰ ਛੱਡ ਕੇ ਬਾਕੀ ਜ਼ਿਆਦਾਤਰ ਥਾਵਾਂ 'ਤੇ ਛਾਪੇਮਾਰੀ ਹੁਣ ਖ਼ਤਮ ਹੋ ਚੁੱਕੀ ਹੈ। ਸੂਤਰਾਂ ਅਨੁਸਾਰ ਲੁਧਿਆਣਾ ਵਿੱਚ ਅਰੋੜਾ ਅਤੇ ਹੇਮੰਤ ਸੂਦ ਦੋਵਾਂ ਦੇ ਟਿਕਾਣਿਆਂ 'ਤੇ ਤਲਾਸ਼ੀ ਪੂਰੀ ਕਰਨ ਤੋਂ ਬਾਅਦ ਈ.ਡੀ. ਦੀਆਂ ਟੀਮਾਂ ਨੇ ਆਪਣਾ ਧਿਆਨ ਗੁਰੂਗ੍ਰਾਮ ਸਥਿਤ ਉਨ੍ਹਾਂ ਦੇ ਦਫ਼ਤਰਾਂ ਵੱਲ ਮੋੜ ਲਿਆ ਹੈ। ਅੰਦਾਜ਼ਾ ਲਗਾਇਆ ਜਾ ਰਿਹਾ ਹੈ ਕਿ ਇਹ ਛਾਪੇਮਾਰੀ ਮਨੀ ਲਾਂਡਰਿੰਗ ਮਾਮਲੇ ਦੀ ਜਾਂਚ ਨਾਲ ਸਬੰਧਤ ਹੋ ਸਕਦੀ ਹੈ। ਕੇਂਦਰੀ ਸੁਰੱਖਿਆ ਬਲਾਂ ਦੀਆਂ ਟੀਮਾਂ ਜੋ ਲੁਧਿਆਣਾ ਦੇ ਗੁਰਦੇਵ ਨਗਰ ਵਿੱਚ ਅਰੋੜਾ ਦੀ ਰਿਹਾਇਸ਼ 'ਤੇ ਤਾਇਨਾਤ ਸਨ, ਹੁਣ ਉਥੋਂ ਹਟ ਗਈਆਂ ਹਨ। ਮੰਤਰੀ ਖੁਦ 'ਇਨਵੈਸਟ ਸਮਿਟ' ਦੇ ਸਿਲਸਿਲੇ 'ਚ ਯੂਰਪ ਦੌਰੇ 'ਤੇ ਹਨ।

## ਟਰੰਪ ਨੇ ਸੰਧੂ ਨੂੰ ਦਿੱਲੀ ਦੇ ਉਪ ਰਾਜਪਾਲ

ਸਬੰਧਾਂ ਨੂੰ ਅੱਗੇ ਵਧਾਉਣ ਵਿੱਚ ਉਨ੍ਹਾਂ ਦੀ ਸਫਲਤਾ ਦੀ ਕਾਮਨਾ ਕਰਦਾ ਹਾਂ!' ਇਸ ਦੌਰਾਨ ਦਿੱਲੀ ਦੇ ਐੱਲ ਜੀ ਸੰਧੂ ਨੇ ਅਮਰੀਕੀ ਆਜ਼ਾਦੀ ਦੇ 250 ਸਾਲ ਪੂਰੇ ਹੋਣ ਦੇ ਜਸ਼ਨਾਂ 'ਫ੍ਰੀਡਮ250' ਵਿੱਚ ਭਾਰਤ-ਅਮਰੀਕਾ ਸਹਿਯੋਗ ਨੂੰ ਮਜ਼ਬੂਤ ਕਰਨ ਦੀ ਮਹੱਤਤਾ 'ਤੇ ਜ਼ੋਰ ਦਿੱਤਾ, ਜੋ ਬੁੱਧਵਾਰ ਨੂੰ ਰਾਸ਼ਟਰੀ ਰਾਜਧਾਨੀ ਵਿੱਚ ਸ਼ੁਰੂ ਕੀਤੇ ਗਏ ਸਨ। ਲਾਂਚ ਈਵੈਂਟ ਵਿੱਚ ਸ਼ਾਮਲ ਹੋਏ ਸੰਧੂ ਨੇ ਕਿਹਾ ਕਿ ਇਸ ਰੁਝੇਵੇਂ ਨੇ ਦੋਵਾਂ ਦੇਸ਼ਾਂ ਵਿਚਕਾਰ ਸਹਿਯੋਗ, ਖਾਸ ਕਰਕੇ ਨਿਵੇਸ਼ ਅਤੇ ਤਕਨਾਲੋਜੀ ਵਿੱਚ ਡੂੰਘਾ ਕਰਨ ਦਾ ਮੌਕਾ ਦਿੱਤਾ ਹੈ।

ਸੰਧੂ ਨੇ ਐਕਸ 'ਤੇ ਇੱਕ ਪੋਸਟ ਵਿੱਚ ਕਿਹਾ, 'ਨਵੀਂ ਦਿੱਲੀ ਵਿੱਚ ਫ੍ਰੀਡਮ250 ਜਸ਼ਨਾਂ ਦੀ ਸ਼ੁਰੂਆਤ ਮੌਕੇ ਭਾਰਤ ਵਿੱਚ ਅਮਰੀਕੀ ਰਾਜਦੂਤ ਸਰਜੀਓ ਗੋਰ ਨੂੰ ਮਿਲ ਕੇ ਖੁਸ਼ੀ ਹੋਈ। ਸਾਡੇ ਵਿਚਕਾਰ ਦਿੱਲੀ ਵਿੱਚ ਅਮਰੀਕੀ ਨਿਵੇਸ਼ ਨੂੰ ਵਧਾਉਣ ਅਤੇ ਭਾਰਤ-ਅਮਰੀਕਾ ਤਕਨਾਲੋਜੀ ਸਹਿਯੋਗ ਦੇ ਵਿਸਤਾਰ ਬਾਰੇ ਸਾਰਥਕ ਗੱਲਬਾਤ ਹੋਈ। ਭਾਰਤ ਅਤੇ ਸੰਯੁਕਤ ਰਾਜ ਅਮਰੀਕਾ ਵਿਚਕਾਰ ਸਥਾਈ ਭਾਈਵਾਲੀ ਵਿਸ਼ਵਵਿਆਪੀ ਤਰੱਕੀ ਦਾ ਇੱਕ ਮੁੱਖ ਅਧਾਰ ਬਣੀ ਹੋਈ ਹੈ। ਮੈਂ ਹੋਰ ਡੂੰਘੇ ਸਹਿਯੋਗ ਦੀ ਉਮੀਦ ਕਰਦਾ ਹਾਂ ਜੋ ਸਾਡੀ ਰਾਸ਼ਟਰੀ ਰਾਜਧਾਨੀ ਦੇ ਨਿਵਾਸੀਆਂ ਲਈ ਠੋਸ ਲਾਭ ਲੈ ਕੇ ਆਵੇਗਾ।'

ਤਰਨਜੀਤ ਪ੍ਰਮੁੱਖ ਸਿੱਖ ਆਗੂ ਤੇਜਾ ਸਿੰਘ ਸਮੁੰਦਰੀ ਦੇ ਪੋਤੇ ਹਨ। 11 ਮਾਰਚ ਨੂੰ ਸੰਧੂ ਨੇ ਦਿੱਲੀ ਹਾਈ ਕੋਰਟ ਦੇ ਮੁੱਖ ਜੱਜ ਦੇਵੇਂਦਰ ਕੁਮਾਰ ਉਪਾਧਿਆਏ ਦੀ ਹਾਜ਼ਰੀ ਵਿੱਚ ਅਹੁਦੇ ਦੀ ਸਹੁੰ ਚੁੱਕੀ ਸੀ। ਸਹੁੰ ਚੁੱਕ ਸਮਾਗਮ ਵਿੱਚ ਦਿੱਲੀ ਦੀ ਮੁੱਖ ਮੰਤਰੀ ਰੇਖਾ ਗੁਪਤਾ ਵੀ ਮੌਜੂਦ ਸਨ। ਤਰਨਜੀਤ ਸੰਧੂ ਦੇਸ਼ ਭਰ ਵਿੱਚ ਰਾਜਪਾਲਾਂ ਅਤੇ ਉਪ ਰਾਜਪਾਲਾਂ ਦੇ ਵੱਡੇ ਪ੍ਰਸ਼ਾਸਨਿਕ ਫੇਰਬਦਲ ਦਾ ਹਿੱਸਾ ਹਨ। ਇਸ ਫੇਰਬਦਲ ਵਿੱਚ, ਤਰਨਜੀਤ ਸਿੰਘ ਸੰਧੂ ਨੇ ਵੀ ਕੇ ਸਕਸੈਨਾ ਦੀ ਜਗ੍ਹਾ ਲਈ ਹੈ, ਜਿਨ੍ਹਾਂ ਨੂੰ ਹੁਣ ਲੱਦਾਖ ਦਾ ਐੱਲ ਜੀ ਨਿਯੁਕਤ ਕੀਤਾ ਗਿਆ ਹੈ। ਉਹ 2024 ਦੀਆਂ ਲੋਕ ਸਭਾ ਚੋਣਾਂ ਵਿੱਚ ਭਾਜਪਾ ਦੇ ਉਮੀਦਵਾਰ ਵੀ ਸਨ।

## ਪੰਜਾਬ 'ਚ ਗਰਮੀ ਨੇ ਕੀਤਾ ਬੁਰਾ ਹਾਲ, 38 ਡਿਗਰੀ ਤੱਕ

ਗੁਰਦਾਸਪੁਰ, ਅੰਮ੍ਰਿਤਸਰ, ਤਰਨਤਾਰਨ, ਕਪੂਰਥਲਾ, ਫਿਰੋਜ਼ਪੁਰ, ਫਾਜ਼ਿਲਕਾ, ਫ਼ਰੀਦਕੋਟ, ਮੁਕਤਸਰ ਸਾਹਿਬ ਅਤੇ ਬਠਿੰਡਾ ਵਿੱਚ ਦਰਮਿਆਨਾ ਮੀਂਹ ਪੈਣ ਦੀ ਸੰਭਾਵਨਾ ਹੈ। ਮੌਸਮ ਵਿਭਾਗ ਅਨੁਸਾਰ, ਸੂਬੇ ਦੇ 13 ਜ਼ਿਲ੍ਹਿਆਂ ਵਿੱਚ ਤਾਪਮਾਨ 33 ਡਿਗਰੀ ਤੋਂ 38 ਡਿਗਰੀ ਦੇ ਵਿਚਕਾਰ ਰਿਹਾ। ਸਾਰੇ ਜ਼ਿਲ੍ਹਿਆਂ ਵਿੱਚ ਤਾਪਮਾਨ ਡਿੱਗ ਗਿਆ। ਅੰਮ੍ਰਿਤਸਰ ਵਿੱਚ ਸਭ ਤੋਂ ਵੱਧ 3.2 ਡਿਗਰੀ ਦੀ ਗਿਰਾਵਟ 34.8 ਡਿਗਰੀ ਦਰਜ ਕੀਤਾ ਗਿਆ। ਲੁਧਿਆਣਾ ਵਿੱਚ ਤਾਪਮਾਨ 36.6 ਡਿਗਰੀ ਦਰਜ ਕੀਤਾ ਗਿਆ। ਪਟਿਆਲਾ ਵਿੱਚ 37.3 ਡਿਗਰੀ ਦਰਜ ਕੀਤਾ ਗਿਆ।

## ਕੇਂਦਰੀ ਮੁਲਾਜ਼ਮਾਂ ਦੇ ਡੀ.ਏ. 'ਚ 2 ਫ਼ੀਸਦੀ ਦਾ ਵਾਧਾ

ਕਰਮਚਾਰੀਆਂ ਅਤੇ 68.3 ਲੱਖ ਪੈਨਸ਼ਨਰਾਂ ਨੂੰ ਲਾਭ ਹੋਵੇਗਾ। ਕੇਂਦਰ ਸਰਕਾਰ ਸਾਲ ਵਿੱਚ ਦੋ ਵਾਰ ਮਹਿੰਗਾਈ ਭੱਤਾ (ਡੀ.ਏ.) ਅਤੇ ਮਹਿੰਗਾਈ ਰਾਹਤ (ਡੀ.ਆਰ.) ਵਿੱਚ ਸੋਧ ਕਰਦੀ ਹੈ, ਜਿਹੜੀ ਕਿ ਜਨਵਰੀ ਅਤੇ ਜੁਲਾਈ ਵਿਚ ਕੀਤੀ ਜਾਂਦੀ ਹੈ। ਇਸ ਫੈਸਲੇ ਨਾਲ ਕਰਮਚਾਰੀਆਂ ਦੀਆਂ ਮਾਸਿਕ ਤਨਖਾਹਾਂ ਅਤੇ ਪੈਨਸ਼ਨਰਾਂ ਦੀਆਂ ਪੈਨਸ਼ਨਾਂ ਵਿੱਚ ਵਾਧਾ ਹੁੰਦਾ ਹੈ।

## ਸੰਸਦ ਦੀ ਕਾਰਵਾਈ ਅਣਮਿੱਥੇ ਸਮੇਂ

ਅਣਮਿੱਥੇ ਸਮੇਂ ਲਈ ਮੁਲਤਵੀ ਕਰ ਦਿੱਤੀ ਗਈ। ਰਾਜ ਸਭਾ ਦੇ ਚੇਅਰਮੈਨ ਸੀ.ਪੀ.ਰਾਧਾਕ੍ਰਿਸ਼ਨਨ ਨੇ ਉੱਚ ਸਦਨ ਦੇ 270ਵੇਂ ਸੈਸ਼ਨ ਨੂੰ ਅਣਮਿੱਥੇ ਸਮੇਂ ਲਈ ਮੁਲਤਵੀ ਕਰਨ ਤੋਂ ਪਹਿਲਾਂ ਆਪਣੇ ਰਵਾਇਤੀ ਸੰਬੋਧਨ ਵਿੱਚ ਕਿਹਾ ਕਿ ਸੰਸਦ ਦੇ ਤਿੰਨੋਂ ਸੈਸ਼ਨਾਂ ਵਿੱਚ ਬਜਟ ਸੈਸ਼ਨ ਦਾ ਵਿਸ਼ੇਸ਼ ਮਹੱਤਵ ਹੁੰਦਾ ਹੈ, ਕਿਉਂਕਿ ਇਹ ਨਾ ਸਿਰਫ਼ ਸਭ ਤੋਂ ਲੰਬਾ ਸੈਸ਼ਨ ਹੁੰਦਾ ਹੈ, ਸਗੋਂ ਦੇਸ਼ ਦੇ ਵਿਕਾਸ ਦੀ ਦਿਸ਼ਾ ਤੈਅ ਕਰਨ ਵਿੱਚ ਵੀ ਸਭ ਤੋਂ ਮਹੱਤਵਪੂਰਨ ਭੂਮਿਕਾ ਨਿਭਾਉਂਦਾ ਹੈ। ਚੇਅਰਮੈਨ ਨੇ ਦੱਸਿਆ ਕਿ ਸੈਸ਼ਨ ਦੀ ਸ਼ੁਰੂਆਤ ਰਾਸ਼ਟਰਪਤੀ ਦੇ ਭਾਸ਼ਣ 'ਤੇ ਧੰਨਵਾਦ ਮਤੇ 'ਤੇ ਚਰਚਾ ਨਾਲ ਹੋਈ, ਜੋ ਚਾਰ ਦਿਨ ਚੱਲੀ ਅਤੇ ਇਸ ਵਿੱਚ 79 ਮੈਂਬਰਾਂ ਨੇ ਭਾਗ ਲਿਆ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਚਰਚਾ ਦਾ ਜਵਾਬ ਦਿੱਤਾ। ਉਨ੍ਹਾਂ ਕਿਹਾ ਕਿ ਕੇਂਦਰੀ ਬਜਟ 2026-27 'ਤੇ ਵੀ ਚਾਰ ਦਿਨ ਵਿਸਤ੍ਰਿਤ ਚਰਚਾ ਹੋਈ, ਜਿਸ ਵਿੱਚ 97 ਮੈਂਬਰਾਂ ਨੇ ਹਿੱਸਾ ਲਿਆ। ਇਸ ਤੋਂ ਇਲਾਵਾ ਸਦਨ ਵਿੱਚ ਸਰਕਾਰ ਦੇ ਦੋ ਪ੍ਰਮੁੱਖ ਮੰਤਰਾਲਿਆਂ ਦੇ ਕੰਮਕਾਜ ਬਾਰੇ ਵੀ ਚਰਚਾ ਹੋਈ। ਚੇਅਰਮੈਨ ਅਨੁਸਾਰ, ਬਜਟ ਸੈਸ਼ਨ ਦੌਰਾਨ ਸਦਨ ਵਿੱਚ ਕੁੱਲ 157 ਘੰਟੇ 40 ਮਿੰਟ ਕੰਮ ਹੋਇਆ। ਉਨ੍ਹਾਂ ਦੱਸਿਆ ਕਿ ਇਸ ਦੌਰਾਨ 117 ਪ੍ਰਸ਼ਨ ਪੁੱਛੇ ਗਏ, ਸਿਫ਼ਰ ਕਾਲ ਦੌਰਾਨ 446 ਸਵਾਲ ਚੁੱਕੇ ਗਏ ਅਤੇ 207 ਵਿਸ਼ੇਸ਼ ਸਵਾਲ ਲਏ ਗਏ। ਸੈਸ਼ਨ ਦੌਰਾਨ ਸਦਨ ਵਿੱਚ ਟਰਾਂਸਜੈਂਡਰ ਵਿਅਕਤੀ (ਅਧਿਕਾਰਾਂ ਦੀ ਸੁਰੱਖਿਆ) ਸੋਧ ਬਿੱਲ, 2026, ਹਥਿਆਰਬੰਦ ਪੁਲਿਸ ਬਲ (ਆਮ ਪ੍ਰਸ਼ਾਸਨ) ਬਿੱਲ, 2026, ਦੀਵਾਲੀਆਪਨ ਅਤੇ ਸ਼ੋਧਨ ਅਕਸ਼ਮਤਾ ਕੋਡ (ਸੋਧ) ਬਿੱਲ, 2025, ਆਂਧਰਾ ਪ੍ਰਦੇਸ਼ ਪੁਨਰਗਠਨ (ਸੋਧ) ਬਿੱਲ, 2026, ਜਨ ਵਿਸ਼ਵਾਸ (ਉਪਬੰਧਾਂ ਦੀ ਸੋਧ) ਬਿੱਲ 2026 ਅਤੇ ਉਦਯੋਗਿਕ ਸਬੰਧ ਕੋਡ (ਸੋਧ) ਬਿੱਲ, 2026 'ਤੇ ਚਰਚਾ ਕੀਤੀ ਗਈ ਅਤੇ ਇਨ੍ਹਾਂ ਨੂੰ ਪਾਸ ਕੀਤਾ ਗਿਆ। ਰਾਧਾਕ੍ਰਿਸ਼ਨਨ ਨੇ ਦੱਸਿਆ ਕਿ ਸੈਸ਼ਨ ਦੌਰਾਨ 50 ਨਿੱਜੀ ਬਿੱਲ ਪੇਸ਼ ਕੀਤੇ ਗਏ, ਨਾਲ ਹੀ 94 ਮੌਕਿਆਂ 'ਤੇ ਮੈਂਬਰਾਂ ਨੇ ਸੰਵਿਧਾਨ ਦੀ ਅੱਠਵੀਂ ਅਨੁਸੂਚੀ ਵਿੱਚ ਸ਼ਾਮਲ 12 ਖੇਤਰੀ ਭਾਸ਼ਾਵਾਂ ਵਿੱਚ ਆਪਣੇ ਵਿਚਾਰ ਰੱਖੇ।

# ਭਾਰਤੀ ਹਵਾਈ ਫ਼ੌਜ ਦੇ ਜੈੱਟ ਦੇ ਲੈਂਡਿੰਗ ਹਾਦਸੇ ਕਾਰਨ ਵਪਾਰਕ ਆਵਾਜਾਈ ਪ੍ਰਭਾਵਿਤ



ਨਵੀਂ ਦਿੱਲੀ, 18 ਅਪ੍ਰੈਲ (ਚ.ਨ.ਸ.): ਸ਼ੁੱਕਰਵਾਰ ਰਾਤ ਨੂੰ ਪੁਣੇ ਸਥਿਤ ਭਾਰਤੀ ਹਵਾਈ ਫੌਜ (ਆਈਏਐਫ) ਦੇ ਬੇਸ 'ਤੇ ਲੈਂਡਿੰਗ ਦੌਰਾਨ ਭਾਰਤੀ ਹਵਾਈ ਫੌਜ ਦੇ ਇੱਕ ਸੁਖੋਈ 30ਐਮ.ਕੇ.ਆਈ. ਲੜਾਕੂ ਜਹਾਜ਼ ਨਾਲ ਹਾਦਸਾ ਵਾਪਰ ਗਿਆ। ਜਹਾਜ਼ ਦੇ ਦੋਵੇਂ ਪਾਇਲਟ ਸੁਰੱਖਿਅਤ ਹਨ। ਜਹਾਜ਼ ਦੇ ਅੰਡਰ-ਕੈਰੇਜ, ਜਿੱਥੇ ਵਿੱਚ ਪਹੀਏ ਅਤੇ ਲੈਂਡਿੰਗ ਗੀਅਰ ਹੁੰਦੇ ਹਨ, ਵਿੱਚ ਕੁਝ ਸਮੱਸਿਆ ਆ ਗਈ ਸੀ। ਸੂਤਰਾਂ ਨੇ ਦੱਸਿਆ ਕਿ ਹਾਦਸੇ ਦੇ ਕਾਰਨਾਂ ਦਾ ਪਤਾ ਲਗਾਇਆ ਜਾ ਰਿਹਾ ਹੈ।

ਪੁਣੇ ਸਥਿਤ ਹਵਾਈ ਫੌਜ ਦਾ ਬੇਸ, ਜੋ ਕਿ ਨਾਗਰਿਕ ਉਡਾਣਾਂ ਲਈ ਵੀ ਵਰਤਿਆ ਜਾਂਦਾ ਹੈ, ਦੇ ਰਨਵੇਅ ਦੇ ਬੰਦ ਹੋਣ ਕਾਰਨ ਵਪਾਰਕ ਹਵਾਬਾਜ਼ੀ ਦੇ ਸ਼ਡਿਊਲ ਪ੍ਰਭਾਵਿਤ ਹੋਏ। ਹਵਾਈ ਫੌਜ ਦੇ ਕਰਮਚਾਰੀਆਂ ਨੇ ਸ਼ਨਿਚਰਵਾਰ ਸਵੇਰੇ 8 ਵਜੇ ਰਨਵੇਅ ਨੂੰ ਖੋਲ੍ਹਣ ਲਈ ਰਾਤ ਭਰ ਕੰਮ ਕੀਤਾ। ਹਵਾਈ ਫੌਜ ਦੇ ਅਧਿਕਾਰੀਆਂ ਨੇ ਦੱਸਿਆ ਕਿ ਪੁਣੇ ਹਵਾਈ ਅੱਡੇ ਦਾ ਰਨਵੇਅ, ਜੋ ਕਿ ਭਾਰਤੀ ਹਵਾਈ ਫੌਜ ਦੇ ਜਹਾਜ਼ ਨਾਲ ਵਾਪਰੀ ਇਕ ਘਟਨਾ ਕਾਰਨ ਅਸਥਾਈ ਤੌਰ 'ਤੇ ਉਪਲਬਧ ਨਹੀਂ ਸੀ, ਨੂੰ ਹੁਣ ਬਹਾਲ ਕਰ ਦਿੱਤਾ ਗਿਆ ਹੈ ਅਤੇ ਚਾਲੂ ਘੋਸ਼ਿਤ ਕਰ ਦਿੱਤਾ ਗਿਆ ਹੈ।ਸਾਰੇ ਲੋੜੀਂਦੇ ਸੁਰੱਖਿਆ ਨਿਰੀਖਣ ਅਤੇ ਮਨਜ਼ੂਰੀਆਂ ਪੂਰੀਆਂ ਕਰ ਲਈਆਂ ਗਈਆਂ ਹਨ। ਸੰਚਾਲਨ ਪੜਾਅਵਾਰ ਤਰੀਕੇ ਨਾਲ ਮੁੜ ਸ਼ੁਰੂ ਹੋ ਰਿਹਾ ਹੈ। ਏਅਰ ਫੋਰਸ ਸਟੇਸ਼ਨ ਪੁਣੇ ਦੇ ਕਰਮਚਾਰੀਆਂ ਨੇ ਰਨਵੇਅ ਨੂੰ ਚਾਲੂ ਕਰਨ ਲਈ ਰਾਤ ਭਰ ਮਿਹਨਤ ਕੀਤੀ, ਤਾਂ ਜੋ ਜਲਦੀ ਤੋਂ ਜਲਦੀ ਸੁਰੱਖਿਅਤ ਉਡਾਣਾਂ ਮੁੜ ਸ਼ੁਰੂ ਹੋ ਸਕਣ।

# ਬਿਹਾਰ ਦੇ ਉੱਪ ਮੁੱਖ ਮੰਤਰੀਆਂ ਨੂੰ ਮਿਲੇਗੀ ਜ਼ੈੱਡ ਸ਼੍ਰੇਣੀ ਦੀ ਸੁਰੱਖਿਆ

ਪਟਨਾ, 18 ਅਪ੍ਰੈਲ (ਚ.ਨ.ਸ.): ਬਿਹਾਰ ਸਰਕਾਰ ਨੇ ਉੱਪ ਮੁੱਖ ਮੰਤਰੀਆਂ ਵਿਜੇ ਕੁਮਾਰ ਚੌਧਰੀ ਅਤੇ ਬਿਜੇਂਦਰ ਪ੍ਰਸਾਦ ਯਾਦਵ ਦੀ ਸੁਰੱਖਿਆ ਵਿਵਸਥਾ ਵਧਾ ਦਿੱਤੀ ਹੈ। ਅਧਿਕਾਰੀਆਂ ਨੇ ਸ਼ਨੀਵਾਰ ਨੂੰ ਇਹ ਜਾਣਕਾਰੀ ਦਿੱਤੀ। ਰਾਜ ਦੇ ਗ੍ਰਹਿ ਵਿਭਾਗ ਵਲੋਂ ਜਾਰੀ ਨੋਟੀਫਿਕੇਸ਼ਨ ਅਨੁਸਾਰ, ਦੋਵੇਂ ਉੱਪ ਮੁੱਖ ਮੰਤਰੀਆਂ ਨੂੰ ਹੁਣ 'ਜ਼ੈੱਡ' ਸ਼੍ਰੇਣੀ ਦੀ ਸੁਰੱਖਿਆ ਪ੍ਰਦਾਨ ਕੀਤੀ ਜਾਵੇਗੀ। ਇਕ ਅਧਿਕਾਰੀ ਨੇ ਦੱਸਿਆ ਕਿ ਵਿਭਾਗ ਵਲੋਂ ਚੌਧਰੀ ਅਤੇ ਯਾਦਵ ਦੀ ਸੁਰੱਖਿਆ ਵਿਵਸਥਾ ਦੀ ਸਮੀਖਿਆ ਕੀਤੇ ਜਾਣ ਤੋਂ ਬਾਅਦ ਇਹ ਫ਼ੈਸਲਾ ਲਿਆ ਗਿਆ।

'ਜ਼ੈੱਡ' ਸ਼੍ਰੇਣੀ ਦੀ ਸੁਰੱਖਿਆ 'ਚ ਸਿਖਲਾਈ ਪ੍ਰਾਪਤ ਕਰਮਚਾਰੀਆਂ ਦੀ ਇਕ ਸਮਰਪਿਤ ਟੀਮ ਸ਼ਾਮਲ ਹੁੰਦੀ ਹੈ, ਜੋ ਉੱਨਤ ਹਥਿਆਰਾਂ ਨਾਲ ਲੈੱਸ ਹੁੰਦੀ ਹੈ। ਬਿਹਾਰ ਦੇ ਸਾਬਕਾ ਮੁੱਖ ਮੰਤਰੀ ਨਿਤੀਸ਼ ਕੁਮਾਰ ਹੁਣ ਰਾਜ ਸਭਾ ਦੇ ਮੈਂਬਰ ਹਨ। ਉਨ੍ਹਾਂ ਨੂੰ ਹਾਲ 'ਚ ਸੂਬਾ ਸਰਕਾਰ ਵਲੋਂ 'ਜ਼ੈੱਡ ਪਲੱਸ' ਸ਼੍ਰੇਣੀ ਦੀ ਸੁਰੱਖਿਆ ਪ੍ਰਦਾਨ ਕੀਤੀ ਗਈ ਹੈ।

# ਸਾਬਕਾ ਮੰਤਰੀ ਦੇ ਬੇਟੇ 'ਤੇ ਲੱਗਾ ਛੇੜਛਾੜ ਦਾ ਦੋਸ਼, ਪੁਲਿਸ ਨੇ ਕੀਤਾ ਗ੍ਰਿਫ਼ਤਾਰ

ਮੁਜ਼ੱਫਰਨਗਰ, 18 ਅਪ੍ਰੈਲ (ਚ.ਨ.ਸ.): ਉੱਤਰ ਪ੍ਰਦੇਸ਼ ਦੇ ਮੁਜ਼ੱਫਰਨਗਰ ਜ਼ਿਲ੍ਹੇ ਦੇ ਨਵੀਂ ਮੰਡੀ ਥਾਣੇ ਦੀ ਪੁਲਿਸ ਨੇ ਇਕ ਕੁੜੀ ਨਾਲ ਛੇੜਛਾੜ ਕਰਨ ਅਤੇ ਅਪਸ਼ਬਦ ਕਹਿਣ ਦੇ ਦੋਸ਼ 'ਚ ਸਾਬਕਾ ਮੰਤਰੀ ਦੇ ਬੇਟੇ ਸਮੇਤ 2 ਦੋਸ਼ੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ। ਪੁਲਿਸ ਨੇ ਸ਼ਨੀਵਾਰ ਨੂੰ ਇਹ ਜਾਣਕਾਰੀ ਦਿੱਤੀ। ਪੁਲਿਸ ਅਨੁਸਾਰ ਗ੍ਰਿਫ਼ਤਾਰ ਦੋਸ਼ੀਆਂ ਦੀ ਪਛਾਣ ਉੱਤਰ ਪ੍ਰਦੇਸ਼ ਦੇ ਸਾਬਕਾ ਮੰਤਰੀ ਸੁਧੀਰ ਕੁਮਾਰ ਬਾਲਿਆਨ ਦੇ ਬੇਟੇ ਆਰਿਆਮਨ ਰਘੁਵੰਸ਼ੀ (28) ਅਤੇ ਇਕ ਹੋਰ ਨੌਜਵਾਨ ਸ਼ੌਰਿਆ ਗੁਪਤਾ (18) ਵਜੋਂ ਹੋਈ। ਪੁਲਿਸ ਸੁਪਰਡੈਂਟ ਅੰਮ੍ਰਿਤ ਜੈਨ ਨੇ ਸ਼ਨੀਵਾਰ ਨੂੰ ਦੱਸਿਆ ਕਿ ਦੋਵੇਂ ਦੋਸ਼ੀਆਂ ਖ਼ਿਲਾਫ਼ ਭਾਰਤੀ ਨਿਆਂ ਸੰਹਿਤਾ (ਬੀਐੱਨਐੱਸ) ਦੀਆਂ ਸਬੰਧਤ ਧਾਰਾਵਾਂ ਦੇ ਅਧੀਨ ਮਾਮਲਾ ਦਰਜ ਕੀਤਾ ਗਿਆ ਹੈ।

ਜੈਨ ਨੇ ਦੱਸਿਆ ਕਿ ਸੀਸੀਟੀਵੀ ਫੁਟੇਜ ਦੇ ਆਧਾਰ 'ਤੇ ਦੋਸ਼ੀਆਂ ਦੀ ਪਛਾਣ ਕੀਤੀ ਗਈ। ਉਨ੍ਹਾਂ ਕਿਹਾ ਕ ਪੀੜਤਾ ਦੇ ਭਰਾ ਦੀ ਸ਼ਿਕਾਇਤ ਅਨੁਸਾਰ, ਦੋਵਾਂ ਦੋਸ਼ੀਆਂ ਨੇ ਸ਼ਰਾਬ ਦੇ ਨਸ਼ੇ 'ਚ ਸਕੂਟੀ 'ਤੇ ਸਵਾਰ ਹੋ ਕੇ ਨਵੀਂ ਮੰਡੀ ਖੇਤਰ 'ਚ ਉਸ ਦੀ ਭੈਣ ਨਾਲ ਛੇੜਛਾੜ ਕੀਤੀ। ਪੁਲਿਸ ਮਾਮਲੇ ਦੀ ਜਾਂਚ ਕਰ ਰਹੀ ਹੈ। ਦੱਸਣਯੋਗ ਹੈ ਕਿ ਸੁਧੀਰ ਕੁਮਾਰ ਬਾਲਿਆਨ ਸਾਲ 1991 'ਚ ਭਾਜਪਾ ਦੇ ਟਿਕਟ 'ਤੇ ਜ਼ਿਲ੍ਹੇ ਦੀ ਖਤੌਲੀ ਵਿਧਾਨ ਸਭਾ ਸੀਟ ਤੋਂ ਚੋਣ ਜਿੱਤੀ ਸੀ ਅਤੇ ਉਨ੍ਹਾਂ ਨੂੰ ਕਲਿਆਣ ਸਿੰਘ ਦੀ ਅਗਵਾਈ ਵਾਲੀ ਸਰਕਾਰ 'ਚ ਸਹਿਕਾਰਿਤਾ ਮੰਤਰੀ ਬਣਾਇਆ ਗਿਆ ਸੀ।

# ਰਸੋਈ ਗੈਸ ਦਾ ਸੰਕਟ ਹੋਵੇਗਾ ਖ਼ਤਮ, ਕੇਂਦਰ ਵੱਲੋਂ 12,500 ਕਰੋੜ ਦੇ ਪ੍ਰੋਜੈਕਟ ਨੂੰ ਮਿਲੀ ਮਨਜ਼ੂਰੀ

ਨਵੀਂ ਦਿੱਲੀ, 18 ਅਪ੍ਰੈਲ (ਚ.ਨ.ਸ.): ਮੱਧ ਪੂਰਬ ਵਿੱਚ ਵਧਦੇ ਤਣਾਅ ਅਤੇ ਵਿਸ਼ਵ ਪੱਧਰ 'ਤੇ ਰਸੋਈ ਗੈਸ ਤੇ ਪੈਟਰੋਲ ਦੀਆਂ ਵਧਦੀਆਂ ਕੀਮਤਾਂ ਦੇ ਵਿਚਕਾਰ ਭਾਰਤ ਸਰਕਾਰ ਨੇ ਦੇਸ਼ ਵਾਸੀਆਂ ਨੂੰ ਵੱਡੀ ਰਾਹਤ ਦੇਣ ਦੀ ਤਿਆਰੀ ਕਰ ਲਈ ਹੈ। ਸਰਕਾਰ ਨੇ ਰਸੋਈ ਗੈਸ (ਐਲ.ਪੀ.ਜੀ.) ਦੀ ਸਪਲਾਈ ਨੂੰ ਸੁਰੱਖਿਅਤ, ਸਸਤਾ ਅਤੇ ਸੁਚਾਰੂ ਬਣਾਉਣ ਲਈ ਇੱਕ ਮੈਗਾ ਪ੍ਰੋਜੈਕਟ ਨੂੰ ਮਨਜ਼ੂਰੀ ਦਿੱਤੀ ਹੈ। ਇਸ ਤਹਿਤ ਪੈਟਰੋਲੀਅਮ ਬੋਰਡ ਨੇ ਦੇਸ਼ ਵਿੱਚ 2,500 ਕਿਲੋਮੀਟਰ ਲੰਬੀ 4 ਨਵੀਂ ਐਲ.ਪੀ.ਜੀ. ਪਾਈਪਲਾਈਨਾਂ ਵਿਛਾਉਣ ਲਈ ਟੈਂਡਰ ਪ੍ਰਕਿਰਿਆ ਸ਼ੁਰੂ ਕਰ ਦਿੱਤੀ ਹੈ। ਇਸ ਪੂਰੇ ਪ੍ਰੋਜੈਕਟ 'ਤੇ ਸਰਕਾਰ ਕਰੀਬ 12,500 ਕਰੋੜ ਰੁਪਏ ਖਰਚ ਕਰਨ ਜਾ ਰਹੀ ਹੈ। ਮੌਜੂਦਾ ਸਮੇਂ ਵਿੱਚ ਗੈਸ ਨੂੰ ਰਿਫਾਇਨਰੀ ਤੋਂ ਪਲਾਂਟ ਤੱਕ ਪਹੁੰਚਾਉਣ ਲਈ ਵੱਡੇ ਟੈਂਕਰਾਂ ਅਤੇ ਟਰੱਕਾਂ ਦੀ ਵਰਤੋਂ ਕੀਤੀ ਜਾਂਦੀ ਹੈ। ਪਾਈਪਲਾਈਨ ਵਿਛਣ ਨਾਲ ਨਾ ਸਿਰਫ਼ ਸੜਕ ਹਾਦਸਿਆਂ ਦਾ ਡਰ ਖ਼ਤਮ ਹੋਵੇਗਾ, ਸਗੋਂ ਗੈਸ ਦੀ ਢੋਆ-ਢੁਆਈ ਦਾ ਖ਼ਰਚਾ ਵੀ ਕਾਫ਼ੀ ਘਟ ਜਾਵੇਗਾ।

ਇਸ ਤੋਂ ਇਲਾਵਾ, ਟਰੱਕਾਂ ਦੇ ਧੂੰਏਂ ਵਿੱਚ ਕਮੀ ਆਉਣ ਨਾਲ ਵਾਤਾਵਰਣ ਨੂੰ ਵੀ ਫਾਇਦਾ ਮਿਲੇਗਾ।

**ਚੜ੍ਹਦੀਕਲਾ**
ਪਰਮਜੀਤ ਸਿੰਘ, ਪ੍ਰਿੰਟਰ ਪਬਲਿਸ਼ਰ ਨੇ ਰੋਜ਼ਾਨਾ ਚੜ੍ਹਦੀਕਲਾ, ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈੱਸ ਪ੍ਰਾਈਵੇਟ ਲਿਮਟਿਡ ਲਈ ਦਲਜੀਤ ਪ੍ਰਿੰਟਰਜ਼, 593 ਐਸ.ਐਸ.ਟੀ. ਨਗਰ ਪਟਿਆਲਾ ਤੋਂ ਛਪਵਾ ਕੇ ਦਫ਼ਤਰ ਰੋਜ਼ਾਨਾ ਚੜ੍ਹਦੀਕਲਾ, 577, ਐਸ.ਐਸ.ਟੀ. ਨਗਰ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ। ਮੁੱਖ ਸੰਪਾਦਕ : ਜਗਜੀਤ ਸਿੰਘ 'ਦਰਦੀ'।
PRGI (RNI) Regd. No. 22972/1972

Printed & Published by Paramjit Singh on behalf of Charhdikala Printing Press Pvt. Ltd., Patiala & Printed at Daljit Printers 593, SST Nagar Patiala. Published at Office Daily Charhdikala 577, SST Nagar Patiala.
Chief Editor : Jagjit Singh Dardi
PRGI (RNI) Regd. No. 22972/1972

# ਮੋਹਿੰਦਰ ਭਗਤ ਨੇ ਰੱਖਿਆ ਸੇਵਾਵਾਂ ਭਲਾਈ ਵਿਭਾਗ ਦੇ ਕੰਮਾਂ ਦੀ ਪ੍ਰਗਤੀ ਦਾ ਲਿਆ ਜਾਇਜ਼ਾ

ਚੰਡੀਗੜ੍ਹ, 18 ਅਪ੍ਰੈਲ (ਚ.ਨ.ਸ.): ਪੰਜਾਬ ਦੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ ਸ਼ੁੱਕਰਵਾਰ ਸ਼ਾਮ ਪੰਜਾਬ ਸਕੱਤਰੇਤ ਵਿਖੇ ਰੱਖਿਆ ਸੇਵਾਵਾਂ ਭਲਾਈ ਵਿਭਾਗ ਦੇ ਕੰਮਾਂ ਦੀ ਪ੍ਰਗਤੀ ਦਾ ਜਾਇਜ਼ਾ ਲੈਣ ਲਈ ਉੱਚ ਅਧਿਕਾਰੀਆਂ ਨਾਲ ਇਕ ਵਿਸ਼ੇਸ਼ ਮੀਟਿੰਗ ਕੀਤੀ। ਇਸ ਮੌਕੇ ਰੱਖਿਆ ਸੇਵਾਵਾਂ ਭਲਾਈ ਵਿਭਾਗ ਦੇ ਪ੍ਰਮੁੱਖ ਸਕੱਤਰ ਸੁਮੇਰ ਸਿੰਘ ਗੁਰਜਰ, ਡਾਇਰੈਕਟਰ ਭੁਪਿੰਦਰ ਸਿੰਘ ਢਿੱਲੋਂ (ਸੇਵਾਮੁਕਤ) ਵਿਸ਼ੇਸ਼ ਤੌਰ ਤੇ ਹਾਜ਼ਰ ਸਨ।



ਮੀਟਿੰਗ ਦੌਰਾਨ ਅਧਿਕਾਰੀਆਂ ਨੇ ਮੰਤਰੀ ਨੂੰ ਜਾਣਕਾਰੀ ਦਿੱਤੀ ਕਿ ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨਾਲ ਸਬੰਧਿਤ ਕੇਸਾਂ ਵਿੱਚ ਕਾਫ਼ੀ ਪ੍ਰਗਤੀ ਹੋਈ ਹੈ। ਉਨ੍ਹਾਂ ਦੱਸਿਆ ਕਿ ਵੱਖ-ਵੱਖ ਜੰਗਾਂ ਦੌਰਾਨ ਸ਼ਹੀਦ ਹੋਏ ਜਿਆਦਾਤਰ ਸੈਨਿਕਾਂ ਦੇ ਪਰਿਵਾਰਾਂ ਨੂੰ ਪੰਜਾਬ ਸਰਕਾਰ ਵੱਲੋਂ ਪਹਿਲਾਂ ਹੀ ਮੁਆਵਜ਼ਾ ਦਿੱਤਾ ਜਾ ਚੁੱਕਾ ਹੈ। ਇਸ ਤੋਂ ਇਲਾਵਾ ਬਾਕੀ ਰਹਿੰਦੇ ਕੇਸਾਂ ਅਤੇ ਉਨ੍ਹਾਂ ਦੀ ਮੌਜੂਦਾ ਸਥਿਤੀ ਬਾਰੇ ਵੀ ਵਿਸਥਾਰਪੂਰਵਕ ਚਰਚਾ ਕੀਤੀ ਗਈ। ਅਧਿਕਾਰੀਆਂ ਨੇ ਦੱਸਿਆ ਕਿ ਖਾਲੀ ਅਸਾਮੀਆਂ ਨੂੰ ਭਰਨ ਲਈ ਕਾਰਵਾਈ ਵੀ ਤੇਜ਼ੀ ਨਾਲ ਕੀਤੀ ਜਾ ਰਹੀ ਹੈ। ਇਸ ਮੌਕੇ ਵਿਭਾਗੀ ਬਜਟ ਤੇ ਹੋਰ ਅਹਿਮ ਮੁੱਦਿਆਂ 'ਤੇ ਵੀ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੰਤਰੀ ਭਗਤ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਸਾਬਕਾ ਸੈਨਿਕਾਂ ਤੇ ਉਨ੍ਹਾਂ ਦੇ ਪਰਿਵਾਰਾਂ ਨਾਲ ਸਬੰਧਤ ਸਾਰੇ ਕੇਸਾਂ ਨੂੰ ਪਹਿਲ ਦੇ ਆਧਾਰ 'ਤੇ ਨੇਪਰੇ ਚਾੜ੍ਹਿਆ ਜਾਵੇ। ਉਨ੍ਹਾਂ ਕਿਹਾ ਕਿ ਦੇਸ਼ ਦੀ ਰੱਖਿਆ ਕਰਦਿਆਂ ਆਪਣੀ ਜਾਨ ਨਿਓਛਾਵਰ ਕਰਨ ਵਾਲੇ ਬਹਾਦਰ ਸੈਨਿਕਾਂ ਪ੍ਰਤੀ ਪੰਜਾਬ ਸਰਕਾਰ ਪੂਰੀ ਸ਼ਰਧਾ ਅਤੇ ਸਤਿਕਾਰ ਰੱਖਦੀ ਹੈ। ਉਨ੍ਹਾਂ ਨੇ ਕਿਹਾ ਕਿ ਪੰਜਾਬ ਸਰਕਾਰ ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਭਲਾਈ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਉਨ੍ਹਾਂ ਦੀ ਹਰ ਸੰਭਵ ਸਹਾਇਤਾ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ।

# ਆਂਗਨਵਾੜੀ ਵਰਕਰਾਂ ਤੇ ਹੈਲਪਰਾਂ ਦੀ ਭਲਾਈ ਨੂੰ ਪੰਜਾਬ ਸਰਕਾਰ ਵੱਲੋਂ ਵਿਸ਼ੇਸ਼ ਤਰਜੀਹ : ਡਾ. ਬਲਜੀਤ ਕੌਰ

ਚੰਡੀਗੜ੍ਹ, 18 ਅਪ੍ਰੈਲ (ਚ.ਨ.ਸ.): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਜਿੱਥੇ ਸਮਾਜ ਦੇ ਹਰ ਵਰਗ ਦੀ ਭਲਾਈ ਲਈ ਵਚਨਬੱਧ ਹੈ, ਉੱਥੇ ਹੀ ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਦੀ ਭਲਾਈ ਨੂੰ ਵੀ ਵਿਸ਼ੇਸ਼ ਤਰਜੀਹ ਦਿੱਤੀ ਜਾ ਰਹੀ ਹੈ। ਪੰਜਾਬ ਸਰਕਾਰ ਵੱਲੋਂ ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਦੀਆਂ ਸਮੱਸਿਆਵਾਂ ਦੇ ਹੱਲ ਅਤੇ ਉਨ੍ਹਾਂ ਦੀ ਭਲਾਈ ਲਈ ਲਗਾਤਾਰ ਠੋਸ ਉਪਰਾਲੇ ਕੀਤੇ ਜਾ ਰਹੇ ਹਨ। ਇਹ ਪ੍ਰਗਟਾਵਾ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕੀਤਾ। ਪੰਜਾਬ ਭਵਨ ਵਿਖੇ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਵਿਭਾਗ ਦੀ ਡਾਇਰੈਕਟਰ ਸ਼੍ਰੀਮਤੀ ਸ਼ੇਨਾ ਅਗਰਵਾਲ ਅਤੇ ਡਿਪਟੀ ਡਾਇਰੈਕਟਰ ਸ਼੍ਰੀਮਤੀ ਸੁਮਨਦੀਪ ਕੌਰ ਦੀ ਹਾਜ਼ਰੀ ਵਿੱਚ ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਨਾਲ ਮੀਟਿੰਗ ਕਰਦਿਆਂ ਕਿਹਾ ਕਿ ਆਂਗਣਵਾੜੀ ਵਰਕਰ ਤੇ ਹੈਲਪਰ ਵਿਭਾਗ ਦਾ ਅਹਿਮ ਹਿੱਸਾ ਹਨ



ਤੇ ਜ਼ਮੀਨੀ ਪੱਧਰ 'ਤੇ ਬੱਚਿਆਂ, ਮਹਿਲਾਵਾਂ ਅਤੇ ਪਰਿਵਾਰਾਂ ਤੱਕ ਸਰਕਾਰੀ ਯੋਜਨਾਵਾਂ ਪਹੁੰਚਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਰਹੇ ਹਨ। ਉਨ੍ਹਾਂ ਭਰੋਸਾ ਦਿੱਤਾ ਕਿ ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਦੀ ਹਰ ਜਾਇਜ਼ ਮੰਗ ਨੂੰ ਗੰਭੀਰਤਾ ਨਾਲ ਵਿਚਾਰ ਕਰਕੇ ਪੂਰਾ ਕੀਤਾ ਜਾਵੇਗਾ।

ਮੀਟਿੰਗ ਦੌਰਾਨ ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਵੱਲੋਂ ਉਠਾਈਆਂ ਗਈਆਂ ਮੰਗਾਂ ਨੂੰ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਵੱਲੋਂ ਬੜੇ ਧਿਆਨ ਨਾਲ ਸੁਣਿਆ ਗਿਆ। ਉਨ੍ਹਾਂ ਸੰਬੰਧਿਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਦੀਆਂ ਸਮੱਸਿਆਵਾਂ ਦਾ ਜਲਦ ਅਤੇ ਪ੍ਰਭਾਵਸ਼ਾਲੀ ਹੱਲ ਯਕੀਨੀ ਬਣਾਇਆ ਜਾਵੇ। ਉਨ੍ਹਾਂ ਹੋਰ ਕਿਹਾ ਕਿ ਜੋ ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਦੀਆਂ ਮੰਗਾਂ ਸਰਕਾਰ ਪੱਧਰ 'ਤੇ ਹੱਲ ਹੋਣੀਆਂ ਹਨ, ਉਨ੍ਹਾਂ ਮੰਗਾਂ ਨੂੰ ਨਵੀਂ ਗਠਿਤ ਸਬ ਕਮੇਟੀ ਸਾਹਮਣੇ ਵਿਚਾਰਿਆ ਜਾਵੇਗਾ ਅਤੇ ਉਨ੍ਹਾਂ ਦਾ ਹੱਲ ਵੀ ਤਰਜੀਹੀ ਅਧਾਰ ਤੇ ਕੱਢਿਆ ਜਾਵੇਗਾ।

ਡਾ. ਬਲਜੀਤ ਕੌਰ ਨੇ ਕਿਹਾ ਕਿ ਆਂਗਣਵਾੜੀ ਵਰਕਰਾਂ ਅਤੇ ਹੈਲਪਰ ਬੱਚਿਆਂ ਦੇ ਸਿਹਤ, ਪੋਸ਼ਣ ਅਤੇ ਸ਼ੁਰੂਆਤੀ ਸਿੱਖਿਆ ਨੂੰ ਮਜ਼ਬੂਤ ਕਰਨ ਦੇ ਨਾਲ-ਨਾਲ ਮਾਵਾਂ ਨੂੰ ਜਾਗਰੂਕ ਕਰਨ ਵਿੱਚ ਵੀ ਅਹਿਮ ਭੂਮਿਕਾ ਨਿਭਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਪਿੰਡਾਂ ਅਤੇ ਸ਼ਹਿਰਾਂ ਵਿੱਚ ਘਰ-ਘਰ ਜਾ ਕੇ ਕੀਤੀ ਜਾ ਰਹੀ ਇਹ ਸੇਵਾ ਸਮਾਜ ਦੀ ਮਜ਼ਬੂਤ ਨੀਂਹ ਤਿਆਰ ਕਰਨ ਵਿੱਚ ਮਹੱਤਵਪੂਰਨ ਯੋਗਦਾਨ ਪਾ ਰਹੀ ਹੈ। ਮੰਤਰੀ ਨੇ ਹੋਰ ਕਿਹਾ ਕਿ ਪੰਜਾਬ ਸਰਕਾਰ ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਦੇ ਮਾਣ-ਸਨਮਾਨ ਨੂੰ ਹੋਰ ਮਜ਼ਬੂਤ ਕਰਨ ਲਈ ਵਚਨਬੱਧ ਹੈ ਅਤੇ ਉਨ੍ਹਾਂ ਦੀ ਭਲਾਈ ਲਈ ਭਵਿੱਖ ਵਿੱਚ ਵੀ ਲੋੜ ਅਨੁਸਾਰ ਢੁਕਵੇਂ ਫੈਸਲੇ ਕੀਤੇ ਜਾਣਗੇ।

# 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਜਨਤਾ ਤੇ ਪੁਲਿਸ ਦੇ ਤਾਲਮੇਲ ਨੇ ਤੋੜੀ ਤਸਕਰਾਂ ਦੀ ਕਮਰ : ਬਲਤੇਜ ਪੰਨੂ

ਚੰਡੀਗੜ੍ਹ, 18 ਅਪ੍ਰੈਲ (ਅੰਮ੍ਰਿਤਪਾਲ ਸਿੰਘ): ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਸਟੇਟ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੇ ਉਤਸ਼ਾਹਜਨਕ ਨਤੀਜੇ ਸਾਹਮਣੇ ਆ ਰਹੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਦੇ ਸਰਗਰਮ ਸਹਿਯੋਗ ਨਾਲ ਜਿਸ ਤਰ੍ਹਾਂ ਦੀ ਸਫਲਤਾ ਮਿਲ ਰਹੀ ਹੈ, ਉਸ ਤੋਂ ਇਹ ਸਾਬਤ ਹੋ ਗਿਆ ਹੈ ਕਿ ਪੰਜਾਬ ਬਹੁਤ ਜਲਦ ਪੂਰੀ ਤਰ੍ਹਾਂ ਨਸ਼ਾ ਮੁਕਤ ਹੋਣ ਵੱਲ ਵਧ ਰਿਹਾ ਹੈ। ਸਰਕਾਰ ਅਤੇ ਜਨਤਾ ਵਿਚਕਾਰ ਇਸੇ ਤਾਲਮੇਲ ਨੇ ਨਸ਼ਾ ਤਸਕਰਾਂ ਦੀ ਕਮਰ ਤੋੜ ਦਿੱਤੀ ਹੈ। ਨਸ਼ਿਆਂ ਵਿਰੁੱਧ ਜਾਰੀ ਇਸ ਜੰਗ ਦੇ ਹੁਣ ਤੱਕ ਦੇ ਅੰਕੜੇ ਸਾਂਝੇ ਕਰਦਿਆਂ ਬਲਤੇਜ ਪੰਨੂ ਨੇ ਦੱਸਿਆ ਕਿ ਪੰਜਾਬ ਪੁਲਿਸ ਨੇ ਹੁਣ ਤੱਕ ਮੁਸਤੈਦੀ ਦਿਖਾਉਂਦੇ ਹੋਏ ਕੁੱਲ 41,850 ਐਫਆਈਆਰ ਦਰਜ ਕੀਤੀਆਂ ਹਨ। ਇਨ੍ਹਾਂ ਮਾਮਲਿਆਂ ਵਿੱਚ ਕਾਰਵਾਈ ਕਰਦਿਆਂ ਕਰੀਬ 60,000 ਨਸ਼ਾ ਤਸਕਰਾਂ ਨੂੰ ਗ੍ਰਿਫਤਾਰ ਕਰਕੇ ਜੇਲ੍ਹ ਦੀਆਂ ਸੀਖਾਂ ਪਿੱਛੇ ਭੇਜਿਆ ਗਿਆ ਹੈ। ਪੁਲਿਸ ਵੱਲੋਂ ਕੀਤੀ ਬਰਾਮਦਗੀ ਦੇ ਅੰਕੜੇ ਦੱਸਦੇ ਹਨ ਕਿ ਮੁਹਿੰਮ ਕਿੰਨੀ ਡੂੰਘਾਈ ਨਾਲ ਕੰਮ ਕਰ ਰਹੀ ਹੈ। ਹੁਣ ਤੱਕ ਪੁਲਿਸ ਨੇ 2569 ਕਿੱਲੋ ਹੈਰੋਇਨ, 0.37 ਕਿੱਲੋ



ਸਮੈਕ, 748 ਕਿੱਲੋ ਅਫੀਮ, 35,058 ਕਿੱਲੋ ਭੁੱਕੀ, 898 ਕਿੱਲੋ ਗਾਂਜਾ ਤੇ 4599 ਕਿੱਲੋ ਕੋਕੀਨ ਬਰਾਮਦ ਕਰਕੇ ਨਸ਼ਿਆਂ ਦੇ ਵੱਡੇ ਨੈੱਟਵਰਕ ਨੂੰ ਤਬਾਹ ਕੀਤਾ ਹੈ।

ਬਲਤੇਜ ਪੰਨੂ ਨੇ ਵਿਸ਼ੇਸ਼ ਤੌਰ 'ਤੇ ਜ਼ਮੀਨੀ ਪੱਧਰ 'ਤੇ ਜਨਤਾ ਦੀ ਸ਼ਮੂਲੀਅਤ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਪਿੰਡਾਂ 'ਚ ਬਣਾਈਆਂ ਗਈਆਂ ਵਿਲੇਜ ਡਿਫੈਂਸ ਕਮੇਟੀਆਂ (ਵੀਡੀਸੀ) ਨੂੰ ਲੋਕਾਂ ਦਾ ਭਰਪੂਰ ਸਹਿਯੋਗ ਮਿਲ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਸ ਮੁਹਿੰਮ ਲਈ ਬਣਾਈ ਗਈ ਵਿਸ਼ੇਸ਼ ਮੋਬਾਈਲ ਐਪ 'ਤੇ ਸਭ ਤੋਂ ਵੱਧ ਸੂਚਨਾਵਾਂ ਪੁਲਿਸ ਤੱਕ ਪਹੁੰਚ ਰਹੀਆਂ ਹਨ, ਜਿਸ ਦੀ ਸਫਲਤਾ ਦਰ (ਸਕਸੈੱਸ ਰੇਟ) 80 ਫੀਸਦੀ ਤੋਂ ਵੀ ਜ਼ਿਆਦਾ ਹੈ। ਪੰਨੂ ਨੇ ਸਪੱਸ਼ਟ ਕੀਤਾ ਕਿ ਅੱਜ ਜੋ ਵੱਡੀ ਗਿਣਤੀ ਵਿੱਚ ਐਫਆਈਆਰ ਦਰਜ ਹੋ ਰਹੀਆਂ ਹਨ ਅਤੇ ਬਰਾਮਦਗੀ ਹੋ ਰਹੀ ਹੈ, ਉਹ ਮੁੱਖ ਤੌਰ 'ਤੇ ਲੋਕਾਂ ਦੁਆਰਾ ਦਿੱਤੀ ਗਈ ਸਹੀ ਜਾਣਕਾਰੀ ਤੇ ਉਨ੍ਹਾਂ ਦੀ ਮਦਦ ਸਦਕਾ ਹੀ ਸੰਭਵ ਹੋ ਰਿਹਾ ਹੈ। 'ਰੰਗਲਾ ਪੰਜਾਬ' ਦੀ ਦਿਸ਼ਾ ਵਿੱਚ ਇਹ ਇੱਕ ਨਿਰਣਾਇਕ ਜਿੱਤ ਹੈ।

# 'ਦ ਲੈਂਸੇਟ' ਨੇ ਵਿਸ਼ਵ ਪੱਧਰ 'ਤੇ ਲਿਵਰ ਬੀਮਾਰੀਆਂ 'ਚ ਵਾਧੇ ਦੀ ਦਿੱਤੀ ਚੇਤਾਵਨੀ

ਚੰਡੀਗੜ੍ਹ, 18 ਅਪ੍ਰੈਲ (ਚ.ਨ.ਸ.): ਦੁਨੀਆ ਭਰ ਵਿੱਚ 19 ਅਪ੍ਰੈਲ ਨੂੰ "ਸਾਲਿਡ ਹੈਬਿਟਸ, ਸਟ੍ਰਾਂਗ ਲਿਵਰ" (ਸਿਹਤਮੰਦ ਆਦਤਾਂ, ਸਿਹਤਮੰਦ ਲਿਵਰ) ਦੇ ਥੀਮ ਉੱਤੇ ਮਨਾਏ ਜਾਣ ਵਾਲੇ ਵਿਸ਼ਵ ਲਿਵਰ ਦਿਵਸ ਦੇ ਮੌਕੇ, 'ਦ ਲੈਂਸੇਟ' ਦੀ ਇੱਕ ਚੇਤਾਵਨੀ ਨੇ ਲਿਵਰ ਬੀਮਾਰੀਆਂ ਵਿੱਚ ਤੇਜ਼ੀ ਨਾਲ ਹੋ ਰਹੇ ਵਿਸ਼ਵ ਪੱਧਰੀ ਵਾਧੇ ਨੂੰ ਉਜਾਗਰ ਕੀਤਾ ਹੈ। ਰਿਪੋਰਟ ਮੁਤਾਬਕ "ਮੈਟਾਬੋਲਿਕ ਡਿਸਫੰਕਸ਼ਨ-ਅਸੋਸੀਏਟਿਡ ਸਟੀਏਟੋਟਿਕ ਲਿਵਰ ਡਿਜ਼ੀਜ਼" (ਐਮਏਐਸਐਲਡੀ) ਦੇ ਮਾਮਲਿਆਂ ਵਿੱਚ 2050 ਤੱਕ ਤੇਜ਼ ਵਾਧਾ ਹੋਣ ਦੀ ਸੰਭਾਵਨਾ ਹੈ। ਇਸ ਚਿੰਤਾਜਨਕ ਸਥਿਤੀ ਦੇ ਦਰਮਿਆਨ, ਪੰਜਾਬ ਇਸ ਚੁਣੌਤੀ ਦਾ ਡੱਟ ਕੇ ਸਾਹਮਣਾ ਕਰਨ ਲਈ ਅੱਗੇ ਵੱਧ ਰਿਹਾ ਹੈ। ਰਾਜ ਨੇ ਵਿਸਥਾਰਿਤ ਸਕ੍ਰੀਨਿੰਗ ਤੇ ਕੈਸ਼ਲੈੱਸ "ਮੁੱਖ ਮੰਤਰੀ ਸਿਹਤ ਯੋਜਨਾ" ਰਾਹੀਂ ਆਪਣੀਆਂ ਸਿਹਤ ਸੇਵਾਵਾਂ ਨੂੰ ਮਜ਼ਬੂਤ ਕੀਤਾ ਹੈ, ਜਿਸ ਨਾਲ ਉਹ ਆਧੁਨਿਕ ਜੀਵਨਸ਼ੈਲੀ ਨਾਲ ਜੁੜੀ ਇਸ ਤੇਜ਼ੀ ਨਾਲ ਵਧ ਰਹੀ "ਮੂਕ ਮਹਾਂਮਾਰੀ" ਖ਼ਿਲਾਫ਼ ਭਾਰਤ ਦੀ ਲੜਾਈ ਵਿੱਚ ਅਗੇਤਰੀ ਭੂਮਿਕਾ ਨਿਭਾਅ ਰਿਹਾ ਹੈ। ਦੁਨੀਆ ਭਰ ਵਿੱਚ ਲਿਵਰ ਸਬੰਧੀ ਬੀਮਾਰੀਆਂ ਇੱਕ "ਮੂਕ ਮਹਾਂਮਾਰੀ" ਵਜੋਂ ਉੱਭਰ ਰਹੀਆਂ ਹਨ। ਸਿਹਤ ਮਾਹਿਰਾਂ ਦਾ ਅੰਦਾਜ਼ਾ ਹੈ ਕਿ ਲਗਭਗ ਹਰ ਤਿੰਨ ਵਿੱਚੋਂ ਇੱਕ ਬਾਲਿਗ ਵਿਅਕਤੀ ਇਸ ਨਾਲ ਪ੍ਰਭਾਵਿਤ ਹੈ। ਇਹ ਐਸੀ ਬੀਮਾਰੀ ਹੈ ਜਿਸ ਦੇ ਲੱਛਣ ਅਕਸਰ ਉਸ ਵੇਲੇ ਸਾਹਮਣੇ ਆਉਂਦੇ ਹਨ ਜਦੋਂ ਗੰਭੀਰ ਨੁਕਸਾਨ ਹੋ ਚੁੱਕਾ ਹੁੰਦਾ ਹੈ। 'ਦ ਲੈਂਸੇਟ' ਦਾ ਅਧਿਐਨ ਚੇਤਾਵਨੀ ਦਿੰਦਾ ਹੈ ਕਿ ਮਰੀਜ਼ਾਂ ਦੀ ਗਿਣਤੀ 2023 ਵਿੱਚ 1.3 ਅਰਬ ਤੋਂ ਵੱਧ ਕੇ 2050 ਤੱਕ 1.8 ਅਰਬ ਹੋ ਸਕਦੀ ਹੈ, ਜੋ ਕਿ 42 ਫੀਸਦੀ ਵਾਧੇ ਨੂੰ ਦਰਸਾਉਂਦਾ ਹੈ। ਭਾਰਤ ਵਿੱਚ ਵੀ ਇਸੇ ਤਰ੍ਹਾਂ ਦਾ ਰੁਝਾਨ ਵੇਖਿਆ ਜਾ ਰਿਹਾ ਹੈ, ਖ਼ਾਸ ਕਰਕੇ ਸ਼ਹਿਰੀ ਅਬਾਦੀ ਅਤੇ ਉੱਚ-ਖ਼ਤਰਾ ਸਮੂਹਾਂ ਵਿੱਚ ਇਹ ਗਿਣਤੀ ਤੇਜ਼ੀ ਨਾਲ ਵਧ ਰਹੀ ਹੈ।

ਪੰਜਾਬ ਵਿੱਚ ਡਾਕਟਰਾਂ ਦੇ ਮੁਤਾਬਕ 'ਹੈਪੇਟਾਈਟਿਸ-ਸੀ' ਇਨਫੈਕਸ਼ਨ, ਸ਼ਰਾਬ ਦੀ ਵਰਤੋਂ ਅਤੇ ਬਦਲ ਰਹੀਆਂ ਖਾਣ-ਪੀਣ ਦੀਆਂ ਆਦਤਾਂ ਦੇ ਕਾਰਨ, ਸਥਿਤੀ ਹੋਰ ਗੰਭੀਰ ਹੋ ਰਹੀ ਹੈ। ਪੰਜਾਬ ਇੰਸਟੀਚਿਊਟ ਆਫ ਲਿਵਰ ਐਂਡ ਬਿਲਿਆਰੀ ਸਾਇੰਸਜ਼(ਪੀਆਈਐਲਬੀਐਸ) ਦੇ ਡਾਇਰੈਕਟਰ ਡਾ. ਵੀਰੇਂਦਰ ਸਿੰਘ ਨੇ ਕਿਹਾ, "ਭਾਰਤ ਵਿੱਚ ਲਿਵਰ ਦੇ ਗੰਭੀਰ ਰੋਗਾਂ ਦੇ ਮੁੱਖ ਕਾਰਨਾਂ ਵਿੱਚ ਸ਼ਰਾਬ ਇੱਕ ਵੱਡਾ ਕਾਰਨ ਹੈ ਤੇ ਇਹ ਵਾਇਰਲ ਹੈਪੇਟਾਈਟਿਸ ਨਾਲ ਮਿਲ ਕੇ ਹਾਲਤ ਨੂੰ ਹੋਰ ਵੀ ਖਰਾਬ ਕਰ ਦਿੰਦੀ ਹੈ। ਫੈਟੀ ਲਿਵਰ ਡਿਜ਼ੀਜ਼ ਹੁਣ ਸ਼ਰਾਬ ਤੇ ਹੈਪੇਟਾਈਟਿਸ-ਸੀ ਦੇ ਨਾਲ ਇੱਕ ਮੁੱਖ ਕਾਰਨ ਵਜੋਂ ਉੱਭਰ ਰਹੀ ਹੈ। ਅਲਟਰਾ-ਪ੍ਰੋਸੈਸਡ ਖਾਣਾ, ਤਲੀਆਂ ਹੋਈਆਂ ਚੀਜ਼ਾਂ ਅਤੇ ਟ੍ਰਾਂਸ- ਫੈਟਸ ਦਾ ਲੰਬੇ ਸਮੇਂ ਤੱਕ ਸੇਵਨ ਸਮੱਸਿਆ ਨੂੰ ਵਧਾ ਰਿਹਾ ਹੈ।"

ਵਿੱਤੀ ਅਤੇ ਪਹੁੰਚ ਨਾਲ ਜੁੜੀਆਂ ਰੁਕਾਵਟਾਂ ਨੂੰ ਦੂਰ ਕਰਨ ਲਈ, ਰਾਜ ਨੇ ਮੁੱਖ ਮੰਤਰੀ ਸਿਹਤ ਯੋਜਨਾ ਅਧੀਨ ਕਵਰੇਜ ਦਾ ਵਿਸਥਾਰ ਕੀਤਾ ਹੈ, ਜੋ ਸਰਕਾਰੀ ਤੇ ਸੂਚੀਬੱਧ ਨਿੱਜੀ ਹਸਪਤਾਲਾਂ ਵਿੱਚ ਪ੍ਰਤੀ ਪਰਿਵਾਰ ਪ੍ਰਤੀ ਸਾਲ 10 ਲੱਖ ਰੁਪਏ ਤੱਕ ਦਾ ਕੈਸ਼ਲੈੱਸ ਇਲਾਜ ਪ੍ਰਦਾਨ ਕਰਦੀ ਹੈ। ਡਾ. ਸਿੰਘ ਦੱਸਦੇ ਹਨ ਕਿ ਮਰੀਜ਼ ਦੇ ਭਰਤੀ ਹੋਣ 'ਤੇ, ਜ਼ਿਆਦਾਤਰ ਟੈਸਟ ਅਤੇ ਦਵਾਈਆਂ ਇਸ ਯੋਜਨਾ ਦੇ ਅਧੀਨ ਕਵਰ ਹੁੰਦੀਆਂ ਹਨ, ਜਿਸ ਨਾਲ ਮਰੀਜ਼ ਦਾ ਜੇਬ ਤੋਂ ਹੋਣ ਵਾਲਾ ਖ਼ਰਚ ਘੱਟ ਹੁੰਦਾ ਹੈ। ਇਸ ਯੋਜਨਾ ਵਿੱਚ ਜਾਂਚ, ਹਸਪਤਾਲ ਵਿੱਚ ਦਾਖ਼ਲਾ ਅਤੇ ਵਿਸ਼ੇਸ਼ਗਿਆ ਸੇਵਾਵਾਂ ਸ਼ਾਮਲ ਹਨ। ਉਨ੍ਹਾਂ ਨੇ ਕਿਹਾ ਕਿ ਮੁੱਖ ਮੰਤਰੀ ਸਿਹਤ ਯੋਜਨਾ ਨੇ ਕਈ ਮਰੀਜ਼ਾਂ ਨੂੰ ਬਿਹਤਰ ਇਲਾਜ ਪ੍ਰਾਪਤ ਕਰਨ ਵਿੱਚ ਮਦਦ ਕੀਤੀ ਹੈ ਅਤੇ ਇਹ ਕਈ ਲੋਕਾਂ ਦੀ ਜ਼ਿੰਦਗੀ ਬਚਾਉਣ ਵਿੱਚ ਨਿਰਣਾਇਕ ਸਾਬਤ ਹੋਈ ਹੈ। ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਵੀ ਕਿਹਾ, "ਇਹ ਯੋਜਨਾ ਜੇਬ ਤੋਂ ਹੋਣ ਵਾਲੇ ਖਰਚ ਨੂੰ ਘਟਾਉਂਦੀ ਹੈ, ਇਸਦੇ ਨਾਲ ਹੀ ਰੋਗ ਦੀ ਪਛਾਣ ਅਤੇ ਇਲਾਜ ਵਿੱਚ ਹੋਣ ਵਾਲੀ ਦੇਰੀ ਨੂੰ ਰੋਕਦੀ ਹੈ।" ਜਨਤਕ ਸਿਹਤ ਪ੍ਰੋਗਰਾਮਾਂ ਹੇਠ ਵਿਸਥਾਰਿਤ ਸਕ੍ਰੀਨਿੰਗ ਨਾਲ, ਸ਼ੁਰੂਆਤੀ ਪਛਾਣ ਵਿੱਚ ਸੁਧਾਰ ਹੋਣ ਅਤੇ ਬੀਮਾਰੀ ਦੀ ਪ੍ਰਗਤੀ ਨੂੰ ਧੀਮਾ ਕਰਨ ਦੀ ਉਮੀਦ ਹੈ। ਸਿਹਤ ਮਾਹਿਰਾਂ ਦਾ ਕਹਿਣਾ ਹੈ ਕਿ ਲਿਵਰ ਡਿਜ਼ੀਜ਼ ਦੇ ਸ਼ੁਰੂਆਤੀ ਪੜਾਅ ਨੂੰ ਜੀਵਨਸ਼ੈਲੀ ਦੇ ਵਿੱਚ ਬਦਲਾਅ ਜਿਵੇਂ ਕਿ ਵਧੀਆ ਖ਼ੁਰਾਕ, ਨਿਯਮਿਤ ਸਰੀਰਕ ਗਤੀਵਿਧੀਆਂ ਅਤੇ ਸ਼ਰਾਬ ਦੇ ਸੇਵਨ ਵਿੱਚ ਕਮੀ ਕਰਨ ਨਾਲ ਅਕਸਰ ਠੀਕ ਕੀਤਾ ਜਾ ਸਕਦਾ ਹੈ।

# ਭਗਵੰਤ ਮਾਨ ਦੀ ਅਗਵਾਈ 'ਚ ਪੰਜਾਬ ਦੇ ਬੁਨਿਆਦੀ ਢਾਂਚੇ ਦਾ ਕਾਇਆ-ਕਲਪ ਲਗਾਤਾਰ ਜਾਰੀ : ਈ.ਟੀ.ਓ.

ਚੰਡੀਗੜ੍ਹ, 18 ਅਪ੍ਰੈਲ (ਅੰਮ੍ਰਿਤਪਾਲ ਸਿੰਘ): ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਬੁਨਿਆਦੀ ਢਾਂਚੇ ਨੂੰ ਵਿਸ਼ਵ ਪੱਧਰੀ ਬਣਾਉਣ ਲਈ ਪੂਰੀ ਵਚਨਬੱਧਤਾ ਨਾਲ ਕੰਮ ਕਰ ਰਹੀ ਹੈ। ਪੰਜਾਬ ਦੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਅੱਜ ਸੜਕੀ ਵਿਕਾਸ ਕਾਰਜਾਂ ਦੀ ਪ੍ਰਗਤੀ ਸਾਂਝੀ ਕਰਦਿਆਂ ਦੱਸਿਆ ਕਿ ਰਾਜ ਵਿੱਚ ਸੜਕੀ ਨੈੱਟਵਰਕ ਨੂੰ ਮਜ਼ਬੂਤ ਕਰਨ ਲਈ 45,000 ਕਿਲੋਮੀਟਰ ਲੰਬੀਆਂ ਸੜਕਾਂ ਦੀ ਉਸਾਰੀ ਅਤੇ ਮੁਰੰਮਤ ਦਾ ਕੰਮ ਜੰਗੀ ਪੱਧਰ 'ਤੇ ਜਾਰੀ ਹੈ। ਸਰਕਾਰ ਦਾ ਮੁੱਖ ਟੀਚਾ ਪੰਜਾਬ ਦੇ ਹਰ ਪਿੰਡ ਨੂੰ ਬਿਹਤਰੀਨ ਸੜਕੀ ਨੈੱਟਵਰਕ ਨਾਲ ਜੋੜਨਾ ਹੈ ਤਾਂ ਜੋ ਪੇਂਡੂ ਆਰਥਿਕਤਾ ਨੂੰ ਹੁਲਾਰਾ ਮਿਲ ਸਕੇ। ਕੈਬਨਿਟ ਮੰਤਰੀ ਨੇ ਸੜਕਾਂ ਦੀ ਗੁਣਵੱਤਾ ਅਤੇ ਟਿਕਾਊਪਨ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਸਰਕਾਰ ਨੇ ਸਖ਼ਤ ਨਿਯਮ ਲਾਗੂ ਕੀਤੇ ਹਨ। ਉਨ੍ਹਾਂ ਸਪੱਸ਼ਟ ਕੀਤਾ ਕਿ ਸੜਕ ਬਣਨ ਤੋਂ ਬਾਅਦ ਅਗਲੇ 5 ਸਾਲਾਂ ਤੱਕ ਜੇਕਰ ਸੜਕ ਨੂੰ ਕਿਸੇ ਵੀ ਤਰ੍ਹਾਂ ਦਾ ਨੁਕਸਾਨ ਹੁੰਦਾ ਹੈ, ਤਾਂ ਉਸ ਦੀ ਮੁਰੰਮਤ ਦੀ ਪੂਰੀ ਜ਼ਿੰਮੇਵਾਰੀ ਸਬੰਧਤ ਕੰਟਰੈਕਟਰ (ਠੇਕੇਦਾਰ) ਦੀ ਹੋਵੇਗੀ। ਉਨ੍ਹਾਂ ਦੱਸਿਆ ਕਿ ਨਿਰਮਾਣ ਕਾਰਜਾਂ ਵਿੱਚ ਪਾਰਦਰਸ਼ਤਾ ਅਤੇ ਉੱਚ ਗੁਣਵੱਤਾ ਯਕੀਨੀ ਬਣਾਉਣ ਲਈ 'ਮੁੱਖ ਮੰਤਰੀ ਫਲਾਇੰਗ ਸਕੁਐਡ' ਦਾ ਗਠਨ ਕੀਤਾ ਗਿਆ ਹੈ, ਜੋ ਸਿੱਧੇ ਤੌਰ 'ਤੇ ਨਿਗਰਾਨੀ ਕਰ ਰਿਹਾ ਹੈ। ਇਸ ਦੇ ਨਾਲ



ਹੀ ਇੱਕ ਵਿਸ਼ੇਸ਼ 'ਕੁਆਲਿਟੀ ਕੰਟਰੋਲ ਸੈੱਲ' ਵੀ ਸਰਗਰਮ ਹੈ ਅਤੇ ਵਿਭਾਗ ਦੇ ਅਧਿਕਾਰੀ ਸਮੇਂ-ਸਮੇਂ 'ਤੇ ਅਚਨਚੇਤ ਨਿਰੀਖਣ ਕਰ ਰਹੇ ਹਨ।

ਈਟੀਓ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਮਾਨ ਖੁਦ ਵਿਕਾਸ ਕਾਰਜਾਂ ਦੀ ਮਾਨੀਟਰਿੰਗ ਕਰ ਰਹੇ ਹਨ। ਕਈ ਥਾਵਾਂ 'ਤੇ ਉਨ੍ਹਾਂ ਨੇ ਖੁਦ ਨਿਰਮਾਣ ਕਾਰਜਾਂ ਦਾ ਜ਼ਮੀਨੀ ਨਿਰੀਖਣ ਕੀਤਾ ਹੈ। ਸਰਕਾਰ ਦਾ ਸਪੱਸ਼ਟ ਸੰਦੇਸ਼ ਹੈ ਕਿ ਸੜਕ ਨਿਰਮਾਣ ਵਿੱਚ ਕਿਸੇ ਵੀ ਤਰ੍ਹਾਂ ਦੀ ਘਟੀਆ ਜਾਂ ਨੀਵੇਂ ਦਰਜੇ ਦੀ ਸਮੱਗਰੀ ਦੀ ਵਰਤੋਂ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਭ੍ਰਿਸ਼ਟਾਚਾਰ ਤੇ ਲਾਪਰਵਾਹੀ ਪ੍ਰਤੀ 'ਜ਼ੀਰੋ ਟਾਲਰੈਂਸ' ਦੀ ਨੀਤੀ ਅਪਣਾਈ ਜਾ ਰਹੀ ਹੈ। ਤਕਨੀਕੀ ਨਵੀਨਤਾ ਦਾ ਜ਼ਿਕਰ ਕਰਦਿਆਂ ਕੈਬਨਿਟ ਮੰਤਰੀ ਨੇ ਦੱਸਿਆ ਕਿ ਪੰਜਾਬ ਵਿੱਚ ਪਹਿਲੀ ਵਾਰ 'ਫੁੱਲ ਡੈਪਥ ਰੈਕਲੀਮੇਸ਼ਨ' (ਐਫਡੀਆਰ) ਵਰਗੀ ਆਧੁਨਿਕ ਤਕਨੀਕ ਦੀ ਵਰਤੋਂ ਕੀਤੀ ਜਾ ਰਹੀ ਹੈ। ਇਸ ਤਕਨੀਕ ਤਹਿਤ ਮੌਜੂਦਾ ਸਮੇਂ ਵਿੱਚ 540 ਕਿਲੋਮੀਟਰ ਲੰਬੀਆਂ ਲਿੰਕ ਸੜਕਾਂ ਦਾ ਨਿਰਮਾਣ ਕੀਤਾ ਜਾ ਰਿਹਾ ਹੈ।

ਐਫਡੀਆਰ ਤਕਨੀਕ ਦੀ ਖਾਸੀਅਤ ਇਹ ਹੈ ਕਿ ਇਸ ਵਿੱਚ ਸੜਕ ਦਾ ਪੱਧਰ ਘਰਾਂ ਦੇ ਪੱਧਰ ਅਨੁਸਾਰ ਰੱਖਿਆ ਜਾਂਦਾ ਹੈ, ਜਿਸ ਨਾਲ ਜਲ-ਥਲ (ਪਾਣੀ ਭਰਨ) ਦੀ ਸਮੱਸਿਆ ਨਹੀਂ ਹੁੰਦੀ। ਜਲਦੀ ਹੀ ਇਸ ਤਕਨੀਕ ਦਾ ਘੇਰਾ ਵਧਾ ਕੇ ਸੂਬੇ ਦੀਆਂ ਹੋਰ ਸੜਕਾਂ ਨੂੰ ਵੀ ਇਸ ਦੇ ਅਧੀਨ ਕਵਰ ਕੀਤਾ ਜਾਵੇਗਾ। ਮੰਤਰੀ ਨੇ ਇਹ ਵੀ ਸਾਂਝਾ ਕੀਤਾ ਕਿ ਪਿਛਲੇ ਦਿਨੀਂ ਹੋਈ ਬੇਮੌਸਮੀ ਬਾਰਸ਼ ਕਾਰਨ ਨਿਰਮਾਣ ਕਾਰਜਾਂ ਵਿੱਚ ਕੁਝ ਦੇਰੀ ਜ਼ਰੂਰ ਹੋਈ ਹੈ, ਪਰ ਵਿਭਾਗ ਹੁਣ ਦੁੱਗਣੀ ਰਫ਼ਤਾਰ ਨਾਲ ਕੰਮ ਕਰ ਰਿਹਾ ਹੈ। ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਜੂਨ ਤੱਕ 45,000 ਕਿਲੋਮੀਟਰ ਸੜਕਾਂ ਦਾ ਮਿੱਥਿਆ ਟੀਚਾ ਪੂਰਾ ਕਰ ਲਿਆ ਜਾਵੇਗਾ, ਜਿਸ ਨਾਲ ਪੰਜਾਬ ਦੇ ਵਸਨੀਕਾਂ ਨੂੰ ਸੁਖਾਲੇ ਅਤੇ ਸੁਰੱਖਿਅਤ ਸਫ਼ਰ ਦੀ ਸਹੂਲਤ ਮਿਲੇਗੀ।

# ਸਿੱਖਿਆ ਬੋਰਡ ਨੇ ਏ.ਆਈ. ਬਾਰੇ ਕਰਵਾਈ ਦੋ-ਰੋਜ਼ਾ ਕਾਨਫਰੰਸ 'ਚ ਵਿਦਿਆਰਥੀਆਂ ਨੂੰ ਤਕਨਾਲੋਜੀ ਦੇ ਖਪਤਕਾਰਾਂ ਦੀ ਥਾਂ ਸਿਰਜਣਹਾਰ ਵਜੋਂ ਤਿਆਰ ਕਰਨ 'ਤੇ ਜ਼ੋਰ

ਚੰਡੀਗੜ੍ਹ, 18 ਅਪ੍ਰੈਲ (ਚ.ਨ.ਸ.): ਪੰਜਾਬ ਦੀ ਸਿੱਖਿਆ ਪ੍ਰਣਾਲੀ ਵਿੱਚ ਏ.ਆਈ. ਨੂੰ ਸ਼ਾਮਲ ਕਰਨ ਵੱਲ ਫੈਸਲਾਕੁੰਨ ਕਦਮ ਚੁੱਕਦਿਆਂ ਪੰਜਾਬ ਸਕੂਲ ਸਿੱਖਿਆ ਬੋਰਡ (ਪੀਐਸਈਬੀ) ਵੱਲੋਂ ਇੱਥੇ ਸੀ.ਆਈ.ਆਈ. ਦੇ ਨਾਰਦਰਨ ਰੀਜਨ ਦੇ ਹੈੱਡਕੁਆਰਟਰ ਵਿਖੇ ਆਰਟੀਫੀਸ਼ੀਅਲ ਇੰਟੈਲੀਜੈਂਸ (ਏਆਈ) 'ਤੇ ਕਰਵਾਈ ਗਈ ਕੌਮੀ-ਪੱਧਰ ਦੀ ਦੋ-ਰੋਜ਼ਾ ਕਾਨਫਰੰਸ ਅੱਜ ਗੂਗਲ ਤੇ ਇੰਟੇਲ ਦੁਆਰਾ ਵਿਹਾਰਕ ਵਰਕਸ਼ਾਪਾਂ ਦੇ ਆਯੋਜਨ ਨਾਲ ਸਮਾਪਤ ਹੋਈ। ਇਸ ਕਾਨਫਰੰਸ ਨੇ ਕਲਾਸਰੂਮਾਂ ਵਿੱਚ ਏਆਈ ਨੂੰ ਸ਼ਾਮਲ ਕਰਨ ਲਈ ਢੁਕਵਾਂ ਰੋਡਮੈਪ, ਜੋ ਸਿੱਖਣ ਦੀ ਗੁਣਵੱਤਾ 'ਚ ਸੁਧਾਰ, ਪਹੁੰਚ ਨੂੰ ਵਧਾਉਣ ਅਤੇ ਵਿਦਿਆਰਥੀਆਂ ਨੂੰ ਸਿਰਫ਼ ਖਪਤਕਾਰਾਂ ਦੀ ਥਾਂ ਤਕਨਾਲੋਜੀ ਦੇ ਸਿਰਜਣਹਾਰ ਵਜੋਂ ਤਿਆਰ ਕਰਨ 'ਤੇ ਕੇਂਦ੍ਰਿਤ ਹੋਵੇਗਾ, ਤਿਆਰ ਕਰਨ ਵਾਸਤੇ ਨੀਤੀ ਘਾੜਿਆਂ, ਸਿੱਖਿਅਕਾਂ ਤੇ ਤਕਨਾਲੋਜੀ ਮਾਹਿਰਾਂ ਲਈ ਵਿਚਾਰ-ਵਟਾਂਦਰੇ ਵਾਸਤੇ ਇੱਕ ਢੁਕਵਾਂ ਮੰਚ ਪ੍ਰਦਾਨ ਕੀਤਾ। ਪੀ.ਐਸ.ਈ.ਬੀ. ਦੇ ਚੇਅਰਮੈਨ ਡਾ. ਅਮਰਪਾਲ ਸਿੰਘ, ਆਈਏਐਸ (ਸੇਵਾਮੁਕਤ) ਨੇ ਏਆਈ ਦੀ ਨੈਤਿਕ ਵਰਤੋਂ 'ਤੇ ਜ਼ੋਰ ਦਿੱਤਾ ਤੇ ਕਿਹਾ ਕਿ ਇਸਨੂੰ ਸਿਖਿਆਰਥੀਆਂ ਦੀ ਸਿਰਜਣਾਤਮਕਤਾ ਅਤੇ ਸਮੱਸਿਆ-ਹੱਲ ਕਰਨ ਦੇ ਹੁਨਰਾਂ ਨੂੰ ਨਿਖਾਰਨ ਵਾਸਤੇ ਵਰਤਿਆ ਜਾ ਸਕਦਾ ਹੈ। ਅੱਜ ਦੇ ਡਿਜੀਟਲ ਯੁੱਗ ਵਿੱਚ, ਜਿੱਥੇ ਏਆਈ-ਅਧਾਰਤ ਉਪਕਰਨ ਸਾਡੇ ਪੱਕੇ ਸਾਥੀ ਬਣ ਗਏ ਹਨ, ਵਿਦਿਆਰਥੀਆਂ ਨੂੰ ਅਪੀਲ ਕੀਤੀ ਗਈ ਕਿ ਉਹ ਅਜਿਹੇ ਉਪਕਰਨਾਂ ਦੀ ਚੋਣ ਉਸੇ ਤਰ੍ਹਾਂ ਹੀ ਪੂਰੀ ਸੂਝ-ਬੂਝ ਤੇ ਪਰਖ ਨਾਲ ਕਰਨ ਜਿਵੇਂ ਅਸੀਂ ਆਪਣੇ ਦੋਸਤਾਂ ਦੀ ਚੋਣ ਕਰਦੇ ਹਾਂ। ਵਿਚਾਰ-ਵਟਾਂਦਰੇ ਦੌਰਾਨ ਇਸ ਗੱਲ




'ਤੇ ਜ਼ੋਰ ਦਿੱਤਾ ਗਿਆ ਕਿ ਅਧਿਆਪਕਾਂ ਤੋਂ ਲੈ ਕੇ ਪ੍ਰਸ਼ਾਸਕਾਂ ਤੱਕ, ਸਿੱਖਿਆ ਪ੍ਰਣਾਲੀ ਦੇ ਮੁੱਖ ਹਿੱਸੇਦਾਰ ਪਹਿਲਾਂ ਹੀ ਏ.ਆਈ-ਅਧਾਰਤ ਪਹੁੰਚ ਨਾਲ ਜੁੜ ਰਹੇ ਅਤੇ ਇਸਨੂੰ ਅਪਣਾ ਰਹੇ ਹਨ, ਜੋ ਇਸ ਤਬਦੀਲੀ ਵੱਲ ਸਾਡੀ ਮਜ਼ਬੂਤ ਤਿਆਰੀ ਨੂੰ ਦਰਸਾਉਂਦਾ ਹੈ।

ਕਾਨਫਰੰਸ ਦਾ ਇੱਕ ਮੁੱਖ ਹਿੱਸਾ "ਕੰਮ ਵਾਲੇ ਸਥਾਨ 'ਤੇ ਏ.ਆਈ. ਦੀ ਵਰਤੋਂ" 'ਤੇ ਇੰਟੈਲ ਦੀ ਵਿਹਾਰਕ ਵਰਕਸ਼ਾਪ ਸੀ, ਜਿਸ ਵਿੱਚ 112 ਤੋਂ ਵੱਧ ਹਾਜ਼ਰੀਨਾਂ ਨੇ ਉਤਸ਼ਾਹ ਨਾਲ ਭਾਗ ਲਿਆ। ਸੈਸ਼ਨ ਦੌਰਾਨ ਸਰਕਾਰੀ ਢਾਂਚੇ ਦੇ ਅੰਦਰ ਏ.ਆਈ. ਉਪਕਰਨ ਸਥਾਪਤ ਕਰਨ 'ਤੇ ਵਿਹਾਰਕ ਸਿਖਲਾਈ ਦਿੱਤੀ ਗਈ, ਜਿਸ ਵਿੱਚ ਡੇਟਾ ਗੋਪਨੀਯਤਾ, ਜ਼ਿੰਮੇਵਾਰੀ ਨਾਲ ਵਰਤੋਂ ਅਤੇ ਸੰਗਠਨ-ਵਿਸ਼ੇਸ਼ ਜਾਂ ਸੰਵੇਦਨਸ਼ੀਲ ਜਾਣਕਾਰੀ ਨੂੰ ਅਣਜਾਣੇ ਵਿੱਚ ਸਾਂਝਾ ਕਰਨ ਵਰਗੀਆਂ ਸਥਿਤੀਆਂ ਦੀ ਰੋਕਥਾਮ ਲਈ ਸੁਰੱਖਿਆ ਉਪਾਵਾਂ 'ਤੇ ਜ਼ੋਰ ਦਿੱਤਾ ਗਿਆ। ਆਈਕੇਜੀ ਪੀਟੀਯੂ ਦੁਆਰਾ "ਸਕੂਲ ਲੀਡਰਾਂ ਲਈ ਸਕੂਲਾਂ ਵਿੱਚ ਏ.ਆਈ." ਵਿਸ਼ੇ 'ਤੇ ਇੱਕ ਹੋਰ ਵਰਕਸ਼ਾਪ ਕਰਵਾਈ ਗਈ, ਜੋ ਵਿਸ਼ੇਸ਼ ਕਰਕੇ ਪ੍ਰਿੰਸੀਪਲਾਂ ਅਤੇ ਸਕੂਲ ਮੁਖੀਆਂ ਨੂੰ ਧਿਆਨ ਵਿੱਚ ਰੱਖ ਕੇ ਤਿਆਰ ਕੀਤੀ ਗਈ ਸੀ। ਇਸਦੇ ਨਾਲ ਹੀ ਉਨ੍ਹਾਂ ਨੂੰ ਉੱਭਰ ਰਹੇ ਸਾਧਨਾਂ ਦੀ ਜ਼ਿੰਮੇਵਾਰੀ ਨਾਲ ਵਰਤੋਂ ਪ੍ਰਤੀ ਵੀ ਉਤਸ਼ਾਹਿਤ ਕੀਤਾ ਗਿਆ।

ਚੇਅਰਮੈਨ ਨੇ ਦੱਸਿਆ ਕਿ ਇਸਦੇ ਨਾਲ ਹੀ ਵਿਦਿਆਰਥੀਆਂ ਨੂੰ ਏਆਈ ਟੂਲ ਕਿਵੇਂ ਵਿਕਸਤ ਕੀਤੇ ਜਾਂਦੇ ਹਨ, ਉਨ੍ਹਾਂ ਦੇ ਪਿੱਛੇ ਦੀਆਂ ਪ੍ਰਕਿਰਿਆਵਾਂ ਅਤੇ ਅਜਿਹੀਆਂ ਤਕਨਾਲੋਜੀਆਂ ਬਣਾਉਣ ਲਈ ਲੋੜੀਂਦੇ ਵਿਭਿੰਨ ਹੁਨਰ ਸੈੱਟਾਂ ਬਾਰੇ ਵੀ ਜਾਣਕਾਰੀ ਦਿੱਤੀ ਗਈ। ਇਸ ਐਕਸਪੋਜ਼ਰ ਨੇ ਵਿਦਿਆਰਥੀਆਂ ਦੀ ਸਮਝ ਨੂੰ ਹੋਰ ਡੂੰਘਾ ਕਰਨ ਦੇ ਨਾਲ-ਨਾਲ ਉਨ੍ਹਾਂ ਨੂੰ ਏਆਈ ਅਤੇ ਹੋਰ ਉੱਭਰ ਰਹੇ ਖੇਤਰਾਂ ਵਿੱਚ ਭਵਿੱਖ ਦੇ ਮਾਰਗਾਂ ਦੀ ਪੜਚੋਲ ਕਰਨ ਲਈ ਪ੍ਰੇਰਿਤ ਕੀਤਾ। ਇਸ ਵਰਕਸ਼ਾਪ ਵਿੱਚ ਪੰਜਾਬ ਦੇ ਵਿਦਿਆਰਥੀਆਂ ਨੇ ਪੂਰੇ ਉਤਸ਼ਾਹ ਨਾਲ ਹਿੱਸਾ ਲਿਆ ਤੇ ਉਨ੍ਹਾਂ ਦੀ ਉਤਸੁਕਤਾ, ਅਨੁਕੂਲਤਾ ਤੇ ਉੱਭਰ ਰਹੀਆਂ ਤਕਨਾਲੋਜੀਆਂ ਨਾਲ ਜੁੜਨ ਦੀ ਇੱਛਾ ਨੇ ਆਉਣ ਵਾਲੇ ਸਾਲਾਂ ਵਿੱਚ ਏਆਈ-ਅਧਾਰਤ ਸਿਖਲਾਈ ਦੇ ਖੇਤਰ ਵਿੱਚ ਅਥਾਹ ਸੰਭਾਵਨਾ ਨੂੰ ਉਜਾਗਰ ਕੀਤਾ। ਡਾ. ਅਮਰਪਾਲ ਸਿੰਘ ਨੇ ਦੋ-ਰੋਜ਼ਾ ਕਾਨਫਰੰਸ ਦੇ ਸੁਚਾਰੂ ਅਮਲ ਨੂੰ ਯਕੀਨੀ ਬਣਾਉਣ ਲਈ ਐਲਿਕਸ ਈਵੈਂਟਸ ਦੇ ਯਤਨਾਂ ਦੀ ਸ਼ਲਾਘਾ ਕੀਤੀ।

# ਮੁੱਖ ਮੰਤਰੀ ਸਿਹਤ ਯੋਜਨਾ ਬਣੀ ਔਖੇ ਸਮੇਂ ਦਾ ਸਹਾਰਾ ਪਟਿਆਲਾ ਦੇ ਡਰਾਈਵਰ ਦੀ ਮਾਂ ਨੇ ਕੈਂਸਰ ਨੂੰ ਹਰਾਇਆ

ਚੰਡੀਗੜ੍ਹ/ਪਟਿਆਲਾ , 18 ਅਪ੍ਰੈਲ (ਚ.ਨ.ਸ.): ਪਟਿਆਲਾ ਦੇ ਰਹਿਣ ਵਾਲੇ ਗੁਰਪਿੰਦਰ ਜੀਤ ਸਿੰਘ ਦੀ ਜ਼ਿੰਦਗੀ ਪੰਜ ਮਹੀਨੇ ਪਹਿਲਾਂ ਅਚਾਨਕ ਅਜਿਹੇ ਮੋੜ 'ਤੇ ਆ ਖੜ੍ਹੀ ਹੋਈ, ਜਿੱਥੇ ਹਰ ਰਾਹ ਮੁਸ਼ਕਲ ਨਜ਼ਰ ਆਉਣ ਲੱਗਾ ਸੀ। ਉਸ ਦੀ 65 ਸਾਲਾ ਮਾਤਾ ਬਲਜੀਤ ਕੌਰ ਨੇ ਗੰਭੀਰ ਬਿਮਾਰੀ ਕਾਰਨ ਹੌਲੀ-ਹੌਲੀ ਖਾਣਾ-ਪੀਣਾ ਛੱਡ ਦਿੱਤਾ ਸੀ। ਮਜਬੂਰ ਤੇ ਬੇਬਸ ਪੁੱਤਰ ਲਈ ਇਹ ਸਿਰਫ਼ ਬੀਮਾਰੀ ਨਹੀਂ ਸਗੋਂ ਹਰ ਰੋਜ਼ ਟੁੱਟਦੀਆਂ ਹੋਈਆਂ ਉਮੀਦਾਂ ਦਾ ਦਰਦ ਸੀ। ਗੁਰਪਿੰਦਰ ਜੀਤ ਦੇ ਦੱਸਣ ਮੁਤਾਬਿਕ ਪਹਿਲਾਂ ਨਿੱਜੀ ਡਾਕਟਰਾਂ ਕੋਲ ਦੌੜ-ਭੱਜ ਕੀਤੀ ਗਈ, ਫਿਰ ਮਾਤਾ ਨੂੰ ਰਾਜਿੰਦਰਾ ਹਸਪਤਾਲ, ਪਟਿਆਲਾ ਰੈਫਰ ਕਰ ਦਿੱਤਾ ਗਿਆ। ਦਵਾਈਆਂ ਚੱਲੀਆਂ, ਟੈਸਟ ਹੋਏ, ਪਰ ਹਾਲਤ ਸੁਧਰਨ ਦੀ ਬਜਾਏ ਹੋਰ ਗੰਭੀਰ ਹੋ ਗਈ । ਜਦੋਂ ਰਿਪੋਰਟ ਆਈ ਤਾਂ ਜਿਵੇਂ ਅਸਮਾਨ ਹੀ ਢਹਿ ਪਿਆ-ਮਾਂ ਨੂੰ ਬੱਚੇਦਾਨੀ ਦਾ ਕੈਂਸਰ ਸੀ। ਗੁਰਪਿੰਦਰ ਲਈ ਇਹ ਬਹੁਤ ਔਖੀ ਘੜੀ ਸੀ, ਇਹ ਉਸ ਮਾਂ ਦੀ ਜ਼ਿੰਦਗੀ ਦਾ ਸਵਾਲ ਸੀ 9 ਉਸਨੂੰ ਜਨਮ ਦੇਣ ਅਤੇ ਪਾਲਣ -ਪੋਸਣ ਵਾਲੀ ਮਾਂ ਅੱਜ ਜ਼ਿੰਦਗੀ ਅਤੇ ਮੌਤ ਨਾਲ ਜੂਝ ਰਹੀ ਸੀ । ਬਿਨਾਂ ਦੇਰ ਕੀਤੇ ਉਹ ਮਾਂ ਨੂੰ ਸੰਗਰੂਰ ਦੇ ਟਾਟਾ ਕੈਂਸਰ ਹਸਪਤਾਲ ਲੈ ਗਿਆ। ਇਲਾਜ ਸ਼ੁਰੂ ਹੋਇਆ, ਪਰ ਪਹਿਲੇ ਹੀ ਝਟਕੇ ਵਿੱਚ 60 ਹਜ਼ਾਰ ਰੁਪਏ ਤੋਂ ਵੱਧ ਖਰਚ ਹੋ ਗਏ। ਇੱਕ ਡਰਾਈਵਰ ਦੀ ਸੀਮਿਤ ਆਮਦਨ ਦੇ ਸਾਹਮਣੇ ਇਹ ਰਕਮ ਪਹਾੜ ਵਰਗੀ ਸੀ। ਗੁਰਪਿੰਦਰ ਦੇ ਮਨ ਵਿੱਚ ਇੱਕੋ ਸਵਾਲ ਸੀ "ਮਾਂ ਨੂੰ ਕਿਵੇਂ ਬਚਾਵਾਂ?" ਕਰਜ਼ਾ ਲੈਣ ਦੀ ਨੌਬਤ ਵੀ ਆ ਗਈ ਸੀ। ਓਦੋਂ , ਜਿਵੇਂ ਹਨੇਰੇ ਵਿੱਚ ਇੱਕ ਰੌਸ਼ਨੀ ਦੀ ਕਿਰਨ ਉਸਦੇ ਸਾਮ੍ਹਣੇ ਆਈ। ਹਸਪਤਾਲ ਵਿੱਚ ਉਸਨੂੰ ਨੇ ਮੁੱਖ ਮੰਤਰੀ ਸਿਹਤ ਯੋਜਨਾ ਬਾਰੇ ਪਤਾ ਲੱਗਾ।

ਹੋਰ ਦੇਰੀ ਨਾ ਕਰਦੇ ਹੋਏ ਗੁਰਪਿੰਦਰ ਨੇ ਉੱਥੇ ਹੀ ਰਜਿਸਟ੍ਰੇਸ਼ਨ ਕਰਵਾ ਲਿਆ। ਕੁਝ ਸਮੇਂ ਵਿੱਚ ਹੀ ਉਸ ਦੇ ਮੋਬਾਈਲ 'ਤੇ ਮੈਸੇਜ ਆ ਗਿਆ ਤੇ ਸਮਾਰਟ ਕਾਰਡ ਬਣ



ਗਿਆ। ਇਸ ਤੋਂ ਬਾਅਦ ਜੋ ਹੋਇਆ, ਉਹ ਉਸ ਲਈ ਕਿਸੇ ਚਮਤਕਾਰ ਤੋਂ ਘੱਟ ਨਹੀਂ ਸੀ। ਲੱਖਾਂ ਰੁਪਏ ਦਾ ਇਲਾਜ "ਜਿਸ ਵਿੱਚ ਮਹਿੰਗੇ ਟੈਸਟ, ਵਾਰ-ਵਾਰ ਕੀਮੋਥੈਰੇਪੀ, ਦਵਾਈਆਂ, ਆਪਰੇਸ਼ਨ, ਆਈਸੀਯੂ, ਵੈਂਟੀਲੇਟਰ ਤੇ ਹਸਪਤਾਲ ਵਿੱਚ ਰਹਿਣ-ਖਾਣ ਤੱਕ ਦਾ ਖਰਚ ਸ਼ਾਮਲ ਸੀ" ਸਾਰਾ ਖਰਚ ਸਰਕਾਰ ਨੇ ਝੱਲਿਆ। ਗੁਰਪਿੰਦਰ ਦੀਆਂ ਅੱਖਾਂ ਭਰ ਆਉਂਦੀਆਂ ਹਨ ਜਦੋਂ ਉਹ ਕਹਿੰਦਾ ਹੈ, "ਮਾਂ ਤਾਂ ਮਾਂ ਹੁੰਦੀ ਹੈ" ਉਸਨੂੰ ਹਰ ਹਾਲ ਵਿੱਚ ਬਚਾਉਣਾ ਸੀ। ਪੈਸੇ ਨਹੀਂ ਸਨ, ਪਰ ਰੱਬ ਨੇ ਇਸ ਯੋਜਨਾ ਦੇ ਰੂਪ ਵਿੱਚ ਰਸਤਾ ਵਿਖਾ ਦਿੱਤਾ। "ਡਾਕਟਰਾਂ ਲਈ ਵੀ ਇਹ ਕੇਸ ਬਹੁਤ ਚੁਣੌਤੀਪੂਰਨ ਸੀ। ਕੈਂਸਰ ਬੱਚੇਦਾਨੀ ਤੋਂ ਵੱਧ ਕੇ ਲੀਵਰ ਅਤੇ ਫੇਫੜਿਆਂ ਤੱਕ ਫੈਲ ਗਿਆ ਸੀ। ਪਹਿਲਾਂ ਤਿੰਨ ਵਾਰ ਕੀਮੋਥੈਰੇਪੀ ਦਿੱਤੀ ਗਈ, ਪਰ ਸਰੀਰ ਕਮਜ਼ੋਰ ਹੋਣ ਕਰਕੇ ਸਾਈਡ ਇਫੈਕਟ ਸਾਹਮਣੇ ਆਏ। ਫਿਰ ਹੌਲੀ-ਹੌਲੀ ਡੋਜ਼ ਘੱਟ ਕਰਕੇ ਨੌ ਵਾਰ ਹੋਰ ਕੀਮੋਥੈਰੇਪੀ ਦਿੱਤੀ ਗਈ।

ਇਲਾਜ ਤੋਂ ਬਾਅਦ ਟਿਊਮਰ ਇੱਕ ਥਾਂ 'ਤੇ ਸਿਮਟ ਗਿਆ ਅਤੇ ਡਾਕਟਰਾਂ ਨੇ ਲਗਭਗ ਅੱਠ ਘੰਟੇ ਲੰਬਾ ਆਪਰੇਸ਼ਨ ਕਰਕੇ ਉਸਨੂੰ ਕੱਢ ਦਿੱਤਾ। 35 ਤੋਂ 40 ਟਾਂਕਿਆਂ ਨਾਲ ਮਾਂ ਨੇ ਦਰਦ ਸਹਿੰਦੇ ਹੋਏ ਵੀ ਜ਼ਿੰਦਗੀ ਦੀ ਡੋਰ ਫੜ੍ਹੀ ਰੱਖੀ। ਮਾਂ ਆਪਰੇਸ਼ਨ ਤੋਂ ਬਾਅਦ ਦੋ-ਤਿੰਨ ਦਿਨਾਂ ਲਈ ਆਈਸੀਯੂ ਵਿੱਚ ਤੇ ਵੈਂਟੀਲੇਟਰ 'ਤੇ ਰਹੀ, ਫਿਰ ਉਹਨਾਂ ਨੂੰ ਵਾਰਡ ਵਿੱਚ ਸ਼ਿਫ਼ਟ ਕਰ ਦਿੱਤਾ ਗਿਆ। ਗੁਰਪਿੰਦਰ ਹਰ ਵੇਲੇ ਮਾਂ ਦੇ ਕੋਲ ਬੈਠਾ ਰਹਿੰਦਾ-ਕਦੇ ਦਵਾਈ ਦਿੰਦਾ, ਕਦੇ ਸਿਰ ਸਹਿਲਾਉਂਦਾ। ਅੱਠ ਦਿਨ ਹਸਪਤਾਲ ਵਿੱਚ ਬਿਤਾਉਣ ਤੋਂ ਬਾਅਦ ਜਦੋਂ ਮਾਂ ਦੀ ਹਾਲਤ ਸੁਧਰਨ ਲੱਗੀ, ਤਾਂ ਜਿਵੇਂ ਉਨ੍ਹਾਂ ਦੀ ਦੁਨੀਆ ਵਾਪਸ ਆ ਗਈ। 24 ਨਵੰਬਰ 2025 ਤੋਂ ਸ਼ੁਰੂ ਹੋਇਆ ਇਹ ਸਫ਼ਰ ਅਜੇ ਵੀ ਜਾਰੀ ਹੈ। ਅਗਲੇ ਇਲਾਜ ਤੇ ਜਾਂਚ ਲਈ ਉਹ ਮੁੱਲਾਂਪੁਰ ਸਥਿਤ ਹਸਪਤਾਲ ਵਿੱਚ ਫਾਲੋਅਪ ਲਈ ਜਾਣਗੇ। ਕੁੱਝ ਦਵਾਈਆਂ ਜੋ ਹਸਪਤਾਲ ਵਿੱਚ ਉਪਲੱਬਧ ਨਹੀਂ ਸਨ, ਉਹਨਾਂ ਦਾ ਖਰਚ ਗੁਰਪਿੰਦਰ ਨੇ ਆਪ ਉਠਾਇਆ, ਪਰ ਬਾਕੀ ਸਾਰਾ ਇਲਾਜ ਯੋਜਨਾ ਅਧੀਨ ਮੁਫ਼ਤ ਹੋਇਆ। ਇਹ ਸਿਰਫ਼ ਇਲਾਜ ਦੀ ਕਹਾਣੀ ਨਹੀਂ, ਸਗੋਂ ਇੱਕ ਪੁੱਤਰ ਦੇ ਸੰਘਰਸ਼,ਮਾਂ ਲਈ ਪਿਆਰ ਅਤੇ ਇੱਕ ਅਜਿਹੀ ਯੋਜਨਾ ਦੀ ਕਹਾਣੀ ਹੈ; ਜਿਸ ਨੇ ਮੁਸ਼ਕਲ ਵੇਲੇ ਵਿੱਚ ਸਹਾਰਾ ਬਣ ਕੇ ਇੱਕ ਪਰਿਵਾਰ ਨੂੰ ਟੁੱਟਣ ਤੋਂ ਬਚਾ ਲਿਆ।ਇਹ ਸਫ਼ਰ ਇਸ ਪਰਿਵਾਰ ਲਈ ਗੰਭੀਰ ਬੀਮਾਰੀ ਦੀ ਕਠੋਰ ਹਕੀਕਤ ਨੂੰ ਬਿਆਨ ਕਰਦਾ ਹੈ, ਨਾਲ ਹੀ ਇਹ ਵੀ ਦਰਸਾਉਂਦਾ ਹੈ ਕਿ ਸੁਲਭ ਸਿਹਤ ਸੇਵਾਵਾਂ ਅਤੇ ਪ੍ਰਭਾਵਸ਼ਾਲੀ ਸਰਕਾਰੀ ਮਦਦ ਕਿੰਨੀ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ। ਇਹ ਯਕੀਨੀ ਬਣਾਉਂਦਾ ਹੈ ਕਿ ਆਰਥਿਕ ਤੰਗੀ ਕਿਸੇ ਵੀ ਵਿਅਕਤੀ ਦੇ ਜੀਵਨ ਬਚਾਉਣ ਵਾਲੇ ਇਲਾਜ ਦੇ ਰਾਹ ਵਿੱਚ ਰੁਕਾਵਟ ਨਾ ਬਣੇ।



## ਸੰਪਾਦਕੀ

# ਕੇਂਦਰੀ ਏਜੰਸੀ ਦੀ ਦੁਰਵਰਤੋਂ

ਲੋਕਤੰਤਰ ਵਿੱਚ ਕੇਂਦਰੀ ਜਾਂਚ ਏਜੰਸੀਆਂ ਜਿਵੇਂ ਕਿ ਸੀਬੀਆਈ (ਕੇਂਦਰੀ ਜਾਂਚ ਬਿਊਰੋ), ਈਡੀ (ਪ੍ਰਵਰਤਨ ਨਿਦੇਸ਼ਾਲਿਆ) ਅਤੇ ਆਈਟੀ (ਆਮਦਨ ਕਰ ਵਿਭਾਗ) ਨਿਰਪੱਖਤਾ, ਕਾਨੂੰਨ ਦੀ ਉੱਚਤਾ ਅਤੇ ਨਿਆਂ ਦੀ ਰਾਖੀ ਲਈ ਸਥਾਪਿਤ ਕੀਤੀਆਂ ਗਈਆਂ ਹਨ। ਪਰ ਜਦੋਂ ਇਹ ਸੰਸਥਾਵਾਂ ਸੱਤਾਧਾਰੀ ਦਲਾਂ ਦੇ ਰਾਜਨੀਤਿਕ ਹਥਿਆਰ ਬਣ ਜਾਂਦੀਆਂ ਹਨ, ਤਾਂ ਇਹ ਲੋਕਤੰਤਰ ਦੀਆਂ ਜੜ੍ਹਾਂ ਨੂੰ ਖੋਖਲਾ ਕਰ ਦਿੰਦੀਆਂ ਹਨ। ਇਹ ਸਮੱਸਿਆ ਅੱਜ ਦੇ ਭਾਰਤ ਵਿੱਚ ਇੱਕ ਗੰਭੀਰ ਬਹਿਸ ਦਾ ਵਿਸ਼ਾ ਬਣੀ ਹੋਈ ਹੈ। ਕੇਂਦਰੀ ਜਾਂਚ ਏਜੰਸੀਆਂ ਦੀ ਰਾਜਨੀਤਿਕ ਦੁਰਵਰਤੋਂ ਦਾ ਮਤਲਬ ਹੈ — ਵਿਰੋਧੀ ਧਿਰ ਦੇ ਨੇਤਾਵਾਂ, ਪੱਤਰਕਾਰਾਂ, ਸਮਾਜਿਕ ਕਾਰਕੁੰਨਾਂ ਜਾਂ ਸਰਕਾਰ ਦੀ ਆਲੋਚਨਾ ਕਰਨ ਵਾਲੇ ਕਿਸੇ ਵੀ ਵਿਅਕਤੀ ਵਿਰੁੱਧ ਜਾਂਚ ਏਜੰਸੀਆਂ ਦਾ ਇਸਤੇਮਾਲ ਕਰਕੇ ਉਨ੍ਹਾਂ ਨੂੰ ਡਰਾਉਣਾ, ਧਮਕਾਉਣਾ ਜਾਂ ਨਿਆਂਇਕ ਜਾਲ ਵਿੱਚ ਫਸਾਉਣਾ। ਇਸ ਵਿੱਚ ਛਾਪੇਮਾਰੀਆਂ, ਗ੍ਰਿਫ਼ਤਾਰੀਆਂ ਅਤੇ ਜਾਂਚਾਂ ਸ਼ਾਮਲ ਹੁੰਦੀਆਂ ਹਨ ਜੋ ਅਕਸਰ ਚੋਣਾਂ ਤੋਂ ਪਹਿਲਾਂ ਤੇਜ਼ ਹੋ ਜਾਂਦੀਆਂ ਹਨ। ਭਾਰਤ ਵਿੱਚ ਇਹ ਸਮੱਸਿਆ ਕੋਈ ਨਵੀਂ ਨਹੀਂ ਹੈ। ਸੁਪਰੀਮ ਕੋਰਟ ਨੇ 1997 ਵਿੱਚ ਵਿਨੀਤ ਨਰਾਇਣ ਬਨਾਮ ਭਾਰਤ ਸਰਕਾਰ ਮਾਮਲੇ ਵਿੱਚ ਸੀਬੀਆਈ ਨੂੰ 'ਪਿੰਜਰੇ ਦਾ ਤੋਤਾ' ਕਿਹਾ ਸੀ। ਹਰ ਸਰਕਾਰ ਦੇ ਦੌਰ ਵਿੱਚ ਵਿਰੋਧੀ ਧਿਰ ਦੇ ਨੇਤਾਵਾਂ ਵਿਰੁੱਧ ਜਾਂਚਾਂ ਦੀ ਗਿਣਤੀ ਵੱਧਦੀ ਰਹੀ ਹੈ। ਕਾਂਗਰਸ ਅਤੇ ਭਾਜਪਾ ਦੋਵਾਂ ਦੇ ਸ਼ਾਸਨਕਾਲ ਵਿੱਚ ਇਹ ਦੋਸ਼ ਲੱਗਦੇ ਰਹੇ ਹਨ, ਜੋ ਦਰਸਾਉਂਦਾ ਹੈ ਕਿ ਇਹ ਕਿਸੇ ਇੱਕ ਪਾਰਟੀ ਦੀ ਸਮੱਸਿਆ ਨਹੀਂ ਬਲਕਿ ਪ੍ਰਣਾਲੀਗਤ ਖਾਮੀ ਹੈ। ਜਦੋਂ ਜਾਂਚ ਏਜੰਸੀਆਂ ਰਾਜਨੀਤਿਕ ਦਬਾਅ ਹੇਠ ਕੰਮ ਕਰਦੀਆਂ ਹਨ, ਤਾਂ ਇਸ ਦੇ ਕਈ ਮਾੜੇ ਨਤੀਜੇ ਨਿਕਲਦੇ ਹਨ। ਪਹਿਲਾਂ, ਵਿਰੋਧੀ ਧਿਰ ਦੀ ਆਵਾਜ਼ ਦੱਬੀ ਜਾਂਦੀ ਹੈ ਅਤੇ ਸੰਸਦੀ ਲੋਕਤੰਤਰ ਕਮਜ਼ੋਰ ਪੈਂਦਾ ਹੈ। ਦੂਜਾ, ਪ੍ਰੈੱਸ ਦੀ ਆਜ਼ਾਦੀ ਖ਼ਤਰੇ ਵਿੱਚ ਪੈਂਦੀ ਹੈ, ਕਿਉਂਕਿ ਪੱਤਰਕਾਰ ਅਤੇ ਸੰਪਾਦਕ ਡਰਦੇ ਹਨ। ਤੀਜਾ, ਆਮ ਨਾਗਰਿਕ ਦਾ ਭਰੋਸਾ ਕਾਨੂੰਨੀ ਸੰਸਥਾਵਾਂ ਤੋਂ ਉੱਠ ਜਾਂਦਾ ਹੈ। ਇਸ ਤਰ੍ਹਾਂ ਲੋਕਤੰਤਰ ਬਾਹਰੋਂ ਤਾਂ ਜ਼ਿੰਦਾ ਰਹਿੰਦਾ ਹੈ, ਪਰ ਅੰਦਰੋਂ ਖੋਖਲਾ ਹੋ ਜਾਂਦਾ ਹੈ। ਇਹ ਸਮੱਸਿਆ ਸਿਰਫ਼ ਭਾਰਤ ਵਿੱਚ ਹੀ ਨਹੀਂ ਹੈ। ਤੁਰਕੀ, ਹੰਗਰੀ ਅਤੇ ਪਾਕਿਸਤਾਨ ਵਰਗੇ ਦੇਸ਼ਾਂ ਵਿੱਚ ਵੀ ਜਾਂਚ ਏਜੰਸੀਆਂ ਦੀ ਦੁਰਵਰਤੋਂ ਲੋਕਤੰਤਰ ਨੂੰ ਕਮਜ਼ੋਰ ਕਰਨ ਦਾ ਸਾਧਨ ਬਣ ਗਈ ਹੈ। ਇੱਥੋਂ ਤੱਕ ਕਿ ਅਮਰੀਕਾ ਵਰਗੇ ਵਿਕਸਤ ਲੋਕਤੰਤਰਾਂ ਵਿੱਚ ਵੀ ਐੱਫ.ਬੀ.ਆਈ. ਦੀ ਸੁਤੰਤਰਤਾ ਨੂੰ ਲੈ ਕੇ ਸਵਾਲ ਉੱਠਦੇ ਰਹੇ ਹਨ, ਜੋ ਦਰਸਾਉਂਦਾ ਹੈ ਕਿ ਸੰਸਥਾਈ ਸੁਤੰਤਰਤਾ ਦੀ ਰਾਖੀ ਕਿੰਨੀ ਜ਼ਰੂਰੀ ਹੈ। ਇਸ ਸਮੱਸਿਆ ਦੇ ਹੱਲ ਲਈ ਕਈ ਕਦਮ ਜ਼ਰੂਰੀ ਹਨ। ਜਾਂਚ ਏਜੰਸੀਆਂ ਦੇ ਮੁਖੀਆਂ ਦੀ ਨਿਯੁਕਤੀ ਅਤੇ ਹਟਾਉਣਾ ਸੰਸਦੀ ਕਮੇਟੀਆਂ ਦੀ ਸਲਾਹ ਨਾਲ ਹੋਣਾ ਚਾਹੀਦਾ ਹੈ। ਵਿੱਤੀ ਖੁਦਮੁਖਤਿਆਰੀ ਯਕੀਨੀ ਬਣਾਈ ਜਾਵੇ ਤਾਂ ਕਿ ਬਜਟ ਕਟੌਤੀ ਦਾ ਡਰ ਨਾ ਰਹੇ। ਜਾਂਚ ਦੇ ਸ਼ੁਰੂ ਤੋਂ ਲੈ ਕੇ ਨਿਪਟਾਰੇ ਤੱਕ ਪਾਰਦਰਸ਼ਤਾ ਹੋਣੀ ਚਾਹੀਦੀ ਹੈ। ਸੁਪਰੀਮ ਕੋਰਟ ਦੀ ਨਿਗਰਾਨੀ ਹੇਠ ਇੱਕ ਸੁਤੰਤਰ ਨਿਗਰਾਨੀ ਬੋਰਡ ਬਣਾਇਆ ਜਾਵੇ। ਲੋਕਤੰਤਰ ਦੀ ਰਾਖੀ ਸਿਰਫ਼ ਸੰਸਥਾਵਾਂ ਦਾ ਕੰਮ ਨਹੀਂ। ਜਾਗਰੂਕ ਨਾਗਰਿਕ, ਸੁਤੰਤਰ ਮੀਡੀਆ, ਸਿਵਲ ਸੋਸਾਇਟੀ ਅਤੇ ਨਿਆਂਪਾਲਿਕਾ — ਇਹ ਸਾਰੇ ਮਿਲ ਕੇ ਜਾਂਚ ਏਜੰਸੀਆਂ ਦੀ ਦੁਰਵਰਤੋਂ ਨੂੰ ਰੋਕ ਸਕਦੇ ਹਨ। ਜਦੋਂ ਨਾਗਰਿਕ ਸਵਾਲ ਪੁੱਛਣਾ ਬੰਦ ਕਰ ਦਿੰਦੇ ਹਨ, ਤਾਂ ਤਾਕਤ ਦੁਰਵਰਤੋਂ ਦਾ ਰਾਹ ਖੁੱਲ੍ਹ ਜਾਂਦਾ ਹੈ। ਕੇਂਦਰੀ ਜਾਂਚ ਏਜੰਸੀਆਂ ਲੋਕਤੰਤਰ ਦੀ ਰਾਖੀ ਲਈ ਜ਼ਰੂਰੀ ਹਨ, ਪਰ ਜਦੋਂ ਇਹੀ ਏਜੰਸੀਆਂ ਰਾਜਨੀਤਿਕ ਮੰਤਵਾਂ ਲਈ ਵਰਤੀਆਂ ਜਾਣ, ਤਾਂ ਇਹ ਉਸੇ ਲੋਕਤੰਤਰ ਲਈ ਸਭ ਤੋਂ ਵੱਡਾ ਖ਼ਤਰਾ ਬਣ ਜਾਂਦੀਆਂ ਹਨ। ਸੰਸਥਾਈ ਸੁਤੰਤਰਤਾ, ਸੰਵਿਧਾਨਕ ਸੁਧਾਰ ਅਤੇ ਨਾਗਰਿਕ ਚੇਤਨਾ ਹੀ ਇਸ ਚੁਣੌਤੀ ਦਾ ਸਥਾਈ ਹੱਲ ਹੈ। ਭਾਰਤ ਵਰਗੇ ਵਿਸ਼ਾਲ ਲੋਕਤੰਤਰ ਵਿੱਚ ਜਾਂਚ ਏਜੰਸੀਆਂ ਦੀ ਨਿਰਪੱਖਤਾ ਨੂੰ ਕਾਇਮ ਰੱਖਣਾ ਹੀ ਸੱਚੇ ਲੋਕਤੰਤਰ ਦੀ ਕਸੌਟੀ ਹੈ।

**-ਜਗਜੀਤ ਸਿੰਘ ਦਰਦੀ**

# ਮਹਿਲਾ ਰਾਖਵਾਂਕਰਨ ਬਿੱਲ 'ਤੇ ਪ੍ਰਧਾਨ ਮੰਤਰੀ ਮੋਦੀ ਦੇ ਸੰਬੋਧਨ ਨੇ ਸਾਫ ਕਰ ਦਿੱਤੀ 21ਵੀਂ ਸਦੀ ਦੀ ਔਰਤ ਦੀ ਸ਼ਕਤੀ ਦੀ ਤਾਕਤ

## ਦੇਸ਼ ਦੇ ਨਾਮ ਸੰਬੋਧਨ ਨਾਲ ਵਿਰੋਧੀਆਂ ਨੂੰ ਸੁਣਾ ਦਿੱਤੀਆਂ ਖਰੀਆਂ ਖਰੀਆਂ
## ਨਾਰੀ ਸ਼ਕਤੀ ਵੰਧਨ ਬਿੱਲ ਰੁਕੇਗਾ ਨਹੀਂ, ਇਹ 21ਵੀਂ ਸਦੀ ਦੀ ਨਾਰੀ ਦੀ ਸ਼ਕਤੀ ਦਾ ਪ੍ਰਾਕਰਮ



ਪ੍ਰੋ . ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉੱਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ



ਪ੍ਰਧਾਨ ਮੰਤਰੀ ਮੋਦੀ ਨੇ ਦੇਸ਼ ਦੇ ਨਾਮ ਆਪਣੇ ਇਤਿਹਾਸਿਕ ਸੰਬੋਧਨ ਵਿੱਚ ਨਾਰੀ ਸ਼ਕਤੀ ਵੰਦਨ ਬਿੱਲ ਉੱਤੇ ਇਤਿਹਾਸਕ ਚੈਲੇਂਜ ਕਰਦਿਆਂ ਵਿਰੋਧੀ ਕਾਂਗਰਸ ਨੇ ਜੋ ਕੀਤਾ, ਉਸ ਪਾਪ ਨੂੰ, ਮਹਿਲਾਵਾਂ ਕਦੇ ਨਹੀਂ ਮਾਫ਼ ਕਰਨਗੀਆਂ। ਅੱਜ ਪ੍ਰਧਾਨ ਮੰਤਰੀ ਮੋਦੀ ਨੇ ਦੇਸ਼ ਦੇ ਨਾਮ ਇੱਕ ਮਹੱਤਵਪੂਰਨ ਸੰਬੋਧਨ ਵਿੱਚ ਨਾਰੀ ਸ਼ਕਤੀ ਵੰਦਨ ਅਧਿਨਿਯਮ (ਮਹਿਲਾ ਰਾਖਵਾਂ ਬਿੱਲ) ਨੂੰ ਲਾਗੂ ਕਰਨ ਲਈ ਚੱਲ ਰਹੀ ਬਹਿਸ ਅਤੇ ਵੋਟਿੰਗ ਵਾਲੀਆਂ ਘਟਨਾਵਾਂ ਬਾਰੇ ਪੂਰੀ ਤਰ੍ਹਾਂ ਖੁਲਾਸਾ ਕੀਤਾ। ਉਨ੍ਹਾਂ ਨੇ ਇਸ ਬਿੱਲ ਨੂੰ ਰੋਕਣ ਦੀਆਂ ਕੋਸ਼ਿਸ਼ਾਂ ਨੂੰ ਇੱਕ ਇਤਿਹਾਸਕ ਗਲਤੀ ਦੱਸਦਿਆਂ ਕਿਹਾ ਕਿ ਇਸ ਵਿੱਚ ਵਿਰੋਧੀ ਧਿਰਾਂ, ਖਾਸ ਕਰਕੇ ਕਾਂਗਰਸ ਅਤੇ ਉਸ ਦੀਆਂ ਸਹਿਯੋਗੀ ਪਾਰਟੀਆਂ, ਨੇ ਮਹਿਲਾਵਾਂ ਨਾਲ ਵੱਡਾ ਧੋਖਾ ਕੀਤਾ ਹੈ। ਅੱਜ ਪ੍ਰਧਾਨ ਮੰਤਰੀ ਨੇ ਸਿੱਧਾ ਚੈਲੇਂਜ ਕੀਤਾ ਕਿ ਇਹ ਪਾਪ ਕਾਂਗਰਸ ਨੇ ਕੀਤਾ ਹੈ ਅਤੇ ਦੇਸ਼ ਦੀਆਂ ਕਰੋੜਾਂ ਮਹਿਲਾਵਾਂ ਇਸ ਨੂੰ ਕਦੇ ਵੀ ਮਾਫ਼ ਨਹੀਂ ਕਰਨਗੀਆਂ। ਉਨ੍ਹਾਂ ਨੇ ਇਸ ਬਿਲ ਨੂੰ ਨਾਰੀ ਸ਼ਕਤੀ ਦਾ ਅਧਿਕਾਰ ਦੱਸਿਆ ਅਤੇ ਵਿਰੋਧੀਆਂ ਨੂੰ ਚੇਤਾਵਨੀ ਦਿੱਤੀ ਕਿ ਇਸ ਫੈਸਲੇ ਦਾ ਰਾਜਨੀਤਿਕ ਖਾਤਮਾ ਉਨ੍ਹਾਂ ਲਈ ਭਾਰੀ ਪਵੇਗਾ।ਇਸ ਸੰਬੋਧਨ ਵਿੱਚ ਪ੍ਰਧਾਨ ਮੰਤਰੀ ਨੇ ਬਿਲ ਦੀ ਮਹੱਤਤਾ, ਇਸ ਨੂੰ ਰੋਕਣ ਵਾਲੀਆਂ ਤਾਕਤਾਂ ਦੀਆਂ ਮਨਸ਼ਾਵਾਂ ਅਤੇ ਭਵਿੱਖ ਵਿੱਚ ਭਾਰਤੀ ਰਾਜਨੀਤੀ ਉੱਤੇ ਪੈਣ ਵਾਲੇ ਪ੍ਰਭਾਵ ਬਾਰੇ ਵਿਸਥਾਰ ਨਾਲ ਚਰਚਾ ਕੀਤੀ। ਉਨ੍ਹਾਂ ਨੇ ਕਿਹਾ ਕਿ 2023 ਵਿੱਚ ਪਾਸ ਹੋਏ ਨਾਰੀ ਸ਼ਕਤੀ ਵੰਦਨ ਅਧਿਨਿਯਮ ਨੂੰ 2029 ਤੱਕ ਲਾਗੂ ਕਰਨ ਲਈ ਡੀਲਿਮੀਟੇਸ਼ਨ ਅਤੇ ਸੀਟਾਂ ਵਧਾਉਣ ਵਾਲਾ ਬਿਲ ਲਿਆਂਦਾ ਗਿਆ ਸੀ, ਪਰ ਵਿਰੋਧੀ ਧਿਰਾਂ ਨੇ ਤਕਨੀਕੀ ਬਹਾਨਿਆਂ ਅਤੇ ਉੱਤਰ-ਦੱਖਣ ਵੰਡ ਨੂੰ ਉਕਸਾ ਕੇ ਇਸ ਨੂੰ ਰੋਕਣ ਦੀ ਕੋਸ਼ਿਸ਼ ਕੀਤੀ।

ਅੱਜ ਇਸ ਨਾਲ ਲੋਕ ਸਭਾ ਵਿੱਚ ਬਿਲ ਨੂੰ ਲੋੜੀਂਦਾ ਬਹੁਮਤ ਨਾ ਮਿਲ ਸਕਿਆ ਅਤੇ ਇਹ ਇੱਕ ਇਤਿਹਾਸਕ ਮੌਕਾ ਖੁੰਝ ਗਿਆ।ਪ੍ਰਧਾਨ ਮੰਤਰੀ ਨੇ ਆਪਣੇ ਭਾਸ਼ਣ ਵਿੱਚ ਬਿਲ ਦੀ ਪਿਛੋਕੜ ਤੋਂ ਲੈ ਕੇ ਵਰਤਮਾਨ ਬਹਿਸ ਤੱਕ ਸਭ ਕੁਝ ਸਾਫ਼ ਕੀਤਾ। ਉਨ੍ਹਾਂ ਯਾਦ ਕਰਵਾਇਆ ਕਿ ਮਹਿਲਾਵਾਂ ਲਈ ਰਾਜਨੀਤਿਕ ਰਾਖਵੀਆਂ ਸੀਟਾਂ ਦੀ ਮੰਗ ਤੀਹ ਸਾਲਾਂ ਤੋਂ ਚੱਲ ਰਹੀ ਹੈ। 1996 ਵਿੱਚ ਪਹਿਲੀ ਵਾਰ ਬਿਲ ਲਿਆਂਦਾ ਗਿਆ ਸੀ, ਪਰ ਕਾਂਗਰਸ ਵਰਗੀਆਂ ਪਾਰਟੀਆਂ ਨੇ ਵਾਰ-ਵਾਰ ਇਸ ਨੂੰ ਲਟਕਾਇਆ। 2023 ਵਿੱਚ ਭਾਜਪਾ ਸਰਕਾਰ ਨੇ ਇਸ ਨੂੰ ਪਾਸ ਕਰਵਾਇਆ, ਪਰ ਲਾਗੂ ਕਰਨ ਲਈ ਡੀਲਿਮੀਟੇਸ਼ਨ ਦੀ ਲੋੜ ਸੀ।

ਹੁਣ 2026 ਵਿੱਚ ਲਿਆਂਦੇ ਗਏ ਤਿੰਨ ਬਿੱਲਾਂ (ਸੰਵਿਧਾਨਕ ਸੋਧ, ਡੀਲਿਮੀਟੇਸ਼ਨ ਅਤੇ ਯੂਟੀਜ਼ ਲਈ ਪ੍ਰਬੰਧ) ਨਾਲ ਲੋਕ ਸਭਾ ਸੀਟਾਂ 543 ਤੋਂ ਵਧਾ ਕੇ 850 ਕਰਨ ਅਤੇ 33 ਫੀਸਦੀ ਰਾਖਵੀਆਂ ਸੀਟਾਂ 2029 ਤੋਂ ਲਾਗੂ ਕਰਨ ਦਾ ਰਾਹ ਖੁੱਲ੍ਹਿਆ ਸੀ। ਪਰ ਵਿਰੋਧੀਆਂ ਨੇ ਇਸ ਨੂੰ ਰੋਕਣ ਲਈ ਉੱਤਰੀ ਰਾਜਾਂ ਵਿੱਚ ਵਧੇਰੇ ਸੀਟਾਂ ਮਿਲਣ ਵਾਲੀ ਗੱਲ ਨੂੰ ਉਕਸਾਇਆ ਅਤੇ ਡੀਲਿਮੀਟੇਸ਼ਨ ਨੂੰ ਉੱਤਰ ਵਿਰੋਧੀ ਦੱਸਿਆ। ਅੱਜ ਪ੍ਰਧਾਨ ਮੰਤਰੀ ਨੇ ਸਿੱਧਾ ਇਲਜ਼ਾਮ ਲਾਇਆ ਕਿ ਕਾਂਗਰਸ ਨੇ ਇੱਕ ਵਾਰ ਫਿਰ ਮਹਿਲਾਵਾਂ ਨਾਲ ਧੋਖਾ ਕੀਤਾ ਹੈ। ਉਨ੍ਹਾਂ ਕਿਹਾ ਕਿ ਜਦੋਂ ਬਿੱਲ ਭਵਿੱਖ ਵਿੱਚ ਲਾਗੂ ਹੋਣ ਵਾਲਾ ਸੀ ਤਾਂ ਵਿਰੋਧੀ ਧਿਰਾਂ ਨੇ ਇਸ ਦਾ ਸਮਰਥਨ ਕੀਤਾ, ਪਰ ਜਦੋਂ ਇਹ 2029 ਤੋਂ ਲਾਗੂ ਹੋਣ ਵਾਲਾ ਬਣ ਗਿਆ ਤਾਂ ਉਨ੍ਹਾਂ ਨੇ ਇਸ ਨੂੰ ਰੋਕਣ ਲਈ ਸਭ ਕੁਝ ਕੀਤਾ। ਇਸ ਨੂੰ ਪਾਪ ਦੱਸਦਿਆਂ ਪ੍ਰਧਾਨ ਮੰਤਰੀ ਨੇ ਚੇਤਾਵਨੀ ਦਿੱਤੀ ਕਿ ਦੇਸ਼ ਦੀਆਂ ਮਹਿਲਾਵਾਂ ਇਸ ਨੂੰ ਕਦੇ ਨਹੀਂ ਭੁੱਲਣਗੀਆਂ ਅਤੇ ਰਾਜਨੀਤਿਕ ਤੌਰ 'ਤੇ ਇਸ ਦਾ ਖਾਤਮਾ ਵਿਰੋਧੀਆਂ ਲਈ ਭਾਰੀ ਹੋਵੇਗਾ। ਉਨ੍ਹਾਂ ਨੇ ਕਿਹਾ ਕਿ ਕਰੋੜਾਂ ਮਹਿਲਾਵਾਂ ਟੀਵੀ ਅਤੇ ਸੋਸ਼ਲ ਮੀਡੀਆ ਰਾਹੀਂ ਇਸ ਬਹਿਸ ਨੂੰ ਵੇਖ ਰਹੀਆਂ ਹਨ ਅਤੇ ਉਨ੍ਹਾਂ ਦੀਆਂ ਭਾਵਨਾਵਾਂ ਨਾਲ ਖਿਲਵਾੜ ਨਾ ਕੀਤਾ ਜਾਵੇ।

ਅੱਜ ਇਸ ਭਾਸ਼ਣ ਵਿੱਚ ਪ੍ਰਧਾਨ ਮੰਤਰੀ ਨੇ ਡੀਲਿਮੀਟੇਸ਼ਨ ਬਾਰੇ ਵੀ ਸਪੱਸ਼ਟੀਕਰਨ ਕੀਤਾ। ਉਨ੍ਹਾਂ ਕਿਹਾ ਕਿ ਇਸ ਪ੍ਰਕਿਰਿਆ ਵਿੱਚ ਕਿਸੇ ਰਾਜ ਨਾਲ ਭੇਦਭਾਵ ਨਹੀਂ ਕੀਤਾ ਜਾਵੇਗਾ। ਲੋਕ ਸਭਾ ਸੀਟਾਂ ਵਧਾਉਣ ਨਾਲ ਹਰ ਰਾਜ ਦੀਆਂ ਸੀਟਾਂ ਵਧਣਗੀਆਂ ਅਤੇ ਅਨੁਪਾਤ ਬਰਕਰਾਰ ਰਹੇਗਾ। ਦੱਖਣੀ ਰਾਜਾਂ (ਜਿਵੇਂ ਤਮਿਲਨਾਡੂ, ਕੇਰਲਾ) ਨੂੰ ਭਰੋਸਾ ਦਿੱਤਾ ਗਿਆ ਕਿ ਉਨ੍ਹਾਂ ਦੀ ਨੁਮਾਇੰਦਗੀ ਘਟਣ ਨਹੀਂ ਦਿੱਤੀ ਜਾਵੇਗੀ। ਫਿਰ ਵੀ ਵਿਰੋਧੀ ਧਿਰਾਂ ਨੇ ਇਸ ਨੂੰ ਉੱਤਰੀ ਰਾਜਾਂ ਦੇ ਫਾਇਦੇ ਵਜੋਂ ਪੇਸ਼ ਕੀਤਾ ਅਤੇ ਬਿਲ ਰੋਕਣ ਵਿੱਚ ਯੋਗਦਾਨ ਪਾਇਆ।

ਅੱਜ ਇਸ ਨਾਲ ਰਾਜੀਆਂ ਵਿਚਾਲੇ ਤਣਾਅ ਵਧਣ ਦਾ ਖਤਰਾ ਪੈਦਾ ਹੋਇਆ ਹੈ।ਰਾਜਨੀਤਿਕ ਪ੍ਰਸਾਰ ਅਤੇ ਭਵਿੱਖੀ ਪ੍ਰਭਾਵਪ੍ਰਧਾਨ ਮੰਤਰੀ ਦੇ ਇਸ ਭਾਸ਼ਣ ਨੇ ਰਾਜਨੀਤਿਕ ਮਾਹੌਲ ਨੂੰ ਤੇਜ਼ ਕਰ ਦਿੱਤਾ ਹੈ। ਭਾਜਪਾ ਇਸ ਨੂੰ ਇੱਕ ਰਾਸ਼ਟਰੀ ਮੁੱਦਾ ਬਣਾ ਕੇ ਮਹਿਲਾਵਾਂ ਵੋਟਰਾਂ ਵਿੱਚ ਆਪਣੀ ਪਕੜ ਮਜ਼ਬੂਤ ਕਰਨਾ ਚਾਹੁੰਦੀ ਹੈ। ਉਨ੍ਹਾਂ ਨੇ ਵਿਰੋਧੀਆਂ ਨੂੰ ਮਹਿਲਾਵਾਂ ਵਿਰੋਧੀ ਦੱਸ ਕੇ ਇੱਕ ਨਵਾਂ ਨੈਰੇਟਿਵ ਰਚਿਆ ਹੈ। ਇਸ ਨਾਲ ਆਉਣ ਵਾਲੀਆਂ ਚੋਣਾਂ ਵਿੱਚ ਮਹਿਲਾਵਾਂ ਵੋਟ ਭਾਜਪਾ ਵੱਲ ਝੁਕ ਸਕਦੀ ਹੈ, ਖਾਸ ਕਰਕੇ ਉੱਤਰੀ ਰਾਜਾਂ ਵਿੱਚ । ਦੂਜੇ ਪਾਸੇ ਵਿਰੋਧੀ ਧਿਰਾਂ (ਕਾਂਗਰਸ, ਡੀਐੱਮਕੇ, ਸੀਪੀਆਈਐੱਮ ਆਦਿ) ਇਸ ਬਿੱਲ ਨੂੰ ਸੰਵਿਧਾਨ ਉੱਤੇ ਹਮਲਾ ਅਤੇ ਫੈਡਰਲ ਢਾਂਚੇ ਲਈ ਖਤਰਾ ਦੱਸ ਰਹੀਆਂ ਹਨ। ਉਨ੍ਹਾਂ ਦਾ ਦਾਅਵਾ ਹੈ ਕਿ ਡੀਲਿਮੀਟੇਸ਼ਨ ਨਾਲ ਦੱਖਣੀ ਰਾਜਾਂ ਦੀ ਰਾਜਨੀਤਿਕ ਤਾਕਤ ਘਟੇਗੀ ਅਤੇ ਉੱਤਰੀ ਰਾਜਾਂ (ਯੂਪੀ, ਬਿਹਾਰ ਆਦਿ) ਨੂੰ ਫਾਇਦਾ ਹੋਵੇਗਾ।

ਹੁਣ ਰਾਹੁਲ ਗਾਂਧੀ ਨੇ ਇਸ ਨੂੰ ਡੈਮੋਕ੍ਰੇਸੀ ਦੀ ਜਿੱਤ ਦੱਸਿਆ ਅਤੇ ਕਿਹਾ ਕਿ ਬਿੱਲ 2023 ਵਾਲੇ ਰੂਪ ਵਿੱਚ ਲਿਆਉਣਾ ਚਾਹੀਦਾ ਹੈ। ਇਸ ਨਾਲ ਰਾਜਨੀਤਿਕ ਧਿਰਾਂ ਵਿਚਾਲੇ ਧਰਪੋਕੀ ਵਧੀ ਹੈ ਅਤੇ ਉੱਤਰ-ਦੱਖਣ ਵੰਡ ਤੇਜ਼ ਹੋਈ ਹੈ।ਪ੍ਰਧਾਨ ਮੰਤਰੀ ਨੇ ਇਸ ਭਾਸ਼ਣ ਵਿੱਚ ਵਿਰੋਧੀਆਂ ਨੂੰ ਚੇਤਾਵਨੀ ਦਿੱਤੀ ਕਿ ਮਹਿਲਾਵਾਂ ਇਸ ਗਲਤੀ ਨੂੰ ਯਾਦ ਰੱਖਣਗੀਆਂ। ਇਸ ਨਾਲ ਰਾਜਨੀਤਿਕ ਪ੍ਰਸਾਰ ਵਿੱਚ ਭਾਜਪਾ ਲਈ ਫਾਇਦਾ ਹੋ ਸਕਦਾ ਹੈ, ਖਾਸ ਕਰਕੇ ਮਹਿਲਾ ਵੋਟਰਾਂ ਵਿੱਚ। ਪਿਛਲੀਆਂ ਚੋਣਾਂ ਵਿੱਚ ਵੀ ਭਾਜਪਾ ਨੇ ਮਹਿਲਾਵਾਂ ਵੋਟ ਉੱਤੇ ਧਿਆਨ ਦਿੱਤਾ ਸੀ ਅਤੇ ਇਸ ਬਿੱਲ ਨਾਲ ਉਸ ਨੂੰ ਹੋਰ ਮਜ਼ਬੂਤੀ ਮਿਲ ਸਕਦੀ ਹੈ। ਵਿਰੋਧੀ ਧਿਰਾਂ ਲਈ ਇਹ ਇੱਕ ਚੁਣੌਤੀ ਹੈ, ਕਿਉਂਕਿ ਉਨ੍ਹਾਂ ਨੂੰ ਆਪਣੀ ਰਣਨੀਤੀ ਬਦਲਣੀ ਪਵੇਗੀ ਤਾਂ ਜੋ ਮਹਿਲਾਵਾਂ ਵੋਟ ਗੁਆਉਣ ਤੋਂ ਬਚਿਆ ਜਾ ਸਕੇ। ਇਸ ਤੋਂ ਇਲਾਵਾ ਇਸ ਘਟਨਾ ਨਾਲ ਰਾਜਨੀਤੀ ਵਿੱਚ ਔਰਤਾਂ ਦੀ ਭਾਗੀਦਾਰੀ ਬਾਰੇ ਚਰਚਾ ਤੇਜ਼ ਹੋਈ ਹੈ। ਪ੍ਰਧਾਨ ਮੰਤਰੀ ਨੇ ਕਿਹਾ ਕਿ ਇਹ ਬਿਲ ਸਿਰਫ਼ 33 ਫੀਸਦੀ ਰਾਖਵੀਆਂ ਸੀਟਾਂ ਤੱਕ ਸੀਮਤ ਨਹੀਂ, ਬਲਕਿ ਭਵਿੱਖ ਵਿੱਚ 50 ਫੀਸਦੀ ਵੱਲ ਵਧਾਅ ਵੀ ਹੋ ਸਕਦਾ ਹੈ। ਇਸ ਨਾਲ ਰਾਜਨੀਤੀ ਵਿੱਚ ਔਰਤਾਂ ਦੀ ਆਵਾਜ਼ ਮਜ਼ਬੂਤ ਹੋਵੇਗੀ ਅਤੇ ਨੀਤੀ ਨਿਰਮਾਣ ਵਿੱਚ ਉਨ੍ਹਾਂ ਦਾ ਯੋਗਦਾਨ ਵਧੇਗਾ। ਪਰ ਵਿਰੋਧੀਆਂ ਨੇ ਇਸ ਨੂੰ ਪ੍ਰਾਕਸੀ (ਪਤੀ ਜਾਂ ਪਰਿਵਾਰ ਵੱਲੋਂ ਚਲਾਈ ਜਾਣ ਵਾਲੀ) ਔਰਤਾਂ ਲਈ ਰਾਖਵੀਆਂ ਸੀਟਾਂ ਬਣਾਉਣ ਵਾਲਾ ਦੱਸਿਆ ਅਤੇ ਓਬੀਸੀ ਔਰਤਾਂ ਲਈ ਉਪ-ਰਾਖਵੀਆਂ ਦੀ ਮੰਗ ਉਠਾਈ।ਭਵਿੱਖ ਵਿੱਚ ਰਾਜਨੀਤਿਕ ਅਤੇ ਸਮਾਜਿਕ ਪ੍ਰਭਾਵ ਪ੍ਰਧਾਨ ਮੰਤਰੀ ਦੇ ਭਾਸ਼ਣ ਨੇ ਰਾਜਨੀਤਿਕ ਮੈਦਾਨ ਨੂੰ ਗਰਮਾ ਦਿੱਤਾ ਹੈ।

ਅੱਜ ਇਸ ਨਾਲ ਭਾਜਪਾ ਆਪਣੇ ਲਈ ਇੱਕ ਮਜ਼ਬੂਤ ਨੈਰੇਟਿਵ ਬਣਾ ਰਹੀ ਹੈ ਕਿ ਉਹ ਮਹਿਲਾਵਾਂ ਦੀ ਤਰੱਕੀ ਲਈ ਵਚਨਬੱਧ ਹੈ ਅਤੇ ਵਿਰੋਧੀ ਧਿਰਾਂ ਇਸ ਵਿੱਚ ਰੋੜ੍ਹਾ ਅਟਕਾਉਂਦੀਆਂ ਹਨ। ਆਉਣ ਵਾਲੀਆਂ ਰਾਜ ਵਿਧਾਨ ਸਭਾ ਚੋਣਾਂ ਅਤੇ 2029 ਦੀਆਂ ਲੋਕ ਸਭਾ ਚੋਣਾਂ ਵਿੱਚ ਇਹ ਮੁੱਦਾ ਭਾਜਪਾ ਲਈ ਫਾਇਦੇਮੰਦ ਸਾਬਤ ਹੋ ਸਕਦਾ ਹੈ।ਸਮਾਜਿਕ ਪੱਧਰ ਤੇ ਇਸ ਨਾਲ ਮਹਿਲਾਵਾਂ ਵਿੱਚ ਰਾਜਨੀਤੀ ਵੱਲ ਰੁਚੀ ਵਧੇਗੀ। ਪੰਚਾਇਤੀ ਰਾਜ ਵਿੱਚ 50 ਫੀਸਦੀ ਰਾਖਵੀਆਂ ਸੀਟਾਂ ਨਾਲ ਜੋ ਤਬਦੀਲੀ ਆਈ ਹੈ, ਉਸੇ ਤਰ੍ਹਾਂ ਰਾਸ਼ਟਰੀ ਪੱਧਰ 'ਤੇ ਵੀ ਔਰਤਾਂ ਨੂੰ ਰੋਲ ਮਾਡਲ ਬਣਨ ਦਾ ਮੌਕਾ ਮਿਲੇਗਾ। ਇਸ ਨਾਲ ਲਿੰਗ ਭੇਦਭਾਵ ਘਟਾਉਣ ਵਿੱਚ ਮਦਦ ਮਿਲੇਗੀ ਅਤੇ ਔਰਤਾਂ ਨਾਲ ਜੁੜੀਆਂ ਯੋਜਨਾਵਾਂ ਹੋਰ ਤੇਜ਼ੀ ਨਾਲ ਲਾਗੂ ਹੋਣਗੀਆਂ ਪਰ ਚੁਣੌਤੀਆਂ ਵੀ ਹਨ।

ਅੱਜ ਰਾਖਵੀਆਂ ਸੀਟਾਂ ਉੱਤੇ ਔਰਤਾਂ ਨੂੰ ਅਕਸਰ ਪ੍ਰਾਕਸੀ ਬਣਾਇਆ ਜਾ ਸਕਦਾ ਹੈ। ਇਸ ਲਈ ਔਰਤਾਂ ਨੂੰ ਰਾਜਨੀਤਿਕ ਟ੍ਰੇਨਿੰਗ ਅਤੇ ਆਰਥਿਕ ਸੁਤੰਤਰਤਾ ਦੇਣੀ ਜ਼ਰੂਰੀ ਹੈ। ਇਸ ਤੋਂ ਇਲਾਵਾ ਓਬੀਸੀ, ਐਸਸੀ/ਐਸਟੀ ਔਰਤਾਂ ਲਈ ਉਪ-ਰਾਖਵੀਆਂ ਦੀ ਮੰਗ ਵੀ ਉੱਠ ਸਕਦੀ ਹੈ।ਪ੍ਰਧਾਨ ਮੰਤਰੀ ਨੇ ਆਪਣੇ ਭਾਸ਼ਣ ਵਿੱਚ ਇਸ ਬਿਲ ਨੂੰ ਵਿਕਸਿਤ ਭਾਰਤ ਬਣਾਉਣ ਵਾਲਾ ਕਦਮ ਦੱਸਿਆ। ਉਨ੍ਹਾਂ ਕਿਹਾ ਕਿ ਮਹਿਲਾਵਾਂ ਬਿਨਾਂ ਭਾਰਤ ਅੱਗੇ ਨਹੀਂ ਵੱਧ ਸਕਦਾ। ਇਸ ਨਾਲ ਰਾਜਨੀਤੀ ਵਿੱਚ ਔਰਤਾਂ ਦੀ ਭਾਗੀਦਾਰੀ ਵਧੇਗੀ ਅਤੇ ਲੋਕਤੰਤਰ ਹੋਰ ਸਮਾਵੇਸ਼ੀ ਬਣੇਗਾ।

ਵਿਰੋਧੀ ਪਾਰਟੀਆਂ ਨੇ ਇਸ ਨੂੰ ਰੋਕਣ ਨਾਲ ਆਪਣੀ ਇੱਕ ਰਾਜਨੀਤਿਕ ਗਲਤੀ ਕੀਤੀ ਹੈ, ਜਿਸ ਦਾ ਖਾਤਮਾ ਉਨ੍ਹਾਂ ਨੂੰ ਚੋਣਾਂ ਵਿੱਚ ਭੁਗਤਣਾ ਪੈ ਸਕਦਾ ਹੈ।ਪ੍ਰਧਾਨ ਮੰਤਰੀ ਦਾ ਇਹ ਸੰਬੋਧਨ ਇੱਕ ਰਾਸ਼ਟਰੀ ਚਰਚਾ ਨੂੰ ਤੇਜ਼ ਕਰਨ ਵਾਲਾ ਰਿਹਾ ਹੈ। ਇਸ ਨੇ ਮਹਿਲਾਵਾਂ ਦੇ ਅਧਿਕਾਰਾਂ ਨੂੰ ਰਾਜਨੀਤੀ ਦੇ ਕੇਂਦਰ ਵਿੱਚ ਲਿਆਂਦਾ ਹੈ ਅਤੇ ਵਿਰੋਧੀ ਧਿਰਾਂ ਨੂੰ ਆਪਣੀ ਸਥਿਤੀ ਸਾਫ਼ ਕਰਨ ਲਈ ਮਜਬੂਰ ਕੀਤਾ ਹੈ। ਹੁਣ ਭਵਿੱਖ ਵਿੱਚ ਇਸ ਬਿਲ ਨੂੰ ਲਾਗੂ ਕਰਨ ਲਈ ਨਵੀਆਂ ਕੋਸ਼ਿਸ਼ਾਂ ਹੋਣਗੀਆਂ ਅਤੇ ਰਾਜਨੀਤੀ ਵਿੱਚ ਔਰਤਾਂ ਦੀ ਭੂਮਿਕਾ ਹੋਰ ਮਜ਼ਬੂਤ ਹੋਵੇਗੀ। ਇਹ ਇੱਕ ਇਤਿਹਾਸਕ ਘਟਨਾ ਹੈ ਜੋ ਭਾਰਤੀ ਲੋਕਤੰਤਰ ਨੂੰ ਨਵੀਂ ਦਿਸ਼ਾ ਦੇ ਸਕਦੀ ।

# ਵਿੱਦਿਅਕ ਪ੍ਰੀਖਿਆਵਾਂ ਦੀਆਂ ਉੱਚ ਮੈਰਿਟਾਂ ਵਿੱਚ ਅੰਬਰਾਂ ਨੂੰ ਛੂਹੰਦੀਆਂ ਸਾਡੀਆਂ ਬੇਟੀਆਂ



ਦਲਬੀਰ ਸਿੰਘ ਧਾਲੀਵਾਲ
86993-22704

**ਉਪਰੋਕਤ ਸਾਰੇ ਤੱਥ ਕੋਈ ਕਹੇ ਸੁਣੇ ਨਹੀਂ ਹਨ, ਸਗੋਂ ਇਨ੍ਹਾਂ ਦਿਨਾਂ ਵਿੱਚ ਹੀ ਆਏ ਵੱਖ-ਵੱਖ ਪ੍ਰੀਖਿਆਵਾਂ ਦੇ ਨਸ਼ਰ ਹੋਏ ਨਤੀਜੇ ਇਹ ਸੱਚ ਬਿਆਨ ਕਰਦੇ ਹਨ, ਜਿਵੇਂ ਕਿ ਰਿਆਸਤੀ ਸ਼ਹਿਰ ਨਾਭਾ ਦੇ ਨੇੜਲੇ ਪਿੰਡ ਬਿਰੜਵਾਲ ਦੀ ਮੱਧ ਵਰਗੀ ਕਿਸਾਨੀ ਪਰਿਵਾਰ ਦੇ ਕੁਲਦੀਪ ਸਿੰਘ ਅਤੇ ਮਾਤਾ ਅਮਨਦੀਪ ਕੌਰ ਦੇ ਘਰ ਜਨਮੀ ਸਿਮਰਨਦੀਪ ਕੌਰ ਨੇ ਸਿਵਲ ਸੇਵਾਵਾਂ ਦੇ ਯੂ.ਪੀ.ਐਸ.ਪੀ. ਟੈਸਟ ਵਿੱਚੋਂ ਦੇਸ਼ ਦਾ ਪੰਦਰਵ੍ਹਾਂ ਅਤੇ ਪੰਜਾਬ ਵਿਚੋਂ ਪਹਿਲਾ ਸਥਾਨ ਹਾਸਲ ਕੀਤਾ ਹੈ, ਉਹ ਵੀ ਬਗੈਰ ਕਿਸੇ ਕੋਚਿੰਗ ਲੈਣ ਤੋਂ। ਇਨ੍ਹਾਂ ਸਿਵਲ ਸੇਵਾਵਾਂ ਪ੍ਰੀਖਿਆਵਾਂ ਵਿੱਚ ਉੱਚ ਮੈਰਿਟ 'ਤੇ ਆਉਣ ਵਾਲੀਆਂ ਧੀਆਂ ਪਿਛਲੇ ਸਾਲ ਵੀ ਖਬਰਾਂ ਵਿੱਚ ਛੱਪੀਆਂ ਸਨ, ਜਿਨ੍ਹਾਂ ਵਿੱਚ ਕਈ ਗਰੀਬ ਘਰਾਂ (ਦਲਿਤ ਪਰਿਵਾਰਾਂ ਦੀਆਂ ਬੇਟੀਆਂ) ਵੀ ਸਨ।**

ਸਾਨੂੰ ਇਸ ਗੱਲ 'ਤੇ ਅਤਿ ਫਖ਼ਰ ਹੋਣਾ ਚਾਹੀਦਾ ਹੈ ਕਿ ਜਿਨ੍ਹਾਂ ਧੀਆਂ ਨੂੰ ਕਦੇ ਘਰ ਦੀ ਚਾਰਦੀਵਾਰੀ ਵਿੱਚ ਬੰਦ ਰੱਖ ਕੇ ਉਨ੍ਹਾਂ ਦੀ ਯੋਗਤਾ ਨੂੰ ਉਜਾਗਰ ਨਹੀਂ ਹੋਣ ਦਿੱਤਾ ਜਾਂਦਾ ਸੀ, ਅੱਜ 21ਵੀਂ ਸਦੀ ਦੇ ਆਧੁਨਿਕ ਯੁੱਗ ਵਿੱਚ ਇਨ੍ਹਾਂ ਬੇਟੀਆਂ ਨੂੰ ਯੋਗਤਾ ਵਿਖਾਉਣ ਦਾ ਮੌਕਾ ਮਿਲਣ 'ਤੇ ਇਹ ਅੱਜ ਔਖੇ ਪ੍ਰਸ਼ਾਸਨਿਕ (ਸਿਵਲ ਸੇਵਾਵਾਂ) ਅਤੇ ਹੋਰ ਪ੍ਰੀਖਿਆਵਾਂ ਵਿੱਚੋਂ ਅੱਵਲ ਆ ਰਹੀਆਂ ਹਨ, ਜਿਵੇਂ ਕਿ ਪੰਜਾਬ ਸਕੂਲ ਸਿੱਖਿਆ ਦੀ ਪ੍ਰੀਖਿਆ ਵਿੱਚੋਂ ਮੈਰਿਟ ਵਿੱਚ ਉੱਚੀਆਂ ਪੁਜ਼ੀਸਨਾਂ ਹਾਸਲ ਕੀਤੀਆਂ, ਜੋ ਦੱਸਦਾ ਹੈ ਕਿ ਜੇ ਇਨ੍ਹਾਂ ਬੱਚੀਆਂ ਨੂੰ ਮੌਕਾ ਦਿੱਤਾ ਜਾਵੇ ਤਾਂ ਉੱਚ ਵਿੱਦਿਆ ਦੇ ਅੰਬਰ ਜ਼ਰੂਰ ਛੂਹਣਗੀਆਂ। ਇਹ ਸਭ ਨੂੰ ਦੇਖ ਕੇ ਸਾਡੇ ਸਮਾਜ ਦੇ ਉਹ ਲੋਕ ਅੱਜ ਆਪਣੇ ਆਪ ਨੂੰ ਕੋਸ ਰਹੇ ਹਨ ਜੋ ਸੋਚਦੇ ਸਨ ਕਿ ਇਨ੍ਹਾਂ ਲੜਕੀਆਂ ਨੇ ਤਾਂ ਵਿਆਹ ਤੋਂ ਬਾਅਦ ਅਗਲੇ ਘਰ ਹੀ ਚਲੇ ਜਾਣਾ ਹੈ, ਇਨ੍ਹਾਂ ਨੂੰ ਇੰਨੀ ਆਜ਼ਾਦੀ ਅਤੇ ਵਿੱਦਿਆ ਦੇ ਕੇ ਕੀ ਕਰਨਾ ਹੈ। ਪਰ ਇਹ ਸਭ ਕੁੱਝ ਦੇਖ ਕੇ ਇਨ੍ਹਾਂ ਲੋਕਾਂ ਦੀ ਧਾਰਨਾ ਬਦਲ ਗਈ ਹੈ। ਕਿਉਂਕਿ ਅਜਿਹੇ ਲੋਕ ਚਾਹੁੰਦੇ ਸਨ, ਕਿ ਉਨ੍ਹਾਂ ਦੀ ਨੂੰਹ ਹੁਣ ਪੁੱਤ ਹੀ ਜੰਮੇ, ਪਰ ਅੱਜ ਦੇਖਿਆ ਜਾ ਰਿਹਾ ਹੈ ਕਿ ਕਈ ਮਾਪਿਆਂ ਦੇ ਪੁੱਤ ਅੱਜ ਲੋੜ ਤੋਂ ਵੱਧ ਆਜ਼ਾਦੀ ਮਿਲਣ 'ਤੇ ਭੈੜੀਆਂ ਆਦਤਾਂ ਅਤੇ ਭੈੜੀਆਂ ਸੰਗਤਾਂ ਵਿੱਚ ਫਸ ਕੇ ਨਸ਼ਿਆਂ ਤੇ ਹੋਰ ਗੰਦੇ ਕੰਮਾਂ ਵਿੱਚ ਵੜਕੇ ਮਾਂ ਪਿਓ ਦਾ ਨਾਮ ਬਦਨਾਮ ਕਰ ਰਹੇ ਹਨ ਅਤੇ ਕਈ ਥਾਂਈ ਬਜ਼ੁਰਗ ਮਾਂ ਬਾਪ ਦਾ ਸਹਾਰਾ ਵੀ ਨਾ ਬਣ ਕੇ ਬੁੱਢੇ ਮਾਪਿਆਂ ਨੂੰ ਬਿਰਧ ਆਸ਼ਰਮਾਂ ਵਿੱਚ ਛੱਡਣ ਤੱਕ ਪਹੁੰਚ ਜਾਂਦੇ ਹਨ, ਜਦੋਂ ਕਿ ਧੀਆਂ ਮਾਂ ਬਾਪ ਨਾਲ ਵਫਾਦਾਰ ਰਹਿੰਦੀਆਂ ਹਨ ਤੇ ਮਾਂ ਬਾਪ ਦਾ ਨਾਮ ਵੀ ਚਮਕਾਉਂਦੀਆਂ ਹਨ ਅਤੇ ਇਸ ਦੇ ਨਾਲ ਹੀ ਬੁਢਾਪੇ ਵਿੱਚ ਮਾਂ ਪਿਓ ਦਾ ਸਾਥ ਦਿੰਦੀਆਂ ਹਨ।

ਉਪਰੋਕਤ ਸਭ ਨਾਲ ਕਈ ਪਿਛਾਂਹ ਖਿੱਚੂ ਲੋਕਾਂ ਦੀ ਸੋਚ ਵੀ ਹੁਣ ਬਦਲ ਕੇ ਅਜਿਹੀ ਬਣ ਗਈ ਹੈ ਕਿ: ਧੀਆਂ ਤਾਂ ਰੱਬ ਦਾ ਰੂਪ ਹੁੰਦੀਆਂ, ਇਹ ਭੁੱਲ ਕਿਉਂ ਜਾਵਣ ਲੋਕੀ, ਧੀ ਜੰਮੀ ਹਾਏ ਪੱਥਰ ਜੰਮਿਆਂ, ਹਾਲ ਦੁਹਾਈ ਕਿਉਂ ਪਾਵਣ ਲੋਕੀ,

ਪੂਜ ਕੇ ਕੰਚਕਾਂ ਭਲਾ ਕਿਵੇਂ ਮੰਗਦੇ, ਪੁੱਤਰਾਂ ਨੂੰ ਹੀ ਚਾਵਣ ਲੋਕੀ,

ਉਪਰੋਕਤ ਸਾਰੇ ਤੱਥ ਕੋਈ ਕਹੇ ਸੁਣੇ ਨਹੀਂ ਹਨ, ਸਗੋਂ ਇਨ੍ਹਾਂ ਦਿਨਾਂ ਵਿੱਚ ਹੀ ਆਏ ਵੱਖ ਵੱਖ ਪ੍ਰੀਖਿਆਵਾਂ ਦੇ ਨਸ਼ਰ ਹੋਏ ਨਤੀਜੇ ਇਹ ਸੱਚ ਬਿਆਨ ਕਰਦੇ ਹਨ, ਜਿਵੇਂ ਕਿ ਰਿਆਸਤੀ ਸ਼ਹਿਰ ਨਾਭਾ ਦੇ ਨੇੜਲੇ ਪਿੰਡ ਬਿਰੜਵਾਲ ਦੀ ਮੱਧ ਵਰਗੀ ਕਿਸਾਨੀ ਪਰਿਵਾਰ ਦੇ ਕੁਲਦੀਪ ਸਿੰਘ ਅਤੇ ਮਾਤਾ ਅਮਨਦੀਪ ਕੌਰ ਦੇ ਘਰ ਜਨਮੀ ਸਿਮਰਨਦੀਪ ਕੌਰ ਨੇ ਸਿਵਲ ਸੇਵਾਵਾਂ ਦੇ ਯੂ.ਪੀ.ਐਸ.ਪੀ. ਟੈਸਟ ਵਿੱਚੋਂ ਦੇਸ਼ ਦਾ ਪੰਦਰਵ੍ਹਾਂ ਅਤੇ ਪੰਜਾਬ ਵਿਚੋਂ ਪਹਿਲਾ ਸਥਾਨ ਹਾਸਲ ਕੀਤਾ ਹੈ, ਉਹ ਵੀ ਵਗੈਰ ਕਿਸੇ ਕੋਚਿੰਗ ਲੈਣ ਤੋਂ। ਇਨ੍ਹਾਂ ਸਿਵਲ ਸੇਵਾਵਾਂ ਪ੍ਰੀਖਿਆ ਵਿੱਚ ਉੱਚ ਮੈਰਿਟ 'ਤੇ ਆਉਣ ਵਾਲੀਆਂ ਧੀਆਂ ਪਿਛਲੇ ਸਾਲ ਵੀ ਖਬਰਾਂ ਵਿੱਚ ਛੱਪੀਆਂ ਸਨ, ਜਿਨ੍ਹਾਂ ਵਿੱਚ ਕਈ ਗਰੀਬ ਘਰਾਂ (ਦਲਿਤ ਪਰਿਵਾਰਾਂ ਦੀਆਂ ਬੇਟੀਆਂ) ਵੀ ਸਨ। ਇਸ ਤੋਂ ਇਲਾਵਾ ਇਨ੍ਹੀਂ ਦਿਨੀਂ ਆਪਣੇ ਇਸ ਖੇਤਰ ਦੇ ਮੁੱਢਲੇ ਭਵਿੱਖ ਨੂੰ ਅੱਗੇ ਚਮਕਾਉਣ ਲਈ ਪੰਜਾਬ ਸਕੂਲ ਸਿੱਖਿਆ ਬੋਰਡ ਵਿੱਚੋਂ ਅੱਵਲ ਆਈਆਂ ਬੇਟੀਆਂ ਵੀ ਕਈ ਸਧਾਰਨ ਪਰਿਵਾਰਾਂ ਵਿੱਚੋਂ ਹੀ ਹਨ, ਜਿਨ੍ਹਾਂ ਨੇ ਮੁੰਡਿਆਂ ਨੂੰ ਵੀ ਪਿੱਛੇ ਛੱਡ ਦਿੱਤਾ ਹੈ। ਮਿਸਾਲ ਵਜੋਂ ਅੱਠਵ੍ਹੀਂ ਦੀ ਪ੍ਰੀਖਿਆ 'ਚੋਂ ਪਾਸ ਹੋਈਆਂ ਲੜਕੀਆਂ ਵਿੱਚੋਂ ਜੈਤੋ ਦੀ ਤਮੰਨਾ 100 ਫੀਸਦੀ ਅੰਕਾਂ ਨਾਲ ਸੂਬੇ ਵਿੱਚ ਪਹਿਲੇ ਸਥਾਨ 'ਤੇ ਆਈ, ਸੰਗਰੂਰ ਦੀ ਜਪਨੀਤ ਕੌਰ 99.67# ਅੰਕ ਲੈ ਕੇ ਦੂਜੇ ਸਥਾਨ ਅਤੇ ਫਰੀਦਕੋਟ ਦੇ ਕੋਟ ਸੁਖੀਆ ਸਕੂਲ ਦੀ ਜਸ਼ਨਦੀਪ ਕੌਰ ਤੀਜੇ ਸਥਾਨ 'ਤੇ ਰਹੀ ਹੈ। ਹੁਣ ਸੀ.ਬੀ.ਐਸ.ਈ. 10ਵੀਂ ਦੇ ਆਏ ਨਤੀਜਿਆਂ ਵਿੱਚ ਵੀ ਕੁੜੀਆਂ ਮੋਹਰੀ ਰਹੀਆਂ ਹਨ, ਪਰ ਫਾਜ਼ਿਲਕਾ ਦਾ ਇੱਕ ਲੜਕਾ ਵੇਰਵ ਅਰੋੜਾ 500 ਵਿੱਚੋਂ 500 ਅੰਕ ਲੈ ਕੇ ਦੇਸ਼ ਭਰ ਤੋਂ ਅੱਵਲ ਰਿਹਾ ਹੈ। ਜ਼ਿਕਰਯੋਗ ਹੈ ਕਿ ਜਿਹੜੇ ਉਪਰੋਕਤ ਸ਼ਹਿਰਾਂ ਦੇ ਬੱਚੇ ਮੈਰਿਟ ਵਿੱਚ ਆਏ ਹਨ ਇਹ ਇਲਾਕੇ ਜਿਵੇਂ ਕਿ ਬਠਿੰਡਾ, ਮੁਕਤਸਰ, ਫਰੀਦਕੋਟ, ਫਾਜ਼ਿਲਕਾ ਆਦਿ ਪੱਛੜੇ ਹੋਏ ਹੀ ਗਿਣੇ ਜਾਂਦੇ ਹਨ, ਹੋਰ ਵੱਡੇ ਵਿਕਸਤ ਸ਼ਹਿਰਾਂ ਪਟਿਆਲਾ, ਚੰਡੀਗੜ੍ਹ, ਲੁਧਿਆਣਾ ਆਦਿ ਸ਼ਹਿਰਾਂ ਦੇ ਮੁਕਾਬਲੇ, ਪਰ ਇਸ ਦੇ ਬਾਵਜੂਦ ਸਧਾਰਨ ਇਲਾਕੇ ਦੇ ਬੱਚੇ ਫਿਰ ਵੀ ਉੱਚ ਮੈਰਿਟ ਵਿੱਚ ਆ ਰਹੇ ਹਨ। ਇੱਥੇ ਗਿਆਨੀ ਸੰਤ ਸਿੰਘ ਜੀ ਮਸਕੀਨ ਦਾ ਇਹ ਕਥਨ ਯਾਦ ਆ ਰਿਹਾ ਹੈ ਕਿ ਜਦੋਂ ਕੋਈ ਇਨਸਾਨ ਵੱਡਾ ਉੱਚ ਗਿਆਨ ਪ੍ਰਾਪਤ ਕਰ ਲੈਂਦਾ ਹੈ ਤਾਂ ਉਹ ਕਈ ਵਾਰੀ ਹੰਕਾਰੀ ਹੋ ਜਾਂਦਾ ਹੈ। ਬਿਲਕੁੱਲ ਜਾਪਦਾ ਹੈ ਕਿ ਆਪਣੇ ਆਪ ਨੂੰ ਵਿਕਸਤ ਇਲਾਕਿਆਂ ਦੇ ਕਹਾਉਣ ਵਾਲੇ ਬੱਚੇ ਇਹ ਸੋਚਦੇ ਹੋਣ ਕਿ ਅਸੀਂ ਤਾਂ ਬਹੁਤ ਮਹਿੰਗੀ ਪੜ੍ਹਾਈ ਕਰ ਰਹੇ ਹਾਂ ਅਸੀਂ ਤਾਂ ਮੈਰਿਟ ਵਿੱਚ ਆ ਹੀ ਜਾਣਾ ਹੈ, ਪਰ ਪੱਛੜੇ ਇਲਾਕਿਆਂ ਦੇ ਬੱਚੇ ਅਤੇ ਉਨ੍ਹਾਂ ਦੇ ਮਾਂ ਬਾਪ ਉਨ੍ਹਾਂ ਨੂੰ ਸਖ਼ਤ ਮਿਹਨਤ ਕਰਵਾਉਂਦੇ ਹਨ, ਜਿਸ ਦਾ ਉਨ੍ਹਾਂ ਨੂੰ ਮਿੱਠਾ ਫਲ ਤਾਂ ਮਿਲਣਾ ਹੀ ਹੈ, ਕਿਉਂਕਿ ਉਹ ਪੈਰ ਨਹੀਂ ਛੱਡਦੇ ਜ਼ਮੀਨੀ ਪੱਧਰ 'ਤੇ ਰਹਿ ਕੇ ਹੀ ਮਿਹਨਤ ਕਰਦੇ ਹਨ, ਜੇ ਬੇਟੀਆਂ ਦੀ ਯੋਗਤਾ 'ਤੇ ਹੋਰ ਇਤਿਹਾਸਿਕ ਪੜਚੋਲ ਕਰੀਏ ਤਾਂ ਸਾਡੀਆਂ ਨਾਰੀਆਂ ਦਾ ਸਿੱਖ ਇਤਿਹਾਸ ਵਿੱਚ ਮਾਈ ਭਾਗੋ ਅਤੇ ਬੀਬੀ ਸ਼ਰਨ ਕੌਰ ਵਜੋਂ, ਪੁਲਾੜ ਦੇ ਖੇਤਰ ਵਿੱਚ ਕਲਪਨਾ ਚਾਵਲਾ ਦੇ ਨਾਲ ਹੁਣ ਹੋਰ ਇਤਿਹਾਸ ਵੀ ਬਣਿਆ ਹੈ, ਖੇਡਾਂ ਦੇ ਖੇਤਰ ਵਿੱਚ ਪੀ.ਟੀ.ਊਸ਼ਾ, ਪੀ.ਵੀ. ਸੰਧੂ ਅਤੇ ਹੋਰ ਵੀ ਕਈ ਲੜਕੀਆਂ ਇਸ ਖੇਤਰ ਵਿੱਚ ਅੱਜ ਚਮਕੀਆਂ ਹਨ। ਇਸੇ ਕਰਕੇ ਹੀ ਸ਼ਾਇਦ ਸਾਡੀਆਂ ਬੇਟੀਆਂ ਅੱਜ ਪੂਰੀ ਲਗਨ ਨਾਲ ਸੰਘਰਸ਼ ਕਰ ਰਹੀਆਂ ਹਨ ਜਿਨ੍ਹਾਂ ਦੇ ਦਿਲੋਂ ਇਹ ਅਵਾਜ਼ ਆ ਰਹੀ ਹੈ :

ਨਾ ਮੈਂ ਮੋਮ ਦੀ ਗੁਡੀਆ, ਨਾ ਕੋਈ ਵਸਤੂ, ਨਾ ਹੀ ਪੁਕਾਰ ਹਾਂ,
ਸਗੋਂ ਮੈਂ ਤਾਂ ਬਨੇਰਿਆਂ ਉੱਤੇ ਜਗ ਰਹੀ ਹਨੇਰਿਆਂ ਲਈ ਇਕ ਮਿਸ਼ਾਲ ਹਾਂ

ਇਹ ਬੇਟੀਆਂ ਆਪਣੀਆਂ ਦੂਜੀਆਂ ਵਿਦਿਆਰਥਣ ਸਾਥੀਆਂ ਨੂੰ ਹੱਲਾਸ਼ੇਰੀ ਵੀ ਦੇ ਰਹੀਆਂ ਹਨ ਕਿ ਅੱਗੇ ਵੱਧਦੇ ਚੱਲੋ ਮਿੱਠਾ ਫਲ ਜ਼ਰੂਰ ਮਿਲੇਗਾ, ਜਿਵੇਂ ਕਿ :

ਕਾਫਲਾ ਰੁਕਣ ਨਹੀਂ ਦੇਣਾ, ਜਦੋਂ ਤੱਕ ਜਾਨ ਬਾਕੀ ਹੈ,
ਹਰ ਮੋੜ ਤੇ ਸਲੀਬਾਂ, ਹਰ ਪੈਰ ਤੇ ਹਨੇਰਾ,
ਆਪਾਂ ਚਲਦੇ ਜਾਣਾ ਨਹਿਓਂ ਛੱਡਣਾ ਜੇਰਾ,
ਅਜੇ ਤਾਂ ਆਪਣੇ ਸੁਪਨਿਆਂ ਦੀ ਆਉਣ ਪ੍ਰਭਾਤ ਬਾਕੀ ਹੈ,
ਮਿਸ਼ਾਲਾ ਬਾਲ ਕੇ ਚੱਲਣਾ ਜਦੋਂ ਤੱਕ ਜਾਨ ਬਾਕੀ ਹੈ .

ਸੋ ਸਾਡੀਆਂ ਸਭਨਾਂ ਬੇਟੀਆਂ ਨੂੰ ਇੰਨ੍ਹਾਂ ਉਪਰੋਕਤ ਸਫਲਤਾਵਾਂ ਤੋਂ ਪ੍ਰੇਰਨਾ ਜ਼ਰੂਰੀ ਲੈਣੀ ਚਾਹੀਦੀ ਹੈ।

# ਨਾਰੀ ਸ਼ਕਤੀ ਵੰਦਨ ਅਧਿਨਿਯਮ: ਭਾਰਤੀ ਲੋਕਤੰਤਰ ਤੇ ਮਹਿਲਾ ਸਸ਼ਕਤੀਕਰਨ ਦਾ ਨਵਾਂ ਯੁੱਗ

ਡਾ. ਕ੍ਰਿਸ਼ਨ ਲਾਲ

ਭਾਰਤੀ ਸੱਭਿਅਤਾ ਦੇ ਹਜ਼ਾਰਾਂ ਸਾਲਾਂ ਦੇ ਇਤਿਹਾਸ ਵਿੱਚ ਨਾਰੀ ਹਮੇਸ਼ਾ ਸਿਰਜਣਾ, ਸ਼ਕਤੀ ਅਤੇ ਚੇਤਨਾ ਦਾ ਸਦੀਵੀ ਕੇਂਦਰ ਰਹੀ ਹੈ। ਸਾਡੀ ਮਹਾਨ ਸਨਾਤਨ ਸੰਸਕ੍ਰਿਤੀ ਨੇ 'ਯਤਰ ਨਾਰਯਸਤੂ ਪੂਜਯੰਤੇ, ਰਮੰਤੇ ਤਤਰ ਦੇਵਤਾ ਦੇ ਉਦਘੋਸ਼ ਨਾਲ ਯੁੱਗਾਂ ਪਹਿਲਾਂ ਇਹ ਸਪੱਸ਼ਟ ਕਰ ਦਿੱਤਾ ਸੀ, ਕਿ ਜਿਸ ਸਮਾਜ ਵਿੱਚ ਇਸਤਰੀ ਦਾ ਸਤਿਕਾਰ ਅਤੇ ਉਸ ਦੀ ਮਰਿਆਦਾ ਬਰਕਰਾਰ ਰਹਿੰਦੀ ਹੈ, ਉੱਥੇ ਹੀ ਖੁਸ਼ਹਾਲੀ ਦਾ ਵਾਸ ਹੁੰਦਾ ਹੈ। ਨਾਰੀ ਨੂੰ ਪਰਿਵਾਰ ਦੀ ਧੁਰੀ, ਸੰਸਕਾਰਾਂ ਦੀ ਵਾਹਕ ਅਤੇ ਸਮਾਜ ਦੀ ਦਿਸ਼ਾ ਨਿਰਧਾਰਤ ਕਰਨ ਵਾਲੀ ਸ਼ਕਤੀ ਵਜੋਂ ਹਮੇਸ਼ਾ ਮਾਣ ਮਿਲਿਆ ਹੈ। ਰਾਣੀ ਲਕਸ਼ਮੀਬਾਈ ਦੀ ਬਹਾਦਰੀ, ਮਾਤਾ ਜੀਜਾਬਾਈ ਦੀ ਦੂਰਅੰਦੇਸ਼ੀ, ਸਾਵਿਤਰੀਬਾਈ ਫੂਲੇ ਦੇ ਸਮਾਜਿਕ ਸੁਧਾਰ ਅਤੇ ਆਧੁਨਿਕ ਭਾਰਤ ਵਿੱਚ ਕਲਪਨਾ ਚਾਵਲਾ ਦੀ ਪੁਲਾੜ ਯਾਤਰਾ ਵਰਗੀਆਂ ਉਦਾਹਰਣਾਂ ਗਵਾਹ ਹਨ, ਕਿ ਭਾਰਤੀ ਨਾਰੀ ਸਿਰਫ ਪ੍ਰੇਰਨਾ ਦਾ ਸਰੋਤ ਹੀ ਨਹੀਂ, ਸਗੋਂ ਪਰਿਵਰਤਨ ਦੀ ਮੋਹਰੀ ਵੀ ਰਹੀ ਹੈ।

ਭਾਰਤ ਦੇ ਸੰਵਿਧਾਨਕ ਇਤਿਹਾਸ ਵਿੱਚ 'ਨਾਰੀ ਸ਼ਕਤੀ ਵੰਦਨ ਅਧਿਨਿਯਮ' ਦਾ ਪਾਸ ਹੋਣਾ ਮਹਿਜ਼ ਇੱਕ ਕਾਨੂੰਨੀ ਪ੍ਰਕਿਰਿਆ ਨਹੀਂ, ਸਗੋਂ ਇੱਕ ਨਵੇਂ ਯੁੱਗ ਦਾ ਆਗਾਜ਼ ਹੈ। ਮਹਿਲਾ ਰਾਖਵੇਂਕਰਨ ਬਿੱਲ ਦੀ ਯਾਤਰਾ ਲੱਗਭੱਗ ਸਤਾਈ ਸਾਲ ਪਹਿਲਾਂ 1996 ਵਿੱਚ ਸ਼ੁਰੂ ਹੋਈ ਸੀ। ਰਾਜਨੀਤਿਕ ਸਹਿਮਤੀ ਦੀ ਘਾਟ ਕਾਰਨ ਇਹ ਦਹਾਕਿਆਂ ਤੱਕ ਲਟਕਦਾ ਰਿਹਾ, ਪਰ ਸਾਲ 2023 ਵਿੱਚ ਨਵੇਂ ਸੰਸਦ ਭਵਨ ਦੇ ਪਹਿਲੇ ਵਿਸ਼ੇਸ਼ ਸੈਸ਼ਨ ਦੌਰਾਨ ਇਸ ਨੇ ਹਕੀਕਤ ਦਾ ਰੂਪ ਧਾਰਿਆ। ਇਹ ਕਾਨੂੰਨ ਦੇਸ਼ ਦੀ ਅੱਧੀ ਆਬਾਦੀ ਨੂੰ ਸੱਤਾ ਦੇ ਸਿਖਰਲੇ ਫੈਸਲਿਆਂ ਵਿੱਚ ਭਾਗੀਦਾਰ ਬਣਾਉਣ ਵਾਲਾ ਇੱਕ ਕ੍ਰਾਂਤੀਕਾਰੀ ਦਸਤਾਵੇਜ਼ ਹੈ। ਇਸ ਰਾਹੀਂ ਭਾਰਤ ਨੇ ਨਾ ਸਿਰਫ਼ ਮਹਿਲਾ ਸਸ਼ਕਤੀਕਰਨ ਨੂੰ ਸੰਵਿਧਾਨਕ ਮਾਨਤਾ ਦਿੱਤੀ ਹੈ, ਸਗੋਂ ਵਿਸ਼ਵ ਪੱਧਰ 'ਤੇ ਲਿੰਗ-ਸਮਾਨਤਾ ਪ੍ਰਤੀ ਆਪਣੀ ਦ੍ਰਿੜ੍ਹ ਵਚਨਬੱਧਤਾ ਦਾ ਲੋਹਾ ਵੀ ਮੰਨਵਾਇਆ ਹੈ।

ਇਸ ਇਤਿਹਾਸਕ ਅਧਿਨਿਯਮ ਤਹਿਤ ਸੰਵਿਧਾਨ ਵਿੱਚ ਵਿਸ਼ੇਸ਼ ਸੋਧ ਕਰਕੇ ਲੋਕ ਸਭਾ, ਰਾਜਾਂ ਦੀਆਂ ਵਿਧਾਨ ਸਭਾਵਾਂ ਅਤੇ ਦਿੱਲੀ ਵਿਧਾਨ ਸਭਾ ਵਿੱਚ ਔਰਤਾਂ ਲਈ 33 ਪ੍ਰਤੀਸ਼ਤ (ਇੱਕ-ਤਿਹਾਈ) ਸੀਟਾਂ ਰਾਖਵੀਆਂ ਕੀਤੀਆਂ ਗਈਆਂ ਹਨ। 131ਵੇਂ ਸੰਵਿਧਾਨਕ ਸੋਧ ਬਿੱਲ ਅਨੁਸਾਰ ਲੋਕ ਸਭਾ ਦੀਆਂ ਸੀਟਾਂ ਦੀ ਗਿਣਤੀ ਵਧਾ ਕੇ 850 ਕਰਨ ਦਾ ਪ੍ਰਸਤਾਵ ਹੈ, ਜਿਸ ਵਿੱਚੋਂ ਲੱਗਭੱਗ 273 ਸੀਟਾਂ ਔਰਤਾਂ ਲਈ ਰਾਖਵੀਆਂ ਹੋਣਗੀਆਂ। ਪੰਜਾਬ ਵਿਧਾਨ ਸਭਾ ਦੀਆਂ ਸੀਟਾਂ ਵੀ 117 ਤੋਂ ਵੱਧ ਕੇ 140 ਅਤੇ ਲੋਕ ਸਭਾ ਸੀਟਾਂ 13 ਤੋਂ ਵੱਧ ਕੇ 18 ਹੋ ਜਾਣਗੀਆਂ। ਇਸ ਵਿਵਸਥਾ ਦੀ ਖ਼ਾਸੀਅਤ ਇਹ ਹੈ ਕਿ ਅਨੁਸੂਚਿਤ ਜਾਤੀਆਂ ਅਤੇ ਕਬੀਲਿਆਂ ਲਈ ਰਾਖਵੀਆਂ ਸੀਟਾਂ ਦੇ ਅੰਦਰ ਹੀ ਔਰਤਾਂ ਲਈ ਕੋਟਾ ਨਿਰਧਾਰਤ ਕੀਤਾ ਗਿਆ ਹੈ, ਤਾਂ ਜੋ ਸਮਾਜ ਦੇ ਹਰ ਵਰਗ ਦੀ ਔਰਤ ਨੂੰ ਬਰਾਬਰ ਹਿੱਸੇਦਾਰੀ ਮਿਲੇ। ਡੀਲਿਮੀਟੇਸ਼ਨ ਕਮਿਸ਼ਨ ਦੀ ਕਾਰਵਾਈ ਤੋਂ ਬਾਅਦ ਇਸ ਨੂੰ 2029 ਤੱਕ ਲਾਗੂ ਕਰਨ ਦਾ ਟੀਚਾ ਮਿੱਥਿਆ ਗਿਆ ਹੈ।

ਨਾਰੀ ਸ਼ਕਤੀ ਵੰਦਨ ਦੀ ਇਸ ਲਹਿਰ ਨੂੰ ਮਜ਼ਬੂਤੀ ਦੇਣ ਲਈ ਕੇਂਦਰ ਅਤੇ ਰਾਜ ਸਰਕਾਰਾਂ ਨੇ ਕਈ ਦੂਰਗਾਮੀ ਯੋਜਨਾਵਾਂ ਲਾਗੂ ਕੀਤੀਆਂ ਹਨ। 'ਸੁਕੰਨਿਆ ਸਮ੍ਰਿਧੀ ਯੋਜਨਾ' ਅਧੀਨ 4.6 ਕਰੋੜ ਤੋਂ ਵੱਧ ਖਾਤੇ ਖੋਲ੍ਹ ਕੇ ਧੀਆਂ ਦੇ ਭਵਿੱਖ ਨੂੰ ਆਰਥਿਕ ਸੁਰੱਖਿਆ ਦਿੱਤੀ ਗਈ ਹੈ। ਬਜਟ 2026-27 ਵਿੱਚ 'ਲੱਖਪਤੀ ਦੀਦੀ' ਯੋਜਨਾ ਰਾਹੀਂ 20 ਲੱਖ ਔਰਤਾਂ ਨੂੰ ਸਿਖਲਾਈ ਦਿੱਤੀ ਗਈ ਹੈ ਅਤੇ ਵਿਆਜ ਸਬਸਿਡੀ ਵਾਲੇ ਕਰਜ਼ੇ ਦੀ ਹੱਦ 1.5 ਲੱਖ ਰੁਪਏ ਤੱਕ ਵਧਾਈ ਗਈ ਹੈ। ਮੁੱਖ ਮੰਤਰੀ ਨਾਰੀ ਸ਼ਕਤੀ ਉੱਦਮ ਪ੍ਰੋਤਸਾਹਨ ਯੋਜਨਾ ਤਹਿਤ ਕਰਜ਼ੇ ਦੀ ਸੀਮਾ 1 ਕਰੋੜ ਰੁਪਏ ਤੱਕ ਕਰ ਦਿੱਤੀ ਗਈ ਹੈ। ਉੱਜਵਲਾ ਯੋਜਨਾ, ਸਵੱਛ ਭਾਰਤ ਮਿਸ਼ਨ ਅਤੇ ਜਲ ਜੀਵਨ ਮਿਸ਼ਨ ਨੇ ਔਰਤਾਂ ਦੇ ਜੀਵਨ ਵਿੱਚੋਂ ਧੂਏਂ, ਅਸੁਰੱਖਿਆ ਅਤੇ ਪਾਣੀ ਦੀ ਕਿੱਲਤ ਵਰਗੀਆਂ ਸਮੱਸਿਆਵਾਂ ਨੂੰ ਖ਼ਤਮ ਕਰਕੇ ਉਨ੍ਹਾਂ ਦੇ ਜੀਵਨ ਦੀ ਗੁਣਵੱਤਾ ਵਿੱਚ ਸੁਧਾਰ ਕੀਤਾ ਹੈ।

ਵਿਧਾਨਿਕ ਸੰਸਥਾਵਾਂ ਵਿੱਚ ਔਰਤਾਂ ਦੀ ਵਧਦੀ ਸ਼ਮੂਲੀਅਤ ਮਹਿਲਾ ਸੁਰੱਖਿਆ ਨਾਲ ਸਬੰਧਿਤ ਕਾਨੂੰਨਾਂ ਨੂੰ ਵਧੇਰੇ ਮਜ਼ਬੂਤ ਤੇ ਸੰਵੇਦਨਸ਼ੀਲ ਬਣਾਏਗੀ। ਜਦੋਂ ਔਰਤਾਂ ਖੁਦ ਕਾਨੂੰਨ ਨਿਰਮਾਤਾ ਬਣਨਗੀਆਂ, ਤਾਂ ਕੰਮਕਾਜੀ ਥਾਵਾਂ 'ਤੇ ਵਿਤਕਰੇ ਅਤੇ 'ਡਿਜੀਟਲ ਅਧਿਕਾਰਾਂ' ਵਰਗੇ ਆਧੁਨਿਕ ਮੁੱਦਿਆਂ 'ਤੇ ਆਵਾਜ਼ ਵਧੇਰੇ ਬੁਲੰਦ ਹੋਵੇਗੀ। ਇਹ ਬਦਲਾਅ ਸਮਾਜਿਕ ਢਾਂਚੇ ਵਿੱਚ ਇੱਕ ਅਜਿਹੀ ਚੇਤਨਾ ਪੈਦਾ ਕਰੇਗਾ, ਜਿੱਥੇ ਔਰਤਾਂ ਦੇ 'ਡਿਜੀਟਲ ਸਨਮਾਨ' ਅਤੇ ਨਿੱਜੀ ਸੁਰੱਖਿਆ ਨੂੰ ਮੁੱਢਲੀ ਤਰਜੀਹ ਮੰਨਿਆ ਜਾਵੇਗਾ। ਤਿੰਨ ਤਲਾਕ ਵਰਗੀਆਂ ਕੁਰੀਤੀਆਂ ਦਾ ਖ਼ਾਤਮਾ ਅਤੇ 'ਮਿਸ਼ਨ ਸ਼ਕਤੀ' ਵਰਗੀਆਂ ਪਹਿਲਕਦਮੀਆਂ ਪਹਿਲਾਂ ਹੀ ਔਰਤਾਂ ਵਿੱਚ ਆਤਮ-ਵਿਸ਼ਵਾਸ ਪੈਦਾ ਕਰ ਰਹੀਆਂ ਹਨ।

ਇਹ ਅਧਿਨਿਯਮ ਭਾਰਤੀ ਸਮਾਜ ਵਿੱਚ ਇੱਕ ਵਿਆਪਕ 'ਸੱਭਿਆਚਾਰਕ ਬਦਲਾਅ' ਲਿਆਉਣ ਦੀ ਸਮਰੱਥਾ ਰੱਖਦਾ ਹੈ। ਇਹ ਰਵਾਇਤੀ ਮਾਨਸਿਕਤਾ ਨੂੰ ਚੁਣੌਤੀ ਦੇਵੇਗਾ ਕਿ ਔਰਤਾਂ ਸਿਰਫ਼ ਘਰੇਲੂ ਜ਼ਿੰਮੇਵਾਰੀਆਂ ਲਈ ਹਨ। ਇਹ ਕਾਨੂੰਨ ਅਸਲ ਵਿੱਚ 'ਬੇਟੀ ਬਚਾਓ, ਬੇਟੀ ਪੜ੍ਹਾਓ' ਦੇ ਸੰਕਲਪ ਨੂੰ 'ਬੇਟੀ ਨੂੰ ਸੱਤਾ ਦਿਵਾਓ' ਤੱਕ ਲੈ ਕੇ ਜਾਣ ਵਾਲਾ ਹੈ। ਹਾਲਾਂਕਿ, ਸਭ ਤੋਂ ਵੱਡੀ ਚੁਣੌਤੀ ਇਹ ਯਕੀਨੀ ਬਣਾਉਣਾ ਹੈ ਕਿ ਚੁਣੀਆਂ ਗਈਆਂ ਮਹਿਲਾਵਾਂ ਸਿਰਫ਼ 'ਰਬੜ ਸਟੈਂਪ' ਨਾ ਬਣਨ, ਸਗੋਂ ਆਪਣੇ ਸੰਵਿਧਾਨਕ ਅਧਿਕਾਰਾਂ ਦੀ ਵਰਤੋਂ ਪੂਰੀ ਸੁਤੰਤਰਤਾ ਨਾਲ ਕਰਨ। ਇਸ ਲਈ ਰਾਜਨੀਤਿਕ ਸਿਖਲਾਈ ਦੇ ਨਾਲ-ਨਾਲ ਸਮਾਜਿਕ ਸੋਚ ਵਿੱਚ ਤਬਦੀਲੀ ਲਿਆਉਣੀ ਵੀ ਲਾਜ਼ਮੀ ਹੈ।

ਅੰਤ ਵਿੱਚ, ਇਹ ਕਿਹਾ ਜਾ ਸਕਦਾ ਹੈ ਕਿ 'ਨਾਰੀ ਸ਼ਕਤੀ ਵੰਦਨ ਅਧਿਨਿਯਮ' ਭਾਰਤੀ ਲੋਕਤੰਤਰ ਦੀਆਂ ਜੜ੍ਹਾਂ ਨੂੰ ਮਜ਼ਬੂਤ ਕਰਨ ਵਾਲਾ ਇੱਕ ਇਤਿਹਾਸਕ ਮੀਲ ਪੱਥਰ ਹੈ। ਇਹ 'ਵਿਕਸਿਤ ਭਾਰਤ' ਦੇ ਮਹਾਨ ਸੰਕਲਪ ਨੂੰ ਸਾਕਾਰ ਕਰਨ ਵੱਲ ਵਧਾਇਆ ਗਿਆ, ਇੱਕ ਦ੍ਰਿੜ੍ਹ ਕਦਮ ਹੈ। ਇਹ ਕਾਨੂੰਨ ਦੇਸ਼ ਦੀਆਂ ਕਰੋੜਾਂ ਧੀਆਂ ਨੂੰ ਸਿਰਫ਼ ਵੋਟਰ ਨਹੀਂ, ਸਗੋਂ ਭਵਿੱਖ ਦੇ 'ਕਾਨੂੰਨ ਨਿਰਮਾਤਾ' ਵਜੋਂ ਦੇਖਣ ਦਾ ਹੌਸਲਾ ਦਿੰਦਾ ਹੈ। ਆਉਣ ਵਾਲੀਆਂ ਪੀੜ੍ਹੀਆਂ ਲਈ ਇਹ ਇੱਕ ਅਜਿਹਾ ਰਾਜਨੀਤਿਕ ਸੱਭਿਆਚਾਰ ਸਿਰਜੇਗਾ, ਜਿੱਥੇ ਲਿੰਗ ਨਹੀਂ ਬਲਕਿ ਯੋਗਤਾ, ਸਮਰੱਥਾ ਅਤੇ ਸੰਵੇਦਨਾ ਹੀ ਸ਼ਾਸਨ ਦਾ ਅਧਾਰ ਹੋਣਗੇ। ਇਹ ਨਵੇਂ ਭਾਰਤ ਦਾ ਉਹ ਪ੍ਰਤੀਕ ਹੈ, ਜਿੱਥੇ ਮਹਿਲਾਵਾਂ ਦੀ ਅਗਵਾਈ ਰਾਸ਼ਟਰੀ ਵਿਕਾਸ ਦਾ ਮੁੱਖ ਧੁਰਾ ਹੋਵੇਗੀ।

# ਪਾਕਿ ਨੇ ਅਮਰੀਕਾ-ਈਰਾਨ ਗੱਲਬਾਤ ਦੇ ਅਗਲੇ ਦੌਰ ਦੀ ਤਿਆਰੀ ਸ਼ੁਰੂ ਕੀਤੀ

ਇਸਲਾਮਾਬਾਦ, 18 ਅਪ੍ਰੈਲ (ਚ.ਨ.ਸ): ਪਾਕਿਸਤਾਨ ਨੇ ਅਗਲੇ ਹਫ਼ਤੇ ਅਮਰੀਕਾ ਤੇ ਈਰਾਨ ਵਿਚਾਲੇ



ਹੋਣ ਵਾਲੀ ਮਹੱਤਵਪੂਰਨ ਗੱਲਬਾਤ ਦੇ ਦੂਜੇ ਦੌਰ ਦੀ ਮੇਜ਼ਬਾਨੀ ਦੀ ਤਿਆਰੀ ਸ਼ੁਰੂ ਕਰ ਦਿੱਤੀ ਹੈ। ਇਹ ਗੱਲਬਾਤ ਪੱਛਮੀ ਏਸ਼ੀਆ ਵਿੱਚ ਜਾਰੀ ਜੰਗ ਨੂੰ ਖ਼ਤਮ ਕਰਨ ਲਈ ਇੱਕ ਅਹਿਮ ਸ਼ਾਂਤੀ ਸਮਝੌਤੇ ਨੂੰ ਲੈ ਕੇ ਹੋ ਰਹੀ ਹੈ, ਜਿਸ ਨੇ ਵਿਸ਼ਵ ਪੱਧਰ 'ਤੇ ਊਰਜਾ ਸਪਲਾਈ ਨੂੰ ਗੰਭੀਰ ਤੌਰ 'ਤੇ ਪ੍ਰਭਾਵਿਤ ਕੀਤਾ ਹੈ। ਅਮਰੀਕਾ ਤੇ ਈਰਾਨ ਨੇ ਹਫਤੇ ਦੇ ਅੰਤ ਵਿੱਚ ਪਾਕਿਸਤਾਨ ਵਿੱਚ ਅਚਾਨਕ ਸਿੱਧੀ ਗੱਲਬਾਤ ਕੀਤੀ ਸੀ, ਜਿਸ ਦਾ ਮਕਸਦ ਸੰਘਰਸ਼ ਨੂੰ ਖ਼ਤਮ ਕਰਨਾ ਸੀ ਪਰ ਇਹ ਗੱਲਬਾਤ ਐਤਵਾਰ ਤੜਕੇ ਬਿਨਾਂ ਕਿਸੇ ਸਮਝੌਤੇ ਦੇ ਖ਼ਤਮ ਹੋ ਗਈ। ਪਾਕਿਸਤਾਨ ਵਿੱਚ ਸਰਕਾਰੀ ਸੂਤਰਾਂ ਨੇ ਸ਼ੁੱਕਰਵਾਰ ਨੂੰ ਦੱਸਿਆ ਕਿ ਦੋਵਾਂ ਧਿਰਾਂ ਨੂੰ ਮੁੜ ਗੱਲਬਾਤ ਦੇ ਮੇਜ਼ 'ਤੇ ਲਿਆਉਣ ਲਈ ਤੇਜ਼ ਕੂਟਨੀਤਕ ਗਤੀਵਿਧੀਆਂ ਸ਼ੁਰੂ ਕੀਤੀਆਂ ਗਈਆਂ ਹਨ। ਦੋਵਾਂ ਦੇਸ਼ਾਂ ਵੱਲੋਂ ਅਸਥਾਈ ਤੌਰ 'ਤੇ ਦੋ ਹਫ਼ਤਿਆਂ ਦੀ ਜੰਗਬੰਦੀ ਦੀ ਪਾਲਣਾ ਜਾਰੀ ਰੱਖਣ ਨਾਲ ਪਾਕਿਸਤਾਨ ਨੂੰ ਆਪਣੀ ਵਿਚੋਲਗੀ ਮੁੜ ਸ਼ੁਰੂ ਕਰਨ ਦਾ ਮੌਕਾ ਮਿਲਿਆ ਹੈ।

# ਬਾਬਾ ਫੌਜਾ ਸਿੰਘ ਦੀ ਯਾਦ 'ਚ 80 ਸਾਲਾ ਬਲਦੇਵ ਸਿੰਘ ਦੌੜਨਗੇ ਲੰਡਨ ਮੈਰਾਥਨ, ਕਲੱਬ ਹਾਊਸ ਲਈ ਫੰਡ ਇਕੱਠਾ ਕਰਨਗੇ

ਲੰਡਨ, 18 ਅਪ੍ਰੈਲ (ਚ.ਨ.ਸ): ਦੁਨੀਆਂ ਦੇ ਸਭ ਤੋਂ ਬਿਰਧ ਮੈਰਾਥਨ ਦੌੜਾਕ ਵਜੋਂ ਪ੍ਰਸਿੱਧੀ ਖੱਟਣ ਵਾਲੇ ਸਵਰਗੀ ਬਾਬਾ ਫੌਜਾ ਸਿੰਘ ਦੀ ਜੀਵਨ-ਸ਼ੈਲੀ ਤੇ ਉਨ੍ਹਾਂ ਦੀਆਂ ਦਿੱਤੀਆਂ ਸਿੱਖਿਆਵਾਂ ਅੱਜ ਵੀ ਲੱਖਾਂ ਲੋਕਾਂ ਲਈ ਪ੍ਰੇਰਨਾ ਦਾ ਸਰੋਤ ਬਣੀਆਂ ਹੋਈਆਂ ਹਨ। ਇਸੇ ਕੜੀ ਤਹਿਤ ਲੰਡਨ ਵਿੱਚ ਰਹਿਣ ਵਾਲੇ 80 ਸਾਲਾ ਬ੍ਰਿਟਿਸ਼ ਸਿੱਖ ਬਲਦੇਵ ਸਿੰਘ ਬੈਂਸ ਆਉਂਦੀ 26 ਅਪ੍ਰੈਲ ਨੂੰ ਹੋਣ ਵਾਲੀ 'ਲੰਡਨ ਮੈਰਾਥਨ' ਵਿੱਚ ਪਹਿਲੀ ਵਾਰ ਹਿੱਸਾ ਲੈਣ ਜਾ ਰਹੇ ਹਨ। ਬਲਦੇਵ ਸਿੰਘ ਦਾ ਕਹਿਣਾ ਹੈ ਕਿ ਉਨ੍ਹਾਂ ਦਾ ਇਹ ਕਦਮ ਬਾਬਾ ਫੌਜਾ ਸਿੰਘ ਦੀ ਯਾਦ ਨੂੰ ਸਮਰਪਿਤ ਹੈ ਤੇ ਇਸ ਦੌੜ ਰਾਹੀਂ ਉਹ ਬਾਬਾ ਜੀ ਦੀ ਯਾਦ ਵਿੱਚ ਬਣਾਏ ਜਾ ਰਹੇ 'ਫੌਜਾ ਸਿੰਘ ਕਲੱਬ ਹਾਊਸ' ਲਈ ਵਿੱਤੀ ਮਦਦ ਇਕੱਠੀ ਕਰਨਗੇ। ਮੂਲ ਰੂਪ ਵਿੱਚ ਪੰਜਾਬ ਦੇ ਹੁਸ਼ਿਆਰਪੁਰ ਜ਼ਿਲ੍ਹੇ ਦੇ ਤਹਿਸੀਲ ਗੜ੍ਹਸ਼ੰਕਰ ਦੇ ਪਿੰਡ ਠਾਣਾ ਨਾਲ ਸਬੰਧਤ ਬਲਦੇਵ ਸਿੰਘ ਬੈਂਸ ਨੇ ਦੱਸਿਆ ਕਿ ਉਹ ਬਾਬਾ ਫੌਜਾ ਸਿੰਘ ਦੇ ਗੁਆਂਢੀ ਸਨ ਤੇ ਇੱਕੋ ਗੁਰਦੁਆਰਾ ਸਾਹਿਬ ਵਿੱਚ ਜਾਂਦੇ ਸਨ। ਉਨ੍ਹਾਂ ਕਿਹਾ ਕਿ ਜਦੋਂ ਮੈਂ ਫੌਜਾ ਸਿੰਘ ਨੂੰ ਵੱਡੀ ਉਮਰ ਵਿੱਚ ਵੀ ਚੁਸਤ-ਦਰੁਸਤ ਦੌੜਦਿਆਂ ਵੇਖਿਆ ਤਾਂ ਮੈਨੂੰ ਵੀ ਆਪਣੀ ਸਿਹਤ ਸੁਧਾਰਨ ਦੀ ਚੇਟਕ ਲੱਗੀ। ਉਨ੍ਹਾਂ ਨੇ ਹੀ ਮੈਨੂੰ ਸਲਾਹ ਦਿੱਤੀ ਸੀ ਕਿ ਪਹਿਲਾਂ ਸੈਰ ਸ਼ੁਰੂ ਕਰੋ, ਫਿਰ ਹੌਲੀ-ਹੌਲੀ ਦੌੜਨਾ ਸ਼ੁਰੂ ਕਰੋ ਤੇ ਆਪਣੀ ਖ਼ੁਰਾਕ ਤੇ ਸੋਚ ਨੂੰ ਹਮੇਸ਼ਾ ਉਸਾਰੂ ਰੱਖੋ।ਬਲਦੇਵ ਸਿੰਘ ਮੁਤਾਬਿਕ ਇੱਕ ਸਮਾਂ ਸੀ ਜਦੋਂ ਉਹ ਸ਼ੂਗਰ (ਡਾਇਬਟੀਜ਼) ਤੇ ਵੱਧਦੇ ਭਾਰ ਵਰਗੀਆਂ ਕਈ ਬਿਮਾਰੀਆਂ ਨਾਲ ਜੂਝ ਰਹੇ ਸਨ ਤੇ ਭਾਰੀ ਮਾਤਰਾ ਵਿੱਚ ਦਵਾਈਆਂ ਦਾ ਸੇਵਨ ਕਰਦੇ ਸਨ। ਪਰ ਬਾਬਾ ਜੀ ਦੀ ਸਲਾਹ ਮੰਨ ਕੇ ਉਨ੍ਹਾਂ ਨੇ ਰੈਡਬ੍ਰਿਜ ਦੇ ਬੀਲ ਹਾਈ ਸਕੂਲ ਦੇ ਮੈਦਾਨ ਵਿੱਚ ਸੈਰ ਸ਼ੁਰੂ ਕੀਤੀ। ਇਸ ਮਿਹਨਤ ਸਦਕਾ ਉਨ੍ਹਾਂ ਨੇ 30 ਕਿਲੋ ਭਾਰ ਘਟਾਇਆ ਤੇ ਅੱਜ ਉਹ ਲਗਭਗ ਸਾਰੀਆਂ ਦਵਾਈਆਂ ਤੋਂ ਮੁਕਤ ਹੋ ਚੁੱਕੇ ਹਨ। ਜ਼ਿਕਰਯੋਗ ਹੈ ਕਿ ਬਾਬਾ ਫੌਜਾ ਸਿੰਘ, ਜਿਨ੍ਹਾਂ ਦਾ ਪਿਛਲੇ ਸਾਲ ਜੁਲਾਈ ਵਿੱਚ 114 ਸਾਲ ਦੀ ਉਮਰ ਵਿੱਚ ਉਨ੍ਹਾਂ ਦੇ ਜੱਦੀ ਪਿੰਡ ਬਿਆਸ ਪਿੰਡ (ਜਲੰਧਰ) ਵਿਖੇ ਇੱਕ ਸੜਕ ਹਾਦਸੇ ਵਿੱਚ ਦਿਹਾਂਤ ਹੋ ਗਿਆ ਸੀ, ਦੀ ਯਾਦ ਨੂੰ ਤਾਜ਼ਾ ਰੱਖਣ ਲਈ ਲੰਡਨ ਦੇ ਰੈਡਬ੍ਰਿਜ ਇਲਾਕੇ ਵਿੱਚ ਇੱਕ ਵਿਸ਼ੇਸ਼ ਕਲੱਬ ਹਾਊਸ ਬਣਾਇਆ ਜਾ ਰਿਹਾ ਹੈ।ਇਹ ਕਲੱਬ ਹਾਊਸ ਉਸੇ ਰਸਤੇ 'ਤੇ ਬਣੇਗਾ ਜਿੱਥੇ ਬਾਬਾ ਜੀ ਅਕਸਰ ਅਭਿਆਸ ਕਰਿਆ ਕਰਦੇ ਸਨ। ਇਸ ਪ੍ਰੋਜੈਕਟ ਦੀ ਕੁੱਲ ਲਾਗਤ ਲਗਭਗ 10 ਲੱਖ ਪੌਂਡ (1 ਮਿਲੀਅਨ ਪੌਂਡ) ਦੱਸੀ ਜਾ ਰਹੀ ਹੈ।

# ਰਮਨ ਬਹਿਲ ਨੇ ਵੱਖ-ਵੱਖ ਸਕੂਲਾਂ 'ਚ ਸਾਇੰਸ ਲੈਬਾਰਟਰੀਆਂ ਤੇ ਨਵੇਂ ਬਣੇ ਕਲਾਸ ਰੂਮਾਂ ਦਾ ਉਦਘਾਟਨ ਕੀਤਾ

ਗੁਰਦਾਸਪੁਰ, 18 ਅਪ੍ਰੈਲ (ਜਗੀਰ ਸਿੰਘ ਮੰਡ/ਸੁਰਿੰਦਰ ਸਿੰਘ ਬਸਰਾ): ਗੁਰਦਾਸਪੁਰ ਹਲਕੇ ਦੇ ਇੰਚਾਰਜ ਰਮਨ ਬਹਿਲ ਵੱਲੋਂ ਹਲਕੇ ਦੇ ਵੱਖ-ਵੱਖ ਸਕੂਲਾਂ ਵਿੱਚ ਲੱਖਾਂ ਰੁਪਏ ਦੀ ਲਾਗਤ ਨਾਲ ਬਣੀਆਂ ਸਾਇੰਸ ਲੈਬਾਰਟਰੀਆਂ ਤੇ ਐਡੀਸ਼ਨਲ ਕਲਾਸ ਰੂਮਾਂ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਚੇਅਰਮੈਨ ਭਾਰਤ ਭੂਸ਼ਨ ਸ਼ਰਮਾ, ਚੇਅਰਮੈਨ ਰਾਜੀਵ ਸ਼ਰਮਾ, ਐਡ. ਸੁੱਚਾ ਸਿੰਘ ਮੁਲਤਾਨੀ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਤੇ ਸਕੂਲ ਸਟਾਫ ਮੌਜੂਦ ਸੀ। ਇਸ ਮੌਕੇ ਗੱਲ ਕਰਦਿਆਂ ਰਮਨ ਬਹਿਲ ਨੇ ਦੱਸਿਆ ਕਿ ਸਰਕਾਰੀ ਹਾਈ ਸਕੂਲ ਬੱਬਰੀ ਵਿਖੇ 11 ਲੱਖ ਰੁਪਏ ਦੀ ਲਾਗਤ ਨਾਲ ਸਾਇੰਸ ਲੈਬਾਰਟਰੀ ਦਾ ਉਦਘਾਟਨ ਕੀਤਾ ਗਿਆ ਹੈ। ਸਰਕਾਰੀ ਪ੍ਰਾਇਮਰੀ ਸਕੂਲ ਹਰਦੋਬਥਵਾਲਾ ਭੱਠਾ ਕਲੋਨੀ ਵਿਖੇ 9 ਲੱਖ 55 ਹਜ਼ਾਰ ਰੁਪਏ ਦੀ ਲਾਗਤ ਨਾਲ ਐਡੀਸ਼ਨਲ ਕਲਾਸ ਰੂਮਾਂ



ਦਾ ਉਦਘਾਟਨ ਕੀਤਾ ਗਿਆ ਹੈ। ਇਸ ਤੋਂ ਇਲਾਵਾ 2 ਇੰਟਰਐਕਟਿਵ ਪੈਨਲ, 8 ਕੰਪਿਊਟਰ ਤੇ 8 ਯੂ.ਪੀ.ਐਸ. ਮੁਹੱਈਆ ਕਰਵਾਏ ਗਏ ਹਨ। ਉਨ੍ਹਾਂ ਅੱਗੇ ਦੱਸਿਆ ਕਿ ਇਸੇ ਤਰ੍ਹਾਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਗੌਤ ਪੋਖਰ ਵਿਖੇ 22 ਲੱਖ ਰੁਪਏ ਦੀ ਲਾਗਤ ਨਾਲ ਐਨ.ਐਸ.ਕਿਊ.ਐਫ. ਲੈਬਾਰਟਰੀ ਤੇ ਸਾਇੰਸ ਲੈਬਾਰਟਰੀ ਦਾ ਉਦਘਾਟਨ ਕੀਤਾ ਗਿਆ। ਇਸ ਦੇ ਨਾਲ 2 ਇੰਟਰਐਕਟਿਵ ਪੈਨਲ, 10 ਕੰਪਿਊਟਰ ਤੇ 10 ਯੂ.ਪੀ.ਐਸ. ਮੁਹੱਈਆ ਕਰਵਾਏ ਗਏ ਹਨ। ਇਸੇ ਤਰ੍ਹਾਂ ਸਰਕਾਰੀ ਹਾਈ ਸਕੂਲ ਸਾਧੂਚੱਕ ਵਿਖੇ 15 ਲੱਖ ਰੁਪਏ ਦੀ ਲਾਗਤ ਨਾਲ 2 ਐਡੀਸ਼ਨਲ ਕਲਾਸ ਰੂਮਾਂ ਦਾ ਉਦਘਾਟਨ ਕੀਤਾ ਗਿਆ ਹੈ ਤੇ 2 ਇੰਟਰਐਕਟਿਵ ਪੈਨਲ, 8 ਕੰਪਿਊਟਰ ਤੇ 8 ਯੂ.ਪੀ.ਐਸ. ਮੁਹੱਈਆ ਕਰਵਾਏ ਗਏ ਹਨ। ਰਮਨ ਬਹਿਲ ਨੇ ਅੱਗੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਕੂਲਾਂ ਅੰਦਰ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕੀਤਾ ਗਿਆ ਹੈ ਤੇ ਵਿਦਿਆਰਥੀਆਂ ਨੂੰ ਪੜ੍ਹਨ ਲਈ ਸ਼ਾਨਦਾਰ ਵਾਤਾਵਰਨ ਮੁਹੱਈਆ ਕਰਵਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਉਹ ਵਿਕਾਸ ਦੀ ਰਾਜਨੀਤੀ ਵਿੱਚ ਵਿਸ਼ਵਾਸ ਰੱਖਦੇ ਹਨ ਤੇ ਲੋਕਾਂ ਸੇਵਾ ਹੀ ਉਨ੍ਹਾਂ ਦੀ ਪਹਿਲ ਹੈ।

# ਵਿਧਾਇਕ ਸ਼ੈਰੀ ਕਲਸੀ ਨੇ ਵਾਰਡ ਨੰਬਰ 46 ਤੋਂ 'ਮੁੱਖ ਮੰਤਰੀ ਤੀਰਥ ਯਾਤਰਾ' ਨੂੰ ਰਵਾਨਾ ਕੀਤਾ

ਬਟਾਲਾ, 18 ਅਪ੍ਰੈਲ (ਬਲਵਿੰਦਰ ਸਿੰਘ ਪੰਜਗਰਾਈਂ/ਧੰਨਪਾਲ ਕਲਸੀ): ਪੰਜਾਬ ਦੇ ਕਾਰਜਕਾਰੀ ਪ੍ਰਧਾਨ ਤੇ ਵਿਧਾਇਕ ਸ਼ੈਰੀ ਕਲਸੀ ਵੱਲੋਂ ਅੱਜ ਵਾਰਡ ਨੰਬਰ 46 ਬਟਾਲਾ ਤੋਂ 'ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ' ਤਹਿਤ ਸ਼ਰਧਾਲੂਆਂ ਦੀ ਬੱਸ ਨੂੰ ਹਰੀ ਝੰਡੀ




ਦੇ ਕੇ ਰਵਾਨਾ ਕੀਤਾ ਗਿਆ। ਇਸ ਮੌਕੇ ਗੱਲਬਾਤ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ 'ਮੁੱਖ ਮੰਤਰੀ ਤੀਰਥ ਯਾਤਰਾ' ਯੋਜਨਾ ਤਹਿਤ ਲੋਕਾਂ ਨੂੰ ਵੱਖ-ਵੱਖ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਵਾਏ ਜਾ ਰਹੇ ਹਨ ਤੇ ਲੋਕ ਪੂਰੀ ਸ਼ਰਧਾ ਭਾਵਨਾ ਨਾਲ ਯਾਤਰਾ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਇਹ ਯੋਜਨਾ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਧਾਰਮਿਕ ਸਥਾਨਾਂ ਦੇ ਦਰਸ਼ਨ ਸੁਵਿਧਾਜਨਕ ਢੰਗ ਨਾਲ ਕਰਵਾਉਣ ਵੱਲ ਇੱਕ ਮਹੱਤਵਪੂਰਨ ਕਦਮ ਹੈ। ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੀ ਪਹਿਲ ਨਾਲ ਨਾ ਸਿਰਫ਼ ਲੋਕਾਂ ਦੀਆਂ ਆਸਥਾਵਾਂ ਨੂੰ ਮਜ਼ਬੂਤੀ ਮਿਲਦੀ ਹੈ, ਸਗੋਂ ਸਮਾਜ ਵਿੱਚ ਏਕਤਾ ਤੇ ਸਾਂਝ ਨੂੰ ਵੀ ਹੋਰ ਮਜ਼ਬੂਤੀ ਮਿਲਦੀ ਹੈ। ਉਨ੍ਹਾਂ ਦੱਸਿਆ ਕਿ ਇਹ ਬੱਸ ਰਾਹੀਂ ਤਿੰਨ ਦਿਨਾਂ ਵਿੱਚ ਸ਼ਰਧਾਲੂਆਂ ਨੂੰ ਸ੍ਰੀ ਅਨੰਦਪੁਰ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਵਿਰਾਸਤ-ਏ-ਖ਼ਾਲਸਾ, ਸ੍ਰੀ ਕੀਰਤਪੁਰ ਸਾਹਿਬ ਤੇ ਮਾਤਾ ਨੈਣਾ ਦੇਵੀ ਦੇ ਦਰਸ਼ਨ ਕਰਵਾਏ ਜਾਣਗੇ। ਇਸ ਮੌਕੇ ਯਾਤਰਾ 'ਤੇ ਜਾ ਰਹੇ ਸ਼ਰਧਾਲੂਆਂ ਨੇ ਮੁੱਖ ਮੰਤਰੀ ਪੰਜਾਬ ਤੇ ਵਿਧਾਇਕ ਸ਼ੈਰੀ ਕਲਸੀ ਦਾ ਧੰਨਵਾਦ ਕਰਦਿਆਂ ਕਿ 'ਮੁੱਖ ਮੰਤਰੀ ਤੀਰਥ ਯੋਜਨਾ' ਨਾਲ ਲੋਕਾਂ ਵਿੱਚ ਖ਼ੁਸ਼ੀ ਵਰਗਾ ਮਾਹੌਲ ਹੈ ਤੇ ਧਾਰਮਿਕ ਅਸਥਾਨਾਂ ਦੇ ਦਰਸ਼ਨਾਂ ਲਈ ਬਹੁਤ ਉਤਸ਼ਾਹਿਤ ਹਨ।

# ਡਿਪਟੀ ਸਪੀਕਰ ਵੱਲੋਂ ਸਿੱਖਿਆ ਖੇਤਰ 'ਚ ਇਤਿਹਾਸਕ ਉਪਰਾਲਾ, ਵੱਖ-ਵੱਖ ਸਕੂਲਾਂ 'ਚ ਉਦਘਾਟਨ ਕੀਤਾ

ਗੜ੍ਹਸ਼ੰਕਰ, 18 ਅਪ੍ਰੈਲ (ਅਜਮੇਰ ਸਿੰਘ ਭਨੋਟ): ਹਲਕਾ ਗੜ੍ਹਸ਼ੰਕਰ ਜ਼ਿਲ੍ਹਾ ਹੁਸ਼ਿਆਰਪੁਰ ਵਿੱਚ ਸਿੱਖਿਆ ਦੇ ਮਿਆਰ ਨੂੰ ਨਵੀਆਂ ਉਚਾਈਆਂ ਤੱਕ ਲਿਜਾਣ ਲਈ ਜੈ ਕ੍ਰਿਸ਼ਨ ਸਿੰਘ ਰੌੜੀ ਡਿਪਟੀ ਸਪੀਕਰ ਤੇ ਹਲਕਾ ਵਿਧਾਇਕ ਵੱਲੋਂ ਵੱਡੇ ਪੱਧਰ 'ਤੇ ਵਿਕਾਸ ਕਾਰਜ ਕੀਤੇ ਜਾ ਰਹੇ ਹਨ। ਉਨ੍ਹਾਂ ਦੀ ਅਗਵਾਈ ਹੇਠ ਸਿੱਖਿਆ ਖੇਤਰ ਵਿੱਚ ਲਗਾਤਾਰ ਹੋ ਰਹੇ ਉਪਰਾਲੇ ਇਲਾਕੇ ਲਈ ਇੱਕ ਮਿਸਾਲ ਬਣ ਰਹੇ ਹਨ। ਅੱਜ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਨੰਗਲ ਖੁਰਦ ਵਿਖੇ ਡਿਪਟੀ ਸਪੀਕਰ ਵੱਲੋਂ ਤਿੰਨ ਆਧੁਨਿਕ ਲੈਬਾਂ ਤੇ ਇੱਕ ਨਵੇਂ ਕਲਾਸ ਰੂਮ ਦਾ ਸ਼ਾਨਦਾਰ ਉਦਘਾਟਨ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਲਗਭਗ 50 ਲੱਖ ਰੁਪਏ ਦੀ ਗ੍ਰਾਂਟ ਪ੍ਰਦਾਨ ਕੀਤੀ ਗਈ ਹੈ, ਜਿਸ ਨਾਲ ਸਕੂਲ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕੀਤਾ ਗਿਆ ਹੈ ਤੇ



ਵਿਦਿਆਰਥੀਆਂ ਨੂੰ ਆਧੁਨਿਕ ਸਹੂਲਤਾਂ ਮੁਹੱਈਆ ਕਰਵਾਈਆਂ ਗਈਆਂ ਹਨ।ਡਿਪਟੀ ਸਪੀਕਰ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਸਰਕਾਰ ਸਿੱਖਿਆ ਨੂੰ ਸਭ ਤੋਂ ਵੱਡੀ ਤਰਜੀਹ ਦੇ ਰਹੀ ਹੈ ਤੇ ਪਿੰਡਾਂ ਦੇ ਸਕੂਲਾਂ ਨੂੰ ਵੀ ਸ਼ਹਿਰੀ ਸਹੂਲਤਾਂ ਦੇ ਬਰਾਬਰ ਲਿਆਂਦਾ ਜਾ ਰਿਹਾ ਹੈ।ਇਸ ਮੌਕੇ ਬਲਦੀਪ ਸਿੰਘ (ਚੇਅਰਮੈਨ ਮਾਰਕੀਟ ਕਮੇਟੀ ਗੜ੍ਹਸ਼ੰਕਰ), ਚਰਨਜੀਤ ਸਿੰਘ ਚੰਨੀ (ਓਐਸਡੀ), ਸੋਹਣ ਸਿੰਘ (ਸਿੱਖਿਆ ਕੋਆਰਡੀਨੇਟਰ), ਪ੍ਰਿੰਸੀਪਲ ਸੁਰਜੀਤ ਸਿੰਘ ਸਮੇਤ ਕਈ ਪ੍ਰਮੁੱਖ ਸ਼ਖਸੀਅਤਾਂ ਹਾਜ਼ਰ ਰਹੀਆਂ। ਸਟੇਜ ਸੰਚਾਲਨ ਸਤਵੰਤ ਸਿੰਘ ਵੱਲੋਂ ਬਾਖੂਬੀ ਕੀਤਾ ਗਿਆ।ਇਸ ਤੋਂ ਇਲਾਵਾ ਪਿੰਡ ਮਜਾਰਾ ਡਿੰਗਰੀਆਂ ਵਿੱਚ ਵੀ ਡਿਪਟੀ ਸਪੀਕਰ ਵੱਲੋਂ ਵੱਡਾ ਵਿਕਾਸੀ ਕਦਮ ਚੁੱਕਦੇ ਹੋਏ 3 ਸਾਇੰਸ ਲੈਬਾਂ, 1 ਇੰਟੀਗ੍ਰੇਟਿਡ ਸਾਇੰਸ ਲੈਬ ਤੇ 2 ਨਵੇਂ ਕਲਾਸ ਰੂਮਾਂ ਦਾ ਉਦਘਾਟਨ ਕੀਤਾ ਗਿਆ। ਇਨ੍ਹਾਂ ਪ੍ਰੋਜੈਕਟਾਂ 'ਤੇ ਕਰੀਬ 62.92 ਲੱਖ ਰੁਪਏ ਦੀ ਲਾਗਤ ਆਈ ਹੈ, ਜੋ ਸਿੱਖਿਆ ਦੇ ਢਾਂਚੇ ਨੂੰ ਹੋਰ ਮਜ਼ਬੂਤ ਕਰੇਗੀ।

# ਸਰੋਵਰ 'ਚ ਛਲਾਂਗ ਮਾਰਨ ਵਾਲੇ ਵਿਅਕਤੀ ਦੀ ਲਾਸ਼ ਬ੍ਰਾਮਦ

ਤਰਨਤਾਰਨ, 18 ਅਪ੍ਰੈਲ (ਚ.ਨ.ਸ): ਤਰਨਤਾਰਨ ਬੀਤੇ ਕੱਲ੍ਹ ਦੁਪਹਿਰ ਸ੍ਰੀ ਦਰਬਾਰ ਸਾਹਿਬ ਤਰਨ ਤਾਰਨ ਦੇ ਪਵਿੱਤਰ ਸਰੋਵਰ ਵਿੱਚ ਛਲਾਂਗ ਮਾਰਨ ਵਾਲੇ ਨੌਜਵਾਨ ਦੀ ਲਾਸ਼ ਗੋਤਾਖੋਰਾਂ ਵੱਲੋਂ ਕਾਫ਼ੀ ਮੁਸ਼ੱਕਤ ਮਗਰੋਂ ਅੱਜ ਸਵੇਰੇ ਬਾਹਰ ਕੱਢ ਲਈ ਗਈ। ਮ੍ਰਿਤਕ ਦੀ ਪਹਿਚਾਣ ਸੁਖਵਿੰਦਰ ਸਿੰਘ



(24) ਪੁੱਤਰ ਜਗਤਾਰ ਸਿੰਘ ਵਾਸੀ ਪਿੰਡ ਵੇਈਂ ਪੂਈਂ, ਜ਼ਿਲ੍ਹਾ ਤਰਨਤਾਰਨ ਵਜੋਂ ਹੋਈ ਹੈ।ਪਰਿਵਾਰਕ ਮੈਂਬਰਾਂ ਮੁਤਾਬਿਕ ਸੁਖਵਿੰਦਰ ਸਿੰਘ ਅਜੇ ਕੁਆਰਾ ਸੀ ਤੇ ਬਚਪਨ ਤੋਂ ਹੀ ਉਸ ਦੀ ਦਿਮਾਗੀ ਹਾਲਤ ਠੀਕ ਨਹੀਂ ਸੀ ਤੇ ਦੌਰੇ ਪੈਂਦੇ ਸਨ। ਜਾਣਕਾਰੀ ਅਨੁਸਾਰ ਬੀਤੇ ਕੱਲ੍ਹ ਉਹ ਆਪਣੇ ਪਿਤਾ ਜਗਤਾਰ ਸਿੰਘ ਨਾਲ ਤਰਨ ਤਾਰਨ ਸ਼ਹਿਰ ਵਿੱਚ ਦਵਾਈ ਲੈਣ ਆਇਆ ਹੋਇਆ ਸੀ। ਇਸ ਦੌਰਾਨ ਉਸ ਨੇ ਅਚਾਨਕ ਆਪਣੇ ਪਿਤਾ ਤੋਂ ਬਾਂਹ ਛੁਡਵਾ ਲਈ ਤੇ ਸ੍ਰੀ ਦਰਬਾਰ ਸਾਹਿਬ ਵੱਲ ਚਲਾ ਗਿਆ। ਉਥੇ ਮੱਥਾ ਟੇਕਣ ਤੋਂ ਬਾਅਦ ਉਸ ਨੇ ਦੀਵਾਨ ਹਾਲ ਵਿੱਚ ਚੱਲ ਰਹੇ ਧਾਰਮਿਕ ਸਮਾਗਮ ਦੌਰਾਨ ਕਰੀਬ ਅੱਧਾ ਘੰਟਾ ਕੀਰਤਨ ਸੁਣਿਆ ਤੇ ਫਿਰ ਅਚਾਨਕ ਪਵਿੱਤਰ ਸਰੋਵਰ ਵਿੱਚ ਛਲਾਂਗ ਮਾਰ ਦਿੱਤੀ। ਜਿਸ ਤੋਂ ਬਾਅਦ ਅੱਜ ਗੋਤਾਖੋਰਾਂ ਦੀ ਮਦਦ ਨਾਲ ਉਸ ਨੂੰ ਸਰੋਵਰ 'ਚੋਂ ਬੜੀ ਮੁਸ਼ੱਕਤ ਨਾਲ ਬਾਹਰ ਕੱਢ ਲਿਆ ਗਿਆ। ਥਾਣਾ ਸਿਟੀ ਤਰਨ ਤਾਰਨ ਦੀ ਪੁਲਿਸ ਵੱਲੋਂ ਮ੍ਰਿਤਕ ਦੇ ਪਰਿਵਾਰਕ ਮੈਂਬਰਾਂ ਨੂੰ ਬੁਲਾ ਕੇ ਕਾਨੂੰਨੀ ਕਾਰਵਾਈ ਕੀਤੀ ਜਾ ਰਹੀ ਹੈ ਤੇ ਅਗਲੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ।

# ਚੇਅਰਮੈਨ ਰਾਜੀਵ ਸ਼ਰਮਾ ਨੇ ਮੁੱਖ ਮੰਤਰੀ ਭਗਵੰਤ ਮਾਨ ਤੇ ਮਨੀਸ਼ ਸਿਸੋਦੀਆ ਦਾ ਸਵਾਗਤ ਕੀਤਾ

ਫਤਹਿਗੜ੍ਹ ਚੂੜੀਆਂ, 18 ਅਪ੍ਰੈਲ (ਰਾਜਨ ਸ਼ਰਮਾ): ਫਤਹਿਗੜ੍ਹ ਚੂੜੀਆਂ



ਦੇ ਵਸਨੀਕ ਤੇ ਗੁਰਦਾਸਪੁਰ ਲੋਕ ਸਭਾ ਇੰਚਾਰਜ ਤੇ ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਰਾਜੀਵ ਸ਼ਰਮਾ ਨੇ ਬੀਤੇ ਦਿਨੀਂ ਇਤਿਹਾਸਕ ਸ਼ਹਿਰ ਬਟਾਲਾ 'ਚ ਆਮ ਆਦਮੀ ਪਾਰਟੀ ਦੀ ਹੋਈ ਰੈਲੀ 'ਚ ਲੋਕਾਂ ਦਾ ਉਤਸ਼ਾਹ ਦੇਖਣ ਨੂੰ ਮਿਲਿਆ ਹੈ। ਦੱਸਿਆ ਜਾਂਦਾ ਹੈ ਕਿ ਜੋ ਸਮਾਂ ਦਿੱਤਾ ਗਿਆ ਸੀ, ਉਸ ਤੋਂ ਕਈ ਘੰਟੇ ਪਹਿਲਾਂ ਹੀ ਲੋਕਾਂ ਦੀ ਗਿਣਤੀ ਵੱਧ ਗਈ ਸੀ। ਸਟੇਜ 'ਤੇ ਪਹੁੰਚਣ ਮੌਕੇ ਮੁੱਖ ਮੰਤਰੀ ਭਗਵੰਤ ਮਾਨ ਤੇ ਪੰਜਾਬ ਇੰਚਾਰਜ ਮਨੀਸ਼ ਸਿਸੋਦੀਆ ਦਾ ਚੇਅਰਮੈਨ ਰਾਜੀਵ ਸ਼ਰਮਾ ਨੇ ਗੁਲਦਸਤਾ ਦੇ ਕੇ ਉਨ੍ਹਾਂ ਦਾ ਸਵਾਗਤ ਕੀਤਾ। ਇਸ ਮੌਕੇ ਗੱਲਬਾਤ ਕਰਦਿਆਂ ਇੰਪਰੂਵਮੈਂਟ ਟਰੱਸਟ ਗੁਰਦਾਸਪੁਰ ਦੇ ਚੇਅਰਮੈਨ ਤੇ ਲੋਕ ਸਭਾ ਹਲਕਾ ਗੁਰਦਾਸਪੁਰ ਦੇ ਇੰਚਾਰਜ ਰਾਜੀਵ ਸ਼ਰਮਾ ਨੇ ਦੱਸਿਆ ਕਿ ਬਟਾਲਾ ਦੇ ਵਿਧਾਇਕ ਸ਼ੈਰੀ ਕਲਸੀ ਵੱਲੋਂ ਬਟਾਲਾ 'ਚ ਉਚ ਪੱਧਰ ਵਿਕਾਸ ਕਰਵਾਏ ਜਾ ਰਹੇ ਹਨ ਤੇ ਹੁਣ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਹੋਰ ਗ੍ਰਾਂਟਾਂ ਦਿੱਤੀਆਂ ਜਾਣਗੀਆਂ ਤੇ ਖੁੱਲ੍ਹੇ ਦਿਲ ਨਾਲ ਵਿਕਾਸ ਕੀਤਾ ਜਾਵੇਗਾ। ਰਾਜੀਵ ਸ਼ਰਮਾ ਨੇ ਦੱਸਿਆ ਕਿ ਬਟਾਲਾ 'ਚ ਕੀਤੀ ਗਈ ਰੈਲੀ ਤੋਂ ਬਣੀ ਮਹਾਂ ਰੈਲੀ ਦੇਖਣਯੋਗ ਸੀ, ਉਸ ਤੋਂ ਸਾਫ ਪਤਾ ਲੱਗਦਾ ਹੈ ਕਿ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਦੀਆਂ ਚੋਣਾਂ 'ਚ ਆਮ ਆਦਮੀ ਪਾਰਟੀ ਫਿਰ ਤੋਂ ਇੱਕ ਵਾਰ ਪੰਜਾਬ ਦੀ ਸੇਵਾ ਕਰਨ ਨੂੰ ਤਿਆਰ ਹੈ। ਆਖਿਰ ਵਿੱਚ ਰਾਜੀਵ ਸ਼ਰਮਾ ਨੇ ਸਾਰੇ ਹੀ ਵਰਕਰਾਂ ਦਾ ਦਿਲੋਂ ਧੰਨਵਾਦ ਕੀਤਾ।

# ਸੰਤ ਹਜ਼ਾਰਾ ਸਿੰਘ ਵੈਦ ਤੇ ਸੰਤ ਵੀਰ ਸਿੰਘ ਵੈਦ ਦੀ ਨਿੱਘੀ ਯਾਦ ਨੂੰ ਸਮਰਪਿਤ 58ਵਾਂ ਸਾਲਾਨਾ ਗੁਰਮਤਿ ਸਮਾਗਮ ਕਰਵਾਇਆ

ਬਟਾਲਾ/ਫਤਹਿਗੜ੍ਹ ਚੂੜੀਆਂ, 18 ਅਪ੍ਰੈਲ (ਰਾਜਨ ਸ਼ਰਮਾ/ਬਲਵਿੰਦਰ ਸਿੰਘ ਪੰਜਗਰਾਈਂ): ਨਜ਼ਦੀਕੀ ਪਿੰਡ ਤਲਵੰਡੀ ਭਰਥ ਵਿਖੇ ਡਾ. ਸਤਨਾਮ ਸਿੰਘ ਸੰਧੂ ਦੇ ਗ੍ਰਹਿ ਵਿਖੇ ਸੰਤ ਹਜ਼ਾਰਾਂ ਸਿੰਘ ਵੈਦ ਤੇ ਸੰਤ ਵੀਰ ਸਿੰਘ ਵੈਦ ਦੀ ਨਿੱਘੀ ਯਾਦ ਨੂੰ ਸਮਰਪਿਤ 58ਵਾਂ ਸਾਲਾਨਾ ਗੁਰਮਤਿ ਸਮਾਗਮ ਸ਼ਰਧਾ-ਸਤਿਕਾਰ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਹ ਸਮਾਗਮ ਸਮੇਂ ਸਭ ਤੋਂ ਪਹਿਲਾਂ ਸ੍ਰੀ ਸੁਖਮਨੀ ਸਾਹਿਬ ਜੀ ਦੀ ਗੁਰਬਾਣੀ ਦੇ ਜਾਪ ਕੀਤੇ ਗਏ, ਉਪਰੰਤ ਭਾਈ ਮਨਪ੍ਰੀਤ ਸਿੰਘ ਬਟਾਲੇ ਵਾਲਿਆਂ ਦੇ ਕੀਰਤਨੀ ਜਥੇ ਨੇ ਆਪਣੀ ਰਸ-ਭਿੰਨੀ



ਆਵਾਜ਼ ਰਾਹੀਂ ਸੰਗਤਾਂ ਨੂੰ ਸ਼ਬਦ ਗੁਰੂ ਨਾਲ ਜੋੜਿਆ। ਇਸ ਮੌਕੇ ਪੰਥ ਦੇ ਮਹਾਨ ਰਾਗੀ, ਢਾਡੀ, ਕਵੀਸ਼ਰੀ ਜਥਿਆਂ ਨੇ ਸੰਗਤਾਂ ਨੂੰ ਬੀਰ ਰਸ ਵਾਰਾਂ ਰਾਹੀਂ ਸਿੱਖ ਇਤਿਹਾਸ ਬਾਰੇ ਜਾਣੂੰ ਕਰਵਾਉਂਦਿਆਂ ਹੋਇਆਂ ਹਾਜ਼ਰ ਸੰਗਤਾਂ ਨੂੰ ਬਾਣੀ-ਬਾਣੇ ਦੇ ਧਾਰਨੀ ਹੋਣ ਦੀ ਅਪੀਲ ਕੀਤੀ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਹਲਕਾ ਇੰਚਾਰਜ ਲਖਬੀਰ ਸਿੰਘ ਲੋਧੀ ਨੰਗਲ ਨੇ ਸੰਗਤਾਂ ਦੇ ਰੂਬਰੂ ਹੁੰਦਿਆਂ ਸੰਤ ਹਜ਼ਾਰਾ ਸਿੰਘ ਵੈਦ ਤੇ ਸੰਤ ਵੀਰ ਸਿੰਘ ਵੈਦ ਦੇ ਜੀਵਨ ਬਾਰੇ ਸੰਖੇਪ ਵਿੱਚ ਜਾਣਕਾਰੀ ਸਾਂਝੀ ਕੀਤੀ ਤੇ ਉਨ੍ਹਾਂ ਸੰਗਤ ਵਿੱਚ ਬੈਠੀਆਂ ਭੈਣਾਂ ਨੂੰ ਅਪੀਲ ਕਰਦਿਆਂ ਹੋਇਆਂ ਕਿਹਾ ਕਿ ਅਜੋਕੇ ਸਮਾਜ ਦੇ ਹਾਲਾਤ ਬਹੁਤੇ ਚੰਗੇ ਨਜ਼ਰ ਨਹੀਂ ਆਉਂਦੇ। ਸੋ ਤੁਸੀਂ ਆਪਣੇ ਬੱਚਿਆਂ ਨੂੰ ਆਪਣੇ ਸਿੱਖ ਇਤਿਹਾਸ ਬਾਰੇ, ਉਨ੍ਹਾਂ ਨੂੰ ਗੁਰੂਆਂ ਦੇ ਜੀਵਨ ਤੇ ਉਨ੍ਹਾਂ ਵੱਲੋਂ ਦਿੱਤੇ ਉਪਦੇਸ਼ ਬਾਰੇ ਦੱਸਿਆ ਕਰੋ। ਉਨ੍ਹਾਂ ਗੁਰਮਤਿ ਸਮਾਗਮ ਵਿੱਚ ਪਹੁੰਚੀਆਂ ਸਾਰੀਆਂ ਸੰਗਤਾਂ ਨੂੰ ਅੰਮ੍ਰਿਤ ਛੱਕ ਕੇ ਗੁਰੂ ਵਾਲੇ ਬਣਨ ਲਈ ਅਪੀਲ ਕੀਤੀ। ਇਸ ਮੌਕੇ ਚੜ੍ਹਦੀਕਲਾ ਮੀਡੀਆ ਜਰਨਲਿਸਟ ਐਸੋਸੀਏਸ਼ਨ ਪੰਜਾਬ ਦੇ ਵਾਈਸ ਚੇਅਰਮੈਨ ਡਾ. ਸਤਨਾਮ ਸਿੰਘ ਸੰਧੂ, ਡਾ. ਕੁਲਵਿੰਦਰ ਕੌਰ ਸੰਧੂ ਤੇ ਡਾ. ਲਵਪ੍ਰੀਤ ਕੌਰ ਸੰਧੂ ਐਮਬੀਬੀਐਸ ਨੇ ਸਮਾਗਮ ਵਿੱਚ ਪਹੁੰਚੀਆਂ ਸੰਗਤਾਂ ਦਾ ਧੰਨਵਾਦ ਕੀਤਾ। ਇਸ ਮੌਕੇ ਯੂਥ ਪ੍ਰਧਾਨ ਗੁਰਜੀਤ ਸਿੰਘ ਬਿਜਲੀਵਾਲ, ਸੀਨੀਅਰ ਅਕਾਲੀ ਆਗੂ ਗੁਰਨਾਮ ਸਿੰਘ ਗਿੱਲ, ਚੜ੍ਹਦੀਕਲਾ ਮੀਡੀਆ ਜਰਨਲਿਸਟ ਐਸੋਸੀਏਸ਼ਨ ਪੰਜਾਬ ਦੇ ਪ੍ਰਧਾਨ ਡਾ. ਨਰਿੰਦਰ ਸਿੰਘ ਘੁਮਾਣ, ਸੂਬਾ ਜਨਰਲ ਸਕੱਤਰ ਜਗੀਰ ਸਿੰਘ ਮੰਡ, ਸੂਬਾ ਪ੍ਰਬੰਧਕ ਸਕੱਤਰ ਬਲਵਿੰਦਰ ਸਿੰਘ ਪੰਜਗਰਾਈਆਂ, ਸੁਖਜਿੰਦਰ ਸਿੰਘ ਪਾਰਸ ਪ੍ਰਧਾਨ ਐਸਸੀ ਵਿੰਗ, ਹਰਦੇਵ ਸਿੰਘ ਸਰਪੰਚ ਬਾਜਪੁਰ, ਪ੍ਰਧਾਨ ਤਰਲੋਕ ਸਿੰਘ ਕਾਸ਼ਤੀਵਾਲ, ਰਵੇਲ ਸਿੰਘ ਦਾਬਾਂਵਾਲ, ਬਾਬਾ ਲਖਵਿੰਦਰ ਸਿੰਘ ਕਾਸ਼ਤੀਵਾਲ, ਕੁਲਵੰਤ ਸਿੰਘ ਬਾਊ, ਹਰਵਿੰਦਰ ਸਿੰਘ ਕੋਟਲਾਬਾਮਾ, ਸਰਬਜੀਤ ਸਿੰਘ, ਹਰਪਾਲ ਸਿੰਘ ਤਲਵੰਡੀ, ਪਲਵਿੰਦਰ ਸਿੰਘ ਪੰਨੂੰ ਅਲੀਵਾਲ, ਮੁਖਤਾਰ ਸਿੰਘ ਤੇ ਲਵਪ੍ਰੀਤ ਸਿੰਘ ਤਲਵੰਡੀ ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ। ਇਸ ਮੌਕੇ ਗੁਰੂ ਕਾ ਅਤੁੱਟ ਲੰਗਰ ਵਰਤਿਆ।

# ਗੁਰਦੁਆਰਾ ਤਪ ਅਸਥਾਨ ਬਾਬਾ ਨਾਂਗਾ ਜੀ ਪਿੰਡ ਭੋਮਾ ਵਿਖੇ ਅੰਮ੍ਰਿਤ ਸੰਚਾਰ 20 ਨੂੰ

ਘੁਮਾਣ/ਸ੍ਰੀ ਹਰਿਗੋਬਿੰਦਪੁਰ, 18 ਅਪ੍ਰੈਲ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਹਲਕਾ ਸ੍ਰੀ ਹਰਿਗੋਬਿੰਦਪੁਰ ਸਾਹਿਬ ਦੇ ਅਧੀਨ ਆਉਂਦੇ ਕਸਬਾ ਘੁਮਾਣ ਦੇ ਨਜ਼ਦੀਕੀ ਪਿੰਡ ਭੋਮਾ ਵਿਖੇ ਗੁਰਦੁਆਰਾ ਤਪ ਅਸਥਾਨ ਬਾਬਾ ਨਾਂਗਾ ਜੀ ਵਿਖੇ ਮਿਤੀ 20 ਅਪ੍ਰੈਲ ਨੂੰ ਮਹਾਨ ਅੰਮ੍ਰਿਤ ਸੰਚਾਰ ਹੋਵੇਗਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਧਾਨ ਬਾਬਾ ਨਾਂਗਾ ਜੀ ਸੇਵਾ ਸੁਸਾਇਟੀ ਬਾਬਾ ਸਤਨਾਮ ਸਿੰਘ ਜੀ ਭੋਮਾ ਨੇ ਦੱਸਿਆ ਕਿ ਸ੍ਰੀ ਸਹਿਜ ਪਾਠ ਸੇਵਾ ਸੁਸਾਇਟੀ ਸ੍ਰੀ ਅੰਮ੍ਰਿਤਸਰ ਸਾਹਿਬ ਜੀ ਵੱਲੋਂ ਬਾਬਾ ਨਾਂਗਾ ਜੀ ਸੇਵਾ ਸੁਸਾਇਟੀ ਤੇ ਇਲਾਕਾ ਨਿਵਾਸੀਆਂ ਸੰਗਤਾਂ ਤੇ ਐਨਆਰਆਈ ਵੀਰਾਂ ਦੇ ਸਹਿਯੋਗ ਨਾਲ ਮਿਤੀ 16 ਤੋਂ 19 ਅਪ੍ਰੈਲ ਤੱਕ ਸ਼ਾਮ ਨੂੰ ਰੋਜ਼ਾਨਾ ਕਥਾ ਵਿਚਾਰਾਂ ਹੋਣਗੀਆਂ।



ਕਥਾ ਵਿਚਾਰਾਂ ਦੀ ਸਮਾਪਤੀ ਦੇ ਬਾਅਦ 20 ਅਪ੍ਰੈਲ ਨੂੰ ਸਵੇਰੇ ਨੌ ਵਜੇ ਪੰਜ ਪਿਆਰਿਆਂ ਵੱਲੋਂ ਮਹਾਨ ਅੰਮ੍ਰਿਤ ਸੰਚਾਰ ਹੋਵੇਗਾ, ਜਿਸ ਵਿੱਚ ਅੰਮ੍ਰਿਤ ਛਕਣ ਵਾਲੇ ਪ੍ਰਾਣੀਆਂ ਨੂੰ ਕਕਾਰਾਂ ਦੀ ਸੇਵਾ ਵੀ ਸੁਸਾਇਟੀ ਵੱਲੋਂ ਮੁਫਤ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਇਸ ਮੌਕੇ ਗੁਰੂ ਕੇ ਲੰਗਰ ਦਾ ਵਿਸ਼ੇਸ਼ ਪ੍ਰਬੰਧ ਹੋਵੇਗਾ। ਬਾਬਾ ਸਤਨਾਮ ਸਿੰਘ ਜੀ ਵੱਲੋਂ ਅੰਮ੍ਰਿਤ ਛਕਣ ਦੇ ਚਾਹਵਾਨ ਪ੍ਰਾਣੀਆਂ ਨੂੰ ਹੁੰਮ ਹੁਮਾ ਕੇ ਪੁੱਜਣ ਦੀ ਅਪੀਲ ਕੀਤੀ ਤਾਂ ਜੋ ਸੰਗਤਾਂ ਇਹੋ ਜਿਹੇ ਮੌਕਿਆਂ ਤੋਂ ਲਾਭ ਉਠਾ ਸਕਣ।

# ਡੀ.ਸੀ. ਵੱਲੋਂ ਜ਼ਿਲ੍ਹੇ 'ਚ ਚੱਲ ਰਹੀਆਂ ਸਕੀਮਾਂ, ਪ੍ਰੋਗਰਾਮਾਂ ਤੇ ਵਿਕਾਸ ਪ੍ਰੋਜੈਕਟਾਂ ਦੀ ਸਮੀਖਿਆ




ਹੁਸ਼ਿਆਰਪੁਰ, 18 ਅਪ੍ਰੈਲ (ਦੀਪਕ ਅਗਨੀਹੋਤਰੀ): ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਅੱਜ ਜ਼ਿਲ੍ਹੇ ਵਿੱਚ ਚੱਲ ਰਹੀਆਂ ਭਲਾਈ ਸਕੀਮਾਂ, ਵਿਕਾਸ ਕਾਰਜਾਂ ਤੇ ਪ੍ਰੋਜੈਕਟਾਂ ਦੀ ਮੌਜੂਦਾ ਸਥਿਤੀ ਦਾ ਜਾਇਜ਼ਾ ਲੈਂਦਿਆਂ ਸਬੰਧਤ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਉਹ ਇਨ੍ਹਾਂ ਕਾਰਜਾਂ ਦੀ ਲਗਾਤਾਰ ਸਮੀਖਿਆ ਕਰਦੇ ਰਹਿਣ ਤਾਂ ਜੋ ਸਕੀਮਾਂ ਦਾ ਲਾਭ ਹੇਠਲੇ ਪੱਧਰ ਤੱਕ ਯਕੀਨੀ ਬਣਾਉਣ ਦੇ ਨਾਲ-ਨਾਲ ਲੋਕਾਂ ਨੂੰ ਲੋੜੀਂਦੀਆਂ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਸਕਣ। ਸਥਾਨਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵਧੀਕ ਡਿਪਟੀ ਕਮਿਸ਼ਨਰਾਂ, ਐਸ.ਡੀ.ਐਮਜ਼ ਦੀ ਮੌਜੂਦਗੀ ਵਿੱਚ ਸਬੰਧਤ ਵਿਭਾਗਾਂ ਦੇ ਸੀਨੀਅਰ ਅਧਿਕਾਰੀਆਂ ਤੋਂ ਜਾਣਕਾਰੀ ਹਾਸਲ ਕਰਦਿਆਂ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਕਿਹਾ ਕਿ ਲੋਕ ਮਸਲਿਆਂ ਦੇ ਸਮਾਂਬੱਧ ਨਿਪਟਾਰੇ ਨੂੰ ਤਰਜੀਹ ਦਿੱਤੀ ਜਾਵੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸਿਹਤ ਯੋਜਨਾ ਦਾ ਵੱਧ ਤੋਂ ਵੱਧ ਲੋਕਾਂ ਨੂੰ ਲਾਭ ਪਹੁੰਚਾਉਣ ਲਈ ਪਿੰਡਾਂ ਵਿੱਚ ਵਿਸ਼ੇਸ਼ ਕੈਂਪ ਲਗਾ ਕੇ ਕਾਰਡ ਬਣਾਉਣ ਦੀ ਪ੍ਰਕਿਰਿਆ ਨੂੰ ਹੋਰ ਤੇਜ਼ ਕੀਤਾ ਜਾਵੇ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ 2.60 ਲੱਖ ਕਾਰਡ ਬਣ ਚੁੱਕੇ ਹਨ ਤੇ ਰਹਿੰਦੇ ਪਰਿਵਾਰਾਂ ਦੇ ਵੀ ਕਾਰਡ ਜਲਦੀ ਬਣਨਗੇ ਕਿਉਂਕਿ ਇਸ ਕਾਰਜ ਲਈ ਲੋੜੀਂਦੀ ਗਿਣਤੀ ਵਿੱਚ ਟੀਮਾਂ ਤਾਇਨਾਤ ਕੀਤੀਆਂ ਗਈਆਂ ਹਨ। ਉਨ੍ਹਾਂ ਨੇ ਐਸ.ਡੀ.ਐਮਜ਼ ਨੂੰ ਨਿਰਦੇਸ਼ ਦਿੱਤੇ ਕਿ ਉਹ ਇਸ ਸਬੰਧੀ ਲੱਗ ਰਹੇ ਕੈਂਪਾਂ ਦੀ ਪ੍ਰਕਿਰਿਆ ਦੀ ਰਫ਼ਤਾਰ ਨੂੰ ਹੋਰ ਤੇਜ਼ ਕਰਨ।ਜ਼ਿਲ੍ਹੇ 'ਚ ਸ਼ੁਰੂ ਹੋਵੇਗੀ ਡਰੱਗ ਤੇ ਸਮਾਜਿਕ-ਆਰਥਿਕ ਜਨਗਣਨਾ: ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਅਧਿਕਾਰੀਆਂ ਤੋਂ ਡਰੱਗ ਤੇ ਸਮਾਜਿਕ-ਆਰਥਿਕ ਜਨਗਣਨਾ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਂਦਿਆਂ ਕਿਹਾ ਕਿ ਜ਼ਿਲ੍ਹੇ ਵਿੱਚ ਇਹ ਪ੍ਰਕਿਰਿਆ ਜਲਦ ਸ਼ੁਰੂ ਹੋਣ ਜਾ ਰਹੀ ਹੈ, ਜਿਸ ਲਈ ਗਿਣਤੀਕਾਰਾਂ ਨੂੰ ਸਮੁੱਚੀ ਪ੍ਰਕਿਰਿਆ ਬਾਰੇ ਜਾਣੂੰ ਕਰਵਾਉਣ ਦੇ ਨਿਰਦੇਸ਼ ਦਿੱਤੇ ਗਏ।ਹੜ੍ਹਾਂ ਦੀ ਸਥਿਤੀ ਦੇ ਮੱਦੇਨਜ਼ਰ ਨਜਿੱਠਣ ਲਈ ਢੁੱਕਵੇਂ ਪ੍ਰਬੰਧ ਕਰਨ ਦੇ ਨਿਰਦੇਸ਼: ਆਸ਼ਿਕਾ ਜੈਨ ਨੇ ਅਧਿਕਾਰੀਆਂ ਨੂੰ ਕਿਹਾ ਕਿ ਹੜ੍ਹਾਂ ਦੀ ਕਿਸੇ ਵੀ ਤਰ੍ਹਾਂ ਦੀ ਸਥਿਤੀ ਨਾਲ ਨਿਪਟਣ ਲਈ ਸਮੇਂ ਸਿਰ ਪੁਖਤਾ ਪ੍ਰਬੰਧ ਅਮਲ ਵਿੱਚ ਲਿਆਂਦੇ ਜਾਣ ਤਾਂ ਜੋ ਕਿਸੇ ਵੀ ਹੰਗਾਮੀ ਹਾਲਤ ਦਾ ਮੁਕਾਬਲਾ ਕੀਤਾ ਜਾ ਸਕੇ। ਐਸ.ਡੀ.ਐਮਜ਼ ਨੂੰ ਸੰਵੇਦਨਸ਼ੀਲ ਥਾਵਾਂ ਦਾ ਸਮੇਂ ਸਿਰ ਦੌਰਾ ਕਰਕੇ ਪ੍ਰਬੰਧਾਂ ਨੂੰ ਅਮਲੀਜਾਮਾ ਪਹਿਨਾਉਣ ਦੀ ਤਾਕੀਦ ਕੀਤੀ।

# ਗੁਰਦੁਆਰਾ ਸੰਗਤਸਰ ਸਾਹਿਬ ਵਿਖੇ ਵਿਸਾਖੀ ਨੂੰ ਸਮਰਪਿਤ ਸਮਾਗਮ ਕਰਵਾਇਆ



ਕਲਾਨੌਰ, 18 ਅਪ੍ਰੈਲ (ਕਮਲਜੀਤ ਸਿੰਘ/ਇਕਬਾਲ ਵਾਲੀਆ): ਇਥੋਂ ਥੋੜ੍ਹੀ ਦੂਰ ਪਿੰਡ ਮੁਸਤਰਾਪੁਰ ਦੀ ਸਮੂਹ ਸੰਗਤ ਤੇ ਇਲਾਕਾ ਨਿਵਾਸੀਆਂ ਦੇ ਸਹਿਯੋਗ ਨਾਲ ਗੁਰਦੁਆਰਾ ਸੰਗਤਸਰ ਸਾਹਿਬ ਰੱਕੜ ਵਿਖੇ ਖ਼ਾਲਸਾ ਸਿਰਜਣਾ ਤੇ ਵਿਸਾਖੀ ਨੂੰ ਸਮਰਪਿਤ ਸਮਾਗਮ ਸ਼ਰਧਾ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ। ਜਿਸ ਦੀ ਜਾਣਕਾਰੀ ਗੁਰਦੁਆਰਾ ਸਾਹਿਬ ਦੇ ਹੈਡ ਗ੍ਰੰਥੀ ਰਾਜਵੀਰ ਸਿੰਘ ਨੇ ਦਿੱਤੀ। ਉਨ੍ਹਾਂ ਕਿਹਾ ਕਿ ਸਮਾਗਮ ਤੋਂ ਪਹਿਲਾਂ ਵਿਸਾਖੀ ਦੇ ਸਬੰਧ ਵਿੱਚ ਗੁਰਦੁਆਰਾ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਆਰੰਭਤਾ ਹੋਈ, ਜਿਨ੍ਹਾਂ ਦੇ ਭੋਗ ਕੱਲ੍ਹ ਪੈਣਗੇ। ਉਪਰੰਤ ਭਾਈ ਰਾਜਵਿੰਦਰ ਸਿੰਘ ਗੁਰਦਾਸਪੁਰੀ ਕਵੀਸ਼ਰੀ ਜਥਾ ਆਪਣੀ ਕਵੀਸ਼ਰੀ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ। ਉਸ ਤੋਂ ਉਪਰੰਤ ਗੁਰੂ ਕੇ ਲੰਗਰ ਵਿੱਚ ਵੱਖ-ਵੱਖ ਪਦਾਰਥਾਂ ਦੇ ਲੰਗਰ ਵਰਤਾਏ ਜਾਣਗੇ, ਜਿਸ ਵਿੱਚ ਚਾਹ-ਪਕੌੜੇ ਜਲੇਬ ਖੀਰ ਦਾਲ ਫੁਲਕਾ ਆਦਿ ਵਰਤਾਏ ਜਾਣਗੇ। ਜ਼ਿਕਰਯੋਗ ਹੈ ਕਿ ਇਸ ਗੁਰਦੁਆਰਾ ਸਾਹਿਬ ਵਿਖੇ ਫਰਵਰੀ ਮਹੀਨੇ ਤੋਂ ਲੈ ਕੇ ਚਾਰ ਮਾਰਚ ਤੱਕ 101 ਅਖੰਡ ਪਾਠਾਂ ਦੀ ਲੜੀ ਵੀ ਚਲਾਈ ਜਾਂਦੀ ਹੈ, ਜਿਸ ਦੇ ਅੰਤਿਮ ਭੋਗ ਚਾਰ ਮਾਰਚ ਨੂੰ ਪਾਏ ਜਾਂਦੇ ਹਨ ਤੇ ਇਲਾਕੇ ਦੀ ਸੰਗਤ ਦਾ ਇਕੱਠ ਵੇਖਣ ਨੂੰ ਮਿਲਦਾ ਹੈ ਤੇ ਹਰ ਇੱਕ ਦੀਆਂ ਮਨੋਕਾਮਨਾ ਪੂਰੀਆਂ ਹੁੰਦੀਆਂ ਹਨ।ਇਸ ਮੌਕੇ ਗੁਰਮੇਲ ਸਿੰਘ ਢਿੱਲੋਂ, ਪਰਮਜੀਤ ਸਿੰਘ ਢਿੱਲੋਂ, ਹਰਪ੍ਰੀਤ ਸਿੰਘ ਪੰਨੂੰ, ਰਾਜਵੀਰ ਸਿੰਘ ਖਹਿਰਾ, ਬਿਕਰਮਜੀਤ ਸਿੰਘ, ਜਗਜੀਤ ਸਿੰਘ, ਡਾ. ਰਾਜਵੀਰ ਸਿੰਘ, ਮਲੂਕ ਸਿੰਘ, ਸਤਨਾਮ ਸਿੰਘ ਮੰਗਾ ਵਲੇਟ, ਡਾ. ਉਂਕਾਰ ਸਿੰਘ, ਦਲਜੀਤ ਸਿੰਘ, ਬਿਕਰਮਜੀਤ ਸਿੰਘ ਘੁੰਮਣ ਆਦਿ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਸੇਵਾਦਾਰ ਹਾਜ਼ਰ ਸਨ।

# ਪਿੰਡ ਦਾਲਮ ਨੰਗਲ ਤੋਂ ਦਰਜਨਾਂ ਪਰਿਵਾਰ ਅਕਾਲੀ ਦਲ 'ਚ ਸ਼ਾਮਲ

## ☛ਪਾਰਟੀ 'ਚ ਸ਼ਾਮਲ ਹੋਏ ਪਰਿਵਾਰਾਂ ਦਾ ਜਥੇ. ਸੁੱਚਾ ਸਿੰਘ ਲੰਗਾਹ ਵੱਲੋਂ ਸਵਾਗਤ

ਡੇਰਾ ਬਾਬਾ ਨਾਨਕ, 18 ਅਪ੍ਰੈਲ (ਹੈਪੀ ਕੋਟਲੀ): ਕੱਲ੍ਹ ਬੀਤੇ ਸ਼ਾਮ ਹਲਕਾ ਫਤਹਿਗੜ੍ਹ ਚੂੜੀਆਂ ਦੇ ਪਿੰਡ ਦਾਲਮ ਨੰਗਲ 'ਚ ਬਸਪਾ ਪਾਰਟੀ ਨਾਲ ਸਬੰਧਤ ਦਰਜਨਾਂ ਪਰਿਵਾਰ ਹਲਕਾ ਡੇਰਾ ਬਾਬਾ ਨਾਨਕ ਤੋਂ ਸੀਨੀਅਰ ਨੌਜਵਾਨ ਅਕਾਲੀ ਆਗੂ ਬਲਵਿੰਦਰ ਸਿੰਘ ਮੰਗਾ ਕੋਟਲੀ ਦੀ ਪ੍ਰੇਰਨਾ ਸਦਕਾ ਬਸਪਾ ਪਾਰਟੀ ਨੂੰ ਸਦਾ ਲਈ ਅਲਵਿਦਾ ਆਖ ਕੇ ਸ਼੍ਰੋਮਣੀ ਅਕਾਲੀ ਦਲ ਪਾਰਟੀ 'ਚ ਸ਼ਾਮਲ ਹੋ ਗਏ। ਬਸਪਾ ਪਾਰਟੀ ਨੂੰ ਸਦਾ ਲਈ ਅਲਵਿਦਾ ਆਖ ਕੇ ਸ਼੍ਰੋਮਣੀ ਅਕਾਲੀ ਦਲ ਪਾਰਟੀ 'ਚ ਪਾਰਟੀ ਸ਼ਾਮਲ ਹੋਏ ਪਰਿਵਾਰਾਂ ਦਾ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਗੁਰਦਾਸਪੁਰ ਤੇ ਸਾਬਕਾ ਕੈਬਨਿਟ ਮੰਤਰੀ ਜਥੇਦਾਰ ਸੁੱਚਾ ਸਿੰਘ ਲੰਗਾਹ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ ਤੇ ਪਾਰਟੀ 'ਚ ਬਣਦਾ ਮਾਣ-ਸਤਿਕਾਰ ਦੇਣ ਦਾ ਵਿਸ਼ਵਾਸ ਦਿਵਾਇਆ ਗਿਆ।ਜਥੇਦਾਰ ਸੁੱਚਾ ਸਿੰਘ ਲੰਗਾਹ ਨੇ ਕਿਹਾ ਕਿ ਵਿਧਾਨ ਸਭਾ 2027 ਚੋਣਾਂ ਸ਼੍ਰੋਮਣੀ ਅਕਾਲੀ ਦਲ ਪਾਰਟੀ ਸੂਬੇ ਭਰ ਭਾਰੀ ਬਹੁਮਤ ਨਾਲ ਜਿੱਤੇਗੀ, ਆਪਣੇ ਸੰਬੋਧਨ ਦੌਰਾਨ ਜਥੇਦਾਰ ਸੁੱਚਾ ਸਿੰਘ ਲੰਗਾਹ ਵੱਲੋਂ ਸਾਥੀ ਲੀਡਰਾਂ ਨੂੰ ਬਿਨਾਂ ਕਿਸੇ ਭੇਦ-ਭਾਵ ਦੇ ਸ਼੍ਰੋਮਣੀ ਅਕਾਲੀ ਦਲ ਪਾਰਟੀ ਦੀ ਮਜ਼ਬੂਤੀ ਲਈ ਦਿਨ-ਰਾਤ ਮਿਹਨਤ ਕਰਨ ਦੀ ਅਪੀਲ ਕੀਤੀ ਗਈ। ਇਸ ਮੌਕੇ



ਬਸਪਾ ਪਾਰਟੀ ਛੱਡ ਕੇ ਸ਼੍ਰੋਮਣੀ ਅਕਾਲੀ ਦਲ ਪਾਰਟੀ 'ਚ ਸ਼ਾਮਲ ਹੋਏ ਬਚਿੱਤਰ ਸਿੰਘ ਦਾਲਮ, ਸ਼ਰਨਜੀਤ ਕੌਰ, ਸ਼ਮਸ਼ੇਰ ਸਿੰਘ ਦਾਲਮ, ਭੁਪਿੰਦਰ ਸਿੰਘ ਦਾਲਮ, ਰਾਜ ਕੌਰ, ਸੁਖਵਿੰਦਰ ਸਿੰਘ ਸੱਭਰਵਾਲ, ਜਸਪ੍ਰੀਤ ਕੌਰ, ਹੀਰਾ ਸਿੰਘ, ਕਰਤਾਰ ਸਿੰਘ, ਬਲਵਿੰਦਰ ਸਿੰਘ ਆਦਿ ਪਰਿਵਾਰਾਂ ਨੇ ਜਥੇਦਾਰ ਸੁੱਚਾ ਸਿੰਘ ਲੰਗਾਹ ਨੂੰ ਸ਼੍ਰੋਮਣੀ ਅਕਾਲੀ ਦਲ ਪਾਰਟੀ ਦੀ ਚੜ੍ਹਦੀਕਲਾ ਲਈ ਦਿਨ-ਰਾਤ ਮਿਹਨਤ ਕਰਨ ਦਾ ਵਿਸ਼ਵਾਸ ਦਿਵਾਇਆ ਗਿਆ। ਇਸ ਮੌਕੇ ਸੀਨੀਅਰ ਅਕਾਲੀ ਆਗੂ ਮਨਜੀਤ ਸਿੰਘ ਸੰਘੇੜਾ, ਲਾਲੀ ਸ਼ਾਹ ਭਾਗੋਵਾਲ, ਦਿਲਪ੍ਰੀਤ ਸਿੰਘ, ਜਸਕਰਨ ਸਿੰਘ, ਹਰਪ੍ਰੀਤ ਸਿੰਘ, ਅਜੈ ਕੁਮਾਰ, ਇੰਦਰਜੀਤ ਸਿੰਘ ਮਿਰਜ਼ਾਜਾਨ, ਗੁਰਚਰਨ ਸਿੰਘ ਤੇ ਹੋਰ ਸ਼੍ਰੋਮਣੀ ਅਕਾਲੀ ਦਲ ਪਾਰਟੀ ਦੇ ਸੀਨੀਅਰ ਆਗੂ ਹਾਜ਼ਰ ਸਨ।

# ਪਿੰਡ ਫੁਲੜਾ 'ਚ 15 ਦਿਨਾਂ ਤੋਂ ਮੋਟਰਾਂ ਦੀ ਬਿਜਲੀ ਸਪਲਾਈ ਬੰਦ, ਗੰਨੇ ਦੀ ਫ਼ਸਲ ਨੂੰ ਨੁਕਸਾਨ

## ☛ਸਰਪੰਚ ਬਲਕਾਰ ਸਿੰਘ ਨੇ ਦਿੱਤੀ ਧਰਨੇ ਦੀ ਚੇਤਾਵਨੀ

ਕਾਹਨੂੰਵਾਨ, 18 ਅਪ੍ਰੈਲ (ਕੁਲਜੀਤ ਖੋਖਰ): ਕਾਹਨੂੰਵਾਨ ਹਲਕੇ ਅਧੀਨ ਆਉਂਦੇ ਪਿੰਡ ਫੁਲੜਾ ਵਿੱਚ ਪਿਛਲੇ ਲਗਭਗ 15 ਦਿਨਾਂ ਤੋਂ ਮੋਟਰਾਂ ਲਈ ਆਉਣ ਵਾਲੀ ਬਿਜਲੀ ਸਪਲਾਈ ਬੰਦ ਹੋਣ ਕਾਰਨ ਕਿਸਾਨਾਂ ਨੂੰ ਭਾਰੀ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਇਸ ਸਬੰਧੀ ਗੱਲਬਾਤ ਕਰਦਿਆਂ ਪਿੰਡ ਦੇ ਸਰਪੰਚ ਬਲਕਾਰ ਸਿੰਘ ਫੁਲੜਾ ਨੇ ਦੱਸਿਆ ਕਿ ਮੋਟਰਾਂ ਦੀ ਇਹ ਸਪਲਾਈ ਭੈਣੀ ਮੀਆਂ ਖਾਂ ਤੋਂ ਚੱਲਦੀ ਹੈ ਜੋ ਪਿਛਲੇ 15 ਦਿਨਾਂ ਤੋਂ ਖ਼ਰਾਬ ਪਈ ਹੈ। ਉਨ੍ਹਾਂ ਕਿਹਾ ਕਿ ਇਸ ਮਾਮਲੇ ਬਾਰੇ ਬਿਜਲੀ ਬੋਰਡ ਨੂੰ ਕਈ ਵਾਰ ਸ਼ਿਕਾਇਤ ਕੀਤੀ ਗਈ ਹੈ, ਪਰ ਬਿਜਲੀ ਵਿਭਾਗ ਦੇ ਕਰਮਚਾਰੀਆਂ ਵੱਲੋਂ ਕੋਈ ਢੰਗ ਦੀ ਕਾਰਵਾਈ ਨਹੀਂ ਕੀਤੀ ਗਈ। ਉਨ੍ਹਾਂ ਦੇ ਮੁਤਾਬਿਕ ਪਿੰਡ ਦੀ ਕਰੀਬ 80 ਪ੍ਰਤੀਸ਼ਤ ਫ਼ਸਲ ਗੰਨੇ ਦੀ ਹੈ, ਜਿਸ ਨੂੰ ਇਸ ਸਮੇਂ ਪਾਣੀ ਦੀ ਬਹੁਤ ਲੋੜ ਹੈ। ਬਿਜਲੀ ਸਪਲਾਈ ਬੰਦ ਹੋਣ ਕਾਰਨ ਕਿਸਾਨ ਆਪਣੀਆਂ ਮੋਟਰਾਂ ਨਹੀਂ ਚਲਾ ਸਕਦੇ, ਜਿਸ ਨਾਲ ਫ਼ਸਲ ਖ਼ਰਾਬ ਹੋਣ ਦਾ ਖ਼ਤਰਾ ਬਣ ਗਿਆ ਹੈ। ਸਰਪੰਚ ਬਲਕਾਰ ਸਿੰਘ ਨੇ ਕਿਹਾ ਕਿ ਕਿਸਾਨ ਪਹਿਲਾਂ ਹੀ ਕੁਦਰਤੀ ਆਫ਼ਤਾਂ ਤੇ ਹੜ੍ਹਾਂ ਕਾਰਨ ਵੱਡਾ ਨੁਕਸਾਨ ਝੱਲ ਚੁੱਕੇ ਹਨ। ਹੁਣ ਬਿਜਲੀ ਸਪਲਾਈ ਬੰਦ ਹੋਣ ਨਾਲ ਉਨ੍ਹਾਂ ਦੀਆਂ ਮੁਸ਼ਕਿਲਾਂ ਹੋਰ ਵੱਧ ਗਈਆਂ ਹਨ। ਉਨ੍ਹਾਂ ਪੰਜਾਬ ਸਰਕਾਰ ਤੇ ਬਿਜਲੀ ਬੋਰਡ ਦੇ ਉਚ ਅਧਿਕਾਰੀਆਂ ਨੂੰ ਅਪੀਲ ਕੀਤੀ ਕਿ ਇਸ ਸਮੱਸਿਆ ਦਾ ਤੁਰੰਤ ਹੱਲ ਕੀਤਾ ਜਾਵੇ। ਉਨ੍ਹਾਂ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਜਲਦੀ ਹੀ ਮੋਟਰਾਂ ਦੀ ਬਿਜਲੀ ਸਪਲਾਈ ਬਹਾਲ ਨਾ ਕੀਤੀ ਗਈ ਤਾਂ 20 ਅਪ੍ਰੈਲ ਨੂੰ ਗੁਰਦਾਸਪੁਰ ਵਿੱਚ ਐਸ.ਸੀ. ਦੇ ਦਫ਼ਤਰ ਦਾ ਘਿਰਾਓ ਕਰਕੇ ਅਣਮਿਥੇ ਸਮੇਂ ਲਈ ਧਰਨਾ ਪ੍ਰਦਰਸ਼ਨ ਕੀਤਾ ਜਾਵੇਗਾ, ਜਿਸ ਦੀ ਪੂਰੀ ਜ਼ਿੰਮੇਵਾਰੀ ਬਿਜਲੀ ਵਿਭਾਗ ਭੈਣੀ ਮੀਆਂ ਖਾਂ ਦੇ ਐਸ.ਡੀ.ਓ. ਤੇ ਜੇ.ਈ. ਹੋਣਗੇ।



# ਕਿਸਾਨਾਂ ਦੀ ਕਣਕ ਦਾ ਇੱਕ-ਇੱਕ ਦਾਣਾ ਖਰੀਦਿਆ ਜਾਵੇਗਾ: ਹਲਕਾ ਵਿਧਾਇਕ ਘੁੰਮਣ



ਦਸੂਹਾ, 18 ਅਪ੍ਰੈਲ (ਰਾਜਿੰਦਰ ਸਿੰਘ ਦਸੂਹਾ): ਹਾੜ੍ਹੀ ਸੀਜ਼ਨ ਦੀ ਪ੍ਰਮੁੱਖ ਫਸਲ ਕਣਕ ਦੀ ਆਮਦ ਮੰਡੀਆਂ ਵਿੱਚ ਆਉਣੀ ਸ਼ੁਰੂ ਹੋ ਚੁੱਕੀ ਹੈ। ਕਣਕ ਦੇ ਸੀਜ਼ਨ ਨੂੰ ਲੈ ਕੇ ਪੰਜਾਬ ਸਰਕਾਰ ਤੇ ਮੰਡੀ ਬੋਰਡ ਦੀਆਂ ਹਦਾਇਤਾਂ ਅਨੁਸਾਰ ਮੰਡੀਆਂ ਵਿੱਚ ਪੁਖਤਾ ਪ੍ਰਬੰਧ ਕੀਤੇ ਗਏ ਹਨ। ਮਾਰਕੀਟ ਕਮੇਟੀ ਦਸੂਹਾ ਅਧੀਨ ਆਉਂਦੀ ਮੰਡੀ ਦਸੂਹਾ ਦਾ ਨਿਰੀਖਣ ਕਰਨ ਤੋਂ ਬਾਅਦ ਕਣਕ ਦੀ ਬੋਲੀ ਲਗਾ ਕੇ ਸਰਕਾਰੀ ਖਰੀਦ ਦੀ ਸ਼ੁਰੂਆਤ ਕੀਤੀ ਗਈ।ਇਸ ਮੌਕੇ ਹਲਕਾ ਵਿਧਾਇਕ ਕਰਮਬੀਰ ਸਿੰਘ ਘੁੰਮਣ ਸਿੰਘ ਨੇ ਕਿਹਾ ਮੰਡੀਆਂ ਵਿਚ ਕਿਸਾਨਾਂ ਦੀ ਕਣਕ ਦੀ ਫਸਲ ਦਾ ਦਾਣਾ-ਦਾਣਾ ਖਰੀਦਿਆ ਜਾਵੇਗਾ ਤੇ ਕਿਸਾਨਾਂ ਨੂੰ ਕਿਸੇ ਕਿਸਮ ਦੀ ਮੁਸ਼ਕਿਲ ਪੇਸ਼ ਨਹੀ ਆਉਣ ਦਿੱਤੀ ਜਾਵੇਗੀ। ਇਸ ਸਬੰਧੀ ਸਰਕਾਰ ਵੱਲੋਂ ਮੰਡੀਆਂ ਵਿੱਚ ਪੁਖਤਾ ਪ੍ਰਬੰਧ ਕੀਤੇ ਗਏ ਹਨ। ਹਲਕਾ ਵਿਧਾਇਕ ਕਰਮਬੀਰ ਸਿੰਘ ਘੁੰਮਣ ਨੇ ਕਿਹਾ ਕਿ ਕਿਸਾਨ ਵੀਰਾਂ ਨੂੰ ਉਨ੍ਹਾਂ ਦੀ ਫਸਲ ਦੀ ਬਨਦੀ ਅਦਾਇਗੀ ਵੀ ਖਰੀਦ ਹੋਣ ਉਪਰੰਤ ਸਰਕਾਰ ਵੱਲੋਂ 24-48 ਘੰਟਿਆਂ ਦੇ ਵਿਚ ਕਿਸਾਨਾਂ ਦੇ ਖਾਤਿਆਂ ਵਿੱਚ ਕੀਤੀ ਜਾਵੇਗੀ। ਜੇਕਰ ਕਿਸੇ ਵੀ ਕਿਸਾਨ ਨੂੰ ਮੰਡੀਆਂ ਵਿੱਚ ਕੋਈ ਸਮੱਸਿਆ ਆਉਂਦੀ ਹੈ ਤਾਂ ਤੁਰੰਤ ਉਨ੍ਹਾਂ ਦੇ ਧਿਆਨ ਵਿੱਚ ਲਿਆਉਣ। ਇਸ ਮੌਕੇ 'ਤੇ ਚੇਅਰਮੈਨ ਕੰਵਲਪ੍ਰੀਤ ਸਿੰਘ ਸੰਧੂ, ਅਕਾਸ਼ਦੀਪ ਸਿੰਘ ਸਕੱਤਰ ਮਾਰਕੀਟ ਕਮੇਟੀ, ਗਗਨ ਚੀਮਾ, ਸੋਨੂੰ ਖ਼ਾਲਸਾ, ਪੰਮਾ ਸੈਦੋਵਾਲ ਮਾਰਕੀਟ ਕਮੇਟੀ ਮੁਲਾਜ਼ਮ ਵਰਿੰਦਰ ਸਿੰਘ ਮੰਡੀ, ਦਿਲਜੋਤ ਸਿੰਘ, ਰਾਜ ਕੁਮਾਰ, ਮਨਪ੍ਰੀਤ ਇੰਸਪੈਕਟਰ ਪਨਗਰੇਨ, ਰਵਨੀਤ ਇੰਸਪੈਕਟਰ ਪਨਸਪ, ਸੁਮੀਤ ਇੰਸਪੈਕਟਰ ਵੇਅਰਹਾਊਸ, ਮਾਰਕਫੈਡ ਇੰਸਪੈਕਟਰ, ਮੰਡੀ ਪ੍ਰਧਾਨ ਸ਼ੇਰਪ੍ਰਤਾਪ ਸਿੰਘ, ਤਜਿੰਦਰ ਚੀਮਾ, ਪਰਮ ਜੌਹਰ ਤੇ ਸਮੂਹ ਆੜ੍ਹਤੀ ਮੌਜੂਦ ਸੀ।

# ਸਿਲਵਰ ਓਕ ਸਕੂਲ ਨੇ ਸ਼ਾਨਦਾਰ ਨਤੀਜਾ ਆਉਣ 'ਤੇ ਜਸ਼ਨ ਮਨਾਇਆ



ਟਾਂਡਾ ਉੜਮੁੜ, 18 ਅਪ੍ਰੈਲ (ਅਰਜੁਨ ਜੈਨ): ਇਲਾਕੇ ਦੀ ਪ੍ਰਮੁੱਖ ਸਿੱਖਿਆ ਸੰਸਥਾ ਸਿਲਵਰ ਓਕ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ, ਸ਼ਾਹਬਾਜ਼ਪੁਰ ਤੇ ਦਸਵੀਂ ਕਲਾਸ ਦੇ ਵਿਦਿਆਰਥੀਆਂ ਨੇ ਇੱਕ ਵਾਰ ਫਿਰ ਪੜ੍ਹਾਈ ਵਿੱਚ ਝੰਡੇ ਗੱਡਦੇ ਹੋਏ ਦਸਵੀਂ ਦਾ 100% ਨਤੀਜਾ ਦੇ ਕੇ ਇਲਾਕੇ ਵਿੱਚ ਆਪਣੇ ਮਾਪਿਆਂ, ਅਧਿਆਪਕਾਂ ਤੇ ਸਕੂਲ ਦਾ ਨਾਮ ਰੌਸ਼ਨ ਕਰ ਦਿੱਤਾ। ਇਸੇ ਖੁਸ਼ੀ ਦੇ ਮੌਕੇ ਵਿੱਚ ਚੇਅਰਮੈਨ ਤਰਲੋਚਨ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਹੇਠ ਪ੍ਰਿੰਸੀਪਲ ਮੁਨੀਸ਼ਾ ਸੰਗਰ ਦੀ ਅਗਵਾਈ ਵਿੱਚ ਸਕੂਲ ਮੈਨੇਜਮੈਂਟ ਵੱਲੋਂ ਬੱਚਿਆਂ ਤੇ ਅਧਿਆਪਕਾਂ ਦੀ ਮਿਹਨਤ ਨੂੰ ਸਿਜਦਾ ਕਰਦੇ ਹੋਏ ਕੇਕ ਕੱਟਿਆ ਗਿਆ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਮੁਨੀਸ਼ਾ ਸੰਗਰ ਨੇ ਦੱਸਿਆ ਕਿ ਸਕੂਲ ਦੇ ਬੱਚਿਆਂ ਨੇ ਅਲੱਗ-ਅਲੱਗ ਵਿਸ਼ਿਆਂ ਦੇ ਵਿੱਚ 100 ਪ੍ਰਤੀਸ਼ਤ ਨੰਬਰ ਹਾਸਲ ਕਰਕੇ ਸਕੂਲ ਦਾ ਮਾਣ ਵਧਾਇਆ ਹੈ। ਇਨ੍ਹਾਂ ਵਿੱਚ ਪੰਜਾਬੀ ਵਿਸ਼ੇ ਦੇ ਵਿੱਚ ਐਸ਼ਲੀਨ, ਐਂਜਲ, ਸੌਰਭੀ ਤੇ ਬਲੈਸੀ ਨੇ 100 ਵਿੱਚੋਂ 100 ਅੰਕ ਹਾਸਲ ਕੀਤੇ। ਇਸ ਤੋਂ ਇਲਾਵਾ ਸਮਾਜਿਕ ਸਿੱਖਿਆ ਵਿਸ਼ੇ ਦੇ ਵਿੱਚ ਸਾਹਿਬਪ੍ਰੀਤ ਸਿੰਘ ਨੇ ਤੇ ਇਨਫੋਰਮੇਸ਼ਨ ਟੈਕਨਾਲੋਜੀ ਵਿਸ਼ੇ ਦੇ ਵਿੱਚ ਜਸਲੀਨ, ਸਾਹਿਬਪ੍ਰੀਤ, ਹਰਲੀਨ, ਖੁਸ਼ੀ ਤੇ ਤਰਨਪ੍ਰੀਤ ਨੇ 100 ਵਿੱਚੋਂ 100 ਅੰਕ ਹਾਸਲ ਕਰਕੇ ਸਕੂਲ ਦਾ ਮਾਣ ਵਧਾਇਆ।ਪ੍ਰਿੰਸੀਪਲ ਸੰਗਰ ਨੇ ਦੱਸਿਆ ਕਿ ਬੱਚਿਆਂ ਦੀ ਇਹ ਸਫਲਤਾ ਪਿੱਛੇ ਬੱਚਿਆਂ ਦੀ ਆਪਣੀ ਤੇ ਸਕੂਲ ਦੇ ਅਧਿਆਪਕਾਂ ਦੀ ਮਿਹਨਤ ਛੁਪੀ ਹੋਈ ਹੈ ਤੇ ਉਹ ਇਸ ਮਿਹਨਤ ਨੂੰ ਸਿਜਦਾ ਕਰਦੇ ਹਨ। ਇਸ ਤੋਂ ਇਲਾਵਾ ਉਨ੍ਹਾਂ ਨੇ ਦੱਸਿਆ ਕਿ ਸਕੂਲ ਦੇ ਕੁੱਲ 12 ਬੱਚਿਆਂ ਨੇ 90 ਫੀਸਦੀ ਤੋਂ ਵੱਧ ਅੰਕ ਲਏ 20 ਬੱਚਿਆਂ ਨੇ 80% ਤੇ 25 ਬੱਚਿਆਂ ਨੇ 70% ਅੰਕ ਲੈ ਕੇ ਇਲਾਕੇ ਵਿੱਚ ਆਪਣੀ ਸਫਲਤਾ ਦੇ ਝੰਡੇ ਗੱਡੇ।

# ਅਮਰੀਕਾ ਦੀ ਵਿਚੋਲਗੀ ਤੋਂ ਬਾਅਦ ਜੰਗਬੰਦੀ ਲਾਗੂ, ਹਜ਼ਾਰਾਂ ਲੋਕ ਘਰਾਂ ਨੂੰ ਪਰਤੇ

ਬੈਰੂਤ/ਵਾਸ਼ਿੰਗਟਨ, 18 ਅਪ੍ਰੈਲ (ਚ.ਨ.ਸ): ਇਜ਼ਰਾਈਲ ਤੇ ਹਿਜ਼ਬੁੱਲਾ ਵਿਚਾਲੇ ਪਿਛਲੇ ਕਈ ਹਫ਼ਤਿਆਂ ਤੋਂ ਜਾਰੀ ਭਿਆਨਕ ਜੰਗ ਤੋਂ ਬਾਅਦ ਹੁਣ ਲਿਬਨਾਨ ਦੇ ਕਈ ਹਿੱਸਿਆਂ ਵਿੱਚ ਇੱਕ ਨਾਜ਼ੁਕ ਸ਼ਾਂਤੀ ਦੇਖਣ ਨੂੰ ਮਿਲ ਰਹੀ ਹੈ। ਅਮਰੀਕਾ ਦੀ ਵਿਚੋਲਗੀ ਨਾਲ ਹੋਏ 10 ਦਿਨਾਂ ਦੇ ਜੰਗਬੰਦੀ ਸਮਝੌਤੇ ਦੇ ਲਾਗੂ ਹੋਣ ਤੋਂ ਬਾਅਦ ਸ਼ੁੱਕਰਵਾਰ ਨੂੰ ਹਜ਼ਾਰਾਂ ਵਿਸਥਾਪਿਤ ਪਰਿਵਾਰਾਂ ਨੇ ਆਪਣੇ ਘਰਾਂ ਵੱਲ ਵਾਪਸੀ ਦਾ ਸਫ਼ਰ ਸ਼ੁਰੂ ਕਰ ਦਿੱਤਾ ਹੈ। ਹਾਲਾਂਕਿ, ਇਸ ਵਾਪਸੀ ਦੇ ਉਤਸ਼ਾਹ ਦੇ ਵਿਚਕਾਰ ਭਾਰੀ ਤਬਾਹੀ, ਅਨਿਸ਼ਚਿਤਤਾ ਤੇ ਇਜ਼ਰਾਈਲੀ ਫੌਜ ਦੀਆਂ ਚੇਤਾਵਨੀਆਂ ਦਾ ਸਾਇਆ ਅਜੇ ਵੀ ਬਣਿਆ ਹੋਇਆ ਹੈ। ਦੱਖਣੀ ਲਿਬਨਾਨ ਨੂੰ ਜਾਣ ਵਾਲੇ ਮੁੱਖ ਮਾਰਗਾਂ 'ਤੇ ਕਾਰਾਂ ਦੀਆਂ ਕਈ ਕਿਲੋਮੀਟਰ ਲੰਬੀਆਂ ਕਤਾਰਾਂ ਦੇਖੀਆਂ ਗਈਆਂ। ਖਾਸ ਕਰਕੇ ਲਿਟਾਨੀ ਨਦੀ 'ਤੇ ਬਣੇ ਕਾਸਮੀਏ ਪੁਲ, ਜੋ ਕਿ ਇਜ਼ਰਾਈਲੀ ਹਵਾਈ ਹਮਲੇ ਵਿੱਚ ਨੁਕਸਾਨਿਆ ਗਿਆ ਸੀ, 'ਤੇ ਟ੍ਰੈਫਿਕ ਦਾ ਭਾਰੀ ਜਾਮ ਰਿਹਾ। ਲੋਕ ਆਪਣੀਆਂ ਗੱਡੀਆਂ ਦੀਆਂ ਛੱਤਾਂ 'ਤੇ ਗੱਦੇ, ਸੂਟਕੇਸ ਤੇ ਹੋਰ ਘਰੇਲੂ ਸਮਾਨ ਲੱਦ ਕੇ ਆਪਣੇ ਪਿੰਡਾਂ ਵੱਲ ਵੱਧ ਰਹੇ ਸਨ। ਰਸਤੇ ਵਿੱਚ ਲੋਕਾਂ ਨੇ ਇੱਕ-ਦੂਜੇ ਨੂੰ ਜਿੱਤ ਦੇ ਨਿਸ਼ਾਨ ਦਿਖਾ ਕੇ ਵਧਾਈਆਂ ਦਿੱਤੀਆਂ। ਕਈ ਥਾਵਾਂ 'ਤੇ ਲੋਕਾਂ ਨੇ ਹਿਜ਼ਬੁੱਲਾ ਦੇ ਝੰਡੇ ਲਹਿਰਾ ਕੇ ਆਪਣੀ ਖੁਸ਼ੀ ਦਾ ਇਜ਼ਹਾਰ ਕੀਤਾ। ਇਸ ਜੰਗ ਕਾਰਨ ਲਿਬਨਾਨ ਵਿੱਚ 10 ਲੱਖ ਤੋਂ ਵੱਧ ਲੋਕ ਬੇਘਰ ਹੋ ਚੁੱਕੇ ਹਨ। ਭਾਵੇਂ



ਜੰਗਬੰਦੀ ਲਾਗੂ ਹੋ ਗਈ ਹੈ, ਪਰ ਲਿਬਨਾਨੀ ਅਧਿਕਾਰੀਆਂ ਨੇ ਲੋਕਾਂ ਨੂੰ ਤੁਰੰਤ ਖ਼ਤਰਨਾਕ ਖੇਤਰਾਂ ਵਿੱਚ ਨਾ ਜਾਣ ਦੀ ਸਲਾਹ ਦਿੱਤੀ ਹੈ। ਜੰਗ ਦੇ ਮੈਦਾਨ ਬਣੇ ਦੱਖਣੀ ਪਿੰਡਾਂ ਵਿੱਚ ਜਦੋਂ ਲੋਕ ਪਹੁੰਚੇ ਤਾਂ ਉਥੇ ਸਿਰਫ਼ ਮਲਬੇ ਦੇ ਢੇਰ ਤੇ ਸੜੀਆਂ ਹੋਈਆਂ ਗੱਡੀਆਂ ਹੀ ਨਜ਼ਰ ਆਈਆਂ। ਇਲਾਕਿਆਂ ਵਿੱਚ ਬਹੁ-ਮੰਜ਼ਿਲਾ ਇਮਾਰਤਾਂ ਢਹਿ-ਢੇਰੀ ਹੋ ਚੁੱਕੀਆਂ ਹਨ। ਸਥਾਨਕ ਨਿਵਾਸੀਆਂ ਅਨੁਸਾਰ, ਇਜ਼ਰਾਈਲ ਨੇ ਪਿਛਲੇ ਛੇ ਹਫ਼ਤਿਆਂ ਵਿੱਚ ਸਿਰਫ਼ ਇੱਕ ਮੁਹੱਲੇ 'ਤੇ 62 ਵਾਰ ਹਮਲੇ ਕੀਤੇ ਸਨ।

# ਲੰਬੀ ਦੇ ਤਿੰਨ ਪਿੰਡਾਂ ਦੀ 225 ਏਕੜ ਕਣਕ ਸੜੀ

ਲੰਬੀ, 18 ਅਪ੍ਰੈਲ (ਚ.ਨ.ਸ): ਲੰਬੀ ਹਲਕੇ ਦੇ ਪਿੰਡ ਕਬਰਵਾਲਾ, ਪੱਕੀ ਟਿੱਬੀ ਤੇ ਗੁਰੂਸਰ ਜੋਧਾ ਵਿੱਚ ਅੱਜ ਭਿਆਨਕ ਅੱਗ ਨਾਲ ਕਰੀਬ 225 ਏਕੜ ਕਣਕ ਦੀ ਫ਼ਸਲ ਸੜ ਕੇ ਸੁਆਹ ਹੋ ਗਈ। ਜਾਣਕਾਰੀ ਅਨੁਸਾਰ ਅੱਜ ਸਵੇਰੇ ਕਰੀਬ 11 ਵਜੇ ਕਬਰਵਾਲਾ ਤੋਂ ਸ਼ੁਰੂ ਹੋਈ ਅੱਗ ਇੰਨੀ ਤੇਜ਼ ਸੀ ਕਿ ਇਹ ਪੱਕੀ ਟਿੱਬੀ ਤੇ ਗੁਰੂਸਰ ਜੋਧਾ ਰਾਹੀਂ ਬਾਅਦ ਦੁਪਹਿਰ ਲਗਭਗ ਡੇਢ ਵਜੇ ਤੱਕ ਕਰੀਬ ਦੋ-ਤਿੰਨ ਕਿਲੋਮੀਟਰ ਦੂਰ ਜ਼ਿਲ੍ਹਾ ਫ਼ਾਜ਼ਿਲਕਾ ਦੇ ਪਿੰਡ ਮਲੂਕਪੁਰ ਤੱਕ ਪੁੱਜ ਗਈ। ਚਸ਼ਮਦੀਦਾਂ ਮੁਤਾਬਿਕ ਜੇ ਮਲੂਕਾ ਨਹਿਰ ਦੀ ਮਾਈਨਰ ਰਾਹ ਵਿੱਚ ਨਾ ਆਉਂਦੀ ਤਾਂ ਹੋਰ ਵੱਡਾ ਖੇਤੀ ਰਕਬਾ ਇਸ ਦੀ ਲਪੇਟ ਵਿੱਚ ਆ ਸਕਦਾ ਸੀ। ਘਟਨਾ ਮੌਕੇ ਕਿਸਾਨਾਂ ਨੇ ਟਰੈਕਟਰਾਂ, ਤਵੀਆਂ ਤੇ ਦਰੱਖਤਾਂ ਦੀਆਂ ਟਾਹਣੀਆਂ ਨਾਲ ਆਪਣੀ ਜਾਨ ਦੀ ਪ੍ਰਵਾਹ ਕੀਤੇ ਬਿਨਾਂ ਅੱਗ ਬੁਝਾਉਣ ਦੀਆਂ ਕੋਸ਼ਿਸ਼ਾਂ ਕੀਤੀਆਂ। ਪਿੰਡ ਕਬਰਵਾਲਾ ਦੇ ਸਾਬਕਾ ਸਰਪੰਚ ਸਵਰਨ ਸਿੰਘ ਨੇ



ਚਸ਼ਮਦੀਦਾਂ ਦੇ ਹਵਾਲੇ ਨਾਲ ਦੱਸਿਆ ਕਿ ਇਹ ਅੱਗ ਬਿਜਲੀ ਦੇ 'ਟਰਿੱਪ' ਕਾਰਨ ਲੱਗੀ। ਪੀੜਤਾਂ ਵਿੱਚ ਕਬਰਵਾਲਾ ਦੇ ਗੁਰਪ੍ਰੀਤ ਸਿੰਘ, ਦਰਸ਼ਨ ਸਿੰਘ, ਪ੍ਰਕਾਸ਼ ਸਿੰਘ, ਗੁਰਰਾਜ ਸਿੰਘ ਗੋਲਡੀ, ਗੁਰੂਸਰ ਜੋਧਾ ਦੇ ਸੂਬਾ ਸਿੰਘ, ਜਸਪਾਲ ਸਿੰਘ, ਦਵਿੰਦਰ ਸਿੰਘ, ਜਸਕਰਨ ਸਿੰਘ, ਨਿਰਮਲ ਸਿੰਘ, ਪੰਜਾਬ ਸਿੰਘ ਤੇ ਪੱਕੀ ਟਿੱਬੀ ਦੇ ਅੰਗਰੇਜ਼ ਸਿੰਘ, ਜਸਵੀਰ ਸਿੰਘ, ਸੁਖਦੇਵ ਸਿੰਘ, ਗੁਰਲਾਲ ਤੇ ਹਰਬੰਸ ਸਿੰਘ ਸਣੇ ਕਈ ਕਿਸਾਨ ਸ਼ਾਮਲ ਹਨ। ਇਨ੍ਹਾਂ ਵਿੱਚ ਕਈ ਕਿਸਾਨ ਘੱਟ-ਜ਼ਮੀਨੇ ਹਨ। ਪੀੜਤ ਕਿਸਾਨਾਂ ਤੇ ਪਿੰਡ ਵਾਸੀਆਂ ਨੇ ਮਲੋਟ ਫਾਇਰ ਬ੍ਰਿਗੇਡ ਦੀ ਕਾਰਗੁਜ਼ਾਰੀ 'ਤੇ ਵੀ ਰੋਸ ਜ਼ਾਹਿਰ ਕੀਤਾ ਹੈ। ਦੂਜੇ ਪਾਸੇ ਪਾਵਰਕਾਮ ਡਵੀਜ਼ਨ ਮਲੋਟ ਦੇ ਵਧੀਕ ਨਿਗਰਾਨ ਇੰਜੀਨੀਅਰ ਅਮਨਦੀਪ ਸਿੰਘ ਨੇ ਕਿਹਾ ਕਿ ਸਬੰਧਤ ਜੇਈ ਨੇ ਹਾਦਸੇ ਸਮੇਂ ਬਿਜਲੀ ਬੰਦ ਕਰਨ ਦਾ ਪਰਮਿਟ ਲਿਆ ਹੋਇਆ ਸੀ। ਪੰਜਾਬ ਕਾਂਗਰਸ ਦੇ ਸੀਨੀਅਰ ਆਗੂ ਫਤਹਿ ਸਿੰਘ ਬਾਦਲ ਨੇ ਸਰਕਾਰ ਤੋਂ ਪ੍ਰਭਾਵਿਤ ਕਿਸਾਨਾਂ ਨੂੰ 100 ਫ਼ੀਸਦ ਮੁਆਵਜ਼ਾ ਦੇਣ ਦੀ ਮੰਗ ਕੀਤੀ ਹੈ।

# ਅਮਰੀਕਾ 'ਚ ਭਾਰਤੀ ਮੂਲ ਦੀ ਔਰਤ ਨੂੰ ਆਈਸ ਨੇ ਹਿਰਾਸਤ 'ਚ ਲਿਆ

### ☛35 ਸਾਲਾਂ ਤੋਂ ਅਮਰੀਕਾ 'ਚ ਰਹਿ ਰਹੀ ਹੈ ਮੀਨੂ ਬੱਤਰਾ

ਵੈਨਕੂਵਰ, 18 ਅਪ੍ਰੈਲ (ਚ.ਨ.ਸ): ਅਮਰੀਕਾ ਵਿੱਚ ਪਿਛਲੇ 35 ਸਾਲਾਂ ਤੋਂ ਰਹਿ ਰਹੀ ਭਾਰਤੀ ਮੂਲ ਦੀ 53 ਸਾਲਾ ਔਰਤ ਨੂੰ ਇਮੀਗ੍ਰੇਸ਼ਨ ਅਧਿਕਾਰੀਆਂ ਵੱਲੋਂ ਹਿਰਾਸਤ ਵਿੱਚ ਲਏ ਜਾਣ ਦੀ ਸੂਚਨਾ ਹੈ। ਮੀਨੂ ਬੱਤਰਾ ਨਾਮ ਦੀ ਇਸ ਮਹਿਲਾ ਨੂੰ ਟੈਕਸਾਸ ਵਿੱਚ ਅਮਰੀਕੀ ਇਮੀਗ੍ਰੇਸ਼ਨ ਤੇ ਕਸਟਮਜ਼ ਇਨਫਾਰਸਮੈਂਟ ਦੇ ਏਜੰਟਾਂ ਵੱਲੋਂ ਗ੍ਰਿਫ਼ਤਾਰ ਕੀਤਾ ਗਿਆ। ਰਿਪੋਰਟਾਂ ਮੁਤਾਬਿਕ ਉਹ ਲੰਬੇ ਸਮੇਂ ਤੋਂ ਅਮਰੀਕਾ ਵਿੱਚ ਰਹਿ ਰਹੀ ਸੀ ਪਰ ਉਸ ਦੀ ਇਮੀਗ੍ਰੇਸ਼ਨ ਸਥਿਤੀ ਸਬੰਧੀ ਮਸਲੇ ਉਠਣ ਤੋਂ ਬਾਅਦ ਇਹ ਕਾਰਵਾਈ ਕੀਤੀ ਗਈ ਹੈ। ਅਧਿਕਾਰੀਆਂ ਵੱਲੋਂ ਕਿਹਾ ਗਿਆ ਹੈ ਕਿ ਲੰਬੇ ਸਮੇਂ ਤੋਂ ਦੇਸ਼ ਵਿੱਚ ਰਹਿਣਾ ਇਸ ਗੱਲ ਦੀ ਗਰੰਟੀ ਨਹੀਂ ਕਿ ਕੋਈ ਵਿਅਕਤੀ ਸਦੀਵੀ ਤੌਰ 'ਤੇ ਇੱਥੇ ਰਹਿ ਸਕਦਾ ਹੈ।



ਇਸ ਬਿਆਨ ਨੇ ਕਈ ਪ੍ਰਵਾਸੀਆਂ ਵਿੱਚ ਚਿੰਤਾ ਵਧਾ ਦਿੱਤੀ ਹੈ, ਖ਼ਾਸ ਕਰਕੇ ਉਹ ਲੋਕ ਜੋ ਕਈ ਸਾਲਾਂ ਤੋਂ ਅਮਰੀਕਾ ਵਿੱਚ ਰਹਿ ਰਹੇ ਹਨ। ਦੱਸਿਆ ਜਾ ਰਿਹਾ ਹੈ ਕਿ ਮੀਨੂ ਬੱਤਰਾ ਦੇ ਪਰਿਵਾਰ ਤੇ ਸਮਰਥਕਾਂ ਵੱਲੋਂ ਉਸ ਦੀ ਰਿਹਾਈ ਲਈ ਯਤਨ ਕੀਤੇ ਜਾ ਰਹੇ ਹਨ ਤੇ ਕਾਨੂੰਨੀ ਸਹਾਇਤਾ ਵੀ ਲਈ ਜਾ ਰਹੀ ਹੈ। ਇਸ ਮਾਮਲੇ ਨੇ ਅਮਰੀਕਾ ਦੀਆਂ ਸਖ਼ਤ ਇਮੀਗ੍ਰੇਸ਼ਨ ਨੀਤੀਆਂ 'ਤੇ ਇੱਕ ਵਾਰ ਫਿਰ ਚਰਚਾ ਛੇੜ ਦਿੱਤੀ ਹੈ।

# ਫਤਹਿਗੜ੍ਹ ਸਾਹਿਬ ਵਿਖੇ ਛੱਪੜ 'ਚ ਡੁੱਬਣ ਨਾਲ ਮਾਂ-ਪੁੱਤ ਦੀ ਮੌਤ

### ☛ਪਾਥੀਆਂ ਲੱਦੀ ਰੇਹੜੀ ਬੇਕਾਬੂ ਹੋ ਕੇ ਛੱਪੜ 'ਚ ਡਿੱਗੀ

ਸ੍ਰੀ ਫਤਹਿਗੜ੍ਹ ਸਾਹਿਬ, 18 ਅਪ੍ਰੈਲ (ਚ.ਨ.ਸ): ਫਤਹਿਗੜ੍ਹ ਸਾਹਿਬ ਤੋਂ ਦੁਖਦਾਈ ਖ਼ਬਰ ਸਾਹਮਣੇ ਆਈ ਹੈ, ਇਥੇ ਨੇੜਲੇ ਪਿੰਡ ਥੜ ਗੁਜਰਾ 'ਚ ਇੱਕ ਬੇਕਾਬੂ ਰੇਹੜੀ ਦੇ ਛੱਪੜ 'ਚ ਪਲਟਣ ਕਾਰਨ ਮਾਂ ਤੇ ਉਸ ਦੇ 12 ਸਾਲਾ ਪੁੱਤ ਦੀ ਮੌਤ ਹੋ ਗਈ। ਜਾਣਕਾਰੀ ਅਨੁਸਾਰ ਬੀਤੇ ਦਿਨ ਲਗਭਗ ਇੱਕ ਵਜੇ ਕਰਮਜੀਤ ਕੌਰ ਆਪਣੇ ਦੋ ਬੱਚਿਆਂ ਨਾਲ ਰੇਹੜੀ 'ਤੇ ਪਾਥੀਆਂ ਲੱਦ ਕੇ ਜਾ ਰਹੀ ਸੀ। ਸੜਕ 'ਤੇ ਢਲਾਣ ਹੋਣ ਕਾਰਨ ਰੇਹੜੀ ਅਚਾਨਕ ਬੇਕਾਬੂ ਹੋ ਗਈ ਤੇ ਸਿੱਧਾ ਛੱਪੜ 'ਚ ਜਾ ਡਿੱਗੀ। ਇਸ ਕਾਰਨ ਔਰਤ ਤੇ ਦੋਵੇਂ ਬੱਚੇ ਡੁੱਬਣ ਲੱਗੇ। ਰੌਲਾ ਸੁਣ ਕੇ ਮੌਕੇ 'ਤੇ ਮੌਜੂਦ ਪਿੰਡ ਵਾਸੀਆਂ ਨੇ ਤੁਰੰਤ ਬਚਾਅ ਕਾਰਜ ਸ਼ੁਰੂ ਕੀਤਾ। ਉਨ੍ਹਾਂ ਔਰਤ ਤੇ ਪੰਜ ਸਾਲਾ ਵਿਵੇਕ ਸਿੰਘ ਨੂੰ ਤਾਂ ਬਾਹਰ ਕੱਢ ਲਿਆ, ਪਰ 12 ਸਾਲਾ ਅਨੰਤਵੀਰ ਸਿੰਘ ਪੁੱਤਰ ਕੁਲਵਿੰਦਰਜੀਤ ਸਿੰਘ ਗਹਿਰੇ ਪਾਣੀ ਤੇ ਦਲਦਲ 'ਚ ਫਸ ਗਿਆ। ਲਗਭਗ ਡੇਢ ਘੰਟੇ ਦੀ ਮਿਹਨਤ ਦੇ ਬਾਅਦ ਉਸ ਨੂੰ ਬਾਹਰ ਕੱਢ ਕੇ ਸਿਵਲ ਹਸਪਤਾਲ ਮੰਡੀ ਗੋਬਿੰਦਗੜ੍ਹ ਲਿਆਂਦਾ ਗਿਆ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਕਰਮਜੀਤ ਕੌਰ ਤੇ ਉਸ ਦੇ ਪੰਜ ਸਾਲਾ ਪੁੱਤਰ ਵਿਵੇਕ ਦੀ ਗੰਭੀਰ ਹਾਲਤ ਨੂੰ ਦੇਖਦੇ ਹੋਏ ਡਾਕਟਰਾਂ ਨੇ ਉਨ੍ਹਾਂ ਨੂੰ ਪਟਿਆਲਾ ਦੇ ਰਾਜਿੰਦਰਾ ਹਸਪਤਾਲ ਰੈਫਰ ਕੀਤਾ। ਇਲਾਜ ਦੌਰਾਨ ਕਰਮਜੀਤ ਕੌਰ ਦੀ ਵੀ ਮੌਤ ਹੋ ਗਈ ਤੇ ਇੱਕ ਪੁੱਤ ਦਾ ਇਲਾਜ ਚੱਲ ਰਿਹਾ ਹੈ। ਮ੍ਰਿਤਕ ਅਨੰਤਵੀਰ ਦਾ ਪਿਤਾ ਕੁਲਵਿੰਦਰਜੀਤ ਸਿੰਘ ਰੁਜ਼ਗਾਰ ਲਈ ਵੀ ਮਲੇਸ਼ੀਆ ਗਿਆ ਹੋਇਆ ਹੈ। ਮਾਸੂਮ ਪੋਤੇ ਨੂੰ ਬਚਾਉਣ ਲਈ ਉਸ ਦੇ ਦਾਦਾ ਗੁਰਦਾਸ ਸਿੰਘ ਨੇ ਵੀ ਆਪਣੀ ਜਾਨ ਦੀ ਪ੍ਰਵਾਹ ਨਾ ਕਰਦੇ ਹੋਏ ਛੱਪੜ 'ਚ ਛਾਲ ਮਾਰੀ ਸੀ ਪਰ ਅਫਸੋਸ ਉਹ ਆਪਣੇ ਪੋਤੇ ਨੂੰ ਬਚਾਅ ਨਹੀਂ ਸਕਿਆ।

# ਫੌਜੀ ਹਕੂਮਤ ਵੱਲੋਂ ਸਾਬਕਾ ਰਾਸ਼ਟਰਪਤੀ ਵਿਨ ਮਿੰਟ ਰਿਹਾਅ, ਆਂਗ ਸਾਨ ਸੂ ਕੀ ਦੀ ਸਜ਼ਾ 'ਚ ਵੀ ਕਟੌਤੀ ਕੀਤੀ

ਨੇਪੀਡਾ/(ਮਿਆਂਮਾਰ), 18 ਅਪ੍ਰੈਲ (ਚ.ਨ.ਸ): ਮਿਆਂਮਾਰ ਦੀ ਰਾਜਨੀਤੀ ਵਿੱਚ ਇੱਕ ਵੱਡਾ ਉਲਟਫੇਰ ਦੇਖਣ ਨੂੰ ਮਿਲ ਰਿਹਾ ਹੈ। ਦੇਸ਼ ਦੇ ਨਵੇਂ ਬਣੇ ਰਾਸ਼ਟਰਪਤੀ ਤੇ ਫੌਜੀ ਮੁਖੀ ਮਿਨ ਆਂਗ ਲੈਂਗ ਨੇ ਰਵਾਇਤੀ ਨਵੇਂ ਸਾਲ ਦੇ ਮੌਕੇ 'ਤੇ ਦੇਸ਼ ਭਰ ਵਿੱਚ ਇੱਕ ਵੱਡੀ ਐਮਨੈਸਟੀ (ਆਮ ਮੁਆਫੀ) ਦਾ ਐਲਾਨ ਕੀਤਾ ਹੈ। ਇਸ ਫੈਸਲੇ ਤਹਿਤ 2021 ਵਿੱਚ ਹੋਏ ਫੌਜੀ ਤਖਤਾਪਲਟ ਤੋਂ ਬਾਅਦ ਜੇਲ੍ਹ ਵਿੱਚ ਬੰਦ ਸਾਬਕਾ ਰਾਸ਼ਟਰਪਤੀ ਵਿਨ ਮਿੰਟ ਨੂੰ ਪੂਰੀ ਤਰ੍ਹਾਂ ਰਿਹਾਅ ਕਰ ਦਿੱਤਾ ਗਿਆ ਹੈ, ਜਦਕਿ ਨੋਬਲ ਪੁਰਸਕਾਰ ਜੇਤੂ ਤੇ ਲੋਕਤੰਤਰ ਪੱਖੀ ਆਗੂ ਆਂਗ ਸਾਨ ਸੂ ਕੀ ਦੀ ਸਜ਼ਾ ਵਿੱਚ ਵੀ ਅੰਸ਼ਿਕ ਕਟੌਤੀ ਕੀਤੀ ਗਈ ਹੈ।



ਬੀਤੇ ਦਿਨ ਮਿਆਂਮਾਰ ਦੇ ਸਰਕਾਰੀ ਮੀਡੀਆ ਤੇ ਸੂ ਕੀ ਦੇ ਵਕੀਲਾਂ ਵੱਲੋਂ ਦਿੱਤੀ ਜਾਣਕਾਰੀ ਅਨੁਸਾਰ ਇਹ ਰਿਹਾਈਆਂ ਤੇ ਸਜ਼ਾ ਵਿੱਚ ਛੋਟ ਉਸ ਸਮੇਂ ਆਈ ਹੈ ਜਦੋਂ ਪੰਜ ਸਾਲ ਪਹਿਲਾਂ ਫੌਜ ਨੇ ਚੁਣੀ ਹੋਈ ਸਰਕਾਰ ਨੂੰ ਹਟਾ ਕੇ ਸੱਤਾ 'ਤੇ ਕਬਜ਼ਾ ਕਰ ਲਿਆ ਸੀ। ਹਾਲਾਂਕਿ ਸੂ ਕੀ ਅਜੇ ਵੀ ਪੂਰੀ ਤਰ੍ਹਾਂ ਆਜ਼ਾਦ ਨਹੀਂ ਹੋਈ ਹੈ, ਪਰ ਉਸਦੀ ਕੁੱਲ 27 ਸਾਲ ਦੀ ਸਜ਼ਾ ਵਿੱਚੋਂ ਲਗਭਗ ਸਾਢੇ ਚਾਰ ਸਾਲ (ਛੇਵਾਂ ਹਿੱਸਾ) ਘਟਾ ਦਿੱਤੇ ਗਏ ਹਨ। 80 ਸਾਲਾ ਸੂ ਕੀ ਭ੍ਰਿਸ਼ਟਾਚਾਰ, ਚੋਣ ਧੋਖਾਧੜੀ ਤੇ ਸਰਕਾਰੀ ਭੇਦ ਗੁਪਤ ਰੱਖਣ ਦੇ ਕਾਨੂੰਨਾਂ ਦੀ ਉਲੰਘਣਾ ਸਮੇਤ ਕਈ ਦੋਸ਼ਾਂ ਤਹਿਤ ਸਜ਼ਾ ਕੱਟ ਰਹੀ ਹੈ। ਉਸਦੇ ਸਮਰਥਕਾਂ ਤੇ ਮਨੁੱਖੀ ਅਧਿਕਾਰ ਸੰਗਠਨਾਂ ਦਾ ਕਹਿਣਾ ਹੈ ਕਿ ਇਹ ਸਾਰੇ ਮਾਮਲੇ ਸਿਆਸਤ ਤੋਂ ਪ੍ਰੇਰਿਤ ਹਨ ਤਾਂ ਜੋ ਉਸਨੂੰ ਰਾਜਨੀਤੀ ਤੋਂ ਦੂਰ ਰੱਖਿਆ ਜਾ ਸਕੇ। ਸਾਬਕਾ ਰਾਸ਼ਟਰਪਤੀ ਵਿਨ ਮਿੰਟ, ਜੋ ਕਿ ਸੂ ਕੀ ਦੇ ਬੇਹੱਦ ਨਜ਼ਦੀਕੀ ਸਹਿਯੋਗੀ ਮੰਨੇ ਜਾਂਦੇ ਹਨ, ਨੂੰ ਸ਼ੁੱਕਰਵਾਰ ਨੂੰ ਟਾਂਗੂ ਜੇਲ੍ਹ ਤੋਂ ਰਿਹਾਅ ਕਰ ਦਿੱਤਾ ਗਿਆ। ਉਹ ਆਪਣੇ ਪਰਿਵਾਰ ਕੋਲ ਪਹੁੰਚ ਚੁੱਕੇ ਹਨ। ਜ਼ਿਕਰਯੋਗ ਹੈ ਕਿ ਵਿਨ ਮਿੰਟ ਨੂੰ 2021 ਵਿੱਚ ਤਖਤਾਪਲਟ ਵਾਲੇ ਦਿਨ ਹੀ ਹਿਰਾਸਤ ਵਿੱਚ ਲਿਆ ਗਿਆ ਸੀ। ਉਨ੍ਹਾਂ ਦੀ ਰਿਹਾਈ ਨੂੰ ਫੌਜੀ ਸ਼ਾਸਨ ਵੱਲੋਂ ਇੱਕ ਨਰਮ ਰੁਖ ਵਜੋਂ ਦੇਖਿਆ ਜਾ ਰਿਹਾ ਹੈ, ਹਾਲਾਂਕਿ ਜਾਣਕਾਰਾਂ ਦਾ ਕਹਿਣਾ ਹੈ ਕਿ ਅੰਤਰਰਾਸ਼ਟਰੀ ਦਬਾਅ ਤੇ ਦੇਸ਼ ਦੇ ਅੰਦਰੂਨੀ ਹਾਲਾਤਾਂ ਨੂੰ ਦੇਖਦੇ ਹੋਏ ਇਹ ਕਦਮ ਚੁੱਕਿਆ ਗਿਆ ਹੈ।ਸਰਕਾਰੀ ਬਰਾਡਕਾਸਟਰ ਐਮ.ਆਰ.ਟੀ.ਵੀ. ਮੁਤਾਬਿਕ ਨਵੇਂ ਰਾਸ਼ਟਰਪਤੀ ਨੇ ਕੁੱਲ 4,500 ਤੋਂ ਵੱਧ ਕੈਦੀਆਂ ਨੂੰ ਰਿਹਾਅ ਕਰਨ ਦਾ ਹੁਕਮ ਦਿੱਤਾ ਹੈ। ਇਸ ਵਿੱਚ 170 ਤੋਂ ਵੱਧ ਵਿਦੇਸ਼ੀ ਨਾਗਰਿਕ ਵੀ ਸ਼ਾਮਲ ਹਨ, ਜਿਨ੍ਹਾਂ ਨੂੰ ਰਿਹਾਅ ਕਰਕੇ ਉਨ੍ਹਾਂ ਦੇ ਦੇਸ਼ ਵਾਪਸ ਭੇਜ ਦਿੱਤਾ ਜਾਵੇਗਾ। ਇਸ ਐਮਨੈਸਟੀ ਤਹਿਤ ਫਾਂਸੀ ਦੀ ਸਜ਼ਾ ਪਾ ਚੁੱਕੇ ਕੈਦੀਆਂ ਦੀ ਸਜ਼ਾ ਉਮਰ ਕੈਦ ਵਿੱਚ ਬਦਲ ਦਿੱਤੀ ਗਈ ਹੈ ਤੇ ਉਮਰ ਕੈਦ ਵਾਲਿਆਂ ਨੂੰ 40 ਸਾਲ ਤੱਕ ਦੀ ਸਜ਼ਾ ਵਿੱਚ ਰਾਹਤ ਦਿੱਤੀ ਗਈ ਹੈ।

# ਦੇਸ਼ ਭਗਤ ਯੂਨੀਵਰਸਿਟੀ ਵੱਲੋਂ ਗਲੋਬਲ ਕਰੀਅਰ ਮਾਰਗ ਲਈ ਕਨਵੈਕਸ ਹੈਲਥ ਕੇਅਰ ਨਾਲ ਸਮਝੌਤਾ ਹਸਤਾਖ਼ਰ

ਮੰਡੀ ਗੋਬਿੰਦਗੜ੍ਹ, 18 ਅਪ੍ਰੈਲ (ਅੰਮ੍ਰਿਤਪਾਲ ਸਿੰਘ/ਸੂਦ): ਦੇਸ਼ ਭਗਤ ਯੂਨੀਵਰਸਿਟੀ ਨੇ ਕਨਵੈਕਸ ਹੈਲਥਕੇਅਰ ਪ੍ਰਾਈਵੇਟ ਲਿਮਟਿਡ ਨਾਲ ਇੱਕ ਰਣਨੀਤਕ ਸਮਝੌਤੇ 'ਤੇ ਹਸਤਾਖਰ ਕਰਕੇ ਆਪਣੇ ਵਿਦਿਆਰਥੀਆਂ ਲਈ ਵਿਸ਼ਵਵਿਆਪੀ ਰੁਜ਼ਗਾਰ ਯੋਗਤਾ ਵਧਾਉਣ ਵੱਲ ਵੱਡਾ ਕਦਮ ਚੁੱਕਿਆ ਹੈ। ਇਸ ਸਮਝੌਤੇ 'ਤੇ ਰਸਮੀ ਤੌਰ 'ਤੇ ਕਨਵੈਕਸ ਹੈਲਥਕੇਅਰ ਦੇ ਚੀਫ਼ ਗ੍ਰੋਥ ਐਂਡ ਅਕਾਦਮਿਕ ਰਿਲੇਸ਼ਨਜ਼ ਮੁਹੰਮਦ ਨਾਜ਼ਿਮ ਤੇ ਯੂਨੀਵਰਸਿਟੀ ਦੇ



ਵਾਈਸ ਚਾਂਸਲਰ ਡਾ. ਹਰਸ਼ ਸਦਾਵਰਤੀ ਨੇ ਦਸਤਖ਼ਤ ਕੀਤੇ। ਇਸ ਮੌਕੇ 'ਤੇ ਡਾ. ਲਵਸੰਪੂਰਨਜੋਤ ਕੌਰ ਪ੍ਰਿੰਸੀਪਲ, ਸਕੂਲ ਆਫ਼ ਨਰਸਿੰਗ ਤੇ ਡਾ. ਪ੍ਰਭਜੋਤ ਸਿੰਘ ਡਿਪਟੀ ਡਾਇਰੈਕਟਰ ਮੌਜੂਦ ਸਨ। ਇਹ ਭਾਈਵਾਲੀ ਨਰਸਿੰਗ ਵਿਦਿਆਰਥੀਆਂ ਲਈ ਢਾਂਚਾਗਤ ਅੰਤਰਰਾਸ਼ਟਰੀ ਕਰੀਅਰ ਮਾਰਗ ਬਣਾਉਣ ਲਈ ਤਿਆਰ ਕੀਤੀ ਗਈ ਹੈ ਜੋ ਕਿ ਅਕਾਦਮਿਕ ਸਿਖਲਾਈ ਤੇ ਵਿਸ਼ਵਵਿਆਪੀ ਕਾਰਜਬਲ ਦੀਆਂ ਜ਼ਰੂਰਤਾਂ ਵਿਚਕਾਰ ਪਾੜੇ ਨੂੰ ਪੂਰਾ ਕਰਦਾ ਹੈ। ਸਿਹਤ ਸੰਭਾਲ ਖੇਤਰ 'ਤੇ ਧਿਆਨ ਕੇਂਦ੍ਰਿਤ ਕਰਦੇ ਹੋਏ, ਇਸ ਸਹਿਯੋਗ ਦਾ ਉਦੇਸ਼ ਵਿਦਿਆਰਥੀਆਂ ਨੂੰ ਉਦਯੋਗ-ਸਬੰਧਤ ਹੁਨਰਾਂ ਨਾਲ ਲੈਸ ਕਰਨਾ ਤੇ ਵਿਦੇਸ਼ੀ ਰੁਜ਼ਗਾਰ ਦੇ ਮੌਕਿਆਂ ਦੀ ਸਹੂਲਤ ਦੇਣਾ ਹੈ। ਇਸ ਸਮਝੌਤੇ ਤਹਿਤ ਨਰਸਿੰਗ ਵਿਦਿਆਰਥੀਆਂ ਨੂੰ ਵਿਆਪਕ ਸਿਖਲਾਈ ਦਿੱਤੀ ਜਾਵੇਗੀ, ਜਿਸ ਵਿੱਚ 22 ਪੱਧਰ ਤੱਕ ਜਰਮਨ ਭਾਸ਼ਾ ਦੀ ਮੁਹਾਰਤ, ਸੌਫਟ ਸਕਿੱਲ ਵਿਕਾਸ ਤੇ ਅੰਤਰਰਾਸ਼ਟਰੀ ਮਾਪਦੰਡਾਂ ਦੇ ਅਨੁਸਾਰ ਵਿਸ਼ੇਸ਼ ਸਿਹਤ ਸੰਭਾਲ ਯੋਗਤਾਵਾਂ ਸ਼ਾਮਲ ਹਨ। ਯੋਗ ਵਿਦਿਆਰਥੀਆਂ ਨੂੰ ਜਰਮਨੀ ਵਰਗੇ ਦੇਸ਼ਾਂ ਵਿੱਚ ਪਲੇਸਮੈਂਟ ਸਹਾਇਤਾ ਦਾ ਵੀ ਲਾਭ ਹੋਵੇਗਾ। ਇਸ ਪਹਿਲਕਦਮੀ ਵਿੱਚ ਪ੍ਰੀ-ਪਲੇਸਮੈਂਟ ਸਹਾਇਤਾ ਸ਼ਾਮਲ ਹੈ, ਜਿਸ ਵਿੱਚ ਸ਼ਰਤੀਆ ਨੌਕਰੀ ਦੀਆਂ ਪੇਸ਼ਕਸ਼ਾਂ ਸ਼ਾਮਲ ਹਨ, ਜੋ ਸਿੱਖਿਆ ਤੋਂ ਰੁਜ਼ਗਾਰ ਵੱਲ ਇੱਕ ਸੁਚਾਰੂ ਤਬਦੀਲੀ ਨੂੰ ਯਕੀਨੀ ਬਣਾਉਂਦੀਆਂ ਹਨ। ਇਸ ਮੌਕੇ ਡਾ. ਹਰਸ਼ ਸਦਾਵਰਤੀ ਨੇ ਯੂਨੀਵਰਸਿਟੀ ਦੀ ਵਿਸ਼ਵਵਿਆਪੀ ਉਤਮਤਾ ਪ੍ਰਤੀ ਵਚਨਬੱਧਤਾ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਦੇਸ਼ ਭਗਤ ਯੂਨੀਵਰਸਿਟੀ ਵਿਖੇ ਅਸੀਂ ਆਪਣੇ ਅਕਾਦਮਿਕ ਵਾਤਾਵਰਨ ਨੂੰ ਅੰਤਰਰਾਸ਼ਟਰੀ ਕਾਰਜਬਲ ਦੀਆਂ ਮੰਗਾਂ ਨਾਲ ਜੋੜਨ ਲਈ ਸਮਰਪਿਤ ਹਾਂ। ਉਨ੍ਹਾਂ ਕਿਹਾ ਕਿ ਇਹ ਭਾਈਵਾਲੀ ਅੰਤਰਰਾਸ਼ਟਰੀ ਸਿਹਤ ਸੰਭਾਲ ਜ਼ਰੂਰਤਾਂ ਦੇ ਅਨੁਸਾਰ ਤਿਆਰ ਕੀਤੇ ਗਏ ਵਿਸ਼ੇਸ਼ ਕੋਰਸਾਂ ਦੀ ਸ਼ੁਰੂਆਤ ਦੀ ਹੋਰ ਪੜਚੋਲ ਕਰੇਗੀ ਜੋ ਕਿ ਹੁਨਰ-ਆਧਾਰਿਤ ਤੇ ਨਤੀਜਾ-ਆਧਾਰਿਤ ਸਿੱਖਿਆ 'ਤੇ ਯੂਨੀਵਰਸਿਟੀ ਦੇ ਧਿਆਨ ਨੂੰ ਹੋਰ ਮਜ਼ਬੂਤ ਕਰੇਗੀ।

# ਪਿੰਡਾਂ ਦਾ ਸਰਵਪੱਖੀ ਵਿਕਾਸ ਪਾਰਟੀਬਾਜ਼ੀ ਤੋਂ ਉਪਰ ਉਠ ਕੇ ਕੀਤਾ ਜਾਵੇ: ਗੈਰੀ ਬੜਿੰਗ, ਪਨਾਗ



ਅਮਲੋਹ, 18 ਅਪ੍ਰੈਲ (ਜਸਵੰਤ ਸਿੰਘ): ਬਲਾਕ ਸੰਮਤੀ ਅਮਲੋਹ ਦੀ ਪਲੇਠੀ ਮੀਟਿੰਗ ਸੰਮਤੀ ਦਫ਼ਤਰ ਵਿੱਚ ਚੇਅਰਮੈਨ ਰਣਜੀਤ ਸਿੰਘ ਪਨਾਗ ਦੀ ਪ੍ਰਧਾਨਗੀ ਹੇਠ ਹੋਈ। ਜਿਸ ਵਿੱਚ ਅਮਲੋਹ ਹਲਕੇ ਦੇ ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ, ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ ਚੰਦ ਸਿੰਘ, ਚੇਅਰਪਰਸਨ ਸਿਮਰਨਪ੍ਰੀਤ ਕੌਰ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਸ਼ਿੰਗਾਰਾ ਸਿੰਘ ਸਲਾਣਾ, ਅਮਨਦੀਪ ਕੌਰ ਗਰੇਵਾਲ, ਹਲਕਾ ਕੋਆਰਡੀਨੇਟਰ ਅਮਰਿੰਦਰ ਸਿੰਘ ਗਰੇਵਾਲ ਸਰਪੰਚ ਡਡਹੇੜੀ, ਅਵਤਾਰ ਮੁਹੰਮਦ ਟੈਣੀ, ਯਾਦਵਿੰਦਰ ਸਿੰਘ ਲੱਕੀ ਭਲਵਾਨ ਸਲਾਣਾ, ਸੋਨਾ ਸਲਾਣਾ, ਸੰਮਤੀ ਮੈਂਬਰ ਹਰਜਿੰਦਰ ਸਿੰਘ ਰੰਘੇੜੀ, ਗੁਰਬਚਨ ਸਿੰਘ ਬੱਲ, ਅਮਨਦੀਪ ਸਿੰਘ ਸ਼ਮਸਪੁਰ, ਸੇਵਾ ਸਿੰਘ ਲਾਡਪੁਰ, ਰਾਜਵੀਰ ਕੌਰ ਸਲਾਣਾ, ਕਰਮਜੀਤ ਕੌਰ ਸ਼ੇਰਗਿੱਲ, ਹਰਜੀਤ ਕੌਰ ਬੁੱਗਾ ਤੇ ਡਾ. ਨੇਕ ਸਿੰਘ ਆਦਿ ਸ਼ਾਮਲ ਹੋਏ। ਮੀਟਿੰਗ ਨੂੰ ਸੰਬੋਧਨ ਕਰਦਿਆਂ ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ ਨੇ ਕਿਹਾ ਕਿ ਪੰਜਾਬ ਦੀ ਆਪ ਸਰਕਾਰ ਕਹਿਣੀ ਤੇ ਕਰਨੀ ਦੀ ਪਰਪੱਕ ਹੈ ਤੇ ਵਿਕਾਸ ਕਾਰਜ ਪਹਿਲ ਦੇ ਆਧਾਰ 'ਤੇ ਕਰਵਾਏ ਜਾਣਗੇ। ਉਨ੍ਹਾਂ ਨਵੀਂ ਚੁਣੀ ਟੀਮ ਨੂੰ ਵਧਾਈ ਦਿੰਦੇ ਹੋਏ ਪਾਰਟੀਬਾਜ਼ੀ ਤੋਂ ਉਪਰ ਉਠ ਕੇ ਵਿਕਾਸ ਕਾਰਜਾਂ ਨੂੰ ਤਰਜੀਹ ਦੇਣ ਦੀ ਅਪੀਲ ਕੀਤੀ। ਇਸ ਮੌਕੇ ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ ਚੰਦ ਸਿੰਘ ਤੇ ਵਿਭਾਗੀ ਅਧਿਕਾਰੀਆਂ ਨੇ ਪੰਚਾਇਤੀ ਵਿਭਾਗ ਦੀ ਕਾਰਗੁਜ਼ਾਰੀ ਬਾਰੇ ਜਾਣੂੰ ਕਰਵਾਇਆ ਤੇ ਨਵੀਂ ਚੁਣੀ ਟੀਮ ਦੀ ਵਿਭਾਗੀ ਮੁਲਾਜ਼ਮਾਂ ਨਾਲ ਜਾਣ-ਪਹਿਚਾਣ ਕਰਵਾਈ। ਨਵੀਂ ਚੁਣੀ ਟੀਮ ਨੇ ਧੰਨਵਾਦ ਕਰਦਿਆਂ ਭਰੋਸਾ ਦਿੱਤਾ ਕਿ ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ ਦੀ ਅਗਵਾਈ ਹੇਠ ਵਿਕਾਸ ਕਾਰਜਾਂ ਵਿੱਚ ਕੋਈ ਕਸਰ ਨਹੀਂ ਛੱਡੀ ਜਾਵੇਗੀ।

# ਪਿੰਡਾਂ 'ਚ ਲੰਬੇ-ਲੰਬੇ ਬਿਜਲੀ ਦੇ ਕੱਟਾਂ ਤੋਂ ਲੋਕ ਦੁਖੀ

### ☛ਅਕਾਲੀ ਦਲ ਵਾਰਸ ਪੰਜਾਬ ਦੇ ਹਲਕਾ ਇੰਚਾਰਜ ਰਛਪਾਲ ਸਿੰਘ ਸੋਸਣ ਪਹੁੰਚੇ



ਮੋਗਾ, 18 ਅਪ੍ਰੈਲ (ਨਿਸ਼ੀ ਮਨਚੰਦਾ/ਗੁਰਦੇਵ ਖੁਰਾਣਾ): ਮੋਗੇ ਦੇ ਪਿੰਡ ਬਘੇਲੇਵਾਲਾ, ਕੋਰੇਵਾਲਾ, ਦੱਦਾਹੂਰ, ਮੰਗੇਵਾਲਾ 'ਚ ਰਾਤਾਂ ਨੂੰ ਬਿਜਲੀ ਦੇ ਲੰਬੇ ਕੱਟ ਲੱਗ ਰਹੇ ਹਨ। ਬੱਚਿਆਂ ਤੇ ਬਜ਼ੁਰਗਾਂ ਦਾ ਜੀਣਾ ਮੁਹਾਲ ਕੀਤਾ ਹੋਇਆ ਹੈ। ਅੱਜ ਇਨ੍ਹਾਂ ਪਿੰਡਾਂ ਦੇ ਲੋਕਾਂ ਨੇ ਪੰਚਾਇਤਾਂ ਨਾਲ ਮਿਲ ਕੇ ਅਕਾਲੀ ਦਲ ਵਾਰਿਸ ਪੰਜਾਬ ਦੇ ਹਲਕਾ ਇੰਚਾਰਜ ਰਛਪਾਲ ਸਿੰਘ ਸੋਸਣ ਦੀ ਅਗਵਾਈ 'ਚ ਪਿੰਡ ਸੋਸਣ ਦਾ ਗਰਿੱਡ ਘੇਰਿਆ ਤੇ ਮੌਕੇ 'ਤੇ ਬਿਜਲੀ ਸਪਲਾਈ ਚਾਲੂ ਕਰਵਾਈ। ਮੌਕੇ 'ਤੇ ਐਸਡੀਓ ਤੇ ਹੋਰ ਉੱਚ ਅਧਿਕਾਰੀਆਂ ਨਾਲ ਫੋਨ 'ਤੇ ਗੱਲ ਕਰਕੇ ਲਗਾਤਾਰ ਬਿਜਲੀ ਸਪਲਾਈ ਜਾਰੀ ਰੱਖਣ ਦੀ ਹਿਦਾਇਤ ਕੀਤੀ। ਜੇਕਰ ਫੇਰ ਵੀ ਬਿਜਲੀ ਦੇ ਕੱਟ ਲੱਗਣਗੇ ਤਾਂ ਇਨ੍ਹਾਂ ਪਿੰਡਾਂ ਦੇ ਲੋਕਾਂ ਨੂੰ ਨਾਲ ਲੈ ਕੇ ਐਸਈ ਫਰੀਦਕੋਟ ਦਾ ਦਫਤਰ ਘੇਰਿਆ ਜਾਵੇਗਾ। ਇਸ ਮੌਕੇ ਚਰਨਜੀਤ ਸਿੰਘ ਸਰਪੰਚ ਕੋਰੇਵਾਲਾ, ਜਸਵੀਰ ਸਿੰਘ ਸਰਪੰਚ ਬਘੇਲੇਵਾਲਾ, ਗੁਰਤੇਜ ਸਿੰਘ ਸਰਪੰਚ ਕੋਰੇਵਾਲਾ ਕਲਾਂ ਸਮੇਤ ਪਿੰਡਾਂ ਦੇ ਨੌਜਵਾਨ ਤੇ ਪਤਵੰਤੇ ਹਾਜ਼ਰ ਸਨ।

# ਦੇਸ਼ ਭਰ 'ਚ ਫਾਜ਼ਿਲਕਾ ਦਾ ਨਾਂ ਰੌਸ਼ਨ ਕਰਨ ਵਾਲੇ ਵੈਭਵ ਅਰੋੜਾ ਦਾ ਸਨਮਾਨ

ਫਾਜ਼ਿਲਕਾ, 18 ਅਪ੍ਰੈਲ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਹਾਲ ਹੀ ਵਿੱਚ ਐਲਾਨੇ ਗਏ ਸੀ.ਬੀ.ਐਸ.ਈ. 10ਵੀਂ ਜਮਾਤ ਦੇ ਨਤੀਜਿਆਂ ਵਿੱਚ ਦੇਸ਼ ਭਰ ਵਿੱਚ ਫਾਜ਼ਿਲਕਾ ਦਾ ਨਾਂ ਰੌਸ਼ਨ ਕਰਨ ਵਾਲੇ ਵੈਭਵ ਅਰੋੜਾ ਨੂੰ ਅਰੋੜਾ ਵਿਕਾਸ ਮੰਚ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਇਸ ਮੌਕੇ ਵੈਭਵ ਦੇ ਮਾਤਾ-ਪਿਤਾ ਡਿੰਪਲ ਕੁਮਾਰ ਤੇ ਸ਼ਬਨਮ ਸਮੇਤ ਸਾਰੇ ਪਰਿਵਾਰਕ



ਮੈਂਬਰਾਂ ਨੂੰ ਵੀ ਵਧਾਈ ਦਿੱਤੀ ਗਈ। ਮੰਚ ਦੇ ਪ੍ਰਧਾਨ ਅੰਮ੍ਰਿਤ ਸਚਦੇਵਾ, ਸੀਨੀਅਰ ਅਧਿਕਾਰੀ ਰਾਜ ਅਰੋੜਾ, ਸੁਨੀਲ ਕੱਕੜ, ਅਸ਼ਵਨੀ ਬੱਬਰ, ਪ੍ਰਿੰਸੀਪਲ ਰਾਜੇਂਦਰ ਵਿਖੋਣਾ ਤੇ ਅਜੈ ਠਕਰਾਲ ਰਾਧਾ ਸਵਾਮੀ ਕਲੋਨੀ ਸਥਿਤ ਵੈਭਵ ਦੇ ਘਰ ਪਹੁੰਚੇ।ਇਸ ਦੌਰਾਨ ਮਹਿਲਾ ਵਿੰਗ ਦੀਆਂ ਮੈਂਬਰਾਂ ਤੇ ਹੋਲੀ ਹਾਰਟ ਡੇਅ ਬੋਰਡਿੰਗ ਸਕੂਲ ਦੀ ਡਿਪਟੀ ਪ੍ਰਿੰਸੀਪਲ ਰਿਤੂ ਭੂਸਰੀ ਸਮੇਤ ਸਟਾਫ ਨੇ ਵੈਭਵ ਨੂੰ ਮਠਿਆਈਆਂ ਭੇਟ ਕਰਕੇ ਉਸ ਦੀ ਇਸ ਸ਼ਾਨਦਾਰ ਸਫਲਤਾ 'ਤੇ ਵਧਾਈ ਦਿੱਤੀ।ਅਰੋੜਾ ਵਿਕਾਸ ਮੰਚ ਵੱਲੋਂ ਅਰੋੜਾ ਪ੍ਰਤਿਭਾ ਸਨਮਾਨ ਪਰੰਪਰਾ ਤਹਿਤ ਵੈਭਵ ਤੇ ਉਸ ਦੇ ਪਰਿਵਾਰ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ।

# ਜ਼ਮੀਨ ਮਾਮਲੇ 'ਚ 48 ਲੱਖ ਦੀ ਠੱਗੀ, ਔਰਤ ਸਮੇਤ 3 ਵਿਰੁੱਧ ਧੋਖਾਧੜੀ ਦਾ ਮਾਮਲਾ ਦਰਜ

ਮੋਗਾ, 18 ਅਪ੍ਰੈਲ (ਨਿਸ਼ੀ ਮਨਚੰਦਾ): ਫਰੀਦਕੋਟ ਜ਼ਿਲ੍ਹੇ ਦੇ ਪਿੰਡ ਘਣੀਆਂ ਨਿਵਾਸੀ ਰਾਮ ਸਿੰਘ ਨੇ ਜ਼ਮੀਨ ਵਿੱਕਰੀ ਮਾਮਲੇ ਵਿੱਚ ਉਸ ਨਾਲ 48 ਲੱਖ ਰੁਪਏ ਦੀ ਠੱਗੀ ਕੀਤੇ ਜਾਣ ਦਾ ਦੋਸ਼ ਲਗਾਇਆ ਹੈ। ਇਸ ਸਬੰਧ ਵਿੱਚ ਜਾਂਚ ਦੇ ਬਾਅਦ ਕਥਿਤ ਮੁਲਜ਼ਮਾਂ ਪ੍ਰੀਤਪਾਲ ਸਿੰਘ ਨਿਵਾਸੀ ਪਿੰਡ ਦਿਆਲਪੁਰਾ ਭਾਈਕਾ, ਰਾਜਵੰਤ ਕੌਰ ਨਿਵਾਸੀ ਦਸਮੇਸ਼ ਨਗਰ ਪਟਿਆਲਾ ਤੇ ਵਰਿੰਦਰ ਸਿੰਘ ਨਿਵਾਸੀ ਪਿੰਡ ਦਿਆਲਪੁਰਾ ਭਾਈਕਾ ਬਠਿੰਡਾ ਹਾਲ ਆਬਾਦ ਇੰਗਲੈਂਡ ਦੇ ਖ਼ਿਲਾਫ ਥਾਣਾ ਨਿਹਾਲ ਸਿੰਘ ਵਾਲਾ ਵਿੱਚ ਵੱਖ-ਵੱਖ ਧਾਰਾਵਾਂ ਦੇ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ। ਇਸ ਮਾਮਲੇ ਦੀ ਜਾਂਚ ਸਹਾਇਕ ਥਾਣੇਦਾਰ ਅਮਰਜੀਤ ਸਿੰਘ ਵੱਲੋਂ ਕੀਤੀ ਜਾ ਰਹੀ ਹੈ। ਪੁਲਿਸ ਸੂਤਰਾਂ ਅਨੁਸਾਰ ਜ਼ਿਲ੍ਹਾ ਪੁਲਿਸ ਮੁਖੀ ਮੋਗਾ ਨੂੰ ਦਿੱਤੇ ਸ਼ਿਕਾਇਤ ਪੱਤਰ ਵਿੱਚ ਰਾਮ ਸਿੰਘ ਨੇ ਕਿਹਾ ਕਿ ਉਸ ਨੇ ਮਈ 2024 ਵਿੱਚ ਕਥਿਤ ਮੁਲਜ਼ਮਾਂ ਦੇ ਨਾਲ ਪਿੰਡ ਦੀਨਾ ਸਾਹਿਬ ਵਿਖੇ ਸਥਿਤ ਛੇ ਕਿੱਲੇ ਜ਼ਮੀਨ ਦਾ ਇਕਰਾਰ ਨਾਮਾ ਕੀਤਾ ਸੀ ਤੇ ਉਸ ਸਮੇਂ ਉਨ੍ਹਾਂ ਨੂੰ 48 ਲੱਖ ਰੁਪਏ ਦੇ ਦਿੱਤੇ, ਪਰ ਕਥਿਤ ਮੁਲਜ਼ਮਾਂ ਨੇ ਮਿਲੀਭੁਗਤ ਕਰਕੇ ਮੈਨੂੰ ਜ਼ਮੀਨ ਦੀ ਰਜਿਸਟਰੀ ਕਰਵਾਉਣ ਤੋਂ ਟਾਲ-ਮਟੋਲ ਕਰ ਦਿੱਤਾ ਤੇ ਲਾਰੇ ਲਗਾਉਣ ਲੱਗੇ। ਬਾਅਦ ਵਿੱਚ ਮੈਨੂੰ ਪਤਾ ਲੱਗਾ ਕਿ ਉਨ੍ਹਾਂ ਨੇ ਉਕਤ ਜ਼ਮੀਨ ਜਿਸ ਦਾ ਇਕਰਾਰਨਾਮਾ ਮੇਰੇ ਨਾਲ ਕੀਤਾ ਸੀ ਕਿਸੇ ਹੋਰ ਵਿਅਕਤੀ ਨੂੰ ਮਹਿੰਗੇ ਭਾਅ ਵੇਚ ਦਿੱਤੀ ਹੈ, ਜਿਸ 'ਤੇ ਮੈਂ ਉਨ੍ਹਾਂ ਨਾਲ ਗੱਲ ਕੀਤੀ ਤੇ ਇਕਰਾਰਨਾਮੇ ਦੀ 48 ਲੱਖ ਰੁਪਏ ਦੀ ਰਕਮ ਵਾਪਸ ਮੰਗੀ ਤਾਂ ਉਹ ਟਾਲ-ਮਟੋਲ ਕਰਨ ਲੱਗੇ ਤੇ ਮੈਨੂੰ ਵਾਪਸ ਨਾ ਕੀਤੀ। ਇਸ ਤਰ੍ਹਾਂ ਮੇਰੇ ਨਾਲ ਸਾਰਿਆਂ ਨੇ ਮਿਲ ਕੇ ਧੋਖਾਧੜੀ ਕੀਤੀ ਹੈ। ਜ਼ਿਲ੍ਹਾ ਪੁਲਿਸ ਮੁਖੀ ਮੋਗਾ ਨੇ ਮਾਮਲੇ ਨੂੰ ਗੰਭੀਰਤਾ ਨਾਲ ਲੈਂਦਿਆਂ ਇਸ ਦੀ ਜਾਂਚ ਡੀਐਸਪੀ ਨੂੰ ਕਰਨ ਦਾ ਆਦੇਸ਼ ਦਿੱਤਾ। ਜਾਂਚ ਅਧਿਕਾਰੀ ਨੇ ਦੋਨਾਂ ਧਿਰਾਂ ਨੂੰ ਆਪਣਾ ਪੱਖ ਪੇਸ਼ ਕਰਨ ਦੇ ਲਈ ਬੁਲਾਇਆ ਤਾਂ ਜਾਂਚ ਦੇ ਬਾਅਦ ਸ਼ਿਕਾਇਤਕਰਤਾ ਦੇ ਦੋਸ਼ ਸਹੀ ਪਾਏ ਜਾਣ 'ਤੇ ਕਥਿਤ ਮੁਲਜ਼ਮਾਂ ਦੇ ਖ਼ਿਲਾਫ਼ ਉਕਤ ਮਾਮਲਾ ਦਰਜ ਕੀਤਾ ਗਿਆ ਹੈ। ਜਾਂਚ ਅਧਿਕਾਰੀ ਨੇ ਕਿਹਾ ਕਿ ਗ੍ਰਿਫਤਾਰੀ ਬਾਕੀ ਹੈ।

# ਵਿਧਾਇਕ ਡਾ. ਅਰੋੜਾ ਨੇ 'ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ' ਤਹਿਤ ਲਗਾਏ ਵੱਖ-ਵੱਖ ਕੈਂਪਾਂ ਦਾ ਜਾਇਜ਼ਾ ਲਿਆ

### ☛ਸਰਕਾਰ ਵੱਲੋਂ ਮਹਿਲਾ ਸਸ਼ਕਤੀਕਰਨ ਤੇ ਵਿੱਤੀ ਸਹਾਇਤਾ ਲਈ ਕੀਤੇ ਜਾ ਰਹੇ ਯਤਨ ਸ਼ਲਾਘਾਯੋਗ



ਮੋਗਾ, 18 ਅਪ੍ਰੈਲ (ਨਿਸ਼ੀ ਮਨਚੰਦਾ/ਗੁਰਦੇਵ ਖਰਾਣਾ): ਸਥਾਨਕ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਮੋਗਾ ਜ਼ਿਲ੍ਹੇ ਦੇ ਪਿੰਡ ਘੱਲਕਲਾਂ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ 'ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ' ਤਹਿਤ ਲਗਾਏ ਗਏ ਰਜਿਸਟ੍ਰੇਸ਼ਨ ਕੈਂਪ ਦਾ ਨਿਰੀਖਣ ਕੀਤਾ। ਇਸ ਕੈਂਪ ਦੌਰਾਨ ਜਨਰਲ ਵਰਗ ਦੀਆਂ ਔਰਤਾਂ ਨੇ 1,000 ਦੇ ਲਾਭ ਲਈ ਰਜਿਸਟ੍ਰੇਸ਼ਨ ਕਰਵਾਈ, ਜਦੋਂ ਕਿ ਅਨੁਸੂਚਿਤ ਜਾਤੀ ਵਰਗ ਦੀਆਂ ਔਰਤਾਂ ਨੇ 1,500 ਲਈ ਰਜਿਸਟ੍ਰੇਸ਼ਨ ਕਰਵਾਈ। ਇਸ ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਮਾਵਾਂ ਤੇ ਭੈਣਾਂ ਨੇ ਹਿੱਸਾ ਲਿਆ ਤੇ ਇਸ ਯੋਜਨਾ ਪ੍ਰਤੀ ਆਪਣੀ ਖੁਸ਼ੀ ਪ੍ਰਗਟ ਕੀਤੀ। ਇਸ ਮੌਕੇ ਬੋਲਦਿਆਂ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਔਰਤਾਂ ਦੇ ਸਸ਼ਕਤੀਕਰਨ ਤੇ ਵਿੱਤੀ ਸਹਾਇਤਾ ਲਈ ਕੀਤੇ ਜਾ ਰਹੇ ਯਤਨ ਸੱਚਮੁੱਚ ਸ਼ਲਾਘਾਯੋਗ ਹਨ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਕੀਤੇ ਗਏ ਹਰ ਵਾਅਦੇ ਨੂੰ ਸਮੇਂ ਸਿਰ ਪੂਰਾ ਕੀਤਾ ਗਿਆ ਹੈ। ਉਨ੍ਹਾਂ ਅੱਗੇ ਦੱਸਿਆ ਕਿ ਵਾਰਡ ਨੰਬਰ 27 ਵਿੱਚ ਮੁੱਖ ਮੰਤਰੀ ਸਤਿਕਾਰ ਯੋਜਨਾ ਤਹਿਤ ਇੱਕ ਰਜਿਸਟ੍ਰੇਸ਼ਨ ਕੈਂਪ ਵੀ ਲਗਾਇਆ ਗਿਆ ਸੀ। ਇਸ ਸਮਾਗਮ ਵਿੱਚ ਵਾਰਡ ਇੰਚਾਰਜ ਵਰਿੰਦਰ ਸਿੰਘ ਟੋਨੀ, ਬਲਾਕ ਪ੍ਰਧਾਨ ਬਜਿੰਦਰ ਸਿੰਘ ਵਿਪਿਨ, ਅਜੇ ਸ਼ਰਮਾ, ਮਹਿਲਾ ਵਿੰਗ ਬਲਾਕ ਪ੍ਰਧਾਨ ਪੂਨਮ ਅਰੋੜਾ, ਮਹਿਲਾ ਵਿੰਗ ਵਾਰਡ ਪ੍ਰਧਾਨ ਨੀਤੂ ਅਰੋੜਾ, 'ਸਖੀਆਂ' (ਵਲੰਟੀਅਰਾਂ) ਗੀਤਿਕਾ ਅਰੋੜਾ, ਸੁੱਖੀ, ਸੁਖਮੰਦਰ ਕੌਰ, ਕਿਰਨਦੀਪ ਕੌਰ, ਇੰਦਰਜੀਤ ਕੌਰ, ਨੈਨਸੀ, ਸੁਖਵਿੰਦਰ ਕੌਰ, ਸੁਨੈਨਾ ਤੇ ਨਿਸ਼ਾ ਸ਼ਾਮਲ ਸਨ। ਆਂਗਨਵਾੜੀ ਵਰਕਰ ਸੁਖਦੀਪ ਕੌਰ ਤੇ ਅਮਨਦੀਪ ਕੌਰ ਵੀ ਮੌਜੂਦ ਸਨ। ਉਨ੍ਹਾਂ ਦੱਸਿਆ ਕਿ ਵਾਰਡ ਨੰਬਰ 27 ਦੀਆਂ ਵਲੰਟੀਅਰਾਂ ਨੇ ਔਰਤਾਂ ਲਈ ਫਾਰਮ ਭਰਨ ਵਿੱਚ ਸਹਾਇਤਾ ਕੀਤੀ, ਜਿਸ ਤੋਂ ਬਾਅਦ ਆਂਗਨਵਾੜੀ ਵਰਕਰਾਂ ਨੇ ਇਨ੍ਹਾਂ ਫਾਰਮਾਂ ਦੀ ਆਨਲਾਈਨ ਰਜਿਸਟ੍ਰੇਸ਼ਨ ਪੂਰੀ ਕੀਤੀ।

# ਲਾਇਨ ਡਿਸਟ੍ਰਿਕਟ 321-ਐਫ ਦੇ ਜ਼ਿਲ੍ਹਾ ਗਵਰਨਰ ਵੱਲੋਂ ਲਾਇਨ ਆਈ ਕੇਅਰ ਸੈਂਟਰ ਦਾ ਦੌਰਾ

ਜੈਤੋ, 18 ਅਪ੍ਰੈਲ (ਸੰਜੀਵ ਗੋਇਲ ਸੰਜੂ): ਇੰਟਰਨੈਸ਼ਨਲ ਲਾਇਨਜ਼ ਕਲੱਬ ਦੇ ਜ਼ਿਲ੍ਹਾ ਗਵਰਨਰ 321-ਐਫ ਲਾਇਨ ਅੰਮ੍ਰਿਤਪਾਲ ਸਿੰਘ ਝੰਡੂ ਵੱਲੋਂ ਜੈਤੋ ਦੀ ਪ੍ਰਸਿੱਧ ਸਮਾਜ ਸੇਵੀ ਸੰਸਥਾ ਲਾਇਨਜ਼ ਕਲੱਬ ਜੈਤੋ ਗੰਗਸਰ ਦੁਆਰਾ ਚਲਾਏ ਜਾ ਰਹੇ ਲਾਇਨ ਆਈ ਕੇਅਰ ਸੈਂਟਰ ਜੈਤੋ ਵਿਖੇ ਵਿਸ਼ੇਸ਼ ਤੌਰ 'ਤੇ ਪਹੁੰਚੇ। ਹਸਪਤਾਲ ਪਹੁੰਚਣ 'ਤੇ ਚੇਅਰਮੈਨ ਲਾਇਨ ਰਾਕੇਸ਼ ਰੋਮਾਣਾ, ਪ੍ਰਧਾਨ ਲਾਇਨ ਕੁਲਭੂਸ਼ਨ ਮਹੇਸ਼ਵਰੀ ਤੇ ਉਨ੍ਹਾਂ ਦੇ ਸਾਥੀਆਂ ਨੇ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ। ਇਸ ਮੌਕੇ ਲੁਧਿਆਣਾ ਤੋਂ ਵਾਈਸ ਡਿਸਟ੍ਰਿਕਟ ਗਵਰਨਰ ਲਾਇਨ ਨਰੇਸ਼ ਗੋਇਲ ਤੇ ਜ਼ਿਲ੍ਹਾ ਕੈਬਨਿਟ ਸਕੱਤਰ ਲਾਇਨ ਸਹਿਦੇਵ, ਚੰਡੀਗੜ੍ਹ ਤੋਂ ਜ਼ਿਲ੍ਹਾ ਕੈਬਨਿਟ ਮੈਂਬਰ ਲਾਇਨ ਸ਼ਸ਼ੀਕਾਂਤ ਰਾਣਾ ਤੇ ਰਾਮਪੁਰਾ ਫੂਲ ਤੋਂ ਰੀਜ਼ਨ ਚੇਅਰਪਰਸਨ ਲਾਇਨ ਗੌਰਵ ਭਾਟੀਆ, ਜੈਤੋ ਤੋਂ ਜ਼ੋਨ ਚੇਅਰਪਰਸਨ ਲਾਇਨ ਭੂਸ਼ਨ ਰੋਮਾਣਾ ਵੀ ਪਹੁੰਚੇ। ਕੈਂਪ ਚੇਅਰਮੈਨ ਲਾਇਨ ਨਰੇਸ਼ ਮਿੱਤਲ, ਡਾਇਰੈਕਟਰ ਲਾਇਨ ਪ੍ਰਦੀਪ ਸਿੰਗਲਾ ਤੇ ਸਾਬਕਾ ਪ੍ਰਧਾਨ ਲਾਇਨ ਸ਼ਕਤੀ ਮਿੱਤਲ ਨੇ ਕਿਹਾ ਕਿ ਸਾਰੇ ਸਤਿਕਾਰਯੋਗ



ਲਾਇਨ ਲੀਡਰਸ਼ਿਪ ਨੇ ਹਸਪਤਾਲ ਦਾ ਨਿਰੀਖਣ ਕੀਤਾ ਤੇ ਚੱਲ ਰਹੇ ਪ੍ਰੋਜੈਕਟ ਬਾਰੇ ਵਿਸਥਾਰਪੂਰਵਕ ਜਾਣਕਾਰੀ ਇਕੱਠੀ ਕੀਤੀ। ਆਪਣੇ ਸਵਾਗਤ ਭਾਸ਼ਣ ਵਿੱਚ ਸਾਰੇ ਲਾਇਨ ਮੈਂਬਰਾਂ ਨੂੰ ਸੰਬੋਧਨ ਕਰਦਿਆਂ ਲਾਇਨਜ਼ ਕਲੱਬ ਜੈਤੋ ਗੰਗਸਰ ਦੇ ਸਾਰੇ ਮੈਂਬਰਾਂ ਦੀ ਬਹੁਤ ਪ੍ਰਸ਼ੰਸਾ ਕੀਤੀ ਤੇ ਵਧਾਈ ਦਿੱਤੀ। ਚੇਅਰਮੈਨ ਲਾਇਨ ਰਾਕੇਸ਼ ਰੋਮਾਣਾ, ਪ੍ਰਧਾਨ ਲਾਇਨ ਕੁਲਭੂਸ਼ਨ ਮਹੇਸ਼ਵਰੀ, ਸੈਕਟਰੀ ਲਾਇਨ ਮਨੂ ਗੋਇਲ, ਕੈਂਪ ਚੇਅਰਮੈਨ ਲਾਇਨ ਨਰੇਸ਼ ਮਿੱਤਲ, ਖਜ਼ਾਨਚੀ ਲਾਇਨ ਆਸ਼ੂ ਮਿੱਤਲ ਸਮੇਤ ਚਾਰਟਰ ਮੈਂਬਰ ਲਾਇਨ ਪੁਰਸ਼ੋਤਮ ਸਿੰਗਲਾ ਨੂੰ ਲਿਪ ਪਿੰਨ ਲਗਾ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਲਾਇਨ ਨਰੇਸ਼ ਗਰਗ, ਲਾਇਨ ਪ੍ਰਵੀਨ ਜੈਨ, ਲਾਇਨ ਗਣੇਸ਼ ਜੈਨ, ਲਾਇਨ ਸੰਜੀਵ ਟੀਨੂ ਸ਼ਰਮਾ, ਲਾਇਨ ਪੰਕਜ ਸ਼ਰਮਾ, ਲਾਇਨ ਧਰਮਪਾਲ ਸਿੰਗਲਾ, ਲਾਇਨ ਜੀਵਨ ਗਰਗ, ਲਾਇਨ ਸ਼ਿਵ ਕੁਮਾਰ ਬਾਂਸਲ, ਲਾਇਨ ਕ੍ਰਿਸ਼ਨਾ ਗੋਪਾਲ ਬਾਂਸਲ, ਲਾਇਨ ਪ੍ਰਦੀਪ ਕੁਮਾਰ ਗੋਇਲ, ਲਾਇਨ ਮਨੂ ਵਰਮਾ ਤੋਂ ਇਲਾਵਾ ਲਾਇਨ ਕਲੱਬ ਜੈਤੋ ਗੁਡਵਿਲ ਦੇ ਪ੍ਰਧਾਨ ਲਾਇਨ ਸੰਦੀਪ ਜਿੰਦਲ, ਲਾਇਨਜ਼ ਕਲੱਬ ਜੈਤੋ ਰਾਇਲ ਦੇ ਪ੍ਰਧਾਨ ਲਾਇਨ ਪ੍ਰਿਤਪਾਲ ਸਿੰਘ ਵੀ ਆਪਣੇ ਸਾਥੀਆਂ ਸਮੇਤ ਮੌਜੂਦ ਸਨ।ਇਸ ਮੌਕੇ ਪ੍ਰਸਿੱਧ ਸਮਾਜ ਸੇਵਕ ਸੁਰਿੰਦਰ ਕੁਮਾਰ ਮਹੇਸ਼ਵਰੀ ਬੀਜ ਵਾਲੇ ਵੀ ਵਿਸ਼ੇਸ਼ ਤੌਰ 'ਤੇ ਪਹੁੰਚੇ। ਮਾਸਟਰ ਆਫ ਸਰਮਨੀ ਦੀ ਭੂਮੀਕਾ ਲਾਇਨ ਦਿਨੇਸ਼ ਗੋਇਲ ਤੇ ਲਾਇਨ ਰਾਮ ਅਵਤਾਰ ਵਰਮਾ ਵੱਲੋਂ ਨਿਭਾਈ ਗਈ।

# ਰਿਮਟ ਯੂਨੀਵਰਸਿਟੀ ਨੇ ਵਿਸ਼ਵ ਸਿੱਖਿਆ ਸ਼ਾਸਤਰੀਆਂ ਨਾਲ ਮਿਲ ਕੇ ਐਜੂਕੋਨ-2026 ਦੀ ਮੇਜ਼ਬਾਨੀ ਕੀਤੀ

ਮੰਡੀ ਗੋਬਿੰਦਗੜ੍ਹ, 18 ਅਪ੍ਰੈਲ (ਸੂਦ): ਰਿਮਟ ਯੂਨੀਵਰਸਿਟੀ ਨੇ ਗਲੋਬਲ ਐਜੂਕੇਸ਼ਨਲ ਰਿਸਰਚ ਐਸੋਸੀਏਸ਼ਨ ਦੇ ਸਹਿਯੋਗ ਨਾਲ ਐਜੂਕੋਨ-2026 ਦਾ ਆਯੋਜਨ ਕੀਤਾ। ਦੋ-ਰੋਜ਼ਾ ਅੰਤਰਰਾਸ਼ਟਰੀ ਕਾਨਫਰੰਸ ਨੇ 'ਭਵਿੱਖ ਦੀ ਸਿੱਖਿਆ ਦੀ ਕਲਪਨਾ: ਨੀਤੀਆਂ, ਨਵੀਨਤਾਵਾਂ ਤੇ ਜ਼ਮੀਨੀ ਹਕੀਕਤਾਂ' ਵਿਸ਼ੇ 'ਤੇ ਚਰਚਾ ਲਈ ਦੁਨੀਆਂ ਦੇ ਪ੍ਰਸਿੱਧ ਸਿੱਖਿਆ ਸ਼ਾਸਤਰੀਆਂ, ਖੋਜਕਰਤਾਵਾਂ, ਨੀਤੀ ਨਿਰਮਾਤਾਵਾਂ ਤੇ ਸਿੱਖਿਆ ਸ਼ਾਸਤਰੀਆਂ ਨੇਤਾਵਾਂ ਨੇ ਭਾਗ ਲਿਆ। ਪ੍ਰੋ. ਐਸ.ਕੇ. ਬਾਵਾ ਸਾਬਕਾ ਵਾਈਸ ਚਾਂਸਲਰ ਨੇ ਸਿੱਖਿਆ ਪ੍ਰਣਾਲੀਆਂ ਵਿੱਚ ਅਰਥਪੂਰਨ ਤਬਦੀਲੀ ਪ੍ਰਾਪਤ ਕਰਨ ਲਈ ਸਰਗਰਮ ਭਾਗੀਦਾਰੀ ਤੇ ਸਮੂਹਿਕ ਯਤਨਾਂ ਨੂੰ ਉਤਸ਼ਾਹਿਤ ਕੀਤਾ। ਉਦਘਾਟਨੀ ਸੈਸ਼ਨ ਵਿੱਚ ਰਿਮਟ ਯੂਨੀਵਰਸਿਟੀ ਦੇ ਪ੍ਰੋ.ਚਾਂਸਲਰ (ਅਕਾਦਮਿਕ) ਡਾ. ਬੀ.ਐਸ. ਭਾਟੀਆ ਨੇ ਸਿੱਖਿਆ ਦੇ ਭਵਿੱਖ ਨੂੰ



ਆਕਾਰ ਦੇਣ ਵਿੱਚ ਨਵੀਨਤਾ, ਅਕਾਦਮਿਕ ਉਤਮਤਾ ਤੇ ਵਿਸ਼ਵਵਿਆਪੀ ਸਹਿਯੋਗ ਦੀ ਮਹੱਤਤਾ 'ਤੇ ਚਾਨਣਾ ਪਾਇਆ। ਪੰਜਾਬ ਯੂਨੀਵਰਸਿਟੀ ਤੋਂ ਪ੍ਰੋ. ਨੰਦਿਤਾ ਨੇ ਉਚ ਸਿੱਖਿਆ ਵਿੱਚ ਉਭਰ ਰਹੇ ਦ੍ਰਿਸ਼ਟੀਕੋਣਾਂ ਤੇ ਵਿਕਸਿਤ ਪੈਰਾਡਾਈਮਾਂ ਨੂੰ ਉਜਾਗਰ ਕੀਤਾ। ਪ੍ਰਧਾਨਗੀ ਭਾਸ਼ਣ ਵਿੱਚ ਪ੍ਰੋ. ਸ਼ਿਵ ਓ ਪ੍ਰਾਸ਼ਰ ਨੇ ਨਵੀਨਤਾ-ਆਧਾਰਿਤ ਵਿਦਿਅਕ ਲੀਡਰਸ਼ਿਪ 'ਤੇ ਜ਼ੋਰ ਦਿੱਤਾ। ਅੰਤਰਰਾਸ਼ਟਰੀ ਪ੍ਰਸਿੱਧ ਵਿਦਵਾਨ ਪ੍ਰੋ. ਸਾਮਦੂ ਛੇਤਰੀ ਨੇ ਵੱਕਾਰੀ ਪਾਸੀ ਮੈਮੋਰੀਅਲ ਲੈਕਚਰ ਦਿੱਤਾ ਤੇ ਪ੍ਰੋ. ਭੋਲਾ ਥਾਪਾ, ਕਾਠਮੰਡੂ ਯੂਨੀਵਰਸਿਟੀ ਨੇ ਚੁਣੌਤੀਪੂਰਨ ਵਾਤਾਵਰਨਾਂ ਵਿੱਚ ਲਚਕੀਲੇਪਣ ਤੇ ਵਿਦਿਅਕ ਵਿਕਾਸ ਬਾਰੇ ਚਰਚਾ ਕੀਤੀ। ਪ੍ਰਮੁੱਖ ਪਲੈਨਰੀ ਬੁਲਾਰਿਆਂ ਵਿੱਚ ਮੈਕਗਿਲ ਯੂਨੀਵਰਸਿਟੀ, ਕੈਨੇਡਾ ਤੋਂ ਪ੍ਰੋਫੈਸਰ ਜੇ. ਧੀਮਾਨ ਸ਼ਾਮਲ ਨੇ ਸਥਿਰਤਾ ਲਈ ਲਚਕੀਲੇ ਸਿੱਖਿਆ ਪ੍ਰਣਾਲੀਆਂ ਬਣਾਉਣ ਦੀ ਗੱਲ ਕੀਤੀ। ਪ੍ਰੋ. ਰਘੂ ਐਨਚਮਪਤੀ ਨੇ ਭਾਰਤ ਵਿੱਚ ਕਮਿਊਨਿਟੀ-ਆਧਾਰਿਤ ਜਲਵਾਯੂ ਸਿੱਖਿਆ ਦੇ ਵਿਕਾਸ ਵਿੱਚ ਤਕਨਾਲੋਜੀ ਤੇ ਨਵੀਨਤਾ ਦੀ ਭੂਮਿਕਾ 'ਤੇ ਚਰਚਾ ਕੀਤੀ। ਯੂਕੇ ਦੀ ਵਰਸੇਸਟਰ ਯੂਨੀਵਰਸਿਟੀ ਤੋਂ ਪ੍ਰੋ. ਜੇ.ਕੇ. ਢਿੱਲੋਂ ਨੇ ਪੇਸ਼ੇਵਰ ਵਿਕਾਸ ਜਦੋਂ ਕਿ ਕੇਐਮਯੂਟੀ ਬੈਂਕਾਕ ਨੇ ਪ੍ਰੋ. ਸੁਰਾਪੋਨ ਨੇ ਭਵਿੱਖ ਦੀ ਸਿੱਖਿਆ ਵਿੱਚ ਨਕਲੀ ਬੁੱਧੀ, ਨੀਤੀ ਤੇ ਅਭਿਆਸ ਨੂੰ ਜੋੜਨ ਦੀ ਗੱਲ ਕੀਤੀ। ਕਾਨਫਰੰਸ ਨੂੰ ਪ੍ਰਸਿੱਧ ਭਾਰਤੀ ਸਿੱਖਿਆ ਨੇਤਾਵਾਂ ਜਿਵੇਂ ਕਿ ਜੀਈਆਰਏ ਇੰਡੀਆ ਦੇ ਪ੍ਰਧਾਨ ਪ੍ਰੋ. ਐਸ.ਪੀ. ਮਲਹੋਤਰਾ ਦੇ ਅਕਾਦਮਿਕ ਯੋਗਦਾਨਾਂ ਦੁਆਰਾ ਹੋਰ ਅਮੀਰ ਬਣਾਇਆ ਗਿਆ। ਡੈਲੀਗੇਟਾਂ ਤੇ ਭਾਗੀਦਾਰਾਂ ਨੇ ਪਿੰਡ ਹਰਬੰਸਪੁਰਾ ਦਾ ਦੌਰਾ ਕੀਤਾ। ਸਮਾਪਤੀ ਸੈਸ਼ਨ ਵਿੱਚ ਪ੍ਰੋ. ਯੂਜੀਨ ਕੌਚ ਨੇ ਮੁੱਖ-ਮਹਿਮਾਨ ਵਜੋਂ ਸ਼ਿਰਕਤ ਕੀਤੀ ਡਾ. ਐਸ.ਸੀ. ਸ਼ਰਮਾ ਪ੍ਰੋ. ਵਾਈਸ ਚਾਂਸਲਰ ਨੇ ਧੰਨਵਾਦ ਕੀਤਾ। ਇਸ ਮੌਕੇ ਡੀਨ ਅਕਾਦਮਿਕ ਡਾ. ਕਾਰਤਿਕ ਕੇ. ਗੁਪਤਾ ਆਦਿ ਹਾਜ਼ਰ ਸਨ।

# ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਤਿਮਾਹੀ ਮੀਟਿੰਗ

### ☛ਨੈਸ਼ਨਲ ਲੋਕ ਅਦਾਲਤ 9 ਮਈ ਨੂੰ ਲਗਾਈ ਜਾਵੇਗੀ: ਮਾਣਯੋਗ ਜ਼ਿਲ੍ਹਾ ਤੇ ਸੈਸ਼ਨ ਜੱਜ

ਫਾਜ਼ਿਲਕਾ, 18 ਅਪ੍ਰੈਲ (ਬਖਸ਼ੀਸ਼ ਸਿੰਘ/ਜਸਪ੍ਰੀਤ ਸਿੰਘ): ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐਸ.ਏ.ਐਸ. ਨਗਰ (ਮੋਹਾਲੀ) ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਫਾਜ਼ਿਲਕਾ ਦੀ ਤਿਮਾਹੀ ਮੀਟਿੰਗ ਧਰਮਿੰਦਰ ਪਾਲ ਸਿੰਗਲਾ, ਮਾਣਯੋਗ ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਾਜ਼ਿਲਕਾ ਦੀ ਰਹਿਨੁਮਾਈ ਹੇਠ ਆਯੋਜਿਤ ਕੀਤੀ ਗਈ। ਬੈਠਕ ਵਿੱਚ ਅਮਨਪ੍ਰੀਤ ਕੌਰ ਸੰਧੂ ਮਾਣਯੋਗ ਡਿਪਟੀ ਕਮਿਸ਼ਨਰ ਫਾਜ਼ਿਲਕਾ, ਗੁਰਮੀਤ ਸਿੰਘ ਮਾਣਯੋਗ ਸੀਨੀਅਰ ਕਪਤਾਨ ਪੁਲਿਸ, ਕੇ.ਕੇ. ਸਿੰਗਲਾ ਮਾਣਯੋਗ ਵਧੀਕ ਜ਼ਿਲ੍ਹਾ ਤੇ ਸੈਸ਼ਨ ਜੱਜ ਫਾਜ਼ਿਲਕਾ, ਰੂਚੀ ਸਵਪਨ ਸ਼ਰਮਾ ਸੀ.ਜੇ.ਐਮ-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਫਾਜ਼ਿਲਕਾ, ਗੁਰਦਿੱਤ ਸਿੰਘ ਡਿਪਟੀ ਸੁਪਰਡੈਂਟ ਸਬ-ਜੇਲ੍ਹ ਫਾਜ਼ਿਲਕਾ, ਵਜ਼ੀਰ ਕੰਬੋਜ ਜ਼ਿਲ੍ਹਾ ਅਟਾਰਨੀ ਫਾਜ਼ਿਲਕਾ, ਸੁਤੰਤਰਜੋਤ ਸਿੰਘ ਗਿੱਲ ਪ੍ਰਧਾਨ, ਬਾਰ ਐਸੋਸੀਏਸ਼ਨ ਫਾਜ਼ਿਲਕਾ, ਗੁਰਦੀਪ ਸੰਘ ਡੀ.ਪੀ.ਆਰ.ਓ, ਫਾਜ਼ਿਲਕਾ ਹਾਜ਼ਰ ਸਨ। ਮੀਟਿੰਗ ਦੌਰਾਨ ਜ਼ਿਲ੍ਹੇ ਵਿੱਚ ਮੁਫ਼ਤ ਕਾਨੂੰਨੀ ਸਹਾਇਤਾ ਦੀ ਪ੍ਰਦਾਨਗੀ, ਲੋਕ ਅਦਾਲਤਾਂ ਦੇ ਆਯੋਜਨ, ਪੈਰਾ ਲੀਗਲ ਵਲੰਟੀਅਰਾਂ ਦੀ



ਕਾਰਗੁਜ਼ਾਰੀ, ਜਾਗਰੂਕਤਾ ਪ੍ਰੋਗਰਾਮਾਂ ਤੇ ਹੋਰ ਕਾਨੂੰਨੀ ਸੇਵਾਵਾਂ ਨਾਲ ਸਬੰਧਤ ਵਿਸ਼ਿਆਂ 'ਤੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਮਾਣਯੋਗ ਚੇਅਰਮੈਨ ਵੱਲੋਂ ਸਬੰਧਤ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਗਏ ਕਿ ਜ਼ਰੂਰਤਮੰਦ ਤੇ ਯੋਗ ਵਿਅਕਤੀਆਂ ਤੱਕ ਮੁਫ਼ਤ ਕਾਨੂੰਨੀ ਸਹਾਇਤਾ ਪ੍ਰਭਾਵਸ਼ਾਲੀ ਤੇ ਸਮੇਂ-ਸਿਰ ਪਹੁੰਚਾਈ ਜਾਵੇ।ਇਸ ਤੋਂ ਇਲਾਵਾ ਯੂ.ਟੀ.ਆਰ.ਸੀ. ਕਮੇਟੀ ਦੀ ਤਿਮਾਹੀ ਮੀਟਿੰਗ ਧਰਮਿੰਦਰ ਪਾਲ ਸਿੰਗਲਾ, ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਮਾਣਯੋਗ, ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਾਜ਼ਿਲਕਾ ਦੀ ਅਗਵਾਈ ਹੇਠ ਹੋਈ। ਇਸ ਮੀਟਿੰਗ ਵਿੱਚ ਹਵਾਲਾਤੀਆਂ ਜਿਨ੍ਹਾਂ ਨੂੰ ਜ਼ਮਾਨਤ ਮਿਲ ਚੁੱਕੀ ਹੈ ਪਰ ਰਿਹਾਅ ਨਹੀਂ ਹੋਏ, ਅਨੁਕੂਲ ਅਪਰਾਧ ਤੇ ਹਵਾਲਾਤੀਆਂ ਜਿਨ੍ਹਾਂ ਨੂੰ ਲਾਭ ਮਿਲ ਸਕਦੇ ਹਨ ਆਦਿ ਬਾਰੇ ਵਿਚਾਰ-ਵਟਾਂਦਰਾ ਵੀ ਕੀਤਾ ਗਿਆ।ਅੰਤ ਵਿੱਚ ਇਹ ਜਾਣਕਾਰੀ ਵੀ ਦਿੱਤੀ ਗਈ ਕਿ ਅਗਲੀ ਨੈਸ਼ਨਲ ਲੋਕ ਅਦਾਲਤ 9 ਮਈ ਨੂੰ ਜ਼ਿਲ੍ਹਾ ਫਾਜ਼ਿਲਕਾ ਵਿੱਚ ਆਯੋਜਿਤ ਕੀਤੀ ਜਾਵੇਗੀ, ਜਿਸ ਵਿੱਚ ਵੱਖ-ਵੱਖ ਕਿਸਮ ਦੇ ਮਾਮਲਿਆਂ ਨੂੰ ਆਪਸੀ ਸਹਿਮਤੀ ਨਾਲ ਨਿਪਟਾਇਆ ਜਾਵੇਗਾ। ਲੋਕਾਂ ਨੂੰ ਅਪੀਲ ਕੀਤੀ ਗਈ ਕਿ ਉਹ ਇਸ ਲੋਕ ਅਦਾਲਤ ਦਾ ਲਾਭ ਉਠਾ ਕੇ ਆਪਣੇ ਲੰਬਿਤ ਮਾਮਲਿਆਂ ਦਾ ਤੇਜ਼, ਸੁਲਭ ਅਤੇ ਖਰਚਾ ਰਹਿਤ ਨਿਪਟਾਰਾ ਕਰਵਾਉਣ।

# ਜੇਲ੍ਹ ਮੰਤਰੀ ਡਾ. ਰਵਜੋਤ ਸਿੰਘ ਨੇ ਕੇਂਦਰੀ ਜੇਲ੍ਹ ਅਤੇ ਜਨਾਨਾ ਜੇਲ੍ਹ ਦਾ ਕੀਤਾ ਨਿਰੀਖਣ



ਲੁਧਿਆਣਾ, 18 ਅਪ੍ਰੈਲ (ਵਿਸ਼ਾਲ ਸ਼ਰਮਾ): ਪੰਜਾਬ ਦੇ ਜੇਲ੍ਹ ਮੰਤਰੀ ਡਾ. ਰਵਜੋਤ ਸਿੰਘ ਨੇ ਸ਼ੁੱਕਰਵਾਰ ਨੂੰ ਕੇਂਦਰੀ ਜੇਲ੍ਹ ਅਤੇ ਜਨਾਨਾ ਜੇਲ੍ਹ ਲੁਧਿਆਣਾ ਦਾ ਦੌਰਾ ਕਰਕੇ ਵਿਆਪਕ ਨਿਰੀਖਣ ਕੀਤਾ ਅਤੇ ਕੈਦੀਆਂ, ਵਿਚਾਰ ਅਧੀਨ ਕੈਦੀਆਂ ਲਈ ਸਹੂਲਤਾਂ ਦਾ ਮੁਲਾਂਕਣ ਕੀਤਾ। ਸਭ ਤੋਂ ਪਹਿਲਾਂ ਕੇਂਦਰੀ ਜੇਲ੍ਹ ਲੁਧਿਆਣਾ ਪਹੁੰਚਣ 'ਤੇ ਜੇਲ੍ਹ ਮੰਤਰੀ ਡਾ. ਰਵਜੋਤ ਸਿੰਘ ਨੂੰ ਪੰਜਾਬ ਪੁਲਿਸ ਦੀ ਟੁਕੜੀ ਵੱਲੋਂ ਗਾਰਡ ਆਫ਼ ਆਨਰ ਦਿੱਤਾ ਗਿਆ। ਇਸ ਤੋਂ ਬਾਅਦ ਜੇਲ੍ਹ ਮੰਤਰੀ ਡਾ. ਰਵਜੋਤ ਸਿੰਘ ਨੇ ਕੇਂਦਰੀ ਜੇਲ੍ਹ ਅੰਦਰ ਬੈਰਕਾਂ, ਹਾਈ ਸਕਿਊਰਿਟੀ ਜ਼ੋਨ, ਰਸੋਈ, ਭੋਜਨ ਸੇਵਾਵਾਂ, ਫੈਕਟਰੀ, ਪੀ.ਸੀ.ਓ, ਬੇਕਰੀ, ਤਰਖਾਣ, ਵੈਲਡਿੰਗ, ਪਾਵਰਲੂਮ, ਬੁਣਾਈ, ਲੱਕੜ ਦਾ ਕੰਮ ਅਤੇ ਟੇਲਰਿੰਗ ਵਰਕਸ਼ਾਪਾਂ ਵਰਗੇ ਕਿੱਤਾਮੁਖੀ ਭਾਗਾਂ ਦਾ ਦੌਰਾ ਕੀਤਾ। ਉਨ੍ਹਾਂ ਸੀ.ਸੀ.ਟੀ.ਵੀ ਕੰਟਰੋਲ ਰੂਮ ਅਤੇ ਹੋਰ ਮਨੋਰੰਜਨ ਸਹੂਲਤਾਂ ਦਾ ਵੀ ਨਿਰੀਖਣ ਕੀਤਾ। ਜੇਲ੍ਹ ਅਧਿਕਾਰੀਆਂ ਨੇ ਉਨ੍ਹਾਂ ਨੂੰ ਹੁਨਰ ਵਿਕਾਸ ਲਈ ਕੈਦੀਆਂ ਲਈ ਉਪਲਬਧ ਵੱਖ-ਵੱਖ ਉਦਯੋਗਿਕ ਸਿਖਲਾਈ ਸੰਸਥਾ (ਆਈ.ਟੀ.ਆਈ) ਕੋਰਸਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਨੇ ਕੰਪਿਊਟਰ ਰੂਮ ਦਾ ਵੀ ਦੌਰਾ ਕੀਤਾ। ਉਨ੍ਹਾਂ ਨੇ ਜੇਲ੍ਹ ਅੰਦਰ ਸਫ਼ਾਈ ਅਤੇ ਹੋਰ ਸਹੂਲਤਾਂ ਦੀ ਚੰਗੀ ਤਰ੍ਹਾਂ ਜਾਂਚ ਕੀਤੀ। ਉਨ੍ਹਾਂ ਰਸੋਈ ਦੇ ਖਾਣੇ ਦਾ ਵੀ ਸੁਆਦ ਲਿਆ ਅਤੇ ਕੈਦੀਆਂ ਨਾਲ ਗੱਲਬਾਤ ਕੀਤੀ। ਉਨ੍ਹਾਂ ਸਫਾਈ ਦੇ ਉੱਚ ਮਿਆਰਾਂ ਨੂੰ ਬਣਾਈ ਰੱਖਣ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ, ਖਾਸ ਕਰਕੇ ਰਸੋਈ ਵਿੱਚ, ਜਿੱਥੇ ਉਨ੍ਹਾਂ ਕੈਦੀਆਂ ਨੂੰ ਦਿੱਤੇ ਜਾਣ ਵਾਲੇ ਖਾਣੇ ਦੀ ਗੁਣਵੱਤਾ ਅਤੇ ਸਫਾਈ ਦਾ ਨਿੱਜੀ ਤੌਰ 'ਤੇ ਮੁਲਾਂਕਣ ਕੀਤਾ।

ਕੇਂਦਰੀ ਜੇਲ੍ਹ ਅੰਦਰ ਕੈਦੀਆਂ ਨੇ ਡਾ. ਰਵਜੋਤ ਸਿੰਘ ਨੂੰ ਮਾਤਾ-ਪਿਤਾ 'ਤੇ ਆਪ ਲਿਖੇ ਗੀਤ ਸੁਣਾ ਕੇ ਸੱਭਿਆਚਾਰ ਦਾ ਭਰਪੂਰ ਰੰਗ ਬੰਨ੍ਹਿਆ। ਜਿਸ 'ਤੇ ਡਾ. ਰਵਜੋਤ ਸਿੰਘ ਨੇ ਉਨ੍ਹਾਂ ਦੀ ਸ਼ਲਾਘਾ ਕੀਤੀ ਅਤੇ ਉਨ੍ਹਾਂ ਕੈਦੀਆਂ ਦੀਆਂ ਮੁਸ਼ਕਲਾਂ ਵੀ ਸੁਣੀਆਂ।

ਡਾ. ਰਵਜੋਤ ਸਿੰਘ ਨੇ ਜੇਲ੍ਹ ਦੇ ਹਸਪਤਾਲ ਦਾ ਦੌਰਾ ਕਰਕੇ ਡਾਕਟਰੀ ਸੇਵਾਵਾਂ ਬਾਰੇ ਵਿਸਤ੍ਰਿਤ ਜਾਣਕਾਰੀ ਇਕੱਠੀ ਕੀਤੀ, ਜਿਸ ਵਿੱਚ ਓਟ ਕਲੀਨਿਕ, ਐੱਚ.ਆਈ.ਵੀ ਲਈ ਐਂਟੀਰੇਟਰੋਵਾਇਰਲ ਥੈਰੇਪੀ (ਏ.ਆਰ.ਟੀ), ਟੀ.ਬੀ ਦੇ ਇਲਾਜ ਅਤੇ ਕਾਉਂਸਲਿੰਗ ਪ੍ਰੋਗਰਾਮ ਸ਼ਾਮਲ ਹਨ। ਹਸਪਤਾਲ ਦੇ ਡਾਕਟਰਾਂ ਨੇ ਜੇਲ੍ਹ ਮੰਤਰੀ ਦੇ ਧਿਆਨ ਵਿੱਚ ਲਿਆਂਦਾ ਕਿ ਐਕਸਰੇ ਕਰਨ ਲਈ ਪੋਟੇਬਲ ਐਕਸਰੇ ਮਸ਼ੀਨ, ਲੈਬੋਰਟਰੀ ਵਿੱਚ ਟੈਸਟ ਲਈ ਸੈੱਲ ਕਾਊਂਟਰ ਅਤੇ ਆਈਨਾ ਲਾਈਜਰ ਮਸ਼ੀਨਾਂ ਦੀ ਜ਼ਰੂਰਤ ਹੈ। ? ਜੇਲ੍ਹ ਮੰਤਰੀ ਨੇ ਹਸਪਤਾਲ ਦੇ ਮੈਡੀਕਲ ਅਫਸਰ ਡਾ. ਅਮਿਤ ਅਰੋੜਾ ਨੂੰ ਪੋਟੇਬਲ ਐਕਸਰੇ ਮਸ਼ੀਨ, ਟੈਸਟ ਲਈ ਸੈਲ ਕਾਊਂਟਰ ਅਤੇ ਆਈਨਾ ਲਾਈਜਰ ਮਸ਼ੀਨਾਂ ਦੀ ਡੀਮਾਂਡ ਭੇਜਣ ਦੇ ਆਦੇਸ਼ ਦਿੱਤੇ। ਡਾ. ਰਵਜੋਤ ਸਿੰਘ ਨੇ ਜਨਾਨਾ ਜੇਲ੍ਹ ਦੇ ਹਸਪਤਾਲ ਦਾ ਦੌਰਾ ਕਰਕੇ ਡਾਕਟਰੀ ਸੇਵਾਵਾਂ ਬਾਰੇ ਵਿਸਤ੍ਰਿਤ ਜਾਣਕਾਰੀ ਇਕੱਠੀ ਕੀਤੀ। ਜੇਲ੍ਹ ਨਿਰੀਖਣ ਤੋਂ ਬਾਅਦ ਡਾ. ਰਵਜੋਤ ਸਿੰਘ ਨੇ ਕਿਹਾ ਕਿ ਪਿਛਲੀਆਂ ਸੂਬਾ ਸਰਕਾਰਾਂ ਨੇ ਜੇਲ੍ਹਾਂ ਨੂੰ ਸੁਧਾਰ ਘਰ ਬਣਾਉਣ ਵਿੱਚ ਕੋਈ ਵੀ ਕਦਮ ਨਹੀਂ ਉਠਾਇਆ। ਇੱਥੇ ਗੈਂਗਸਟਰਾਂ ਦਾ ਬੋਲਬਾਲਾ ਸੀ, ਪਰ ਹੁਣ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਜੇਲ੍ਹਾਂ ਨੂੰ ਸੁਧਾਰ ਘਰ ਬਣਾਇਆ ਹੈ। ਜੇਲ੍ਹਾਂ ਨੂੰ ਸਹੀ ਅਰਥਾਂ ਵਿੱਚ ਸੁਧਾਰ ਘਰ ਵਜੋਂ ਵਿਕਸਤ ਕੀਤਾ ਜਾ ਰਿਹਾ ਹੈ। ਉਹਨਾਂ ਕਿਹਾ ਕਿ ਜੇਲ੍ਹਾਂ ਵਿੱਚੋਂ ਮੋਬਾਈਲ ਨਾਲ ਸਬੰਧਤ ਹਰ ਤਰ੍ਹਾਂ ਦੀਆਂ ਗਤੀਵਿਧੀਆਂ ਨੂੰ ਨਕੇਲ ਪਾਉਣ ਲਈ ਹਰੇਕ ਤਰ੍ਹਾਂ ਦਾ ਉਪਰਾਲਾ ਕੀਤਾ ਗਿਆ ਹੈ। ਇਸ ਤੋਂ ਇਲਾਵਾ ਐਡਵਾਂਸਡ ਤਕਨੀਕ ਵਾਲੇ ਸੀ.ਸੀ.ਟੀ.ਵੀ ਕੈਮਰੇ ਸਥਾਪਤ ਕੀਤੇ ਗਏ ਹਨ। ਉਨ੍ਹਾਂ ਨੇ ਜਾਣ ਤੋਂ ਪਹਿਲਾਂ ਕੇਂਦਰੀ ਜੇਲ੍ਹ ਅਤੇ ਜਨਾਨਾ ਜੇਲ੍ਹ ਦੇ ਵਿਜ਼ਟਰ ਰਜਿਸਟਰ ਵਿੱਚ ਆਪਣੇ ਸੁਝਾਅ ਵੀ ਦਰਜ ਕੀਤੇ। ਇਸ ਮੌਕੇ ਡੀ.ਆਈ.ਜੀ ਜੇਲ੍ਹ ਸੁਰਿੰਦਰਜੀਤ ਸਿੰਘ ਮੰਡ, ਏ.ਡੀ.ਸੀ.ਪੀ-4 ਲੁਧਿਆਣਾ ਜਸ਼ਨਦੀਪ ਸਿੰਘ ਗਿੱਲ, ਕੇਂਦਰੀ ਜੇਲ੍ਹ ਦੇ ਸੁਪਰਡੈਂਟ ਕੁਲਵੰਤ ਸਿੰਘ ਸਿੱਧੂ, ਅਡੀਸ਼ਨਲ ਜੇਲ੍ਹ ਸੁਪਰਡੈਂਟ ਬਲਵੀਰ ਸਿੰਘ, ਜਨਾਨਾ ਜੇਲ੍ਹ ਦੇ ਸੁਪਰਡੈਂਟ ਦਲਬੀਰ ਸਿੰਘ ਕਾਹਲੋਂ, ਡਿਪਟੀ ਸੁਪਰਡੈਂਟ ਰਵਨੀਤ ਕੌਰ ਢਿੱਲੋਂ ਤੋਂ ਇਲਾਵਾ ਹੋਰ ਵੀ ਅਧਿਕਾਰੀ ਹਾਜ਼ਰ ਸਨ।

## ਮਾਨਵ ਰਚਨਾ ਸਕੂਲ ਦੇ ਦਸਵੀਂ ਦੇ ਨਤੀਜੇ ਸ਼ਾਨਦਾਰ ਰਹੇ



ਲੁਧਿਆਣਾ, 18 ਅਪ੍ਰੈਲ (ਰਵਿੰਦਰ ਸਿੰਘ ਨਿੱਝਰ): ਮਾਨਵ ਰਚਨਾ ਇੰਟਰਨੈਸ਼ਨਲ ਸਕੂਲ ਦੇ ਵਿਦਿਆਰਥੀਆਂ ਨੇ ਦਸਵੀਂ ਜਮਾਤ ਵਿੱਚ ਸ਼ਾਨਦਾਰ ਪ੍ਰਾਪਤੀਆਂ ਕੀਤੀਆਂ ਹਨ, ਜਿਸ ਵਿੱਚ ਜੀਨਲ ਗੁਪਤਾ 99.20% ਨਾਲ ਮੋਹਰੀ ਹੈ, ਉਸ ਤੋਂ ਬਾਅਦ ਗੁਰਸ਼ਾਨ ਸਿੰਘ 98.20% ਨਾਲ ਅਤੇ ਲਗਾਵ ਖੁਰਾਨਾ 97.80% ਨਾਲ ਦੂਜੇ ਸਥਾਨ 'ਤੇ ਹਨ। ਉਨ੍ਹਾਂ ਤੋਂ ਪਿੱਛੇ ਏਂਜਲ ਨਾਰੰਗ ਅਤੇ ਆਰਵ ਕਾਲੜਾ ਹਨ, ਦੋਵਾਂ ਨੇ ਪ੍ਰਭਾਵਸ਼ਾਲੀ 97.40% ਅੰਕ ਪ੍ਰਾਪਤ ਕੀਤੇ ਹਨ, ਨਾਲ ਹੀ ਐਂਜਲੀਨਾ ਗਰੋਵਰ ਨੇ 96.60% ਪ੍ਰਾਪਤ ਕੀਤਾ ਹੈ, ਸਕੂਲ ਦਾ ਸਾਲਾਨਾ ਨਤੀਜਾ 100 ਫੀਸਦੀ ਰਿਹਾ। ਜ਼ਿਕਰਯੋਗ ਹੈ ਕਿ, 16% ਵਿਦਿਆਰਥੀਆਂ ਨੇ 95% ਅਤੇ ਇਸ ਤੋਂ ਵੱਧ ਅੰਕ ਪ੍ਰਾਪਤ ਕੀਤੇ, ਜਦੋਂ ਕਿ 44% ਨੇ 90% ਅਤੇ ਇਸ ਤੋਂ ਵੱਧ ਅੰਕ ਪ੍ਰਾਪਤ ਕੀਤੇ ।

## ਚੋਣ ਜ਼ਾਬਤਾ ਲੱਗਣ 'ਤੇ ਸਾਰਾ ਪੰਜਾਬ 'ਆਪ' ਆਗੂਆਂ ਵਿਰੁੱਧ ਬੋਲੇਗਾ : ਜਰਨੈਲ ਸਿੰਘ ਸ਼ਿਮਲਾਪੁਰੀ



ਲੁਧਿਆਣਾ, 18 ਅਪ੍ਰੈਲ (ਰਵਿੰਦਰ ਸਿੰਘ ਨਿੱਝਰ) : ਬੀਤੇ ਦਿਨੀਂ ਜਲੰਧਰ ਵਿਖੇ ਹੋਈ ਆਪ ਵਿਧਾਇਕਾਂ ਅਤੇ ਮੰਤਰੀਆਂ ਦੀ ਮੀਟਿੰਗ ਜਿਸ ਵਿਚ ਪੰਜਾਬ ਮਾਮਲਿਆਂ ਦੇ ਇੰਚਾਰਜ ਅਤੇ ਦਿੱਲੀ ਦੇ ਸਾਬਕਾ ਉਪ ਮੁੱਖ ਮੰਤਰੀ ਮਨੀਸ਼ ਸਿਸੋਦੀਆ ਵੀ ਹਾਜ਼ਰ ਸਨ, ਵਿੱਚ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਮਾਨ ਵਲੋਂ ਆਪਣੇ ਚੁਣੇ ਹੋਏ ਨੁਮਾਇੰਦਿਆਂ ਨੂੰ ਕਥਿਤ ਤੌਰ ਤੇ ਘੂਰ ਕੇ ਆਦਤਾਂ ਸੁਧਾਰਨ ਲਈ ਕਹਿਣਾ ਸਾਬਤ ਕਰਦਾ ਹੈ ਕਿ ਇਸ ਸਰਕਾਰ ਵਿਚ ਭ੍ਰਿਸ਼ਟਾਚਾਰੀ ਵੀ ਮੌਜੂਦ ਹਨ ਅਤੇ ਆਪ ਹਾਈ ਕਮਾਂਡ ਉਨ੍ਹਾਂ ਬਾਰੇ ਸਭ ਜਾਣਦੀ ਹੈ। ਇਹ ਵਿਚਾਰ ਪੇਸ਼ ਕਰਦੇ ਹੋਏ ਸਾਬਕਾ ਡਿਪਟੀ ਮੇਅਰ ਪਤੀ, ਜ਼ਿਲ੍ਹਾ ਕਾਂਗਰਸ ਕਮੇਟੀ ਦੇ ਬੁਲਾਰੇ ਅਤੇ ਵਿਧਾਨ ਸਭਾ ਹਲਕਾ ਗਿੱਲ ਤੋਂ ਕਾਂਗਰਸ ਪਾਰਟੀ ਦੇ ਸੰਭਾਵੀ ਉਮੀਦਵਾਰ ਜਰਨੈਲ ਸਿੰਘ ਸ਼ਿਮਲਾਪੁਰੀ ਨੇ ਕਿਹਾ ਕਿ ਬਦਲਾਅ ਦੇ ਨਾਲ ਤੇ ਸੱਤਾ ਵਿੱਚ ਆਈ ਆਪ ਸਰਕਾਰ ਦੇ ਕੱਟੜ ਇਮਾਨਦਾਰ ਆਗੂ ਹੁਣ ਭ੍ਰਿਸ਼ਟਾਚਾਰ ਦੇ ਮਾਮਲਿਆਂ ਵਿੱਚ ਬਦਨਾਮ ਹੋ ਰਹੇ ਹਨ। ਉਨ੍ਹਾਂ ਕਿਹਾ ਕਿ ਆਪ ਮੰਤਰੀਆਂ ਅਤੇ ਵਿਧਾਇਕਾਂ ਦੀ ਕਥਿਤ ਗੁੰਡਾਗਰਦੀ ਤੋਂ ਡਰਦੇ ਹੋਏ ਪੰਜਾਬ ਦੇ ਸ਼ਰੀਫ ਲੋਕ ਆਪਣਾ ਮੂੰਹ ਬੰਦ ਕਰੀ ਬੈਠੇ ਸਨ, ਪ੍ਰੰਤੂ ਇਨ੍ਹਾਂ ਦੀ ਦਿਨੋ ਦਿਨ ਵਧਦੀ ਜਾ ਰਹੀ ਧੱਕੇਸ਼ਾਹੀ ਅਤੇ ਘਟਦਾ ਜਾ ਰਿਹਾ ਸਤਾ ਦਾ ਸਮਾਂ ਦੇਖ ਕੇ ਕੁਝ ਲੋਕ ਦਲੇਰਾਨਾ ਕਦਮ ਚੁੱਕਦੇ ਹੋਏ ਇਨ੍ਹਾਂ ਵਿਰੁੱਧ ਆਪਣੀ ਆਵਾਜ਼ ਬੁਲੰਦ ਕਰਨ ਲੱਗੇ ਹਨ, ਜਿਨ੍ਹਾਂ ਵਿੱਚ ਪੀ ਟੀ ਓ ਟਰਾਲੀ ਦੇ ਮਾਲਕ ਅਤੇ ਸਾਹਨੇਵਾਲ ਹਲਕੇ ਦੇ ਪਿੰਡ ਜੰਡਾਲੀ ਦੇ ਸਾਬਕਾ ਸਰਪੰਚ ਤੇ ਕੁਝ ਹੋਰ ਲੋਕਾਂ ਨੇ ਹੌਸਲਾ ਕਰਦੇ ਹੋਏ ਆਪ ਆਗੂਆਂ ਦੀਆਂ ਧੱਕੇਸ਼ਾਹੀਆ ਵਿਰੁੱਧ ਮਾਰਚ ਖੋਲ੍ਹਿਆ ਹੈ। ਜਿਸ ਦੇ ਸਿੱਟੇ ਵਜੋਂ ਸਾਬਕਾ ਮੰਤਰੀ ਨੂੰ ਟਰਾਲੀ ਦੇ ਪੈਸੇ ਵੀ ਦੇਣੇ ਪਏ ਹਨ। ਸ਼ਿਮਲਾਪੁਰੀ ਨੇ ਹੋਰ ਕਿਹਾ ਕਿ ਹੁਣ ਤਾਂ ਪੰਜਾਬ ਦੇ ਕੁਝ ਲੋਕ ਹੀ ਇਨ੍ਹਾਂ ਖ਼ਿਲਾਫ਼ ਬੋਲਣ ਲੱਗੇ ਹਨ, ਚੋਣ ਜਾਬਤਾ ਲੱਗਣ ਦੀ ਦੇਰ ਹੈ, ਸਾਰਾ ਪੰਜਾਬ ਉਨ੍ਹਾਂ ਦੇ ਕੱਚੇ ਚਿੱਠੇ ਖੋਲ੍ਹਣ ਲਈ ਤਿਆਰ ਬੈਠਾ ਹੈ। ਉਨ੍ਹਾਂ ਕਿਹਾ ਕਿ ਆਪ ਆਗੂਆਂ ਦੇ ਖਾਣ ਦੇ ਦੰਦ ਹੋਰ ਹਨ ਤੇ ਵਿਖਾਉਣ ਦੇ ਹੋਰ, ਇਨ੍ਹਾਂ ਕੋਲ ਕੁਝ ਮਹੀਨੇ ਹੀ ਬਚੇ ਹਨ ਫਿਰ ਇਨ੍ਹਾਂ ਨੂੰ ਕਿਤੇ ਲੁੱਕਣ ਦੀ ਵੀ ਥਾਂ ਨਹੀਂ ਲੱਭਣੀ। ਉਨ੍ਹਾਂ ਕਿਹਾ ਕਿ ਅਗਲੀ ਸਰਕਾਰ ਕਾਂਗਰਸ ਪਾਰਟੀ ਦੀ ਬਣਨੀ ਯਕੀਨੀ ਹੈ ਅਤੇ ਜਨਤਾ ਦੇ ਲੁੱਟੇ ਹੋਏ ਪੈਸੇ ਇਨ੍ਹਾਂ ਤੋਂ ਬਰਾਮਦ ਕਰਕੇ ਜਨਤਾ ਦੀ ਭਲਾਈ 'ਤੇ ਹੀ ਲਾਏ ਜਾਣਗੇ।

## ਇੱਕਜੁਟ ਵਿਰੋਧੀ ਧਿਰ ਕਾਰਨ ਮੋਦੀ ਸਰਕਾਰ ਦਾ ਬਿੱਲ ਡਿੱਗਾ

ਲੁਧਿਆਣਾ, 18 ਅਪ੍ਰੈਲ (ਰਵਿੰਦਰ ਸਿੰਘ ਨਿੱਝਰ) : ਬੀਜੇਪੀ ਦੀ ਮੰਨੂਵਾਦੀ ਸਰਕਾਰ ਵੱਲੋਂ ਚਾਲਬਾਜ਼ੀ ਨਾਲ ਮਹਿਲਾ ਰਿਜ਼ਰਵੇਸ਼ਨ ਬਿੱਲ ਦੇ ਨਾਂ ਹੇਠ ਲਿਆਂਦਾ ਗਿਆ ਬਿੱਲ, ਆਪਣੇ ਆਪ ਨੂੰ ਨਾਨ ਬਾਇਓਲੋਜੀਕਲੀ ਪੈਦਾ ਹੋਏ ਕਹਿਣ ਵਾਲੇ ਪ੍ਰਧਾਨ ਮੰਤਰੀ ਦੀ ਅਪੀਲ ਨਾਲ ਵੀ ਪਾਸ ਨਾ ਹੋ ਸਕਿਆ। ਇੱਕ ਜੁੱਟ ਹੋਈ ਅਪੋਜ਼ੀਸਨ ਨੇ 528 ਵਿੱਚੋਂ 230 ਮੈਂਬਰਾਂ ਨੇ ਇਸ ਵਿਰੁੱਧ ਵੋਟਾਂ ਪਾ ਕੇ ਬਿੱਲ ਧੜੱਮ ਕਰਕੇ ਮੂਧੇ ਮੂੰਹ ਡੇਗ ਦਿੱਤਾ । ਨਾਨ ਬਾਇਓਲੋਜੀਕਲੀ ਪੈਦਾ ਕਰਨ ਵਾਲੀ ਕੋਈ ਵੀ ਅਜਿਹੀ ਅਗੰਮੀ ਸ਼ਕਤੀ ਪ੍ਰਧਾਨ ਮੰਤਰੀ ਦੇ ਕੰਮ ਨਾ ਆ ਸਕੀ।ਇਸ ਬਿੱਲ ਦੇ ਡਿੱਗਣ ਉਪਰੰਤ ਸਰਕਾਰ ਹਲਕਾ ਬੰਦੀ ਸੋਧ ਬਿੱਲ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਸੋਧ ਬਿੱਲ 'ਤੇ ਵੋਟਿੰਗ ਕਰਵਾਉਣ ਦੀ ਹਿੰਮਤ ਵੀ ਨਾ ਕਰ ਸਕੀ। ਤਰਕਸ਼ੀਲ ਸੁਸਾਇਟੀ ਪੰਜਾਬ ਦੇ ਜ਼ੋਨ ਲੁਧਿਆਣਾ ਦੇ ਜੱਥੇਬੰਦਕ ਮੁੱਖੀ ਜਸਵੰਤ ਜ਼ੀਰਖ ਅਤੇ ਮਹਾਂ ਸਭਾ ਲੁਧਿਆਣਾ ਦੇ ਪ੍ਰਧਾਨ ਬਲਕੌਰ ਸਿੰਘ ਗਿੱਲ ਨੇ ਲੋਕਾਂ ਨੂੰ ਹਰ ਗੁੰਮਰਾਹ ਕੁੰਨ 'ਪ੍ਰਵਚਨ' ਰਾਹੀਂ ਸੱਤਾ 'ਤੇ ਬਣੇ ਰਹਿਣ ਲਈ ਕੀਤੇ ਜਾਂਦੇ ਡਰਾਮਿਆਂ ਨੂੰ ਸਮਝਣ ਦੀ ਅਪੀਲ ਕੀਤੀ ਹੈ। ਆਗੂਆਂ ਨੇ ਦੇਸ਼ ਦੇ ਪਬਲਿਕ ਅਦਾਰਿਆਂ ਨੂੰ ਕਾਰਪੋਰੇਟਾਂ ਅਤੇ ਨਿੱਜੀ ਹੱਥਾਂ ਵਿੱਚ ਵੇਚਣ ਦੇ ਰਾਹ ਪਏ ਸਿਆਸਤਦਾਨਾਂ ਤੋਂ ਦੇਸ਼ ਨੂੰ ਬਚਾਉਣ ਲਈ ਇੱਕ ਜੁੱਟ ਹੋ ਕੇ ਵਿਰੋਧ ਕਰਨ ਦਾ ਸੱਦਾ ਦਿੱਤਾ ਹੈ। ਉਹਨਾਂ ਪਾਰਲੀਮੈਂਟ ਦੀਆਂ ਸੀਟਾਂ ਵਧਾਉਣ ਨੂੰ ਲੋਕਾਂ ਨਾਲ ਖਿਲਵਾੜ ਕਰਾਰ ਦਿੱਤਾ, ਕਿਉਂਕਿ ਇਹ ਪਹਿਲਾਂ ਹੀ ਦੁੱਭਰ ਜ਼ਿੰਦਗੀ ਜੀਅ ਰਹੇ ਲੋਕਾਂ ਉੱਪਰ ਹੋਰ ਬੋਝ ਸਾਬਤ ਹੋਵੇਗਾ। ਲੋਕਾਂ ਦੇ ਬੇ-ਰੋਜ਼ਗਾਰੀ, ਗਰੀਬੀ, ਵਿੱਦਿਆ, ਮਹਿੰਗਾਈ, ਭ੍ਰਿਸ਼ਟਾਚਾਰ ਵਰਗੇ ਅਸਲ ਮੁੱਦਿਆਂ ਵੱਲ ਧਿਆਨ ਦੇਣ ਦੀ ਬਜਾਏ ਆਪਣੀ ਸੱਤਾ ਕਿਵੇਂ ਬਣਾਈ ਰੱਖਣੀ ਹੈ, ਦੀ ਵੱਧ ਚਿੰਤਾ ਬਣੀ ਹੋਈ ਹੈ। ਇਹਨਾਂ ਦੇ ਰਾਜ ਵਿੱਚ ਦੇਸ਼ ਦੀਆਂ ਮਹਿਲਾਵਾਂ ਨਾਲ ਕਿਵੇਂ ਦਾ ਵਰਤਾਓ ਹੋ ਰਿਹਾ ਹੈ , ਸਭ ਦੇ ਸਾਹਮਣੇ ਹੈ। ਸੰਵਿਧਾਨ ਦੀ ਬਜਾਏ ਮੰਨੂ ਸਿਮਰਤੀ ਨੂੰ ਮਹੱਤਵ ਦੇਣ ਵਾਲੇ ਮਹਿਲਾਵਾਂ ਨੂੰ ਕੀ ਸਮਝਦੇ ਹਨ, ਕੋਈ ਭੁੱਲਿਆ ਨਹੀਂ। ਦੇਸ਼ ਸਾਹਮਣੇ ਦਰਪੇਸ਼ ਸਮੱਸਿਆਵਾਂ ਦਾ ਹੱਲ ਅਜਿਹੇ ਬਿੱਲ ਲਿਆਉਣ ਨਾਲ ਨਹੀਂ ਸਗੋਂ ਲੋਕਾਂ ਨੂੰ ਸਿੱਖਿਅਤ ਕਰਕੇ ਇਹਨਾਂ ਦੇ ਕਾਰਣਾਂ ਨੂੰ ਖਤਮ ਕਰਨ ਨਾਲ ਹੋਵੇਗਾ । ਉਹ ਕਾਰਣ ਕਿਸੇ ਅਗੰਮੀ ਸ਼ਕਤੀ ਨੇ ਪੈਦਾ ਨਹੀਂ ਕੀਤੇ ਸਗੋਂ ਇੱਥੋਂ ਦੇ ਰਾਜ ਪ੍ਰਬੰਧਕਾਂ ਵੱਲੋਂ ਸਥਾਪਤ ਕੀਤੇ ਹੋਏ ਹਨ। ਇਸ ਲਈ ਲੋਕਾਂ ਨੂੰ ਖੁਦ ਸਿੱਖਿਅਤ ਹੋਕੇ ਅੱਗੇ ਆਣ ਦੀ ਲੋੜ ਹੈ।

## ਮਾਨਵ ਅਧਿਕਾਰ ਕੌਂਸਲ ਦੀ ਰਾਸ਼ਟਰੀ ਪ੍ਰਧਾਨ ਦੀ ਡੀ.ਸੀ. ਅਤੇ ਪੁਲਿਸ ਕਮਿਸ਼ਨਰ ਨਾਲ ਮੁਲਾਕਾਤ



ਲੁਧਿਆਣਾ, 18 ਅਪ੍ਰੈਲ( ਰਵਿੰਦਰ ਸਿੰਘ ਨਿੱਝਰ) : ਮਾਨਵ ਅਧਿਕਾਰ ਕੌਂਸਲ ਦੀ ਰਾਸ਼ਟਰੀ ਪ੍ਰਧਾਨ ਮੈਡਮ ਆਰਤੀ ਰਾਜਪੂਤ ਨੇ ਆਪਣੀ ਪੰਜਾਬ ਫੇਰੀ ਦੌਰਾਨ ਅੱਜ ਡਿਪਟੀ ਕਮਿਸ਼ਨਰ ਲੁਧਿਆਣਾ ਸ਼੍ਰੀ ਹਿਮਾਂਸ਼ੂ ਜੈਨ ਅਤੇ ਪੁਲਿਸ ਕਮਿਸ਼ਨਰ ਸ੍ਰੀ ਸਵਪਨ ਸ਼ਰਮਾ ਨਾਲ ਮਹੱਤਵਪੂਰਨ ਮੁਲਾਕਾਤ ਕੀਤੀ। ਇਸ ਦੌਰਾਨ ਉਨ੍ਹਾਂ ਵੱਲੋਂ ਲੁਧਿਆਣਾ ਸ਼ਹਿਰ ਨਾਲ ਜੁੜੀਆਂ ਕਈ ਗੰਭੀਰ ਸਮੱਸਿਆਵਾਂ ਨੂੰ ਉਠਾਇਆ ਗਿਆ ਅਤੇ ਉਨ੍ਹਾਂ ਦੇ ਹੱਲ ਲਈ ਤੁਰੰਤ ਕਾਰਵਾਈ ਦੀ ਮੰਗ ਕੀਤੀ ਗਈ। ਆਰਤੀ ਰਾਜਪੂਤ ਨੇ ਖਾਸ ਤੌਰ 'ਤੇ ਸ਼ਹਿਰ ਵਿੱਚ ਸਰਕਾਰੀ ਪਖਾਨਿਆਂ ਦੀ ਖਸਤਾ ਹਾਲਤ 'ਤੇ ਚਿੰਤਾ ਜਤਾਈ ਅਤੇ ਇਸਨੂੰ ਸੁਧਾਰਨ ਲਈ ਪ੍ਰਸ਼ਾਸਨ ਨੂੰ ਤੁਰੰਤ ਕਦਮ ਚੁੱਕਣ ਲਈ ਕਿਹਾ। ਉਨ੍ਹਾਂ ਨੇ ਕਿਹਾ ਕਿ ਇਹ ਮਸਲਾ ਸਿੱਧੇ ਤੌਰ 'ਤੇ ਲੋਕਾਂ ਦੀ ਸਿਹਤ ਅਤੇ ਸਫਾਈ ਨਾਲ ਜੁੜਿਆ ਹੋਇਆ ਹੈ, ਜਿਸ ਨੂੰ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਦਾ।

ਇਸ ਤੋਂ ਇਲਾਵਾ, ਉਨ੍ਹਾਂ ਨੇ ਸਰਕਾਰੀ ਦਫਤਰਾਂ ਵਿੱਚ ਪ੍ਰਾਈਵੇਟ ਮੁਲਾਜ਼ਮਾਂ ਰਾਹੀਂ ਜਨਤਾ ਨਾਲ ਹੋ ਰਹੀ ਲੁੱਟ-ਖਸੁੱਟ ਦਾ ਮਾਮਲਾ ਵੀ ਉਠਾਇਆ। ਉਨ੍ਹਾਂ ਨੇ ਦਰਸਾਇਆ ਕਿ ਇਸ ਪ੍ਰਥਾ ਨਾਲ ਭ੍ਰਿਸ਼ਟਾਚਾਰ ਵਿੱਚ ਲਗਾਤਾਰ ਵਾਧਾ ਹੋ ਰਿਹਾ ਹੈ ਅਤੇ ਆਮ ਲੋਕਾਂ ਨੰਵ ਬਿਨਾਂ ਵਜ੍ਹਾ ਤੰਗ ਕੀਤਾ ਜਾ ਰਿਹਾ ਹੈ।ਮੈਡਮ ਰਾਜਪੂਤ ਨੇ ਸ਼ਹਿਰ ਵਿੱਚ ਜਗ੍ਹਾ-ਜਗ੍ਹਾ ਚੱਲ ਰਹੇ ਨਜਾਇਜ਼ ਬੱਸ ਅੱਡਿਆਂ ਬਾਰੇ ਵੀ ਗੰਭੀਰ ਚਿੰਤਾ ਪ੍ਰਗਟ ਕੀਤੀ। ਉਨ੍ਹਾਂ ਦੇ ਅਨੁਸਾਰ, ਇਨ੍ਹਾਂ ਨਜਾਇਜ਼ ਗਤੀਵਿਧੀਆਂ ਕਾਰਨ ਕ੍ਰਾਈਮ ਦਰ ਵਿੱਚ ਵੱਡਾ ਵਾਧਾ ਹੋ ਰਿਹਾ ਹੈ ਅਤੇ ਸਰਕਾਰ ਨੂੰ ਰੈਵੇਨਿਊ ਦੇ ਰੂਪ ਵਿੱਚ ਲੱਖਾਂ ਰੁਪਏ ਦਾ ਨੁਕਸਾਨ ਝੱਲਣਾ ਪੈ ਰਿਹਾ ਹੈ।ਇਸ ਸਬੰਧੀ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਸਤਵਿੰਦਰ ਸਿੰਘ ਮਠਾੜੂ ਸਮੇਤ ਉੱਚ ਅਧਿਕਾਰੀਆਂ ਨਾਲ ਵੀ ਵਿਸਥਾਰ ਵਿੱਚ ਚਰਚਾ ਕੀਤੀ ਗਈ। ਮੀਟਿੰਗ ਦੌਰਾਨ ਉਨ੍ਹਾਂ ਨੇ ਡਿਪਟੀ ਕਮਿਸ਼ਨਰ ਨੂੰ ਜਾਣਕਾਰੀ ਦਿੱਤੀ ਕਿ ਕਈ ਸਰਕਾਰੀ ਦਫਤਰਾਂ, ਪੁਲਿਸ ਥਾਣਿਆਂ, ਤਹਿਸੀਲਾਂ, ਪਟਵਾਰਖਾਨਿਆਂ, ਕਾਰਪੋਰੇਸ਼ਨ ਅਤੇ ਗਲਾਡਾ ਦਫਤਰਾਂ ਵਿੱਚ ਅਧਿਕਾਰੀਆਂ ਵੱਲੋਂ ਪ੍ਰਾਈਵੇਟ ਮੁਲਾਜ਼ਮ ਰੱਖੇ ਹੋਏ ਹਨ, ਜੋ ਕਿ ਗੈਰਕਾਨੂੰਨੀ ਹੈ। ਇਸ ਮਾਮਲੇ ਵਿੱਚ ਕੁਝ ਮੁਲਾਜ਼ਮਾਂ ਦੇ ਨਾਮ ਵੀ ਡੀਸੀ ਸਾਹਿਬ ਨੂੰ ਸੌਂਪੇ ਗਏ।

ਇਸ ਮੌਕੇ ਸ੍ਰੀ ਅਤੁਲ ਕਪੂਰ ਕੌਮੀ ਮੀਤ ਪ੍ਰਧਾਨ, ਮਨਜੀਤ ਸਿੰਘ ਅਰੋੜਾ ਜਨਰਲ ਸਕੱਤਰ ਪੰਜਾਬ, ਵਿਵੇਕ ਬਖਸ਼ੀ ਜ਼ਿਲ੍ਹਾ ਪ੍ਰਧਾਨ, ਰਕੇਸ਼ ਗੋਇਲ ਜਿਲਾ ਮੀਤ ਪ੍ਰਧਾਨ ਅਤੇ ਕਿਰਪਾਲ ਸਿੰਘ ਸਹਾਰਾ ਪ੍ਰਧਾਨ, ਕਿਸਾਨ ਵਿੰਗ ਵੀ ਮੌਜੂਦ ਸਨ।

## ਡੀ.ਸੀ. ਨੇ ਲੀਡ ਜ਼ਿਲ੍ਹਾ ਮੈਨੇਜਰ ਅਤੇ ਬੈਂਕ ਡੀ.ਸੀ.ਓਜ਼. ਨੂੰ ਸਨਮਾਨਿਤ ਕੀਤਾ




ਲੁਧਿਆਣਾ, 18 ਅਪ੍ਰੈਲ (ਵਿਸ਼ਾਲ ਸ਼ਰਮਾ): ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਸ਼ੁੱਕਰਵਾਰ ਨੂੰ ਅੱਠ ਪ੍ਰਮੁੱਖ ਬੈਂਕਾਂ ਦੇ ਲੀਡ ਜ਼ਿਲ੍ਹਾ ਮੈਨੇਜਰ ਗੁਰਦੀਪ ਸਿੰਘ ਕੰਗ ਅਤੇ ਜ਼ਿਲ੍ਹਾ ਕੋਆਰਡੀਨੇਟਿੰਗ ਅਫ਼ਸਰਾਂ (ਡੀਸੀਓਜ਼) ਨੂੰ ਖੇਤੀਬਾੜੀ ਬੁਨਿਆਦੀ ਢਾਂਚਾ ਫੰਡ (ਏਆਈਐਫ) ਪਾਬੰਦੀਆਂ ਅਧੀਨ ਭਾਰਤ ਵਿੱਚ ਨੰਬਰ 1 ਦਰਜਾ ਪ੍ਰਾਪਤ ਕਰਨ ਵਿੱਚ ਉਨ੍ਹਾਂ ਦੇ ਸ਼ਾਨਦਾਰ ਯੋਗਦਾਨ ਲਈ ਸਨਮਾਨਿਤ ਕੀਤਾ। ਸਨਮਾਨਿਤ ਡੀਸੀਓਜ਼ ਵਿੱਚ ਰਾਣੀ ਪਵਾਰ (ਬੈਂਕ ਆਫ਼ ਇੰਡੀਆ), ਸੰਦੀਪ ਸਿੰਘ (ਪੰਜਾਬ ਐਂਡ ਸਿੰਧ ਬੈਂਕ), ਵਰਿੰਦਰ ਕੁਮਾਰ (ਪੰਜਾਬ ਨੈਸ਼ਨਲ ਬੈਂਕ), ਜਤਿੰਦਰ (ਯੂਨੀਅਨ ਬੈਂਕ ਆਫ਼ ਇੰਡੀਆ), ਹਰਦੀਪ ਕੌਰ (ਯੂਸੀਓ ਬੈਂਕ), ਰਵਿੰਦਰ ਕੌਰ (ਐਚਡੀਐਫਸੀ ਬੈਂਕ), ਸੁਮਿਤ (ਕੇਨਰਾ ਬੈਂਕ), ਅਤੇ ਸਟੇਟ ਬੈਂਕ ਆਫ਼ ਇੰਡੀਆ (ਐਸਬੀਆਈ) ਦੇ ਪ੍ਰਤੀਨਿਧੀ ਸ਼ਾਮਲ ਸਨ। ਇਸ ਮੌਕੇ ਬੋਲਦਿਆਂ ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਗੁਰਦੀਪ ਸਿੰਘ ਕੰਗ ਅਤੇ ਜ਼ਿਲ੍ਹਾ ਕੋਆਰਡੀਨੇਟਿੰਗ ਅਫ਼ਸਰਾਂ ਦੀ ਪੂਰੀ ਟੀਮ ਦੇ ਅਣਥੱਕ ਯਤਨਾਂ ਅਤੇ ਸਮਰਪਣ ਦੀ ਸ਼ਲਾਘਾ ਕੀਤੀ, ਜਿਨ੍ਹਾਂ ਨੇ ਇਸ ਸ਼ਾਨਦਾਰ ਰਾਸ਼ਟਰੀ ਪੱਧਰ ਦੀ ਪ੍ਰਾਪਤੀ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ। ਲੀਡ ਜ਼ਿਲ੍ਹਾ ਮੈਨੇਜਰ ਗੁਰਦੀਪ ਸਿੰਘ ਕੰਗ ਨੇ ਜ਼ਿਲ੍ਹੇ ਦੇ ਪ੍ਰਭਾਵਸ਼ਾਲੀ ਸਮੁੱਚੇ ਬੈਂਕਿੰਗ ਪ੍ਰਦਰਸ਼ਨ 'ਤੇ ਚਾਨਣਾ ਪਾਇਆ। 31 ਦਸੰਬਰ, 2025 ਤੱਕ, ਲੁਧਿਆਣਾ ਨੇ ਵਿੱਤੀ ਸਾਲ 2025-26 ਲਈ ਆਪਣੇ ਤਰਜੀਹੀ ਖੇਤਰ ਦੇ ਉਧਾਰ ਟੀਚਿਆਂ ਦਾ 99.73% ਅਤੇ ਸਾਲਾਨਾ ਕ੍ਰੈਡਿਟ ਯੋਜਨਾ (ACP) ਟੀਚੇ ਦਾ 95.66% ਪ੍ਰਾਪਤ ਕੀਤਾ ਸੀ। ਸੈਕਟਰ-ਵਾਰ, ਜ਼ਿਲ੍ਹੇ ਨੇ ਖੇਤੀਬਾੜੀ ਅਧੀਨ 89.30% ਪ੍ਰਾਪਤੀ ਅਤੇ MSME ਅਧੀਨ 102.44% ਪ੍ਰਾਪਤੀ ਦਰਜ ਕੀਤੀ। ਸਭ ਤੋਂ ਮਹੱਤਵਪੂਰਨ ਗੱਲ ਇਹ ਹੈ ਕਿ ਜ਼ਿਲ੍ਹੇ ਦਾ ਕ੍ਰੈਡਿਟ-ਡਿਪਾਜ਼ਿਟ (34) ਅਨੁਪਾਤ ਪ੍ਰਭਾਵਸ਼ਾਲੀ 90% ਰਿਹਾ, ਜੋ ਕਿ ਰਾਸ਼ਟਰੀ ਬੈਂਚਮਾਰਕ 60% ਤੋਂ ਕਾਫ਼ੀ ਜ਼ਿਆਦਾ ਹੈ।

## ਨਸ਼ਿਆਂ ਵਿਰੁੱਧ ਧਰਨਾ ਤੇ ਰੋਸ ਮਾਰਚ ਅੱਜ



ਲੁਧਿਆਣਾ, 18 ਅਪ੍ਰੈਲ (ਰਵਿੰਦਰ ਸਿੰਘ ਨਿੱਝਰ) : ਪੰਜਾਬ ਵਿੱਚ ਨਸ਼ਿਆਂ ਦੇ ਵੱਧ ਰਹੇ ਰੁਝਾਨ ਨੂੰ ਰੋਕਣ ਲਈ ਇੱਕ ਉਪਰਾਲੇ ਵਜੋਂ ਬਾਬਾ ਦਰਸ਼ਨ ਸਿੰਘ ਨਨਕਾਣਾ ਸਾਹਿਬ ਵਾਲੇ, ਬਾਬਾ ਸ਼ੇਰ ਸਿੰਘ ਦਸਮੇਸ਼ ਤਰਨਾ ਦਲ ਵਾਲੇ ਅਤੇ ਬਾਬਾ ਜਸਵੰਤ ਸਿੰਘ ਲਾਲ ਬੱਤੀ ਵਾਲਿਆਂ ਦੀ ਦੇਖਰੇਖ ਹੇਠ ਗੁਰੂ ਦੇ ਸਿੰਘਾਂ ਵੱਲੋਂ ਇੱਕ ਵਿਸ਼ਾਲ ਰੋਸ 19 ਅਪ੍ਰੈਲ ਐਤਵਾਰ ਵਾਲੇ ਦਿਨ ਕੱਢਿਆ ਜਾ ਰਿਹਾ ਹੈ। ਬਾਬਾ ਜਸਵੰਤ ਸਿੰਘ ਨੇ ਦੱਸਿਆ ਕਿ ਰੋਸ ਮਾਰਚ ਤੋਂ ਪਹਿਲਾਂ ਸਵੇਰੇ 10 ਤੋਂ 11 ਵਜੇ ਤੱਕ ਗਿੱਲ ਨਹਿਰ ਦੇ ਪੁੱਲ 'ਤੇ ਧਰਨਾ ਦਿੱਤਾ ਜਾਵੇਗਾ। ਉਸ ਤੋਂ ਬਾਅਦ ਰੋਸ ਮਾਰਚ ਸ਼ੁਰੂ ਹੋਵੇਗਾ ਜੋ ਕਿ ਕੁਆਲਿਟੀ ਚੌਂਕ, ਮਠਾੜੂ ਚੌਂਕ ਤੋਂ ਹੁੰਦਾ ਹੋਇਆ ਵਾਪਸ ਗਿੱਲ ਵਾਲੀ ਨਹਿਰ ਦੇ ਪੁਲ ਨਜ਼ਦੀਕ ਸਮਾਪਤ ਹੋਵੇਗਾ।

## 'ਆਦਿ ਗੁਰੂ ਗ੍ਰੰਥ ਸਾਹਿਬ' ਪੁਸਤਕ ਡੀ.ਸੀ. ਨੂੰ ਭੇਟ



ਲੁਧਿਆਣਾ, 18 ਅਪ੍ਰੈਲ (ਰਵਿੰਦਰ ਸਿੰਘ ਨਿੱਝਰ) : ਡਿਪਟੀ ਕਮਿਸ਼ਨਰ ਲੁਧਿਆਣਾ ਹਿਮਾਂਸ਼ੂ ਜੈਨ ਨੂੰ ਇਲਾਹੀ ਗਿਆਨ ਦਾ ਸਾਗਰ ਆਦਿ ਗੁਰੂ ਗ੍ਰੰਥ ਸਾਹਿਬ ਪੁਸਤਕ ਬਾਬਾ ਬੰਦਾ ਸਿੰਘ ਬਹਾਦਰ ਅੰਤਰਰਾਸ਼ਟਰੀ ਫਾਊਂਡੇਸ਼ਨ ਦੇ ਪ੍ਰਧਾਨ ਕ੍ਰਿਸ਼ਨ ਕੁਮਾਰ ਬਾਵਾ ਅਤੇ ਸਮਾਜਸੇਵੀ ਅਸ਼ਵਨੀ ਅਰੋੜਾ ਨੇ ਭੇਟ ਕੀਤੀ। ਇਸ ਸਮੇਂ ਬਾਵਾ ਨੇ 12 ਮਈ ਨੂੰ ਸਰਹਿੰਦ ਫਤਿਹ ਦਿਵਸ ਦੇ ਇਤਿਹਾਸਿਕ ਦਿਹਾੜੇ ਤੇ ਰਕਬਾ ਭਵਨ ਤੋਂ ਆਰੰਭ ਹੋ ਕੇ ਲੁਧਿਆਣਾ ਚੱਪੜਚਿੜੀ, ਸਰਹਿੰਦ ਪਹੁੰਚਣ ਵਾਲੇ ਫਤਿਹ ਮਾਰਚ ਵਿੱਚ ਸ਼ਾਮਿਲ ਹੋਣ ਦਾ ਸਮੁੱਚੇ ਲੁਧਿਆਣਾ ਪ੍ਰਸ਼ਾਸਨ ਨੂੰ ਡਿਪਟੀ ਕਮਿਸ਼ਨਰ ਰਾਹੀਂ ਸੱਦਾ ਦਿੱਤਾ। ਇਸ ਸਮੇਂ ਸ਼੍ਰੀ ਜੈਨ ਨੇ ਪੁਸਤਕ ਬਾਰੇ ਸੁਣ ਕੇ ਅਤੇ ਦੇਖ ਕੇ ਸਰਾਹਨਾ ਕੀਤੀ। ਇਸ ਸਮੇਂ ਸੀਨੀਅਰ ਸਿਟੀਜਨ ਰਿਟਾ. ਜੱਜ ਆਰ.ਐੱਸ ਖੋਖਰ, ਡੀ.ਐੱਸ ਮਲਹੋਤਰਾ. ਪ੍ਰੋ. ਅਰਵਿੰਦ ਮਲਹੋਤਰਾ, ਸਮਾਜਸੇਵੀ ਵਿਵੇਕ ਸ਼ਰਮਾ, ਅਸ਼ਵਨੀ ਅਰੋੜਾ ਨੇ ਡੀਸੀ ਜੈਨ ਦੀ ਕਾਰਗੁਜ਼ਾਰੀ ਦੀ ਭਰਪੂਰ ਸਰਾਹਨਾ ਕੀਤੀ।

## ਵਿਧਾਇਕ ਪਰਾਸ਼ਰ ਵੱਲੋਂ ਨਵੇਂ ਟਿਊਬਵੈੱਲ ਦਾ ਉਦਘਾਟਨ




ਲੁਧਿਆਣਾ, 18 ਅਪ੍ਰੈਲ (ਵਿਸ਼ਾਲ ਸ਼ਰਮਾ): ਲੁਧਿਆਣਾ ਸੈਂਟਰਲ ਵਿਧਾਨ ਸਭਾ ਹਲਕੇ ਵਿੱਚ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕਰਨ ਦੀ ਦਿਸ਼ਾ ਵਿੱਚ ਇਕ ਅਹਿਮ ਕਦਮ ਚੁੱਕਦੇ ਹੋਏ ਵਿਧਾਇਕ ਅਸ਼ੋਕ ਪਰਾਸ਼ਰ ਪੱਪੀ ਵੱਲੋਂ ਵਾਰਡ ਨੰਬਰ 81 ਦੇ ਕਸ਼ਮੀਰ ਨਗਰ ਇਲਾਕੇ ਵਿੱਚ 11 ਲੱਖ 45 ਹਜ਼ਾਰ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਗਏ ਨਵੇਂ ਟਿਊਬਵੈੱਲ ਦਾ ਮੁਹੱਲਾ ਨਿਵਾਸੀਆਂ ਦੀ ਮੌਜੂਦਗੀ ਵਿੱਚ ਉਦਘਾਟਨ ਕਰਕੇ ਇਸਨੂੰ ਜਨਤਾ ਦੀ ਸੇਵਾ ਲਈ ਸਮਰਪਿਤ ਕੀਤਾ ਗਿਆ। ਇਸ ਪ੍ਰੋਜੈਕਟ ਦੇ ਸ਼ੁਰੂ ਹੋਣ ਨਾਲ ਇਲਾਕੇ ਵਿੱਚ ਲੰਮੇ ਸਮੇਂ ਤੋਂ ਬਣੀ ਪਾਣੀ ਦੀ ਸਮੱਸਿਆ ਦੇ ਹੱਲ ਦੀ ਉਮੀਦ ਜਗੀ ਹੈ।ਸਥਾਨਕ ਨਿਵਾਸੀਆਂ ਨੇ ਖੁਸ਼ੀ ਜਤਾਉਂਦੇ ਹੋਏ ਦੱਸਿਆ ਕਿ ਉਹ ਲੰਮੇ ਸਮੇਂ ਤੋਂ ਪਾਣੀ ਦੀ ਕਮੀ ਦਾ ਸਾਹਮਣਾ ਕਰ ਰਹੇ ਸਨ, ਜਿਸ ਕਾਰਨ ਰੋਜ਼ਾਨਾ ਦੀ ਜ਼ਿੰਦਗੀ ਪ੍ਰਭਾਵਿਤ ਹੋ ਰਹੀ ਸੀ। ਨਵੇਂ ਟਿਊਬਵੈੱਲ ਦੇ ਚਾਲੂ ਹੋਣ ਤੋਂ ਬਾਅਦ ਹੁਣ ਘਰਾਂ ਤੱਕ ਸਾਫ਼ ਅਤੇ ਨਿਰੰਤਰ ਪਾਣੀ ਦੀ ਸਪਲਾਈ ਯਕੀਨੀ ਬਣੇਗੀ, ਜਿਸ ਨਾਲ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ। ਇਸ ਮੌਕੇ 'ਤੇ ਇਲਾਕੇ ਦੇ ਵਿਧਾਇਕ ਅਸ਼ੋਕ ਪਰਾਸ਼ਰ ਪੱਪੀ ਦੀ ਭੂਮਿਕਾ ਨੂੰ ਵੀ ਲੋਕਾਂ ਵੱਲੋਂ ਸਰਾਹਿਆ ਗਿਆ। ਵਿਧਾਇਕ ਅਸ਼ੋਕ ਪਰਾਸ਼ਰ ਪੱਪੀ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਗਰਮੀਆਂ ਦੇ ਦਿਨਾਂ ਵਿੱਚ ਪਾਣੀ ਦੇ ਬਿਨਾਂ ਜੀਵਨ ਦੀ ਕਲਪਨਾ ਵੀ ਨਹੀਂ ਕੀਤੀ ਜਾ ਸਕਦੀ, ਇਸ ਲਈ ਲੋਕਾਂ ਨੂੰ ਪਰਯਾਪਤ ਅਤੇ ਸਾਫ਼ ਪੀਣਯੋਗ ਪਾਣੀ ਉਪਲੱਬਧ ਕਰਵਾਉਣਾ ਉਨ੍ਹਾਂ ਦੀਆਂ ਪ੍ਰਾਥਮਿਕਤਾਵਾਂ ਵਿੱਚ ਸ਼ਾਮਲ ਹੈ। ਉਨ੍ਹਾਂ ਨੇ ਕਿਹਾ ਕਿ ਹਲਕੇ ਦੇ ਹਰ ਵਾਰਡ ਵਿੱਚ ਬੁਨਿਆਦੀ ਸਹੂਲਤਾਂ ਨੂੰ ਪ੍ਰਾਥਮਿਕਤਾ ਦੇ ਆਧਾਰ 'ਤੇ ਵਿਕਸਿਤ ਕਰਨਾ ਉਨ੍ਹਾਂ ਦੀ ਪਹਿਲੀ ਜ਼ਿੰਮੇਵਾਰੀ ਹੈ। ਉਨ੍ਹਾਂ ਨੇ ਭਰੋਸਾ ਦਿਵਾਇਆ ਕਿ ਆਉਣ ਵਾਲੇ ਸਮੇਂ ਵਿੱਚ ਵੀ ਜਨਤਾ ਦੀਆਂ ਲੋੜਾਂ ਅਨੁਸਾਰ ਵਿਕਾਸ ਕਾਰਜਾਂ ਨੂੰ ਤੇਜ਼ੀ ਨਾਲ ਅੱਗੇ ਵਧਾਇਆ ਜਾਵੇਗਾ ਤਾਂ ਜੋ ਕਿਸੇ ਵੀ ਨਾਗਰਿਕ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ।

## ਐਸ.ਡੀ.ਐਮ. ਟਿਵਾਣਾ ਨੇ ਸਿਹਤ ਬੀਮਾ ਯੋਜਨਾ ਦੀ ਪ੍ਰਗਤੀ ਦਾ ਜਾਇਜ਼ਾ ਲਿਆ



ਲੁਧਿਆਣਾ, 18 ਅਪ੍ਰੈਲ (ਵਿਸ਼ਾਲ ਸ਼ਰਮਾ): ਉਪ ਮੰਡਲ ਮੈਜਿਸਟਰੇਟ ਖੰਨਾ ਸਵਾਤੀ ਟਿਵਾਣਾ ਨੇ ਸ਼ੁੱਕਰਵਾਰ ਨੂੰ ਦਫਤਰ ਮਾਰਕੀਟ ਕਮੇਟੀ ਖੰਨਾ ਦੇ ਮੀਟਿੰਗ ਹਾਲ ਵਿੱਚ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੀ ਪ੍ਰਗਤੀ ਦਾ ਜਾਇਜ਼ਾ ਲੈਣ ਲਈ ਸੀਨੀਅਰ ਮੈਡੀਕਲ ਅਫਸਰ (ਐਸ.ਐਮ.ਓ) ਮਾਨੂੰਪੁਰ ਅਤੇ ਖੰਨਾ, ਆਸ਼ਾ ਵਰਕਰਾਂ ਅਤੇ ਕਾਮਨ ਸਰਵਿਸ ਸੈਂਟਰਾਂ (ਸੀ.ਐਸ.ਸੀ) ਨਾਲ ਰਿਵਿਊ ਮੀਟਿੰਗ ਕੀਤੀ। ਇਸ ਮੌਕੇ ਉਹਨਾਂ ਦੇ ਨਾਲ ਮਾਰਕੀਟ ਕਮੇਟੀ ਖੰਨਾ ਦੇ ਚੇਅਰਮੈਨ ਜਗਤਾਰ ਸਿੰਘ ਗਿੱਲ ਰਤਨਹੇੜੀ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਮਾਸਟਰ ਅਵਤਾਰ ਸਿੰਘ ਦੈਹਿੜੂ ਵੀ ਮੌਜੂਦ ਸਨ। ਐਸ.ਡੀ.ਐਮ ਸਵਾਤੀ ਟਿਵਾਣਾ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਨੂੰ ਬਿਹਤਰ ਅਤੇ ਮੁਫਤ ਸਿਹਤ ਸੇਵਾਵਾਂ ਪ੍ਰਦਾਨ ਕਰਨ ਦੇ ਉਦੇਸ਼ ਨਾਲ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ ਪ੍ਰਤੀ ਪਰਿਵਾਰ 10 ਲੱਖ ਰੁਪਏ ਦਾ ਸਿਹਤ ਬੀਮਾ ਕਾਰਡ ਬਣਾ ਕੇ ਦਿੱਤੇ ਜਾ ਰਹੇ ਹਨ। ਜਿਸ ਅਧੀਨ ਹਰ ਯੋਗ ਲਾਭ ਪਰਿਵਾਰ ਸਰਕਾਰੀ ਅਤੇ ਸੂਚੀਬੱਧ ਨਿੱਜੀ ਹਸਪਤਾਲਾਂ ਵਿਖੇ ਜਾ ਕੇ 10 ਲੱਖ ਤੱਕ ਸਾਲਾਨਾ ਇਲਾਜ ਦੀ ਸੁਵਿਧਾ ਹੈ। ਉਹਨਾਂ ਦੱਸਿਆ ਕਿ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਅਧੀਨ ਨੇੜਲੇ ਕਾਮਨ ਸਰਵਿਸ ਸੈਂਟਰ 'ਤੇ ਜਾ ਕੇ ਸਿਹਤ ਬੀਮਾ ਕਾਰਡ ਬਿਲਕੁਲ ਮੁਫਤ ਬਣਾਏ ਜਾ ਸਕਦੇ ਹਨ। ਸਵਾਤੀ ਟਿਵਾਣਾ ਨੇ ਆਸ਼ਾ ਵਰਕਰਾਂ ਨੂੰ ਕਿਹਾ ਕਿ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਸਬੰਧੀ ਘਰ-ਘਰ ਜਾ ਕੇ ਲੋਕਾਂ ਨੂੰ ਵੱਧ ਤੋਂ ਵੱਧ ਜਾਗਰੂਕ ਕਰਕੇ ਉਨ੍ਹਾਂ ਦੀ ਸਿਹਤ ਬੀਮਾ ਕਾਰਡ ਬਣਾਉਣ ਲਈ ਰਜਿਸਟਰੇਸ਼ਨ ਕਰਵਾਈ ਜਾਵੇ। ਐਸ.ਐਮ.ਓ ਖੰਨਾ ਡਾਕਟਰ ਮਨਿੰਦਰ ਭਸੀਨ ਨੇ ਦੱਸਿਆ ਕਿ ਅੱਜ ਇਥੇ ਸਾਰੀਆਂ ਆਸ਼ਾ ਵਰਕਰਾਂ ਅਤੇ ਕਾਮਨ ਸਰਵਿਸ ਸੈਂਟਰਾਂ ਨੂੰ ਮੀਟਿੰਗ ਵਿੱਚ ਬੁਲਾਇਆ ਗਿਆ ਹੈ। ਜਿਸ ਦਾ ਉਦੇਸ਼ ਹਰੇਕ ਪਰਿਵਾਰ ਦਾ ਸਿਹਤ ਬੀਮਾ ਯੋਜਨਾ ਤਹਿਤ ਸਿਹਤ ਬੀਮਾ ਕਾਰਡ ਬਣਾਉਣਾ ਹੈ। ਉਹਨਾਂ ਕਿਹਾ ਕਿ ਇਹ ਸਿਹਤ ਬੀਮਾ ਕਾਰਡ ਬਣਾਉਣ ਲਈ ਹਰੇਕ ਪਰਿਵਾਰ ਨੂੰ ਵੱਡਾ ਲਾਭ ਹੋਵੇਗਾ। ਇਸ ਮੀਟਿੰਗ ਦਾ ਇਹੀ ਮੁੱਖ ਮਕਸਦ ਹੈ।

## ਚੇਅਰਮੈਨ ਡਾ. ਗਿੱਲ ਨੇ ਮੰਡੀਆਂ ਖ਼ਰੀਦ ਪ੍ਰਬੰਧਾਂ ਦਾ ਲਿਆ ਜਾਇਜ਼ਾ



ਲੁਧਿਆਣਾ, 18 ਅਪ੍ਰੈਲ (ਵਿਸ਼ਾਲ ਸ਼ਰਮਾ): ਪੰਜਾਬ ਰਾਜ ਅਨਾਜ ਖਰੀਦ ਨਿਗਮ ਲਿਮਟਿਡ (ਪਨਗਰੇਨ) ਦੇ ਚੇਅਰਮੈਨ ਡਾ. ਤੇਜਪਾਲ ਸਿੰਘ ਗਿੱਲ ਨੇ ਅੱਜ ਜ਼ਿਲ੍ਹਾ ਕੰਟਰੋਲਰ, ਖੁਰਾਕ ਸਪਲਾਈ ਵਿਭਾਗ, ਲੁਧਿਆਣਾ ਦੇ ਨਾਲ ਲੁਧਿਆਣਾ ਜ਼ਿਲ੍ਹੇ ਦੀਆਂ ਮੁੱਖ ਮੰਡੀਆਂ ਵਿੱਚ ਕਣਕ ਦੀ ਖਰੀਦ ਪ੍ਰਬੰਧਾਂ ਦਾ ਵਿਆਪਕ ਜਾਇਜ਼ਾ ਲਿਆ। ਦੌਰੇ ਦੌਰਾਨ, ਡਾ. ਗਿੱਲ ਨੇ ਜਗਰਾਓਂ, ਮੁੱਲਾਂਪੁਰ, ਰਕਬਾ ਅਤੇ ਜੋਧਾਂ ਦੀਆਂ ਅਨਾਜ ਮੰਡੀਆਂ ਵਿੱਚ ਚੱਲ ਰਹੇ ਹਾੜ੍ਹੀ ਮਾਰਕੀਟਿੰਗ ਸੀਜ਼ਨ ਦੌਰਾਨ ਨਿਰਵਿਘਨ ਖਰੀਦ ਕਾਰਜਾਂ ਨੂੰ ਯਕੀਨੀ ਬਣਾਉਣ ਲਈ ਸੰਚਾਲਨ ਸੈੱਟਅੱਪ ਦਾ ਬਾਰੀਕੀ ਨਾਲ ਨਿਰੀਖਣ ਕੀਤਾ। ਉਨ੍ਹਾਂ ਨੇ ਕਿਸਾਨਾਂ ਨਾਲ ਸਿੱਧੇ ਤੌਰ 'ਤੇ ਗੱਲਬਾਤ ਕੀਤੀ, ਖਰੀਦ ਪ੍ਰਕਿਰਿਆਵਾਂ, ਤੋਲਣ ਵਿਧੀਆਂ ਅਤੇ ਕਿਸੇ ਵੀ ਲੌਜਿਸਟਿਕਲ ਚੁਣੌਤੀਆਂ ਸੰਬੰਧੀ ਉਨ੍ਹਾਂ ਦੀਆਂ ਚਿੰਤਾਵਾਂ ਨੂੰ ਧਿਆਨ ਨਾਲ ਸੁਣਿਆ। ਕਿਸਾਨ ਭਲਾਈ 'ਤੇ ਜ਼ੋਰ ਦਿੰਦੇ ਹੋਏ, ਉਨ੍ਹਾਂ ਨੇ ਪਨਗਰੇਨ, ਮਾਰਕਫੈੱਡ ਅਤੇ ਪੀਐਸਡਬਲਯੂਸੀ ਵਰਗੀਆਂ ਵੱਖ-ਵੱਖ ਖਰੀਦ ਏਜੰਸੀਆਂ ਦੁਆਰਾ ਸਪਲਾਈ ਕੀਤੇ ਗਏ ਬਾਰਦਾਨੇ (ਗਨੀ ਬੈਗ) ਦੀ ਸਮੇਂ ਸਿਰ ਉਪਲੱਬਧਤਾ ਬਾਰੇ ਪੁੱਛਗਿੱਛ ਕੀਤੀ, ਜੋ ਕਿ ਕੁਸ਼ਲ ਅਨਾਜ ਪ੍ਰਬੰਧਨ ਲਈ ਮਹੱਤਵਪੂਰਨ ਹੈ। ਡਾ. ਗਿੱਲ ਨੇ ਕਿਸਾਨਾਂ ਦੇ ਖਾਤਿਆਂ ਵਿੱਚ ਸਿੱਧੇ ਲਾਭ ਟ੍ਰਾਂਸਫਰ (ਡੀਬੀਟੀ) ਦੀ ਸਥਿਤੀ ਦੀ ਵੀ ਸਮੀਖਿਆ ਕੀਤੀ, ਜਿਸ ਨਾਲ ਨਿਰਧਾਰਤ ਸਮੇਂ ਦੇ ਅੰਦਰ ਜਲਦੀ ਭੁਗਤਾਨ ਕਰਨ ਲਈ ਪੰਜਾਬ ਸਰਕਾਰ ਦੀ ਵਚਨਬੱਧਤਾ 'ਤੇ ਜ਼ੋਰ ਦਿੱਤਾ ਗਿਆ। ਇੱਕ ਵੱਖਰੀ ਗੱਲਬਾਤ ਵਿੱਚ, ਉਨ੍ਹਾਂ ਆੜ੍ਹਤੀਆਂ (ਕਮਿਸ਼ਨ ਏਜੰਟਾਂ) ਨਾਲ ਮੁਲਾਕਾਤ ਕੀਤੀ, ਉਨ੍ਹਾਂ ਦੇ ਸੰਚਾਲਨ ਮੁੱਦਿਆਂ ਨੂੰ ਸੰਬੋਧਿਤ ਕੀਤਾ ਅਤੇ ਕਣਕ ਦੀ ਲਿਫਟਿੰਗ ਨੂੰ ਤੇਜ਼ ਕਰਨ ਲਈ ਸਹਿਯੋਗੀ ਯਤਨਾਂ ਨੂੰ ਮਜ਼ਬੂਤ ਕੀਤਾ। ਅੱਜ ਤੱਕ, ਲੁਧਿਆਣਾ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਲੱਗਭੱਗ 1,05,000 ਮੀਟਰਕ ਟਨ ਕਣਕ ਪ੍ਰਾਪਤ ਹੋਈ ਹੈ, ਜਿਸ ਵਿੱਚੋਂ 93,000 ਮੀਟਰਕ ਟਨ ਪਹਿਲਾਂ ਹੀ ਖਰੀਦ ਏਜੰਸੀਆਂ ਦੁਆਰਾ ਖਰੀਦੀ ਜਾ ਚੁੱਕੀ ਹੈ। ਡਾ. ਗਿੱਲ ਨੇ ਅਧਿਕਾਰੀਆਂ ਨੂੰ ਨਿਗਰਾਨੀ ਤੇਜ਼ ਕਰਨ, ਰੁਕਾਵਟਾਂ ਨੂੰ ਸਰਗਰਮੀ ਨਾਲ ਹੱਲ ਕਰਨ ਅਤੇ ਪਾਰਦਰਸ਼ਤਾ ਅਤੇ ਕੁਸ਼ਲਤਾ ਦੇ ਉੱਚ ਮਿਆਰਾਂ ਨੂੰ ਬਣਾਈ ਰੱਖਣ ਦੇ ਨਿਰਦੇਸ਼ ਦਿੱਤੇ। ਇਹ ਦੌਰਾ ਦੇਸ਼ ਦੇ ਕਣਕ ਦੇ ਭੰਡਾਰ ਵਜੋਂ ਪੰਜਾਬ ਦੇ ਦਰਜੇ ਨੂੰ ਮਜ਼ਬੂਤ ਕਰਨ ਵਿੱਚ ਪਨਗ੍ਰੇਨ ਦੀ ਮਹੱਤਵਪੂਰਨ ਭੂਮਿਕਾ ਦੀ ਪੁਸ਼ਟੀ ਕਰਦਾ ਹੈ।

## ਐਸ.ਐਸ.ਪੀ. ਖੰਨਾ ਦੀ ਅਨੋਖੀ ਪਹਿਲ, ਸ਼ਿਕਾਇਤ ਬਾਕਸ ਨਾਲ ਵਧੀਆਂ ਲੋਕਾਂ ਦੀਆਂ ਉਮੀਦਾਂ



ਲੁਧਿਆਣਾ, 18 ਅਪ੍ਰੈਲ (ਵਿਸ਼ਾਲ ਸ਼ਰਮਾ/ਸੰਦੀਪ ਲਹਿਲ) : ਆਮ ਲੋਕਾਂ ਅਤੇ ਪੁਲਿਸ ਵਿਚਕਾਰ ਭਰੋਸਾ ਮਜ਼ਬੂਤ ਕਰਨ ਲਈ ਖੰਨਾ ਦੀ ਐਸ.ਐਸ.ਪੀ ਡਾ. ਦਰਪਣ ਆਹਲੂਵਾਲੀਆ ਵੱਲੋਂ ਇੱਕ ਸ਼ਲਾਘਾਯੋਗ ਅਤੇ ਅਨੋਖੀ ਪਹਿਲ ਕੀਤੀ ਗਈ ਹੈ। ਉਨ੍ਹਾਂ ਨੇ ਆਪਣੇ ਦਫ਼ਤਰ ਦੇ ਬਾਹਰ ਇੱਕ ਸ਼ਿਕਾਇਤ ਬਾਕਸ ਲਗਾਇਆ ਹੈ, ਜਿਸ ਵਿੱਚ ਕੋਈ ਵੀ ਵਿਅਕਤੀ ਆਪਣੀ ਸ਼ਿਕਾਇਤ ਜਾਂ ਜਾਣਕਾਰੀ ਗੁਪਤ ਤੌਰ 'ਤੇ ਪਾ ਸਕਦਾ ਹੈ। ਇਸ ਪਹਿਲ ਦੀ ਸਭ ਤੋਂ ਖਾਸ ਗੱਲ ਇਹ ਹੈ ਕਿ ਇਸ ਬਾਕਸ ਨੂੰ ਖੁਦ ਐਸ.ਐਸ.ਪੀ ਵੱਲੋਂ ਹੀ ਖੋਲ੍ਹਿਆ ਜਾਂਦਾ ਹੈ, ਤਾਂ ਜੋ ਸ਼ਿਕਾਇਤਕਰਤਾ ਦੀ ਪਛਾਣ ਪੂਰੀ ਤਰ੍ਹਾਂ ਗੁਪਤ ਰਹੇ ਅਤੇ ਲੋਕਾਂ ਦਾ ਭਰੋਸਾ ਕਾਇਮ ਰਹੇ। ਬਾਕਸ ਵਿੱਚ ਸ਼ਿਕਾਇਤ ਜਾਂ ਸੁਝਾਅ ਪਾਉਣ ਵਾਲੇ ਨਾਗਰਿਕ ਨੂੰ ਇਹ ਯਕੀਨੀ ਰਹੇਗਾ, ਕਿ ਉਸਦਾ ਪੱਤਰ ਸਿੱਧਾ ਐਸ.ਐਸ.ਪੀ ਦੇ ਹੱਥਾਂ ਵਿੱਚ ਪਹੁੰਚਿਆ ਹੈ। ਕਈ ਵਾਰ ਦੇਖਿਆ ਜਾਂਦਾ ਹੈ ਕਿ ਅਕਸਰ ਲੋਕ ਡਰ ਜਾਂ ਝਿਜਕ ਕਾਰਨ ਪੁਲਿਸ ਕੋਲ ਖੁੱਲ੍ਹ ਕੇ ਸ਼ਿਕਾਇਤ ਨਹੀਂ ਕਰ ਸਕਦੇ, ਖਾਸ ਕਰਕੇ ਨਸ਼ੇ, ਅਪਰਾਧ ਜਾਂ ਦਬਾਅ ਨਾਲ ਸਬੰਧਿਤ ਮਾਮਲਿਆਂ ਵਿੱਚ ਲੋਕ ਸਾਹਮਣੇ ਆਉਣ ਤੋਂ ਕਤਰਾਉਂਦੇ ਹਨ। ਅਜਿਹੇ ਹਾਲਾਤਾਂ ਵਿੱਚ ਇਹ ਸ਼ਿਕਾਇਤ ਬਾਕਸ ਇੱਕ ਸੁਰੱਖਿਅਤ ਮਾਧਿਅਮ ਵਜੋਂ ਸਾਹਮਣੇ ਆਇਆ ਹੈ, ਜਿੱਥੇ ਲੋਕ ਬਿਨਾਂ ਆਪਣਾ ਨਾਮ ਦੱਸੇ ਵੀ ਆਪਣੀ ਗੱਲ ਪ੍ਰਸ਼ਾਸਨ ਤੱਕ ਪਹੁੰਚਾ ਸਕਦੇ ਹਨ। ਇਸ ਪਹਿਲ ਨਾਲ ਲੋਕਾਂ ਵਿੱਚ ਇੱਕ ਸਕਾਰਾਤਮਕ ਸੰਦੇਸ਼ ਗਿਆ ਹੈ ਕਿ ਉਨ੍ਹਾਂ ਦੀ ਆਵਾਜ਼ ਸਿੱਧੀ ਐਸ.ਐਸ.ਪੀ ਤੱਕ ਪਹੁੰਚੇਗੀ ਅਤੇ ਉਨ੍ਹਾਂ ਦੀ ਪਛਾਣ ਸੁਰੱਖਿਅਤ ਰਹੇਗੀ। ਕਈ ਸਮਾਜਿਕ ਸੰਸਥਾਵਾਂ ਅਤੇ ਆਮ ਨਾਗਰਿਕਾਂ ਨੇ ਇਸ ਕਦਮ ਦੀ ਸ਼ਲਾਘਾ ਕੀਤੀ ਹੈ। ਉਨ੍ਹਾਂ ਦਾ ਮੰਨਣਾ ਹੈ ਕਿ ਇਸ ਨਾਲ ਅਪਰਾਧਾਂ 'ਤੇ ਕਾਬੂ ਪਾਉਣ ਵਿੱਚ ਮੱਦਦ ਮਿਲੇਗੀ ਅਤੇ ਲੋਕ ਬਿਨਾਂ ਡਰ ਗਲਤ ਗਤੀਵਿਧੀਆਂ ਬਾਰੇ ਜਾਣਕਾਰੀ ਦੇ ਸਕਣਗੇ। ਐਸ.ਐਸ.ਪੀ ਵੱਲੋਂ ਖੁਦ ਸ਼ਿਕਾਇਤ ਬਾਕਸ ਖੋਲ੍ਹਣ ਦਾ ਫੈਸਲਾ ਇਸ ਪਹਿਲ ਨੂੰ ਹੋਰ ਵੀ ਭਰੋਸੇਯੋਗ ਬਣਾਉਂਦਾ ਹੈ। ਇਸ ਨਾਲ ਇਹ ਯਕੀਨੀ ਬਣਦਾ ਹੈ ਕਿ ਸ਼ਿਕਾਇਤ ਕਿਸੇ ਵੀ ਪੱਧਰ 'ਤੇ ਲੀਕ ਨਾ ਹੋਵੇ ਅਤੇ ਸਿੱਧੀ ਉਨ੍ਹਾਂ ਤੱਕ ਪਹੁੰਚੇ। ਇਸ ਨਾਲ ਲੋਕਾਂ ਦਾ ਵਿਸ਼ਵਾਸ ਹੋਰ ਮਜ਼ਬੂਤ ਹੋਇਆ ਹੈ। ਐਸ.ਐਸ.ਪੀ ਨੇ ਕਿਹਾ ਕਿ ਇਹ ਪਹਿਲ ਉਦੋਂ ਹੀ ਕਾਮਯਾਬ ਹੋਵੇਗੀ, ਜਦੋਂ ਲੋਕ ਇਸਦਾ ਸਹੀ ਇਸਤੇਮਾਲ ਕਰਨ। ਜੇਕਰ ਕਿਸੇ ਕੋਲ ਕਿਸੇ ਅਪਰਾਧ, ਨਸ਼ਾ ਤਸਕਰੀ, ਗੈਰਕਾਨੂੰਨੀ ਗਤੀਵਿਧੀ ਜਾਂ ਹੋਰ ਕਿਸੇ ਸਮੱਸਿਆ ਨਾਲ ਸਬੰਧਿਤ ਜਾਣਕਾਰੀ ਹੈ, ਤਾਂ ਉਹ ਬਿਨਾਂ ਡਰ ਇਸ ਬਾਕਸ ਵਿੱਚ ਪਾ ਸਕਦੇ ਹਨ। ਸਮਾਜ ਦੀ ਭਲਾਈ ਲਈ ਹਰ ਨਾਗਰਿਕ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਗਲਤ ਕੰਮਾਂ ਦੇ ਖ਼ਿਲਾਫ਼ ਆਵਾਜ਼ ਉਠਾਏ। ਜੇਕਰ ਪੁਲਿਸ ਵਿਭਾਗ ਵਿੱਚ ਕਿਸੇ ਸੁਧਾਰ ਦੀ ਲੋੜ ਹੈ, ਤਾਂ ਉਸ ਬਾਰੇ ਵੀ ਸੁਝਾਅ ਦਿੱਤੇ ਜਾਣ - ਚੰਗੇ ਸੁਝਾਵਾਂ 'ਤੇ ਜ਼ਰੂਰ ਵਿਚਾਰ ਕੀਤਾ ਜਾਵੇਗਾ। ਐਸ.ਐਸ.ਪੀ ਦੀ ਇਹ ਪਹਿਲ ਨਾ ਸਿਰਫ ਪੁਲਿਸ ਪ੍ਰਣਾਲੀ ਨੂੰ ਮਜ਼ਬੂਤ ਬਣਾਉਂਦੀ ਹੈ, ਸਗੋਂ ਸਮਾਜ ਨੂੰ ਵੀ ਜਾਗਰੂਕ ਕਰਦੀ ਹੈ। ਇਹ ਪਹਿਲ ਸਪੱਸ਼ਟ ਸੰਦੇਸ਼ ਦਿੰਦੀ ਹੈ ਕਿ ਪ੍ਰਸ਼ਾਸਨ ਲੋਕਾਂ ਦੇ ਨਾਲ ਖੜ੍ਹਾ ਹੈ ਅਤੇ ਹਰ ਵਿਅਕਤੀ ਦੀ ਸੁਰੱਖਿਆ ਅਤੇ ਇਨਸਾਫ਼ ਨੂੰ ਯਕੀਨੀ ਬਣਾਉਣਾ ਉਹਨਾਂ ਦੀ ਪਹਿਲ ਹੈ।




### ਸੁਖਬੀਰ ਬਾਦਲ ਵੱਲੋਂ ਦੋ ਦਸੰਬਰ ਦੇ ਹੁਕਮਨਾਮਿਆਂ ਨੂੰ ਸਾਜਿਸ਼ ਕਹਿਣ ਦੀ ਸਖ਼ਤ ਨਿਖੇਧੀ

## ਐਸ.ਜੀ.ਪੀ.ਸੀ. ਦੀਆਂ ਆਮ ਚੋਣਾਂ ਲਈ ਜਲਦ ਹੀ ਸੰਘਰਸ਼ ਵਿੱਢਿਆ ਜਾਵੇਗਾ : ਗਿਆਨੀ ਹਰਪ੍ਰੀਤ ਸਿੰਘ



ਅੰਮ੍ਰਿਤਸਰ, 18 ਅਪ੍ਰੈਲ (ਬਬਲੂ ਮਹਾਜਨ) : ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੀ ਕੋਰ ਕਮੇਟੀ, ਵਰਕਿੰਗ ਕਮੇਟੀ ਅਤੇ ਸਾਰੇ ਜ਼ਿਲ੍ਹਾ ਪ੍ਰਧਾਨਾਂ ਦੀ ਅੰਮ੍ਰਿਤਸਰ ਵਿੱਚ ਹੋਈ ਮੀਟਿੰਗ ਨੂੰ ਸੰਬੋਧਨ ਕਰਦਿਆਂ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਲੰਮੇ ਸਮੇਂ ਤੋਂ ਲਟਕਾਈਆਂ ਜਾਣ ਵਾਲੀਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਜਲਦ ਕਰਵਾਉਣ ਲਈ ਸਰਕਾਰ ਨੂੰ ਮਜਬੂਰ ਕਰਨ ਵਾਸਤੇ ਜਲਦੀ ਹੀ ਵੱਡੇ ਸੰਘਰਸ਼ ਦੀ ਸ਼ੁਰੂਆਤ ਕੀਤੀ ਜਾਵੇਗੀ। ਉਹਨਾਂ ਕਿਹਾ ਕਿ ਸਿੱਖ ਮਾਮਲਿਆਂ ਵਿੱਚ ਇਸ ਨੂੰ ਸਰਕਾਰ ਦੀ ਦਖਲਅੰਦਾਜ਼ੀ ਹੀ ਸਮਝਿਆ ਜਾਣਾ ਚਾਹੀਦਾ ਹੈ, ਜੋ ਇਨੇ ਲੰਮੇ ਸਮੇਂ ਤੋਂ ਚੋਣਾਂ ਨਾ ਕਰਵਾ ਕੇ ਇੱਕ ਧੜੇ ਦੇ ਕਬਜ਼ੇ ਨੂੰ ਬਰਕਰਾਰ ਰੱਖਿਆ ਜਾ ਰਿਹਾ ਹੈ। ਅੱਜ ਦੀ ਇਸ ਸਾਂਝੀ ਮੀਟਿੰਗ ਵਿੱਚ ਸੁਖਬੀਰ ਸਿੰਘ ਬਾਦਲ ਵੱਲੋਂ ਦੋ ਦਸੰਬਰ ਦੇ ਹੁਕਮਨਾਮਿਆਂ ਨੂੰ ਸਾਜਿਸ਼ ਕਹਿਣ 'ਤੇ ਇੱਕ ਨਿਖੇਧੀ ਮਤਾ ਵੀ ਪਾਸ ਕੀਤਾ ਗਿਆ। ਇਸ ਮੀਟਿੰਗ ਵਿੱਚ ਇਹ ਫੈਸਲਾ ਕੀਤਾ ਗਿਆ ਕਿ ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਨਾਲ ਸੰਬੰਧਿਤ ਸਾਰੇ ਸ਼੍ਰੋਮਣੀ ਕਮੇਟੀ ਮੈਂਬਰ ਸੁਖਬੀਰ ਸਿੰਘ ਬਾਦਲ ਦੇ ਖ਼ਿਲਾਫ਼ ਜਥੇਦਾਰ ਸ਼੍ਰੀ ਅਕਾਲ ਤਖਤ ਸਾਹਿਬ ਨੂੰ ਇੱਕ ਸ਼ਿਕਾਇਤ ਪੱਤਰ ਦੇਣਗੇ, ਕਿ ਪੰਜ ਸਿੰਘ ਸਾਹਿਬਾਨਾਂ ਨੂੰ ਸਾਜਸ਼ੀ ਦੱਸਣ ਵਾਲੇ ਖ਼ਿਲਾਫ਼ ਸਿੱਖ ਪਰੰਪਰਾਵਾਂ ਅਨੁਸਾਰ ਸਖ਼ਤ ਕਾਰਵਾਈ ਹੋ ਸਕੇ। ਤਾਂ ਜੋ ਭਵਿੱਖ ਵਿੱਚ ਕੋਈ ਵੀ ਗੁਰ ਮਰਿਆਦਾ ਅਨੁਸਾਰ ਹੋਏ ਫੈਸਲਿਆਂ 'ਤੇ ਕਿੰਤੂ ਨਾ ਕਰ ਸਕੇ।

ਮੀਟਿੰਗ ਵਿੱਚ ਸ਼੍ਰੋਮਣੀ ਕਮੇਟੀ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਦੀ ਇਸ ਮਾਮਲੇ ਉਤੇ ਚੁੱਪ ਨੂੰ ਵੀ ਇਕ ਸਾਜਿਸ਼ ਕਰਾਰ ਦਿੱਤਾ ਗਿਆ। ਅੱਜ ਦੀ ਮੀਟਿੰਗ ਵਿੱਚ ਸਰਕਾਰ ਤੋਂ ਭਾਰੀ ਮੀਂਹ ਅਤੇ ਗੜੇਮਾਰੀ ਨਾਲ ਹੋਏ ਨੁਕਸਾਨ ਲਈ ਕਿਸਾਨਾਂ ਨੂੰ ਤੁਰੰਤ ਮੁਆਵਜਾ ਦੇਣ ਦੀ ਮੰਗ ਵੀ ਕੀਤੀ ਗਈ। ਇਸ ਮੀਟਿੰਗ ਵਿੱਚ ਸ ਗੁਰਪ੍ਰਤਾਪ ਸਿੰਘ ਵਡਾਲਾ, ਬੀਬੀ ਜਗੀਰ ਕੌਰ, ਗੋਬਿੰਦ ਸਿੰਘ ਲੌਂਗੋਵਾਲ, ਪਰਮਿੰਦਰ ਸਿੰਘ ਢੀਂਡਸਾ, ਸ ਸੁੱਚਾ ਸਿੰਘ ਛੋਟੇਪੁਰ, ਸ ਸੁਰਜੀਤ ਸਿੰਘ ਰੱਖੜਾ, ਸ ਇਕਬਾਲ ਸਿੰਘ ਝੂੰਦਾਂ, ਸ ਸਰਵਣ ਸਿੰਘ ਫਿਲੌਰ, ਭਾਈ ਮਨਜੀਤ ਸਿੰਘ, ਸ ਅਜੈਪਾਲ ਸਿੰਘ ਮੀਰਾਂਕੋਟ, ਸ ਸੁਖਵਿੰਦਰ ਸਿੰਘ ਔਲਖ, ਐਡਵੋਕੇਟ ਰਾਜਦੇਵ ਸਿੰਘ ਖਾਲਸਾ, ਸ ਬ੍ਰਿਜ ਭੁਪਿੰਦਰ ਸਿੰਘ ਲਾਲੀ, ਸ ਰਣਧੀਰ ਸਿੰਘ ਰੱਖੜਾ, ਸ ਜਸਬੀਰ ਸਿੰਘ ਘੁੰਮਣ, ਸ ਰਘਬੀਰ ਸਿੰਘ ਰਾਜਾਸਾਂਸੀ, ਸਤਵਿੰਦਰ ਸਿੰਘ ਟੌਹੜਾ ਬਿਕਰਮ ਸਿੰਘ ਨਵਾਂ ਪਿੰਡ ਸ ਰਵਿੰਦਰ ਸਿੰਘ ਬਿੰਦਾ ਪਟਿਆਲਾ, ਸ ਅਮਨਦੀਪ ਸਿੰਘ ਗੁਰਦਾਸਪੁਰ, ਸ ਮਨਿੰਦਰ ਸਿੰਘ ਧੁੰਨਾ, ਮਨਦੀਪ ਸਿੰਘ ਤਰਖਾਨਮਾਜਰਾ, ਡਾਕਟਰ ਮੁਖਤਿਆਰ ਸਿੰਘ, ਸ ਮਨਪ੍ਰੀਤ ਸਿੰਘ ਭੋਲੂਵਾਲ, ਸ ਰਣਜੀਤ ਸਿੰਘ ਔਲਖ, ਸ ਮਨਜੀਤ ਸਿੰਘ ਰਾਣੀਪੁਰ, ਸ ਰਾਮਪਾਲ ਸਿੰਘ

ਬਹਿਣੀਵਾਲ, ਸ ਮਨਜੀਤ ਸਿੰਘ ਬੱਪੀਆਣਾ, ਸ ਹਰੀ ਸਿੰਘ ਪੁਰੇਵਾਲ, ਸ ਸੁਖਵੰਤ ਸਿੰਘ ਰੌਲੀ, ਸ ਗੁਰਮੀਤ ਸਿੰਘ ਮਕੜੋਨਾ ਰੋਪੜ ਸ ਅਮਰਜੀਤ ਸਿੰਘ ਕਿਸ਼ਨਪੁਰਾ, ਸ ਜਸਪਾਲ ਸਿੰਘ ਫ਼ਿਰੋਜ਼ਪੁਰ ਐਸਡੀਓ ਕੰਵਲਜੀਤ ਸਿੰਘ ਹਰਜੀਤ ਸਿੰਘ ਪੁਰੇਵਾਲ ਜਗਤਾਰ ਸਿੰਘ ਗਿੱਲ ਸੁਖਰਾਜ ਸਿੰਘ ਸੋਹਲ ਗੁਰਦੇਵ ਸਿੰਘ ਬੱਲਾ ਦਿਲਪ੍ਰੀਤ ਸਿੰਘ ਬਿਕਰਮ ਸਿੰਘ ਨਵਾਂ ਪਿੰਡ ਸਮੇਤ ਕਈ ਸੀਨੀਅਰ ਆਗੂ ਹਾਜ਼ਰ ਸਨ। ਮੀਟਿੰਗ ਦੀ ਇਹ ਕਾਰਵਾਈ ਮੀਡੀਆ ਦੇ ਨਾਂ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਅਤੇ ਦਫਤਰ ਸਕਤਰ ਜਗਜੀਤ ਸਿੰਘ ਕੋਹਲੀ ਨੇ ਜਾਰੀ ਕੀਤੀ।

## ਜਥੇਦਾਰ ਗੜਗੱਜ ਵੱਲੋਂ ਨਿਊਜ਼ੀਲੈਂਡ ਵਿੱਚ ਮੁਫ਼ਤ ਫੂਡ ਡ੍ਰਾਈਵ ਦੀ ਅਗਵਾਈ, 1000 ਤੋਂ ਵੱਧ ਭੋਜਨ ਕਿੱਟਾਂ ਵੰਡੀਆਂ

ਅੰਮ੍ਰਿਤਸਰ, 18 ਅਪ੍ਰੈਲ (ਬਬਲੂ ਮਹਾਜਨ) : ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਤੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਅੱਜ ਸੁਪਰੀਮ ਸਿੱਖ ਸੋਸਾਇਟੀ ਆਫ਼ ਨਿਊਜ਼ੀਲੈਂਡ ਵੱਲੋਂ ਸੰਗਤ ਦੇ ਸਹਿਯੋਗ ਨਾਲ ਗੁਰਦੁਆਰਾ ਸ੍ਰੀ ਕਲਗੀਧਰ ਸਾਹਿਬ ਟਾਕਾਨੀਨੀ ਵਿਖੇ ਅੱਜ ਕਰਵਾਏ ਗਏ ਮੁਫ਼ਤ ਫੂਡ ਡ੍ਰਾਈਵ ਮੌਕੇ ਸ਼ਮੂਲੀਅਤ ਕੀਤੀ। ਇਸ ਮੌਕੇ ਉਨ੍ਹਾਂ ਅਰਦਾਸ ਕਰਕੇ ਮੁਫ਼ਤ ਭੋਜਨ ਵੰਡ ਸਮਾਰੋਹ ਦੀ ਸ਼ੁਰੂਆਤ ਕੀਤੀ, ਜਿਸ ਦੌਰਾਨ ਇੱਕ ਹਜ਼ਾਰ ਤੋਂ ਵੱਧ ਭੋਜਨ ਦੀਆਂ ਕਿੱਟਾਂ ਸਥਾਨਕ ਲੋੜਵੰਦ ਭਾਈਚਾਰੇ ਨੂੰ ਵੰਡੀਆਂ ਗਈਆਂ।

ਅਰਦਾਸ ਉਪਰੰਤ ਗੱਲ ਕਰਦਿਆਂ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਜਿਸ ਸਿੱਖ ਸਿਧਾਂਤ ਦੀ ਅਰੰਭਤਾ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਗੁਰਦੁਆਰਾ ਸੱਚਾ ਸੌਦਾ ਸਾਹਿਬ ਵਿਖੇ 20 ਰੁਪਈਆਂ ਨਾਲ ਲੋੜਵੰਦਾਂ ਲਈ ਲੰਗਰ ਲਗਾ ਕੇ ਕੀਤੀ। ਗੁਰੂ ਸਾਹਿਬ ਦੇ ਉਨ੍ਹਾਂ 20 ਰੁਪਈਆਂ ਦੀ ਬਰਕਤ ਅੱਜ ਪੂਰੇ ਸੰਸਾਰ ਦੇ ਵਿੱਚ ਨਜ਼ਰ ਆਉਂਦੀ ਹੈ, ਜਿਸ ਦਾ ਪ੍ਰਤੱਖ ਪ੍ਰਗਟਾਵਾ ਸਿੱਖ ਸੁਪਰੀਮ ਸੁਸਾਇਟੀ ਆਫ਼ ਨਿਊਜ਼ੀਲੈਂਡ ਅਤੇ ਸਮੁੱਚੀ ਟੀਮ ਨੇ ਵੀ ਇਸ ਮੁਫ਼ਤ ਫੂਡ ਡ੍ਰਾਈਵ ਰਾਹੀਂ ਕੀਤਾ ਹੈ। ਇਨ੍ਹਾਂ ਵੱਲੋਂ ਕੋਵਿਡ-19 ਸਮੇਂ ਵੀ ਇਸ ਧਰਤੀ ਉੱਤੇ ਬਹੁਤ ਵੱਡੀਆਂ ਸੇਵਾਵਾਂ ਕਰਕੇ ਮਨੁੱਖਤਾ ਦੀ ਭਲਾਈ ਦੇ ਕਾਰਜ ਕੀਤੇ ਗਏ। ਸਿੱਖਾਂ ਦੇ ਇਸ ਉਪਰਾਲੇ ਨੂੰ ਨਿਊਜ਼ੀਲੈਂਡ ਦੀ ਸਰਕਾਰ ਨੇ ਵੀ ਸਲਾਹਿਆ ਹੈ, ਜਿਸ ਨਾਲ ਸਿੱਖ ਕੌਮ ਦਾ ਸਿਰ ਮਾਣ ਨਾਲ ਉੱਚਾ ਹੁੰਦਾ ਹੈ। ਇਹ ਸੇਵਾ ਸਮੂਹ ਮਨੁੱਖਾਂ ਵਿਚਕਾਰ ਬਰਾਬਰੀ ਦੀ ਪ੍ਰਤੀਕ ਹੈ, ਜਿਸ ਤਹਿਤ ਜਾਤ-ਪਾਤ, ਰੰਗ-ਨਸਲ, ਊਚ-ਨੀਚ, ਅਮੀਰ-ਗਰੀਬ ਦੇ ਵਿਤਕਰਿਆਂ ਉੱਪਰ ਉੱਠ ਕੇ ਹਰ ਇੱਕ ਲੋੜਵੰਦ ਦੀ ਮੱਦਦ ਕੀਤੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਉਪਰਾਲਿਆਂ ਨਾਲ ਸਿੱਖਾਂ ਦੀ ਵਿਲੱਖਣ ਪਛਾਣ ਪੂਰੇ ਸੰਸਾਰ ਵਿੱਚ ਉਜਾਗਰ ਹੋਈ ਹੈ ਅਤੇ ਸਿੱਖੀ ਦੀ ਚੜ੍ਹਦੀ ਕਲਾ ਹੋਈ ਹੈ। ਉਨ੍ਹਾਂ ਸੈਂਟਰਲ ਸਿੱਖ ਐਸੋਸੀਏਸ਼ਨ ਦੇ ਪ੍ਰਧਾਨ ਤੇ ਸੁਪਰੀਮ ਸਿੱਖ ਸੁਸਾਇਟੀ ਆਫ਼ ਨਿਊਜ਼ੀਲੈਂਡ ਦੇ ਬੁਲਾਰੇ ਸ. ਦਲਜੀਤ ਸਿੰਘ ਅਤੇ ਉਨ੍ਹਾਂ ਦੀ ਸਮੁੱਚੀ ਟੀਮ ਨੂੰ ਇਸ ਉਪਰਾਲੇ ਲਈ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਇਨ੍ਹਾਂ ਵੱਲੋਂ ਨਿਊਜ਼ੀਲੈਂਡ ਵਿੱਚ ਵੱਖ-ਵੱਖ ਗੁਰਦੁਆਰਾ ਸਾਹਿਬਾਨ ਨੂੰ ਇੱਕ ਮੰਚ ਹੇਠ ਇਕੱਤਰ ਕਰਕੇ ਸ੍ਰੀ ਅਕਾਲ ਤਖ਼ਤ ਸਾਹਿਬ ਨਾਲ ਜੋੜਿਆ ਹੋਇਆ ਹੈ। ਉਨ੍ਹਾਂ ਨਿਊਜ਼ੀਲੈਂਡ ਵਿੱਚ ਵੱਸਦੇ



ਸਮੂਹ ਸਿੱਖਾਂ ਅਤੇ ਹੋਰ ਭਾਈਚਾਰਿਆਂ ਦੀ ਚੜ੍ਹਦੀਕਲਾ ਲਈ ਅਰਦਾਸ ਕੀਤੀ।

ਇਸ ਦੌਰਾਨ ਮਾਂਗਾਕੀਕੀ ਦੇ ਨਿਊਜ਼ੀਲੈਂਡ ਸੰਸਦ ਮੈਂਬਰ ਗ੍ਰੈਗ ਫਲੈਮਿੰਗ ਵੀ ਹਾਜ਼ਰ ਰਹੇ, ਜਿਨ੍ਹਾਂ ਨੇ ਸਿੱਖਾਂ ਵੱਲੋਂ ਕਰਵਾਏ ਗਏ ਫ੍ਰੀ ਫੂਡ ਡ੍ਰਾਈਵ ਦੀ ਸ਼ਲਾਘਾ ਕਰਦਿਆਂ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਇਹ ਸਿੱਖਾਂ ਦੀ ਉਦਾਰਤਾ ਹੈ ਜੋ ਬਿਨਾਂ ਕਿਸੇ ਭੇਦਭਾਵ ਤੋਂ ਮਨੁੱਖਤਾ ਦੀ ਸੇਵਾ ਕਰਦੇ ਹਨ। ਇਸ ਮੌਕੇ ਸਥਾਨਕ ਆਗੂ ਐਮਾ ਚੈਟਰਨ, ਕੌਂਸਲਰ ਡੈਨੀਅਲ ਨਿਊਮੈਨ, ਚੇਅਰ ਲੋਕਲ ਬੋਰਡ ਕੈਲਵਨ ਹੈਵਿਟ, ਸ. ਖੜਕ ਸਿੰਘ, ਮਾਰਸ਼ਲ ਵਾਲੀਆ, ਸ. ਲਾਲੀ ਰਣਵੀਰ ਸਿੰਘ ਸਕੱਤਰ, ਸ. ਕਰਤਾਰ ਸਿੰਘ ਪ੍ਰਧਾਨ, ਸ. ਮਨਜਿੰਦਰ ਸਿੰਘ ਖਜਾਨਚੀ, ਸ. ਜਸਕਰਨ ਸਿੰਘ ਲੇਖਕ ਆਦਿ ਮੌਜੂਦ ਸਨ।

*ਮਾਓਰੀ ਭਾਈਚਾਰੇ ਵੱਲੋਂ ਜਥੇਦਾਰ ਗੜਗੱਜ ਦਾ ਨਿੱਘਾ ਸੁਆਗਤ*

ਇਸ ਤੋਂ ਪਹਿਲਾਂ ਸਥਾਨਕ ਮਾਓਰੀ ਭਾਈਚਾਰੇ ਨੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਦਾ ਪਾਪਾਕੁਰਾ ਮਰਾਏ ਵਿਖੇ ਪੁੱਜਣ ਉੱਤੇ ਉਨ੍ਹਾਂ ਦੀ ਸੱਭਿਆਚਾਰਕ ਰਵਾਇਤ ਅਨੁਸਾਰ ਨਿੱਘਾ ਸੁਆਗਤ ਕੀਤਾ। ਇਸ ਦੌਰਾਨ ਮਾਓਰੀ ਭਾਈਚਾਰੇ ਦੇ ਨੁਮਾਇੰਦਿਆਂ ਨੇ ਜਥੇਦਾਰ ਗੜਗੱਜ ਨਾਲ ਆਪੋ-ਆਪਣੇ ਸੱਭਿਆਚਾਰਾਂ ਤੇ ਰਵਾਇਤਾਂ ਬਾਰੇ ਵਿਚਾਰ ਵਟਾਂਦਰਾ ਕੀਤਾ। ਮਾਓਰੀ ਭਾਈਚਾਰੇ ਨੇ ਕਿਹਾ ਕਿ ਜੋ ਵੀ ਬੀਤੇ ਦਿਨੀਂ ਕੁਝ ਅਨਸਰਾਂ ਵੱਲੋਂ ਉਨ੍ਹਾਂ ਨਾਲ ਸਬੰਧਤ ਹਾਕਾ ਰਵਾਇਤ ਦੀ ਦੁਰਵਰਤੋਂ ਕਰਕੇ ਨਿਊਜ਼ੀਲੈਂਡ ਵਿਖੇ ਸਿੱਖਾਂ ਵੱਲੋਂ ਸਜਾਏ ਗਏ ਨਗਰ ਕੀਰਤਨ ਦਾ ਵਿਰੋਧ ਕੀਤਾ ਗਿਆ ਉਸ ਉਨ੍ਹਾਂ ਦਾ ਕੋਈ ਸਬੰਧ ਨਹੀਂ। ਉਨ੍ਹਾਂ ਕਿਹਾ ਕਿ ਉਹ ਸਿੱਖ ਸਿਧਾਂਤਾਂ ਤੇ ਰਵਾਇਤਾਂ ਦਾ ਬਹੁਤ ਸਤਿਕਾਰ ਕਰਦੇ ਹਨ ਤੇ ਹਮੇਸ਼ਾ ਕਰਦੇ ਰਹਿਣਗੇ ਅਤੇ ਸਿੱਖ ਕੌਮ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੇ ਹਨ। ਮਾਓਰੀ ਭਾਈਚਾਰੇ ਨੇ ਕਿਹਾ ਕਿ ਭਾਵੇਂ ਕਿ ਉਹ ਕਿਸੇ ਨੂੰ ਵੀ ਆਪਣੇ ਮਰਾਏ ਵਿੱਚ ਸ਼ਸਤਰ ਲੈ ਕੇ ਨਹੀਂ ਆਉਣ ਦਿੰਦੇ ਪਰੰਤੂ ਕਿਉਂਕਿ ਉਹ ਸਿੱਖ ਭਾਈਚਾਰੇ ਨੂੰ ਆਪਣਾ ਸਮਝਦੇ ਹਨ, ਇਸ ਲਈ ਉਨ੍ਹਾਂ ਜਥੇਦਾਰ ਗੜਗੱਜ ਦਾ ਵੱਡੀ ਸ੍ਰੀ ਸਾਹਿਬ ਦੇ ਨਾਲ ਵੀ ਸੁਆਗਤ ਕਰਦੇ ਹਨ।

## ਨਸ਼ਾ ਮੁਕਤੀ ਚੇਤਨਾ ਸੰਘ ਪੰਜਾਬ ਵੱਲੋਂ 'ਨਸ਼ਾ ਮੁਕਤ ਪੰਜਾਬ ਸੰਕਲਪ ਸਮਾਰੋਹ 2026' ਕਰਵਾਇਆ

### ਨਸ਼ਿਆਂ ਦੇ ਖ਼ਾਤਮੇ ਵਿੱਚ ਵੀ ਪੰਜਾਬ ਆਪਣੀ ਮੋਹਰੀ ਭੂਮਿਕਾ ਨਿਭਾਵੇਗਾ : ਰਾਜਪਾਲ



ਅੰਮ੍ਰਿਤਸਰ, 18 ਅਪ੍ਰੈਲ (ਬਬਲੂ ਮਹਾਜਨ) : ਨਸ਼ਾ ਮੁਕਤੀ ਚੇਤਨਾ ਸੰਘ ਪੰਜਾਬ ਵੱਲੋਂ ਅੱਜ ਗੁਰਦੁਆਰਾ ਸਾਹਿਬ ਸੰਤ ਬਾਬਾ ਦਰਸ਼ਨ ਸਿੰਘ ਜੀ ਕੁੱਲੀ ਵਾਲੇ, ਕਾਲੇ ਘਨੁਪੁਰ ਬਾਈਪਾਸ, ਅੰਮ੍ਰਿਤਸਰ ਵਿਖੇ 'ਨਸ਼ਾ ਮੁਕਤ ਪੰਜਾਬ ਸੰਕਲਪ ਸਮਾਰੋਹ 2026' ਦਾ ਆਯੋਜਨ ਕੀਤਾ ਗਿਆ। ਇਸ ਸਮਾਗਮ ਵਿੱਚ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ।

ਇਸ ਮੌਕੇ ਰਾਜਪਾਲ ਪੰਜਾਬ ਸ੍ਰੀ ਗੁਲਾਬ ਚੰਦ ਕਟਾਰੀਆ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਪੰਜਾਬ ਨੇ ਹਰ ਮੁਹਾਜ 'ਤੇ ਦੇਸ਼ ਦੀ ਅਗਵਾਈ ਕੀਤੀ ਹੈ ਅਤੇ ਨਸ਼ਿਆਂ ਦੇ ਖਾਤਮੇ ਵਿੱਚ ਵੀ ਪੰਜਾਬ ਆਪਣੀ ਮੋਹਰੀ ਭੂਮਿਕਾ ਨਿਭਾਵੇਗਾ। ਉਨ੍ਹਾਂ ਕਿਹਾ ਕਿ ਭਾਰਤ ਦੇ ਨੌਜਵਾਨਾਂ ਨੂੰ ਨਸ਼ਿਆਂ ਵੱਲ ਧੱਕਣ ਲਈ ਅੰਤਰਰਾਸ਼ਟਰੀ ਪੱਧਰ 'ਤੇ ਕਈ ਤਾਕਤਾਂ ਕੰਮ ਕਰ ਰਹੀਆਂ ਹਨ, ਪਰ ਦੇਸ਼ ਦੇ ਲੋਕ ਇਨ੍ਹਾਂ ਨਾਪਾਕ ਮਨਸੂਬਿਆਂ ਨੂੰ ਕਦੇ ਕਾਮਯਾਬ ਨਹੀਂ ਹੋਣ ਦੇਣਗੇ।

ਉਨ੍ਹਾਂ ਨਸ਼ਾ ਮੁਕਤੀ ਚੇਤਨਾ ਸੰਘ ਪੰਜਾਬ ਦੇ ਯਤਨਾਂ ਦੀ ਸਰਾਹਨਾ ਕਰਦਿਆਂ ਕਿਹਾ ਕਿ ਸੰਘ ਨੇ ਕੇਵਲ ਤਿੰਨ ਸਾਲਾਂ ਵਿੱਚ ਨਸ਼ਿਆਂ ਵਿਰੁੱਧ ਇੱਕ ਵੱਡੀ ਜਾਗਰੂਕਤਾ ਲਹਿਰ ਖੜ੍ਹੀ ਕੀਤੀ ਹੈ। ਉਨ੍ਹਾਂ ਕਿਹਾ ਕਿ ਜੇ ਸਮੂਹਕ ਯਤਨ ਕੀਤੇ ਜਾਣ ਤਾਂ ਪੰਜਾਬ ਦੁਬਾਰਾ ਮਜ਼ਬੂਤੀ ਨਾਲ ਖੜ੍ਹ ਸਕਦਾ ਹੈ। ਉਨ੍ਹਾਂ ਕਿਹਾ ਕਿ ਸਿਰਫ਼ ਦੇਖਣ ਨਾਲ ਨਹੀਂ, ਸਗੋਂ ਮਿਲਜੁਲ ਕੇ ਯਤਨ ਕਰਨ ਨਾਲ ਹੀ ਇਸ ਸਮੱਸਿਆ ਦਾ ਹੱਲ ਸੰਭਵ ਹੈ।

ਇਸ ਮੌਕੇ 'ਤੇ ਸੰਬੋਧਨ ਕਰਦਿਆਂ ਸੁਪਰੀਮ ਕੋਰਟ ਦੇ ਪੂਰਵ ਮੁੱਖ ਨਿਆਂਧੀਸ਼ ਜਗਦੀਸ਼ ਸਿੰਘ ਖੇਹਰ ਨੇ ਕਿਹਾ ਕਿ ਸਮਾਜ ਵਿੱਚ ਨਸ਼ਿਆਂ ਦਾ ਪਸਾਰ ਬੇਹੱਦ ਚਿੰਤਾ ਦਾ ਕਾਰਨ ਹੈ ਅਤੇ ਸਮਾਜ ਦੇ ਹਰ ਵਰਗ ਨੂੰ ਇਸ ਸਮਾਜਿਕ ਬੁਰਾਈ ਨੂੰ ਖ਼ਤਮ ਕਰਨ ਲਈ ਯਤਨ ਕਰਨੇ ਚਾਹੀਦੇ ਹਨ।

ਇਸ ਮੌਕੇ ਡਾ. ਕ੍ਰਿਸ਼ਨ ਗੋਪਾਲ ਨੇ ਕਿਹਾ ਕਿ ਪੰਜਾਬ ਦਾ ਇਤਿਹਾਸ ਸ਼ਾਨਦਾਰ ਰਿਹਾ ਹੈ ਅਤੇ ਇਹ ਸੂਬਾ ਨਸ਼ਿਆਂ ਵਿਰੁੱਧ ਲੜਾਈ ਵਿੱਚ ਵੀ ਡਟ ਕੇ ਖੜ੍ਹੇਗਾ। ਉਨ੍ਹਾਂ ਕਿਹਾ ਕਿ ਨਸ਼ਿਆਂ ਦੇ ਜਾਲ ਵਿੱਚ ਫਸੇ ਨੌਜਵਾਨਾਂ ਨੂੰ ਬਚਾਉਣਾ ਅਤੇ ਜੋ ਬਚੇ ਹੋਏ ਹਨ ਉਨ੍ਹਾਂ ਨੂੰ ਸੁਰੱਖਿਅਤ ਰੱਖਣਾ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ।

ਇਸ ਤੋਂ ਪਹਿਲਾਂ ਪ੍ਰੋਗਰਾਮ ਦੀ ਸ਼ੁਰੂਆਤ ਸੰਘ ਦੇ ਪ੍ਰਾਂਤ ਸੰਯੋਜਕ ਮਦਨਜੀਤ ਸਿੰਘ ਵੱਲੋਂ ਮਹਿਮਾਨਾਂ ਦੇ ਸਵਾਗਤ ਨਾਲ ਹੋਈ। ਉਨ੍ਹਾਂ ਗੁਰਦੁਆਰਾ ਸਾਹਿਬ ਦੇ ਬਾਬਾ ਗੁਰਦੇਵ ਸਿੰਘ ਜੀ ਮਹਾਰਾਜ ਦਾ ਧੰਨਵਾਦ ਕੀਤਾ ਕਿ ਉਨ੍ਹਾਂ ਨੇ ਸਮਾਗਮ ਲਈ ਪਵਿੱਤਰ ਸਥਾਨ ਪ੍ਰਦਾਨ ਕੀਤਾ।

ਇਸ ਮੌਕੇ 'ਤੇ ਵੱਖ-ਵੱਖ ਧਾਰਮਿਕ, ਸਮਾਜਿਕ ਸੰਸਥਾਵਾਂ, ਸਕੂਲਾਂ ਅਤੇ ਕਾਲਜਾਂ ਤੋਂ ਵੱਡੀ ਗਿਣਤੀ ਵਿੱਚ ਲੋਕ ਹਾਜ਼ਰ ਸਨ ਅਤੇ ਸਭ ਨੇ ਮਿਲ ਕੇ ਨਸ਼ਾ ਮੁਕਤ ਪੰਜਾਬ ਬਣਾਉਣ ਦਾ ਸੰਕਲਪ ਲਿਆ।

## ਬੀ ਪਰਾਕ ਨੇ ਸ੍ਰੀ ਹਰਿਮੰਦਰ ਸਾਹਿਬ ਵਿਖੇ ਟੇਕਿਆ ਮੱਥਾ



ਅੰਮ੍ਰਿਤਸਰ, 18 ਅਪ੍ਰੈਲ (ਬਬਲੂ ਮਹਾਜਨ) : ਮਸ਼ਹੂਰ ਪੰਜਾਬੀ ਗਾਇਕ ਬੀ ਪਰਾਕ ਸ਼ੁੱਕਰਵਾਰ ਦੇਰ ਰਾਤ ਅੰਮ੍ਰਿਤਸਰ ਸਥਿਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਣ ਪਹੁੰਚੇ । ਜਾਣਕਾਰੀ ਅਨੁਸਾਰ ਉਹ ਰਾਤ ਕਰੀਬ 11 ਵਜੇ ਗੁਰਦੁਆਰਾ ਸਾਹਿਬ ਪਹੁੰਚੇ ਸਨ। ਇਸ ਅਧਿਆਤਮਿਕ ਯਾਤਰਾ ਦੌਰਾਨ ਉਨ੍ਹਾਂ ਨੇ ਸ਼ਰਧਾ ਭਾਵਨਾ ਨਾਲ ਮੱਥਾ ਟੇਕਿਆ ਅਤੇ 'ਸਰਬੱਤ ਦੇ ਭਲੇ' ਦੀ ਅਰਦਾਸ ਕੀਤੀ।ਗਾਇਕ ਬੀ ਪਰਾਕ ਲਗਭਗ ਇੱਕ ਘੰਟੇ ਤੱਕ ਪਰਿਕਰਮਾ 'ਚ ਬੈਠੇ ਰਹੇ ਅਤੇ ਗੁਰਬਾਣੀ ਸਰਵਣ ਕੀਤੀ। ਉਨ੍ਹਾਂ ਨੇ ਇਸ ਫੇਰੀ ਦੀਆਂ ਤਸਵੀਰਾਂ ਸੋਸ਼ਲ ਮੀਡੀਆ 'ਤੇ ਵੀ ਸਾਂਝੀਆਂ ਕੀਤੀਆਂ ਹਨ, ਜੋ ਤੇਜ਼ੀ ਨਾਲ ਵਾਇਰਲ ਹੋ ਰਹੀਆਂ ਹਨ।ਗਾਇਕ ਦੀ ਇਸ ਧਾਰਮਿਕ ਫੇਰੀ ਨੂੰ ਉਨ੍ਹਾਂ ਦੇ ਪ੍ਰਸ਼ੰਸਕਾਂ ਵੱਲੋਂ ਵੀ ਕਾਫੀ ਸਰਾਹਿਆ ਜਾ ਰਿਹਾ ਹੈ। ਬੀ ਪਰਾਕ ਪਹਿਲਾਂ ਵੀ ਕਈ ਵਾਰ ਗੁਰੂ ਘਰ ਵਿਖੇ ਨਤਮਸਤਕ ਹੋ ਚੁੱਕੇ ਹਨ ਅਤੇ ਆਪਣੀ ਆਤਮਿਕ ਸ਼ਰਧਾ ਜਤਾਉਂਦੇ ਰਹੇ ਹਨ।

## ਤ੍ਰੈ ਸ਼ਤਾਬਦੀ ਗੁਰੂ ਗੋਬਿੰਦ ਸਿੰਘ ਖ਼ਾਲਸਾ ਕਾਲਜ ਦੇ ਨਤੀਜੇ ਰਹੇ ਸ਼ਾਨਦਾਰ




ਅੰਮ੍ਰਿਤਸਰ, 18 ਅਪ੍ਰੈਲ (ਬਬਲੂ ਮਹਾਜਨ) : ਸਥਾਨਕ ਤ੍ਰੈ ਸ਼ਤਾਬਦੀ ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ, ਅੰਮ੍ਰਿਤਸਰ ਦੇ ਵਿਦਿਆਰਥੀਆਂ ਨੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਐਲਾਨੇ ਗਏ ਵੱਖ-ਵੱਖ ਪ੍ਰੀਖਿਆ ਨਤੀਜਿਆਂ ਵਿੱਚ ਬੇਹੱਦ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਕਾਲਜ ਦਾ ਨਾਮ ਰੌਸ਼ਨ ਕੀਤਾ ਹੈ। ਇਸ ਖੁਸ਼ੀ ਦੇ ਮੌਕੇ ਕਾਲਜ ਦੇ ਪ੍ਰਿੰਸੀਪਲ ਡਾ. ਕੁਲਵਿੰਦਰ ਸਿੰਘ ਨੇ ਨਤੀਜਿਆਂ ਦਾ ਵੇਰਵਾ ਸਾਂਝਾ ਕਰਦਿਆਂ ਦੱਸਿਆ ਕਿ ਬੀ.ਸੀ.ਏ., ਬੀ.ਏ., ਬੀ.ਐਸ.ਸੀ. (ਇਕਨਾਮਿਕਸ), ਬੀ.ਕਾਮ (ਸਮੈਸਟਰ 1, 3, 5), ਬੀ.ਕਾਮ (ਐਫ.ਐਸ. - ਸਮੈਸਟਰ 1, 3, 5), ਬੀ.ਬੀ.ਏ. ਅਤੇ ਐਮ.ਕਾਮ ਦੇ ਨਤੀਜਿਆਂ ਵਿੱਚ ਵਿਦਿਆਰਥੀਆਂ ਨੇ ਵੱਡੀਆਂ ਮੱਲਾਂ ਮਾਰੀਆਂ ਹਨ।

ਕਾਲਜ ਪਹੁੰਚਣ 'ਤੇ ਹੋਣਹਾਰ ਵਿਦਿਆਰਥੀਆਂ ਦਾ ਪ੍ਰਿੰਸੀਪਲ ਅਤੇ ਸਟਾਫ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ। ਡਾ. ਕੁਲਵਿੰਦਰ ਸਿੰਘ ਨੇ ਇਸ ਸਫਲਤਾ ਲਈ ਸਮੂਹ ਵਿਭਾਗ ਮੁਖੀਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਇਹ ਪ੍ਰਾਪਤੀ ਵਿਦਿਆਰਥੀਆਂ ਦੀ ਲਗਨ ਅਤੇ ਸਟਾਫ ਦੀ ਅਣਥੱਕ ਮਿਹਨਤ ਦਾ ਨਤੀਜਾ ਹੈ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਅਤੇ ਸਕੱਤਰ ਵਿੱਦਿਆ ਸੁਖਮਿੰਦਰ ਸਿੰਘ ਨੇ ਵੀ ਵਿਦਿਆਰਥੀਆਂ ਅਤੇ ਪ੍ਰਬੰਧਕਾਂ ਨੂੰ ਸ਼ੁਭਕਾਮਨਾਵਾਂ ਭੇਜੀਆਂ।

ਪ੍ਰਿੰਸੀਪਲ ਨੇ ਜਾਣਕਾਰੀ ਦਿੱਤੀ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਕਾਲਜ ਨੂੰ ਆਧੁਨਿਕ ਲੀਹਾਂ 'ਤੇ ਪਾਉਣ ਲਈ ਵਿਸ਼ੇਸ਼ ਉਪਰਾਲੇ ਕੀਤੇ ਗਏ ਹਨ: ਵਿਦਿਆਰਥੀਆਂ ਲਈ ਨਵੀਂ ਤਕਨੀਕ ਵਾਲੇ ਸਮਾਰਟ ਰੂਮ ਅਤੇ ਆਈ.ਸੀ.ਟੀ. ਲੈਬਾਂ ਤਿਆਰ ਕੀਤੀਆਂ ਗਈਆਂ ਹਨ।

ਵਿੱਤੀ ਸਹਾਇਤਾ: ਲੋੜਵੰਦ ਅਤੇ ਹੋਣਹਾਰ ਵਿਦਿਆਰਥੀਆਂ ਨੂੰ ਫੀਸਾਂ ਵਿੱਚ ਵਿਸ਼ੇਸ਼ ਛੋਟ ਦਿੱਤੀ ਜਾਂਦੀ ਹੈ।

ਰੋਜ਼ਗਾਰ ਦੇ ਮੌਕੇ: ਪੜ੍ਹਾਈ ਤੋਂ ਬਾਅਦ ਵਿਦਿਆਰਥੀਆਂ ਦੀ ਪਲੇਸਮੈਂਟ (ਨੌਕਰੀ) ਲਈ ਵਿਸ਼ੇਸ਼ ਪ੍ਰਬੰਧ ਅਤੇ ਟ੍ਰੇਨਿੰਗ ਦਿੱਤੀ ਜਾਂਦੀ ਹੈ।

NDA ਦੀ ਤਿਆਰੀ: ਰੱਖਿਆ ਸੇਵਾਵਾਂ ਵਿੱਚ ਜਾਣ ਦੇ ਚਾਹਵਾਨ ਵਿਦਿਆਰਥੀਆਂ ਲਈ ਐਨ.ਡੀ.ਏ. ਦੀ ਪ੍ਰੀਖਿਆ ਦੀ ਤਿਆਰੀ ਵਾਸਤੇ ਵਿਸ਼ੇਸ਼ ਕਲਾਸਾਂ ਲਗਾਈਆਂ ਜਾ ਰਹੀਆਂ ਹਨ।

ਕਾਲਜ ਪ੍ਰਬੰਧਕਾਂ ਨੇ ਦੁਹਰਾਇਆ ਕਿ ਉਨ੍ਹਾਂ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਉੱਚ ਪੱਧਰੀ ਸਿੱਖਿਆ ਪ੍ਰਦਾਨ ਕਰਕੇ ਉਨ੍ਹਾਂ ਨੂੰ ਸਮੇਂ ਦੇ ਹਾਣੀ ਬਣਾਉਣਾ ਹੈ।

## ਸਰਹੱਦ ਪਾਰੋਂ ਨਸ਼ਾ ਤਸਕਰੀ ਕਰਨ ਵਾਲੇ ਮਾਡਿਊਲ ਦੇ ਦੋ ਵਿਅਕਤੀ 64.6 ਕਿਲੋ ਹੈਰੋਇਨ ਸਮੇਤ ਅੰਮ੍ਰਿਤਸਰ ਤੋਂ ਕਾਬੂ

ਚੰਡੀਗੜ੍ਹ/ਅੰਮ੍ਰਿਤਸਰ, 18 ਅਪ੍ਰੈਲ (ਚ.ਨ.ਸ.) : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ 'ਤੇ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਦੇ ਮੱਦੇਨਜ਼ਰ ਚੱਲ ਰਹੀ ਮੁਹਿੰਮ ਦੌਰਾਨ ਨਾਰਕੋ-ਅੱਤਵਾਦੀ ਨੈੱਟਵਰਕਾਂ ਨੂੰ ਵੱਡਾ ਝਟਕਾ ਦਿੰਦਿਆਂ ਕਾਊਂਟਰ ਇੰਟੈਲੀਜੈਂਸ ਵਿੰਗ ਦੀ ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ (ਐਸਐਸਓਸੀ) ਅੰਮ੍ਰਿਤਸਰ ਯੂਨਿਟ ਨੇ ਸਰਹੱਦ ਪਾਰੋਂ ਨਸ਼ਾ ਤਸਕਰੀ ਕਰਨ ਵਾਲੇ ਮਾਡਿਊਲ ਦੇ ਦੋ ਮੁਲਜ਼ਮਾਂ ਨੂੰ 64.62 ਕਿਲੋਗ੍ਰਾਮ ਹੈਰੋਇਨ ਸਮੇਤ ਗ੍ਰਿਫ਼ਤਾਰ ਕਰਕੇ ਇਸ ਮਾਡਿਊਲ ਦਾ ਪਰਦਾਫਾਸ਼ ਕੀਤਾ ਹੈ। ਇਹ ਜਾਣਕਾਰੀ ਪੁਲਿਸ ਡਾਇਰੈਕਟਰ ਜਨਰਲ (ਡੀਜੀਪੀ) ਗੌਰਵ ਯਾਦਵ ਨੇ ਅੱਜ ਇੱਥੇ ਸਾਂਝੀ ਕੀਤੀ।




ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਅੰਮ੍ਰਿਤਸਰ ਦੇ ਪਿੰਡ ਅਵਾਨ ਵਾਸਾਊ ਦੇ ਵਸਨੀਕ ਸਰਵਣ ਸਿੰਘ ਉਰਫ਼ ਗੁੱਜਰ ਅਤੇ ਅੰਮ੍ਰਿਤਸਰ ਦੇ ਪਿੰਡ ਦਿਆਲ ਰੰਗੜ ਦੇ ਰਹਿਣ ਵਾਲੇ ਸ਼ਮਸ਼ੇਰ ਸਿੰਘ ਉਰਫ਼ ਸ਼ੇਰਾ ਵਜੋਂ ਹੋਈ ਹੈ। ਪੁਲਿਸ ਟੀਮ ਨੇ ਹੈਰੋਇਨ ਦੀ ਵੱਡੀ ਖੇਪ ਬਰਾਮਦ ਕਰਨ ਤੋਂ ਇਲਾਵਾ ਮੁਲਜ਼ਮਾਂ ਦੀ ਮਾਰੂਤੀ ਸਵਿਫਟ ਕਾਰ ਵੀ ਜ਼ਬਤ ਕੀਤੀ ਹੈ, ਜਿਸਦੀ ਵਰਤੋਂ ਉਹ ਨਸ਼ੀਲੇ ਪਦਾਰਥਾਂ ਦੀ ਤਸਕਰੀ ਲਈ ਕਰਦੇ ਸਨ।

ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਇਸ ਮਾਡਿਊਲ ਦੇ ਪਾਕਿਸਤਾਨੀ ਤਸਕਰਾਂ ਅਤੇ ਪੁਰਤਗਾਲ ਅਧਾਰਤ ਹੈਂਡਲਰ ਨਾਲ ਵੀ ਸਬੰਧ ਹਨ।

ਉਨ੍ਹਾਂ ਕਿਹਾ, "ਸਰਹੱਦ ਪਾਰੋਂ ਤਸਕਰੀ ਕਰਨ ਵਾਲੇ ਇਸ ਗਿਰੋਹ ਦੇ ਪਾਕਿਸਤਾਨੀ ਤਸਕਰ ਮੂਸਾ, ਜਿਸਦਾ ਨਾਮ 532 ਕਿਲੋਗ੍ਰਾਮ ਹੈਰੋਇਨ ਰਿਕਵਰੀ ਮਾਮਲੇ ਵਿੱਚ ਸਾਹਮਣੇ ਆਇਆ ਸੀ, ਨਾਲ ਵੀ ਸਬੰਧ ਹਨ;। ਜ਼ਿਕਰਯੋਗ ਹੈ ਕਿ ਭਾਰਤੀ ਕਸਟਮ ਅਧਿਕਾਰੀਆਂ ਨੇ 2019 ਵਿੱਚ ਇੰਟੀਗ੍ਰੇਟਿਡ ਚੈੱਕ ਪੋਸਟ (ਆਈਸੀਪੀ) ਅਟਾਰੀ ਵਿਖੇ 532 ਕਿਲੋਗ੍ਰਾਮ ਹੈਰੋਇਨ ਦੀ ਸਭ ਤੋਂ ਵੱਡੀ ਬਰਾਮਦਗੀ ਕੀਤੀ ਸੀ।

ਡੀਜੀਪੀ ਨੇ ਕਿਹਾ ਕਿ ਇਸ ਮਾਮਲੇ ਵਿੱਚ ਪੂਰੇ ਨੈੱਟਵਰਕ ਦਾ ਪਤਾ ਲਗਾਉਣ ਲਈ ਅਗਲੇ- ਪਿਛਲੇ ਸਬੰਧ ਸਥਾਪਤ ਕਰਨ ਲਈ ਹੋਰ ਜਾਂਚ ਕੀਤੀ ਜਾ ਰਹੀ ਹੈ।

ਆਪ੍ਰੇਸ਼ਨ ਸਬੰਧੀ ਵੇਰਵੇ ਸਾਂਝੇ ਕਰਦਿਆਂ ਏ.ਆਈ.ਜੀ. ਐਸ.ਐਸ.ਓ.ਸੀ. ਅੰਮ੍ਰਿਤਸਰ ਸੁਖਮਿੰਦਰ ਸਿੰਘ ਮਾਨ ਨੇ ਦੱਸਿਆ ਕਿ ਭਰੋਸੇਯੋਗ ਸੂਤਰਾਂ ਤੋਂ ਪੁਖ਼ਤਾ ਇਤਲਾਹ ਮਿਲੀ ਸੀ ਕਿ ਸ਼ੱਕੀ ਸਰਵਣ ਸਿੰਘ ਅਤੇ ਸ਼ਮਸ਼ੇਰ ਸਿੰਘ ਨੇ ਕੁਝ ਦਿਨ ਪਹਿਲਾਂ ਸਰਹੱਦ ਪਾਰੋਂ ਡਰੋਨ ਰਾਹੀਂ ਹੈਰੋਇਨ ਦੀ ਖੇਪ ਪ੍ਰਾਪਤ ਕੀਤੀ ਹੈ।

ਉਨ੍ਹਾਂ ਦੱਸਿਆ ਕਿ ਇਤਲਾਹ 'ਤੇ ਹੋਰ ਛਾਣਬੀਣ ਕਰਦਿਆਂ ਪਤਾ ਲੱਗਿਆ ਕਿ ਆਪਣੇ ਹੈਂਡਲਰਾਂ ਦੇ ਨਿਰਦੇਸ਼ਾਂ 'ਤੇ ਇਹ ਦੋਵੇਂ ਪ੍ਰਾਪਤ ਕੀਤੀ ਖੇਪ ਨੂੰ ਕਿਸੇ ਹੋਰ ਧਿਰ ਤੱਕ ਪਹੁੰਚਾਉਣ ਲਈ ਜਾ ਰਹੇ ਹਨ। ਉਨ੍ਹਾਂ ਅੱਗੇ ਕਿਹਾ ਕਿ ਤੇਜ਼ੀ ਨਾਲ ਕਾਰਵਾਈ ਕਰਦਿਆਂ ਐਸ.ਐਸ.ਓ.ਸੀ. ਅੰਮ੍ਰਿਤਸਰ ਯੂਨਿਟ ਟੀਮ ਨੇ ਮੁਲਜ਼ਮਾਂ ਨੂੰ ਅੰਮ੍ਰਿਤਸਰ ਦੇ ਮਾਹਲ ਬਾਈਪਾਸ ਨੇੜਿਓਂ ਕਾਬੂ ਕੀਤਾ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ 64.62 ਕਿਲੋਗ੍ਰਾਮ ਹੈਰੋਇਨ ਬਰਾਮਦ ਕੀਤੀ।

## ਸ੍ਰੀ ਗੁਰੂ ਅੰਗਦ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਸਬੰਧੀ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਪਾਏ ਭੋਗ

### ਐਡਵੋਕੇਟ ਧਾਮੀ ਨੇ ਸੰਗਤਾਂ ਨੂੰ ਦੂਜੇ ਪਾਤਸ਼ਾਹ ਜੀ ਦੇ ਪ੍ਰਕਾਸ਼ ਗੁਰਪੁਰਬ ਦੀ ਦਿੱਤੀ ਵਧਾਈ



ਅੰਮ੍ਰਿਤਸਰ, 18 ਅਪ੍ਰੈਲ (ਗੁਰਦਿਆਲ ਸਿੰਘ): ਦੂਸਰੇ ਪਾਤਸ਼ਾਹ ਸ੍ਰੀ ਗੁਰੂ ਅੰਗਦ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਸਬੰਧੀ ਅੱਜ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਭੋਗ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਕੁਲਵਿੰਦਰ ਸਿੰਘ ਦੇ ਰਾਗੀ ਜਥੇ ਨੇ ਗੁਰਬਾਣੀ ਕੀਤਾ ਅਤੇ ਅਰਦਾਸ ਭਾਈ ਸਰਵਣ ਸਿੰਘ ਵੱਲੋਂ ਕੀਤੀ ਗਈ। ਸੰਗਤਾਂ ਨੂੰ ਪਾਵਨ ਹੁਕਮਨਾਮਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ ਸਰਵਣ ਕਰਵਾਇਆ। ਇਸ ਮੌਕੇ ਸਿੰਘ ਸਾਹਿਬ ਗਿਆਨੀ ਬਲਵਿੰਦਰ ਸਿੰਘ ਨੇ ਕਥਾ-ਵਿਚਾਰਾਂ ਕਰਦਿਆਂ ਸ੍ਰੀ ਗੁਰੂ ਅੰਗਦ ਦੇਵ ਜੀ ਦੇ ਜੀਵਨ ਇਤਿਹਾਸ ਤੋਂ ਸੰਗਤ ਨੂੰ ਜਾਣੂ ਕਰਵਾਇਆ ਅਤੇ ਗੁਰਮਤਿ ਅਨੁਸਾਰੀ ਜੀਵਨ ਬਤੀਤ ਕਰਨ ਦੀ ਪ੍ਰੇਰਣਾ ਕੀਤੀ।

ਇਸੇ ਦੌਰਾਨ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਦੂਜੇ ਪਾਤਸ਼ਾਹ ਸ੍ਰੀ ਗੁਰੂ ਅੰਗਦ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਦੀ ਸੰਗਤਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਗੁਰੂ ਸਾਹਿਬ ਦਾ ਜੀਵਨ ਗੁਰੂ ਭਰੋਸੇ ਅਤੇ ਸਮਰਪਣ ਦੀ ਪ੍ਰੇਰਣਾ ਦਿੰਦਾ ਹੈ। ਉਨ੍ਹਾਂ ਕਿਹਾ ਕਿ ਸ੍ਰੀ ਅੰਗਦ ਦੇਵ ਜੀ ਨੇ ਗੁਰਮੁਖੀ ਲਿਪੀ ਨੂੰ ਪ੍ਰਚੱਲਤ ਕੀਤਾ। ਗੁਰੂ ਸਾਹਿਬ ਨੇ ਮਨੁੱਖਤਾ ਨੂੰ ਬਰਾਬਰੀ ਅਤੇ ਭਾਈਚਾਰਕ ਏਕਤਾ ਦਾ ਸੰਦੇਸ਼ ਦਿੰਦਿਆਂ ਕਰਤਾ ਪੁਰਖ ਨਾਲ ਜੁੜਨ ਦਾ ਮਾਰਗ ਦਰਸਾਇਆ। ਐਡਵੋਕੇਟ ਧਾਮੀ ਨੇ ਸੰਗਤ ਨੂੰ ਗੁਰੂ ਸਾਹਿਬ ਦੇ ਜੀਵਨ ਤੋਂ ਸੇਧ ਲੈ ਕੇ ਬਾਣੀ ਬਾਣੇ ਦੇ ਧਾਰਨੀ ਹੋਣ ਲਈ ਪ੍ਰੇਰਿਆ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸੁਪ੍ਰਿੰਟੈਂਡੈਂਟ ਨਿਸ਼ਾਨ ਸਿੰਘ, ਮੈਨੇਜਰ ਸ. ਨਰਿੰਦਰ ਸਿੰਘ, ਵਧੀਕ ਮੈਨੇਜਰ ਸ. ਇਕਬਾਲ ਸਿੰਘ ਮੁਖੀ, ਸ. ਬਿਕਰਮਜੀਤ ਸਿੰਘ ਝੰਗੀ, ਸ. ਗੁਰਤਿੰਦਰਪਾਲ ਸਿੰਘ ਕਾਦੀਆਂ, ਸ. ਜਸਬੀਰ ਸਿੰਘ, ਸ. ਯੁਵਰਾਜ ਸਿੰਘ, ਮੀਤ ਮੈਨੇਜਰ ਸ. ਅਜੇ ਸਿੰਘ ਸਮੇਤ ਸੰਗਤਾਂ ਮੌਜੂਦ ਸਨ।

## ਉੱਤਰਾਖੰਡ ਦੇ ਰਾਜਪਾਲ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਹੋਏ ਨਤਮਸਤਕ



ਅੰਮ੍ਰਿਤਸਰ, 18 ਅਪ੍ਰੈਲ (ਗੁਰਦਿਆਲ ਸਿੰਘ) : ਉੱਤਰਾਖੰਡ ਦੇ ਰਾਜਪਾਲ ਲੈਫਟੀਨੈਂਟ ਜਨਰਲ (ਸੇਵਾ ਮੁਕਤ) ਗੁਰਮੀਤ ਸਿੰਘ ਨੇ ਅੱਜ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋ ਕੇ ਗੁਰੂ ਸਾਹਿਬ ਪ੍ਰਤੀ ਸ਼ਰਧਾ ਦਾ ਪ੍ਰਗਟਾਵਾ ਕੀਤਾ। ਇਸ ਮੌਕੇ ਸ੍ਰੀ ਦਰਬਾਰ ਸਾਹਿਬ ਦੇ ਸੂਚਨਾ ਕੇਂਦਰ ਵਿਖੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸ. ਗੁਰਮੀਤ ਸਿੰਘ ਨੂੰ ਜੀ ਆਇਆਂ ਆਖਿਆ ਅਤੇ ਸਿਰੋਪਾਓ, ਸ੍ਰੀ ਦਰਬਾਰ ਸਾਹਿਬ ਦਾ ਸੁਨਹਿਰੀ ਮਾਡਲ ਅਤੇ ਧਾਰਮਿਕ ਪੁਸਤਕਾਂ ਦੇ ਕੇ ਸਨਮਾਨਿਤ ਕੀਤਾ।

ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕਟ ਧਾਮੀ ਨੇ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸਮੁੱਚੀ ਮਾਨਵਤਾ ਲਈ ਆਸਥਾ ਦਾ ਕੇਂਦਰ ਹੈ, ਜਿੱਥੇ ਰੋਜ਼ਾਨਾ ਵੱਡੀ ਗਿਣਤੀ ਦੇਸ਼ ਵਿਦੇਸ਼ ਦੀਆਂ ਸੰਗਤਾਂ ਨਤਮਸਤਕ ਹੁੰਦੀਆਂ ਹਨ। ਉਨ੍ਹਾਂ ਕਿਹਾ ਕਿ ਹਰ ਸਿੱਖ ਆਪਣੀ ਉਪਲਬਧੀ 'ਤੇ ਗੁਰੂ ਸਾਹਿਬ ਦਾ ਸ਼ੁਕਰਾਨਾ ਕਰਨ ਲਈ ਇਸ ਪਾਵਨ ਅਸਥਾਨ 'ਤੇ ਨਤਮਸਤਕ ਹੁੰਦਾ ਹੈ। ਅੱਜ ਉੱਤਰਾਖੰਡ ਦੇ ਰਾਜਪਾਲ ਸ. ਗੁਰਮੀਤ ਸਿੰਘ ਜੋ ਅੰਮ੍ਰਿਤਸਰ ਜ਼ਿਲ੍ਹੇ ਦੇ ਹੀ ਜੰਮਪਲ ਹਨ, ਜੋ ਅੱਜ ਸ੍ਰੀ ਦਰਬਾਰ ਸਾਹਿਬ ਵਿਖੇ ਨਤਮਸਤਕ ਹੋਣ ਪੁੱਜੇ ਹਨ। ਐਡਵੋਕੇਟ ਧਾਮੀ ਨੇ ਕਿਹਾ ਕਿ ਉਤਰਾਖੰਡ ਅੰਦਰ ਸਿੱਖਾਂ ਨਾਲ ਸਬੰਧਤ ਪਾਵਨ ਅਸਥਾਨਾਂ ਸਬੰਧੀ ਵੀ ਰਾਜਪਾਲ ਸ. ਗੁਰਮੀਤ ਸਿੰਘ ਨਾਲ ਵਿਚਾਰਾਂ ਹੋਈਆਂ, ਜਿਸ ਪ੍ਰਤੀ ਉਨ੍ਹਾਂ ਵੱਲੋਂ ਹਾਂ-ਪੱਖੀ ਹੁੰਗਾਰਾ ਭਰਿਆ ਗਿਆ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਓਐਸਡੀ ਸ. ਸਤਬੀਰ ਸਿੰਘ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ, ਮੈਨੇਜਰ ਨਰਿੰਦਰ ਸਿੰਘ ਮਥਰੇਵਾਲ, ਸੂਚਨਾ ਅਧਿਕਾਰੀ ਸ. ਅੰਮ੍ਰਿਤਪਾਲ ਸਿੰਘ, ਰਾਜਪਾਲ ਸ. ਗੁਰਮੀਤ ਸਿੰਘ ਨਾਲ ਪੁੱਜੇ ਏਡੀਸੀ ਅਮਿਤ ਸ੍ਰੀਵਾਸਤਵ, ਏਆਈਜੀ ਸ. ਜਗਜੀਤ ਸਿੰਘ ਵਾਲੀਆ, ਏਡੀਸੀਪੀ ਸ. ਹਰਪਾਲ ਸਿੰਘ ਸਮੇਤ ਹੋਰ ਮੌਜੂਦ ਸਨ।

## ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਵੱਲੋਂ ਦੀਨਾਨਗਰ 'ਚ ਬੀਐਲਏ ਟ੍ਰੈਨਿੰਗ ਪ੍ਰੋਗਰਾਮ ਕਰਵਾਇਆ

### ਵਿਧਾਇਕਾ ਅਰੁਣਾ ਚੌਧਰੀ ਅਤੇ ਸੀਨੀਅਰ ਕਾਂਗਰਸੀ ਨੇਤਾ ਅਸ਼ੋਕ ਚੌਧਰੀ ਵੀ ਰਹੇ ਮੌਜੂਦ

ਦੀਨਾਨਗਰ, 18 ਅਪ੍ਰੈਲ (ਡਾ.ਰਮੇਸ਼ ਸਰੰਗਲ, ਵਰੁਣ ਸਰੰਗਲ) : ਦੇਸ਼ ਅੰਦਰ ਐਸ.ਆਈ.ਆਰ ਤਹਿਤ ਵੋਟਰਾਂ ਦੀ ਪਛਾਣ ਅਤੇ ਵੋਟਾਂ ਕੱਟਣ ਦੀ ਚੱਲ ਰਹੀ ਮਹਿੰਮ ਬਾਰੇ ਜਾਣਕਾਰੀ ਦੇਣ ਲਈ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਵੱਲੋਂ ਅੱਜ ਦੀਨਾਨਗਰ ਅੰਦਰ 'ਬੀਐਲਏ ਟ੍ਰੇਨਿੰਗ ਪ੍ਰੋਗਰਾਮ' ਦਾ ਆਯੋਜਿਨ ਕੀਤਾ ਗਿਆ। ਜਿਸ ਵਿੱਚ ਪਾਰਟੀ ਵੱਲੋਂ ਨਿਯੁਕਤ ਕੋਆਰਡੀਨੇਟਰ ਪੰਜਾਬ ਐਸਆਈਆਰ ਅਮਨ ਦਿਹਾਤੀ, ਕੋਆਰਡੀਨੇਟਰ ਐਡਵੋਕੇਟ ਗਗਨਦੀਪ ਸਿੰਘ ਅਤੇ ਕੋਆਰਡੀਨੇਟਰ ਸ਼ੁਭਪ੍ਰੀਤ ਨੇ ਕਾਂਗਰਸੀ ਵਰਕਰਾਂ ਨੂੰ ਐਸਆਈਆਰ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਅਤੇ ਬੀਐਲਏ ਦੀ ਜ਼ਿੰਮੇਵਾਰੀ ਨਿਭਾਉਣ ਵਾਲੇ ਪਾਰਟੀ ਆਗੂਆਂ ਨੂੰ ਕੰਮ ਕਰਨ ਦੇ ਢੰਗ ਤਰੀਕਿਆਂ ਤੋਂ ਜਾਣੂੰ ਕਰਵਾਇਆ। ਇਹ ਟ੍ਰੇਨਿੰਗ ਪ੍ਰੋਗਰਾਮ ਹਲਕਾ ਵਿਧਾਇਕਾ ਅਰੁਣਾ ਚੌਧਰੀ ਅਤੇ ਸੀਨੀਅਰ ਨੇਤਾ ਅਸ਼ੋਕ ਚੌਧਰੀ ਦੀ ਦੇਖਰੇਖ ਹੇਠ ਹੋਇਆ ਅਤੇ ਦੋਨਾਂ ਮੁੱਖ ਆਗੂਆਂ ਨੇ ਵੀ ਇਸ ਦੌਰਾਨ ਕਾਂਗਰਸੀ ਵਰਕਰਾਂ ਨੂੰ ਐਸਆਈਆਰ ਤਹਿਤ ਵੋਟਰਾਂ ਦੀ ਹੋਣ ਵਾਲੀ ਪੁਣਛਾਂਣ ਦੇ ਲਈ ਤਿਆਰ ਤੇ ਚੌਕੰਨੇ ਹੋਣ ਦੀ ਗੱਲ ਆਖੀ।



ਕੋਆਰਡੀਨੇਟਰ ਪੰਜਾਬ ਅਮਨ ਦਿਹਾਤੀ ਨੇ ਕਿਹਾ ਕਿ ਇਸ ਟ੍ਰੇਨਿੰਗ ਪ੍ਰੋਗਰਾਮ ਦਾ ਉਦੇਸ਼ ਪੰਜਾਬ ਵਿੱਚ ਆਗਾਮੀ ਚੋਣਾਂ ਦੌਰਾਨ ਹੋਣ ਵਾਲੀ ਸੰਭਾਵਿਤ ਵੋਟ ਚੋਰੀ ਨੂੰ ਰੋਕਣਾ ਹੈ, ਜਿਸਦੇ ਲਈ ਕਾਂਗਰਸ ਪਾਰਟੀ ਨੇ ਹਰ ਬੂਥ ਪੱਧਰ 'ਤੇ ਆਪਣੇ ਬੀਐਲਏ (ਬੂਥ ਲੈਵਲ ਅਸਿਸਟੈਂਟ) ਨਿਯੁਕਤ ਕਰਨ ਦਾ ਫ਼ੈਸਲਾ ਲਿਆ ਹੈ, ਜਿਨ੍ਹਾਂ ਦਾ ਕੰਮ ਸਰਕਾਰ ਵੱਲੋਂ ਨਿਯੁਕਤ ਬੀਐਲਓ ਦੇ ਕੰਮ 'ਤੇ ਨਜ਼ਰ ਰੱਖਣਾ ਹੈ ਅਤੇ ਇਹ ਦੇਖਣਾ ਹੈ ਕਿ ਐਸਆਈਆਰ ਸਕੀਮ ਤਹਿਤ ਵੋਟਰਾਂ ਦੀ ਪੁਣਛਾਂਣ ਜਾਂ ਨਵੀਆਂ ਵੋਟਾਂ ਬਣਨ ਦਾ ਕੰਮ ਪੂਰੀ ਨਿਰਪੱਖਤਾ ਨਾਲ ਹੋ ਰਿਹਾ ਹੈ ਜਾਂ ਨਹੀਂ। ਉਨ੍ਹਾਂ ਇਸ ਦੌਰਾਨ ਬੂਥ ਲੈਵਲ ਅਸਿਸਟੈਂਟ ਨੂੰ ਉਨ੍ਹਾਂ ਦੀਆਂ ਪਾਵਰਾਂ ਤੋਂ ਵੀ ਜਾਣੂੰ ਕਰਵਾਇਆ ਅਤੇ ਗ਼ਲਤ ਵੋਟ ਬਣਨ ਜਾਂ ਕੱਟਣ 'ਤੇ ਇਤਰਾਜ਼ ਤੇ ਕਲੇਮ ਕਰਨ ਬਾਰੇ ਵੀ ਵਿਸਥਾਰ ਨਾਲ ਦੱਸਿਆ।

ਕੋਆਰਡੀਨੇਟਰ ਐਡਵੋਕੇਟ ਗਗਨਦੀਪ ਸਿੰਘ ਨੇ ਦੱਸਿਆ ਕਿ ਜਿਨ੍ਹਾਂ ਵਿਅਕਤੀਆਂ ਦੀ ਵੋਟ 2003 ਵਿੱਚ ਬਣੀ ਹੈ, ਉਨ੍ਹਾਂ ਦੀ ਵੋਟ ਅੱਗੇ ਵੀ ਜਾਰੀ ਰਹੇਗੀ, ਪਰ ਬਾਕੀਆਂ ਨੂੰ ਗਣਨਾ ਫਾਰਮ ਭਰ ਕੇ ਬੀਐਲਓ ਨੂੰ ਦੇਣਾ ਪਵੇਗਾ ਅਤੇ ਬੀਐਲਓ ਆਪਣੀ ਤੈਅ ਡਿਊਟੀ ਮੁਤਾਬਕ ਹਰੇਕ ਪਰਿਵਾਰ ਦੇ ਘਰ ਤਿੰਨ ਵਾਰ ਜ਼ਰੂਰ ਜਾਵੇਗਾ ਤਾਂ ਜੋ ਕੋਈ ਵੀ ਵੋਟ ਬਣਵਾਉਣ ਤੋਂ ਵਾਂਝਾ ਨਾ ਰਹਿ ਜਾਵੇ।

ਇਸ ਮੌਕੇ ਬਲਾਕ ਪ੍ਰਧਾਨ ਦਲਬੀਰ ਸਿੰਘ ਬਿੱਟੂ, ਸਾਬਕਾ ਚੇਅਰਮੈਨ ਹਰਵਿੰਦਰ ਸਿੰਘ ਭੱਟੀ, ਵਰਿੰਦਰ ਭਿੰਦਾ ਪ੍ਰਧਾਨ ਦੋਰਾਂਗਲਾ, ਬਲਾਕ ਸੰਮਤੀ ਦੋਰਾਂਗਲਾ ਦੇ ਚੇਅਰਮੈਨ ਬਲਬੀਰ ਚੰਦ, ਵਾਈਸ ਚੇਅਰਪਰਸਨ ਗੁਰਮੀਤ ਕੌਰ, ਚੇਅਰਪਰਸਨ ਦੀਨਾਨਗਰ ਰਾਜ ਰਾਣੀ, ਵਾਈਸ ਚੇਅਰਮੈਨ ਰਮੇਸ਼ ਚੰਦਰ, ਅਮਰਜੀਤ ਸਿੰਘ ਬਹਿਰਾਮਪੁਰ, ਰਘਵੀਰ ਸਿੰਘ ਕਲੀਜਪੁਰ, ਸੀਨੀਅਰ ਮੀਡੀਆ ਇੰਚਾਰਜ ਦੀਪਕ ਭੱਲਾ, ਤਰਸੇਮ ਸ਼ਰਮਾ ਦੋਰਾਂਗਲਾ, ਡਾ. ਸਤਨਾਮ ਸਿੰਘ ਵਜ਼ੀਰਪੁਰ, ਅਜੇਪਾਲ ਮਕੌੜਾ, ਦਵਿੰਦਰ ਸਿੰਘ ਜੋਗਰ, ਸਰਪੰਚ ਸਰਬਜੀਤ ਕੌਰ ਜੋਗਰ, ਰੰਮੀ ਠਾਕੁਰ, ਪਰਮਜੀਤ ਕੌਰ ਬੈਂਸ, ਜਸਵੀਰ ਸਿੰਘ ਜੱਸਾ ਕਠਿਆਲੀ, ਹਰਜਿੰਦਰ ਸਿੰਘ ਗਵਾਲੀਆ, ਸੰਨੀ ਪੰਡੋਰੀ, ਗੁਰਪ੍ਰੀਤ ਸਿੰਘ ਗੋਖਾ, ਸੁਰਿੰਦਰ ਕੌਰ, ਬਲਵਿੰਦਰ ਕਲੌਂਤਰਾ, ਰਮੇਸ਼ ਕਲੌਂਤਰਾ, ਬਲਦੇਵ ਸੁਲਤਾਨੀ, ਸੁਰਿੰਦਰ ਗੋਲਡੀ ਅਵਾਂਖਾ, ਸੱਤ ਪਾਲ ਦਬੁਰਜੀ, ਠਾਕੁਰ ਰਵਿੰਦਰ, ਰਾਜ ਕੁਮਾਰ, ਰਵਿੰਦਰ ਸਿੰਘ ਲਾਹੜੀਵੀਰਾਂ, ਸਰਪੰਚ ਮਲਕੀਤ ਭੂੰਡੇਵਾਲ, ਪ੍ਰਸ਼ੋਤਮ ਸਿੰਘ ਚੌਤਾ, ਦਿੱਗਵਿਜੇ ਸਿੰਘ, ਦੇਸ਼ ਰਾਜ ਜੰਡੀ, ਗੋਰੂ ਬਾਲਾਪਿੰਡੀ, ਸੁਰੇਸ਼ ਬਾਲਾਪਿੰਡੀ ਅਤੇ ਸਰਪੰਚ ਰੂਪ ਲਾਲ ਤੋਂ ਇਲਾਵਾ ਵੱਡੀ ਗਿਣਤੀ 'ਚ ਵਰਕਰ ਹਾਜ਼ਰ ਸਨ।


ਰੋਜ਼ਾਨਾ ਚੜ੍ਹਦੀਕਲਾ
## ਸਿਹਤ ਖ਼ਬਰਨਾਮਾ


# ਸਿਹਤ ਲਈ ਬਹੁਤ ਫ਼ਾਇਦੇਮੰਦ ਹੈ ਖਰਬੂਜ਼ਾ

ਖਰਬੂਜ਼ਾ ਸਵਾਦਿਸ਼ਟ ਹੋਣ ਦੇ ਨਾਲ-ਨਾਲ ਸਿਹਤ ਲਈ ਵੀ ਫ਼ਾਇਦੇਮੰਦ ਹੁੰਦਾ ਹੈ। ਇਸ ਵਿਚ ਪਾਣੀ ਦੀ ਜ਼ਿਆਦਾ ਮਾਤਰਾ ਹੁੰਦੀ ਹੈ ਜਿਸ ਨਾਲ ਤੁਸੀਂ ਗਰਮੀਆਂ ਵਿਚ ਡੀਹਾਈਡਰੇਸ਼ਨ ਦੀ ਸਮੱਸਿਆ ਤੋਂ ਬਚੇ ਰਹਿੰਦੇ ਹੋ। ਹਾਲਾਂਕਿ ਖਰਬੂਜ਼ਾ



ਗਰਮ ਹੁੰਦਾ ਹੈ, ਪਰ ਇਸ ਵਿਚ ਮੌਜੂਦ ਐਂਟੀ ਆਕਸੀਡੈਂਟਸ, ਵਿਟਾਮਿਨ ਅਤੇ ਖਣਿਜ ਤੁਹਾਨੂੰ ਹੋਰ ਬੀਮਾਰੀਆਂ ਤੋਂ ਵੀ ਬਚਾਉਣ ਵਿਚ ਸਹਾਇਤਾ ਕਰਦੇ ਹਨ। ਗਰਭ ਅਵਸਥਾ ਵਿਚ ਖਰਬੂਜ਼ਾ ਖਾਣ ਦੇ ਬਹੁਤ ਸਾਰੇ ਫ਼ਾਇਦੇ ਹਨ।

**ਖਰਬੂਜ਼ੇ ਦਾ ਸੇਵਨ ਸ਼ੂਗਰ ਨੂੰ ਕੰਟਰੋਲ ਕਰਦਾ ;** ਖਰਬੂਜ਼ੇ ਦਾ ਸੇਵਨ ਕਰਨ ਨਾਲ ਭਾਰ ਨਿਯੰਤਰਣ ਵਿਚ ਰਹਿੰਦਾ ਹੈ। ਨਾਲ ਹੀ ਇਹ ਪੇਟ ਨੂੰ ਪੂਰਾ ਭਰਿਆ ਰਖਦਾ ਹੈ, ਜਿਸ ਨਾਲ ਤੁਸੀਂ ਜ਼ਿਆਦਾ ਖਾਣੇ ਤੋਂ ਬਚ ਸਕਦੇ ਹੋ। ਸਿਰਫ਼ ਇਹ ਹੀ ਨਹੀਂ ਦਿਨ ਭਰ ਊਰਜਾ ਸਰੀਰ ਵਿਚ ਵੀ ਰਹਿੰਦੀ ਹੈ। ਖਰਬੂਜ਼ੇ ਦਾ ਸੇਵਨ ਸ਼ੂਗਰ ਨੂੰ ਕੰਟਰੋਲ ਕਰਦਾ ਹੈ।

**ਅੱਖਾਂ ਦੀ ਰੌਸ਼ਨੀ ਵਧਾਉਣ ਵਿਚ ਮਦਦਗਾਰ:** ਖਰਬੂਜ਼ੇ ਵਿਚ ਵਿਟਾਮਿਨ ਏ ਅਤੇ ਵਿਟਾਮਿਨ ਸੀ ਭਰਪੂਰ ਮਾਤਰਾ ਵਿਚ ਹੁੰਦੇ ਹਨ, ਜੋ ਅੱਖਾਂ ਦੀ ਰੌਸ਼ਨੀ ਵਧਾਉਣ ਵਿਚ ਮਦਦਗਾਰ ਹੁੰਦੇ ਹਨ। ਇਸ ਨੂੰ ਖਾਣ ਨਾਲ ਅੱਖਾਂ ਦੇ ਰੈਟਿਨਾ ਦੀਆਂ ਮਾਸਪੇਸ਼ੀਆਂ ਮਜ਼ਬੂਤ ਹੁੰਦੀਆਂ ਹਨ ਅਤੇ ਅੱਖਾਂ ਲੰਮੇ ਸਮੇਂ ਤਕ ਠੀਕ ਰਹਿੰਦੀਆਂ ਹਨ।

**ਹੱਡੀਆਂ ਅਤੇ ਮਾਸਪੇਸ਼ੀਆਂ ਨੂੰ ਵੀ ਮਜ਼ਬੂਤ ਬਣਾਉਂਦਾ :** ਇਸ ਨਾਲ ਕੈਲੇਸਟਰੋਲ ਵੀ ਨਿਯੰਤਰਣ ਵਿਚ ਰਹਿੰਦਾ ਹੈ ਜਿਸ ਨਾਲ ਤੁਸੀਂ ਦਿਲ ਦਾ ਦੌਰਾ ਅਤੇ ਸਟਰੋਕ ਵਰਗੀਆਂ ਸਮੱਸਿਆਵਾਂ ਤੋਂ ਬਚੇ ਰਹਿੰਦੇ ਹੋ। ਵਿਟਾਮਿਨ ਸੀ ਨਾਲ ਭਰਪੂਰ ਹੋਣ ਕਾਰਨ ਇਸ ਦਾ ਸੇਵਨ ਹੱਡੀਆਂ ਅਤੇ ਮਾਸਪੇਸ਼ੀਆਂ ਨੂੰ ਵੀ ਮਜ਼ਬੂਤ ਬਣਾਉਂਦਾ ਹੈ।

# ਕੇਂਦਰ ਕਿਸਾਨਾਂ ਦੇ ਹਿੱਤਾਂ ਪ੍ਰਤੀ ਸੁਚੇਤ ਹੈ: ਖੇਤੀਬਾੜੀ ਮੰਤਰੀ ਸ਼੍ਰੀ ਸ਼ਿਵਰਾਜ ਸਿੰਘ ਚੌਹਾਨ ਨੇ ਖਰੀਫ ਦੀਆਂ ਤਿਆਰੀਆਂ ਦੀ ਕੀਤੀ ਸਮੀਖਿਆ



ਨਵੀਂ ਦਿੱਲੀ, 18 ਅਪ੍ਰੈਲ (ਅੰਮ੍ਰਿਤਪਾਲ ਸਿੰਘ): ਕੇਂਦਰੀ ਖੇਤੀਬਾੜੀ, ਕਿਸਾਨ ਭਲਾਈ ਅਤੇ ਪੇਂਡੂ ਵਿਕਾਸ ਮੰਤਰੀ, ਸ਼੍ਰੀ ਸ਼ਿਵਰਾਜ ਸਿੰਘ ਚੌਹਾਨ ਨੇ ਅੱਜ ਖੇਤੀਬਾੜੀ ਖੇਤਰ ਦੀ ਮੌਜੂਦਾ ਸਥਿਤੀ ਅਤੇ ਆਉਣ ਵਾਲੇ ਖਰੀਫ ਸੀਜ਼ਨ ਦੀਆਂ ਤਿਆਰੀਆਂ ਦੀ ਉੱਚ-ਪੱਧਰੀ ਸਮੀਖਿਆ ਕੀਤੀ ਅਤੇ ਖੇਤੀਬਾੜੀ ਸਕੱਤਰ ਅਤੇ ਸਬੰਧਤ ਸੀਨੀਅਰ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਉਹ ਕਿਸਾਨਾਂ ਦੇ ਹਿੱਤਾਂ ਦੀ ਰੱਖਿਆ ਲਈ ਸਮੇਂ ਸਿਰ ਪ੍ਰਬੰਧ ਯਕੀਨੀ ਬਣਾਉਣ। ਮੀਟਿੰਗ ਵਿੱਚ ਮੌਸਮ ਦੀ ਭਵਿੱਖਬਾਣੀ, ਪਾਣੀ ਦੀ ਉਪਲਬਧਤਾ, ਫਸਲਾਂ ਦੀਆਂ ਸਥਿਤੀਆਂ, ਬੀਜ ਅਤੇ ਹੋਰ ਖੇਤੀਬਾੜੀ ਇਨਪੁਟ, ਰਾਜ ਦੀ ਤਿਆਰੀ ਅਤੇ ਸੰਭਾਵੀ ਪ੍ਰਤੀਕੂਲ ਮੌਸਮੀ ਸਥਿਤੀਆਂ ਨਾਲ ਨਜਿੱਠਣ ਲਈ ਕਾਰਜ ਯੋਜਨਾਵਾਂ ਬਾਰੇ ਵਿਸਥਾਰ ਵਿੱਚ ਚਰਚਾ ਕੀਤੀ ਗਈ। ਸਮੀਖਿਆ ਮੀਟਿੰਗ ਦੌਰਾਨ, ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਕਿ ਕਿਸਾਨਾਂ ਦੇ ਹਿੱਤ ਸਭ ਤੋਂ ਉੱਪਰ ਹਨ, ਅਤੇ ਸਰਕਾਰ ਸੰਭਾਵੀ ਅਲ ਨੀਨੋ ਪ੍ਰਭਾਵ ਲਈ ਤਿਆਰ ਹੈ। ਮੀਟਿੰਗ ਨੂੰ ਦੱਸਿਆ ਗਿਆ ਕਿ ਭਾਰਤੀ ਮੌਸਮ ਵਿਭਾਗ ਨੇ ਭਵਿੱਖਬਾਣੀ ਕੀਤੀ ਹੈ ਕਿ 2026 ਲਈ ਦੱਖਣ-ਪੱਛਮੀ ਮਾਨਸੂਨ ਆਮ ਨਾਲੋਂ ਘੱਟ ਰਹੇਗਾ, ਮੌਸਮੀ ਬਾਰਿਸ਼ ਦੇਸ਼ ਭਰ ਵਿੱਚ ਲੰਬੇ ਸਮੇਂ ਦੀ ਔਸਤ ਦੇ ਲਗਭਗ 92 ਪ੍ਰਤੀਸ਼ਤ ਹੋਣ ਦਾ ਅਨੁਮਾਨ ਹੈ। ਇਹ ਵੀ ਸੰਕੇਤ ਦਿੱਤਾ ਗਿਆ ਹੈ ਕਿ ਮੌਨਸੂਨ ਸੀਜ਼ਨ ਦੌਰਾਨ ਅਲ ਨੀਨੋ ਦੀਆਂ ਸਥਿਤੀਆਂ ਵਿਕਸਤ ਹੋ ਸਕਦੀਆਂ ਹਨ, ਹਾਲਾਂਕਿ ਅੰਤਿਮ ਅਤੇ ਅੱਪਡੇਟ ਕੀਤਾ ਮੁਲਾਂਕਣ ਮਈ 2026 ਦੇ ਆਖਰੀ ਹਫ਼ਤੇ ਵਿੱਚ ਜਾਰੀ ਕੀਤਾ ਜਾਵੇਗਾ। ਸਮੀਖਿਆ ਮੀਟਿੰਗ ਦੌਰਾਨ, ਕੇਂਦਰੀ ਖੇਤੀਬਾੜੀ ਮੰਤਰੀ ਸ਼੍ਰੀ ਸ਼ਿਵਰਾਜ ਸਿੰਘ ਚੌਹਾਨ ਨੇ ਸਪੱਸ਼ਟ ਕੀਤਾ ਕਿ ਸਰਕਾਰ ਮੌਸਮ ਦੀ ਭਵਿੱਖਬਾਣੀ ਨੂੰ ਗੰਭੀਰਤਾ ਨਾਲ ਲੈ ਰਹੀ ਹੈ ਅਤੇ ਪੂਰੀ ਤਿਆਰੀ ਨਾਲ ਅੱਗੇ ਵਧ ਰਹੀ ਹੈ, ਅਤੇ ਕਿਸਾਨਾਂ ਨੂੰ ਚਿੰਤਾ ਕਰਨ ਦੀ ਲੋੜ ਨਹੀਂ ਹੈ। ਮੀਟਿੰਗ ਨੇ ਇਸ ਮਹੱਤਵਪੂਰਨ ਤੱਥ ਨੂੰ ਉਜਾਗਰ ਕੀਤਾ ਕਿ ਦੇਸ਼ ਦੇ ਜਲ ਭੰਡਾਰਾਂ ਵਿੱਚ ਪਾਣੀ ਦਾ ਪੱਧਰ ਇਸ ਸਮੇਂ ਤਸੱਲੀਬਖਸ਼ ਸਥਿਤੀ ਵਿੱਚ ਹੈ, ਅਤੇ ਕੁੱਲ ਭੰਡਾਰ ਆਮ ਨਾਲੋਂ ਬਿਹਤਰ ਹੈ। ਉਪਲਬਧ ਅਨੁਮਾਨਾਂ ਅਨੁਸਾਰ, ਇਸ ਸਮੇਂ ਲਈ ਜਲ ਭੰਡਾਰ ਆਮ ਪੱਧਰ ਦੇ 127.01 ਪ੍ਰਤੀਸ਼ਤ @ਤੇ ਹੈ, ਜੋ ਕਿ ਖਰੀਫ ਸੀਜ਼ਨ ਦੌਰਾਨ ਸਿੰਚਾਈ ਦੀਆਂ ਜ਼ਰੂਰਤਾਂ ਨੂੰ ਪੂਰਾ ਕਰਨ ਵਿੱਚ ਮਹੱਤਵਪੂਰਨ ਤੌਰ @ਤੇ ਮਦਦ ਕਰੇਗਾ ਅਤੇ ਨਮੀ ਦੀ ਕਮੀ ਦੇ ਜੋਖਮ ਨੂੰ ਕਾਫ਼ੀ ਹੱਦ ਤੱਕ ਘਟਾਏਗਾ। ਇਸ ਦੇ ਆਧਾਰ @ਤੇ, ਮੀਟਿੰਗ ਨੇ ਸਿੱਟਾ ਕੱਢਿਆ ਕਿ ਸੰਭਾਵੀ ਐਲ ਨੀਨੋ ਪ੍ਰਭਾਵ ਦੇ ਬਾਵਜੂਦ, ਖੇਤੀਬਾੜੀ ਖੇਤਰ @ਤੇ ਇਸਦਾ ਪ੍ਰਭਾਵ ਪਹਿਲਾਂ ਦੇ ਅਨੁਮਾਨਾਂ ਦੇ ਮੁਕਾਬਲੇ ਮੁਕਾਬਲਤਨ ਸੀਮਤ ਹੋਣ ਦੀ ਸੰਭਾਵਨਾ ਹੈ। ਖਾਸ ਤੌਰ @ਤੇ, ਪਾਣੀ ਦੀ ਉਪਲਬਧਤਾ ਵਿੱਚ ਸੁਧਾਰ, ਸੂਖਮ-ਸਿੰਚਾਈ, ਵਿਗਿਆਨਕ ਸਲਾਹ, ਫਸਲ ਵਿਭਿੰਨਤਾ, ਅਤੇ ਸਮੇਂ ਸਿਰ ਦਖਲਅੰਦਾਜ਼ੀ ਨੇ ਖੇਤੀਬਾੜੀ ਨੂੰ ਪਹਿਲਾਂ ਨਾਲੋਂ ਵਧੇਰੇ ਕੁਸ਼ਲ ਅਤੇ ਅਨੁਕੂਲ ਬਣਾਇਆ ਹੈ। ਖੇਤੀਬਾੜੀ ਮੰਤਰੀ ਸ਼੍ਰੀ ਸ਼ਿਵਰਾਜ ਸਿੰਘ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਉਹ ਇਹ ਯਕੀਨੀ ਬਣਾਉਣ ਕਿ ਸਾਰੇ ਰਾਜ ਕਿਸੇ ਵੀ ਪ੍ਰਤੀਕੂਲ ਮੌਸਮੀ ਸਥਿਤੀ ਨਾਲ ਨਜਿੱਠਣ ਲਈ ਪੂਰੀ ਤਰ੍ਹਾਂ ਤਿਆਰ ਹਨ ਅਤੇ ਜ਼ਿਲ੍ਹਾ ਪੱਧਰ ਤੱਕ ਸੰਕਟਕਾਲੀਨ ਯੋਜਨਾਵਾਂ ਨੂੰ ਸਰਗਰਮ ਕਰਨ। ਉਨ੍ਹਾਂ ਕਿਹਾ ਕਿ, ਬੀਜਾਂ, ਖਾਦਾਂ ਅਤੇ ਹੋਰ ਜ਼ਰੂਰੀ ਖੇਤੀਬਾੜੀ ਨਿਵੇਸ਼ਾਂ ਦੀ ਉਪਲਬਧਤਾ ਨੂੰ ਯਕੀਨੀ ਬਣਾਉਣ ਤੋਂ ਇਲਾਵਾ, ਕਿਸਾਨਾਂ ਨੂੰ ਵਿਹਾਰਕ ਅਤੇ ਤੇਜ਼ ਹੱਲ ਪ੍ਰਦਾਨ ਕਰਨ ਲਈ ਵਿਕਲਪਕ ਫਸਲ ਵਿਕਲਪ, ਦੇਰੀ ਨਾਲ ਬਿਜਾਈ ਰਣਨੀਤੀਆਂ ਅਤੇ ਸੋਕਾ-ਸਹਿਣਸ਼ੀਲ ਕਿਸਮਾਂ ਨੂੰ ਉਤਸ਼ਾਹਿਤ ਕੀਤਾ ਜਾਣਾ ਚਾਹੀਦਾ ਹੈ।

# ਪੰਜਾਬ ਦੇ ਗਵਰਨਰ ਗੁਲਾਬ ਚੰਦ ਕਟਾਰੀਆ ਨੇ ਗੁਰੂ ਅੰਗਦ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਹਾਜ਼ਰੀ ਨੂੰ ਦੱਸਿਆ ਆਪਣਾ ਸੁਭਾਗ



ਅੰਮ੍ਰਿਤਸਰ, 18 ਅਪ੍ਰੈਲ (ਬਬਲੂ ਮਹਾਜਨ) : ਪੰਜਾਬ ਦੇ ਗਵਰਨਰ ਗੁਲਾਬ ਚੰਦ ਕਟਾਰੀਆ ਅੰਮ੍ਰਿਤਸਰ ਦੇ ਦੌਰੇ 'ਤੇ ਪਹੁੰਚੇ, ਜਿੱਥੇ ਉਹ ਸਿੱਖ ਧਰਮ ਦੇ ਸਭ ਤੋਂ ਪਵਿੱਤਰ ਧਾਮ ਸੱਚਖੰਡ ਸ਼੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਏ। ਭਾਰੀ ਸੁਰੱਖਿਆ ਪ੍ਰਬੰਧਾਂ ਦੇ ਦਰਮਿਆਨ ਗਵਰਨਰ ਨੇ ਗੁਰੂ ਘਰ ਵਿੱਚ ਮੱਥਾ ਟੇਕ ਕੇ ਸਰਬਤ ਦੇ ਭਲੇ ਦੀ ਅਰਦਾਸ ਕੀਤੀ ਅਤੇ ਵਾਹਿਗੁਰੂ ਦਾ ਸ਼ੁਕਰਾਨਾ ਅਦਾ ਕੀਤਾ। ਇਸ ਮੌਕੇ ਸੂਚਨਾ ਕੇਂਦਰ ਵਿਖੇ ਹਰਿਮੰਦਰ ਸਾਹਿਬ ਦੇ ਮੈਨੇਜਰ ਗੁਰਿੰਦਰ ਸਿੰਘ ਦੇਵੀਦਾਸਪੁਰਾ ਸੂਚਨਾ ਅਧਿਕਾਰੀ ਜਤਿੰਦਰ ਪਾਲ ਸਿੰਘ ਅੰਮ੍ਰਿਤਸਰ ਦੇ ਡਿਪਟੀ ਕਮਿਸ਼ਨਰ ਦਲਜਿੰਦਰ ਸਿੰਘ ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਨੇ ਗਵਰਨਰ ਨੂੰ ਸਨਮਾਨਿਤ ਵੀ ਕੀਤਾਇਸ ਮੌਕੇ ਮੀਡੀਆ ਨਾਲ ਗੱਲਬਾਤ ਕਰਦਿਆਂ ਗਵਰਨਰ ਨੇ ਕਿਹਾ ਕਿ ਇਹ ਦਿਨ ਉਨ੍ਹਾਂ ਲਈ ਬਹੁਤ ਹੀ ਭਾਗਾਂ ਵਾਲਾ ਹੈ ਕਿਉਂਕਿ ਅੱਜ ਸਿੱਖਾਂ ਦੇ ਦੂਜੇ ਪਾਤਸ਼ਾਹ ਗੁਰੂ ਅੰਗਦ ਦੇਵ ਜੀ ਦਾ ਪ੍ਰਕਾਸ਼ ਪੁਰਬ ਮਨਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਪਾਵਨ ਮੌਕੇ 'ਤੇ ਗੁਰੂ ਘਰ ਵਿੱਚ ਹਾਜ਼ਰੀ ਲਗਾਉਣਾ ਉਹ ਆਪਣਾ ਵੱਡਾ ਸੁਭਾਗ ਸਮਝਦੇ ਹਨ।ਗਵਰਨਰ ਨੇ ਦੱਸਿਆ ਕਿ ਉਹ ਜਦੋਂ ਵੀ ਸੱਚਖੰਡ ਹਰਿਮੰਦਰ ਸਾਹਿਬ ਆਉਂਦੇ ਹਨ ਤਾਂ ਦੇਸ਼ ਅਤੇ ਪੰਜਾਬ ਦੀ ਸੁੱਖ-ਸ਼ਾਂਤੀ ਲਈ ਅਰਦਾਸ ਕਰਦੇ ਹਨ। ਉਨ੍ਹਾਂ ਨੇ ਕਿਹਾ ਕਿ ਗੁਰੂ ਸਾਹਿਬ ਦੀ ਕਿਰਪਾ ਨਾਲ ਹੀ ਉਹ ਪਿਛਲੇ ਡੇਢ ਸਾਲ ਤੋਂ ਪੰਜਾਬ ਦੀ ਭਲਾਈ ਲਈ ਕੰਮ ਕਰ ਰਹੇ ਹਨ ਅਤੇ ਆਗੇ ਵੀ ਆਪਣੀ ਜ਼ਿੰਮੇਵਾਰੀ ਨੂੰ ਨਿਭਾਉਂਦੇ ਰਹਿਣਗੇ।ਉਨ੍ਹਾਂ ਇਹ ਵੀ ਕਿਹਾ ਕਿ ਉਨ੍ਹਾਂ ਦੀ ਇਸ ਦੌਰੇ ਲਈ ਕੋਈ ਖਾਸ ਤਿਆਰੀ ਨਹੀਂ ਸੀ, ਪਰ ਅਚਾਨਕ ਅੰਮ੍ਰਿਤਸਰ ਆਉਣ ਦਾ ਮੌਕਾ ਮਿਲਿਆ ਅਤੇ ਗੁਰੂ ਸਾਹਿਬ ਦਾ ਅਸ਼ੀਰਵਾਦ ਪ੍ਰਾਪਤ ਹੋਇਆ। ਉਨ੍ਹਾਂ ਨੇ ਗੁਰੂ ਚਰਨਾਂ ਵਿੱਚ ਨਮਨ ਕਰਦਿਆਂ ਸਾਰੇ ਦੇਸ਼, ਪੰਜਾਬ ਅਤੇ ਸਮੂਹ ਮਨੁੱਖਤਾ ਦੀ ਭਲਾਈ ਲਈ ਅਰਦਾਸ ਕੀਤੀ ਅਤੇ ਕਿਹਾ ਕਿ ਉਹ ਹਮੇਸ਼ਾਂ ਗੁਰੂ ਦੀ ਕਿਰਪਾ ਨਾਲ ਸੇਵਾ ਕਰਦੇ ਰਹਿਣਗੇ।



ਸ੍ਰ. ਕੁਲਤਾਰ ਸਿੰਘ ਸੰਧਵਾਂ ਦਾ ਸਨਮਾਨ ਕਰਦੇ ਹੋਏ ਭਾਈ ਰੂਪ ਚੰਦ ਜੀ ਦੀ ਵੰਸ਼ ਭਾਈ ਬਲਵੀਰ ਸਿੰਘ ਭਾਈ ਹਰਭਜਨ ਸਿੰਘ ਭਾਈ ਦੇਵ ਸਿੰਘ ਭਾਈ ਅਜਮੇਰ ਸਿੰਘ ਭਾਈ ਰੂਪਾ

# ਗਲੋਬਲ ਸਿੱਖ ਕੌਂਸਲ ਵੱਲੋਂ ਧਾਰਮਿਕ ਆਜ਼ਾਦੀ, ਤਕਨੀਕੀ ਵਿਗਾੜ ਤੇ ਗੁਰਮੁਖੀ ਦੇ ਮੁੱਦੇ ਸੰਸਦ 'ਚ ਉਠਾਉਣ ਲਈ ਚਾਰਾਜੋਈ

## ਵਿਕਰਮਜੀਤ ਸਿੰਘ ਸਾਹਨੀ ਵੱਲੋਂ ਸਿੱਖਾਂ ਦੇ ਹੱਕਾਂ ਤੇ ਪੰਜਾਬੀ ਨਾਲ ਸੰਬੰਧਿਤ ਮਸਲਿਆਂ 'ਤੇ ਪੂਰਨ ਸਹਿਯੋਗ ਦਾ ਭਰੋਸਾ



ਚੰਡੀਗੜ੍ਹ, 18 ਅਪ੍ਰੈਲ (ਅੰਮ੍ਰਿਤਪਾਲ ਸਿੰਘ) : 28 ਮੁਲਕਾਂ ਵਿੱਚ ਸਿੱਖ ਸੰਸਥਾਵਾਂ ਦੀ ਪ੍ਰਤਿਨਿਧ ਸੰਸਥਾ, ਗਲੋਬਲ ਸਿੱਖ ਕੌਂਸਲ, ਦੇ ਇੱਕ ਉੱਚ-ਪੱਧਰੀ ਵਫ਼ਦ ਨੇ ਨਵੀਂ ਦਿੱਲੀ ਵਿੱਚ ਰਾਜ ਸਭਾ ਮੈਂਬਰ ਵਿਕਰਮਜੀਤ ਸਿੰਘ ਸਾਹਨੀ ਨਾਲ ਮੁਲਾਕਾਤ ਕਰਕੇ ਸਿੱਖਾਂ ਦੀ ਧਾਰਮਿਕ ਆਜ਼ਾਦੀ, ਮਸਨੂਈ ਬੁੱਧੀ (ਆਰਟੀਫੀਸ਼ੀਅਲ ਇੰਟੈਲੀਜੈਂਸ) ਰਾਹੀਂ ਪਵਿੱਤਰ ਗੁਰਬਾਣੀ, ਗੁਰੂ ਸਾਹਿਬਾਨ ਤੇ ਸਿੱਖ ਸੰਸਥਾਵਾਂ ਦਾ ਨਿਰਾਦਰ ਕਰਨ ਅਤੇ ਭਾਸ਼ਾਈ ਵਿਰਾਸਤ ਦੀ ਸੰਭਾਲ ਨਾਲ ਜੁੜੇ ਅਹਿਮ ਮਸਲਿਆਂ 'ਤੇ ਤੁਰੰਤ ਵਿਧਾਨਕ ਅਤੇ ਪ੍ਰਸ਼ਾਸਕੀ ਕਦਮ ਚੁੱਕਣ ਦੀ ਮੰਗ ਕੀਤੀ।

ਅਮਰੀਕਾ ਤੋਂ ਕੌਂਸਲ ਦੇ ਉਪ-ਪ੍ਰਧਾਨ ਸਰਦਾਰ ਪਰਮਜੀਤ ਸਿੰਘ ਬੇਦੀ ਦੀ ਅਗਵਾਈ ਹੇਠ ਵਫ਼ਦ ਨੇ ਅਤਿ-ਆਧੁਨਿਕ ਤਕਨੀਕਾਂ ਦੇ ਗਲਤ ਇਸਤੇਮਾਲ ਅਤੇ ਸਿੱਖ ਕੌਮ ਸਾਹਮਣੇ ਖੜ੍ਹੀਆਂ ਚੁਣੌਤੀਆਂ ਦੇ ਹੱਲ ਲਈ ਮੁੱਦੇ ਸੰਸਦੀ ਪੱਧਰ 'ਤੇ ਉਠਾਉਣ ਦੀ ਲੋੜ ਉੱਤੇ ਜ਼ੋਰ ਦਿੱਤਾ।

ਇਸ ਮੀਟਿੰਗ ਵਿੱਚ ਹੋਰਨਾਂ ਤੋਂ ਇਲਾਨਾ ਕੌਂਸਲ ਦੇ ਖਜਾਨਚੀ ਸਰਦਾਰ ਹਰਸਰਨ ਸਿੰਘ ਪੁਡੂਚੇਰੀ, ਅਫਗਾਨਿਸਤਾਨ ਤੋਂ ਮੈਂਬਰ ਸਰਦਾਰ ਗੁਲਜੀਤ ਸਿੰਘ ਅਤੇ 'ਸਿੱਖ ਕੁਲੈਕਿਟਿਵ' ਦੇ ਕਨਵੀਨਰ ਸਰਦਾਰ ਜਗਮੋਹਨ ਸਿੰਘ ਵੀ ਸ਼ਾਮਲ ਸਨ। ਕੌਂਸਲ ਦੀ ਪ੍ਰਧਾਨ ਡਾ. ਕੰਵਲਜੀਤ ਕੌਰ ਯੂਕੇ ਦਾ ਸੰਦੇਸ਼ ਦਿੰਦਿਆਂ ਸਰਦਾਰ ਬੇਦੀ ਨੇ ਸੰਸਦ ਵਿੱਚ ਸਿੱਖ ਮਸਲਿਆਂ ਨੂੰ ਮਜ਼ਬੂਤੀ ਨਾਲ ਉਠਾਉਣ ਲਈ ਸਰਦਾਰ ਸਾਹਨੀ ਦੇ ਯਤਨਾਂ ਦੀ ਪ੍ਰਸ਼ੰਸਾ ਕੀਤੀ। ਵਫ਼ਦ ਨੇ ਖਾਸ ਤੌਰ 'ਤੇ ਪੰਜਾਬ ਸਮੇਤ ਵੱਖ-ਵੱਖ ਖੇਤਰਾਂ ਵਿੱਚ ਨੌਜਵਾਨਾਂ ਲਈ ਸਿੱਖਿਆ ਅਤੇ ਹੁਨਰ ਵਿਕਾਸ ਦੇ ਉਪਰਾਲਿਆਂ ਨੂੰ ਸਰਾਹਿਆ।

ਮੀਟਿੰਗ ਦੌਰਾਨ ਕਈ ਅਹਿਮ ਮਸਲਿਆਂ 'ਤੇ ਚਰਚਾ ਹੋਈ ਜਿਨ੍ਹਾਂ ਵਿੱਚ ਸਭ ਤੋਂ ਵੱਡਾ ਮਸਲਾ ਦੇਸ਼ ਭਰ ਵਿੱਚ ਵੱਖ-ਵੱਖ ਇਮਤਿਹਾਨਾਂ ਦੌਰਾਨ ਸਿੱਖ ਵਿਦਿਆਰਥੀਆਂ ਦੇ ਕਕਾਰਾਂ ਨੂੰ ਲੈ ਕੇ ਦਰਪੇਸ਼ ਸਮੱਸਿਆ ਹੈ ਅਤੇ ਅੰਮ੍ਰਿਤਧਾਰੀ ਪ੍ਰੀਖਿਆਰਥੀਆਂ ਨੂੰ ਅਕਸਰ ਕੜਾ, ਕਿਰਪਾਨ ਅਤੇ ਦਸਤਾਰ ਵਰਗੇ ਧਾਰਮਿਕ ਚਿੰਨ ਲਾਹੁਣ ਲਈ ਮਜਬੂਰ ਕੀਤਾ ਜਾਂਦਾ ਹੈ ਜਿਸ ਨਾਲ ਉਨ੍ਹਾਂ ਦੀ ਅਣਖ-ਇਜ਼ਤ ਅਤੇ ਸੰਵਿਧਾਨਕ ਧਾਰਮਿਕ ਅਧਿਕਾਰਾਂ ਨੂੰ ਠੇਸ ਪਹੁੰਚਦੀ ਹੈ। ਕੌਂਸਲ ਨੇ ਇਸ ਮਸਲੇ ਨੂੰ ਗੰਭੀਰ ਮੰਨਦਿਆਂ ਇਸਦਾ ਤੁਰੰਤ ਹੱਲ ਲੱਭਣ ਦੀ ਲੋੜ ਉੱਤੇ ਜ਼ੋਰ ਦਿੱਤਾ।

ਇਸ ਤੋਂ ਇਲਾਵਾ, ਕੌਂਸਲ ਨੇ ਤਕਨੀਕੀ ਬੇਅਦਬੀ ਸਬੰਧੀ ਵੀ ਗੰਭੀਰ ਚਿੰਤਾ ਜ਼ਾਹਿਰ ਕੀਤੀ ਜਿਸ ਅਧੀਨ ਮਸਨੂਈ ਬੁੱਧੀ ਅਤੇ ਨਵੀਨਤਮ ਡਿਜ਼ਿਟਲ ਤਕਨੀਕਾਂ ਰਾਹੀਂ ਗੁਰਬਾਣੀ, ਸਿੱਖ ਸੰਸਥਾਵਾਂ ਅਤੇ ਸਿੱਖ ਸਿਧਾਂਤਾਂ ਨੂੰ ਸੋਸ਼ਲ ਮੀਡੀਆ 'ਤੇ ਤੋੜ-ਮਰੋੜ ਕੇ ਪੇਸ਼ ਕੀਤਾ ਜਾ ਰਿਹਾ ਹੈ। ਵਫ਼ਦ ਨੇ ਕੇਂਦਰ ਸਰਕਾਰ ਨੂੰ ਅਪੀਲ ਕੀਤੀ ਕਿ ਅਜਿਹੀ ਭ੍ਰਮਿਤ ਕਰਨ ਵਾਲੀ ਅਤੇ ਧਾਰਮਿਕ ਭਾਵਨਾਵਾਂ ਦਾ ਖਿਲਵਾੜ ਕਰਦੀ ਡਿਜ਼ਿਟਲ ਸਮੱਗਰੀ 'ਤੇ ਰੋਕ ਲਗਾਉਣ ਲਈ ਸਖ਼ਤ ਨਿਯਮ ਬਣਾਏ ਜਾਣ ਤਾਂ ਜੋ ਸਿੱਖ ਮਰਯਾਦਾ ਦੀ ਪਵਿੱਤਰਤਾ ਕਾਇਮ ਰਹੇ।

ਮੀਟਿੰਗ ਦੌਰਾਨ ਸਾਹਨੀ ਨੂੰ ਇਸੇ ਸਾਲ ਅਕਤੂਬਰ ਮਹੀਨੇ ਚੰਡੀਗੜ੍ਹ ਵਿੱਚ ਹੋਣ ਵਾਲੀ ਕੌਂਸਲ ਦੀ ਸਾਲਾਨਾ ਮੀਟਿੰਗ ਵਿੱਚ ਸ਼ਾਮਲ ਹੋਣ ਲਈ ਸੱਦਾ ਦਿੱਤਾ ਗਿਆ ਜੋ ਉਨ੍ਹਾਂ ਨੇ ਸਵੀਕਾਰ ਕਰ ਲਿਆ।

# ਪੀਐਨਬੀ ਸਰਕਲ ਦਫ਼ਤਰ, ਮੋਗਾ ਵੱਲੋਂ ਐਕਸਪੋ

ਲੁਧਿਆਣਾ/ਮੋਗਾ, 18 ਅਪ੍ਰੈਲ: ਜਨਤਕ ਖੇਤਰ ਦੇ ਦੂਜੇ ਸਭ ਤੋਂ ਵੱਡੇ ਬੈਂਕ ਪੰਜਾਬ ਨੈਸ਼ਨਲ ਬੈਂਕ (ਪੀਐਨਬੀ) ਦੇ ਸਰਕਲ ਦਫ਼ਤਰ ਨੇ ਆਪਣੇ ਗਾਹਕਾਂ ਲਈ ਪ੍ਰਚੂਨ ਕਰਜ਼ਾ ਸੇਵਾਵਾਂ ਨੂੰ ਵਧੇਰੇ ਪਹੁੰਚਯੋਗ ਬਣਾਉਣ ਦੇ ਉਦੇਸ਼ ਨਾਲ ਬਿਗ ਬੇਨ ਵਿਖੇ ਪ੍ਰਚੂਨ ਕਰਜ਼ਾ ਐਕਸਪੋ ਦਾ ਆਯੋਜਨ ਕੀਤਾ।ਇਸ ਸਮਾਗਮ ਦਾ ਉਦਘਾਟਨ ਡਿਪਟੀ ਜ਼ੋਨਲ ਮੈਨੇਜਰ, ਲੁਧਿਆਣਾ, ਸ਼੍ਰੀ ਆਰ.ਐਮ. ਸ਼ਰਮਾ ਨੇ ਕੀਤਾ।ਸ਼੍ਰੀ ਕਪਿਲ ਗਾਂਧੀ ਸਰਕਲ ਮੁਖੀ, ਮੋਗਾ ਨੇ ਕਿਹਾ ਕਿ ਇਸ ਐਕਸਪੋ ਦਾ ਮੁੱਖ ਉਦੇਸ਼ ਗਾਹਕਾਂ ਨੂੰ ਵੱਖ-ਵੱਖ ਲੋਨ ਉਤਪਾਦਾਂ ਬਾਰੇ ਜਾਣਕਾਰੀ ਪ੍ਰਦਾਨ ਕਰਨਾ ਅਤੇ ਉਨ੍ਹਾਂ ਨੂੰ ਜਲਦੀ ਅਤੇ ਮੁਸ਼ਕਲ ਰਹਿਤ ਲੋਨ ਸਹੂਲਤਾਂ ਪ੍ਰਦਾਨ ਕਰਨਾ ਸੀ। ਇਸ ਦੌਰਾਨ, ਗਾਹਕਾਂ ਨੂੰ ਡਿਪਟੀ ਸਰਕਲ ਹੈੱਡ ਸ੍ਰੀ ਸੁਖਵੀਰ ਸਿੰਘ, ਕ੍ਰੈਡਿਟ ਹੈੱਡ ਸ੍ਰੀ ਕੁਨਾਲ ਚੋਪੜਾ ਸਰਕਲ ਆਫਿਸ, ਮੋਗਾ, ਰੈਮ ਹੈੱਡ ਸ੍ਰੀ ਸੁਮਿਤ ਮਾਨ ਅਤੇ ਵੱਖ-ਵੱਖ ਸ਼ਾਖਾ ਪ੍ਰਬੰਧਕਾਂ ਦੀ ਮੌਜੂਦਗੀ ਵਿੱਚ ਮੌਕੇ @ਤੇ ਕਰਜ਼ਾ ਸਲਾਹ, ਇੱਕ ਤੇਜ਼ ਪ੍ਰਵਾਨਗੀ ਪ੍ਰਕਿਰਿਆ, ਅਤੇ ਪ੍ਰੋਸੈਸਿੰਗ ਫੀਸਾਂ @ਤੇ ਵਿਸ਼ੇਸ਼ ਛੋਟਾਂ ਦੇ ਲਾਭ ਦਿੱਤੇ ਗਏ।

# ਪੰਜਾਬ ਨੈਸ਼ਨਲ ਬੈਂਕ ਚੰਡੀਗੜ੍ਹ ਸਰਕਲ ਵਿਖੇ ਮੈਗਾ ਰਿਟੇਲ ਆਊਟਰੀਚ ਪ੍ਰੋਗਰਾਮ ਦਾ ਆਯੋਜਨ




ਚੰਡੀਗੜ੍ਹ, 18 ਅਪ੍ਰੈਲ (ਚ.ਨ.ਸ.) : ਚੰਡੀਗੜ੍ਹ ਸਰਕਲ ਨੇ ਹੋਟਲ ਪਾਰਕ ਵਿਊ, ਚੰਡੀਗੜ੍ਹ ਵਿਖੇ ਇੱਕ ਰਿਟੇਲ ਪ੍ਰੋਗਰਾਮ ਦਾ ਆਯੋਜਨ ਕੀਤਾ। ਇਸ ਪ੍ਰੋਗਰਾਮ ਦੀ ਪ੍ਰਧਾਨਗੀ ਮੁੱਖ ਦਫਤਰ ਤੋਂ ਮੁੱਖ ਜਨਰਲ ਮੈਨੇਜਰ ਸ਼੍ਰੀ ਪ੍ਰਵੀਨ ਗੋਇਲ ਨੇ ਕੀਤੀ। ਸਮਾਜ ਭਲਾਈ ਅਤੇ ਮਹਿਲਾ ਅਤੇ ਬਾਲ ਵਿਕਾਸ, ਚੰਡੀਗੜ੍ਹ ਦੀ ਸਕੱਤਰ ਸ਼੍ਰੀਮਤੀ ਅਨੁਰਾਧਾ ਚਗਤੀ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਖੇਤਰੀ ਮੈਨੇਜਰ ਸ਼੍ਰੀ ਆਸ਼ੀਸ਼ ਚਤੁਰਵੇਦੀ ਅਤੇ ਸਰਕਲ ਮੁਖੀ ਸ਼੍ਰੀ ਸਜੀਵ ਕੁਮਾਰ ਝਾਅ ਵੀ ਮੌਜੂਦ ਸਨ। 150 ਤੋਂ ਵੱਧ ਗਾਹਕਾਂ ਨੇ ਹਿੱਸਾ ਲਿਆ। ਗਾਹਕਾਂ ਨੂੰ ਸੰਬੋਧਨ ਕਰਦੇ ਹੋਏ, ਮੁੱਖ ਜਨਰਲ ਮੈਨੇਜਰ ਸ਼੍ਰੀ ਪ੍ਰਵੀਨ ਗੋਇਲ ਨੇ ਕਿਹਾ ਕਿ ਬੈਂਕ ਦਾ ਉਦੇਸ਼ ਇਸ ਆਊਟਰੀਚ ਪ੍ਰੋਗਰਾਮ ਰਾਹੀਂ ਵੱਧ ਤੋਂ ਵੱਧ ਗਾਹਕਾਂ ਤੱਕ ਪਹੁੰਚ ਕਰਨਾ ਹੈ ਤਾਂ ਜੋ ਬੈਂਕ ਦੀਆਂ ਲਾਭਦਾਇਕ ਸਕੀਮਾਂ ਉਨ੍ਹਾਂ ਤੱਕ ਪਹੁੰਚਯੋਗ ਬਣਾਈਆਂ ਜਾ ਸਕਣ, ਅਤੇ ਹਰ ਗਾਹਕ ਇਨ੍ਹਾਂ ਸਕੀਮਾਂ ਦਾ ਲਾਭ ਉਠਾ ਕੇ ਘਰ ਅਤੇ ਕਾਰ ਰੱਖਣ ਦੇ ਆਪਣੇ ਸੁਪਨਿਆਂ ਨੂੰ ਪੂਰਾ ਕਰ ਸਕਦਾ ਹੈ, ਨਾਲ ਹੀ ਆਪਣੀਆਂ ਸਿੱਖਿਆ ਅਤੇ ਨਿੱਜੀ ਕਰਜ਼ੇ ਦੀਆਂ ਜ਼ਰੂਰਤਾਂ ਨੂੰ ਪੂਰਾ ਕਰ ਸਕਦਾ ਹੈ। ਉਨ੍ਹਾਂ ਗਾਹਕਾਂ ਨੂੰ ਡਿਜੀਟਲ ਧੋਖਾਧੜੀ ਤੋਂ ਸਾਵਧਾਨ ਰਹਿਣ ਦੀ ਵੀ ਅਪੀਲ ਕੀਤੀ। ਮੁੱਖ ਮਹਿਮਾਨ ਸ਼੍ਰੀਮਤੀ ਅਨੁਰਾਧਾ ਚਗਥੀ ਨੇ ਪੀਐਨਬੀ ਦੇ ਗਾਹਕ ਭਲਾਈ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਜਨਤਾ ਦੇ ਲਾਭ ਲਈ ਭਵਿੱਖ ਦੀਆਂ ਪਹਿਲਕਦਮੀਆਂ ਲਈ ਆਪਣੀਆਂ ਸ਼ੁਭਕਾਮਨਾਵਾਂ ਪ੍ਰਗਟ ਕੀਤੀਆਂ। ਚੰਡੀਗੜ੍ਹ ਜ਼ੋਨਲ ਮੈਨੇਜਰ ਸ਼੍ਰੀ ਆਸ਼ੀਸ਼ ਚਤੁਰਵੇਦੀ ਨੇ ਗਾਹਕਾਂ ਨੂੰ ਸਭ ਤੋਂ ਵਧੀਆ ਬੈਂਕਿੰਗ ਸੇਵਾਵਾਂ ਦਾ ਭਰੋਸਾ ਦਿੱਤਾ ਅਤੇ ਬੈਂਕ ਦੀਆਂ ਪ੍ਰਚੂਨ ਪਹਿਲਕਦਮੀਆਂ 'ਤੇ ਚਾਨਣਾ ਪਾਇਆ। ਇਹ ਧਿਆਨ ਦੇਣ ਯੋਗ ਹੈ ਕਿ ਸ਼੍ਰੀ ਚਤੁਰਵੇਦੀ ਮੁੱਖ ਜਨਰਲ ਮੈਨੇਜਰ ਵਜੋਂ ਤਰੱਕੀ ਤੋਂ ਬਾਅਦ ਚੰਡੀਗੜ੍ਹ ਜ਼ੋਨਲ ਮੈਨੇਜਰ ਵਿੱਚ ਸ਼ਾਮਲ ਹੋਏ ਹਨ। ਇਸ ਪ੍ਰਚੂਨ ਆਊਟਰੀਚ ਪ੍ਰੋਗਰਾਮ ਨੇ 128 ਕਰੋੜ ਦੇ 255 ਲੀਡ ਪੈਦਾ ਕੀਤੇ। ਚੰਡੀਗੜ੍ਹ ਜ਼ੋਨ ਵਿੱਚ, ਸਾਰੇ ਡਿਵੀਜ਼ਨਾਂ ਨੇ 554 ਕਰੋੜ ਦੇ 2,415 ਲੀਡ ਪੈਦਾ ਕੀਤੇ। ਮੌਜੂਦ ਗਾਹਕਾਂ ਨੂੰ ਬੈਂਕ ਦੇ ਰਿਹਾਇਸ਼, ਕਾਰ, ਸਿੱਖਿਆ ਅਤੇ ਹੋਰ ਪ੍ਰਚੂਨ ਉਤਪਾਦਾਂ ਬਾਰੇ ਵੀ ਜਾਣਕਾਰੀ ਪ੍ਰਦਾਨ ਕੀਤੀ ਗਈ।

# ਪੰਜਾਬ ਨੈਸ਼ਨਲ ਬੈਂਕ ਵੱਲੋਂ ਮੈਗਾ ਰਿਟੇਲ ਆਊਟਰੀਚ ਪ੍ਰੋਗਰਾਮ



ਕਪੂਰਥਲਾ, 18 ਅਪ੍ਰੈਲ (ਚ.ਨ.ਸ.) : ਪੰਜਾਬ ਨੈਸ਼ਨਲ ਬੈਂਕ, ਡਿਵੀਜ਼ਨਲ ਦਫ਼ਤਰ, ਕਪੂਰਥਲਾ ਦੀ ਅਗਵਾਈ ਹੇਠ, ਮਨਸੂਰਵਾਲ ਸ਼ਾਖਾ ਦਫ਼ਤਰ ਵਿਖੇ ਇੱਕ ਵਿਸ਼ਾਲ ਮੈਗਾ ਰਿਟੇਲ ਆਊਟਰੀਚ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਪ੍ਰੋਗਰਾਮ ਦਾ ਉਦਘਾਟਨ ਮੁੱਖ ਮਹਿਮਾਨ, ਮੁੱਖ ਦਫਤਰ ਤੋਂ ਡਿਪਟੀ ਜਨਰਲ ਮੈਨੇਜਰ ਸ਼੍ਰੀ ਕੇ.ਐਮ. ਯਾਦਵ ਨੇ ਕੀਤਾ, ਅਤੇ ਇਸਦੀ ਅਗਵਾਈ ਅਤੇ ਮੇਜ਼ਬਾਨੀ ਸ਼੍ਰੀ ਸੰਜੀਵ ਕੁਮਾਰ, ਡਿਵੀਜ਼ਨਲ ਮੁਖੀ, ਕਪੂਰਥਲਾ ਨੇ ਕੀਤੀ। ਐਮ.ਸੀ.ਸੀ. ਮੁਖੀ, ਸ਼੍ਰੀ ਸ਼ਰਵਣ ਰਾਉਤ, ਮੁੱਖ ਪ੍ਰਬੰਧਕ, ਸ਼੍ਰੀ ਵਿਕੇਸ਼ ਕੁਮਾਰ, ਪੀ.ਐਲ.ਪੀ. ਮੁਖੀ, ਸ਼੍ਰੀ ਸੋਮਬੀਰ, ਮਨਸੂਰਵਾਲ ਸ਼ਾਖਾ ਪ੍ਰਬੰਧਕ, ਸ਼੍ਰੀ ਯਸ਼ਪਾਲ, ਅਤੇ ਹੋਰ ਵੀ ਮੌਜੂਦ ਸਨ। ਪ੍ਰੋਗਰਾਮ ਵਿੱਚ ਜ਼ਿਲ੍ਹੇ ਦੇ 50 ਤੋਂ ਵੱਧ ਗਾਹਕ ਸ਼ਾਮਲ ਹੋਏ। ਮੁੱਖ ਮਹਿਮਾਨ ਨੇ ਗਾਹਕਾਂ ਨੂੰ ਸੰਬੋਧਨ ਕੀਤਾ ਅਤੇ ਕਰਜ਼ਾ ਸਵੀਕ੍ਰਿਤੀ ਪੱਤਰ ਵੰਡੇ। ਡਿਵੀਜ਼ਨਲ ਮੁਖੀ ਨੇ ਬੈਂਕ ਦੇ ਵੱਖ-ਵੱਖ ਪ੍ਰਚੂਨ ਉਤਪਾਦਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਪ੍ਰਦਾਨ ਕੀਤੀ ਅਤੇ ਡਿਜੀਟਲ ਬੈਂਕਿੰਗ ਅਤੇ ਵਧ ਰਹੇ ਸਾਈਬਰ ਅਪਰਾਧਾਂ ਬਾਰੇ ਜਾਗਰੂਕਤਾ ਪੈਦਾ ਕੀਤੀ। ਡਿਵੀਜ਼ਨਲ ਦਫ਼ਤਰ ਅਤੇ ਸਾਰੀਆਂ ਸ਼ਾਖਾਵਾਂ ਦੀ ਟੀਮ ਨੇ ਪ੍ਰੋਗਰਾਮ ਦੇ ਸਫਲ ਆਯੋਜਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ। ਅੰਤ ਵਿੱਚ, ਟੀਮ ਕਪੂਰਥਲਾ ਨੇ ਗਾਹਕਾਂ ਨੂੰ ਭਰੋਸਾ ਦਿੱਤਾ ਕਿ ਭਵਿੱਖ ਵਿੱਚ ਵੀ ਅਜਿਹੀਆਂ ਜਾਗਰੂਕਤਾ ਅਤੇ ਵਿੱਤੀ ਸਹਾਇਤਾ ਗਤੀਵਿਧੀਆਂ ਜਾਰੀ ਰਹਿਣਗੀਆਂ।

# ਉਘੇ ਸਿੱਖ ਵਿਦਵਾਨ ਪਦਮ ਸ਼੍ਰੀ ਡਾ. ਰਤਨ ਦੀ ਸਾਲਾਨਾ ਬਰਸੀ ਮਨਾਈ




ਪਟਿਆਲਾ , 18 ਅਪ੍ਰੈਲ (ਅਮਰਜੀਤ ਸਿੰਘ) : ਉੱਘੇ ਸਿੱਖ ਵਿਦਵਾਨ ਪਦਮ ਸ਼੍ਰੀ ਡਾ. ਰਤਨ ਜੋ ਕਿ ਪਿਛਲੇ ਸਾਲ ਵਿਛੋੜਾ ਦੇ ਗਏ ਸਨ ਉਨ੍ਹਾਂ ਨਮਿਤ ਸਲਾਨਾ ਬਰਸੀ ਮੌਕੇ ਗੁਰਦੁਆਰਾ ਸ੍ਰੀ ਕਲਗੀਧਰ ਸਾਹਿਬ ਅਰਬਨ ਸਟੇਟ ਪਟਿਆਲਾ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਪਾਏ ਗਏ, ਉਪਰੰਤ ਰਾਗੀ ਸਿੰਘਾਂ ਵੱਲੋਂ ਗੁਰਬਾਨੀ ਜਸ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ ਇਸ ਬਰਸੀ ਸਮਾਗਮ ਵਿੱਚ ਦੂਰ ਦੁਰਾਡੇ ਤੋਂ ਆਈਆਂ ਸੰਗਤਾਂ ਨੇ ਆਪਣੀ ਹਾਜ਼ਰੀ ਲਵਾਈ ਅਤੇ ਡਾਕਟਰ ਰਤਨ ਸਿੰਘ ਜੱਗੀ ਦੀਆਂ ਉਹ ਮਿੱਠੀਆਂ ਯਾਦਾਂ ਨੂੰ ਯਾਦ ਕੀਤਾ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਚੜ੍ਹਦੀਕਲਾ ਅਦਾਰੇ ਵੱਲੋਂ 'ਪਦਮ ਸ਼੍ਰੀ' ਡਾ. ਜਗਜੀਤ ਸਿੰਘ ਦੀ ਅਗਵਾਈ ਦੇ ਵਿੱਚ ਸ੍ਰ. ਹਰਪ੍ਰੀਤ ਸਿੰਘ ਦਰਦੀ, ਮੈਡਮ ਜਸਵਿੰਦਰ ਕੌਰ ਡਰਦੀ ਨੇ ਹਾਜ਼ਰੀ ਭਰੀ, ਅਰਦਾਸ ਉਪਰੰਤ ਆਈਆਂ ਹੋਈਆਂ ਸੰਗਤਾਂ ਦਾ ਧੰਨਵਾਦ ਕੀਤਾ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ ਜਾਣਕਾਰੀ ਦਿੰਦਿਆਂ ਹੋਇਆਂ ਸ਼੍ਰੋਮਣੀ ਪੰਜਾਬੀ ਬਾਲ ਸਾਹਿਤ ਲੇਖਕ ਸਾਹਿਤ ਅਕਾਦਮੀ ਬਾਲ ਸਾਹਿਤ ਪੁਰਸਕਾਰ ਦਰਸ਼ਨ ਸਿੰਘ ਆਸ਼ਟ ਨੇ ਦੱਸਿਆ ਹੈ ਕਿ ਡਾ. ਰਤਨ ਸਿੰਘ ਜੱਗੀ ਉਹ ਸ਼ਖਸੀਅਸਨ ਜਿਨਾਂ ਨੇ ਪੰਜਾਬੀ ਮਾਂ ਬੋਲੀ ਲਈ ਪੰਜਾਬੀ ਦੇ ਪ੍ਰਚਾਰ ਤੇ ਪ੍ਰਸਾਰ ਲਈ ਅਨੇਕਾਂ ਕਿਤਾਬਾਂ ਦਰਸ਼ਕਾਂ ਦੀ ਝੋਲੀ ਪਾਈਆਂ ਤੇ ਪ੍ਰਚਾਰ ਤੇ ਪ੍ਰਸਾਰ ਕੀਤਾ। ਪੰਜਾਬੀ ਤੇ ਹਿੰਦੀ ਸਾਹਿਤ ਦੇ ਉੱਘੇ ਸਿੱਖ ਵਿਦਵਾਨ ਪਦਮ ਸ਼੍ਰੀ ਡਾ. ਰਤਨ ਸਿੰਘ ਜੱਗੀ 98 ਵਰ੍ਹਿਆਂ ਦੇ ਸਨ। । ਸਾਹਿਤ ਜਗਤ ਲਈ ਆਪਣੀਆਂ ਲਿਖਤਾਂ ਦੇ ਰੂਪ ਵਿੱਚ ਅਨਮੋਲ ਖ਼ਜ਼ਾਨਾ ਛੱਡ ਗਏ ਜੋ ਆਉਣ ਵਾਲੀਆਂ ਪੀੜ੍ਹੀਆਂ ਨੂੰ ਪ੍ਰੇਰਿਤ ਕਰਦਾ ਰਹੇਗਾ। ਡਾ. ਰਤਨ ਸਿੰਘ ਜੱਗੀ ਦਾ ਨਾਂ ਪੰਜਾਬੀ ਅਤੇ ਹਿੰਦੀ ਸਾਹਿਤ ਦੇ ਉਘੇ ਵਿਦਵਾਨਾਂ ਅਤੇ ਗੁਰਮਤਿ ਤੇ ਭਗਤੀ ਲਹਿਰ ਦੇ ਮਾਹਰਾਂ ਵਿੱਚ ਸ਼ੁਮਾਰ ਹੈ। ਉਨ੍ਹਾਂ 150 ਤੋਂ ਵੱਧ ਕਿਤਾਬਾਂ ਲਿਖੀਆਂ ਹਨ। ਸਾਹਿਤ ਤੇ ਸਿੱਖਿਆ ਦੇ ਖੇਤਰ ਵਿੱਚ ਪਾਏ ਯੋਗਦਾਨ ਸਦਕਾ ਉਨ੍ਹਾਂ ਨੂੰ ਭਾਰਤ ਸਰਕਾਰ ਨੇ 'ਪਦਮ ਸ਼੍ਰੀ' ਸਾਹਿਤ ਅਕਾਦਮੀ ਨੇ ਕੌਮੀ ਪੁਰਸਕਾਰ, ਪੰਜਾਬ ਸਰਕਾਰ ਨੇ ਪੰਜਾਬੀ ਸਾਹਿਤ ਸ਼੍ਰੋਮਣੀ ਪੁਰਸਕਾਰ ਨਾਲ ਸਨਮਾਨਿਆ। ਦਿੱਲੀ, ਹਰਿਆਣਾ ਤੇ ਉਤਰ ਪ੍ਰਦੇਸ਼ ਦੀਆਂ ਸਰਕਾਰਾਂ ਅਤੇ ਸ਼੍ਰੋਮਣੀ ਕਮੇਟੀ ਵੱਲੋਂ ਸਨਮਾਨਤ ਕਰਨ ਤੋਂ ਇਲਾਵਾ ਉਨ੍ਹਾਂ ਨੂੰ ਪੰਜਾਬੀ ਯੂਨੀਵਰਸਿਟੀ ਪਟਿਆਲਾ ਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਨੇ ਆਨਰੇਰੀ ਡੀ. ਲਿਟ ਦੀ ਡਿਗਰੀ ਵੀ ਪ੍ਰਦਾਨ ਕੀਤੀ ਅਤੇ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵੱਲੋਂ ਗਿਆਨ ਰਤਨ ਪੁਰਸਕਾਰ ਨਾਲ ਸਨਮਾਨਤ ਕੀਤਾ ਗਿਆ। ਭਾਸ਼ਾ ਵਿਭਾਗ ਪੰਜਾਬ ਵੱਲੋਂ ਅੱਠ ਵਾਰ ਪਹਿਲਾ ਪੁਰਸਕਾਰ ਹਾਸਲ ਕਰਨ ਤੋਂ ਇਲਾਵਾ ਵੱਖ-ਵੱਖ ਸਾਹਿਤ ਅਕਾਦਮੀਆਂ, ਵਿੱਦਿਅਕ, ਸਾਹਿਤਕ ਤੇ ਧਾਰਮਿਕ ਸੰਸਥਾਵਾਂ, ਸਰਕਾਰੀ ਤੇ ਗੈਰ ਸਰਕਾਰੀ ਸੰਗਠਨਾਂ ਵੱਲੋਂ ਵੀ ਸਨਮਾਨ ਮਿਲੇ। ਡਾ. ਜੱਗੀ ਨੇ ਆਪਣਾ ਸਮੁੱਚਾ ਜੀਵਨ ਮੱਧਕਾਲੀਨ ਸਾਹਿਤ ਦਾ ਵੱਖ-ਵੱਖ ਦ੍ਰਿਸ਼ਟੀਕੋਣਾਂ ਤੋਂ ਅਧਿਐਨ ਕਰਨ, ਲਿਖਣ ਤੇ ਆਲੋਚਨਾਤਮਕ ਵਿਸ਼ਲੇਸ਼ਣ ਕਰਨ ਅਤੇ ਸਿੱਖ ਗੁਰੂ ਸਾਹਿਬਾਨ ਦੀ ਬਾਣੀ ਅਤੇ ਭਗਤੀ ਲਹਿਰ ਸਬੰਧੀ ਵੱਖ-ਵੱਖ ਪਹਿਲੂਆਂ ਦੀ ਖੋਜ ਕਰਨ ਲਈ (ਪੰਜਾਬੀ ਅਤੇ ਹਿੰਦੀ ਦੋਵਾਂ ਭਾਸ਼ਾਵਾਂ ਵਿੱਚ) ਸਮਰਪਿਤ ਕੀਤਾ ਡਾ ਗੁਰਸ਼ਰਨ ਕੌਰ ਜੱਗੀ (ਸੇਵਾ ਮੁਕਤ ਪ੍ਰਿੰਸੀਪਲ, ਸਰਕਾਰੀ ਕਾਲਜ ਲੜਕੀਆਂ, ਪਟਿਆਲਾ), ਪੁੱਤਰ ਮਾਲਵਿੰਦਰ ਸਿੰਘ ਜੱਗੀ (ਸੇਵਾ ਮੁਕਤ ਆਈ.ਏ.ਐਸ.) ਸੰਗਤਾਂ ਦਾ ਧੰਨਵਾਦ ਕੀਤਾ।

GOVT. OF PUNJAB

## ਸੀ.ਡੀ.ਪੀ. ਸਕੀਮ ਤਹਿਤ ਖੇਤੀ ਮਸ਼ੀਨਾਂ 'ਤੇ ਸਬਸਿਡੀ ਲਈ ਬਿਨੈ ਪੱਤਰਾਂ ਦੀ ਮੰਗ

(ਸਿਵਾਏ ਪਠਾਨਕੋਟ, ਐਸ.ਏ.ਐਸ. ਨਗਰ ਅਤੇ ਰੋਪੜ)

ਪੰਜਾਬ ਸਰਕਾਰ ਵੱਲੋਂ ਰਾਜ ਵਿੱਚ ਫ਼ਸਲੀ ਵਿਭਿੰਨਤਾ ਨੂੰ ਉਤਸ਼ਾਹਿਤ ਕਰਨ ਲਈ ਸੀ.ਡੀ.ਪੀ ਸਕੀਮ ਤਹਿਤ ਮਸ਼ੀਨਾਂ ਤੇ ਸਬਸਿਡੀ ਲਈ ਆਨਲਾਈਨ ਪੋਰਟਲ agrimachinerypb.com ਰਾਹੀਂ ਅਰਜੀਆਂ ਦੀ ਮੰਗ ਕੀਤੀ ਜਾਂਦੀ ਹੈ।

**ਸਕੀਮ ਅਧੀਨ ਸਬਸਿਡੀ 'ਤੇ ਮੁਹੱਈਆ ਕਰਵਾਈਆਂ ਜਾਣ ਵਾਲੀਆਂ ਮੁੱਖ ਮਸ਼ੀਨਾਂ ਹੇਠ ਲਿਖੇ ਅਨੁਸਾਰ ਹਨ:-**

- ਨੂਮੈਟਿਕ ਪਲਾਂਟਰ
- ਸੂਗਰਕੇਨ ਪਲਾਂਟਰ
- ਸੂਗਰਕੇਨ ਹਾਰਵੈਸਟਰ
- ਇੰਨਫੀਲਡਰ
- ਮੇਜ਼ ਸ਼ੈਲਰ
- ਗਰਾਊਂਡਨਟ ਡਿੱਗਰ
- ਹਾਈ ਕਲੀਅਰੈਂਸ ਬੂਮ ਸਪਰੇਅਰ
- ਕਾਟਨ ਪਲੱਕਰ
- ਮੈਨੂਅਲ/ਪਾਵਰ ਸਪਰੇਅਰ
- ਮਲਟੀ ਕਰਾਪ ਥਰੈਸ਼ਰ

ਸਬਸਿਡੀ ਤੇ ਮੁਹੱਈਆ ਕਰਵਾਈਆਂ ਜਾ ਰਹੀਆਂ ਸਮੂਹ ਮਸ਼ੀਨਾਂ ਦੀ ਸੂਚੀ ਪੋਰਟਲ ਤੇ ਉਪਲਬਧ ਹੈ।

ਕਸਟਮ ਹਾਈਰਿੰਗ ਸੈਂਟਰ ਸਥਾਪਿਤ ਕਰਨ ਲਈ ਵੀ ਪ੍ਰਤੀਬੇਨਤੀਆਂ ਪੋਰਟਲ ਰਾਹੀਂ ਦਿੱਤੀਆਂ ਜਾ ਸਕਦੀਆਂ ਹਨ।

**ਸਬਸਿਡੀ ਦੀ ਦਰ ਸਮੈਮ ਸਕੀਮ ਦੀਆਂ ਗਾਈਡਲਾਈਨਜ ਅਨੁਸਾਰ ਹੋਵੇਗੀ**

ਭਾਰਤ ਸਰਕਾਰ ਵੱਲੋਂ ਸਾਲ 2026-27 ਦੌਰਾਨ SMAM- NMAM ਸਕੀਮ ਦੀਆਂ ਨਵੀਆਂ ਹਦਾਇਤਾਂ ਪ੍ਰਾਪਤ ਹੋਣ ਤੇ ਸਬਸਿਡੀ ਤੇ ਮੁਹੱਈਆ ਕਰਵਾਈ ਜਾਣ ਵਾਲੀਆਂ ਮਸ਼ੀਨਾਂ ਦੀ ਸੂਚੀ ਵਿੱਚ ਬਦਲਾਅ ਕੀਤਾ ਜਾ ਸਕਦਾ ਹੈ।

ਸਬਸਿਡੀ ਲੈਣ ਦੇ ਚਾਹਵਾਨ ਮਿਤੀ **20.04.2026 ਤੋਂ 12.05.2026 ਸ਼ਾਮ 5 ਵਜੇ ਤੱਕ** ਆਪਣੀਆਂ ਅਰਜੀਆਂ ਆਨਲਾਈਨ agrimachinerypb.com ਪੋਰਟਲ ਰਾਹੀਂ ਦੇ ਸਕਦੇ ਹਨ।

ਵਧੇਰੇ ਜਾਣਕਾਰੀ ਲਈ ਵਿਭਾਗ ਦੀ ਵੈਬਸਾਈਟ ਜਾਂ ਆਪਣੇ ਜਿਲ੍ਹੇ ਦੇ ਮੁੱਖ ਖੇਤੀਬਾੜੀ ਅਧਿਕਾਰੀ ਨਾਲ ਸੰਪਰਕ ਕਰੋ ਜੀ।

**ਫ਼ਸਲੀ ਵਿਭਿੰਨਤਾ ਅਪਣਾਓ, ਪਾਣੀ ਬਚਾਓ**



ਸ. ਭਗਵੰਤ ਸਿੰਘ ਮਾਨ
ਮੁੱਖ ਮੰਤਰੀ, ਪੰਜਾਬ

**ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪੰਜਾਬ**

# ਕਿੱਟੀ ਪਾਰਟੀ ਦੇ ਨਾਂ 'ਤੇ ਜਿਸਮ ਫ਼ਰੋਸ਼ੀ ਦਾ ਧੰਦਾ: ਹੋਟਲ ਸੰਚਾਲਕ ਸਮੇਤ ਅੱਠ ਜਣਿਆਂ 'ਤੇ ਪਰਚਾ ਦਰਜ

ਬਠਿੰਡਾ, 18 ਅਪ੍ਰੈਲ (ਦੀਪਕ ਸ਼ਰਮਾ): ਬਠਿੰਡਾ ਪੁਲਿਸ ਨੇ ਮਾਲ ਰੋਡ



'ਤੇ ਸਥਿਤ 'ਹੋਟਲ ਬਾਹੀਆ ਫੋਰਟ' ਵਿੱਚ ਕਿੱਟੀ ਪਾਰਟੀ ਦੇ ਬਹਾਨੇ ਚੱਲ ਰਹੇ ਦੇਹ ਵਪਾਰ ਦੇ ਇੱਕ ਵੱਡੇ ਨੈੱਟਵਰਕ ਦਾ ਖੁਲਾਸਾ ਕੀਤਾ ਹੈ। ਐਸ.ਐਸ.ਪੀ. ਜਯੋਤੀ ਯਾਦਵ ਅਤੇ ਹੋਰ ਉੱਚ ਅਧਿਕਾਰੀਆਂ ਦੀ ਨਿਗਰਾਨੀ ਹੇਠ ਹੋਈ ਇਸ ਕਾਰਵਾਈ ਦੌਰਾਨ ਪੁਲਿਸ ਨੇ ਮੌਕੇ ਤੋਂ ਤਿੰਨ ਲੜਕੀਆਂ ਨੂੰ ਰੈਸਕਿਊ ਕੀਤਾ ਹੈ। ਹੋਟਲ ਵਿੱਚ ਗੈਰ-ਕਾਨੂੰਨੀ ਢੰਗ ਨਾਲ ਸ਼ਰਾਬ ਪਰੋਸਣ ਤੇ ਅਨੈਤਿਕ ਗਤੀਵਿਧੀਆਂ ਚਲਾਉਣ ਦੇ ਦੋਸ਼ ਹੇਠ ਸੰਚਾਲਕਾਂ ਅਤੇ ਗਾਹਕਾਂ ਵਿਰੁੱਧ ਮਾਮਲਾ ਦਰਜ ਕਰ ਲਿਆ ਗਿਆ ਹੈ। ਪੁਲਿਸ ਨੂੰ ਮਿਲੀ ਗੁਪਤ ਸੂਚਨਾ ਦੇ ਆਧਾਰ 'ਤੇ ਇੰਸਪੈਕਟਰ ਪਰਮਿੰਦਰ ਸਿੰਘ ਦੀ ਅਗਵਾਈ ਹੇਠਲੀ ਟੀਮ ਨੇ ਹੋਟਲ ਦੀ ਦੂਜੀ ਮੰਜ਼ਿਲ 'ਤੇ ਛਾਪੇਮਾਰੀ ਕੀਤੀ। ਜਾਂਚ ਦੌਰਾਨ ਸਾਹਮਣੇ ਆਇਆ ਕਿ ਹੋਟਲ ਸੰਚਾਲਕ ਬਲਜਿੰਦਰ ਸਿੰਘ ਉਰਫ਼ ਬਿੱਲਾ, ਆਪਣੇ ਸਾਥੀਆਂ ਹੈਪੀ ਅਤੇ ਵਿੱਕੀ ਨਾਲ ਮਿਲ ਕੇ ਆਰਕੈਸਟਰਾ ਤੇ ਡਾਂਸ ਬਾਰਾਂ ਵਿੱਚ ਕੰਮ ਕਰਨ ਵਾਲੀਆਂ ਕੁੜੀਆਂ ਨੂੰ ਗਾਹਕਾਂ ਅੱਗੇ ਪੇਸ਼ ਕਰਦਾ ਸੀ। ਇਸ ਕਾਰਵਾਈ ਦੌਰਾਨ ਪੁਲਿਸ ਨੇ ਪ੍ਰਦੀਪ ਕੁਮਾਰ ਵਾਸੀ ਮਾਡਲ ਟਾਊਨ, ਵਿਕਾਸ ਸਿੰਗਲਾ ਵਾਸੀ ਰਾਮਾ ਮੰਡੀ, ਪਵਨ ਕੁਮਾਰ ਵਾਸੀ ਰਾਮਾ ਮੰਡੀ, ਮਹੇਸ਼ ਕੁਮਾਰ ਵਾਸੀ ਜੈਪੁਰ ਅਤੇ ਮੁਕੇਸ਼ ਗੁਪਤਾ ਨੂੰ ਕਾਬੂ ਕੀਤਾ ਗਿਆ ਹੈ। ਇਸ ਦੌਰਾਨ ਹੋਟਲ ਵਿੱਚੋਂ ਬਿਨਾਂ ਲਾਇਸੈਂਸ ਤੋਂ ਪਰੋਸੀ ਜਾ ਰਹੀ ਸ਼ਰਾਬ ਵੀ ਬਰਾਮਦ ਹੋਈ ਹੈ। ਪੁਲਿਸ ਨੇ ਮੁਲਜ਼ਮਾਂ ਵਿਰੁੱਧ ਅਨੈਤਿਕ ਤਸਕਰੀ ਰੋਕਥਾਮ ਐਕਟ ਅਤੇ ਐਕਸਾਈਜ਼ ਐਕਟ ਤਹਿਤ ਥਾਣਾ ਕੋਤਵਾਲੀ ਵਿੱਚ ਮੁਕੱਦਮਾ ਨੰਬਰ 82 ਦਰਜ ਕੀਤਾ ਹੈ। ਜਿੱਥੇ ਪੁਲਿਸ ਨੇ ਗਾਹਕਾਂ ਨੂੰ ਹਿਰਾਸਤ ਵਿੱਚ ਲੈ ਲਿਆ ਹੈ, ਉੱਥੇ ਹੀ ਕਥਿਤ ਦੋਸ਼ੀ ਬਲਜਿੰਦਰ ਸਿੰਘ ਬਿੱਲਾ, ਹੈਪੀ ਅਤੇ ਵਿੱਕੀ ਫ਼ਿਲਹਾਲ ਫ਼ਰਾਰ ਦੱਸੇ ਜਾ ਰਹੇ ਹਨ। ਪੁਲਿਸ ਅਧਿਕਾਰੀਆਂ ਅਨੁਸਾਰ ਫ਼ਰਾਰ ਮੁਲਜ਼ਮਾਂ ਦੀ ਗ੍ਰਿਫ਼ਤਾਰੀ ਲਈ ਛਾਪੇਮਾਰੀ ਜਾਰੀ ਹੈ, ਜਿਸ ਤੋਂ ਬਾਅਦ ਕਈ ਹੋਰ ਅਹਿਮ ਖ਼ੁਲਾਸੇ ਹੋਣ ਦੀ ਉਮੀਦ ਹੈ।

# ਸੰਜੀਵ ਕੁਮਾਰ ਸਿੰਗਲਾ ਆੜ੍ਹਤੀ ਐਸੋਸੀਏਸ਼ਨ ਦੇ ਉਪ ਪ੍ਰਧਾਨ ਨਿਯੁਕਤ

ਲਹਿਰਾਗਾਗਾ, 18 ਅਪ੍ਰੈਲ (ਗੁਰਦੀਪ ਸਿੰਘ): ਪਿਛਲੇ ਦਿਨੀ ਸੰਜੀਵ ਕੁਮਾਰ ਸਿੰਗਲਾ ਨੂੰ ਉਨਾਂ ਦੀ ਮਿਹਨਤ ਤੇ ਇਮਾਨਦਾਰੀ ਨੂੰ ਦੇਖਦੇ ਹੋਏ ਆੜ੍ਹਤੀ ਐਸੋਸੀਏਸ਼ਨ ਪੰਜਾਬ ਦਾ ਉਪ ਪ੍ਰਧਾਨ ਨਿਯੁਕਤ



ਕੀਤਾ ਗਿਆ ਹੈ, ਉਹਨਾਂ ਦੀ ਇਸ ਨਿਯੁਕਤੀ ਨਾਲ ਇਲਾਕੇ ਦੇ ਆੜ੍ਹਤੀਆਂ ਵਿੱਚ ਖ਼ੁਸ਼ੀ ਦੀ ਲਹਿਰ ਦੌੜ ਗਈ ਹੈ, ਇਥੇ ਇਹ ਦੱਸਣ ਯੋਗ ਹੈ ਕਿ ਸੰਜੀਵ ਸਿੰਗਲਾ ਲੰਬੇ ਸਮੇਂ ਤੋਂ ਵਪਾਰਕ ਤੇ ਸਮਾਜਿਕ ਗਤੀ ਵਿਧੀਆਂ ਵਿੱਚ ਪੂਰੀ ਸਰਗਰਮੀ ਨਾਲ ਕੰਮ ਕਰ ਰਹੇ ਹਨ, ਉਨ੍ਹਾਂ ਦੀ ਇਮਾਨਦਾਰੀ, ਮਿਹਨਤ ਤੇ ਲਗਨ ਸਦਕਾ ਉਹਨਾਂ ਨੂੰ ਇਹ ਜਿੰਮੇਵਾਰੀ ਦਿੱਤੀ ਗਈ ਹੈ, ਇਸ ਨਿਯੁੱਕਤੀ ਤੇ ਸਿੰਗਲਾ ਨੇ ਗੱਲਬਾਤ ਕਰਦਿਆਂ ਕਿਹਾ ਕਿ ਉਹ ਆਪਣੀ ਜਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਨਾਲ ਨਿਭਾਉਣਗੇ ਅਤੇ ਆੜ੍ਹਤੀਆਂ ਦੇ ਹੱਕਾਂ ਦੀ ਰੱਖਿਆ ਕਰਦੇ ਹੋਏ ਹਰ ਮਸਲੇ ਦਾ ਹੱਲ ਕਰਨ ਦੀ ਕੋਸ਼ਿਸ਼ ਕਰਨਗੇ।

# ਬ੍ਰਾਹਮਣ ਸਭਾ ਅੱਜ ਮਨਾਵੇਗੀ ਭਗਵਾਨ ਪਰਸ਼ੂਰਾਮ ਜੈਯੰਤੀ

ਰਾਮਪੁਰਾ ਫੂਲ,18 ਅਪ੍ਰੈਲ (ਮਨਪ੍ਰੀਤ ਮਿੰਟੂ): ਸ਼ਸਤਰ ਤੇ ਸ਼ਾਸਤਰ ਦੇ ਧਾਰਨੀ, ਭਗਵਾਨ ਵਿਸ਼ਨੂੰ ਜੀ ਦੇ ਛੇਵੇਂ ਅਵਤਾਰ ਭਗਵਾਨ ਪਰਸ਼ੂਰਾਮ ਜੀ ਦਾ ਜਨਮ ਉਤਸਵ 19 ਅਪ੍ਰੈਲ ਨੂੰ ਪੂਰੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਬ੍ਰਾਹਮਣ ਸਭਾ (ਰਜਿ.) ਰਾਮਪੁਰਾ ਫੂਲ ਦੇ ਪ੍ਰਧਾਨ ਸ੍ਰੀ ਗੁਰਤੇਜ ਸ਼ਰਮਾ ਨੇ ਦੱਸਿਆ ਕਿ



ਸਭਾ ਵੱਲੋਂ ਇਸ ਵਾਰ ਜੈਯੰਤੀ ਦੇ ਸਬੰਧ ਵਿੱਚ ਵਿਸ਼ੇਸ਼ ਸਮਾਗਮ ਉਲੀਕੇ ਗਏ ਹਨ। ਪ੍ਰਧਾਨ ਗੁਰਤੇਜ ਸ਼ਰਮਾ ਨੇ ਦੱਸਿਆ ਕਿ ਜੈਯੰਤੀ ਦਾ ਮੁੱਖ ਸਮਾਗਮ ਰਾਮਪੁਰਾ ਫੂਲ ਦੇ ਬੱਸ ਸਟੈਂਡ ਨੇੜੇ ਸਥਿਤ ਮੰਦਰ ਵਿਖੇ ਕਰਵਾਇਆ ਜਾਵੇਗਾ। ਇਸ ਮੌਕੇ ਸਵੇਰ ਤੋਂ ਹੀ ਧਾਰਮਿਕ ਰੀਤੀ-ਰਿਵਾਜਾਂ ਅਨੁਸਾਰ ਪੂਜਾ-ਅਰਚਨਾ ਤੇ ਭਗਵਾਨ ਪਰਸ਼ੂਰਾਮ ਜੀ ਦਾ ਗੁਣਗਾਨ ਕੀਤਾ ਜਾਵੇਗਾ।

ਸਮਾਗਮ ਦੀ ਵਿਸ਼ੇਸ਼ਤਾ ਬਾਰੇ ਦੱਸਦਿਆਂ ਉਨ੍ਹਾਂ ਕਿਹਾ ਕਿ ਸੰਗਤਾਂ ਦੇ ਸਹਿਯੋਗ ਨਾਲ ਇਸ ਸ਼ੁਭ ਦਿਹਾੜੇ 'ਤੇ ਖੁੱਲ੍ਹੇ ਭੰਡਾਰੇ ਦਾ ਪ੍ਰਬੰਧ ਕੀਤਾ ਗਿਆ ਹੈ। ਸਮਾਗਮ ਵਿੱਚ ਪਹੁੰਚਣ ਵਾਲੀ ਹਰ ਸੰਗਤ ਲਈ ਪ੍ਰਸਾਦ ਅਤੇ ਲੰਗਰ ਦੀ ਸੇਵਾ ਨਿਰੰਤਰ ਜਾਰੀ ਰਹੇਗੀ। ਆਪਣੇ ਬਿਆਨ ਵਿੱਚ ਸ਼ਰਮਾ ਜੀ ਨੇ ਦੱਸਿਆ ਕਿ ਭਗਵਾਨ ਪਰਸ਼ੂਰਾਮ ਜੀ ਨੇ ਹਮੇਸ਼ਾ ਅਧਰਮ ਦੇ ਵਿਰੁੱਧ ਆਵਾਜ਼ ਬੁਲੰਦ ਕੀਤੀ ਅਤੇ ਸਮਾਜ ਵਿੱਚ ਨਿਆਂ ਦੀ ਸਥਾਪਨਾ ਕੀਤੀ। ਉਨ੍ਹਾਂ ਦਾ ਜੀਵਨ ਸਾਨੂੰ ਗਿਆਨ ਅਤੇ ਬਹਾਦਰੀ ਦਾ ਸੁਮੇਲ ਬਣਾਉਣ ਦੀ ਪ੍ਰੇਰਨਾ ਦਿੰਦਾ ਹੈ।ਬ੍ਰਾਹਮਣ ਸਭਾ ਰਾਮਪੁਰਾ ਫੂਲ ਵੱਲੋਂ ਸਮੂਹ ਇਲਾਕਾ ਨਿਵਾਸੀਆਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ 19 ਅਪ੍ਰੈਲ ਨੂੰ ਵੱਧ-ਚੜ੍ਹ ਕੇ ਮੰਦਰ ਵਿਖੇ ਨਤਮਸਤਕ ਹੋਣ ਅਤੇ ਭਗਵਾਨ ਪਰਸ਼ੂਰਾਮ ਜੀ ਦਾ ਆਸ਼ੀਰਵਾਦ ਪ੍ਰਾਪਤ ਕਰਨ। ਇਸ ਮੌਕੇ ਸਭਾ ਦੇ ਹੋਰ ਅਹੁਦੇਦਾਰ ਅਤੇ ਮੈਂਬਰ ਵੀ ਪ੍ਰਬੰਧਾਂ ਦੀ ਦੇਖ-ਰੇਖ ਲਈ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹਿਣਗੇ।

# ਵਾਰਡ ਨੰ. 11 'ਚ 68.72 ਲੱਖ ਦੇ ਵਿਕਾਸ ਕਾਰਜਾਂ ਦੀ ਓਐਸਡੀ ਸੁਖਵੀਰ ਸਿੰਘ ਨੇ ਕਰਵਾਈ ਸ਼ੁਰੂਆਤ



ਧੂਰੀ, 18 ਅਪ੍ਰੈਲ (ਰਾਜੇਸ਼ਵਰ ਪਿੰਟੂ, ਅਮਨ ਗਰਗ): ਧੂਰੀ ਸ਼ਹਿਰ ਦੇ ਸਮੁੱਚੇ ਵਿਕਾਸ ਨੂੰ ਨਵੀਂ ਰਫ਼ਤਾਰ ਦਿੰਦਿਆਂ ਵਾਰਡ ਨੰਬਰ 11 ਵਿੱਚ ਲਗਭਗ 68.72 ਲੱਖ ਰੁਪਏ ਦੀ ਲਾਗਤ ਨਾਲ ਹੋਣ ਵਾਲੇ ਵਿਕਾਸ ਕਾਰਜਾਂ ਦੀ ਸ਼ੁਰੂਆਤ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓਐਸਡੀ ਸੁਖਵੀਰ ਸਿੰਘ ਵੱਲੋਂ ਕਰਵਾਈ ਗਈ। ਇਸ ਮੌਕੇ ਉਨ੍ਹਾਂ ਨਾਲ ਮੈਂਬਰ ਵਕਫ਼ ਬੋਰਡ ਡਾ. ਅਨਵਰ ਭਸੌੜ, ਪੰਜਾਬ ਗਊ ਸੇਵਾ ਕਮਿਸ਼ਨ ਦੇ ਚੇਅਰਮੈਨ ਅਸ਼ੋਕ ਲੱਖਾ, ਸਤਿੰਦਰ ਸਿੰਘ ਚੱਠਾ, ਪੁਸ਼ਪਿੰਦਰ ਸ਼ਰਮਾ,ਐਡਵੋਕੇਟ ਹੈਪੀ ਗਰਗ, ਸੰਦੀਪ ਬਾਂਸਲ ਵੀ ਮੌਜੂਦ ਸਨ। ਕਾਰਜਾਂ ਦੀ ਸ਼ੁਰੂਆਤ ਮੌਕੇ ਸੰਬੋਧਨ ਕਰਦਿਆਂ ਓਐਸਡੀ ਸੁਖਵੀਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਹਕੀਕੀ ਰੂਪ ਦਿੱਤਾ ਜਾ ਰਿਹਾ ਹੈ ਤੇ ਧੂਰੀ ਹਲਕੇ ਦੇ ਹਰ ਵਾਰਡ ਵਿੱਚ ਬਿਨਾਂ ਕਿਸੇ ਭੇਦਭਾਵ ਦੇ ਵਿਕਾਸ ਕਾਰਜ ਜੰਗੀ ਪੱਧਰ 'ਤੇ ਜਾਰੀ ਹਨ। ਉਨ੍ਹਾਂ ਦੱਸਿਆ ਕਿ ਵਾਰਡ ਨੰ. 11 ਵਿੱਚ 8 ਗਲੀਆਂ ਬਣਾਉਣ ਦਾ ਕੰਮ ਸ਼ੁਰੂ ਕੀਤਾ ਗਿਆ ਹੈ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਧੂਰੀ ਹਲਕੇ ਦੇ ਵਿਕਾਸ ਲਈ ਖੁੱਲ੍ਹੀਆਂ ਗ੍ਰਾਂਟਾਂ ਜਾਰੀ ਕੀਤੀਆਂ ਗਈਆਂ ਹਨ, ਜਿਸ ਨਾਲ ਇਲਾਕੇ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਬਣਾਉਣ ਲਈ ਵੱਡੇ ਪੱਧਰ 'ਤੇ ਪ੍ਰੋਜੈਕਟ ਚਲਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਇਹ ਫੰਡ ਲੋਕਾਂ ਦੀਆਂ ਲੰਬੇ ਸਮੇਂ ਤੋਂ ਚੱਲ ਰਹੀਆਂ ਸਮੱਸਿਆਵਾਂ ਦਾ ਸਥਾਈ ਹੱਲ ਲੱਭਣ ਵਿੱਚ ਮਦਦਗਾਰ ਸਾਬਤ ਹੋ ਰਹੇ ਹਨ।

# ਲਹਿਰਾਗਾਗਾ ਅਨਾਜ ਮੰਡੀ ਵਿੱਚ ਕਣਕ ਦੀ ਖ਼ਰੀਦ ਸ਼ੁਰੂ; ਕਿਸਾਨਾਂ ਨੂੰ ਸੁਚੱਜੀ ਖ਼ਰੀਦ ਤੇ ਤੁਰੰਤ ਭੁਗਤਾਨ ਦਾ ਭਰੋਸਾ

ਲਹਿਰਾਗਾਗਾ, 18 ਅਪ੍ਰੈਲ (ਰਾਮੇਸ਼ਵਰ ਸ਼ਰਮਾ/ਖੁਸਵਿੰਦਰ ਸ਼ਰਮਾ): ਪੰਜਾਬ ਸਰਕਾਰ ਵੱਲੋਂ ਹਾੜ੍ਹੀ ਸੀਜ਼ਨ ਦੌਰਾਨ ਕਿਸਾਨਾਂ ਦੀ ਫਸਲ ਦੀ ਸੁਚੱਜੀ ਤੇ ਬਿਨਾਂ ਰੁਕਾਵਟ ਖਰੀਦ ਨੂੰ ਯਕੀਨੀ ਬਣਾਉਣ ਲਈ ਅੱਜ ਲਹਿਰਾਗਾਗਾ ਅਨਾਜ ਮੰਡੀ ਵਿੱਚ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਵਲੋਂ ਕਣਕ ਦੀ ਸਰਕਾਰੀ ਖਰੀਦ ਦੀ ਵਿਧੀਵਤ ਸ਼ੁਰੂਆਤ ਕਰਵਾਈ ਗਈ। ਇਸ ਮੌਕੇ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਕਿਸਾਨਾਂ ਦੀ ਭਲਾਈ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਹਰ ਇਕ ਦਾਣੇ ਦੀ ਖਰੀਦ ਯਕੀਨੀ ਬਣਾਈ ਜਾਵੇਗੀ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਕਿਸਾਨਾਂ ਨੂੰ ਮੰਡੀਆਂ ਵਿੱਚ ਕਿਸੇ ਵੀ ਤਰ੍ਹਾਂ ਦੀ ਪਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਖਰੀਦ ਪ੍ਰਕਿਰਿਆ ਨੂੰ ਪੂਰੀ ਪਾਰਦਰਸ਼ਤਾ ਨਾਲ ਅੰਜਾਮ ਦਿੱਤਾ ਜਾਵੇਗਾ।ਇਸ ਮੌਕੇ ਕੈਬਨਿਟ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਬੇਮੌਸਮੀ ਬਰਸਾਤ ਕਰਨ ਇਕ ਤਾਂ ਲਸਟਰ ਲੌਸ ਹੋਇਆ, ਦੂਜਾ ਦਾਣੇ ਦਾ ਸਾਈਜ਼



ਪ੍ਰਭਾਵਿਤ ਹੋਇਆ ਅਤੇ ਤੀਜਾ ਬੱਲੀ ਕਾਲੀ ਹੋਣ ਦੀ ਦਿੱਕਤ ਆਈ ਹੈ। ਕੇਂਦਰ ਸਰਕਾਰ ਫੌਰੀ ਤੌਰ ਉੱਤੇ ਇਹਨਾਂ ਮੁਸ਼ਕਲਾਂ ਸਬੰਧੀ ਰਾਹਤ ਦੇਵੇ, ਜਿਵੇਂ ਕੇਂਦਰ ਨੇ ਰਾਜਸਥਾਨ ਨੂੰ ਰਾਹਤ ਦਿੱਤੀ ਹੈ। ਪੰਜਾਬ ਸਰਕਾਰ ਵੱਲੋਂ 125 ਲੱਖ ਮੀਟ੍ਰਿਕ ਟਨ ਕਣਕ ਖਰੀਦੀ ਜਾਂਦੀ ਹੈ, ਜਿਸ ਵਿੱਚੋਂ ਪੰਜਾਬ ਵਿੱਚ ਸਿਰਫ 8 ਲੱਖ ਮੀਟ੍ਰਿਕ ਟਨ ਕਣਕ ਦੀ ਖਪਤ ਹੁੰਦੀ ਹੈ। 117 ਲੱਖ ਮੀਟ੍ਰਿਕ ਟਨ ਕਣਕ ਪੂਰੇ ਭਾਰਤ ਵਿੱਚ ਭੇਜੀ ਜਾਂਦੀ ਹੈ, ਜਿਹੜੀ ਕਿ ਐੱਫ.ਸੀ. ਆਈ ਦੇ ਮਾਪ ਦੰਡਾਂ ਮੁਤਾਬਕ ਭੇਜਣੀ ਪੈਂਦੀ ਹੈ। ਸਪੈਸ਼ਲਾਂ ਰੁਕਣ ਦਾ ਮਾਮਲਾ ਵੀ ਆਉਂਦਾ ਹੈ ਤੇ ਸੀ.ਸੀ. ਲਿਮਿਟ ਦਾ ਸਾਰਾ ਹਿਸਾਬ ਅਗਲੀ ਫਸਲ ਤੋਂ ਪਹਿਲਾਂ ਕਲੀਅਰ ਕਰਨਾ ਪੈਂਦਾ ਹੈ। ਇਸ ਲਈ ਕੇਂਦਰ ਸਰਕਾਰ ਇਹਨਾਂ ਮਾਪਦੰਡਾਂ ਸਬੰਧੀ ਛੋਟ ਬਾਬਤ ਫੌਰੀ ਰਾਹਤ ਦੇਵੇ ਜਿਵੇਂ ਕਿ ਰਾਜਸਥਾਨ ਨੂੰ ਦਿੱਤੀ ਗਈ ਹੈ। ਕੈਬਨਿਟ ਮੰਤਰੀ ਨੇ ਇਹ ਵੀ ਕਿਹਾ ਕਿ ਵਿਰੋਧੀਆਂ ਵੱਲੋਂ ਕਣਕ ਦੀ ਖਰੀਦ ਸਬੰਧੀ ਤੱਥਹੀਣ ਬਿਆਨਬਾਜ਼ੀ ਕੀਤੀ ਜਾ ਰਹੀ ਹੈ, ਜਿਸ ਵੱਲ ਲੋਕਾਂ ਨੂੰ ਬਿਲਕੁਲ ਧਿਆਨ ਨਹੀਂ ਦੇਣਾ ਚਾਹੀਦਾ। ਉਨ੍ਹਾਂ ਦੱਸਿਆ ਕਿ ਮੰਡੀ ਵਿੱਚ ਲਿਫਟਿੰਗ ਦੇ ਸੁਚੱਜੇ ਪ੍ਰਬੰਧ ਕੀਤੇ ਗਏ ਹਨ ਤਾਂ ਜੋ ਖਰੀਦੀ ਗਈ ਕਣਕ ਦੀ ਤੁਰੰਤ ਲਿਫਟਿੰਗ ਹੋ ਸਕੇ ਅਤੇ ਕਿਸਾਨਾਂ ਨੂੰ ਆਪਣੀ ਵਾਰੀ ਦੀ ਉਡੀਕ ਨਾ ਕਰਨੀ ਪਵੇ। ਇਸ ਦੇ ਨਾਲ ਹੀ ਆੜ੍ਹਤੀਆਂ ਅਤੇ ਖਰੀਦ ਏਜੰਸੀਆਂ ਨੂੰ ਹਦਾਇਤ ਕੀਤੀ ਗਈ ਕਿ ਕਿਸਾਨਾਂ ਦੀ ਫਸਲ ਦੀ ਤੋਲ ਵਿੱਚ ਕੋਈ ਦੇਰੀ ਨਾ ਹੋਵੇ ਤੇ ਸਾਰਾ ਕੰਮ ਸਮੇਂ-ਸਿਰ ਮੁਕੰਮਲ ਕੀਤਾ ਜਾਵੇ।

ਇਸ ਤੋਂ ਇਲਾਵਾ ਮੌਕੇ 'ਤੇ ਤਾਇਨਾਤ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਗਏ ਹਨ ਕਿ ਉਹ ਹਰ ਸਮੱਸਿਆ ਦਾ ਤੁਰੰਤ ਹੱਲ ਕਰਨ ਤੇ ਮੌਕੇ 'ਤੇ ਲਗਾਤਾਰ ਨਿਗਰਾਨੀ ਰੱਖਣ।ਇਸ ਮੌਕੇ ਵੱਖ-ਵੱਖ ਖਰੀਦ ਏਜੰਸੀਆਂ ਦੇ ਨੁਮਾਇੰਦਿਆਂ, ਮੰਡੀ ਬੋਰਡ ਦੇ ਅਧਿਕਾਰੀਆਂ, ਆੜ੍ਹਤੀਆਂ ਅਤੇ ਕਿਸਾਨ ਭਾਰੀ ਗਿਣਤੀ ਵਿੱਚ ਮੌਜੂਦ ਸਨ।

# 41ਵੀ ਕਨਵੋਕੇਸ਼ਨ 'ਚ ਕ੍ਰਿਸ਼ਨਾ ਕਾਲਜ ਰੱਲੀ ਦੀ ਝੰਡੀ

ਬਰੇਟਾ, 18 ਅਪ੍ਰੈਲ (ਵਿਨੋਦ ਸਿੰਗਲਾ): ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿਖੇ ਹੋਈ 41ਵੀ ਕੋਨਵੋਕੇਸ਼ਨ ਵਿਚ ਕ੍ਰਿਸ਼ਨਾ ਕਾਲਜ ਰੱਲੀ ਦੀ ਝੰਡੀ।ਕ੍ਰਿਸ਼ਨਾ ਕਾਲਜ ਰੱਲੀ ਦੇ ਐੱਮ. ਏ. ਹਿਸਟਰੀ ਦੀ ਵਿਦਿਆਰਥਣ ਬੇਅੰਤ ਕੌਰ ਪੁੱਤਰੀ ਹਰਚਰਨ ਸਿੰਘ ਪਿੰਡ ਡਸਕਾ ਨੇ ਪੰਜਾਬ ਦੇ ਤਿੰਨ ਜ਼ਿਲ੍ਹੇ ਮਾਨਸਾ,



ਬਠਿੰਡਾ, ਸੰਗਰੂਰ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕੀਤਾ ਹੈ।ਪੰਜਾਬੀ ਯੂਨੀਵਰਸਿਟੀ ਪਟਿਆਲਾ ਵਲੋਂ ਅਯੋਜਿਤ 41ਵੀ ਕਨਵੋਕੇਸ਼ਨ ਵਿਚ ਵਿਦਿਆਰਥਣ ਨੇ ਪੰਜਾਬੀ ਯੂਨੀਵਰਸਿਟੀ, ਪਟਿਆਲਾ ਦੇ ਚਾਂਸਲਰ ਗੁਲਾਬ ਚੰਦ ਕਟਾਰੀਆ ਅਤੇ ਪੰਜਾਬੀ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਜਗਦੀਪ ਸਿੰਘ ਹੋਰਾਂ ਵਲੋਂ ਡਿਗਰੀ ਤੇ ਚਾਂਦੀ ਤਗਮਾ ਪ੍ਰਾਪਤ ਕੀਤਾ।ਕਾਲਜ ਵਿੱਚ ਪਹੁੰਚਣ ਤੇ ਵਿਦਿਆਰਥਣ ਦਾ ਕਾਲਜ ਦੀ ਮੈਨਜਮੈਂਟ ਵਲੋਂ ਸਵਾਗਤ ਕੀਤਾ ਗਿਆ।ਇਸ ਮੌਕੇ ਕਾਲਜ ਦੇ ਮੈਨੇਜਮੈਂਟ ਕਮੇਟੀ ਵੱਲੋਂ ਡਾਇਰੈਕਟਰ ਕਮਲ ਸਿੰਗਲਾ, ਚੇਅਰਮੈਨ ਪ੍ਰੀਤਇੰਦਰ ਸਿੰਘ ਚਾਹਲ ਤੇ ਪ੍ਰਧਾਨ ਡਾ ਵਿਜੈ ਸਿੰਗਲਾ ਵੱਲੋਂ ਭਾਗ ਲੈਣ ਵਾਲੀ ਵਿਦਿਆਰਥਣ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ।

# ਕਿਸਾਨ ਯੂਨੀਅਨ ਖੋਸਾ ਨੇ ਕਣਕ ਦੀ ਖਰੀਦ ਸ਼ੁਰੂ ਕਰਵਾਈ



ਅਰਨੋ, 18 ਅਪ੍ਰੈਲ (ਕਰਮਵੀਰ ਸਿੰਘ): ਸਰਕਾਰ ਪਹਿਲੀ ਅਪ੍ਰੈਲ ਤੋਂ ਕਣਕ ਦੀ ਖਰੀਦ ਸ਼ੁਰੂ ਕਰਨ ਦੇ ਦਾਅਵੇ ਕਰ ਰਹੀ ਹੈ ਪਰ ਮੰਡੀਆ 'ਚ ਲੱਗੇ ਕਣਕ ਦੇ ਅੰਬਾਰ ਡੈਰ ਜ਼ਮੀਨੀ ਹਕੀਕਤ ਕੁਝ ਹੋਰ ਹੀ ਬਿਆਨ ਕਰ ਰਹੇ ਹਨ। ਸ਼ੁਤਰਾਣਾ ਦੇ ਖਰੀਦ ਕੇਂਦਰ 'ਚ ਸੰਯੁਕਤ ਕਿਸਾਨ ਮੋਰਚਾ ਖੋਸਾ ਰਾਜਨੀਤਕ ਵੱਲੋਂ ਸ਼ੁੱਕਰਵਾਰ ਨੂੰ ਵੱਡੇ ਪੱਧਰ ਤੇ ਰੋਸ ਪ੍ਰਦਰਸ਼ਨ ਕਰਨ ਦੇ ਦਬਾਅ ਦੇ ਚਲਦਿਆ ਖਰੀਦ ਏਜੰਸੀਆ ਵੱਲੋ ਕਣਕ ਦੀ ਖਰੀਦ ਸ਼ੁਰੂ ਕਰ ਦਿੱਤੀ ਗਈ ਹੈ। ਵੱਡੀ ਗਿਣਤੀ 'ਚ ਇਕੱਤਰ ਕਿਸਾਨਾ ਸਮੇਤ ਅਨਾਜ ਮੰਡੀ ਸ਼ੁਤਰਾਣਾ ਪੁੱਜੇ ਭਾਰਤੀ ਕਿਸਾਨ ਯੂਨੀਅਨ ਖੋਸਾ ਦੇ ਜ਼ਿਲ੍ਹਾ ਪ੍ਰਧਾਨ ਬਲਜੀਤ ਸਿੰਘ ਸ਼ੇਰਗੜ੍ਹ ਨੇ ਕਿਹਾ ਕਿ ਪੰਜਾਬ ਸਰਕਾਰ ਸਿਰਫ਼ ਅਖਬਾਰੀ ਬਿਆਨਾ 'ਚ ਇਕ ਅਪ੍ਰੈਲ ਤੋਂ ਕਣਕ ਦੀ ਖਰੀਦ ਸ਼ੁਰੂ ਕਰਨ ਦੀ ਬਿਆਨ ਬਾਜ਼ੀ ਕਰ ਰਹੀ ਹੈ ਪਰ ਹਲਕੇ ਦੀ ਕਿਸੇ ਮੰਡੀ 'ਚ ਇਕ ਥੈਲਾ ਵੀ ਨਹੀ ਭਰਿਆ ਗਿਆ, ਕਿਸਾਨ ਮੰਡੀਆ ਵਿੱਚ ਪਿਛਲੇ ਦੋ ਹਫ਼ਤਿਆ ਤੋਂ ਰੁੱਲ ਰਿਹਾ ਹੈ ਜਦਕਿ ਹਰਿਆਣਾ ਵਿੱਚ ਨਿਰੰਤਰ ਖਰੀਦ ਕੀਤੀ ਜਾ ਰਹੀ ਹੈ। ਉਨਾ ਦੱਸਿਆ ਕਿ ਜੇਕਰ ਕਣਕ ਦੀ ਖਰੀਦ ਸ਼ੁਰੂ ਨਹੀ ਹੁੰਦੀ ਤਾ ਯੂਨੀਅਨ ਵੱਲੋਂ ਪੰਜਾਬ ਪੱਧਰ ਤੇ ਰੋਸ ਪ੍ਰਦਰਸ਼ਨ ਦਰਸ਼ਨ ਕਰਨ ਦੀ ਤਿਆਰੀ ਕੀਤੀ ਜਾ ਰਹੀ ਹੈ। ਇਸ ਦੌਰਾਨ ਮਾਰਕੀਟ ਕਮੇਟੀ ਦੇ ਕਰਮਚਾਰੀਆ ਵੱਲੋਂ ਖ਼ਰੀਦ ਸ਼ੁਰੂ ਕਰਵਾ ਦਿੱਤੀ ਗਈ ਹੈ।

ਇਸ ਮੌਕੇ ਇੰਸਪੈਕਟਰ ਰਵਿੰਦਰ ਸਿੰਘ ਸਿੱਧੂਰਨੇ ਆਖਿਆ ਕਿ ਖਰੀਦ ਨਾ ਹੋਣ ਦੀ ਸਮਸਿਆ ਬੇਮੌਸਮੀ ਬਾਰਿਸ਼ ਅਤੇ ਗੜ੍ਹੇਮਾਰੀ ਕਾਰਨ ਕਣਕ ਦੇ ਰੰਗ ਦੀ ਗੁਣਵੱਤਾ ਤੇ ਦਾਣਾ ਮਾਜੂ ਪੈਣ ਕਾਰਨ ਆਈ ਹੈ। ਕੇਂਦਰੀ ਕਣਕ ਖਰੀਦ ਮਾਪਦੰਤ ਵਿਚ ਢਿੱਲ ਦੇਣ ਲਈ ਪੰਜਾਬ ਸਰਕਾਰ ਵੱਲੋਂ ਸੈਂਪਲ ਭੇਜੇ ਗਏ ਹਨ। ਕੇਂਦਰ ਤੋਂ ਮਨਜੂਰੀ ਮਿਲਣ ਉਪਰੰਤ ਸਭ ਕੁਝ ਆਮ ਵਾਗ ਹੋ ਜਾਵੇਗਾ ਤੇ ਸਰਕਾਰ ਕਿਸਾਨਾ ਦਾ ਦਾਣਾ ਦਾਣਾ ਖਰੀਦਣ ਲਈ ਤਿਆਰ ਹੈ। ਇਸ ਮੌਕੇ ਕਿਸਾਨ ਜ਼ਿਲ੍ਹਾ ਪ੍ਰਧਾਨ ਬਲਜੀਤ ਸਿੰਘ ਸ਼ੇਰਗੜ੍ਹ ਜ਼ਿਲ੍ਹਾ ਪ੍ਰੈਸ ਸਕੱਤਰ ਯੁਵਰਾਜ ਸਿੰਘ ਬਾਠ ਬਲਾਕ ਪ੍ਰਧਾਨ ਜੋਗਿੰਦਰ ਸਿੰਘ ਸ਼ੁਤਰਾਣਾ ਪ੍ਰਧਾਨ ਜਸਵੰਤ ਸਿੰਘ ਰਸੌਲੀ ਪ੍ਰਧਾਨ ਮਹਿੰਦਰ ਸਿੰਘ ਜੈਖਰ ਪ੍ਰਧਾਨ ਸੁਖਵਿੰਦਰ ਸਿੰਘ ਗੁਲਾੜ ਪ੍ਰਧਾਨ ਸੁੱਚਾ ਜੋਗੇਵਾਲਾ ਪ੍ਰਧਾਨ ਕੁਲਵਿੰਦਰ ਸਿੰਘ ਸ਼ੁਤਰਾਣਾ ਪ੍ਰਧਾਨ ਕੁਲਦੀਪ ਸਿੰਘ ਗਲੋਲੀ ਪ੍ਰਧਾਨ ਮਲਕੀਤ ਸਿੰਘ ਸ਼ੇਰਗੜ੍ਹ ਲਖਵਿੰਦਰ ਸਿੰਘ, ਸੁਖਵਿੰਦਰ ਸਿੰਘ, ਸੁੱਖਾ ਸਿੰਘ ਮੱਲੀ, ਸੁੱਖਦੇਵ ਸਿੰਘ ਨੰਬਰਦਾਰ, ਚੰਨਣ ਸਿੰਘ, ਸਤਨਾਮ ਸਿੰਘ, ਜਰਨੈਲ ਸਿੰਘ ਹਾਜ਼ਰ ਸਨ।

# ਨੌਜਵਾਨਾਂ ਨੂੰ ਸਹੀ ਸੇਧ ਦੇਣ ਲਈ ਬੱਲ੍ਹੋ ਦੀ ਲਾਇਬ੍ਰੇਰੀ ਇੱਕ ਮਿਸਾਲ : ਚੇਅਰਮੈਨ ਜੀਦਾ

ਬਠਿੰਡਾ, 18 ਅਪ੍ਰੈਲ (ਜਗਸੀਰ ਭੁੱਲਰ): ਪਿੰਡਾਂ ਦੇ ਸਰਬਪੱਖੀ ਵਿਕਾਸ ਤੇ ਨੌਜਵਾਨੀ ਨੂੰ ਸਹੀ ਸੇਧ ਦੇਣ ਦੇਣ ਦੇ ਮਕਸਦ ਨਾਲ ਚਲਾਈਆਂ ਜਾ ਰਹੀਆਂ ਮੁਹਿੰਮਾਂ ਦੀ ਲੜੀ ਤਹਿਤ ਸ਼ੁਗਰਫੈਡ ਪੰਜਾਬ ਦੇ ਚੇਅਰਮੈਨ ਨਵਦੀਪ ਸਿੰਘ ਜੀਦਾ ਵਿਸੇਸ ਤੌਰ ਤੇ ਪਿੰਡ ਬੱਲ੍ਹੋ ਵਿਖੇ ਪਹੁੰਚੇ। ਇਸ ਦੌਰਾਨ ਉਨਾਂ ਨੇ ਪਿੰਡ ਵਿੱਚ ਸਥਾਪਿਤ ਯੂਥ ਲਾਇਬਰੇਰੀ ਦਾ ਦੌਰਾਂ



ਕੀਤਾ ਅਤੇ ਉੱਥੇ ਉਪਲਬਧ ਸਹੂਲਤਾਂ ਦਾ ਜਾਇਜਾਂ ਲਿਆ। ਯੂਥ ਲਾਇਬਰੇਰੀ ਦੇ ਸੁਚੱਜੇ ਪ੍ਰਬੰਧਾਂ ਨੂੰ ਵੇਖਦਿਆਂ ਚੇਅਰਮੈਨ ਨਵਦੀਪ ਸਿੰਘ ਜੀਦਾ ਨੇ ਕਿਹਾ ਕਿ ਅਜਿਹੇ ਉਪਰਾਲੇ ਸਮੇ ਦੀ ਮੁੱਖ ਲੋੜ ਹਨ ਤਾਂ ਜੋ ਨੌਜਵਾਨ ਪੀੜ੍ਹੀ ਨੂੰ ਕਿਤਾਬਾਂ ਨਾਲ ਜੋੜ ਕੇ ਨਸਿਆਂ ਵਰਗੀਆਂ ਸਮਾਜਿਕ ਬੁਰਾਈਆਂ ਤੋਂ ਦੂਰ ਰੱਖਿਆ ਜਾ ਸਕੇ। ਉਨਾਂ ਨੇ ਤਰਨਜੋਤ ਵੈਲਫੇਅਰ ਸੁਸਾਇਟੀ ਤੇ ਗ੍ਰਾਮ ਪੰਚਾਇਤ ਵੱਲੋਂ ਸਾਂਝੇ ਤੌਰ ਤੇ ਚਲਾਈਆ ਜਾ ਰਹੀਆਂ ਲੋਕ ਭਲਾਈ ਸਕੀਮਾਂ ਦੀ ਭਰਭੂਰ ਸਲਾਘਾ ਕਰਦਿਆਂ ਕਿਹਾ ਕਿ ਜੇਕਰ ਹਰ ਪਿੰਡ ਦੀ ਪੰਚਾਇਤ ਅਤੇ ਸਥਾਨਕ ਸੰਸਥਾਵਾਂ ਇਸੇ ਤਰਾਂ ਤਨਦੇਹੀ ਨਾਲ ਕੰਮ ਕਰਨ ਤਾਂ ਪੰਜਾਬ ਦੇ ਪਿੰਡਾਂ ਦੀ ਨੁਹਾਰ ਬਦਲਣ ਵਿੱਚ ਦੇਰ ਨਹੀ ਲੱਗੇਗੀ। ਚੇਅਰਮੈਨ ਜੀਦਾ ਨੇ ਪੰਜਾਬ ਸਰਕਾਰ ਤਰਫੋ ਪਿੰਡਾਂ ਵਿੱਚ ਖੋਲੀਆਂ ਗਈਆਂ ਲਾਇਬਰੇਰੀਆਂ ਇੱਕ ਸਿਹਤਮੰਦ ਸਮਾਜ ਦੀ ਸਿਰਜਣਾ ਵੱਲ ਵੱਡਾ ਕਦਮ ਹਨ ਅਤੇ ਨੌਜਵਾਨਾਂ ਨੂੰ ਕਿਤਾਬਾਂ ਨਾਲ ਜੋੜਨ ਲਈ ਪ੍ਰੇਰਿਤ ਕਰਦੀਆਂ ਹਨ।

ਇਸ ਮੌਕੇ ਤਰਨਜੋਤ ਵੈਲਫੇਅਰ ਸੁਸਾਇਟੀ ਬੱਲ੍ਹੋ ਦੇ ਪ੍ਰਬੰਧਕਾਂ ਵੱਲੋ ਚੇਅਰਮੈਨ ਨਵਦੀਪ ਸਿੰਘ ਜੀਦਾ ਦਾ ਨਿੱਘਾ ਸਵਾਗਤ ਕੀਤਾ ਗਿਆ ਤੇ ਸੰਸਥਾ ਵੱਲੋ ਉਨਾਂ ਦੇ ਲੋਕ ਪੱਖੀ ਕਾਰਜਾਂ ਅਤੇ ਪਿੰਡ ਪਹੁੰਚਣ ਤੇ ਉਨਾਂ ਨੂੰ ਸਿਰੋਪਾ ਭੇਟ ਕਰਕੇ ਵਿਸੇਸ ਤੌਰ 'ਤੇ ਸਨਮਾਨਿਤ ਕੀਤਾ ਗਿਆ। ਸੰਸਥਾਂ ਦੇ ਸਲਾਹਕਾਰ ਭੁਪਿੰਦਰ ਸਿੰਘ ਜਟਾਣਾ ਨੇ ਚੇਅਰਮੈਨ ਨਵਦੀਪ ਸਿੰਘ ਜੀਦਾ ਨੂੰ ਪਿੰਡ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਤੇ ਭੱਵਿਖ ਦੀਆਂ ਯੋਜਨਾਵਾਂ ਬਾਰੇ ਵਿਸਥਾਰ ਵਿੱਚ ਜਾਣਕਾਰੀ ਦਿੱਤੀ। ਲਾਇਬਰੇਰੀ ਦੇ ਪਾਠਕਾਂ ਲਈ ਚਲਾਈਆਂ ਜਾ ਰਹੀਆ ਸਕੀਮਾਂ ਦਾ ਵਿਸੇਸ ਜਿਕਰ ਕੀਤਾ ਗਿਆ। ਇਸ ਮੌਕੇ ਡਾਕਟਰ ਰਾਘਵ ਸ਼ਰਮਾ ਲਾਇਬਰੇਰੀਅਨ ਰਾਜਵਿੰਦਰ ਕੌਰ ਕੰਪਿਊਟਰ ਟੀਚਰ ਰਸਪ੍ਰੀਤ ਸਿੰਘ ਅਤੇ ਪਿੰਡ ਦੇ ਪਤਵੰਤੇ ਸੱਜਣ ਤੇ ਸੁਸਾਇਟੀ ਦੇ ਮੈਬਰ ਹਾਜਰ ਸਨ।

# ਭਾਜਪਾ ਆਗੂ ਦਮਨ ਬਾਜਵਾ ਨੇ ਨਗਰ ਕੌਂਸਲ ਦੀ ਸੂਚੀਆਂ ਨਾ ਦੇਣ ਦੇ ਦੋਸ਼

ਸੁਨਾਮ, 18 ਅਪ੍ਰੈਲ (ਮੋਹਣ ਸ਼ਰਮਾ/ਰਾਊਵਰਿੰਦਰ ਮਠਾੜੂ): ਸੁਨਾਮ ਉਧਮ ਸਿੰਘ



ਵਾਲਾ ਵਿਖੇ ਆਉਣ ਵਾਲੀਆਂ ਨਗਰ ਕੌਂਸਲ ਚੋਣਾਂ ਨੂੰ ਮੁੱਖ ਰੱਖਦਿਆਂ ਵੋਟਰ ਸੂਚੀਆਂ ਜਾਰੀ ਨਾ ਕਰਨ ਦੇ ਮਾਮਲੇ ਨੂੰ ਲੈ ਕੇ ਭਾਜਪਾ ਆਗੂ ਦਾਮਨ ਬਾਜਵਾ ਤੇ ਹਰਮਨ ਬਾਜਵਾ ਨਗਰ ਕੌਂਸਲ ਦਫ਼ਤਰ ਪਹੁੰਚੇ। ਇਸ ਮੌਕੇ ਦਾਮਨ ਬਾਜਵਾ ਤੇ ਹਰਮਨਦੇਵ ਬਾਜਵਾ ਨੇ ਦੋਸ਼ ਲਗਾਇਆ ਕਿ ਨਗਰ ਕੌਂਸਲ ਵੱਲੋਂ ਇੰਤਜ਼ਾਰ (ਆਬਜੈਕਸ਼ਨ) ਲਈ ਵੋਟਰ ਸੂਚੀਆਂ ਨਹੀਂ ਦਿੱਤੀਆਂ ਜਾ ਰਹੀਆਂ, ਜਿਸ ਕਾਰਨ ਆਮ ਲੋਕਾਂ ਨੂੰ ਕਾਫ਼ੀ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਨਗਰ ਕੌਂਸਲ ਦੇ ਈਓ ਨਾ ਤਾ ਫੋਨ ਚੱਕ ਰਹੇ ਹਨ ਅਤੇ ਨਾ ਹੀ ਨਗਰ ਕੌਂਸਲ ਵਿੱਚ ਹਾਜ਼ਰ ਹਨ। ਆਪਣੇ ਵਿਰੋਧ ਦੇ ਤੌਰ 'ਤੇ ਆਗੂਆਂ ਨੇ ਈਓ ਦੀ ਤਸਵੀਰ ਦਿਖਾਉਂਦੇ ਹੋਏ ਕਿਹਾ ਕਿ ਇੱਕ ਪਾਸੇ ਲੋਕ ਵੋਟਰ ਸੂਚੀਆਂ ਲਈ ਭਟਕ ਰਹੇ ਹਨ, ਜਦਕਿ ਸੰਬੰਧਿਤ ਅਧਿਕਾਰੀ ਗਾਇਬ ਹਨ। ਉਨ੍ਹਾਂ ਨੇ ਇਸ ਸਥਿਤੀ ਨੂੰ ਮੌਜੂਦਾ ਪੰਜਾਬ ਸਰਕਾਰ ਨਾਲ ਮਿਲੀਭੁਗਤ ਕਰਾਰ ਦਿੰਦਿਆਂ ਕਿਹਾ ਕਿ ਜੇ ਇਸ ਤਰ੍ਹਾਂ ਲੋਕਤੰਤਰ ਦਾ ਘਾਣ ਕੀਤਾ ਜਾਵੇਗਾ ਤਾਂ ਸਰਕਾਰ ਸਿੱਧੇ ਹੀ ਆਪਣੇ ਮਨਪਸੰਦ ਐਮ.ਸੀ. ਨਿਯੁਕਤ ਕਰ ਦੇਵੇ।

ਵੋਟਰ ਸੂਚੀਆਂ ਪ੍ਰਾਪਤ ਕਰਨ ਲਈ ਦਾਮਨ ਬਾਜਵਾ ਤੇ ਹਰਮਨ ਬਾਜਵਾ ਨੇ ਸੰਘਰਸ਼ ਜਾਰੀ ਰੱਖਦਿਆਂ ਐਸ.ਡੀ.ਐਮ. ਦਫ਼ਤਰ ਵਿੱਚ ਸਬੰਧਤ ਅਧਿਕਾਰੀਆਂ ਨਾਲ ਵੀ ਗੱਲਬਾਤ ਕੀਤੀ ਤੇ ਜ਼ਰੂਰਤ ਪੈਣ 'ਤੇ ਧਰਨਾ ਦੇਣ ਦੀ ਚੇਤਾਵਨੀ ਦਿੱਤੀ। ਇਸ ਦੇ ਬਾਅਦ ਕੁਝ ਸਮੇਂ ਵਿੱਚ ਹੀ ਨਗਰ ਕੌਂਸਲ ਵੱਲੋਂ ਵੋਟਰ ਸੂਚੀਆਂ ਜਾਰੀ ਕਰ ਦਿੱਤੀਆਂ ਗਈਆਂ। ਹਾਲਾਂਕਿ, ਇਸ ਦੌਰਾਨ ਵੀ ਨਗਰ ਕੌਂਸਲ ਦੇ ਈਓ ਮੌਕੇ 'ਤੇ ਮੌਜੂਦ ਨਹੀਂ ਮਿਲੇ, ਜਿਸ 'ਤੇ ਆਗੂਆਂ ਨੇ ਵਿਲੱਖਣ ਢੰਗ ਨਾਲ ਵਿਰੋਧ ਦਰਜ ਕਰਵਾਉਂਦੇ ਹੋਏ ਅਧਿਕਾਰੀ ਦੇ 'ਲਾਪਤਾ' ਹੋਣ ਦੇ ਪੋਸਟਰ ਦਿਖਾਏ ਅਤੇ ਪ੍ਰਸ਼ਾਸਨ ਤੋਂ ਜਵਾਬਦੇਹੀ ਦੀ ਮੰਗ ਕੀਤੀ।

ਉਨ੍ਹਾਂ ਨੇ ਚੇਤਾਵਨੀ ਦਿੱਤੀ ਕਿ ਜੇ ਭਵਿੱਖ ਵਿੱਚ ਇਸ ਤਰ੍ਹਾਂ ਦੀ ਲਾਪਰਵਾਹੀ ਜਾਰੀ ਰਹੀ ਤਾਂ ਵੱਡੇ ਪੱਧਰ 'ਤੇ ਸੰਘਰਸ਼ ਕੀਤਾ ਜਾਵੇਗਾ। ਇਸ ਮੌਕੇ ਬੀਜੇਪੀ ਸਾਬਕਾ ਕੌਸਲਰ ਮੋਨਿਕਾ ਗੋਇਲ, ਕਾਂਗਰਸੀ ਸਾਬਕਾ ਕੌਸਲਰ ਮਨਪ੍ਰੀਤ ਵੜੈਚ ਵੀ ਹਾਜ਼ਰ ਰਹੇ।

# ਮੋਹਤਬਰਾਂ ਵੱਲੋਂ ਤਹਿਸੀਲਦਾਰ ਤੇ ਕਾਨੂੰਗੋ ਦਾ ਸਨਮਾਨ



ਸੁਨਾਮ ਊਧਮ ਸਿੰਘ ਵਾਲਾ, 18 ਅਪ੍ਰੈਲ (ਮੋਹਣ ਸ਼ਰਮਾ ਰਾਊਵਰਿੰਦਰ ਮਠਾੜੂ): ਗ੍ਰਾਮ ਪੰਚਾਇਤ ਸ਼ਾਹਪੁਰ ਕਲਾਂ ਦੇ ਮੋਹਤਬਰ ਵਿਅਕਤੀਆਂ ਵੱਲੋਂ ਤਹਿਸੀਲ ਸੁਨਾਮ ਊਧਮ ਸਿੰਘ ਵਾਲਾ ਵਿੱਚ ਨਵ-ਨਿਯੁਕਤ ਤਹਿਸੀਲਦਾਰ ਅਮਿਤ ਕੁਮਾਰ ਦਾ ਪਦਉਨਤੀ ਉਪਰੰਤ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ। ਇਸ ਮੌਕੇ ਫੀਲਡ ਕਾਨੂੰਗੋ ਚੀਮਾ ਦਵਿੰਦਰ ਪਾਲ ਸਿੰਘ ਨੂੰ ਵੀ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਸਮਾਗਮ ਦੌਰਾਨ ਵਕਤਾਵਾਂ ਨੇ ਅਮਿਤ ਕੁਮਾਰ ਦੀ ਇਮਾਨਦਾਰ ਤੇ ਮਿਹਨਤੀ ਸੇਵਾਵਾਂ ਦੀ ਸਰਾਹਨਾ ਕਰਦੇ ਹੋਏ ਕਿਹਾ ਕਿ ਉਹ ਪਹਿਲਾਂ ਕਾਨੂੰਗੋ ਤੇ ਨਾਇਬ ਤਹਿਸੀਲਦਾਰ ਵਜੋਂ ਵੀ ਬੇਹਤਰੀਨ ਸੇਵਾਵਾਂ ਨਿਭਾ ਚੁੱਕੇ ਹਨ ਅਤੇ ਇਲਾਕੇ ਵਿੱਚ ਉਨ੍ਹਾਂ ਦੀ ਚੰਗੀ ਪਹਿਚਾਣ ਹੈ।

ਅਮਿਤ ਕੁਮਾਰ ਨੇ ਇਸ ਮੌਕੇ ਸਭ ਦਾ ਧੰਨਵਾਦ ਕਰਦੇ ਹੋਏ ਭਰੋਸਾ ਦਿਵਾਇਆ ਕਿ ਤਹਿਸੀਲ ਵਿੱਚ ਆਉਣ ਵਾਲੇ ਲੋਕਾਂ ਦੇ ਕੰਮ ਪਾਰਦਰਸ਼ੀ ਤੇ ਬਿਨਾਂ ਕਿਸੇ ਦਿੱਕਤ ਦੇ ਨਿਪਟਾਏ ਜਾਣਗੇ। ਇਸ ਮੌਕੇ ਹੰਸਰਾਜ ਸਿੰਘ (ਸੇਵਾ ਮੁਕਤ ਕਾਨੂੰਗੋ), ਲਖਵੀਰ ਸਿੰਘ ਲੱਖੀ (ਸਰਪੰਚ ਸ਼ਾਹਪੁਰ ਕਲਾਂ), ਐਡਵੋਕੇਟ ਗੋਬਿੰਦ ਸਿੰਘ ਗੋਪੀ, ਮੋਹਨ ਲਾਲ ਸੇਠ (ਜ਼ਿਲਾ ਪ੍ਰਧਾਨ, ਅੱਗਰਵਾਲ ਸਭਾ ਸੰਗਰੂਰ), ਲੈਕਚਰਾਰ ਮਲਕੀਅਤ ਸਿੰਘ ਗਾਂਧੀ, ਪੰਡਿਤ ਭੀਮ ਸੈਨ, ਹਰਦੀਪ ਸਿੰਘ ਪੰਚ, ਗੁਰਭੇਜ ਸਿੰਘ ਪੰਚ ਤੇ ਹੋਰ ਪਿੰਡ ਦੇ ਪਤਵੰਤੇ ਸੱਜਣ ਹਾਜ਼ਰ ਸਨ।

# ਕੇਂਦਰ ਵੱਲੋਂ ਕਣਕ ਖ਼ਰੀਦ 'ਚ ਦਿੱਤੀਆਂ ਰਿਆਇਤਾਂ ਸਵਾਗਤ

ਭਗਤਾ ਭਾਈ ਕਾ, 18 ਅਪ੍ਰੈਲ (ਸਵਰਨ ਸਿੰਘ ਭਗਤਾ): ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਬਠਿੰਡਾ ਦਿਹਾਤੀ ਗੁਰਪ੍ਰੀਤ ਸਿੰਘ ਮਲੂਕਾ ਨੇ ਕੇਂਦਰ ਸਰਕਾਰ ਵੱਲੋਂ ਬੇਮੌਸਮੀ ਬਾਰਿਸ਼ ਨਾਲ ਕਣਕ ਦੇ ਹੋਏ ਖਰਾਬੇ ਤੋਂ ਰਾਹਤ ਦੇਣ ਲਈ ਖਰੀਦ 'ਚ ਦਿੱਤੀ ਰਿਆਇਤ ਦਾ ਸਵਾਗਤ ਕਰਦਿਆਂ ਮਲੂਕਾ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕੇ



ਬੇਮੌਸਮੇ ਮੀਂਹ ਨਾਲ ਲੱਖਾਂ ਕਿਸਾਨ ਪ੍ਰਭਾਵਿਤ ਹੋਏ ਹਨ ਵੱਡੀ ਮਾਤਰਾ 'ਚ ਕਣਕ ਦੀ ਪੱਕੀ ਹੋਈ ਫ਼ਸਲ ਦਾ ਦਾਣਾ ਬਦਰੰਗਾ ਹੋ ਗਿਆ, ਕਿਸਾਨਾਂ ਦੀ ਮੰਡੀ 'ਚ ਆਈ ਹੋਈ ਬਦਰੰਗੀ ਫ਼ਸਲ ਨੂੰ ਖਰੀਦਣ ਵਿੱਚ ਖਰੀਦ ਏਜੰਸੀਆਂ ਆਨਾਕਾਨੀ ਕਰ ਰਹੀਆਂ ਸਨ ਕਿਸਾਨ ਹਿਤੈਸ਼ੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਕੇਂਦਰੀ ਮੰਤਰੀ ਪ੍ਰਲਹਾਦ ਜੋਸ਼ੀ ਨੇ ਪੱਤਰ ਜਾਰੀ ਕਰਕੇ 70 ਫੀਸਦੀ ਬਦਰੰਗ ਤੇ 15 ਫੀਸਦੀ ਸੁੰਗੜ ਚੁੱਕੀ ਫ਼ਸਲ ਨੂੰ ਤਰੁੰਤ ਪੂਰੀ ਕੀਮਤ ਤੇ ਖਰੀਦ ਕਰਨ ਸਬੰਧੀ ਨਿਰਦੇਸ਼ ਜਾਰੀ ਕੀਤੇ ਹਨ। ਮਲੂਕਾ ਨੇ ਕਿਹਾ ਕਿ ਕੇਂਦਰ ਸਰਕਾਰ ਦਾ ਇਹ ਫੈਸਲਾ ਸ਼ਲਾਘਾਯੋਗ ਹੈ ਇਸ ਨਾਲ ਲੱਖਾਂ ਕਿਸਾਨਾਂ ਨੂੰ ਰਾਹਤ ਮਿਲੇਗੀ, ਉਨ੍ਹਾਂ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਕਿਸਾਨੀ ਨੂੰ ਲੈ ਕੇ ਹਮੇਸ਼ਾ ਫਿਕਰਮੰਦ ਰਹਿੰਦੇ ਹਨ ਤੇ ਕਿਸਾਨੀ ਮੁਸ਼ਕਿਲਾਂ ਦੇ ਹੱਲ ਲਈ ਉਪਰਾਲੇ ਕਰਦੇ ਹਨ।ਸੂਬਾ ਸਰਕਾਰ ਤੇ ਕਿਸੇ ਵੀ ਮਸਲੇ ਨੂੰ ਸਮੇ ਸਿਰ ਹੱਲ ਨਾ ਕਰਨ ਦੇ ਦੋਸ਼ ਲਾਉਂਦਿਆਂ ਮਲੂਕਾ ਨੇ ਕਿਹਾ ਕੇ ਫ਼ਸਲਾਂ ਦੀ ਖਰੀਦ ਦੇ ਇੰਤਜਾਮ ਹੋਣ ਜਾਂ ਕਿਸਾਨਾਂ ਨੂੰ ਮੁਆਵਜੇ ਦੇ ਮਾਮਲੇ ਹੋਣ ਸੂਬਾ ਸਰਕਾਰ ਨੇ ਕਦੇ ਵੀ ਸਮਾਂ ਰਹਿੰਦਿਆਂ ਕੋਈ ਠੋਸ ਕਦਮ ਨਹੀਂ ਚੁੱਕੇ। ਮਲੂਕਾ ਨੇ ਕਿਹਾ ਕਿ ਕਣਕ ਦੀ ਫ਼ਸਲ ਦੇ ਖਰਾਬੇ ਬਾਰੇ ਗੁਆਂਢੀ ਰਾਜ ਰਾਜਸਥਾਨ ਤੇ ਹਰਿਆਣਾ ਨੇ ਸਮਾਂ ਰਹਿੰਦੇ ਕੇਂਦਰ ਸਰਕਾਰ ਤੱਕ ਪਹੁੰਚ ਕੀਤੀ ਤੇ ਉਨ੍ਹਾਂ ਨੂੰ ਤਰੁੰਤ ਰਾਹਤ ਦਿੱਤੀ ਗਈ। ਮਲੂਕਾ ਨੇ ਦੋਸ਼ ਲਾਉਂਦਿਆਂ ਕਿਹਾ ਕਿ ਇਸ ਤੋਂ ਪਹਿਲਾਂ ਪਿਛਲੇ ਸਾਲ ਹੜ੍ਹਾਂ ਨਾਲ ਹੋਏ ਨੁਕਸਾਨ ਦੇ ਮੁਆਵਜੇ ਲਈ ਵੀ ਸੂਬਾ ਸਰਕਾਰ ਸਮੇ ਸਿਰ ਅੰਕੜੇ ਦੇਣ ਚ ਅਸਫਲ ਰਹੀ ਕੇਂਦਰ ਸਰਕਾਰ ਵੱਲੋਂ ਹੜ੍ਹਾਂ ਲਈ ਆਏ 12000 ਕਰੋੜ ਅਗਾਊ ਰਾਸ਼ੀ ਬਾਰੇ ਵੀ ਸੂਬਾ ਸਰਕਾਰ ਅੱਜ ਤੱਕ ਪੁਖਤਾ ਜਵਾਬ ਨਹੀਂ ਦੇ ਸਕੀ ।ਇਸ ਮੌਕੇ ਹੋਰਨਾਂ ਤੋਂ ਇਲਾਵਾ ਕਿਸਾਨ ਮੋਰਚਾ ਪ੍ਰਧਾਨ ਬੂਟਾ ਭਾਈਰੂਪਾ, ਐਸ.ਸੀ. ਮੋਰਚਾ ਪ੍ਰਧਾਨ ਸਵਰਨ ਸਿੰਘ, ਜਰਨਲ ਸਕੱਤਰ ਮੇਜਰ ਸਿੰਘ ਬਰਾੜ, ਮਹਿਲਾ ਮੋਰਚਾ ਪ੍ਰਧਾਨ ਸੁਖਵਿੰਦਰ ਕੌਰ ਸ਼ੇਰਗੜ੍ਹ, ਯੁਵਾ ਮੋਰਚਾ ਪ੍ਰਧਾਨ ਜਸਪ੍ਰੀਤ ਸਿੰਘ ਜੱਸਾ, ਗੁਰਜੀਤ ਸਿੰਘ ਗੋਰਾ ਦਿਉਣ ਤੇ ਜ਼ਿਲ੍ਹਾ ਮੀਡੀਆ ਕਨਵੀਨਰ ਰਤਨ ਸ਼ਰਮਾ ਮਲੂਕਾ ਨੇ ਵੀ ਕੇਂਦਰ ਸਰਕਾਰ ਵੱਲੋਂ ਦਿੱਤੀ ਰਾਹਤ ਦਾ ਸਵਾਗਤ ਕੀਤਾ।

# ਗੁਆਚੇ ਮੋਬਾਈਲ ਲੱਭਣ ਦੀ ਮੁਹਿੰਮ ਤਹਿਤ ਪੁਲਿਸ ਨੇ 32 ਲੱਖ ਦੇ ਫ਼ੋਨ ਅਸਲੀ ਮਾਲਕਾਂ ਨੂੰ ਸੌਂਪੇ

ਬਠਿੰਡਾ, 18 ਅਪ੍ਰੈਲ (ਦੀਪਕ ਸ਼ਰਮਾ): ਆਧੁਨਿਕ ਵਿਗਿਆਨਕ ਤਕਨੀਕ ਤੇ ਕੇਂਦਰੀ ਪੋਰਟਲ ਦੀ ਮਦਦ ਨਾਲ ਬਠਿੰਡਾ ਪੁਲਿਸ ਨੇ ਵੱਖ-ਵੱਖ ਥਾਵਾਂ ਤੋਂ ਗੁੰਮ ਹੋਏ 224 ਮੋਬਾਈਲ ਫ਼ੋਨ ਬਰਾਮਦ ਕਰਕੇ ਉਹਨਾਂ ਦੇ ਅਸਲੀ ਮਾਲਕਾਂ ਦੇ ਹਵਾਲੇ ਕੀਤੇ ਹਨ। ਇਹਨਾਂ ਮੋਬਾਈਲਾਂ ਦੀ ਬਾਜ਼ਾਰੀ ਕੀਮਤ




ਕਰੀਬ 32 ਲੱਖ 15 ਹਜ਼ਾਰ ਰੁਪਏ ਦੱਸੀ ਜਾ ਰਹੀ ਹੈ। ਪੁਲਿਸ ਅਨੁਸਾਰ ਇਹ ਸਫਲਤਾ 'ਸੈਂਟਰਲ ਇਕੁਇਪਮੈਂਟ ਆਈਡੈਂਟਿਟੀ ਰਜਿਸਟਰ' ਪੋਰਟਲ ਦੀ ਪ੍ਰਭਾਵਸ਼ਾਲੀ ਵਰਤੋਂ ਕਾਰਨ ਸੰਭਵ ਹੋਈ ਹੈ। ਜ਼ਿਲ੍ਹਾ ਕਮਿਊਨਿਟੀ ਪੁਲਿਸਿੰਗ ਟੀਮ ਵੱਲੋਂ ਚਲਾਈ ਗਈ ਇਸ ਮੁਹਿੰਮ ਤਹਿਤ ਸਾਲ 2026 ਦੇ ਪਹਿਲੇ ਚਾਰ ਮਹੀਨਿਆਂ ਦੌਰਾਨ ਹੀ ਵੱਡੀ ਗਿਣਤੀ ਵਿੱਚ ਫ਼ੋਨ ਟਰੇਸ ਕੀਤੇ ਗਏ ਹਨ। ਅੰਕੜਿਆਂ ਅਨੁਸਾਰ, ਅਪ੍ਰੈਲ 2023 ਵਿੱਚ ਇਸ ਪੋਰਟਲ ਦੀ ਸ਼ੁਰੂਆਤ ਤੋਂ ਲੈ ਕੇ ਹੁਣ ਤੱਕ ਬਠਿੰਡਾ ਪੁਲਿਸ ਕੁੱਲ 1579 ਮੋਬਾਈਲ ਫ਼ੋਨ ਲੱਭ ਚੁੱਕੀ ਹੈ। ਜੇਕਰ ਸਾਲਵਾਰ ਵੇਰਵੇ 'ਤੇ ਨਜ਼ਰ ਮਾਰੀਏ ਤਾਂ ਸਾਲ 2023 ਵਿੱਚ 80, 2024 ਵਿੱਚ 262 ਤੇ ਪਿਛਲੇ ਸਾਲ 2025 ਵਿੱਚ ਰਿਕਾਰਡ 1013 ਮੋਬਾਈਲ ਬਰਾਮਦ ਕਰਕੇ ਲੋਕਾਂ ਨੂੰ ਸੌਂਪੇ ਗਏ ਸਨ।

ਐਸਐਸਪੀ ਬਠਿੰਡਾ ਜਯੋਤੀ ਯਾਦਵ ਨੇ ਇਸ ਸਬੰਧੀ ਦੱਸਿਆ ਕਿ ਮੋਬਾਈਲ ਗੁੰਮ ਹੋਣ ਦੀ ਸੂਰਤ ਵਿੱਚ ਲੋਕਾਂ ਨੂੰ ਤੁਰੰਤ ਸੀਈਆਈਆਰ ਪੋਰਟਲ 'ਤੇ ਆਪਣੀ ਸ਼ਿਕਾਇਤ ਦਰਜ ਕਰਵਾਉਣੀ ਚਾਹੀਦੀ ਹੈ। ਪੋਰਟਲ ਰਾਹੀਂ ਫ਼ੋਨ ਨੂੰ ਬਲਾਕ ਕਰਨਾ ਅਤੇ ਟਰੈਕ ਕਰਨਾ ਸੌਖਾ ਹੋ ਜਾਂਦਾ ਹੈ, ਜਿਸ ਨਾਲ ਫ਼ੋਨ ਦੇ ਮਿਲਣ ਦੀ ਸੰਭਾਵਨਾ ਕਾਫ਼ੀ ਵੱਧ ਜਾਂਦੀ ਹੈ। ਪੁਲਿਸ ਪ੍ਰਸ਼ਾਸਨ ਦਾ ਕਹਿਣਾ ਹੈ ਕਿ ਤਕਨੀਕੀ ਮਦਦ ਨਾਲ ਗੁਆਚੀਆਂ ਹੋਈਆਂ ਚੀਜ਼ਾਂ ਦੀ ਬਰਾਮਦਗੀ ਦੀ ਇਹ ਮੁਹਿੰਮ ਆਉਣ ਵਾਲੇ ਸਮੇਂ ਵਿੱਚ ਵੀ ਨਿਰੰਤਰ ਜਾਰੀ ਰਹੇਗੀ।

# ਗੁਰੂ ਕਾਸ਼ੀ ਯੂਨੀਵਰਸਿਟੀ ਦੀ ਹੋਣਹਾਰ ਤੀਰਅੰਦਾਜ਼ ਪ੍ਰਗਤੀ ਨੇ ਵਿਸ਼ਵ ਕੱਪ ਸਟੇਜ-1 ਵਿੱਚ ਜਿੱਤਿਆ ਸੋਨ ਤਮਗ਼ਾ

ਤਲਵੰਡੀ ਸਾਬੋ, 18 ਅਪ੍ਰੈਲ (ਸੰਦੀਪ ਜੋਸ਼ੀ): ਗੁਰੂ ਕਾਸ਼ੀ ਯੂਨੀਵਰਸਿਟੀ ਦੀ ਤੀਰਅੰਦਾਜ਼ ਵਿਦਿਆਰਥਣ ਪ੍ਰਗਤੀ ਨੇ ਦੱਸਿਆ ਕਿ ਪ੍ਰਗਤੀ ਨੇ ਆਪਣੀਆਂ ਸਾਥੀ ਖਿਡਾਰਨਾਂ ਜੋਤੀ, ਸੁਰੇਖਾਵੇਨਮ ਤੇ ਮਧੁਰਾ ਧਮਨਗਾਂਵਕਰ ਦੀ ਟੀਮ ਨਾਲ ਕੰਪਾਊਂਡ ਮੈਕਸੀਕੋ ਸ਼ਹਿਰ ਵਿਖੇ ਹੋਏ ਤੀਰਅੰਦਾਜ਼ੀ ਵਿਸ਼ਵ ਕੱਪ ਦੇ ਟੀਮ ਇਵੈਂਟ 'ਚ ਸੋਨ ਤਗਮਾਹਾਸਲ ਕੀਤਾ। ਖਿਡਾਰਨ ਦੀ ਇਸ ਪ੍ਰਾਪਤੀ ਤੇ ਯੂਨੀਵਰਸਿਟੀ ਦੇ ਚਾਂਸਲਰ ਗੁਰਲਾਭ ਸਿੰਘ ਸਿੱਧੂ ਨੇ




ਵਧਾਈ ਦਿੰਦਿਆਂ ਖਿਡਾਰਨਾਂ ਨੂੰ ਵਿਸ਼ਵ ਕੱਪ ਦੇ ਸਟੇਜ-2 ਤੇ ਸਟੇਜ-3 ਲਈ ਸ਼ੁੱਭ ਕਾਮਨਾਵਾਂ ਭੇਟ ਕੀਤੀਆਂ। ਉਹਨਾਂ ਕਿਹਾ ਕਿ ਤੀਰਅੰਦਾਜ਼ੀ ਦੀ ਇਸ ਪ੍ਰਾਪਤੀ ਨੇ ਇਲਾਕੇ ਤੇ ਯੂਨੀਵਰਸਿਟੀ ਦਾ ਨਾਮ ਰੌਸ਼ਨ ਕੀਤਾ ਹੈ। ਵਾਈਸ ਚਾਂਸਲਰ ਪ੍ਰੋ. (ਡਾ.) ਜਗਤਾਰ ਸਿੰਘ ਧੀਮਾਨ ਨੇ ਇਸ ਮੌਕੇ ਖ਼ੁਸ਼ੀ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਖਿਡਾਰਨਾਂ ਦੀ ਇਹ ਪ੍ਰਾਪਤੀ ਤੀਰਅੰਦਾਜ਼ੀ ਵਿੱਚ ਇੱਕ ਸਕਾਰਾਤਮਕ ਉਮੀਦ ਦੀ ਕਿਰਨ ਹੈ। ਉਨ੍ਹਾਂ ਕਿਹਾ ਕਿ ਪ੍ਰਗਤੀ ਨੇ ਲਗਾਤਾਰ ਅੰਤਰ-ਰਾਸ਼ਟਰੀ ਤੀਰਅੰਦਾਜ਼ੀ ਮੁਕਾਬਲਿਆਂ ਵਿੱਚ ਕਈ ਤਗਮੇ ਜਿੱਤੇ ਹਨ। ਉਹਨਾਂ ਖਿਡਾਰੀਆਂ ਦੇ ਖੇਡ ਕੌਸ਼ਲ ਨੂੰ ਨਿਖਾਰਨ ਲਈ ਵਰਸਿਟੀ ਵੱਲੋਂ ਦਿੱਤੇ ਜਾ ਰਹੇ ਸਹਿਯੋਗ ਦੀ ਗੱਲ ਕਹੀ।

ਵਿਸ਼ਵ ਕੱਪ ਵਿੱਚ ਹੋਏ ਇਸ ਮੁਕਾਬਲੇ ਬਾਰੇ ਜਾਣਕਾਰੀ ਦਿੰਦਿਆਂ ਡਾਇਰੈਕਟਰ ਸਪੋਰਟਸ (ਡਾ.) ਬਲਵਿੰਦਰ ਸ਼ਰਮਾ ਨੇ ਟੀਮ ਮੁਕਾਬਲੇ ਵਿੱਚ ਅਮਰੀਕਾ ਨੂੰ 233-232 ਦੇ ਅੰਕਾਂ ਨਾਲ ਹਰਾ ਕੇ ਸੋਨ ਤਗਮੇ ਤੇ ਕਬਜ਼ਾ ਕੀਤਾ। ਇਹ ਭਾਰਤ ਲਈ ਟੀਮ ਇਵੈਂਟ ਵਿੱਚ ਇਸ ਸੀਜ਼ਨ ਦਾ ਪਹਿਲਾਂ ਸੋਨ ਤਗਮਾ ਹੈ। ਉਹਨਾਂ ਦੱਸਿਆ ਕਿ ਮਹਿਲਾ ਕੰਪਾਉਂਡ ਦੇ ਕਰੀਬੀ ਫਾਈਨਲ ਮੁਕਾਬਲੇ ਵਿੱਚ ਭਾਰਤ ਨੇ ਆਪਣਾ ਸ਼ੁਰੂਆਤੀ ਫਾਇਦਾ ਗੁਆ ਲਿਆ ਸੀ, ਪਰ ਦੂਜੇ ਅਤੇ ਤੀਜੇ ਰਾਊਂਡ ਦੇ ਹੰਭਲੇ ਵਿੱਚ ਭਾਰਤ ਨੇ 114-117 ਅਤੇ 173-174 ਅੰਕਾਂ ਨਾਲ ਸੰਘਰਸ਼ ਕੀਤਾ। ਆਖਰੀ ਚੌਥੇ ਰਾਊਂਡ ਵਿੱਚ ਭਾਰਤੀ ਟੀਮ ਨੇ ਹਿੰਮਤ ਬਣਾਈ ਰੱਖਦਿਆਂ ਹੋਇਆ ਸੰਪੂਰਨ (60/60) ਅੰਕ ਹਾਸਿਲ ਕੀਤੇ ਤੇ ਛੇ ਤੀਰ ਲਗਾਤਾਰ ਨਿਸ਼ਾਨੇ ਤੇ ਲਗਾ ਕੇ ਅਮਰੀਕਾ ਨੂੰ ਇੱਕ ਅੰਕ ਤੇ ਅੰਤਰ ਨਾਲ ਹਰਾਇਆ। ਉਹਨਾਂ ਇਸ ਮਾਣਮੱਤੀ ਜਿੱਤ ਲਈ ਵਰਸਿਟੀ ਪ੍ਰਬੰਧਕਾਂ, ਖਿਡਾਰਨ ਅਤੇ ਕੋਚ ਵਿਪਿਨ ਕੰਬੋਜ਼ ਨੂੰ ਵਧਾਈ ਦਿੱਤੀ।

# ਕਾਲਜ ਵਿਦਿਆਰਥੀਆਂ ਵੱਲੋਂ ਟਰਾਈਡੈਂਟ ਗਰੁੱਪ ਧੌਲਾ ਦਾ ਦੌਰਾ



ਧੂਰੀ, 18 ਅਪ੍ਰੈਲ (ਰਾਜੇਸ਼ਵਰ ਪਿੰਟੂ, ਅਮਨ ਗਰਗ): ਯੂਨੀਵਰਸਿਟੀ ਕਾਲਜ ਬੇਨੜਾ ਦੇ ਕਾਮਰਸ ਵਿਭਾਗ ਦੇ ਵਿਦਿਆਰਥੀਆਂ ਨੂੰ ਕਾਲਜ ਵੱਲੋਂ ਟਰਾਈਡੈਂਟ ਗਰੁੱਪ ਦੇ ਧੌਲਾ ਯੂਨਿਟ ਦਾ ਦੌਰਾ ਕਾਲਜ ਪ੍ਰਿੰਸੀਪਲ ਡਾ. ਹਰਵਿੰਦਰ ਸਿੰਘ ਮੰਡ ਦੀ ਸਰਪ੍ਰਸਤੀ ਵਿੱਚ ਕਰਵਾਇਆ ਗਿਆ। ਇਸ ਉਦਯੋਗਿਕ ਦੌਰੇ ਵਿਚ ਵਿਦਿਆਰਥੀਆਂ ਨੇ ਕੱਪੜੇ, ਕਾਗ਼ਜ਼ ਅਤੇ ਸਟੇਸ਼ਨਰੀ ਉਤਪਾਦਨ ਸਬੰਧੀ ਜਾਣਕਾਰੀ ਹਾਸਲ ਕੀਤੀ। ਕਾਮਰਸ ਵਿਭਾਗ ਦੇ ਕੋਆਰਡੀਨੇਟਰ ਤੇ ਪਲੇਸਮੈਂਟ ਸੈੱਲ ਦੇ ਕਨਵੀਨਰ ਡਾ. ਅਮਿਤਾ ਜੈਨ ਨੇ ਕਿਹਾ ਕਿ ਅਮਰਿੰਦਰ ਸਿੰਘ ਨੇ ਕਾਲਜ ਅਧਿਆਪਕ ਸਾਹਿਬਾਨ ਤੇ ਵਿਦਿਆਰਥੀਆਂ ਦਾ ਸਵਾਗਤ ਕੀਤਾ ਅਤੇ ਵਿਦਿਆਰਥੀਆਂ ਅੰਦਰ ਉਤਪਾਦਨ ਤੇ ਪ੍ਰੋਸੈਸਿੰਗ ਪ੍ਰਕਿਰਿਆ ਬਾਰੇ ਜਾਣਨ ਦੀ ਉਤਸੁਕਤਾ ਤੋਂ ਖ਼ੁਸ਼ੀ ਪ੍ਰਗਟ ਕੀਤੀ। ਉਨ੍ਹਾਂ ਕਿਹਾ ਕਿ ਡਾ. ਐੱਮ.ਪੀ. ਸਿੰਘ ਨੇ ਟਰਾਈਡੈਂਟ ਕੰਪਨੀ ਵਿਚ ਨੌਕਰੀ ਅਤੇ ਪਲੇਸਮੈਂਟ ਦੀ ਪ੍ਰਕਿਰਿਆ ਦੇ ਨਾਲ ਨਾਲ ਵਿਦਿਆਰਥੀਆਂ ਨੂੰ ਉਤਪਾਦਨ, ਪੈਕਿੰਗ, ਵੰਡ ਤੇ ਮਾਰਕੀਟਿੰਗ ਸਬੰਧੀ ਜਾਣਕਾਰੀ ਦਿੱਤੀ।

ਉਨ੍ਹਾਂ ਕਿਹਾ ਇਸ ਤਰ੍ਹਾਂ ਵਿਦਿਆਰਥੀਆਂ ਨੂੰ ਉਦਯੋਗਿਕ ਕੰਮਾਂ ਤੇ ਨਵੇਂ ਸਕਿੱਲ ਸਿੱਖਣ ਦਾ ਮੌਕਾ ਮਿਲਦਾ ਹੈ ਅਤੇ ਕਾਲਜ ਦੀ ਤਰਜੀਹ ਵਿਦਿਆਰਥੀਆਂ ਦੇ ਗਿਆਨ ਵਿੱਚ ਵਾਧਾ ਕਰਨ ਤੇ ਉਨ੍ਹਾਂ ਦੇ ਚੰਗੇ ਭਵਿੱਖ ਲਈ ਹੁੰਦੀ ਹੈ। ਇਸ ਮੌਕੇ ਕਾਮਰਸ ਵਿਭਾਗ ਦੇ ਪ੍ਰੋ. ਅਮਨੀਤ ਸਿੰਘ ਅਤੇ ਪ੍ਰੋ. ਰੁਪਾਲੀ ਗਰਗ ਵਿਦਿਆਰਥੀਆਂ ਨਾਲ ਮੌਜੂਦ ਸਨ।

# ਜੀਵਨ 'ਚ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵੀ ਜ਼ਰੂਰੀ : ਚੈਅਰਮੈਨ ਮਲੂਕਾ

ਭਗਤਾ ਭਾਈ ਕਾ/ਸਮਾਧ ਭਾਈ, 18 ਅਪ੍ਰੈਲ (ਸਵਰਨ ਸਿੰਘ ਭਗਤਾ): ਅੱਜ ਦੇ ਆਧੁਨਿਕ ਸਮੇਂ ਵਿੱਚ ਹਰ ਵਿਦਿਆਰਥੀ ਲਈ ਪੜ੍ਹਾਈ ਅਤੇ ਖੇਡਾਂ ਦੋਵੇਂ ਹੀ ਇਕਸਾਰ ਮਹੱਤਵ ਰੱਖਦੀਆਂ ਹਨ ਪੜ੍ਹਾਈ ਮਨੁੱਖ ਦੇ ਜੀਵਨ ਨੂੰ ਸਹੀ ਦਿਸ਼ਾ ਦਿੰਦੀ ਹੈ ਤੇ ਉਸਨੂੰ ਗਿਆਨਵਾਨ ਬਣਾਉਂਦੀ ਹੈ, ਜਦਕਿ ਖੇਡਾਂ ਸਰੀਰਕ ਤੇ ਮਾਨਸਿਕ ਤੰਦਰੁਸਤੀ ਲਈ ਬਹੁਤ ਜ਼ਰੂਰੀ ਹਨ ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਕਲੇਰ



ਇੰਟਰਨੈਸ਼ਨਲ ਪਬਲਿਕ ਸਕੂਲ ਸਮਾਧ ਭਾਈ ਦੇ ਚੇਅਰਮੈਨ ਕੁਲਵੰਤ ਸਿੰਘ ਮਲੂਕਾ ਨੇ ਕੀਤਾ। ਉਹਨਾਂ ਕਿਹਾ ਕਿ ਜੇ ਅਸੀਂ ਜੀਵਨ ਵਿੱਚ ਸਫਲਤਾ ਹਾਸਲ ਕਰਨੀ ਹੈ ਤਾਂ ਸਾਨੂੰ ਦੋਹਾਂ ਵਿਚ ਸੰਤੁਲਨ ਬਣਾਈ ਰੱਖਣਾ ਚਾਹੀਦਾ ਹੈ।ਪੜ੍ਹਾਈ ਸਾਨੂੰ ਸਿੱਖਿਆ ਪ੍ਰਦਾਨ ਕਰਦੀ ਹੈ, ਜਿਸ ਨਾਲ ਅਸੀਂ ਆਪਣਾ ਭਵਿੱਖ ਸੁਨਿਹਰਾ ਬਣਾ ਸਕਦੇ ਹਾਂ। ਇਹ ਸਾਡੇ ਵਿਚ ਸੋਚਣ ਦੀ ਸਮਰੱਥਾ ਨੂੰ ਵਧਾਉਂਦੀ ਹੈ ਅਤੇ ਸਾਨੂੰ ਸਮਾਜ ਵਿੱਚ ਇਕ ਚੰਗਾ ਇਨਸਾਨ ਬਣਾਉਂਦੀ ਹੈ। ਦੂਜੇ ਪਾਸੇ, ਖੇਡਾਂ ਸਾਡੇ ਜੀਵਨ ਵਿੱਚ ਖੁਸ਼ੀ ਤੇ ਤਾਜ਼ਗੀ ਲਿਆਉਂਦੀਆਂ ਹਨ। ਇਹ ਸਰੀਰ ਨੂੰ ਮਜ਼ਬੂਤ ਬਣਾਉਂਦੀਆਂ ਹਨ ਤੇ ਸਾਨੂੰ ਬਿਮਾਰੀਆਂ ਤੋਂ ਬਚਾਉਂਦੀਆਂ ਹਨ। ਖੇਡਾਂ ਨਾਲ ਅਸੀਂ ਟੀਮ ਵਰਕ, ਅਨੁਸ਼ਾਸਨ ਅਤੇ ਹਿੰਮਤ ਵਰਗੀਆਂ ਗੁਣਾਂ ਨੂੰ ਵੀ ਸਿੱਖਦੇ ਹਾਂ। ਇਹ ਗੁਣ ਸਿਰਫ਼ ਖੇਡ ਮੈਦਾਨ ਵਿੱਚ ਹੀ ਨਹੀਂ, ਸਗੋਂ ਜੀਵਨ ਦੇ ਹਰ ਖੇਤਰ ਵਿੱਚ ਕੰਮ ਆਉਂਦੇ ਹਨ। ਅਕਸਰ ਕਿਹਾ ਜਾਂਦਾ ਹੈ ਕਿ "ਸਿਹਤ ਹੀ ਧਨ ਹੈ।" "ਸਿਹਤਮੰਦ ਸਰੀਰ 'ਚ ਸਿਹਤਮੰਦ ਦਿਮਾਗ ਹੁੰਦਾ ਹੈ।"

ਜੇ ਸਾਡਾ ਸਰੀਰ ਤੰਦਰੁਸਤ ਨਹੀਂ ਹੋਵੇਗਾ ਤਾਂ ਅਸੀਂ ਪੜ੍ਹਾਈ ਵਿੱਚ ਵੀ ਪੂਰਾ ਧਿਆਨ ਨਹੀਂ ਦੇ ਸਕਾਂਗੇ। ਇਸ ਲਈ ਖੇਡਾਂ ਸਾਡੇ ਲਈ ਬਹੁਤ ਜ਼ਰੂਰੀ ਹਨ। ਖੇਡਾਂ ਨਾਲ ਸਾਡਾ ਮਨ ਤਾਜ਼ਾ ਰਹਿੰਦਾ ਹੈ ਤੇ ਅਸੀਂ ਪੜ੍ਹਾਈ ਵੱਲ ਹੋਰ ਧਿਆਨ ਦੇ ਸਕਦੇ ਹਾਂ।ਵਿੱਦਿਆ ਦੇ ਮਿਆਰ ਨੂੰ ਉੱਚਾ ਚੁੱਕਣ ਲਈ ਚੇਅਰਮੈਂਨ ਕੁਲਵੰਤ ਸਿੰਘ ਮਲੂਕਾ ਨੇ ਮੋਗਾ ਜ਼ਿਲੇ ਦੇ ਪੇਂਡੂ ਇਲਾਕੇ ਸਮਾਧ ਭਾਈ ਵਿੱਚ ਆਈ ਸੀ ਐਸ ਈ ਬੋਰਡ ਦਾ ਮਾਤਾ ਬਲਜਿੰਦਰ ਕੌਰ ਮੈਮੋਰੀਅਲ ਕਲੇਰ ਇੰਟਰਨੈਸ਼ਨਲ ਪਬਲਿਕ ਸਕੂਲ ਖੋਲ ਕੇ ਜਿੱਥੇ ਵਿੱਦਿਆ ਦਾ ਪਸਾਰ ਕੀਤਾ ਹੈ ਉਸ ਦੇ ਨਾਲ-ਨਾਲ ਕੁਲਵੰਤ ਸਿੰਘ ਮਲੂਕਾ ਨੇ ਖੇਡਾਂ ਦੇ ਮਹੱਤਵ ਨੂੰ ਦੇਖਦੇ ਹੋਏ ਤੇ ਖੇਡਾਂ ਦੇ ਮਿਆਰ ਨੂੰ ਉੱਚਾ ਚੁਕਣ ਦੀ ਹਮੇਸ਼ਾ ਕੋਸ਼ਿਸ਼ ਕਰਦੇ ਰਹੇ ਹਨ। ਪਿਛਲੇ ਕਈ ਸਾਲਾਂ ਤੋਂ ਮਾਤਾ ਬਲਜਿੰਦਰ ਕੌਰ ਮੈਮੋਰੀਅਲ ਪਬਲਿਕ ਸਕੂਲ ਸਮਾਧ ਭਾਈ ਵਿਖੇ ਚੇਅਰਮੈਨ ਕੁਲਵੰਤ ਸਿੰਘ ਮਲੂਕਾ ਦੀ ਅਗਵਾਈ ਹੇਠ ਤੇ ਸਪੋਰਟਸ ਅਧਿਆਪਕਾਂ ਸਦਕਾ ਇਸ ਸੰਸਥਾ ਦੇ ਵਿਦਿਆਰਥੀਆਂ ਨੇ ਖੇਡਾਂ ਦੇ ਕਈ ਖੇਤਰਾਂ ਵਿੱਚ ਉੱਚੀਆਂ ਮੱਲਾਂ ਮਾਰੀਆਂ ਹਨ। ਜਿਵੇਂ ਕ੍ਰਿਕਟ, ਹਾਕੀ, ਰਗਬੀ, ਹੈਂਡਬਾਲ ਵਿੱਚ ਐਸ ਜੀ ਐਫ ਆਈ ਤੱਕ ਬੱਚਿਆਂ ਦੀ ਚੋਣ ਹੋ ਚੁੱਕੀ ਹੈ।ਇਸ ਦੇ ਨਾਲ ਹੀ ਕਈ ਬੱਚੇ ਬੈਸਟ ਅਥਲੀਟ ਦੇ ਤੌਰ ਤੇ ਨੈਸ਼ਨਲ ਤੇ ਪੰਜਾਬ ਲੈਵਲ ਤੇ ਖੇਡਾਂ ਵਿੱਚ ਮੱਲਾ ਮਾਰ ਚੁੱਕੇ ਹਨ।

ਖੇਡਾਂ ਦੀ ਮਹੱਤਤਾ ਨੂੰ ਜਾਣਦੇ ਹੋਏ ਕੁਲਵੰਤ ਸਿੰਘ ਮਲੂਕਾ ਵੱਲੋਂ ਨਵਾਂ ਸੈਸ਼ਨ ਸ਼ੁਰੂ ਹੁੰਦਿਆਂ ਹੀ ਸਕੂਲ ਵਿੱਚ ਨਰਸਰੀ ਤੋਂ ਲੈ ਕੇ ਬਾਰਵੀਂ ਤੱਕ ਦੇ ਵਿਦਿਆਰਥੀਆਂ ਦੀ ਅਥਲੈਟਿਕ ਮੀਟ ਵੀ ਕਰਵਾਈ ਜਾਂਦੀ ਹੈ। ਤਾਂ ਜੋ ਬਚਪਨ ਹੀ ਵਿੱਚ ਹੀ ਬੱਚਿਆਂ ਦੀ ਰੁਚੀ ਨੂੰ ਪਹਿਚਾਣ ਕੇ ਉਸ ਅਨੁਸਾਰ ਉਹਨਾਂ ਨੂੰ ਹੋਰ ਨਿਖਾਰਿਆ ਜਾਵੇ।ਚੰਗੀ ਤਰਾਂ ਪਰਖ ਕਰਕੇ ਵਿਦਿਆਰਥੀ ਦੇ ਵਧਦੇ ਕਦਮਾਂ ਨਾਲ ਹੋਰ ਤਰਾਸ਼ਿਆ ਤੇ ਨਿਖਾਰਿਆ ਜਾਵੇ। ਅੱਗੇ ਚੱਲ ਕੇ ਭਵਿੱਖ ਵਿੱਚ ਦੇਸ਼ ਦੇ ਅਨਮੋਲ ਹੀਰੇ ਖਿਡਾਰੀ ਪੈਦਾ ਕੀਤੇ ਜਾ ਸਕਣ। ਅੰਤ ਵਿੱਚ ਚੇਅਰਮੈਨ ਕੁਲਵੰਤ ਸਿੰਘ ਮਲੂਕਾ ਅਨੁਸਾਰ ਹਰ ਵਿਦਿਆਰਥੀ ਨੂੰ ਚਾਹੀਦਾ ਹੈ ਕਿ ਉਹ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਵੀ ਹਿੱਸਾ ਲਵੇ ਤੇ ਆਪਣੇ ਜੀਵਨ ਨੂੰ ਸੰਤੁਲਿਤ ਤੇ ਸੁਖਮਈ ਬਣਾਵੇ।

# ਰਹਿਬਰ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਿਜ਼ 'ਚ ਵਿਸ਼ਵ ਹੀਮੋਫੀਲੀਆ ਦਿਵਸ ਮਨਾਇਆ



ਭਵਾਨੀਗੜ੍ਹ, 18 ਅਪ੍ਰੈਲ (ਅਮਨਦੀਪ ਸਿੰਘ ਮਾਝਾ): ਰਹਿਬਰ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਿਜ਼ ਵਿੱਚ ਅੱਜ "ਵਿਸ਼ਵ ਹੀਮੋਫੀਲੀਆ ਦਿਵਸ" ਬੜੀ ਉਤਸ਼ਾਹ ਨਾਲ ਮਨਾਇਆ ਗਿਆ। ਇਸ ਸਮਾਗਮ ਦਾ ਮੁੱਖ ਥੀਮ "First Step to 3are" ਰੱਖਿਆ ਗਿਆ, ਜਿਸ ਦਾ ਉਦੇਸ਼ ਹੀਮੋਫੀਲੀਆ ਬਾਰੇ ਜਾਗਰੂਕਤਾ ਫੈਲਾਉਣਾ ਅਤੇ ਮਰੀਜ਼ਾਂ ਦੀ ਸਹੀ ਸੰਭਾਲ ਦੀ ਮਹੱਤਤਾ ਬਾਰੇ ਜਾਣਕਾਰੀ ਦੇਣਾ ਸੀ। ਇਸ ਮੌਕੇ ਵਿਦਿਆਰਥੀਆਂ ਵੱਲੋਂ ਸੁੰਦਰ ਪੋਸਟਰ ਅਤੇ ਚਾਰਟ ਤਿਆਰ ਕੀਤੇ ਗਏ, ਜਿਨ੍ਹਾਂ ਵਿੱਚ ਹੀਮੋਫੀਲੀਆ ਦੇ ਲੱਛਣ ਜਿਵੇਂ ਕਿ ਅਧਿਕ ਖ਼ੂਨ ਵਹਿਣਾ, ਡੂੰਘੇ ਨੀਲ, ਨੱਕ ਤੋਂ ਖ਼ੂਨ ਆਉਣਾ, ਸੁਜਨ ਅਤੇ ਦਰਦ ਆਦਿ ਬਾਰੇ ਵਿਸਥਾਰ ਨਾਲ ਦਰਸਾਇਆ ਗਿਆ। ਵਿਦਿਆਰਥੀਆਂ ਨੇ ਲੋਕਾਂ ਨੂੰ ਇਸ ਬਿਮਾਰੀ ਬਾਰੇ ਜਾਗਰੂਕ ਕਰਨ ਲਈ ਸੰਦੇਸ਼ ਵੀ ਦਿੱਤਾ ਕਿ ਸਮੇਂ ਸਿਰ ਇਲਾਜ ਤੇ ਸੰਭਾਲ ਨਾਲ ਮਰੀਜ਼ ਨਾਰਮਲ ਜੀਵਨ ਜੀ ਸਕਦੇ ਹਨ। ਚੇਅਰਮੈਨ ਡਾ. ਐੱਮ. ਐੱਸ. ਖ਼ਾਨ ਨੇ ਆਪਣੇ ਸੰਦੇਸ਼ ਵਿੱਚ ਕਿਹਾ ਕਿ "ਹੀਮੋਫੀਲੀਆ ਇੱਕ ਗੰਭੀਰ ਬਿਮਾਰੀ ਹੈ, ਪਰ ਸਹੀ ਜਾਣਕਾਰੀ ਅਤੇ ਸਮੇਂ ਸਿਰ ਇਲਾਜ ਨਾਲ ਇਸ ਨੂੰ ਕਾਬੂ ਕੀਤਾ ਜਾ ਸਕਦਾ ਹੈ। "First Step to Aare" ਦਾ ਮਤਲਬ ਹੈ ਕਿ ਅਸੀਂ ਸਭ ਮਿਲ ਕੇ ਮਰੀਜ਼ਾਂ ਦੀ ਮਦਦ ਲਈ ਪਹਿਲ ਕਰੀਏ ਅਤੇ ਉਨ੍ਹਾਂ ਨੂੰ ਸਮਾਜ ਵਿੱਚ ਸਨਮਾਨ ਅਤੇ ਸਹਿਯੋਗ ਦੇਈਏ। ਪ੍ਰਿੰਸੀਪਲ ਬਿੱਕਰ ਸਿੰਘ ਨੇ ਕਿਹਾ ਕਿ "ਇਸ ਤਰ੍ਹਾਂ ਦੇ ਦਿਵਸ ਮਨਾਉਣ ਦਾ ਮਕਸਦ ਵਿਦਿਆਰਥੀਆਂ ਵਿੱਚ ਜਾਗਰੂਕਤਾ ਤੇ ਸੇਵਾ ਭਾਵਨਾ ਪੈਦਾ ਕਰਨਾ ਹੈ। ਸਿਹਤ ਸੇਵਾ ਨਾਲ ਜੁੜੇ ਵਿਦਿਆਰਥੀਆਂ ਨੂੰ ਚਾਹੀਦਾ ਹੈ ਕਿ ਉਹ ਸਮਾਜ ਵਿੱਚ ਜਾ ਕੇ ਲੋਕਾਂ ਨੂੰ ਇਸ ਬਿਮਾਰੀ ਬਾਰੇ ਸਚੇਤ ਕਰਨ ਅਤੇ ਮਰੀਜ਼ਾਂ ਦੀ ਸਹਾਇਤਾ ਲਈ ਅੱਗੇ ਆਉਣ। ਇਸ ਸਮਾਗਮ ਨੇ ਵਿਦਿਆਰਥੀਆਂ ਵਿੱਚ ਸੇਵਾ ਭਾਵਨਾ ਨੂੰ ਹੋਰ ਮਜ਼ਬੂਤ ਕੀਤਾ ਅਤੇ ਸਿਹਤ ਸੰਬੰਧੀ ਜਾਗਰੂਕਤਾ ਵਧਾਉਣ ਵਿੱਚ ਮਹੱਤਵਪੂਰਨ ਯੋਗਦਾਨ ਦਿੱਤਾ।

# ਜੈ ਵਾਟਿਕਾ ਪਬਲਿਕ ਸਕੂਲ ਦੇ ਈਕੋ ਕਲੱਬ ਨੇ ਵੇਸਟ ਟੂ ਵੰਡਰ ਗਤੀਵਿਧੀਆਂ ਕਰਵਾਈਆਂ




ਬਰਨਾਲਾ, 18 ਅਪ੍ਰੈਲ ( ਇਸ਼ੇਨ ਕੰਗ) : ਵਾਤਾਵਰਣ ਸੰਭਾਲ ਪ੍ਰਤੀ ਜਾਗਰੂਕਤਾ ਪੈਦਾ ਕਰਨ ਅਤੇ ਵਿਦਿਆਰਥੀਆਂ ਵਿੱਚ ਰਚਨਾਤਮਕਤਾ ਨੂੰ ਉਤਸ਼ਾਹਿਤ ਕਰਨ ਲਈ, ਜੈ ਵਾਟਿਕਾ ਪਬਲਿਕ ਸਕੂਲ ਦੇ ਈਕੋ ਕਲੱਬ ਨੇ 6ਵੀਂ ਤੋਂ 8ਵੀਂ ਜਮਾਤ ਦੇ ਵਿਦਿਆਰਥੀਆਂ ਲਈ ਇੱਕ ਸ਼ਾਨਦਾਰ ਵੇਸਟ ਟੂ ਵੰਡਰ ਗਤੀਵਿਧੀ ਦਾ ਆਯੋਜਨ ਕੀਤਾ। ਇਸ ਪ੍ਰੋਗਰਾਮ ਨੇ ਨਾ ਸਿਰਫ਼ ਵਿਦਿਆਰਥੀਆਂ ਨੂੰ ਵਾਤਾਵਰਣ ਦੀ ਮਹੱਤਤਾ ਨਾਲ ਜੋੜਿਆ, ਸਗੋਂ ਉਨ੍ਹਾਂ ਨੂੰ ਰਹਿੰਦ-ਖੂੰਹਦ ਮੰਨੀਆਂ ਜਾਂਦੀਆਂ ਵਸਤੂਆਂ ਨੂੰ ਕਿਸੇ ਲਾਭਦਾਇਕ ਅਤੇ ਆਕਰਸ਼ਕ ਚੀਜ਼ ਵਿੱਚ ਬਦਲਣ ਲਈ ਵੀ ਪ੍ਰੇਰਿਤ ਕੀਤਾ। ਇਸ ਗਤੀਵਿਧੀ ਵਿੱਚ, ਵਿਦਿਆਰਥੀਆਂ ਨੇ ਪੁਰਾਣੇ ਡੱਬੇ, ਪਲਾਸਟਿਕ ਦੀਆਂ ਬੋਤਲਾਂ, ਗੱਤੇ, ਅਖ਼ਬਾਰਾਂ, ਕੱਪੜੇ ਦੇ ਟੁਕੜੇ ਅਤੇ ਹੋਰ ਰੱਦ ਕੀਤੀਆਂ ਸਮੱਗਰੀਆਂ ਦੀ ਵਰਤੋਂ ਕਰਕੇ ਸੁੰਦਰ ਅਤੇ ਉਪਯੋਗੀ ਪੈੱਨਸਟੈਂਡ ਬਣਾਏ। ਬੱਚਿਆਂ ਦੀ ਰਚਨਾਤਮਕਤਾ, ਰੰਗ ਸੰਜੋਗ ਅਤੇ ਕਲਾਤਮਕ ਸੋਚ ਸ਼ਾਨਦਾਰ ਸੀ। ਹਰੇਕ ਪੈੱਨਸਟੈਂਡ ਵਿਲੱਖਣ ਸੀ ਅਤੇ ਇਹ ਸੰਦੇਸ਼ ਦਿੰਦਾ ਸੀ, ਇਹ ਬਰਬਾਦੀ ਨਹੀਂ ਹੈ, ਇਹ ਇੱਕ ਸਰੋਤ ਹੈ।

ਵਿਦਿਆਰਥੀਆਂ ਦੀਆਂ ਰਚਨਾਵਾਂ ਪ੍ਰਦਰਸ਼ਿਤ ਕੀਤੀਆਂ ਗਈਆਂ। ਅਧਿਆਪਕਾਂ ਅਤੇ ਹੋਰ ਵਿਦਿਆਰਥੀਆਂ ਨੇ ਕਲਾਕ੍ਰਿਤੀਆਂ ਦੀ ਪ੍ਰਸ਼ੰਸਾ ਕੀਤੀ, ਬੱਚਿਆਂ ਨੂੰ ਉਤਸ਼ਾਹਿਤ ਕੀਤਾ। ਇਸ ਗਤੀਵਿਧੀ ਨੇ ਵਿਦਿਆਰਥੀਆਂ ਨੂੰ ਵਾਤਾਵਰਣ ਸੰਭਾਲ ਅਤੇ ਮੁੜ ਵਰਤੋਂ ਅਤੇ ਰੀਸਾਈਕਲ ਦੀ ਭਾਵਨਾ ਦਾ ਅਭਿਆਸ ਕਰਨ ਦਾ ਮੌਕਾ ਪ੍ਰਦਾਨ ਕੀਤਾ। ਇਸ ਮੌਕੇ 'ਤੇ ਸਕੂਲ ਦੀ ਪ੍ਰਿੰਸੀਪਲ ਡਾ. ਪਰਵਿੰਦਰ ਕੌਰ ਨੇ ਵਿਦਿਆਰਥੀਆਂ ਨੂੰ ਪ੍ਰੇਰਨਾਦਾਇਕ ਸ਼ਬਦਾਂ ਵਿੱਚ ਸੰਬੋਧਨ ਕੀਤਾ: ਅੱਜ ਦੇ ਸਮੇਂ ਵਿੱਚ, ਵਾਤਾਵਰਣ ਸੁਰੱਖਿਆ ਸਾਡੀ ਸਭ ਤੋਂ ਵੱਡੀ ਜ਼ਿੰਮੇਵਾਰੀ ਹੈ। ਤੁਸੀਂ ਸਾਰਿਆਂ ਨੇ ਸਾਬਤ ਕਰ ਦਿੱਤਾ ਹੈ ਕਿ ਸਹੀ ਸੋਚ ਅਤੇ ਯਤਨ ਨਾਲ, ਬੇਕਾਰ ਚੀਜ਼ਾਂ ਵੀ ਸ਼ਾਨਦਾਰ ਬਣ ਸਕਦੀਆਂ ਹਨ। ਵੇਸਟ ਟੂ ਵੰਡਰ ਸਿਰਫ਼ ਇੱਕ ਗਤੀਵਿਧੀ ਨਹੀਂ ਹੈ, ਸਗੋਂ ਇੱਕ ਦਰਸ਼ਨ ਹੈ ਜਿਸਨੂੰ ਸਾਨੂੰ ਆਪਣੇ ਜੀਵਨ ਵਿੱਚ ਅਪਣਾਉਣਾ ਚਾਹੀਦਾ ਹੈ। ਛੋਟੇ-ਛੋਟੇ ਯਤਨ ਇਕੱਠੇ ਮਿਲ ਕੇ ਵੱਡੇ ਬਦਲਾਅ ਲਿਆ ਸਕਦੇ ਹਨ। ਤੁਸੀਂ ਸਾਰੇ ਭਵਿੱਖ ਦੇ ਜਾਗਰੂਕ ਨਾਗਰਿਕ ਹੋ, ਅਤੇ ਮੈਨੂੰ ਤੁਹਾਡੇ ਤੇ ਮਾਣ ਹੈ। ਪ੍ਰਿੰਸੀਪਲ ਦੇ ਇਨ੍ਹਾਂ ਸ਼ਬਦਾਂ ਨੇ ਵਿਦਿਆਰਥੀਆਂ ਨੂੰ ਨਵੀਂ ਊਰਜਾ ਅਤੇ ਉਤਸ਼ਾਹ ਨਾਲ ਭਰ ਦਿੱਤਾ।

ਇਸ ਤਰ੍ਹਾਂ, ਵੇਸਟ ਟੂ ਵੰਡਰ ਗਤੀਵਿਧੀ ਨੇ ਨਾ ਸਿਰਫ਼ ਵਿਦਿਆਰਥੀਆਂ ਦੀ ਪ੍ਰਤਿਭਾ ਨੂੰ ਨਿਖਾਰਿਆ, ਸਗੋਂ ਉਨ੍ਹਾਂ ਨੂੰ ਵਾਤਾਵਰਣ ਪ੍ਰਤੀ ਜ਼ਿੰਮੇਵਾਰ ਬਣਨ ਵੱਲ ਇੱਕ ਮਹੱਤਵਪੂਰਨ ਕਦਮ ਚੁੱਕਣ ਲਈ ਵੀ ਪ੍ਰੇਰਿਤ ਕੀਤਾ।

# ਅਕਸ਼ੈ ਤ੍ਰਿਤੀਆ ਮੌਕੇ 'ਤੇ ਹਵਨ ਅਤੇ ਕੀਰਤਨ ਕਰਨ ਦਾ ਪ੍ਰੋਗਰਾਮ



ਬਰਨਾਲਾ, 18 ਅਪ੍ਰੈਲ (ਬਘੇਲ ਸਿੰਘ ਧਾਲੀਵਾਲ): ਸ੍ਰੀ ਬ੍ਰਾਹਮਣ ਸਭਾ ਬਰਨਾਲਾ ਅਕਸ਼ੈ ਤ੍ਰਿਤੀਆ (ਭਗਵਾਨ ਪਰਸ਼ੂਰਾਮ ਦਾ ਜਨਮਦਿਨ) ਬਹੁਤ ਧੂਮਧਾਮ ਨਾਲ ਮਨਾ ਰਹੀ ਹੈ। ਸ੍ਰੀ ਬ੍ਰਾਹਮਣ ਸਭਾ ਦੇ ਪ੍ਰਧਾਨ ਅਨਿਲ ਦੱਤ ਸ਼ਰਮਾ ਨੇ ਦੱਸਿਆ ਕਿ ਅਕਸ਼ੈ ਤ੍ਰਿਤੀਆ ਦੇ ਮੌਕੇ 'ਤੇ, ਸ੍ਰੀ ਬ੍ਰਾਹਮਣ ਸਭਾ ਬਰਨਾਲਾ ਐਤਵਾਰ ਨੂੰ ਸਵੇਰੇ 9 ਵਜੇ ਸ੍ਰੀ ਪਰਸ਼ੂਰਾਮ ਭਵਨ ਵਿਖੇ ਹਵਨ ਕਰੇਗੀ, ਜਿਸ ਤੋਂ ਬਾਅਦ ਸਵੇਰੇ 10 ਵਜੇ ਸੰਕੀਰਤਨ ਹੋਵੇਗਾ, ਜਿਸ ਵਿੱਚ ਪ੍ਰਸਿੱਧ ਭਜਨ ਗਾਇਕ ਹੈਪੀ ਸੋਹਲ ਪ੍ਰਭੂ ਦਾ ਗੁਣਗਾਨ ਕਰਨਗੇ। ਉਨ੍ਹਾਂ ਦੱਸਿਆ ਕਿ ਇਸ ਪ੍ਰੋਗਰਾਮ ਲਈ ਸਾਰੇ ਮੈਂਬਰਾਂ ਨੂੰ ਡਿਊਟੀਆਂ ਸੌਂਪੀਆਂ ਗਈਆਂ ਹਨ। ਉਨ੍ਹਾਂ ਨੇ ਸਾਰੇ ਧਾਰਮਿਕ ਸ਼ਰਧਾਲੂਆਂ ਨੂੰ ਸਮਾਗਮ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੱਤਾ। ਇਸ ਮੌਕੇ ਸ੍ਰੀ ਬ੍ਰਾਹਮਣ ਸਭਾ ਦੇ ਪ੍ਰਧਾਨ ਅਨਿਲ ਦੱਤ ਸ਼ਰਮਾ, ਹਿਤੇਸ਼ ਕੌਸ਼ਲ, ਵਿਨੋਦ ਸ਼ਰਮਾ, ਪਰਮਿੰਦਰ ਮੈਨਨ, ਭੂਪੇਸ਼ ਸ਼ਰਮਾ, ਸੁਖਚੈਨ ਸ਼ਰਮਾ, ਤੇਜਿੰਦਰ ਰਿੱਕੀ ਕੌਸ਼ਲ, ਗੋਪਾਲ ਸ਼ਰਮਾ, ਰਾਜੇਸ਼ ਬਬਲੂ, ਮੋਹਿਤ ਸ਼ਰਮਾ, ਯੋਗੇਸ਼ ਰਿਸ਼ੀ, ਅਮਨ ਜੋਸ਼ੀ ਅਤੇ ਪੰਡਿਤ ਭੁਵਨੇਸ਼ ਜੋਸ਼ੀ ਮੌਜੂਦ ਸਨ।

# ਵਾਈਐਸ ਗਰੁੱਪ ਆਫ਼ ਇੰਸਟੀਚਿਊਟਸ ਨੂੰ ਬਠਿੰਡਾ ਵਿੱਚ ਅਚੀਵਰਜ਼ ਐਵਾਰਡ ਨਾਲ ਸਨਮਾਨਿਤ ਕੀਤਾ




ਬਰਨਾਲਾ, 18 ਅਪ੍ਰੈਲ (ਹਮੀਰ ਸਿੰਘ) : ਸਿੱਖਿਆ ਦੇ ਖੇਤਰ ਵਿੱਚ ਸ਼ਾਨਦਾਰ ਕੰਮ ਕਰਦੇ ਹੋਏ ਵਾਈਐਸ ਗਰੁੱਪ ਆਫ਼ ਇੰਸਟੀਚਿਊਟਸ ਨੇ ਇੱਕ ਹੋਰ ਵੱਡੀ ਪ੍ਰਾਪਤੀ ਆਪਣੇ ਨਾਮ ਕੀਤੀ ਹੈ। ਸੰਸਥਾ ਨੂੰ ਬਠਿੰਡਾ ਵਿੱਚ ਆਯੋਜਿਤ ਇੱਕ ਸ਼ਾਨਦਾਰ ਸਮਾਗਮ ਵਿੱਚ ਅਚੀਵਰਜ਼ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ। ਇਹ ਸਨਮਾਨ ਦਿ ਟ੍ਰਿਬਿਊਨ ਗਰੁੱਪ ਵੱਲੋਂ ਆਯੋਜਿਤ ਪ੍ਰੋਗਰਾਮ ਦੌਰਾਨ ਪ੍ਰਦਾਨ ਕੀਤਾ ਗਿਆ। ਇਹ ਪੁਰਸਕਾਰ ਸੰਸਥਾ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਦਿੱਤੇ ਗਏ ਸ਼ਾਨਦਾਰ ਯੋਗਦਾਨ ਅਤੇ ਮਾਲਵਾ ਖੇਤਰ ਦੇ ਇੱਕ ਮੋਹਰੀ ਸਕੂਲ ਵਜੋਂ ਉਸ ਦੀ ਪਛਾਣ ਨੂੰ ਮਾਨਤਾ ਦਿੰਦਾ ਹੈ। ਇਹ ਸਨਮਾਨ ਵਾਈਐਸ ਗਰੁੱਪ ਆਫ਼ ਇੰਸਟੀਚਿਊਟਸ ਦੇ ਡਾਇਰੈਕਟਰ ਸ੍ਰੀ ਵਰੁਣ ਭਾਰਤੀ ਨੇ ਪ੍ਰਾਪਤ ਕੀਤਾ। ਇਹ ਸਨਮਾਨ ਉਨ੍ਹਾਂ ਦੀ ਦੂਰਦਰਸ਼ੀ ਅਗਵਾਈ ਅਤੇ ਸਿੱਖਿਆ ਪ੍ਰਤੀ ਸਮਰਪਣ ਦਾ ਪ੍ਰਤੀਕ ਹੈ। ਪ੍ਰੋਗਰਾਮ ਵਿੱਚ ਮੁੱਖ ਮਹਿਮਾਨ ਵਜੋਂ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਹਾਜ਼ਰ ਰਹੇ। ਉੱਥੇ ਹੀ, ਕੈਬਨਿਟ ਮੰਤਰੀ ਅਤੇ ਆਮ ਆਦਮੀ ਪਾਰਟੀ ਦੇ ਸੂਬਾ ਪ੍ਰਧਾਨ ਅਮਨ ਅਰੋੜਾ ਨੇ ਵਿਸ਼ੇਸ਼ ਮਹਿਮਾਨ ਵਜੋਂ ਆਪਣੀ ਹਾਜ਼ਰੀ ਲਗਵਾਈ। ਸਮਾਗਮ ਦੌਰਾਨ ਹਾਜ਼ਰ ਪਤਵੰਤਿਆਂ ਨੇ ਸੰਸਥਾ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਕੀਤੇ ਜਾ ਰਹੇ ਲਗਾਤਾਰ ਉਪਰਾਲਿਆਂ ਦੀ ਸ਼ਲਾਘਾ ਕੀਤੀ ਅਤੇ ਇਸ ਨੂੰ ਮਿਆਰੀ ਸਿੱਖਿਆ ਦੇ ਨਵੇਂ ਮਾਪਦੰਡ ਸਥਾਪਿਤ ਕਰਨ ਵਾਲਾ ਦੱਸਿਆ। ਇਹ ਸਨਮਾਨ ਸੰਸਥਾ ਦੇ ਪ੍ਰਬੰਧਨ, ਅਧਿਆਪਕਾਂ ਅਤੇ ਵਿਦਿਆਰਥੀਆਂ ਦੀ ਮਿਹਨਤ ਅਤੇ ਸਮਰਪਣ ਦਾ ਨਤੀਜਾ ਹੈ। ਇਸ ਮੌਕੇ ਤੇ ਸ੍ਰੀ ਵਰੁਣ ਭਾਰਤੀ ਨੇ ਸਭ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਇਹ ਪੁਰਸਕਾਰ ਸਿਰਫ਼ ਇੱਕ ਪ੍ਰਾਪਤੀ ਨਹੀਂ, ਸਗੋਂ ਅੱਗੇ ਹੋਰ ਬਿਹਤਰ ਕਰਨ ਦੀ ਪ੍ਰੇਰਨਾ ਹੈ। ਪ੍ਰੋਗਰਾਮ ਦਾ ਸਮਾਪਨ ਉਤਸ਼ਾਹ ਅਤੇ ਜਸ਼ਨ ਦੇ ਮਾਹੌਲ ਵਿੱਚ ਹੋਇਆ, ਜਿੱਥੇ ਸੰਸਥਾ ਦੀਆਂ ਪ੍ਰਾਪਤੀਆਂ ਦੀ ਸ਼ਲਾਘਾ ਕੀਤੀ ਗਈ ਅਤੇ ਇਹ ਹੋਰ ਵਿੱਦਿਅਕ ਸੰਸਥਾਵਾਂ ਲਈ ਵੀ ਪ੍ਰੇਰਨਾ ਦਾ ਸਰੋਤ ਬਣਿਆ।

# ਜੂਨੀਅਰ ਲੜਕੇ ਅਤੇ ਲੜਕੀਆਂ ਦੇ ਫੁੱਟਬਾਲ ਦੇ ਇੰਟਰ ਹਾਊਸ ਮੁਕਾਬਲੇ ਕਰਵਾਏ



ਧਨੌਲਾ, 18 ਅਪ੍ਰੈਲ (ਚਮਕੌਰ ਸਿੰਘ ਗੱਗੀ): ਪੰਜਾਬ ਪਬਲਿਕ ਸਕੂਲ ਮਾਨਾ ਪਿੰਡੀ ਵਿੱਚ ਖੇਡਾਂ ਦੀ ਮਹੱਤਤਾ ਨੂੰ ਮੁੱਖ ਰੱਖਦਿਆਂ ਜੂਨੀਅਰ ਲੜਕਿਆਂ ਅਤੇ ਲੜਕੀਆਂ ਦੇ ਫੁਟਬਾਲ ਦੇ ਇੰਟਰ ਹਾਊਸ ਮੁਕਾਬਲੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਦੀ ਅਗਵਾਈ ਕਰਨਲ ਪੀ.ਟੀ. ਆਈ ਅਤੇ ਗੁਰਵਿੰਦਰ ਸਿੰਘ ਜੀ ਪੀ.ਟੀ.ਆਈ ਦੀ ਦੇਖ-ਰੇਖ ਹੇਠ ਕੀਤੀ ਗਈ। ਮੁਕਾਬਲਿਆਂ ਵਿੱਚ ਭਗਤ ਸਿੰਘ ਹਾਊਸ, ਜੂਨੀਅਰ ਲੜਕੇ ਨੇ ਪਹਿਲਾ ਸਥਾਨ ਹਾਸਲ ਕੀਤਾ, ਜਦਕਿ ਟੈਗੋਰ ਹਾਊਸ ਦੂਜੇ ਸਥਾਨ 'ਤੇ ਰਿਹਾ। ਜੂਨੀਅਰ ਲੜਕੀਆਂ ਵਿੱਚ ਭਗਤ ਸਿੰਘ ਹਾਊਸ ਨੇ ਪਹਿਲਾ ਅਤੇ ਟੈਗੋਰ ਹਾਊਸ ਨੇ ਦੂਜਾ ਸਥਾਨ ਹਾਸਲ ਕੀਤਾ। ਇਸ ਮੌਕੇ ਵਿਦਿਆਰਥੀਆਂ ਨੂੰ ਖੇਡਾਂ ਵਿੱਚ ਭਾਗ ਲੈਣ ਲਈ ਉਤਸ਼ਾਹਿਤ ਕਰਦੇ ਹੋਏ ਸਕੂਲ ਦੇ ਪ੍ਰਿੰਸੀਪਲ ਸ੍ਰੀਮਤੀ ਸਿਮਰਨ ਕੌਰ ਨੇ ਕਿਹਾ ਕਿ ਖੇਡਾਂ ਜੀਵਨ ਦਾ ਅਹਿਮ ਹਿੱਸਾ ਹਨ। ਵਿਦਿਆਰਥੀ ਜੀਵਨ ਵਿੱਚ ਖੇਡਾਂ ਦੇ ਬਹੁਤ ਮਹੱਤਵ ਹਨ ਅਤੇ ਸਰੀਰ ਨੂੰ ਤੰਦਰੁਸਤ ਰੱਖਣ ਲਈ ਖੇਡਾਂ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣਾ ਚਾਹੀਦਾ ਹੈ।ਸਕੂਲ ਦੇ ਚੇਅਰਮੈਨ ਸ੍ਰੀ ਅਮਰਜੀਤ ਸਿੰਘ ਢੀਂਡਸਾ ਨੇ ਜਿੱਤੂ ਟੀਮਾਂ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਅਜਿਹੇ ਮੁਕਾਬਲੇ ਵਿਦਿਆਰਥੀਆਂ ਦੇ ਮਨੋਬਲ ਨੂੰ ਵਧਾਉਂਦੇ ਹਨ। ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਸ੍ਰੀਮਤੀ ਸਿਮਰਨ ਕੌਰ, ਸਕੂਲ ਦਾ ਸਮੂਹ ਸਟਾਫ ਅਤੇ ਵਿਦਿਆਰਥੀ ਮੌਜੂਦ ਸਨ।

# ਪ੍ਰੀ -ਪ੍ਰਾਇਮਰੀ ਦੇ ਵਿਦਿਆਰਥੀਆਂ ਨੂੰ ਸਟੇਸ਼ਨਰੀ ਕਿੱਟਾਂ ਤੇ ਖਿਡੌਣੇ ਵੰਡੇ



ਬਰਨਾਲਾ, 18 ਅਪ੍ਰੈਲ (ਸੁਖਵਿੰਦਰ ਸਿੰਘ ਭੰਡਾਰੀ) : ਸਰਕਾਰੀ ਪ੍ਰਾਇਮਰੀ ਸਕੂਲ ਅਮਲਾ ਸਿੰਘ ਵਾਲਾ ਵਿਖੇ ਨੰਨੇ - ਮੁੰਨੇ ਵਿਦਿਆਰਥੀਆਂ ਦੇ ਚ ਉਤਸਾਹ ਭਰਨ ਲਈ ਸਥਾਨਕ ਦਾਨੀ ਸੱਜਣ ਗੁਰਮੇਲ ਸਿੰਘ ਰਿਟਾ. ਮੈਨੇਜਰ ਫੂਡ ਸਪਲਾਈ ਵਿਭਾਗ ਵੱਲੋਂ ਪ੍ਰੀ - ਪ੍ਰਾਈਮਰੀ ਦੇ ਵਿਦਿਆਰਥੀਆਂ ਨੂੰ ਸਟੇਸ਼ਨਰੀ ਕਿੱਟਾਂ ਦੀ ਵੰਡ ਕੀਤੀ ਗਈ, ਜਿਸ ਵਿੱਚ ਕਾਪੀ ,ਪੈਨਸਲ ਰਬੜ ,ਸ਼ਾਪਨਰ ਆਦਿ ਦਿੱਤੇ ਗਏ। ਇਹਨਾਂ ਨੇ ਨਿਵੇਕਲੀ ਪਹਿਲ ਕਦਮੀ ਕਰਦੇ ਹੋਏ ਇੰਨਾਂ ਛੋਟੇ-ਛੋਟੇ ਬੱਚਿਆਂ ਨੂੰ ਖਿਡੌਣੇ ਜਿਵੇਂ ਕਾਰ ,ਜੀਪ ,ਕਿਚਨ ਦਾ ਸਮਾਨ, ਛੋਟੇ-ਛੋਟੇ ਬਰਤਨ ,ਕਾਰਟੂਨ ,ਟਰੈਕਟਰ ,ਖਾਣ ਪੀਣ ਦੇ ਸਮਾਨ ਦਾ ਸੈੱਟ ਆਦਿ ਦੀ ਵੰਡ ਕੀਤੀ ਗਈ ਤਾਂ ਕਿ ਬੱਚੇ ਚਾਈਂ - ਚਾਈਂ ਸਕੂਲ ਵਿੱਚ ਆਉਣ 'ਤੇ ਖੇਡ ਵਿਧੀ ਨਾਲ ਵੱਧ ਤੋਂ ਵੱਧ ਸਿੱਖਣ। ਇਹਨਾਂ ਦੇ ਨਾਲ ਆਏ ਸਕੂਲ ਮੈਨੇਜਮੈਂਟ ਕਮੇਟੀ ਦੇ ਸੀਨੀਅਰ ਮੈਂਬਰ ਹਰਬੰਸ ਸਿੰਘ ਫੌਜੀ ਨੇ ਕਿਹਾ ਕਿ ਅਜਿਹੇ ਯਤਨਾਂ ਨਾਲ ਜਿੱਥੇ ਵਿਦਿਆਰਥੀਆਂ ਵਿੱਚ ਉਤਸਾਹ ਪੈਦਾ ਹੁੰਦਾ ਹੈ ਉੱਥੇ ਅਧਿਆਪਕਾਂ ਵਿੱਚ ਨਵੀਂ ਐਨਰਜੀ ਪੈਦਾ ਹੁੰਦੀ ਹੈ। ਇਸ ਮੌਕੇ ਸਕੂਲ ਮੁਖੀ ਨਰਿੰਦਰ ਕੁਮਾਰ, ਲਖਵਿੰਦਰ ਕੌਰ ,ਗਗਨਦੀਪ ਸਿੰਘ, ਗਗਨਦੀਪ ਕੌਰ ਅਧਿਆਪਕ ਤੇ ਸਕੂਲ ਮੈਨੇਜਮੈਂਟ ਕਮੇਟੀ ਦੇ ਮੈਂਬਰ ਨੀਲਮ ਯਾਦਵ, ਨਵਜੋਤ ਕੌਰ ਵੀ ਹਾਜ਼ਰ ਸਨ।

# ਵਿਸ਼ਵ ਵਿਰਾਸਤ ਦਿਵਸ ਮੌਕੇ ਸ੍ਰੀ ਰਾਮ ਮੰਦਰ ਅਯੁੱਧਿਆ ਨੂੰ ਵਿਸ਼ਵ ਵਿਰਾਸਤ ਸੂਚੀ 'ਚ ਸ਼ਾਮਿਲ ਕਰਨ ਦੀ ਮੰਗ



ਬਰਨਾਲਾ, 18 ਅਪ੍ਰੈਲ (ਸੁਖਵਿੰਦਰ ਸਿੰਘ ਭੰਡਾਰੀ) : ਪ੍ਰੋਗਰੈਸਿਵ ਸੀਨੀਅਰ ਸਿਟੀਜ਼ਨ ਐਂਡ ਸਿਵਲ ਸੋਸਾਇਟੀ ਬਰਨਾਲਾ ਵੱਲੋਂ ਵਿਸ਼ਵ ਵਿਰਾਸਤ ਦਿਵਸ ਮਨਾਇਆ ਗਿਆ । ਮਾਨਵ ਸੱਭਿਅਤਾ ਦੇ ਇਤਿਹਾਸ 'ਤੇ ਵਿਰਾਸਤ ਨੂੰ ਨਾਲੋਂ ਨਾਲ ਸਨਮਾਨ ਦੇਣ ਲਈ ਹਰ ਸਾਲ 18 ਅਪ੍ਰੈਲ 1983 ਤੋਂ ਵਿਸ਼ਵ ਵਿਰਾਸਤ ਦਿਵਸ ਮਨਾਇਆ ਜਾਂਦਾ ਹੈ । ਇਸ ਬਾਰੇ ਵਿਚਾਰ ਪ੍ਰਗਟ ਕਰਦਿਆਂ ਪ੍ਰਸਿੱਧ ਅਚਾਰੀਆ ਸਿਰੀ ਨਿਵਾਸ ਲਕਸ਼ਮੀ ਨਰਾਇਣ ਮੰਦਰ ਵਾਲੇ ਬਰਨਾਲਾ , ਬਸੰਤ ਕੁਮਾਰ ਗੋਇਲ ਚੇਅਰਮੈਨ ਗੀਤਾ ਭਵਨ ਬਰਨਾਲਾ, ਪੱਤਰਕਾਰ ਬਲਵਿੰਦਰ ਸ਼ਰਮਾ ਨੇ ਕਿਹਾ ਕਿ ਇਸ ਦਿਨ ਨੂੰ ਮਨਾਉਣ ਦਾ ਮੁੱਖ ਉਦੇਸ਼ ਮਨੁੱਖਤਾ ਦੀ ਸਾਂਝੀ ਸੱਭਿਆਚਾਰਕ ਅਤੇ ਕੁਦਰਤੀ ਦੀ ਸੰਭਾਲ ਬਾਰੇ ਜਾਗਰੂਕਤਾ ਪੈਦਾ ਕਰਨਾ ਅਤੇ ਵਿਸ਼ਵ ਵਿਰਾਸਤ ਦੀ ਰੱਖਿਆ ਕਰਨਾ ਹੈ। ਉਹਨਾਂ ਮੰਗ ਕੀਤੀ ਕਿ ਆਯੁੱਧਿਆ ਵਿਖੇ ਨਵੇਂ ਬਣੇ ਸ਼੍ਰੀ ਰਾਮ ਜੀ ਦੇ ਮੰਦਰ ਨੂੰ ਵਿਸ਼ਵ ਵਿਰਾਸਤ ਦੀ ਸੂਚੀ ਵਿੱਚ ਦਰਜ਼ ਕੀਤਾ ਜਾਵੇ ਤਾਂ ਜੋ ਇਹ ਮੰਦਰ ਸਮੁੱਚੇ ਵਿਸ਼ਵ ਦੀ ਵਿਰਾਸਤ ( ਧਰੋਹਰ) ਬਣ ਸਕੇ। ਜਦੋਂ ਯੂਨੈਸਕੋ ਕਿਸੇ ਜਗ੍ਹਾ ਨੂੰ ਵਿਸ਼ਵ ਵਿਰਾਸਤ ਘੋਸ਼ਿਤ ਕਰਦੀ ਹੈ, ਤਾਂ ਉੱਥੇ ਵਿਸ਼ਵ ਦੇ ਸੈਲਾਨੀਆਂ ਦਾ ਆਉਣਾ ਜਾਣਾ ਕਾਫ਼ੀ ਵਧ ਜਾਂਦਾ ਹੈ, ਜਿਸ ਦਾ ਸਿੱਧਾ ਅਸਰ ਦੇਸ਼ ਦੀ ਅਰਥ ਵਿਵਸਥਾ ਤੇ ਪੈਂਦਾ ਹੈ ਅਤੇ ਉਹ ਸਥਾਨ ਲੋਕਾਂ ਦੀ ਸ਼ਰਧਾ ਦਾ ਕੇਂਦਰ ਬਿੰਦੂ ਬਣ ਜਾਂਦਾ ਹੈ। ਇਸ ਦੌਰਾਨ ਆਪਣੇ ਵਿਚਾਰ ਪ੍ਰਗਟ ਕਰਦਿਆਂ ਸਮਾਜ ਸੇਵੀ ਤੇਜ ਕੁਮਾਰ ਤੇਜ਼ੀ, ਸੁਰੇਸ਼ ਕੁਮਾਰ ਤਪੇ ਵਾਲੇ ਪ੍ਰਧਾਨ ਪ੍ਰਾਚੀਨ ਸ਼ਿਵ ਮੰਦਰ 22 ਏਕੜ ਬਰਨਾਲਾ ਅਤੇ (ਡਾ:) ਰਾਜੀਵ ਸ਼ਰਮਾ ਨੇ ਕਿਹਾ ਕਿ ਵਿਸ਼ਵ ਵਿਰਾਸਤ ਦਿਵਸ ਮਨਾਉਣ ਦਾ ਮਕਸਦ ਸਿਰਫ਼ ਸੈਰ ਸਪਾਟੇ ਨੂੰ ਹੀ ਉਤਸ਼ਾਹਿਤ ਹੀ ਨਹੀਂ ਕਰਦਾ ਬਲਕਿ ਵਿਰਾਸਤੀ ਸਥਾਨਾਂ ਦੀ ਸਾਂਭ ਸੰਭਾਲ ਕਰਨ ਲਈ ਲੋਕਾਂ ਨੂੰ ਜਾਗਰੂਕ ਕਰਨਾ ਵੀ ਹੁੰਦਾ ਹੈ। ਉਨ੍ਹਾਂ ਕਿਹਾ ਕਿ ਭਾਰਤ ਵਿੱਚ 42 ਵਿਸ਼ਵ ਵਿਰਾਸਤੀ ਥਾਵਾਂ ਹਨ, ਜਿਨਾਂ ਨੂੰ ਦੇਖਣ ਲਈ ਹਰ ਸਾਲ ਲੱਖਾਂ ਲੋਕ ਆਉਂਦੇ ਹਨ। ਉਹਨਾਂ ਕਿਹਾ ਕਿ ਇਹਨਾਂ ਵਿਸ਼ਵ ਵਿਰਾਸਤ ਥਾਵਾਂ ਦੀ ਸਾਂਭ ਸੰਭਾਲ ਕਰਨ ਲਈ ਸੰਬੰਧਿਤ ਦੇਸ਼ ਅਤੇ ਯੂਨੈਸਕੋ ਦੀ ਜ਼ਿੰਮੇਵਾਰੀ ਹੁੰਦੀ ਹੈ । ਸ਼੍ਰੀ ਰਾਮ ਮੰਦਰ ਨੂੰ ਵਿਸ਼ਵ ਵਿਰਾਸਤ ਸੂਚੀ ਚ ਸ਼ਾਮਿਲ ਕਰਵਾਉਣ ਲਈ ਕੇਂਦਰ ਸਰਕਾਰ ਨੂੰ ਯੂ ਐਨ ਓ ਦੀ ਏਜੰਸੀ ਯੂਨੈਸਕੋ ਨਾਲ ਤਾਲਮੇਲ ਕਰਕੇ ਲੋੜੀਂਦੀ ਕਾਰਵਾਈ ਕਰਨੀ ਚਾਹੀਦੀ ਹੈ। ਇਸ ਮੌਕੇ ਸੋਮਾ ਭੰਡਾਰੀ, ਨੀਰਜ਼ ਬਾਲਾ ਦਾਨੀਆ, ਕੇਵਲ ਕ੍ਰਿਸ਼ਨ ਗਰਗ, ਬਬੀਤਾ ਜਿੰਦਲ, ਰਾਕੇਸ਼ ਜਿੰਦਲ, ਮਹਿੰਦਰ ਪਾਲ ਗਰਗ, ਜਸਪਾਲ ਸ਼ਰਮਾ ਆਦਿ ਹਾਜ਼ਰ ਸਨ।

# ਮਦਰ ਟੀਚਰ ਸਕੂਲ ਵਿੱਚ ਨਾਰੀ ਸ਼ਕਤੀ ਵਿਸ਼ੇ 'ਤੇ ਹਿੰਦੀ ਕਵਿਤਾ ਪਾਠ ਮੁਕਾਬਲੇ ਕਰਵਾਏ




ਬਰਨਾਲਾ, 18 ਅਪ੍ਰੈਲ ( ਇਸ਼ੇਨ ਕੰਗ) : ਮਦਰ ਟੀਚਰ ਸਕੂਲ, ਬਰਨਾਲਾ ਵਿਖੇ ਅੱਜ ਨੂੰ ਇੱਕ ਹਿੰਦੀ ਕਵਿਤਾ ਪਾਠ ਮੁਕਾਬਲਾ ਸਫਲਤਾਪੂਰਵਕ ਆਯੋਜਿਤ ਕੀਤਾ ਗਿਆ। ਇਸ ਮੁਕਾਬਲੇ ਦਾ ਵਿਸ਼ਾ;ਨਾਰੀ ਸ਼ਕਤੀ (ਮਹਿਲਾ ਸ਼ਕਤੀ) ਸੀ, ਜਿਸ ਰਾਹੀਂ ਵਿਦਿਆਰਥੀਆਂ ਨੇ ਆਪਣੀਆਂ ਕਵਿਤਾਵਾਂ ਰਾਹੀਂ ਔਰਤਾਂ ਦੀ ਸ਼ਾਨ, ਹਿੰਮਤ ਅਤੇ ਯੋਗਦਾਨ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਪ੍ਰਦਰਸ਼ਿਤ ਕੀਤਾ। ਇਸ ਸਮਾਗਮ ਵਿੱਚ ਦਸਵੀਂ ਜਮਾਤ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ ਅਤੇ ਆਪਣੀ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਭਾਗੀਦਾਰਾਂ ਨੇ ਆਤਮਵਿਸ਼ਵਾਸ ਅਤੇ ਸਪਸ਼ਟ ਉਚਾਰਨ ਨਾਲ ਸਟੇਜ ਤੇ ਆਪਣੇ ਪ੍ਰਦਰਸ਼ਨ ਪੇਸ਼ ਕੀਤੇ, ਜਿਸ ਨਾਲ ਹਾਜ਼ਰ ਅਧਿਆਪਕਾਂ ਅਤੇ ਵਿਦਿਆਰਥੀਆਂ ਦੀ ਪ੍ਰਸ਼ੰਸਾ ਹੋਈ। ਜੱਜਾਂ ਦੇ ਪੈਨਲ , ਜਿਸ ਵਿੱਚ ਸ਼੍ਰੀਮਤੀ ਰੂਹੀ ਜਿੰਦਲ ਅਤੇ ਸ਼੍ਰੀ ਮਨਜੋਤ ਸਿੰਘ ਸ਼ਾਮਲ ਸਨ - ਨੇ ਭਾਗੀਦਾਰਾਂ ਦੇ ਉਚਾਰਨ, ਭਾਵਨਾਤਮਕ ਪ੍ਰਗਟਾਵੇ ਅਤੇ ਵਿਸ਼ੇ ਦੀ ਸਮਝ ਦੇ ਆਧਾਰ ਤੇ ਜੇਤੂਆਂ ਦੀ ਚੋਣ ਕੀਤੀ। ਪ੍ਰੋਗਰਾਮ ਦੇ ਅੰਤ ਵਿੱਚ ਸਕੂਲ ਦੇ ਪ੍ਰਿੰਸੀਪਲ ਸ਼੍ਰੀ ਦਲਜੀਤ ਸਿੰਘ ਜੀ ਨੇ ਸਾਰੇ ਭਾਗੀਦਾਰਾਂ ਦੀ ਪ੍ਰਸ਼ੰਸਾ ਕੀਤੀ ਅਤੇ ਜੇਤੂਆਂ ਨੂੰ ਇਨਾਮ ਦੇ ਕੇ ਸਨਮਾਨਿਤ ਕੀਤਾ। ਇਸ ਮੁਕਾਬਲੇ ਵਿੱਚ, ਏਂਜਲ ਅਤੇ ਅਕਸ਼ਿਤ ਜਿੰਦਲ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਨਵਿਕਾ ਅਤੇ ਈਸ਼ਾਨ ਨੇ ਦੂਜਾ ਸਥਾਨ ਪ੍ਰਾਪਤ ਕੀਤਾ, ਜਦੋਂਕਿ ਨੇਕਮ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਤਰ੍ਹਾਂ, ਇਹ ਮੁਕਾਬਲਾ ਵਿਦਿਆਰਥੀਆਂ ਵਿੱਚ ਆਤਮ-ਵਿਸ਼ਵਾਸ, ਭਾਸ਼ਾਈ ਹੁਨਰ ਅਤੇ ਔਰਤਾਂ ਪ੍ਰਤੀ ਸਤਿਕਾਰ ਪ੍ਰਤੀ ਜਾਗਰੂਕਤਾ ਪੈਦਾ ਕਰਨ ਵਿੱਚ ਸਫਲ ਸਾਬਤ ਹੋਇਆ।

# ਗਰੀਨ ਫ਼ੀਲਡ ਕਾਨਵੈਂਟ ਸਕੂਲ ਦਾਨਗੜ੍ਹ ਦਾ ਦਸਵੀਂ ਜਮਾਤ ਦਾ ਨਤੀਜਾ ਸ਼ਾਨਦਾਰ ਰਿਹਾ



ਧਨੌਲਾ, 18 ਅਪ੍ਰੈਲ (ਚਮਕੌਰ ਸਿੰਘ ਗੱਗੀ) : ਸੀ. ਬੀ. ਐੱਸ. ਈ. ਬੋਰਡ ਦਿੱਲੀ ਵੱਲੋਂ ਐਲਾਨੇ ਦਸਵੀਂ ਜਮਾਤ ਦੇ ਰਿਜ਼ਲਟ @ਚ ਗਰੀਨ ਫ਼ੀਲਡ ਕਾਨਵੈਂਟ ਸਕੂਲ ਦਾਨਗੜ੍ਹ ਦਾ ਨਤੀਜਾ ਸ਼ਾਨਦਾਰ ਰਿਹਾ। ਇਸ ਨਤੀਜੇ ਵਿੱਚ ਸਕੂਲ ਦੇ ਸਾਰੇ ਵਿਦਿਆਰਥੀਆਂ ਨੇ ਚੰਗੇ ਅੰਕ ਹਾਸਿਲ ਕਰਕੇ ਸਕੂਲ, ਆਪਣਾ ਅਤੇ ਮਾਤਾ-ਪਿਤਾ ਦਾ ਨਾਮ ਰੌਸ਼ਨ ਕੀਤਾ ਹੈ। ਇਸ ਦੌਰਾਨ ਵਿਦਿਆਰਥਣ ਰਮਨਦੀਪ ਕੌਰ, ਚਾਹਤਪ੍ਰੀਤ ਕੌਰ, ਕੋਮਲਪ੍ਰੀਤ ਕੌਰ, ਸੰਜਨਾ, ਹਰਜੋਤ ਕੌਰ, ਅਵਨੀਤ ਸ਼ਰਮਾ ਸਭ ਤੋਂ ਵੱਧ ਅੰਕ ਲੈ ਕੇ ਸਕੂਲ ਵਿੱਚੋਂ ਟਾਪਰ ਰਹੀਆਂ। ਜਿੰਨ੍ਹਾਂ ਦੀ ਹੌਸਲਾ ਅਫ਼ਜਾਈ ਕਰਦਿਆਂ ਚੇਅਰਮੈਨ ਸ: ਸੁਖਮਿੰਦਰ ਸਿੰਘ ਗਿੱਲ ਅਤੇ ਪ੍ਰਿੰਸੀਪਲ ਪ੍ਰੀਤ ਕਮਲ ਸ਼ਰਮਾ ਨੇ ਕਿਹਾ ਕਿ ਵਿਦਿਆਰਥੀਆਂ ਨੇ ਜਿੱਥੇ ਆਪਣੇ ਅਣਥੱਕ ਮਿਹਨਤ ਨਾਲ ਚੰਗੇ ਅੰਕ ਪ੍ਰਾਪਤ ਕੀਤੇ ਹਨ, ਉੱਥੇ ਹੀ ਇਨ੍ਹਾਂ ਦੇ ਅਧਿਆਪਕਾਂ ਅਤੇ ਮਾਪਿਆਂ ਦਾ ਵੀ ਇਸ ਪ੍ਰਾਪਤੀ ਵਿੱਚ ਬਹੁਤ ਵੱਡਾ ਰੋਲ ਹੈ। ਜਿੰਨ੍ਹਾਂ ਦੁਆਰਾ ਆਪਣੇ ਬੱਚਿਆਂ ਨੂੰ ਵਧੀਆ ਪੜ੍ਹਾਈ ਕਰਵਾ ਕੇ ਚੰਗੇ ਅੰਕ ਲੈਣ ਵਿੱਚ ਮਦਦ ਕੀਤੀ ਹੈ। ਇਸ ਮੌਕੇ ਡਾ. ਮਨਪ੍ਰੀਤ ਕੌਰ, ਵਾਈਸ ਪ੍ਰਿੰਸੀਪਲ ਜਸਵੀਰ ਕੌਰ, ਇੰਚਾਰਜ ਅਜਿੰਦਰਪਾਲ ਟਿਵਾਣਾ, ਕੋਆਰਡੀਨੇਟਰ ਅਮਨਪ੍ਰੀਤ, ਸੰਜੀਤ, ਨੋਵਲਪ੍ਰੀਤ ਤੇ ਸੰਦੀਪ ਆਦਿ ਤੋਂ ਇਲਾਵਾ ਸਮੁੱਚੇ ਸਟਾਫ਼ ਵੱਲੋਂ ਵਿਦਿਆਰਥੀਆਂ ਨੂੰ ਵਧਾਈਆਂ ਦਿੱਤੀਆਂ ਗਈਆਂ ਅਤੇ ਚੰਗੇ ਭਵਿੱਖ ਦੀ ਕਾਮਨਾ ਕੀਤੀ ਗਈ।

# ਅੰਮ੍ਰਿਤਪਾਲ ਸਿੰਘ ਨੂੰ ਪੰਜਾਬ ਦੀ ਜੇਲ੍ਹ ਵਿੱਚ ਤਬਦੀਲ ਕਰਨ ਦੀ ਮੰਗ ਫ਼ੜ੍ਹਨ ਲੱਗੀ ਜ਼ੋਰ



ਭਦੌੜ, 18 ਅਪ੍ਰੈਲ (ਸੁਖਵਿੰਦਰ ਪਲਾਹਾ) : ਡਿਬਰੂਗੜ੍ਹ ਜੇਲ੍ਹ ਵਿੱਚ ਬੰਦ ਤਰਨਤਾਰਨ ਤੋਂ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਨੂੰ ਪੰਜਾਬ ਵਾਪਸ ਲਿਆਉਣ ਦੀ ਮੰਗ ਹੁਣ ਜ਼ੋਰ ਫੜਨ ਲੱਗੀ ਹੈ। ਇਸ ਮੁੱਦੇ ਉੱਤੇ ਇਲਾਕੇ ਦੇ ਪ੍ਰਮੁੱਖ ਸੀਨੀਅਰ ਆਗੂ ਸੁਖਵਿੰਦਰ ਸਿੰਘ ਫੌਜੀ, ਕੁਲਵਿੰਦਰ ਸਿੰਘ ਭਦੌੜ, ਲਖਵੀਰ ਸਿੰਘ ਭੋਤਨਾ, ਲਖਬੀਰ ਸਿੰਘ ਖੁੱਡੀ ਕਲਾਂ, ਜਸਵੀਰ ਸਿੰਘ, ਬੇਅੰਤ ਸਿੰਘ ਸਹਿਣਾ, ਬਲਜਿੰਦਰ ਸਿੰਘ ਅਤੇ ਸਤਨਾਮ ਸਿੰਘ ਸੰਧੂ ਕਲਾ ਨੇ ਕੇਂਦਰ ਸਰਕਾਰ ਅਤੇ ਪੰਜਾਬ ਸਰਕਾਰ ਸਾਹਮਣੇ ਆਪਣੀ ਕਰੜੀ ਮੰਗ ਰੱਖੀ ਹੈ। ਇਨ੍ਹਾਂ ਆਗੂਆਂ ਦਾ ਕਹਿਣਾ ਹੈ ਕਿ ਅੰਮ੍ਰਿਤਪਾਲ ਸਿੰਘ ਨੂੰ ਪੰਜਾਬ ਲਿਆਉਣਾ ਸਮੇਂ ਦੀ ਮੁੱਖ ਲੋੜ ਹੈ ਕਿਉਂਕਿ ਉਨ੍ਹਾਂ ਨੇ ਪੰਜਾਬ ਦੇ ਨੌਜਵਾਨਾਂ ਨੂੰ ਨਸ਼ਿਆਂ ਦੀ ਦਲਦਲ ਵਿੱਚੋਂ ਬਾਹਰ ਕੱਢਣ ਲਈ ਇੱਕ ਵੱਡੀ ਮੁਹਿੰਮ ਸ਼ੁਰੂ ਕੀਤੀ ਸੀ। ਆਗੂਆਂ ਨੇ ਸਾਫ਼ ਤੌਰ ਉੱਤੇ ਕਿਹਾ ਕਿ ਪੰਜਾਬ ਅਤੇ ਪੰਜਾਬ ਦੀ ਜਵਾਨੀ ਨੂੰ ਬਚਾਉਣ ਲਈ ਅੰਮ੍ਰਿਤਪਾਲ ਸਿੰਘ ਦਾ ਪੰਜਾਬ ਵਿੱਚ ਹੋਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਨੇ ਪੰਜਾਬ ਸਰਕਾਰ ਦੇ ਉਸ ਤਰਕ ਨੂੰ ਪੂਰੀ ਤਰ੍ਹਾਂ ਰੱਦ ਕਰ ਦਿੱਤਾ ਜਿਸ ਵਿੱਚ ਕਿਹਾ ਗਿਆ ਸੀ ਕਿ ਅੰਮ੍ਰਿਤਪਾਲ ਸਿੰਘ ਨੂੰ ਪੰਜਾਬ ਲਿਆਉਣ ਨਾਲ ਅਮਨ ਕਾਨੂੰਨ ਦੀ ਸਥਿਤੀ ਵਿਗੜ ਸਕਦੀ ਹੈ। ਆਗੂਆਂ ਨੇ ਗ੍ਰਹਿ ਮੰਤਰਾਲੇ ਅਤੇ ਰਾਜ ਸਰਕਾਰ ਨੂੰ ਅਪੀਲ ਕੀਤੀ ਕਿ ਜੇਕਰ ਰਾਸ਼ਟਰੀ ਸੁਰੱਖਿਆ ਕਾਨੂੰਨ ਹਟਾ ਲਿਆ ਜਾਂਦਾ ਹੈ ਤਾਂ ਅੰਮ੍ਰਿਤਪਾਲ ਸਿੰਘ ਦੇ ਖਿਲਾਫ਼ ਚੱਲ ਰਹੇ ਮਾਮਲਿਆਂ ਦੀ ਸੁਣਵਾਈ ਪੰਜਾਬ ਦੀਆਂ ਜੇਲ੍ਹਾਂ ਵਿੱਚ ਹੀ ਕੀਤੀ ਜਾਣੀ ਚਾਹੀਦੀ ਹੈ। ਉਨ੍ਹਾਂ ਦਾ ਤਰਕ ਹੈ ਕਿ ਇੱਕ ਲੋਕਤੰਤਰੀ ਰੂਪ ਵਿੱਚ ਚੁਣੇ ਗਏ ਲੋਕ ਪ੍ਰਤੀਨਿਧ ਨੂੰ ਉਸ ਦੇ ਵੋਟਰਾਂ ਅਤੇ ਕਾਰਜ ਖੇਤਰ ਤੋਂ ਇੰਨੀ ਦੂਰ ਰੱਖਣਾ ਸੰਵਿਧਾਨਕ ਤੌਰ ਉੱਤੇ ਸਹੀ ਨਹੀਂ ਹੈ। ਇਨ੍ਹਾਂ ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਇਸ ਮੰਗ ਵੱਲ ਧਿਆਨ ਨਾ ਦਿੱਤਾ ਤਾਂ ਆਉਣ ਵਾਲੇ ਸਮੇਂ ਵਿੱਚ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ, ਕਿਉਂਕਿ ਪੰਜਾਬ ਦਾ ਹਰ ਨਾਗਰਿਕ ਚਾਹੁੰਦਾ ਹੈ ਕਿ ਉਨ੍ਹਾਂ ਦੇ ਹੱਕ ਦੀ ਆਵਾਜ਼ ਉਠਾਉਣ ਵਾਲਾ ਆਗੂ ਉਨ੍ਹਾਂ ਦੇ ਵਿਚਕਾਰ ਰਹੇ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਆਪਣੀਆਂ ਪ੍ਰਸ਼ਾਸਨਿਕ ਨਾਕਾਮੀਆਂ ਨੂੰ ਛੁਪਾਉਣ ਲਈ ਅਜਿਹੇ ਬਹਾਨੇ ਨਹੀਂ ਬਣਾਉਣੇ ਚਾਹੀਦੇ, ਜਿਸ ਨਾਲ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਹੋਵੇ।

# ਆਰਿਆ ਮਹਿਲਾ ਕਾਲਜ ਵਿੱਚ ਛਾਤੀ ਕੈਂਸਰ ਸਬੰਧੀ ਜਾਗਰੂਕਤਾ ਸੈਮੀਨਾਰ ਕਰਵਾਇਆ




ਬਰਨਾਲਾ, 18 ਅਪ੍ਰੈਲ ( ਹਮੀਰ ਸਿੰਘ) : ਸ਼੍ਰੀ ਲਾਲ ਬਹਾਦਰ ਸ਼ਾਸਤਰੀ ਆਰਿਆ ਮਹਿਲਾ ਕਾਲਜ ਬਰਨਾਲਾ ਵਿੱਚ ਪ੍ਰਿੰਸੀਪਲ ਡਾ. ਸੁਸ਼ੀਲ ਬਾਲਾ ਜੀ ਦੀ ਨਿਗਰਾਨੀ ਹੇਠ ਸਾਇੰਸ ਵਿਭਾਗ ਅਤੇ ਐਨ.ਐਸ.ਐਸ. ਵਿਭਾਗ ਵੱਲੋਂ ਛਾਤੀ ਦੇ ਕੈਂਸਰ ਸਬੰਧੀ ਇੱਕ ਜਾਗਰੂਕਤਾ ਸੈਮੀਨਾਰ ਆਯੋਜਿਤ ਕੀਤਾ ਗਿਆ।ਇਸ ਸੈਮੀਨਾਰ ਵਿੱਚ ਫੋਰਟਿਸ ਹਸਪਤਾਲ ਮੋਹਾਲੀ ਤੋਂ ਪ੍ਰਸਿੱਧ ਵਿਸ਼ੇਸ਼ਗਿਆ ਡਾ. ਦੀਪਤੀ ਸਿੰਘ, ਜੋ ਛਾਤੀ ਅਤੇ ਐਂਡੋਕ੍ਰਾਈਨ ਸਰਜਰੀ ਦੀ ਮਾਹਰ ਹਨ, ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਛਾਤੀ ਕੈਂਸਰ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੰਦਿਆਂ 'ਸਵੈ-ਪੜਤਾਲ' (Self-Examination) ਦੇ ਸਹੀ ਤਰੀਕੇ ਸਿਖਾਏ ਅਤੇ ਬਿਮਾਰੀ ਦੇ ਸ਼ੁਰੂਆਤੀ ਲੱਛਣਾਂ ਬਾਰੇ ਵੀ ਅਗਾਹ ਕੀਤਾ। ਡਾ. ਦੀਪਤੀ ਸਿੰਘ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਸਮੇਂ ਸਿਰ ਪਛਾਣ ਅਤੇ ਇਲਾਜ ਨਾਲ ਇਸ ਬਿਮਾਰੀ ਨੂੰ ਕਾਬੂ ਕੀਤਾ ਜਾ ਸਕਦਾ ਹੈ। ਉਨ੍ਹਾਂ ਨੇ ਕੈਂਸਰ ਦੇ ਆਧੁਨਿਕ ਇਲਾਜਾਂ ਅਤੇ ਵਿਸ਼ਵ ਪੱਧਰੀ ਤਕਨਾਲੋਜੀਆਂ ਬਾਰੇ ਵੀ ਵਿਸਥਾਰ ਨਾਲ ਚਰਚਾ ਕੀਤੀ।ਸੈਮੀਨਾਰ ਵਿੱਚ ਮੈਡਮ ਅਮਿਤ ਜਾਵਾ, ਮੈਡਮ ਨੀਰੂ, ਮੈਡਮ ਆਰਤੀ, ਮੈਡਮ ਹਰਜਿੰਦਰ, ਮੈਡਮ ਪ੍ਰਭਜੋਤ ਅਤੇ ਮੈਡਮ ਅਨਮੋਲ ਆਪਣੇ-ਆਪਣੇ ਵਿਦਿਆਰਥੀਆਂ ਸਮੇਤ ਹਾਜ਼ਰ ਸਨ। ਇਸ ਮੌਕੇ ਵਿਦਿਆਰਥੀਆਂ ਨੇ ਵੀ ਰੁਚੀ ਨਾਲ ਭਾਗ ਲਿਆ ਅਤੇ ਆਪਣੀਆਂ ਸ਼ੰਕਾਵਾਂ ਦਾ ਨਿਵਾਰਨ ਕਰਵਾਇਆ।ਅੰਤ ਵਿੱਚ ਕਾਲਜ ਪ੍ਰਸ਼ਾਸਨ ਵੱਲੋਂ ਵਿਸ਼ੇਸ਼ ਮਹਿਮਾਨ ਦਾ ਧੰਨਵਾਦ ਕੀਤਾ ਗਿਆ ਅਤੇ ਵਿਦਿਆਰਥੀਆਂ ਨੂੰ ਸਿਹਤ ਪ੍ਰਤੀ ਸਚੇਤ ਰਹਿਣ ਲਈ ਪ੍ਰੇਰਿਤ ਕੀਤਾ ਗਿਆ।

# ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਹੁਣ ਤਕ 52995 ਮੀਟ੍ਰਿਕ ਟਨ ਫ਼ਸਲ ਦੀ ਖ਼ਰੀਦ



ਬਰਨਾਲਾ, 18 ਅਪ੍ਰੈਲ (ਬਘੇਲ ਸਿੰਘ ਧਾਲੀਵਾਲ): ਡਿਪਟੀ ਕਮਿਸ਼ਨਰ ਬਰਨਾਲਾ ਸ੍ਰੀ ਹਰਪ੍ਰੀਤ ਸਿੰਘ ਆਈ ਏ ਐੱਸ ਨੇ ਦੱਸਿਆ ਕਿ ਜ਼ਿਲ੍ਹਾ ਬਰਨਾਲਾ ਦੀਆਂ ਸਾਰੀਆਂ ਮੰਡੀਆਂ ਵਿੱਚ ਕਣਕ ਦੀ ਖਰੀਦ ਜਾਰੀ ਹੈ। ਓਹਨਾਂ ਦੱਸਿਆ ਕਿ ਰੋਜ਼ਾਨਾ ਪੱਧਰ ਉੱਤੇ ਕਣਕ ਦੀ ਫਸਲ ਦੇ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲਿਆ ਜਾ ਰਿਹਾ ਹੈ ਤਾਂ ਜੋ ਕਿਸਾਨਾਂ ਨੂੰ ਮੰਡੀਆਂ ਵਿੱਚ ਕੋਈ ਮੁਸ਼ਕਿਲ ਪੇਸ਼ ਨਾ ਆਵੇ। ਉਨ੍ਹਾਂ ਦੱਸਿਆ ਕਿ ਅੱਜ ਸ਼ਾਮ ਤੱਕ ਜ਼ਿਲ੍ਹੇ ਦੀਆਂ ਵੱਖ ਵੱਖ ਮੰਡੀਆਂ ਵਿੱਚ ਹੁਣ ਤੱਕ ਕੁੱਲ 121795 ਮੀਟ੍ਰਿਕ ਟਨ ਫ਼ਸਲ ਦੀ ਆਮਦ ਹੋਈ ਹੈ ਜਿਸ ਵਿਚੋਂ ਅੱਜ 46825 ਮੀਟ੍ਰਿਕ ਟਨ ਫ਼ਸਲ ਦੀ ਆਮਦ ਹੋਈ ਹੈ। ਹੁਣ ਤੱਕ ਕੁੱਲ 52995 ਮੀਟ੍ਰਿਕ ਟਨ ਕਣਕ ਦੀ ਖਰੀਦ ਕੀਤੀ ਜਾ ਚੁੱਕੀ ਹੈ ਅਤੇ ਅੱਜ 31217 ਮੀਟ੍ਰਿਕ ਟਨ ਫ਼ਸਲ ਖ਼ਰੀਦੀ ਗਈ ਹੈ। ਉਨ੍ਹਾਂ ਦੱਸਿਆ ਕਿ ਹੁਣ ਤੱਕ ਮਾਰਕਫੈੱਡ ਵੱਲੋਂ 11860 ਮੀਟ੍ਰਿਕ ਟਨ, ਪਨਗ੍ਰੇਨ ਵੱਲੋਂ 22,200 ਮੀਟ੍ਰਿਕ ਟਨ, ਪਨਸਪ ਵੱਲੋਂ 11380 ਮੀਟ੍ਰਿਕ ਟਨ ਤੇ ਪੰਜਾਬ ਸਟੇਟ ਵੇਅਰਹਾਊਸਿੰਗ ਕਾਰਪੋਰੇਸ਼ਨ ਵਲੋਂ 7555 ਮੀਟ੍ਰਿਕ ਟਨ ਫ਼ਸਲ ਦੀ ਖਰੀਦ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਕਿਸਾਨਾਂ ਨੂੰ ਖਰੀਦੀ ਫ਼ਸਲ ਦੀ ਅਦਾਇਗੀ 48 ਘੰਟਿਆਂ ਦੇ ਅੰਦਰ ਅੰਦਰ ਸਿੱਧੀ ਖਾਤਿਆਂ ਵਿਚ ਕੀਤੀ ਜਾ ਰਹੀ ਹੈ ਅਤੇ ਫ਼ਸਲ ਦੀ ਲਿਫਟਿੰਗ ਵੀ ਸ਼ੁਰੂ ਹੋ ਚੁੱਕੀ ਹੈ। ਓਹਨਾਂ ਕਿਹਾ ਕਿ ਰੋਜ਼ਾਨਾ ਪੱਧਰ 'ਤੇ ਮੰਡੀਆਂ ਦਾ ਜਾਇਜ਼ਾ ਲਿਆ ਜਾ ਰਿਹਾ ਹੈ ਤਾਂ ਖਰੀਦ ਏਜੰਸੀਆਂ ਨੇ ਭਰੋਸਾ ਦਿੱਤਾ ਹੈ ਕਿ ਬਰਦਾਨਾ ਲੋੜੀਂਦੀ ਮਾਤਰਾ ਵਿਚ ਉਪਲਬਧ ਹੈ, ਜਿਸ ਕਰਕੇ ਲਿਫਟਿੰਗ ਦੀ ਸਮੱਸਿਆ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ।

# ਗੁਰਚਰਨ ਸਿੰਘ ਸੰਧੂ ਦੀ ਅੰਤਿਮ ਅਰਦਾਸ ਮੌਕੇ 'ਹਰਿਆਵਲ ਲਹਿਰ' ਨੇ ਫ਼ਲਦਾਰ ਬੂਟੇ ਵੰਡੇ



ਭਦੌੜ, 18 ਅਪ੍ਰੈਲ (ਸੁਖਵਿੰਦਰ ਪਲਾਹਾ) : ਇਲਾਕੇ ਦੀ ਸਤਿਕਾਰਯੋਗ ਸ਼ਖ਼ਸੀਅਤ ਸ: ਗੁਰਚਰਨ ਸਿੰਘ ਸੰਧੂ, ਜੋ ਬੀਤੇ ਦਿਨੀਂ ਆਪਣੀ ਸੰਸਾਰਿਕ ਯਾਤਰਾ ਪੂਰੀ ਕਰਦੇ ਹੋਏ ਅਕਾਲ ਚਲਾਣਾ ਕਰ ਗਏ ਸਨ, ਉਹਨਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ ਸ੍ਰੀ ਸਹਿਜ ਪਾਠ ਦੇ ਭੋਗ ਅਤੇ ਅੰਤਿਮ ਅਰਦਾਸ ਅੱਜ ਪਿੰਡ ਅਲਕੜਾ ਦੇ ਗੁਰਦੁਆਰਾ ਸੰਤ ਬਾਬਾ ਸਰਦੂਲ ਸਿੰਘ ਜੀ ਵਿਖੇ ਸੰਪੰਨ ਹੋਈ ਜਿੱਥੇ ਵੱਖ-ਵੱਖ ਰਾਜਨੀਤਿਕ, ਧਾਰਮਿਕ ਅਤੇ ਸਮਾਜਿਕ ਜਥੇਬੰਦੀਆਂ ਨੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ ਅਤੇ ਇਸ ਮੌਕੇ 'ਹਰਿਆਵਲ ਲਹਿਰ ਭਦੌੜ@ ਵੱਲੋਂ ਵਾਤਾਵਰਨ ਦੀ ਸੰਭਾਲ ਨੂੰ ਅਸਲ ਸ਼ਰਧਾਂਜਲੀ ਭੇਟ ਕਰਦਿਆਂ ਸੰਗਤਾਂ ਨੂੰ ਫਲਦਾਰ ਬੂਟੇ ਵੰਡੇ ਗਏ। ਇਸ ਸਮਾਗਮ ਦੌਰਾਨ ਹਰਿਆਵਲ ਲਹਿਰ ਦੇ ਨੁਮਾਇੰਦੇ ਜਗਸੀਰ ਸਿੰਘ ਨੇ ਸੰਬੋਧਨ ਕਰਦਿਆਂ ਕਿਹਾ ਕਿ ਮਨੁੱਖੀ ਜੀਵਨ ਲਈ ਸਾਫ਼-ਸੁਥਰਾ ਵਾਤਾਵਰਨ ਅਤੇ ਆਕਸੀਜਨ ਬਹੁਤ ਜ਼ਰੂਰੀ ਹੈ ਅਤੇ ਉਹਨਾਂ ਦੀ ਲਹਿਰ ਦਾ ਮੁੱਖ ਮਕਸਦ ਸ਼ਹਿਰ ਨੂੰ ਸੁੰਦਰ ਬਣਾਉਣ ਦੇ ਨਾਲ ਵਾਤਾਵਰਨ ਵਿੱਚ ਆਕਸੀਜਨ ਦੀ ਮਾਤਰਾ ਵਧਾਉਣਾ ਹੈ ਇਸ ਲਈ ਸਾਨੂੰ ਸਾਰਿਆਂ ਨੂੰ ਆਪਣੇ ਜੀਵਨ ਦੇ ਖੁਸ਼ੀ-ਗਮੀ ਦੇ ਮੌਕਿਆਂ 'ਤੇ ਵੱਧ ਤੋਂ ਵੱਧ ਦਰੱਖਤ ਲਗਾਉਣੇ ਚਾਹੀਦੇ ਹਨ ਕਿਉਂਕਿ ਸਵਰਗਵਾਸੀ ਗੁਰਚਰਨ ਸਿੰਘ ਸੰਧੂ ਦੀ ਯਾਦ ਵਿੱਚ ਵੰਡੇ ਗਏ ਇਹ ਬੂਟੇ ਨਾ ਸਿਰਫ਼ ਵਾਤਾਵਰਨ ਨੂੰ ਹਰਿਆ-ਭਰਿਆ ਰੱਖਣਗੇ ਸਗੋਂ ਲੋਕਾਂ ਨੂੰ ਕੁਦਰਤ ਨਾਲ ਜੁੜਨ ਦਾ ਸੁਨੇਹਾ ਵੀ ਦੇਣਗੇ। ਇਸ ਨੇਕ ਕਾਰਜ ਵਿੱਚ ਸਵਰਗਵਾਸੀ ਸ: ਗੁਰਚਰਨ ਸਿੰਘ ਸੰਧੂ ਦੇ ਸਪੁੱਤਰਾਂ ਗੁਰਮੇਲ ਸਿੰਘ ਸੰਧੂ (ਕਾਰਗਿੱਲ ਫੀਡ ਵਾਲੇ), ਗੁਰਤੇਜ ਸਿੰਘ ਸੰਧੂ, ਰਮਨਜੀਤ ਸਿੰਘ ਸੰਧੂ ਅਤੇ ਸਮੂਹ ਸੰਧੂ ਪਰਿਵਾਰ ਵੱਲੋਂ ਪੂਰਨ ਸਹਿਯੋਗ ਦਿੱਤਾ ਗਿਆ ਅਤੇ ਅੰਤਿਮ ਅਰਦਾਸ ਵਿੱਚ ਪਹੁੰਚੀਆਂ ਸੰਗਤਾਂ ਨੇ @ਹਰਿਆਵਲ ਲਹਿਰ@ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕਰਦਿਆਂ ਵਾਤਾਵਰਨ ਨੂੰ ਬਚਾਉਣ ਦਾ ਪ੍ਰਣ ਲਿਆ।

# ਹਿਮਾਂਸ਼ੂ ਦਾਨੀਆ ਯਾਦਗਾਰੀ ਸਿਲਾਈ ਸੈਂਟਰ ਦੀਆਂ ਪਾਸ ਵਿਦਿਆਰਥਣਾਂ ਨੂੰ ਵੰਡੇ ਸਰਟੀਫ਼ਿਕੇਟ



ਬਰਨਾਲਾ, 18 ਅਪ੍ਰੈਲ (ਸੁਖਵਿੰਦਰ ਸਿੰਘ ਭੰਡਾਰੀ) : ਸੂਰਿਆਵੰਸ਼ੀ ਖੱਤਰੀ ਸਭਾ ਬਰਨਾਲਾ ਵੱਲੋਂ ਚਲਾਏ ਜਾ ਰਹੇ ਹਿਮਾਂਸ਼ੂ ਦਾਨੀਆ ਯਾਦਗਾਰੀ ਸਿਲਾਈ ਸੈਂਟਰ ਦੇ 19ਵੇਂ ਬੈਚ ਦੀਆਂ ਪਾਸ ਹੋਈਆਂ 21 ਵਿਦਿਆਰਥਣਾਂ ਨੂੰ ਸਰਟੀਫ਼ਿਕੇਟ ਵੰਡੇ ਗਏ। ਇਸ ਮੌਕੇ ਬੋਲਦਿਆਂ ਸਿਲਾਈ ਸੈਂਟਰ ਦੇ ਸੰਚਾਲਕ ਅਤੇ ਸੂਰਿਆਵੰਸੀ ਖੱਤਰੀ ਸਭਾ ਬਰਨਾਲਾ ਦੀ ਮੁੱਖ ਸਰਪ੍ਰਸਤ ਨੀਰਜ ਬਾਲਾ ਦਾਨੀਆ ਨੇ ਕਿਹਾ ਕਿ ਔਰਤਾਂ ਦੇ ਸਸ਼ਕਤੀਕਰਨ ਲਈ ਹਿਮਾਂਸ਼ੂ ਦਾਨੀਆ ਸਿਲਾਈ ਸੈਂਟਰ ਲੰਬੇ ਸਮੇਂ ਤੋਂ ਪੂਰੇ ਉਤਸ਼ਾਹ ਨਾਲ ਕੰਮ ਕਰ ਰਿਹਾ ਹੈ, ਜਿੱਥੇ ਕਿਸੇ ਵੀ ਲੜਕੀ ਤੋਂ ਕੋਈ ਫ਼ੀਸ ਜਾਂ ਫ਼ੰਡ ਵਗੈਰਾ ਨਹੀਂ ਲਿਆ ਜਾਂਦਾ। ਸਿਲਾਈ ਕਟਾਈ ਦਾ ਇੱਕ ਸਾਲ ਦਾ ਕੋਰਸ ਮੁਫ਼ਤ ਕਰਵਾਇਆ ਜਾਂਦਾ ਹੈ। ਉਨ੍ਹਾਂ ਪਹਿਲੇ ਸਥਾਨ 'ਤੇ ਆਉਣ ਵਾਲੀ ਲੜਕੀ ਵੀਰਪਾ ਲ ਕੌਰ ਅਤੇ ਦੂਸਰੇ ਸਥਾਨ 'ਤੇ ਆਉਣ ਵਾਲੇ ਲੜਕੀ ਅਮਨਦੀਪ ਕੌਰ ਨੂੰ ਨਕਦ ਰਾਸ਼ੀ ਦੇ ਕੇ ਸਨਮਾਨਿਤ ਕੀਤਾ। ਇਸ ਦੌਰਾਨ ਪ੍ਰੋਗਰੈਸਿਵ ਸੀਨੀਅਰ ਸਿਟੀਜ਼ਨ ਅਤੇ ਸਿਵਲ ਸੋਸਾਇਟੀ ਬਰਨਾਲਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਭੰਡਾਰੀ ਨੇ ਬੋਲਦਿਆਂ ਕਿਹਾ ਕਿ ਇਸ ਸਿਲਾਈ ਸੈਂਟਰ ਚ ਮਾਹਿਰ ਸਿਲਾਈ ਟੀਚਰ ਵੱਲੋਂ ਲੜਕੀਆਂ ਨੂੰ ਸਿਲਾਈ ਅਤੇ ਕਟਾਈ ਦੀ ਟਰੇਨਿੰਗ ਦਿੱਤੀ ਜਾਂਦੀ ਹੈ। ਇਸ ਸਿਲਾਈ ਸੈਂਟਰ 'ਚੋਂ ਸਿਲਾਈ ਸਿੱਖ ਕੇ ਅਨੇਕਾਂ ਲੜਕੀਆਂ ਨੇ ਆਪਣੇ ਬੂਟੀਕ ਖੋਲ੍ਹੇ ਹੋਏ ਹਨ। ਇਸ ਮੌਕੇ ਮਹਿੰਦਰ ਪਾਲ ਗਰਗ , ਰਾਜੇਸ਼ ਭੂਟਾਨੀ, ਹਰਮਨਜੀਤ ਸਿੰਘ ਰੁਪਾਲ, ਜਸਪਾਲ ਸ਼ਰਮਾ, ਸੰਦੀਪ ਜੇਠੀ ਆਦਿ ਨੇ ਆਪਣੇ ਵਿਚਾਰ ਪੇਸ਼ ਕਰਦਿਆਂ ਸਿਲਾਈ ਸੈਂਟਰ ਵੱਲੋਂ ਕੀਤੇ ਜਾ ਰਹੇ ਲੋਕ ਭਲਾਈ ਕਾਰਜਾਂ ਦੀ ਪ੍ਰਸ਼ੰਸ਼ਾ ਕੀਤੀ। ਇਸ ਦੌਰਾਨ ਮੋਨਿਕਾ ਗਰਗ, ਕੁਲਦੀਪ ਸਿੰਘ ਸੰਧੂ (ਗੁੱਗ), ਸੁਰਿੰਦਰ ਨੰਦਰਾ, ਕੇਵਲ ਕ੍ਰਿਸ਼ਨ ਗਰਗ ਆਦਿ ਵੀ ਹਾਜ਼ਰ ਸਨ। ਸਿਲਾਈ ਸੈਂਟਰ ਦੀ ਪ੍ਰਿੰਸੀਪਲ ਹਰਜਿੰਦਰ ਕੌਰ ਕਾਤਰੋਂ ਨੇ ਸਾਰਿਆਂ ਦਾ ਧੰਨਵਾਦ ਕੀਤਾ।



# ਪਟਿਆਲਾ-ਆਸ/ਪਾਸ



# ਦੂਸਰੀ ਪਾਤਸ਼ਾਹੀ ਸ੍ਰੀ ਗੁਰੂ ਅੰਗਦ ਦੇਵ ਜੀ ਦਾ ਪ੍ਰਕਾਸ਼ ਦਿਹਾੜਾ ਸ਼ਰਧਾ ਨਾਲ ਮਨਾਇਆ

## ਹਜ਼ੂਰੀ ਰਾਗੀ ਕੀਰਤਨੀ ਜਥਿਆਂ ਨੇ ਚਲਾਇਆ ਗੁਰਬਾਣੀ ਕੀਰਤਨ ਪ੍ਰਵਾਹ

ਪਟਿਆਲਾ, 18 ਅਪ੍ਰੈਲ (ਰੁਪਾਣਾ/ਵਿਨੋਦ ਸ਼ਰਮਾ) : ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਵਿਖੇ ਦੂਜੀ ਪਾਤਸ਼ਾਹੀ ਸ੍ਰੀ ਗੁਰੂ ਅੰਗਦ ਦੇਵ ਜੀ ਦਾ ਪ੍ਰਕਾਸ਼ ਦਿਹਾੜਾ ਸੰਗਤਾਂ ਵੱਲੋਂ ਗੁਰੂ ਘਰ ਨਤਮਸਕ ਹੋ ਕੇ ਸ਼ਰਧਾ ਭਾਵਨਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਇਸ ਮੌਕੇ ਗੁਰਦੁਆਰਾ ਸਾਹਿਬ ਵਿਖੇ ਰੱਖੇ ਗਏ ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਅਤੇ ਹਜ਼ੂਰੀ ਕੀਰਤਨੀ ਜਥਿਆਂ ਨੇ ਗੁਰਬਾਣੀ ਕੀਰਤਨ ਦਾ ਪ੍ਰਵਾਹ ਚਲਾਇਆ। ਇਸ ਮੌਕੇ ਪਾਠੀ ਸਿੰਘ ਭਾਈ ਗੁਲਵਿੰਦਰ ਸਿੰਘ ਨੇ ਮੁਖਵਾਕ ਲਿਆ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ। ਇਸ ਮੌਕੇ ਸੰਗਤਾਂ ਨੂੰ ਪ੍ਰਕਾਸ਼ ਪੁਰਬ ਦੀ ਵਧਾਈ ਦਿੰਦਿਆਂ ਮੈਨੇਜਰ ਭਾਗ ਸਿੰਘ ਨੇ ਕਿਹਾ ਕਿ ਸ੍ਰੀ ਗੁਰੂ ਅੰਗਦ ਦੇਵ ਜੀ ਦਾ



ਜੀਵਨ, ਇਤਿਹਾਸ ਅਤੇ ਗੁਰਬਾਣੀ ਤੋਂ ਨਾਮ ਸਿਮਰਨ ਅਤੇ ਸੇਵਾ ਦੀ ਭਾਵਨਾ ਦੀ ਪ੍ਰੇਰਨਾ ਮਿਲਦੀ ਹੈ, ਜਿਨ੍ਹਾਂ ਨੇ ਸਿੱਖਾਂ ਦੇ ਰਹਿਬਰ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਸਖਸ਼ੀਅਤ ਤੋਂ ਪ੍ਰਭਾਵਤ ਹੋ ਕੇ ਧਰਮ ਦੇ ਮਿਸ਼ਨ ਨੂੰ ਹੋਰ ਅਗਾਂਹ ਲਿਜਾਂਦਿਆਂ ਪ੍ਰਚਾਰ ਤੇ ਪਸਾਰ 'ਚ ਵੱਡਮੁੱਲਾ ਯੋਗਦਾਨ ਪਾਇਆ। ਇਸ ਮੌਕੇ ਭਾਈ ਗੁਲਵਿੰਦਰ ਸਿੰਘ ਨੇ ਸੰਗਤਾਂ ਨੂੰ ਜਾਣੂੰ ਕਰਵਾਇਆਗਿਆ। ਗੁਰੂ ਸਾਹਿਬ ਦੀ ਰਚਿਤ ਬਾਣੀ ਪ੍ਰਮਾਤਮਾ ਨੂੰ ਪਾਉਣ ਦੀ ਜੁਗਤ ਪ੍ਰਦਾਨ ਕਰਦੀ ਹੈ ਅਤੇ ਪ੍ਰੇਰਨਾ ਦਿੰਦੀ ਹੈ ਕਿ ਸ਼ਬਦ ਗੁਰੂ ਦਾ ਆਸਰਾ ਪ੍ਰਾਪਤ ਕਰਕੇ ਹੀ ਮਾਨਵਤਾ ਦਾ ਕਲਿਆਣ, ਸੇਵਾ ਅਤੇ ਸਿਮਰਨ ਰਾਹੀਂ ਪ੍ਰਮਾਤਮਾ 'ਚ ਭੇਦ ਹੋਇਆ ਜਾ ਸਕਦਾ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਗੁਰਦੁਆਰਾ ਪ੍ਰਬੰਧਕ ਮੈਨੇਜਰ ਭਾਗ ਸਿੰਘ, ਐਡੀਸ਼ਨਲ ਮੈਨੇਜਰ ਮਨਦੀਪ ਸਿੰਘ ਭਲਵਾਨ, ਮੀਤ ਮੈਨੇਜਰ ਨਵਜਿੰਦਰ ਸਿੰਘ, ਭਾਈ ਸਰਬਜੀਤ ਸਿੰਘ , ਭਾਈ ਸੁਖਦੇਵ ਸਿੰਘ ਕਾਹਲਵਾਂ, ਭਾਈ ਹਜ਼ੂਰ ਸਿੰਘ ਆਦਿ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਅਧਿਕਾਰੀ ਤੇ ਸਟਾਫ਼ ਮੈਂਬਰ ਆਦਿ ਸ਼ਾਮਲ ਸਨ।

### ਪਟਿਆਲਾ ਦੇ ਡਰਾਈਵਰ ਦੀ ਮਾਂ ਨੇ ਕੈਂਸਰ ਨੂੰ ਹਰਾਇਆ

# ਮੁੱਖ ਮੰਤਰੀ ਸਿਹਤ ਯੋਜਨਾ ਬਣੀ ਔਖੇ ਸਮੇਂ ਦਾ ਸਹਾਰਾ

➢ਸਕੀਮ ਅਧੀਨ ਕਵਰ ਕੀਤਾ 8 ਲੱਖ ਰੁਪਏ ਤੋਂ ਵੱਧ ਦਾ ਇਲਾਜ

ਪਟਿਆਲਾ, 18 ਅਪ੍ਰੈਲ (ਰੁਪਾਣਾ/ਅਮਰਜੀਤ) : ਪਟਿਆਲਾ ਦੇ ਰਹਿਣ ਵਾਲੇ ਗੁਰਪਿੰਦਰ ਜੀਤ ਸਿੰਘ ਦੀ ਜ਼ਿੰਦਗੀ ਪੰਜ ਮਹੀਨੇ ਪਹਿਲਾਂ ਅਚਾਨਕ ਅਜਿਹੇ ਮੋੜ 'ਤੇ ਆ ਖੜ੍ਹੀ ਹੋਈ, ਜਿੱਥੇ ਹਰ ਰਾਹ ਮੁਸ਼ਕਲ ਨਜ਼ਰ ਆਉਣ ਲੱਗਾ ਸੀ। ਉਸ ਦੀ 65 ਸਾਲਾ ਮਾਤਾ ਬਲਜੀਤ ਕੌਰ ਨੇ ਗੰਭੀਰ ਬਿਮਾਰੀ ਕਾਰਨ ਹੌਲੀ-ਹੌਲੀ ਖਾਣਾ-ਪੀਣਾ ਛੱਡ ਦਿੱਤਾ ਸੀ। ਮਜਬੂਰ ਤੇ ਬੇਬਸ ਪੁੱਤਰ ਲਈ ਇਹ ਸਿਰਫ਼ ਬੀਮਾਰੀ ਨਹੀਂ ਸਗੋਂ ਹਰ ਰੋਜ਼ ਟੁੱਟਦੀਆਂ ਹੋਈਆਂ ਉਮੀਦਾਂ ਦਾ ਦਰਦ ਸੀ। ਗੁਰਪਿੰਦਰ ਜੀਤ ਦੇ ਦੱਸਣ ਮੁਤਾਬਿਕ ਪਹਿਲਾਂ ਨਿੱਜੀ ਡਾਕਟਰਾਂ ਕੋਲ ਦੌੜ-ਭੱਜ ਕੀਤੀ ਗਈ, ਫਿਰ ਮਾਤਾ ਨੂੰ ਰਾਜਿੰਦਰਾ ਹਸਪਤਾਲ, ਪਟਿਆਲਾ ਰੈਫਰ ਕਰ ਦਿੱਤਾ ਗਿਆ। ਦਵਾਈਆਂ ਚੱਲੀਆਂ, ਟੈਸਟ ਹੋਏ, ਪਰ ਹਾਲਤ ਸੁਧਰਨ ਦੀ ਬਜਾਏ ਹੋਰ ਗੰਭੀਰ ਹੋ ਗਈ। ਜਦੋਂ ਰਿਪੋਰਟ ਆਈ ਤਾਂ ਜਿਵੇਂ ਅਸਮਾਨ ਹੀ ਢਹਿ ਪਿਆ—ਮਾਂ ਨੂੰ ਬੱਚੇਦਾਨੀ ਦਾ ਕੈਂਸਰ ਸੀ। ਗੁਰਪਿੰਦਰ ਲਈ ਇਹ ਬਹੁਤ ਔਖੀ ਘੜੀ ਸੀ, ਇਹ ਉਸ ਮਾਂ ਦੀ ਜ਼ਿੰਦਗੀ ਦਾ ਸਵਾਲ ਸੀ ਉਸਨੂੰ ਜਨਮ ਦੇਣ ਅਤੇ ਪਾਲਣ -ਪੋਸਣ ਵਾਲੀ ਮਾਂ ਅੱਜ ਜ਼ਿੰਦਗੀ ਅਤੇ ਮੌਤ ਨਾਲ ਜੂਝ ਰਹੀ ਸੀ । ਬਿਨਾਂ ਦੇਰ ਕੀਤੇ ਉਹ ਮਾਂ ਨੂੰ ਸੰਗਰੂਰ ਦੇ ਟਾਟਾ ਕੈਂਸਰ ਹਸਪਤਾਲ ਲੈ ਗਿਆ। ਇਲਾਜ ਸ਼ੁਰੂ ਹੋਇਆ, ਪਰ ਪਹਿਲੇ ਹੀ ਝਟਕੇ ਵਿੱਚ 60 ਹਜ਼ਾਰ ਰੁਪਏ ਤੋਂ8 ਵੱਧ ਖਰਚ ਹੋ ਗਏ। ਇੱਕ ਡਰਾਈਵਰ ਦੀ ਸੀਮਿਤ ਆਮਦਨ ਦੇ ਸਾਹਮਣੇ ਇਹ ਰਕਮ ਪਹਾੜ ਵਰਗੀ ਸੀ। ਗੁਰਪਿੰਦਰ ਦੇ ਮਨ ਵਿੱਚ ਇੱਕੋ ਸਵਾਲ ਸੀ—ਮਾਂ ਨੂੰ ਕਿਵੇਂ ਬਚਾਵਾਂ? ਕਰਜ਼ਾ ਲੈਣ ਦੀ ਨੌਬਤ ਵੀ ਆ ਗਈ ਸੀ। ਓਦੋਂ , ਜਿਵੇਂ ਹਨੇਰੇ ਵਿੱਚ ਇੱਕ ਰੌਸ਼ਨੀ ਦੀ ਕਿਰਨ ਉਸਦੇ ਸਾਮ੍ਹਣੇ ਆਈ।



ਹਸਪਤਾਲ ਵਿੱਚ ਉਸਨੂੰ ਮੁੱਖ ਮੰਤਰੀ ਸਿਹਤ ਯੋਜਨਾ ਬਾਰੇ ਪਤਾ ਲੱਗਾ । ਹੋਰ ਦੇਰੀ ਨਾ ਕਰਦੇ ਹੋਏ ਗੁਰਪਿੰਦਰ ਨੇ ਉੱਥੇ ਹੀ ਰਜਿਸਟ੍ਰੇਸ਼ਨ ਕਰਵਾ ਲਿਆ। ਕੁਝ ਸਮੇਂ ਵਿੱਚ ਹੀ ਉਸ ਦੇ ਮੋਬਾਈਲ 'ਤੇ ਮੈਸੇਜ ਆ ਗਿਆ ਅਤੇ ਸਮਾਰਟ ਕਾਰਡ ਬਣ ਗਿਆ। ਇਸ ਤੋਂ ਬਾਅਦ ਜੋ ਹੋਇਆ, ਉਹ ਉਸ ਲਈ ਕਿਸੇ ਚਮਤਕਾਰ ਤੋਂ ਘੱਟ ਨਹੀਂ ਸੀ। ਡਾਕਟਰਾਂ ਲਈ ਵੀ ਇਹ ਕੇਸ ਬਹੁਤ ਚੁਣੌਤੀਪੂਰਨ ਸੀ। ਕੈਂਸਰ ਬੱਚੇਦਾਨੀ ਤੋਂ ਵੱਧ ਕੇ ਲੀਵਰ ਅਤੇ ਫੇਫੜਿਆਂ ਤੱਕ ਫੈਲ ਗਿਆ ਸੀ। ਪਹਿਲਾਂ ਤਿੰਨ ਵਾਰ ਕੀਮੋਥੈਰੇਪੀ ਦਿੱਤੀ ਗਈ, ਪਰ ਸਰੀਰ ਕਮਜ਼ੋਰ ਹੋਣ ਕਰਕੇ ਸਾਈਡ ਇਫੈਕਟ ਸਾਹਮਣੇ ਆਏ। ਫਿਰ ਹੌਲੀ-ਹੌਲੀ ਡੋਜ਼ ਘੱਟ ਕਰਕੇ ਨੌਂ ਵਾਰ ਹੋਰ ਕੀਮੋਥੈਰੇਪੀ ਦਿੱਤੀ ਗਈ। ਇਲਾਜ ਤੋਂ ਬਾਅਦ ਟਿਊਮਰ ਇੱਕ ਥਾਂ 'ਤੇ ਸਿਮਟ ਗਿਆ ਅਤੇ ਡਾਕਟਰਾਂ ਨੇ ਲਗਭਗ ਅੱਠ ਘੰਟੇ ਲੰਬਾ ਆਪਰੇਸ਼ਨ ਕਰਕੇ ਉਸਨੂੰ ਕੱਢ ਦਿੱਤਾ। 35 ਤੋਂ 40 ਟਾਂਕਿਆਂ ਨਾਲ ਮਾਂ ਨੇ ਦਰਦ ਸਹਿੰਦੇ ਹੋਏ ਵੀ ਜ਼ਿੰਦਗੀ ਦੀ ਡੋਰ ਫੜ੍ਹੀ ਰੱਖੀ। ਮਾਂ ਆਪਰੇਸ਼ਨ ਤੋਂ ਬਾਅਦ ਦੋ-ਤਿੰਨ ਦਿਨਾਂ ਲਈ ਆਈਸੀਯੂ ਵਿੱਚ ਅਤੇ ਵੈਂਟੀਲੇਟਰ 'ਤੇ ਰਹੀ, ਫਿਰ ਉਹਨਾਂ ਨੂੰ ਵਾਰਡ ਵਿੱਚ ਸ਼ਿਫ਼ਟ ਕਰ ਦਿੱਤਾ ਗਿਆ। ਗੁਰਪਿੰਦਰ ਹਰ ਵੇਲੇ ਮਾਂ ਦੇ ਕੋਲ ਬੈਠਾ ਰਹਿੰਦਾ — ਕਦੇ ਦਵਾਈ ਦਿੰਦਾ, ਕਦੇ ਸਿਰ ਸਹਿਲਾਉਂਦਾ। ਅੱਠ ਦਿਨ ਹਸਪਤਾਲ ਵਿੱਚ ਬਿਤਾਉਣ ਤੋਂ ਬਾਅਦ ਜਦੋਂ ਮਾਂ ਦੀ ਹਾਲਤ ਸੁਧਰਨ ਲੱਗੀ, ਤਾਂ ਜਿਵੇਂ ਉਨ੍ਹਾਂ ਦੀ ਦੁਨੀਆ ਵਾਪਸ ਆ ਗਈ। 24 ਨਵੰਬਰ 2025 ਤੋਂ ਸ਼ੁਰੂ ਹੋਇਆ ਇਹ ਸਫ਼ਰ ਅਜੇ ਵੀ ਜਾਰੀ ਹੈ। ਅਗਲੇ ਇਲਾਜ ਅਤੇ ਜਾਂਚ ਲਈ ਉਹ ਮੁੱਲਾਂਪੁਰ ਸਥਿਤ ਹਸਪਤਾਲ ਵਿੱਚ ਫਾਲੋਅਪ ਲਈ ਜਾਣਗੇ। ਕੁੱਝ ਦਵਾਈਆਂ ਜੋ ਹਸਪਤਾਲ ਵਿੱਚ ਉਪਲੱਬਧ ਨਹੀਂ ਸਨ, ਉਹਨਾਂ ਦਾ ਖਰਚ ਗੁਰਪਿੰਦਰ ਨੇ ਆਪ ਉਠਾਇਆ, ਪਰ ਬਾਕੀ ਸਾਰਾ ਇਲਾਜ ਯੋਜਨਾ ਅਧੀਨ ਮੁਫ਼ਤ ਹੋਇਆ। ਹਸਪਤਾਲ ਵਿੱਚ ਗਾਇਨੇਕੋਲੋਜੀ ਦੀ ਡਾ. ਸ਼ਿਵਾਲੀ ਨੇ ਸਰਜਰੀ ਦੇ ਡਾਕਟਰਾਂ ਨਾਲ ਮਿਲ ਕੇ ਆਪਰੇਸ਼ਨ ਕੀਤਾ। ਟਾਟਾ ਮੈਮੋਰੀਅਲ ਦੇ ਡਾਕਟਰਾਂ ਮੁਤਾਬਕ, ਇਸ ਸਰਜਰੀ ਉੱਤੇ ਦਵਾਈਆਂ ਨੂੰ ਮਿਲਾ ਕੇ ਘੱਟੋ-ਘੱਟ 8 ਤੋਂ 10 ਲੱਖ ਰੁਪਏ ਦਾ ਖਰਚ ਹੋਇਆ ਹੈ। ਦੋ ਬੱਚਿਆਂ ਦੇ ਪਿਤਾ ਅਤੇ ਇੱਕ ਸਧਾਰਨ ਡਰਾਈਵਰ ਗੁਰਪਿੰਦਰ ਲਈ ਇਹ ਰਾਹਤ ਸ਼ਬਦਾਂ ਤੋਂ ਪਰੇ ਹੈ। ਉਹ ਕਹਿੰਦਾ ਹੈ,ਹੁਣ ਸੁਕੂਨ ਹੈ ਕਿ ਮਾਂ ਬਿਨਾਂ ਇਲਾਜ ਦੇ ਨਹੀਂ ਮਰੇਗੀ ਸਰਕਾਰ ਨੇ ਸਾਨੂੰ ਉਮੀਦ ਦਿੱਤੀ ਹੈ।

## ਰਛਪਾਲ ਜੌੜਾਮਾਜਰਾ ਵੱਲੋਂ ਰਾਬਰਟ ਵਾਡਰਾ ਨਾਲ ਮੁਲਾਕਾਤ, ਜਨਮਦਿਨ ਦੀਆਂ ਦਿੱਤੀਆਂ ਵਧਾਈਆਂ

ਸਮਾਣਾ, 18 ਅਪ੍ਰੈਲ (ਹਰਜਿੰਦਰ ਸਿੰਘ ਜਵੰਦਾ) : ਕਾਂਗਰਸੀ ਲੀਡਰ ਸ.



ਰਛਪਾਲ ਸਿੰਘ ਜੌੜਾਮਾਜਰਾ ਵੱਲੋਂ ਦਿੱਲੀ ਵਿਖੇ ਰਾਬਰਟ ਵਾਡਰਾ ਨਾਲ ਇਕ ਅਹਿਮ ਮੁਲਾਕਾਤ ਕੀਤੀ ਗਈ। ਇਸ ਦੌਰਾਨ ਉਨ੍ਹਾਂ ਨੇ ਰਾਬਰਟ ਵਾਡਰਾ ਨੂੰ ਜਨਮਦਿਨ ਮੌਕੇ ਦਿਲੋਂ ਵਧਾਈਆਂ ਦਿੱਤੀਆਂ ਅਤੇ ਉਨ੍ਹਾਂ ਦੀ ਲੰਬੀ ਉਮਰ ਅਤੇ ਚੰਗੀ ਸਿਹਤ ਲਈ ਸ਼ੁਭਕਾਮਨਾਵਾਂ ਪ੍ਰਗਟ ਕੀਤੀਆਂ। ਮੁਲਾਕਾਤ ਦੌਰਾਨ ਦੋਹਾਂ ਵਿਚਕਾਰ ਦੇਸ਼ ਅਤੇ ਪੰਜਾਬ ਨਾਲ ਸੰਬੰਧਿਤ ਵੱਖ-ਵੱਖ ਸਮਾਜਿਕ ਅਤੇ ਰਾਜਨੀਤਿਕ ਮਸਲਿਆਂ 'ਤੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਇਹ ਮੁਲਾਕਾਤ ਕਾਂਗਰਸੀ ਵਰਗਾਂ ਵਿੱਚ ਕਾਫੀ ਮਹੱਤਵਪੂਰਨ ਮੰਨੀ ਜਾ ਰਹੀ ਹੈ ਅਤੇ ਇਸ ਨੂੰ ਭਵਿੱਖੀ ਰਾਜਨੀਤਿਕ ਸਰਗਰਮੀਆਂ ਨਾਲ ਜੋੜ ਕੇ ਵੀ ਦੇਖਿਆ ਜਾ ਰਿਹਾ ਹੈ।ਇਸ ਮੌਕੇ ਹਸਨਮੀਤ ਸਿੰਘ ਜੌੜਾਮਾਜਰਾ ਵੀ ਹਾਜ਼ਰ ਰਹੇ।

## ਗੁਰਦੁਆਰਾ ਸਾਹਿਬ ਦੇ ਰਿਹਾਇਸ਼ੀ ਕੁਆਰਟਰਾਂ ਦਾ ਪਾਇਆ ਲੈਂਟਰ

➢ਬਾਬਾ ਇੰਦਰ ਸਿੰਘ ਕਾਰ ਸੇਵਾ ਵਾਲਿਆਂ ਸਮੇਤ ਗੁਰਦੁਆਰਾ ਪ੍ਰਬੰਧਕਾਂ ਨੇ ਕੀਤੀ ਅਰਦਾਸ

ਪਟਿਆਲਾ, 18 ਅਪ੍ਰੈਲ (ਰੁਪਾਣਾ) : ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਦੇ ਕੰਪਲੈਕਸ ਅੰਦਰ ਮੁਲਾਜ਼ਮਾਂ ਲਈ ਬਣਾਏ ਗਏ ਰਿਹਾਇਸ਼ੀ ਕੁਆਰਟਰਾਂ ਦਾ ਅੱਜ ਲੈਂਟਰ ਪਾਇਆ ਗਿਆ। ਗੁਰਦੁਆਰਾ ਪ੍ਰਬੰਧਕਾਂ ਨੇ ਸ਼੍ਰੋਮਣੀ ਕਮੇਟੀ ਪਾਸ ਕੁਝ ਹੋਰ ਰਿਹਾਇਸ਼ੀ ਕੁਆਰਟਰ ਬਣਾਏ ਜਾਣ ਦੀ ਮੰਗ ਕੀਤੀ ਸੀ, ਜਿਸ ਦੇ ਚੱਲਦਿਆਂ ਇਹ ਸੇਵਾ ਬਾਬਾ ਅਮਰੀਕ ਸਿੰਘ ਕਾਰ ਸੇਵਾ ਵਾਲਿਆਂ ਨੂੰ ਸੌਂਪੀ ਗਈ ਸੀ। ਅੱਜ ਬਾਬਾ ਇੰਦਰ ਸਿੰਘ ਕਾਰ ਸੇਵਾ ਵਾਲਿਆਂ ਵੱਲੋਂ ਗੁਰਦੁਆਰਾ ਪ੍ਰਬੰਧਕ ਭਾਗ ਸਿੰਘ ਨਾਲ ਇਸ ਸਾਂਝੇ ਕਾਰਜ ਦੌਰਾਨ ਕੀਤੇ ਜਾ ਰਹੇ ਕਾਰਜਾਂ ਨੂੰ ਨੇਪਰੇ ਚਾੜ੍ਹਨ ਲਈ ਅਰਦਾਸ ਕੀਤੀ ਗਈ।ਇਸ ਦੌਰਾਨ ਅਰਦਾਸ ਉਪਰੰਤ ਰਿਹਾਇਸ਼ੀ ਕੁਆਰਟਰਾਂ ਦੇ ਲੈਂਟਰ ਪਾਏ ਗਏ ਤਾਂ ਜੋ ਇਸ ਕਾਰਜ ਨੂੰ ਮੁਕੰਮਲ ਕੀਤਾ ਜਾ



ਸਕੇ। ਗੁਰਦੁਆਰਾ ਪ੍ਰਬੰਧਕ ਮੈਨੇਜਰ ਭਾਗ ਸਿੰਘ ਅਤੇ ਬਾਬਾ ਇੰਦਰ ਸਿੰਘ ਕਾਰ ਸੇਵਾ ਵਾਲਿਆਂ ਨੇ ਖ਼ੁਦ ਲੈਂਟਰ ਪਾਏ ਜਾਣ ਦੀ ਸ਼ੁਰੂਆਤ ਆਪਣੇ ਕਰ ਕਮਲਾਂ ਨਾਲ ਕੀਤੀ ਅਤੇ ਖ਼ੁਦ ਇਸ ਸੇਵਾ ਵਿਚ ਆਪਣਾ ਯੋਗਦਾਨ ਪਾਇਆ। ਇਸ ਦੌਰਾਨ ਮੈਨੇਜਰ ਭਾਗ ਸਿੰਘ ਅਤੇ ਬਾਬਾ ਇੰਦਰ ਸਿੰਘ ਕਾਰ ਸੇਵਾ ਵਾਲਿਆਂ ਨੇ ਦੱਸਿਆ ਕਿ ਗੁਰਦੁਆਰਾ ਕੰਪਲੈਕਸ ਅੰਦਰ ਵੱਖ-ਵੱਖ ਕਾਰਜ ਕੀਤੇ ਜਾ ਰਹੇ ਹਨ, ਜੋ ਜਲਦ ਹੀ ਸੰਗਤਾਂ ਨੂੰ ਸਮਰਪਿਤ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਸੰਗਤਾਂ ਦੀ ਪੁਰ ਮੰਗ 'ਤੇ ਹੀ ਗੁਰਦੁਆਰਾ ਸਾਹਿਬ ਦੇ ਪ੍ਰਬੰਧ ਅਧੀਨ ਕਾਰਜਾਂ ਨੂੰ ਜਲਦ ਮੁਕੰਮਲ ਕਰ ਲਿਆ ਜਾਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਮੀਤ ਮੈਨੇਜਰ ਨਵਜਿੰਦਰ ਸਿੰਘ, ਸੁਪਰਵਾਈਜ਼ਰ ਵਰਿੰਦਰ ਸਿੰਘ ਗੋਲਡੀ, ਭਾਈ ਦਰਸ਼ਨ ਸਿੰਘ, ਸੁਖਦੇਵ ਸਿੰਘ ਕਾਹਲਵਾਂ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਸਟਾਫ਼ ਮੈਂਬਰ ਆਦਿ ਮੌਜੂਦ ਸਨ।

## ਵੱਖ-ਵੱਖ ਥਾਵਾਂ ਤੋਂ 312 ਨਸ਼ੀਲੀਆਂ ਗੋਲ਼ੀਆਂ ਬ੍ਰਾਮਦ

ਪਟਿਆਲਾ, 18 ਅਪ੍ਰੈਲ (ਵਿਨੋਦ ਸ਼ਰਮਾ) : ਥਾਣਾ ਬਖ਼ਸ਼ੀਵਾਲਾ ਪੁਲਿਸ ਨੇ ਕਥਿਤ ਦੋਸ਼ੀ ਧਰਮਾ ਸਿੰਘ ਵਾਸੀ ਪਿੰਡ ਮੰਡੌਰ ਵਿਰੁੱਧ ਧਾਰਾ 22, 61, 85 ਵਿਰੁੱਧ ਮਾਮਲਾ ਦਰਜ ਕੀਤਾ। ਏਐਸਆਈ ਬਲਦੇਵ ਸਿੰਘ ਪੁਲਿਸ ਪਾਰਟੀ ਬਾਬਾ ਬਾਲਾ ਜੀ ਸਿੱਧ ਮੰਦਿਰ ਪਿੰਡ ਰੱਖੜਾ ਪਾਸ ਮੌਜੂਦ ਸੀ, ਜੋ ਕਥਿਤ ਦੋਸ਼ੀ ਨੂੰ ਸ਼ੱਕ ਦੇ ਅਧਾਰ ਪਰ ਰੋਕ ਕੇ ਚੈੱਕ ਕਰਨ ਪਰ ਦੋਸ਼ੀ ਕੋਲੋਂ 210 ਨਸ਼ੀਲੀਆਂ ਗੋਲੀਆਂ ਬ੍ਰਾਮਦ ਹੋਈਆਂ। ਇਸੇ ਤਰ੍ਹਾਂ ਥਾਣਾ ਲਾਹੌਰੀ ਗੇਟ ਪਟਿਆਲਾ ਨੇ ਕਥਿਤ ਦੋਸ਼ੀ ਰਤਨ ਵਾਸੀ ਸ਼ਹੀਦ ਭਗਤ ਸਿੰਘ ਕਲੋਨੀ ਨੇੜੇ ਪੁਰਾਣਾ ਬਿਸ਼ਨ ਨਗਰ ਵਿਰੁੱਧ ਧਾਰਾ 22, 61, 85 ਵਿਰੁੱਧ ਮਾਮਲਾ ਦਰਜ ਕੀਤਾ। ਏਐਸਆਈ ਬਲਦੇਵ ਸਿੰਘ ਪੁਲਿਸ ਪਾਰਟੀ ਵਿੱਚ ਰਾਜਪੁਰਾ ਚੁੰਗੀ ਨੇੜੇ ਲੱਕੜ ਮੰਡੀ ਪਾਸ ਮੌਜੂਦ ਸੀ, ਜੋ ਦੋਸ਼ੀ ਨੂੰ ਸ਼ੱਕ ਦੇ ਅਧਾਰ ਪਰ ਰੋਕ ਕੇ ਚੈੱਕ ਕਰਨ ਪਰ ਦੋਸ਼ੀ ਪਾਸੋਂ 102 ਖੁੱਲੀਆਂ ਨਸ਼ੀਲੀਆਂ ਗੋਲ਼ੀਆਂ ਬ੍ਰਾਮਦ ਹੋਈਆਂ।

## ਹੈਰੋਇਨ ਦਾ ਨਸ਼ਾ ਕਰਦਾ ਕਾਬੂ

ਸਮਾਣਾ, 18 ਅਪ੍ਰੈਲ (ਵਿਜੇ ਕੁਮਾਰ) : ਸਿਟੀ ਪੁਲਿਸ ਨੇ ਲਾਈਟਰ, ਫੋਇਲ ਪੇਪਰ ਅਤੇ ਪੰਨੀ ਸਮੇਤ ਚਿੱਟਾ/ਹੈਰੋਇਨ ਦਾ ਨਸ਼ਾ ਕਰਦੇ ਇੱਕ ਵਿਅਕਤੀ ਨੂੰ ਕਾਬੂ ਕਰਕੇ ਉਸਦੇ ਖਿਲਾਫ ਐਨ.ਡੀ.ਪੀ.ਐਸ. ਐਕਟ ਦੀਆਂ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ। ਮੁਲਜ਼ਮ ਦੀ ਪਛਾਣ ਸਾਗਰ ਕੁਮਾਰ, ਵਾਸੀ ਵਾਲਮੀਕ ਮੁਹੱਲਾ, ਸਮਾਨਾ ਵਜੋਂ ਹੋਈ ਹੈ। ਸਿਟੀ ਪੁਲਿਸ ਇੰਚਾਰਜ ਬਲਜੀਤ ਸਿੰਘ ਨੇ ਦੱਸਿਆ ਕਿ ਸਬ-ਇੰਸਪੈਕਟਰ ਪੂਰਨ ਸਿੰਘ ਆਪਣੀ ਪੁਲਿਸ ਪਾਰਟੀ ਨਾਲ ਗਸ਼ਤ ਦੌਰਾਨ ਨੂਰਪੁਰਾ, ਸਮਾਨਾ ਵਿਖੇ ਮੌਜੂਦ ਸਨ। ਉਨ੍ਹਾਂ ਨੂੰ ਗੁਪਤ ਸੂਚਨਾ ਮਿਲੀ ਸੀ ਕਿ ਉਕਤ ਵਿਅਕਤੀ ਚਿੱਟਾ/ਹੈਰੋਇਨ ਪੀਣ ਦਾ ਆਦੀ ਹੈ ਅਤੇ ਅੱਜ ਵੀ ਨੂਰਪੁਰਾ ਕਲੋਨੀ ਨੇੜੇ ਬੈਠ ਕੇ ਨਸ਼ੇ ਦਾ ਸੇਵਨ ਕਰ ਰਿਹਾ ਹੈ। ਪੁਲਿਸ ਪਾਰਟੀ ਨੇ ਤੁਰੰਤ ਕਾਰਵਾਈ ਕਰਦੇ ਹੋਏ ਉੱਥੇ ਰੇਡ ਕੀਤੀ ਅਤੇ ਮੁਲਜ਼ਮ ਕੋਲੋਂ ਇੱਕ ਲਾਈਟਰ, ਫੋਇਲ ਪੇਪਰ ਤੇ ਇੱਕ ਪੰਨੀ ਬਰਾਮਦ ਕਰਕੇ ਉਸ ਨੂੰ ਹਿਰਾਸਤ ਵਿੱਚ ਲੈ ਲਿਆ। ਅਧਿਕਾਰੀ ਅਨੁਸਾਰ, ਮਾਨਯੋਗ ਅਦਾਲਤ ਦੇ ਆਦੇਸ਼ਾਂ ਦੀ ਪਾਲਣਾ ਕਰਦਿਆਂ ਮੁਲਜ਼ਮ ਨੂੰ ਨਸ਼ਾ ਛੁਡਾਊ ਕੇਂਦਰ ਭੇਜ ਦਿੱਤਾ ਗਿਆ ਹੈ।

## ਨਸ਼ੇ ਦਾ ਸੇਵਨ ਕਰਨ 'ਤੇ ਮਾਮਲਾ ਦਰਜ

ਪਟਿਆਲਾ, 18 ਅਪ੍ਰੈਲ (ਵਿਨੋਦ ਸ਼ਰਮਾ) : ਥਾਣਾ ਤ੍ਰਿਪੜੀ ਪੁਲਿਸ ਨੇ ਕਥਿਤ ਦੋਸ਼ੀ ਅਛਿੰਦਰ ਸਿੰਘ ਵਾਸੀ ਗਲੀ ਨੰ. 3 ਗੁਰੂ ਨਾਨਕ ਨਗਰ ਪਟਿਆਲਾ ਤ੍ਰਿਪੜੀ ਪਟਿਆਲਾ ਵਿਰੁੱਧ ਧਾਰਾ 27, 61, 85 ਦੇ ਤਹਿਤ ਮਾਮਲਾ ਦਰਜ ਕੀਤਾ ਹੈ। ਏਐਸਆਈ ਬਲਦੇਵ ਸਿੰਘ ਪੁਲਿਸ ਪਾਰਟੀ ਸਰਕਾਰੀ ਕੁਆਟਰ ਭਾਖੜਾ ਕਨਾਲ ਕਲੋਨੀ ਪਾਸ ਮੌਜੂਦ ਸੀ, ਜੋ ਕਥਿਤ ਦੋਸ਼ੀ ਨੂੰ ਸ਼ੱਕ ਦੇ ਅਧਾਰ 'ਤੇ ਰੋਕ ਕੇ ਚੈੱਕ ਕਰਨ ਪਰ ਦੋਸ਼ੀ ਦਾ ਨਸ਼ਾ ਕੀਤਾ ਜਾਪਦਾ ਪਾਇਆ ਗਿਆ, ਜੋ ਡੋਪ ਟੈਸਟ ਕਰਾਉਣ ਪਰ ਪਾਜ਼ੀਟਿਵ ਆਇਆ।

# ਸੇਵਾ ਮੁਕਤ ਕਰਮਚਾਰੀ ਯੂਨੀਅਨ ਦੀ ਮੀਟਿੰਗ

ਪਟਿਆਲਾ, 18 ਅਪ੍ਰੈਲ (ਚ.ਨ.ਸ.) : ਸੇਵਾ ਮੁਕਤ ਕਰਮਚਾਰੀ ਯੂਨੀਅਨ ਵੱਲੋਂ ਮੀਟਿੰਗ ਵਿੱਚ ਸਰਕਾਰ ਪ੍ਰਤੀ ਸਖਤ ਨੋਟਿਸ ਲਿਆ ਗਿਆ। ਮੁਲਾਜ਼ਮ ਨੂੰ ਆਪਣੀ ਹੱਕੀ ਮੰਗਾਂ ਲਈ ਕੋਰਟਾਂ ਵਿੱਚ ਧੱਕੇ ਖਾਣੇ ਪੈ ਰਹੇ ਹਨ। ਬਿਰਧ ਅਵਸਥਾ ਵਿੱਚ ਹਜ਼ਾਰਾ ਰੁਪਏ ਖਰਚ ਕੇ ਕੋਰਟਾਂ ਵਿੱਚ ਧੱਕੇ ਖਾਣੇ ਪੈ ਰਹੇ ਹਨ। ਜਦੋਂ ਕੇਸ ਜਿੱਤਦੇ ਹਨ, ਕੇਸ ਅਗਲੀ ਕੋਰਟ ਵਿੱਚ ਪਾ ਦਿੱਤਾ ਜਾਂਦਾ ਹੈ ਅਤੇ



ਬਕਾਇਆ ਰਾਸ਼ੀ ਦੇਣ ਵਾਸਤੇ ਸਰਕਾਰ ਆਨਾ-ਕਾਨੀ ਕਰ ਰਹੀ ਹੈ। ਜੋਗਿੰਦਰ ਸਿੰਘ ਪੰਛੀ ਜਨਰਲ ਸਕੱਤਰ ਸੇਵਾ ਮੁਕਤ ਕਰਮਚਾਰੀ ਯੂਨੀਅਨ ਨੇ ਦੱਸਿਆ ਕਿ ਸਰਕਾਰ ਦੇ ਧੱਕੇ ਨੂੰ ਦੇਖਕੇ ਭਾਰਤੀਯ ਮਜਦੂਰ ਸੰਘ ਨਾਲ ਸਬੰਧਤ ਸਾਰੀ ਯੂਨੀਅਨ ਦੀ ਮੀਟਿੰਗ ਹੋਈ। ਭਾਰਤੀਯ ਮਜਦੂਰ ਸੰਘ ਦੇ ਮਹਾਂਮੰਤਰੀ ਸੇਵਾਮੁਕਤ ਕਰਮਚਾਰੀਆਂ ਯੂਨੀਅਨ ਦੇ ਕੈਸ਼ੀਅਰ ਸ਼੍ਰੀ ਸ਼ਾਮ ਲਾਲ, ਮਿਊਂਸੀਪਲਵਰਕਰ ਯੂਨੀਅਨ ਦੇ ਪ੍ਰਧਾਨ ਗੁਰਮੇਲ ਸਿੰਘ, ਬਾਗਬਾਨੀ ਯੂਨੀਅਨ, ਥਾਪਰ ਯੂਨੀਵਰਸਿਟੀ, ਸਫਾਈ ਮਜਦੂਰ ਯੂਨੀਅਨ ਰਾਜਪੁਰਾ, ਡੀ.ਸੀ.ਡਬਲਯੂ. ਰੇਲਵੇ ਯੂਨੀਅਨ, ਟੈਕਨੀਕਲਇੰਪਲਾਈ ਯੂਨੀਅਨ, ਆਂਗਨਵਾੜੀ ਯੂਨੀਅਨ, ਕੋਲ ਆਪਣੇ ਪੱਖ ਪੇਸ਼ ਕੀਤੇ ਅਤੇ ਇਤਰਾਜ ਦਰਜ ਕਰਵਾਏ। ਭਾਰਤੀਯ ਮਜ਼ਦੂਰ ਸੰਘ ਦੀ ਮੀਟਿੰਗ ਵਿੱਚ ਈ-ਰਿਕਸ਼ਾ ਯੂਨੀਅਨ ਤੋਂ ਇਲਾਵਾ ਹੋਰ ਯੂਨੀਅਨ ਨੇ ਵੀ ਪੱਖ ਤੇ ਰੋਸ ਦਰਜ ਕਰਵਾਏ। ਮਾਨਯੋਗ ਹਾਈ ਕੋਰਟ ਨੇ ਸਖਤੀ ਨਾਲ ਕਿਹਾ ਕਿ ਮੁਲਜ਼ਮਾਂ ਦੀ ਬਣਦੀ ਅਦਾਇਗੀ ਤੁਰੰਤ ਕੀਤੀ ਜਾਵੇ। ਇਸ ਕੇਸ ਵਿੱਚ ਜੋਗਿੰਦਰ ਸਿੰਘ ਪੰਛੀ ਜਨਰਲ ਸਕੱਤਰ ਸੇਵਾ ਮੁਕਤ ਕਰਮਚਾਰੀ ਯੂਨੀਅਨ ਅਤੇ ਹੋਰ ਮੁਲਾਜ਼ਮਾਂ ਨੇ ਮਿਲਕੇ ਹਾਈ ਕੋਰਟ ਵਿੱਚ ਕੇਸ ਜਿੱਤਿਆ ਹੋਇਆ ਹੈ ਜਿਸਦੀ ਸੁਣਵਾਈ 20/4/2026 ਨੂੰ ਹਾਈ ਕੋਰਟ ਵਿੱਚ ਡਬਲ ਬੈਂਚ ਤੇ ਹੈ। ਜੋਗਿੰਦਰ ਸਿੰਘ ਪੰਛੀ ਨੇ ਅੱਜ ਦੀ ਮੀਟਿੰਗ ਵਿੱਚ ਸਖਤ ਰੋਸ ਪ੍ਰਗਟ ਕੀਤੇ। ਭਾਰਤੀਯ ਮਜਦੂਰ ਸੰਘ ਦੇ ਮਹਾਂਮੰਤਰੀਸ਼੍ਰੀ ਨਿਰੰਜਨ ਕੁਮਾਰ ਜੀ ਭੋਪਾਲ ਅਤੇ ਏ.ਕੇ. ਸਿੰਘ ਪ੍ਰਭਾਰੀ ਭਾਰਤੀਯ ਮਜਦੂਰ ਸੰਘ ਨੇ ਆਦੇਸ਼ ਜਾਰੀ ਕੀਤੇ ਕਿ ਸਾਰੀ ਯੂਨੀਅਨਾਂ ਸਰਕਾਰ ਨੂੰ ਨੋਟਿਸ ਅਲਟੀਮੇਟਨ ਦੇਣ।

## ਪੀ.ਆਰ.ਟੀ.ਸੀ. ਪੈਨਸ਼ਨਰਜ਼ ਐਸੋਸੀਏਸ਼ਨ ਦੀ ਮੈਨੇਜਮੈਂਟ ਨਾਲ ਮੀਟਿੰਗ

### ਬਕਾਇਆਂ ਦੀ ਜਲਦੀ ਅਦਾਇਗੀ ਸਬੰਧੀ ਹੋਈ ਗੱਲਬਾਤ



ਪਟਿਆਲਾ, 18 ਅਪ੍ਰੈਲ (ਚ.ਨ.ਸ.) : ਅੱਜ ਪੀ ਆਰ ਟੀਸੀ ਦੀ ਪੈਨਸ਼ਨਰਜ ਐਸੋਸੀਏਸ਼ਨ ਦੀ ਕੇਂਦਰੀ ਵੱਡੀ ਦੇ ਨੁਮਾਇੰਦਿਆਂ, ਜਿਨ੍ਹਾਂ ਵਿੱਚ ਕੇਂਦਰੀ ਬਾਡੀ ਦੇ ਵਾਈਸ ਚੇਅਰਮੈਨ ਬਚਿੱਤਰ ਸਿੰਘ, ਸੂਬਾ ਪ੍ਰਧਾਨ ਭਗਵੰਤ ਸਿੰਘ ਕੰਗਣਵਾਲ, ਸਕੱਤਰ ਜਨਰਲ ਹਰੀ ਸਿੰਘ ਚਮਕ ਅਤੇ ਕੈਸ਼ੀਅਰ ਅਮੋਲਕ ਸਿੰਘ ਸ਼ਾਮਿਲ ਸਨ ,ਦੀ ਮੀਟਿੰਗ ਮਾਨਯੋਗ ਚੇਅਰਮੈਨ ਸਾਹਿਬ ਅਤੇ ਐਮ ਡੀ ਸਾਹਿਬ ਨਾਲ ਬੜੇ ਹੀ ਸੁਖਾਵੇਂ ਮਾਹੌਲ ਵਿੱਚ ਹੋਈ, ਜਿਸ ਵਿੱਚ ਰਹਿੰਦੇ ਬਕਾਇਆਂ ਬਾਰੇ ਖੁੱਲ ਕੇ ਵਿਚਾਰ ਵਟਾਂਦਰਾ ਹੋਇਆ। ਮਹੀਨਾਵਾਰ ਪੈਨਸ਼ਨ ਹਰੇਕ ਮਹੀਨੇ ਦੀ 10 ਤਰੀਕ ਤੋਂ ਪਹਿਲਾਂ ਪਹਿਲਾਂ ਮੈਨੇਜਮੈਂਟ ਨੇ ਪਾ ਦੇਣ ਲਈ ਕਿਹਾ ਪਰੰਤੂ ਐਸੋਸੀਏਸ਼ਨ ਦੇ ਨੁਮਾਇੰਦਿਆਂ ਦੇ ਜ਼ੋਰ ਪਾਉਣ 'ਤੇ ਮੈਨੇਜਮੈਂਟ ਨੇ ਹਰ ਮਹੀਨੇ ਦੀ ਪੰਜ ਤਰੀਕ ਤੱਕ ਪੈਨਸ਼ਨ ਪਾਉਣ ਲਈ ਸਹਿਮਤੀ ਦੇ ਦਿੱਤੀ ।ਰਹਿੰਦੇ ਬਕਾਇਆਂ ਬਾਰੇ ਐਮ.ਡੀ. ਤੇ ਚੇਅਰਮੈਨ ਨੇ ਕਿਹਾ ਕਿ ਛੇ ਮਹੀਨੇ ਦੇ ਮੈਡੀਕਲ ਬਿਲਾਂ ਦੇ ਬਕਾਇਆਂ ਦੀ ਅਦਾਇਗੀ ਹੁਣੇ ਹੀ ਕਰ ਦਿੱਤੀ ਜਾਵੇਗੀ ਅਤੇ 2016 ਦੇ ਪੇ-ਕਮਿਸ਼ਨ ਦੇ ਗਰੇਡਾਂ ਦੇ ਬਕਾਇਆਂ ਦੀ ਵੀ ਅਦਾਇਗੀ ਜਲਦੀ ਹੀ ਇਸੇ ਪੈਨਸ਼ਨ ਦੇ ਨਾਲ ਸ਼ੁਰੂ ਕਰ ਦਿੱਤੀ ਜਾਵੇਗੀ ।

# ਨਿਰਮਲ ਸਿੰਘ ਭੱਟੀਆਂ ਵੱਲੋਂ ਵੱਖ-ਵੱਖ ਮੰਡੀਆਂ ਦਾ ਦੌਰਾ

➢ਲਿਫਟਿੰਗ ਨਾ ਹੋਣ ਕਾਰਨ ਮੰਡੀਆਂ 'ਚ ਅਨਾਜ ਦੇ ਲੱਗੇ ਅੰਬਾਰ: ਭੱਟੀਆਂ

ਦੇਵੀਗੜ੍ਹ , 18 ਅਪ੍ਰੈਲ (ਗੁਰਜੀਤ ਸਿੰਘ ਢੋਟ) : ਸਨੌਰ ਅਨਾਜ ਮੰਡੀ ਵਿੱਚ ਸੀਨੀਅਰ ਕਾਂਗਰਸੀ ਆਗੂ ਨਿਰਮਲ ਸਿੰਘ ਭੱਟੀਆ ਵੱਲੋਂ ਆਪਣੇ ਸਾਥੀਆਂ ਸਮੇਤ ਦੌਰਾ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨੇ ਮੰਡੀ ਵਿੱਚ ਆਏ ਕਿਸਾਨਾਂ, ਆੜ੍ਹਤੀਆਂ ਅਤੇ ਮਜ਼ਦੂਰਾਂ ਨਾਲ ਗੱਲਬਾਤ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਧਿਆਨ ਨਾਲ ਸੁਣਿਆ। ਭੱਟੀਆ ਨੇ ਕਿਹਾ ਕਿ ਮੰਡੀ ਵਿੱਚ ਫਸਲਾਂ ਦੀ ਖਰੀਦ ਅਤੇ ਉਠਾਊ ਦੇ ਪ੍ਰਬੰਧ ਠੀਕ ਢੰਗ ਨਾਲ ਨਹੀਂ ਹੋ ਰਹੇ, ਜਿਸ ਕਾਰਨ ਕਿਸਾਨਾਂ ਨੂੰ ਕਾਫੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਨੇ ਦੱਸਿਆ ਕਿ ਕਈ ਥਾਵਾਂ 'ਤੇ ਫਸਲਾਂ ਦੀ ਢੁਕਵੀਂ ਸਟੋਰੇਜ ਨਾ ਹੋਣ ਕਾਰਨ ਕਿਸਾਨਾਂ ਦੀ ਉਪਜ ਖੁੱਲ੍ਹੇ ਆਸਮਾਨ ਹੇਠ ਪਈ ਹੈ, ਜਿਸ ਨਾਲ ਮੌਸਮ ਦੀ ਮਾਰ ਦਾ ਖਤਰਾ ਬਣਿਆ



ਹੋਇਆ ਹੈ। ਉਨ੍ਹਾਂ ਨੇ ਮੰਗ ਕੀਤੀ ਕਿ ਖਰੀਦ ਪ੍ਰਕਿਰਿਆ ਨੂੰ ਤੇਜ਼ ਕੀਤਾ ਜਾਵੇ। ਅੰਤ ਵਿੱਚ ਉਨ੍ਹਾਂ ਨੇ ਪ੍ਰਸ਼ਾਸਨ ਨੂੰ ਅਪੀਲ ਕੀਤੀ ਕਿ ਮੰਡੀ ਦੇ ਪ੍ਰਬੰਧਾਂ ਵਿੱਚ ਸੁਧਾਰ ਕਰਕੇ ਕਿਸਾਨਾਂ ਨੂੰ ਰਾਹਤ ਪ੍ਰਦਾਨ ਕੀਤੀ ਜਾਵੇ ਤਾਂ ਜੋ ਉਨ੍ਹਾਂ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਇਸ ਮੌਕੇ ਰਾਜਤ ਕਪੂਰ (ਪ੍ਰਧਾਨ, ਆੜ੍ਹਤੀ ਐਸੋਸੀਏਸ਼ਨ ਸਨੌਰ), ਰਜਿੰਦਰ ਕਪੂਰ, ਰਘਬੀਰ ਚੰਦ ਵਾਲੀਆ (ਪ੍ਰਧਾਨ ਕਾਲੀ ਮਾਤਾ ਮੰਦਰ) ਗੁਰਨਾਮ ਸਿੰਘ (ਸੈਕਟਰੀ, ਕਾਂਗਰਸ ਕਮੇਟੀ ਪਟਿਆਲਾ ਦਿਹਾਤੀ), ਸਨੌਰ), ਪਾਰਸ ਕੁਮਾਰ, ਸਚਿਨ ਕੁਮਾਰ, ਅਜੇ ਗੁਪਤਾ, ਨਰੇਸ਼ ਗੋਇਲ, ਉਸਾਲ ਗੁਪਤਾ, ਗਗਨ ਗੋਇਲ, ਕੁਲਦੀਪ ਕਾਲਾ (ਸਾਬਕਾ ਪ੍ਰਧਾਨ ਸਨੌਰ), ਟੋਨੀ ਲਲੀਣਾ, ਰਾਮ ਸਿੰਘ ਵਾਲੀਆ, ਤਰਸੇਮ ਸ਼ਰਮਾ ਅਤੇ ਸੋਨੀ ਕਪੂਰੀ ਸ਼ਾਮਲ ਸਨ, ਜਿਨ੍ਹਾਂ ਨੇ ਮਿਲਕੇ ਮੰਡੀ ਦੇ ਪ੍ਰਬੰਧਾਂ ਅਤੇ ਕਿਸਾਨਾਂ ਦੀਆਂ ਸਮੱਸਿਆਵਾਂ 'ਤੇ ਵਿਚਾਰ-ਵਟਾਂਦਰਾ ਕੀਤਾ।

## ਜ਼ਿਲ੍ਹਾ ਪ੍ਰੋਗਰਾਮ ਅਫਸਰ ਦੀ ਅਗਵਾਈ ਹੇਠ ਪੋਸ਼ਣ ਪਖਵਾੜਾ ਮਨਾਇਆ

ਪਟਿਆਲਾ, 18 ਅਪ੍ਰੈਲ (ਰੁਪਾਣਾ) : ਸਮਾਜਿਕ ਸੁਰੱਖਿਆ, ਮਹਿਲਾ ਤੇ ਬਾਲ ਵਿਕਾਸ ਵਿਭਾਗ ਵਲੋਂ




8 ਅਪ੍ਰੈਲ ਤੋਂ 22 ਅਪ੍ਰੈਲ, 2027 ਤੱਕ 8ਵਾਂ ਪੋਸ਼ਣ ਪਖਵਾੜਾ ਮਨਾਇਆ ਜਾ ਰਿਹਾ ਹੈ। ਇਸੇ ਤਹਿਤ ਜ਼ਿਲ੍ਹਾ ਪ੍ਰੋਗਰਾਮ ਅਫਸਰ ਪ੍ਰਦੀਪ ਗਿੱਲ ਦੀ ਅਗਵਾਈ ਹੇਠ ਸਰਕਲ ਸਨੌਰੀ ਅੱਡਾ ਸੈਂਟਰ ਨੰਬਰ 123 ਰਾਜਿੰਦਰ ਕੌਰ ਵਿਖੇ ਵੀ ਇਹ ਪੋਸ਼ਣ ਪਖਵਾੜਾ ਮਨਾਇਆ ਗਿਆ। ਇਹ ਪੋਸ਼ਣ ਪਖਵਾੜਾ ਬੱਚਿਆਂ, ਗਰਭਵਤੀ ਔਰਤਾਂ ਅਤੇ ਦੁੱਧ ਪਿਲਾਉਣ ਵਾਲੀਆਂ ਮਾਵਾਂ ਲਈ ਪੋਸ਼ਣ ਸਬੰਧੀ ਨਤੀਜਿਆਂ ਨੂੰ ਬਿਹਤਰ ਬਣਾਉਣ ਲਈ ਦੇਸ਼ ਵਿਆਪੀ ਪਹਿਲਕਦਮੀ ਦੀ ਤਰਜ਼ 'ਤੇ ਹੈ। ਇਸ ਦੇ ਨਾਲ ਹੀ ਸੀ.ਐਮ.ਏ.ਐਮ. ਮਾਡਿਊਲ ਰਾਹੀਂ ਕੁਪੋਸ਼ਣ ਦੇ ਪ੍ਰਬੰਧਨ 'ਤੇ ਵੀ ਜ਼ੋਰ ਦਿੱਤਾ ਗਿਆ, ਜੋ ਕੁਪੋਸ਼ਿਤ ਬੱਚਿਆਂ ਲਈ ਕਮਿਊਨਿਟੀ-ਅਧਾਰਤ ਇਲਾਜ ਅਤੇ ਦੇਖਭਾਲ ਦਾ ਸਮਰਥਨ ਕਰਦਾ ਹੈ। ਇਸ ਪੰਦਰਵਾੜੇ ਵਿੱਚ ਜਨਤਕ ਜਾਗਰੂਕਤਾ ਅਤੇ ਸਰਗਰਮ ਭਾਈਚਾਰਕ ਸ਼ਮੂਲੀਅਤ ਰਾਹੀਂ ਕੁਪੋਸ਼ਣ ਨੂੰ ਖਤਮ ਕਰਨ ਲਈ ਵੱਡੇ ਪੱਧਰ 'ਤੇ ਪਹੁੰਚ ਅਤੇ ਸੰਵੇਦਨਸ਼ੀਲਤਾ ਸਬੰਧੀ ਯਤਨ ਵੀ ਸ਼ਾਮਲ ਹਨ। ਇਸ ਮੌਕੇ ਸੁਪਰਵਾਈਜ਼ਰ ਭੋਲੀ, ਨਗਰ ਨਿਗਮ ਤੋਂ ਅਮਨਵੀਰ ਸਿੰਘ, ਮੋਹਿਤ ਸ਼ਰਮਾ, ਈਸ਼ਾ ਸ਼ਰਮਾ ਸਮੇਤ ਸਰਕਲ ਦੀਆਂ ਆਂਗਣਵਾੜੀ ਵਰਕਰ ਅਤੇ ਮਹਿਲਾਵਾਂ ਹਾਜ਼ਰ ਸਨ।

## ਗਿਆਨਸ਼ ਗਲੋਬਲ ਸਕੂਲ ਦਾ ਦਸਵੀਂ ਦਾ ਨਤੀਜਾ ਰਿਹਾ 100 ਫੀਸਦੀ

ਸ਼ੇਰਪੁਰ, 18 ਅਪ੍ਰੈਲ(ਬਲਜੀਤ ਸਿੰਘ ਟਿੱਬਾ) : ਗਿਆਨਸ਼ ਗਲੋਬਲ ਸਕੂਲ ਦੇ ਦਸਵੀਂ ਜਮਾਤ ਦੇ ਵਿਦਿਆਰਥੀਆਂ ਨੇ ਸੀ.ਬੀ.ਐਸ.ਈ. ਬੋਰਡ ਪਰੀਖਿਆ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ। ਸਕੂਲ ਦਾ ਨਤੀਜਾ 100 ਫੀਸਦੀ ਰਿਹਾ, ਜਿਸ ਦੀ ਖ਼ੁਸ਼ੀ ਵਿੱਚ ਸਕੂਲ ਪ੍ਰਬੰਧਕਾਂ ਵੱਲੋਂ ਵਿਦਿਆਰਥੀਆਂ ਅਤੇ ਮਾਪਿਆਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਪਰੀਖਿਆ ਨਤੀਜਿਆਂ ਅਨੁਸਾਰ ਐਸ਼ਪ੍ਰੀਤ ਕੌਰ ਨੇ 98.00% ਅੰਕਾਂ ਨਾਲ਼ ਪਹਿਲਾ, ਹਰਮਨਪ੍ਰੀਤ ਕੌਰ ਨੇ 97.40% ਨਾਲ਼ ਦੂਜਾ ਅਤੇ ਨਵਰੂਪ ਗਿੱਲ ਨੇ 97.20% ਅੰਕਾਂ ਨਾਲ਼ ਤੀਜਾ ਸਥਾਨ ਹਾਸਲ ਕੀਤਾ। ਇਸ ਤੋਂ ਇਲਾਵਾ ਗੁਰਨੂਰ ਕੌਰ (96.20%), ਮਨਸੀਰਤ ਕੌਰ (95.60%), ਖੁਸ਼ਪ੍ਰੀਤ ਕੌਰ (93.40%), ਜਸਮੀਤ ਕੌਰ (93.20%), ਜਸਕਰਨ ਸਿੰਘ (92.40%) ਅਤੇ




ਅਰਸ਼ਦੀਪ ਕੌਰ (91.20%) ਨੇ ਵੀ ਉੱਚ ਅੰਕ ਪ੍ਰਾਪਤ ਕੀਤੇ। ਪੰਜਾਬੀ ਵਿਸ਼ੇ ਵਿੱਚੋਂ ਐਸ਼ਪ੍ਰੀਤ ਕੌਰ, ਦਿਲਪ੍ਰੀਤ ਕੌਰ, ਪ੍ਰਭਜੋਤ ਕੌਰ ਤੇ ਹਰਮਨਪ੍ਰੀਤ ਕੌਰ ਅਤੇ ਆਈ.ਟੀ. ਵਿਸ਼ੇ ਵਿੱਚੋਂ ਗੁਰਨੂਰ ਕੌਰ ਨੇ 100 ਵਿੱਚੋਂ 100 ਅੰਕ ਪ੍ਰਾਪਤ ਕਰਨ ਦਾ ਮਾਣ ਕੀਤਾ। ਇਸ ਮੌਕੇ ਤੇ ਵਿਦਿਆਰਥੀਆਂ ਨੂੰ ਸਕੂਲ ਵਿੱਚ ਬੁਲਾ ਕੇ ਢੋਲ ਦੀਆਂ ਧੁਨਾਂ ਨਾਲ਼ ਉਨ੍ਹਾਂ ਦਾ ਜੋਸ਼ਿਲਾ ਸਵਾਗਤ ਕੀਤਾ ਗਿਆ। ਮਾਤਾ-ਪਿਤਾ ਦੀ ਹਾਜ਼ਰੀ ਵਿੱਚ ਵਿਦਿਆਰਥੀਆਂ ਨੂੰ ਸਨਮਾਨਿਤ ਕਰਦਿਆਂ ਉਨ੍ਹਾਂ ਨੂੰ ਸਨਮਾਨ ਚਿੰਨ ਭੇਂਟ ਕੀਤੇ ਗਏ, ਜਿਸ ਨਾਲ਼ ਸਮਾਗਮ ਵਿੱਚ ਖ਼ੁਸ਼ੀ ਅਤੇ ਮਾਣ ਦਾ ਵਾਤਾਵਰਨ ਬਣ ਗਿਆ। ਮੁੱਖ ਸਰਪ੍ਰਸਤ ਸ੍ਰੀ ਬਲਵੰਤ ਸਿੰਘ ਰੰਧਾਵਾ, ਜਗਦੇਵ ਸਿੰਘ ਢਿੱਲੋਂ ਅਤੇ ਹਰੀ ਸਿੰਘ ਢਿੱਲੋਂ ਨੇ ਵਿਦਿਆਰਥੀਆਂ ਤੇ ਅਧਿਆਪਕਾਂ ਦੀ ਮਿਹਨਤ ਦੀ ਸ਼ਲਾਘਾ ਕੀਤੀ। ਚੇਅਰਮੈਨ ਰੁਬਿੰਦਰ ਸਿੰਘ ਰੰਧਾਵਾ ਅਤੇ ਸਕੱਤਰ ਮਨਜੀਤ ਸਿੰਘ ਢਿੱਲੋਂ ਨੇ ਸਭ ਨੂੰ ਵਧਾਈ ਦਿੱਤੀ। ਇਸ ਮੌਕੇ ਤਲਵਿੰਦਰ ਕੌਰ, ਹਰਪਿੰਦਰ ਕੌਰ, ਡਾਇਰੈਕਟਰ ਬਿਨੋਏ ਪੀ ਕੇ, ਪ੍ਰਿੰਸੀਪਲ ਸ਼ਾਹੀਨਾ ਰੋਜ਼ੀ ਅਤੇ ਵਾਈਸ ਪ੍ਰਿੰਸੀਪਲ ਨੀਨਾ ਜੌਸਫ਼ ਨੇ ਵਿਦਿਆਰਥੀਆਂ ਨੂੰ ਪ੍ਰੇਰਿਤ ਕੀਤਾ। ਪੰਜਾਬੀ ਅਧਿਆਪਕ ਨੀਲਮ ਕੌਰ ਅਤੇ ਆਈ.ਟੀ. ਅਧਿਆਪਕ ਅਮਨਪ੍ਰੀਤ ਕੌਰ ਨੂੰ ਵੀ ਵਿਸ਼ੇਸ਼ ਤੌਰ 'ਤੇ ਵਧਾਈ ਦਿੱਤੀ।

## ਨਾਜਾਇਜ਼ ਤੌਰ 'ਤੇ ਰੱਖੇ 36 ਤੋਤੇ ਬ੍ਰਾਮਦ

ਪਟਿਆਲਾ, 18 ਅਪ੍ਰੈਲ (ਵਿਨੋਦ ਸ਼ਰਮਾ) : ਥਾਣਾ ਲਾਹੌਰੀ ਗੇਟ ਪਟਿਆਲਾ ਪੁਲਿਸ ਕੋਲ ਵਿਕਰਮਜੀਤ ਸਿੰਘ ਇੰਚਾਰਜ ਫੋਰੈਸਟ ਗਾਰਡ ਬੀੜ ਮੋਤੀਬਾਗ ਜੰਗਲੀ ਜੀਵ ਰੇਂਜ ਪਟਿਆਲਾ ਨੇ ਕਥਿਤ ਦੋਸ਼ੀ ਰਾਜੇਸ਼ ਪੁਰੀ ਖੋਕਾ ਮਾਲਕ ਨੇੜੇ ਪੁਰਾਣਾ ਬੱਸ ਸਟੈਂਡ ਪਟਿਆਲਾ ਵਿਰੁੱਧ ਸ਼ਿਕਾਇਤ ਦਰਜ ਕਰਵਾਈ ਹੈ। ਸ਼ਿਕਾਇਤਕਰਤਾ ਨੇ ਦੱਸਿਆ ਕਿ ਉਕਤ ਕਥਿਤ ਦੋਸ਼ੀ ਵੱਲੋਂ ਭਾਰਤੀ ਐਲਗਯੋਡਰੀਨ ਅਤੇ ਰੋਜ ਰਿੰਗਡ ਤੋਤੇ ਤੇ ਉਹਨਾ ਦੇ ਬੱਚੇ ਨਾਜਾਇਜ਼ ਤੌਰ 'ਤੇ ਰੱਖੇ ਗਏ ਹਨ ਅਤੇ ਵੇਚੇ ਜਾਂਦੇ ਹਨ, ਜੋ ਕਿ ਭਾਰਤੀ ਜੰਗਲੀ ਜੀਵ ਸੁਰੱਖਿਆ ਐਕਟ 1972 ਅਨੁਸਾਰ ਗੈਰ ਕਾਨੂੰਨੀ ਹੈ, ਜੋ ਰੇਡ ਕਰਨ ਪਰ 36 ਤੋਤੇ ਬ੍ਰਾਮਦ ਹੋਏ।

## ਜਨਹਿੱਤ ਸੰਮਤੀ ਨੇ ਲੋੜਵੰਦਾਂ ਨੂੰ ਰਾਸ਼ਨ, ਵਿਆਹ ਲਈ ਮਦਦ ਤੇ ਵਿਦਿਆਰਥੀਆਂ ਨੂੰ ਫ਼ੀਸ ਦਿੱਤੀ

ਪਟਿਆਲਾ, 18 ਅਪ੍ਰੈਲ (ਚ.ਨ.ਸ.) : ਸਮਾਜ ਸੇਵੀ ਸੰਸਥਾ ਜਨਹਿੱਤ ਸੰਮਤੀ ਵੱਲੋਂ ਪ੍ਰਧਾਨ ਐਸ ਕੇ ਗੌਤਮ ਅਤੇ ਜਨਰਲ ਸਕੱਤਰ ਸਟੇਟ ਐਵਾਰਡੀ ਵਿਨੋਦ ਸ਼ਰਮਾ ਦੀ




ਅਗਵਾਈ ਹੇਠ ਪ੍ਰਭਾਤ ਪ੍ਰਵਾਨਾ ਹਾਲ ਵਿਖੇ 8 ਲੋੜਵੰਦ ਪਰਿਵਾਰਾਂ ਨੂੰ ਰਾਸ਼ਨ, 2 ਲੜਕੀਆਂ ਦੇ ਵਿਆਹ ਲਈ ਮਦਦ, 5 ਲੜਕੀਆਂ ਨੂੰ ਸਿਲਾਈ ਮਸ਼ੀਨਾਂ, ਇਕ ਅਪਾਹਿਜ ਨੂੰ ਟਰਾਈਸਾਇਕਲ ਅਤੇ ਇਕ ਲੜਕੀ ਨੂੰ ਕਾਲਜ ਦੀ ਫੀਸ ਦਿੱਤੀ ਗਈ ਜਿਸ ਵਿੱਚ ਮੁੱਖ ਮਹਿਮਾਨ ਉਘੇ ਸਮਾਜ ਸੇਵੀ ਬੀ.ਕੇ ਬਿੰਦਲ ਰਿਟਾਇਰ ਡਾਇਰੈਕਟਰ ਪੀ.ਐਸ.ਪੀ.ਸੀ.ਐਲ ਪਟਿਆਲਾ ਨੇ ਸ਼ਿਰਕਤ ਕੀਤੀ। ਵਿਸ਼ੇਸ਼ ਤੌਰ 'ਤੇ ਜਸਵੰਤ ਸਿੰਘ ਕੋਲੀ, ਹਰਪਾਲ ਮਾਨ, ਅਨਿਲ ਭਾਰਤੀ, ਐਸ.ਪੀ ਪਰਾਸ਼ਰ, ਸਤੀਸ਼ ਜੋਸ਼ੀ ਨੇ ਸ਼ਿਰਕਤ ਕੀਤੀ। ਇਸ ਮੌਕੇ ਸੰਬੋਧਨ ਕਰਦਿਆ ਬੀ ਕੇ ਬਿੰਦਲ ਨੇ ਕਿਹਾ ਕਿ ਜਨਹਿੱਤ ਸੰਮਤੀ ਦੇ ਪ੍ਰਧਾਨ ਐਸ ਕੇ ਗੌਤਮ ਅਤੇ ਜਰਨਲ ਸਕੱਤਰ ਸਟੇਟ ਐਵਾਰਡੀ ਵਿਨੋਦ ਸ਼ਰਮਾ ਦੀ ਅਗਵਾਈ ਹੇਠ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ, ਲੋੜਵੰਦ ਵਿਦਿਆਰਥੀਆਂ ਨੂੰ ਪੜ੍ਹਾਈ ਲਈ ਫ਼ੀਸ ਦੇਣਾ ਸ਼ਲਾਘਾਯੋਗ ਉਪਰਾਲਾ ਹੈ।

## ਟਾਈਪਿੰਗ, ਟੈਕਨੀਕਲ ਕੁਇਜ਼ ਤੇ ਲੋਗੋ ਬਣਾਉਣ ਦੇ ਮੁਕਾਬਲੇ ਕਰਵਾਏ



ਘਨੌਰ, 18 ਅਪ੍ਰੈਲ (ਮਦਨ ਲਾਲ) : ਕਾਲਜ ਦੇ ਕੰਪਿਊਟਰ ਸਾਇੰਸ ਵਿਭਾਗ ਵੱਲੋਂ ਪਿਛਲੇ ਦਿਨੀਂ 'Talent Tech Fest' ਕਰਵਾਇਆ ਗਿਆ। ਇਸ ਦੌਰਾਨ ਟਾਈਪਿੰਗ, ਟੈਕਨੀਕਲ ਕੁਇਜ਼ ਅਤੇ ਲੋਗੋ ਬਣਾਉਣ ਦੇ ਮੁਕਾਬਲੇ ਕਰਵਾਏ ਗਏ। ਕਾਲਜ ਪ੍ਰਿੰਸੀਪਲ ਡਾ. ਲਖਵੀਰ ਸਿੰਘ ਗਿੱਲ ਜੀ ਦੀ ਯੋਗ ਅਗਵਾਈ ਵਿੱਚ ਟਾਈਪਿੰਗ ਦੇ ਮੁਕਾਬਲੇ ਡਾ. ਅਰਵਿੰਦਰ ਸਿੰਘ, ਟੈਕਨੀਕਲ ਕੁਇਜ਼ ਦਾ ਮੁਕਾਬਲਾ ਡਾ. ਊਸ਼ਾ ਰਾਣੀ ਅਤੇ ਲੋਗੋ ਬਣਾਉਣ ਦਾ ਮੁਕਾਬਲਾ ਅਸਿਸਟੈਂਟ ਪ੍ਰੋਫੈਸਰ ਪੁਨੀਤ ਦੀ ਦੇਖ-ਰੇਖ ਹੇਠ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਵਿੱਚ ਵੱਖ-ਵੱਖ ਕਲਾਸਾਂ ਦੇ ਲਗਭਗ 70 ਵਿਦਿਆਰਥੀਆਂ ਨੇ ਭਾਗ ਲਿਆ। ਟਾਈਪਿੰਗ ਵਿੱਚ ਪਹਿਲਾ ਸਥਾਨ ਹਰਮਨਜੀਤ ਸਿੰਘ, ਬੀ. ਸੀ. ਏ.-2, ਦੂਜਾ ਸਥਾਨ ਕੁਲਵਿੰਦਰ ਕੌਰ, ਬੀ. ਐਸਸੀ.-1 ਅਤੇ ਤੀਜਾ ਸਥਾਨ ਰਵਿੰਦਰ ਨਾਥ ਬੀ. ਕਾਮ.-1 ਨੇ ਪ੍ਰਾਪਤ ਕੀਤਾ। ਇਸੇ ਤਰ੍ਹਾਂ ਟੈਕਨੀਕਲ ਕੁਇਜ਼ ਵਿੱਚ ਪਹਿਲਾ ਸਥਾਨ ਨਮਰਪ੍ਰੀਤ ਸਿੰਘ, ਬੀ.ਸੀ.ਏ-3, ਦੂਜਾ ਸਥਾਨ ਹਰਪ੍ਰੀਤ ਕੌਰ ਬੀ.ਸੀ.ਏ.-2 ਅਤੇ ਤੀਜਾ ਸਥਾਨ ਰੁਚੀ ਸ਼ਰਮਾ ਬੀ.ਸੀ.ਏ.-3 ਨੇ ਪ੍ਰਾਪਤ ਕੀਤਾ। ਲੋਗੋ ਬਣਾਉਣ ਦੇ ਮੁਕਾਬਲਿਆਂ ਵਿੱਚ ਪਹਿਲਾਂ ਸਥਾਨ ਆਰੂਸ਼, ਦੂਜਾ ਸਥਾਨ ਖੁਸ਼ਪ੍ਰੀਤ ਕੌਰ ਅਤੇ ਤੀਜਾ ਸਥਾਨ ਓਮਲਤਾ ਬੀ. ਸੀ. ਏ. ਭਾਗ ਦੂਜਾ ਨੇ ਪ੍ਰਾਪਤ ਕੀਤਾ।ਅੱਜ ਕਾਲਜ ਵਿੱਚ ਜੇਤੂ ਵਿਦਿਆਰਥੀਆਂ ਨੂੰ ਇਨਾਮ ਅਤੇ ਸਰਟੀਫਿਕੇਟ ਵੰਡਣ ਦਾ ਵਿਸ਼ੇਸ਼ ਪ੍ਰੋਗਰਾਮ ਆਯੋਜਿਤ ਕੀਤਾ ਗਿਆ। ਇਸ ਸਮਾਗਮ ਵਿੱਚ ਪੰਜਾਬੀ ਯੂਨੀਵਰਸਿਟੀ, ਪਟਿਆਲਾ ਤੋਂ ਡਾਇਰੈਕਟਰ ਯੋਜਨਾ ਅਤੇ ਨਿਰੀਖਣ, ਡਾ. ਸੁਖਜੀਤ ਕੌਰ ਰਾਨਾਡੇ ਨੇ ਮੁੱਖ ਮਹਿਮਾਨ ਦੇ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਕਾਲਜ ਪ੍ਰਿੰਸੀਪਲ ਡਾ. ਲਖਵੀਰ ਸਿੰਘ ਗਿੱਲ ਨੇ ਮੁੱਖ ਮਹਿਮਾਨ ਦਾ ਸਵਾਗਤ ਕੀਤਾ ਅਤੇ ਕੰਪਿਊਟਰ ਵਿਭਾਗ ਨੂੰ ਪ੍ਰੋਗਰਾਮ ਆਯੋਜਿਤ ਕਰਨ ਲਈ ਵਧਾਈ ਦਿੱਤੀ। ਇਸ ਮੌਕੇ ਡਾ. ਸੁਖਜੀਤ ਕੌਰ ਰਾਨਾਡੇ ਨੇ ਜੇਤੂ ਵਿਦਿਆਰਥੀਆਂ ਨੂੰ ਮੁਬਾਰਕਾਂ ਦਿੰਦਿਆਂ ਭਵਿੱਖ ਵਿੱਚ ਹੋਰ ਮਿਹਨਤ ਕਰਨ ਦੇ ਨਾਲ-ਨਾਲ ਪੋਸਟ ਗਰੈਜੂਏਸ਼ਨ ਕਰਨ ਲਈ ਪ੍ਰੇਰਿਤ ਕੀਤਾ।ਇਸ ਮੌਕੇ ਮੁੱਖ ਮਹਿਮਾਨ ਅਤੇ ਕਾਲਜ ਪ੍ਰਿੰਸੀਪਲ ਵੱਲੋਂ ਕੰਪਿਊਟਰ ਵਿਭਾਗ ਦੇ ਅਧਿਆਪਕ ਡਾ. ਅਰਵਿੰਦਰ ਸਿੰਘ ਦੀ ਅਗਵਾਈ ਵਿੱਚ ਬੀ.ਸੀ.ਏ ਭਾਗ ਤੀਜਾ ਦੇ ਵਿਦਿਆਰਥੀਆਂ (ਕੁਲਵਿੰਦਰ ਸਿੰਘ, ਜੋਤੀ, ਹਰਸ਼ ਸ਼ਰਮਾ, ਸਪਰਸ਼ ਸ਼ਰਮਾ) ਵੱਲੋਂ ਕਾਲਜ ਦੀ ਲਾਇਬ੍ਰੇਰੀ ਲਈ ਤਿਆਰ ਕੀਤੇ ਸਾਫਟਵੇਅਰ "Library Management System" ਦੀ ਰਸਮੀ ਸ਼ੁਰੂਆਤ ਕੀਤੀ। ਇਸ ਮੌਕੇ ਡਾ. ਗੁਰਲੀਨ ਆਹਲੂਵਾਲੀਆ, ਡਾ. ਮਨਿੰਦਰ ਕੌਰ, ਡਾ. ਰਚਨਾ ਰਾਣੀ, ਡਾ.ਜਸਵਿੰਦਰ ਕੌਰ ਅਤੇ ਅਸਿਸਟੈਂਟ ਪ੍ਰੋਫੈਸਰ ਵੰਦਨਾ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।

## ਡਿਪਟੀ ਕਮਿਸ਼ਨਰ ਨੇ ਕੀਤਾ ਕਿਸਾਨ ਜਾਗਰੂਕਤਾ ਵੈਨਾਂ ਨੂੰ ਹਰੀ ਝੰਡੀ ਦੇ ਕੇ ਰਵਾਨਾ




ਮਲੇਰਕੋਟਲਾ, 18 ਅਪ੍ਰੈਲ (ਬਲਜੀਤ ਸਿੰਘ ਟਿੰਬਾ) : ਜ਼ਿਲ੍ਹਾ ਪ੍ਰਸ਼ਾਸਨ ਮਾਲੇਰਕੋਟਲਾ ਵੱਲੋਂ ਕਣਕ ਦੀ ਨਾੜ ਅਤੇ ਫਸਲੀ ਰਹਿੰਦ-ਖੂੰਹਦ ਨੂੰ ਅੱਗ ਲਗਾਉਣ ਤੋਂ ਰੋਕਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਇਸ ਸਬੰਧ ਵਿੱਚ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਵੱਲੋਂ ਤਿਆਰ ਕੀਤੀਆਂ ਕਿਸਾਨ ਜਾਗਰੂਕਤਾ ਵੈਨਾਂ ਨੂੰ ਡਿਪਟੀ ਕਮਿਸ਼ਨਰ ਵਿਰਾਜ ਐਸ. ਤਿੜਕੇ ਵੱਲੋਂ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ। ਇਹ ਜਾਗਰੂਕਤਾ ਵੈਨਾਂ ਜਿੱਥੇ ਜ਼ਿਲ੍ਹੇ ਦੇ ਸਮੂਹ ਬਲਾਕਾਂ ਦੇ ਪਿੰਡਾਂ ਵਿੱਚ ਪਹੁੰਚ ਕੇ ਕਿਸਾਨਾਂ ਨੂੰ ਕਣਕ ਦੀ ਨਾੜ ਅਤੇ ਹੋਰ ਫਸ਼ਲੀ ਰਹਿੰਦ-ਖੂੰਹਦ ਨੂੰ ਅੱਗ ਨਾ ਲਗਾਉਣ ਸਬੰਧੀ ਜਾਗਰੂਕ ਕਰਨਗੀਆਂ ਉੱਥੇ ਹੀ ਵਿਗਿਆਨਕ ਢੰਗ ਨਾਲ ਇਸ ਦੇ ਪ੍ਰਬੰਧਨ ਬਾਰੇ ਜਾਣਕਾਰੀ ਵੀ ਪ੍ਰਦਾਨ ਕਰਨਗੀਆਂ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਸ ਮੁਹਿੰਮ ਦਾ ਮੁੱਖ ਉਦੇਸ਼ ਕਿਸਾਨਾਂ ਵਿੱਚ ਵਾਤਾਵਰਨ ਸੁਰੱਖਿਆ ਪ੍ਰਤੀ ਜਾਗਰੂਕਤਾ ਪੈਦਾ ਕਰਨਾ ਹੈ। ਉਨ੍ਹਾਂ ਕਿਹਾ ਕਿ ਕਣਕ ਦੀ ਨਾੜ ਨੂੰ ਅੱਗ ਲਗਾਉਣ ਨਾਲ ਵਾਤਾਵਰਣ ਪ੍ਰਦੂਸ਼ਿਤ ਹੁੰਦਾ ਹੈ, ਜਿਹੜਾ ਕਿ ਮਨੁੱਖੀ ਸਿਹਤ ਲਈ ਹਾਨੀਕਾਰਕ ਹੈ। ਇਸ ਮੌਕੇ ਮੁੱਖ ਖੇਤੀਬਾੜੀ ਅਫਸਰ ਡਾ. ਧਰਮਿੰਦਰਜੀਤ ਸਿੰਘ, ਖੇਤੀਬਾੜੀ ਵਿਕਾਸ ਅਫਸਰ ਮਾਲੇਰਕੋਟਲਾ ਸਤਿੰਦਰ ਕੌਰ, ਖੇਤੀਬਾੜੀ ਵਿਕਾਸ ਅਫਸਰ ਅਹਿਮਦਗੜ੍ਹ ਮਨਿੰਦਰਦੀਪ ਸਿੰਘ, ਖੇਤੀਬਾੜੀ ਵਿਕਾਸ ਅਫਸਰ ਸੰਦੀਪ ਸਿੰਘ, ਇੰਜੀਨੀਅਰ ਗੁਰਵਿੰਦਰ ਸਿੰਘ ਹਾਜ਼ਰ ਸਨ।

# ਨਸ਼ਾ ਛੱਡਣ ਵਾਲੇ ਨੌਜਵਾਨਾਂ ਦਾ ਸਰਕਾਰੀ ਹਸਪਤਾਲਾਂ ਵਿੱਚ ਕੀਤਾ ਜਾ ਰਿਹੈ ਮੁਫ਼ਤ ਇਲਾਜ: ਬੰਨੀ ਚੈਹਿਲ

ਪਟਿਆਲਾ, 18 ਅਪ੍ਰੈਲ (ਚ.ਨ.ਸ.) : ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ, ਪਾਵਰ ਹਾਊਸ ਯੂਥ ਕਲੱਬ, ਯੁਵਕ ਸੇਵਾਵਾਂ ਕਲੱਬ ਦੀਪ ਨਗਰ ਵੱਲੋਂ ਜ਼ਿਲ੍ਹਾ ਸਾਂਝ ਕੇਂਦਰ ਪਟਿਆਲਾ ਪੁਲਿਸ ਅਤੇ ਰੋਟਰੈਕਟ ਕਲੱਬ ਥਾਪਰ ਇੰਸੀਚਿਊਟ ਆਫ ਟੈਕਨਾਲੋਜੀ ਦੇ ਸਹਿਯੋਗ ਅਤੇ ਉੱਚ ਅਧਿਕਾਰੀਆਂ ਦੀ ਸਰਪ੍ਰਸਤੀ ਹੇਠ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ, ਨਸ਼ਾ ਮੁਕਤ ਭਾਰਤ ਅਭਿਆਨ ਤਹਿਤ ਨਸ਼ਿਆਂ ਵਿਰੁੱਧ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਜਿਸ ਵਿਚ ਮੁੱਖ ਮਹਿਮਾਨ ਉਘੇ ਸਮਾਜ ਸੇਵੀ ਸੰਜੇਇੰਦਰ ਸਿੰਘ ਬੰਨੀ ਚੈਹਿਲ ਗੋਬਿੰਦਪੁਰਾ ਉਰਫ਼ ਸੁਨਿਆਰਹੇੜੀ ਵਾਲਿਆਂ ਨੇ ਸ਼ਿਰਕਤ ਕੀਤੀ।ਪ੍ਰੋਗਰਾਮ ਦੀ ਪ੍ਰਧਾਨਗੀ ਸਟੇਟ ਐਵਾਰਡੀ ਪਰਮਿੰਦਰ ਭਲਵਾਨ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ, ਮੈਂਬਰ ਜ਼ਿਲ੍ਹਾ ਸਾਂਝ ਕੇਂਦਰ, ਮੈਂਬਰ ਯੁਵਾ ਸਾਂਝ ਕਮੇਟੀ, ਮੈਂਬਰ ਵੂਮੈਨ ਕੌਂਸਲਿੰਗ ਸੈਲ ਨੇ



ਕੀਤੀ।ਪ੍ਰੋਗਰਾਮ ਦਾ ਉਦਘਾਟਨ ਉਘੇ ਸਮਾਜ ਸੇਵੀ ਰਜਨੀਸ਼ ਸਿੰਘ ਬਿੱਟੂ ਅਤੇ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸ਼ਾ ਮੁਕਤ ਭਾਰਤ ਅਭਿਆਨ ਨੇ ਕੀਤਾ। ਇਸ ਮੌਕੇ ਰਿਦਮ ਘਈ ਪ੍ਰਧਾਨ ਰੋਟਰੈਕਟ ਕਲੱਬ ਵੱਲੋਂ ਸਾਰੇ ਆਏ ਹੋਏ ਮਹਿਮਾਨਾਂ ਨੂੰ ਜੀ ਆਇਆਂ ਕਿਹਾ ਗਿਆ।ਵਿਸ਼ੇਸ਼ ਤੌਰ ਤੇ ਅਰਮਾਨ ਮਲਿਕ, ਸ਼ੇਖਰ ਚੌਰਸੀਆ, ਸਨੇਹਾ, ਮੁਸਕਾਨ, ਸਨਕ੍ਰਿਤੀ ਮਾਨ, ਪ੍ਰਿਆ, ਸੁਮਿਦਾ, ਹਿਮਾਂਸ਼ੀ, ਨਿਤਿਕਾ, ਅਨਿਆ, ਮਹਿਮਾ,ਗੋਰੀ,ਅਨਸੁਲਾ, ਦਿਵਆਸੀ, ਪਾਇਲ, ਆਸਾਨਾ, ਰੁਦਰਪ੍ਰਤਾਪ ਸਿੰਘ ਬੀ ਸੀ ਏ ਵਿਦਿਆਰਥੀ ਗੋਰਮਿੰਟ ਬਿਕਰਮ ਕਾਲਜ ਆਫ ਕਾਮਰਸ, ਹਰਮਨਜੀਤ ਸਿੰਘ ਰੰਧਾਵਾ, ਗੁਰਜੀਤ ਸਿੰਘ ਲੱਕੀ ਹਰਦਾਸਪੁਰ, ਭਿੰਦਰ ਜਲਵੇੜਾ ਵੀ ਹਾਜ਼ਰ ਸਨ ।ਇਸ ਮੌਕੇ ਸੰਬੋਧਨ ਕਰਦਿਆਂ ਉਘੇ ਸਮਾਜ ਸੇਵੀ ਬੰਨੀ ਚੈਹਿਲ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਵਿੱਚੋਂ ਨਸ਼ਿਆਂ ਦੇ ਖ਼ਾਤਮੇ ਲਈ ਲੜਕੀਆਂ ਦਾ ਲਾਮਬੰਦ ਹੋ ਕੇ ਅੱਗੇ ਆਉਣਾ ਸ਼ਲਾਘਾਯੋਗ ਕਦਮ ਹੈ। ਉਹਨਾਂ ਕਿਹਾ ਕਿ ਜਿਹੜੇ ਵਿਅਕਤੀ ਨਸ਼ਿਆਂ ਦੀ ਵਰਤੋਂ ਦੇ ਆਦੀ ਹੋ ਚੁੱਕੇ ਹਨ ਉਨ੍ਹਾਂ ਦਾ ਨਸ਼ਾ ਛੁਡਵਾਉਣ ਲਈ ਅਤੇ ਇਲਾਜ ਲਈ ਨੇੜੇ ਦੀ ਸਿਹਤ ਸੰਸਥਾ/ਓਟ ਸੈਂਟਰ ਜਾਂ ਡਰੱਗ ਡੀ ਅਡਿਕਸ਼ਨ ਸੈਂਟਰ ਵਿੱਚ ਲੈ ਕੇ ਜਾਣਾ ਚਾਹੀਦਾ ਹੈ ਜਿੱਥੇ ਇਹਨਾਂ ਦਾ ਇਲਾਜ ਮੁਫ਼ਤ ਕੀਤਾ ਜਾਂਦਾ ਹੈ।



# ਪਟਿਆਲਾ-ਆਸ/ਪਾਸ



## ਬਜਰੰਗ ਦਲ ਹਿੰਦ ਦੇ ਵਾਈਸ ਪ੍ਰਧਾਨ ਦੀਪਕ ਗਰਗ ਸਾਥੀਆਂ ਸਮੇਤ 'ਆਪ' 'ਚ ਸ਼ਾਮਲ

### ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਵੱਲੋਂ ਸਵਾਗਤ



ਸਮਾਣਾ, 18 ਅਪ੍ਰੈਲ (ਵਿਜੇ ਕੁਮਾਰ/ਜਵੰਦਾ/ਸੁਖਜਿੰਦਰ/ਅਮਿਤ) : ਆਮ ਆਦਮੀ ਪਾਰਟੀ ਨੂੰ ਅੱਜ ਹਲਕਾ ਸਮਾਣਾ ਵਿਖੇ ਉਸ ਸਮੇਂ ਵੱਡੀ ਮਜ਼ਬੂਤੀ ਮਿਲੀ, ਜਦੋਂ ਵੱਡੀ ਗਿਣਤੀ ਵਿੱਚ ਨੌਜਵਾਨ ਰਸਮੀ ਤੌਰ @ਤੇ ਪਾਰਟੀ ਵਿੱਚ ਸ਼ਾਮਲ ਹੋਏ। ਹਲਕਾ ਸਮਾਣਾ ਵਿਖੇ ਆਯੋਜਿਤ ਇੱਕ ਪ੍ਰਭਾਵਸ਼ਾਲੀ ਸਮਾਗਮ ਵਿੱਚ ਸ. ਹਰਚੰਦ ਸਿੰਘ ਬਰਸਟ, ਸੂਬਾ ਜਨਰਲ ਸਕੱਤਰ ਆਮ ਆਦਮੀ ਪਾਰਟੀ, ਪੰਜਾਬ ਅਤੇ ਚੇਅਰਮੈਨ, ਪੰਜਾਬ ਮੰਡੀ ਬੋਰਡ ਦੀ ਅਗਵਾਈ ਹੇਠ ਬਜਰੰਗ ਦਲ ਹਿੰਦ ਦੇ ਵਾਈਸ ਪ੍ਰਧਾਨ ਦੀਪਕ ਗਰਗ ਆਪਣੇ ਸਾਥੀਆਂ ਸਮੇਤ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਏ, ਜਿਨ੍ਹਾਂ ਦਾ ਸ. ਬਰਸਟ ਵੱਲੋਂ ਸਵਾਗਤ ਕੀਤਾ ਗਿਆ। ਇਸ ਦੌਰਾਨ ਸੋਹਨ ਲਾਲ, ਮਾਹੀ ਸ਼ਰਮਾ, ਰਵੀ ਸਿੰਘ, ਜੱਸਾ ਬਾਬਾ, ਰਾਣੀ, ਅਰਪਣ, ਮਨਜੀਤ ਕੌਰ, ਜਸਵੀਰ, ਜਸਵੀਰ ਕੌਰ ਸਮੇਤ ਹੋਰ ਲੋਕ ਵੀ ਪਾਰਟੀ ਵਿੱਚ ਸ਼ਾਮਿਲ ਹੋਏ। ਇਸ ਉਪਰੰਤ ਚੇਅਰਮੈਨ ਵੱਲੋਂ ਹਲਕਾ ਸਮਾਣਾ ਦਫਤਰ ਵਿਖੇ ਲੋਕ ਮਿਲਣੀ ਦੌਰਾਨ ਵੱਖ-ਵੱਖ ਪਿੰਡਾਂ ਤੋਂ ਪਹੁੰਚੀਆਂ ਪੰਚਾਇਤਾਂ ਅਤੇ ਆਮ ਲੋਕਾਂ ਨਾਲ ਮੁਲਾਕਾਤ ਕੀਤੀ ਗਈ ਅਤੇ ਉਹਨਾਂ ਦੀਆਂ ਸਮੱਸਿਆਵਾਂ ਸੁਣੀਆਂ ਗਈਆਂ, ਜਿਨ੍ਹਾਂ ਦਾ ਮੌਕੇ ਤੇ ਹੀ ਨਿਪਟਾਰਾ ਕੀਤਾ ਗਿਆ। ਸਮਾਗਮ ਦੌਰਾਨ ਲੋਕਾਂ ਦੇ ਵੱਡੇ ਇਕੱਠ ਨੂੰ ਸੰਬੋਧਨ ਕਰਦਿਆਂ ਸ. ਹਰਚੰਦ ਸਿੰਘ ਬਰਸਟ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਸਦਕਾ ਨੌਜਵਾਨ ਲਗਾਤਾਰ 'ਆਪ' ਨਾਲ ਜੁੜ ਰਹੇ ਹਨ। ਉਨ੍ਹਾਂ ਕਿਹਾ ਕਿ ਦੀਪਕ ਗਰਗ ਵਰਗੇ ਮਿਹਨਤੀ ਆਗੂ ਦੇ ਆਉਣ ਨਾਲ ਸਮਾਣਾ ਖੇਤਰ ਵਿੱਚ ਪਾਰਟੀ ਹੋਰ ਮਜ਼ਬੂਤ ਹੋਵੇਗੀ। ਇਸ ਮੌਕੇ ਜਸਬੀਰ ਸਿੰਘ ਜਿਲ੍ਹਾਂ ਪ੍ਰੀਸ਼ਦ ਮੈਂਬਰ, ਦਰਬਾਰਾ ਸਿੰਘ ਬਲਾਕ ਸੰਮਤੀ ਮੈਂਬਰ ਤੁੱਲੇਵਾਲ, ਸ਼ੰਕਰ ਸਿੰਘ ਸਰਪੰਚ ਖੇੜਕੀ, ਸੋਮ ਚੰਦ ਸੋਨੀ ਸਰਪੰਚ ਤਰਖਾਣ ਮਾਜਰਾ, ਜੱਸੀ ਸਰਪੰਚ ਖੇੜਾ, ਅਵਤਾਰ ਸਿੰਘ ਸਰਪੰਚ ਸਾਧੂਗੜ੍ਹ, ਗੁਰਦੀਪ ਸਿੰਘ ਸਰਪੰਚ ਦੁਦੱੜ, ਸੂਬਾ ਸਿੰਘ ਸਰਪੰਚ ਢੈਂਠਲ, ਨਿਸ਼ਾਨ ਸਿੰਘ ਸਰਪੰਚ ਲਾਲਗੜ੍ਹ (ਬਹਾਦਰਗੜ੍ਹ), ਗੁਰਜੀਤ ਸਿੰਘ ਸਰਪੰਚ ਚੁਪਕੀ, ਨਰਿੰਦਰ ਸਿੰਘ ਸਰਪੰਚ ਬਰਸਟ, ਜਗਤਾਰ ਸਿੰਘ ਸਰਪੰਚ ਬੁਜਰਕ, ਗੁਰਚਰਨ ਸਿੰਘ ਰੁਪਾਣਾ, ਹਰਭਿੰਦਰ ਸਿੰਘ ਰਾਠੀ, ਜੈਂਕੀ ਮਹਿਰਾ, ਸ਼ਾਮ ਲਾਲ ਦੱਤ ਮੈਂਬਰ ਮੰਡੀ ਬੋਰਡ, ਹਜਾਰੀ ਲਾਲ ਜੌਹਰੀ, ਸ਼ਕਰ ਜਿੰਦਲ, ਹਰਜਿੰਦਰ ਸਿੰਘ ਸਾਬਕਾ ਸਰਪੰਚ ਸਰਾਜਪੁਰ, ਖੇਮ ਸਿੰਘ ਸਾਬਕਾ ਸਰਪੰਚ ਫਤਿਹਮਾਜਰੀ, ਸੁਖੀ ਖੱਤਰੀਵਾਲ, ਪ੍ਰਭਜੋਤ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਲੋਕ ਮੌਜੂਦ ਰਹੇ।

## 50 ਲੀਟਰ ਲਾਹਣ ਸਮੇਤ ਕਾਬੂ

ਸਮਾਣਾ, 18 ਅਪ੍ਰੈਲ (ਵਿਜੇ ਕੁਮਾਰ) : ਸਦਰ ਪੁਲਿਸ ਅਤੇ ਐਕਸਾਈਜ਼ ਵਿਭਾਗ ਵੱਲੋਂ ਕੀਤੀ ਗਈ ਸਾਂਝੀ ਰੇਡ ਦੌਰਾਨ ਪਿੰਡ ਤਲਵੰਡੀ ਮਲਿਕ ਦੇ ਇੱਕ ਘਰ ਵਿੱਚੋਂ ਨਾਜਾਇਜ਼ ਸ਼ਰਾਬ ਤਿਆਰ ਕਰਨ ਲਈ ਲੁਕਾ ਕੇ ਰੱਖੀ 50 ਲੀਟਰ ਲਾਹਣ ਸਮੇਤ ਇੱਕ ਵਿਅਕਤੀ ਨੂੰ ਕਾਬੂ ਕੀਤਾ ਗਿਆ ਹੈ। ਮੁਲਜ਼ਮ ਦੀ ਪਛਾਣ ਰੁਪਿੰਦਰ ਸਿੰਘ ਵਾਸੀ ਪਿੰਡ ਤਲਵੰਡੀ ਮਲਿਕ ਵਜੋਂ ਹੋਈ ਹੈ। ਸਦਰ ਪੁਲਿਸ ਇੰਚਾਰਜ ਇੰਸਪੈਕਟਰ ਅਜੈ ਪਰੋਚਾ ਨੇ ਦੱਸਿਆ ਕਿ ਏਐਸਆਈ ਰਾਜਕੁਮਾਰ ਸ਼ਰਮਾ ਦੀ ਅਗਵਾਈ ਵਿੱਚ ਪੁਲਿਸ ਪਾਰਟੀ ਅਤੇ ਐਕਸਾਈਜ਼ ਵਿਭਾਗ ਦੇ ਇੰਸਪੈਕਟਰ ਕਰਮ ਦਾਸ ਦੀ ਟੀਮ ਗਸ਼ਤ ਦੌਰਾਨ ਬੱਸ ਅੱਡਾ ਕੁਲਾਰਾਂ ਕੋਲ ਮੌਜੂਦ ਸੀ। ਗੁਪਤ ਸੂਚਨਾ ਦੇ ਆਧਾਰ 'ਤੇ ਟੀਮ ਨੇ ਮੁਲਜ਼ਮ ਦੇ ਘਰ ਰੇਡ ਕੀਤੀ ਅਤੇ ਨਾਜਾਇਜ਼ ਸ਼ਰਾਬ ਬਣਾਉਣ ਲਈ ਰੱਖੀ 50 ਲੀਟਰ ਲਾਹਣ ਬਰਾਮਦ ਹੋਣ 'ਤੇ ਉਸ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ। ਅਧਿਕਾਰੀ ਅਨੁਸਾਰ ਮਾਨਯੋਗ ਅਦਾਲਤ ਦੇ ਆਦੇਸ਼ਾਂ ਅਨੁਸਾਰ ਮੁਲਜ਼ਮ ਨੂੰ ਜੇਲ੍ਹ ਭੇਜ ਦਿੱਤਾ ਗਿਆ ਹੈ।

## ਚੇਅਰਮੈਨ ਤੇਜਿੰਦਰ ਮਹਿਤਾ ਵੱਲੋਂ ਕਾਲਜਾਂ ਨਾਲ ਮੀਟਿੰਗ

### ➢ਵਿਦਿਆਰਥੀਆਂ ਲਈ ਵੱਧ ਤੋਂ ਵੱਧ ਮੌਕੇ ਉਪਲਬਧ ਕਰਵਾਉਣ 'ਤੇ ਦਿੱਤਾ ਜ਼ੋਰ



ਪਟਿਆਲਾ, 18 ਅਪ੍ਰੈਲ (ਰੁਪਾਣਾ) : ਜ਼ਿਲ੍ਹਾ ਯੋਜਨਾ ਕਮੇਟੀ ਪਟਿਆਲਾ ਦੇ ਚੇਅਰਮੈਨ ਤੇਜਿੰਦਰ ਮਹਿਤਾ ਵੱਲੋਂ ਜ਼ਿਲ੍ਹਾ ਯੋਜਨਾ ਕਮੇਟੀ ਦੇ ਦਫ਼ਤਰ ਵਿੱਚ ਸਰਕਾਰੀ ਅਤੇ ਸਰਕਾਰੀ ਸਹਾਇਤਾ ਪ੍ਰਾਪਤ ਕਾਲਜਾਂ ਦੇ ਪ੍ਰਿੰਸੀਪਲਾਂ, ਪ੍ਰਤੀਨਿਧੀਆਂ ਅਤੇ ਸੰਬੰਧਿਤ ਅਧਿਕਾਰੀਆਂ ਨਾਲ ਇਕ ਮਹੱਤਵਪੂਰਨ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਉੱਚ ਸਿੱਖਿਆ ਦੇ ਖੇਤਰ ਵਿੱਚ ਹੋ ਰਹੇ ਵਿਕਾਸ ਕਾਰਜਾਂ ਦੀ ਸਮੀਖਿਆ ਕੀਤੀ ਗਈ ਅਤੇ ਵਿਦਿਆਰਥੀਆਂ ਲਈ ਹੋਰ ਵਧੀਆ ਮੌਕੇ ਪੈਦਾ ਕਰਨ ਲਈ ਨਵੀਆਂ ਯੋਜਨਾਵਾਂ 'ਤੇ ਵਿਸਥਾਰ ਨਾਲ ਚਰਚਾ ਹੋਈ। ਇਸ ਦੇ ਨਾਲ ਹੀ ਵੱਖ-ਵੱਖ ਸਰਕਾਰੀ ਯੋਜਨਾਵਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਸਬੰਧੀ ਵੀ ਵਿਚਾਰ ਵਟਾਂਦਰਾ ਕੀਤਾ ਗਿਆ। ਚੇਅਰਮੈਨ ਤੇਜਿੰਦਰ ਮਹਿਤਾ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਅੱਜ ਦੇ ਮੁਕਾਬਲੇ ਭਰੇ ਯੁੱਗ ਵਿੱਚ ਵਿਦਿਆਰਥੀਆਂ ਨੂੰ ਸਿਰਫ਼ ਪਾਠ ਪੁਸਤਕਾਂ ਤੱਕ ਸੀਮਿਤ ਨਹੀਂ ਰੱਖਿਆ ਜਾ ਸਕਦਾ, ਸਗੋਂ ਉਨ੍ਹਾਂ ਨੂੰ ਨਵੇਂ ਹੁਨਰ, ਤਕਨੀਕੀ ਜਾਣਕਾਰੀ ਅਤੇ ਪ੍ਰਯੋਗਾਤਮਕ ਤਜਰਬੇ ਨਾਲ ਜੋੜਨਾ ਬਹੁਤ ਜ਼ਰੂਰੀ ਹੈ। ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ ਕਾਲਜ ਪ੍ਰਬੰਧਨ ਅਤੇ ਅਧਿਆਪਕ ਵਰਗ ਮਿਲ ਕੇ ਅਜਿਹਾ ਮਾਹੌਲ ਤਿਆਰ ਕਰਨ, ਜਿਸ ਵਿੱਚ ਵਿਦਿਆਰਥੀ ਆਪਣੀ ਯੋਗਤਾ ਨੂੰ ਪੂਰੀ ਤਰ੍ਹਾਂ ਨਿਖਾਰ ਸਕਣ ਅਤੇ ਰੋਜ਼ਗਾਰ ਦੇ ਵੱਧ ਤੋਂ ਵੱਧ ਮੌਕੇ ਪ੍ਰਾਪਤ ਕਰ ਸਕਣ। ਉਨ੍ਹਾਂ ਨੇ ਅੱਗੇ ਕਿਹਾ ਕਿ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਯੋਜਨਾਵਾਂ ਦਾ ਲਾਭ ਵਿਦਿਆਰਥੀਆਂ ਤੱਕ ਪਹੁੰਚਾਉਣਾ ਬਹੁਤ ਜ਼ਰੂਰੀ ਹੈ, ਤਾਂ ਜੋ ਉਹਨਾਂ ਨੂੰ ਸਿੱਖਿਆ ਦੇ ਨਾਲ-ਨਾਲ ਹੁਨਰ ਵਿਕਾਸ ਅਤੇ ਰੋਜ਼ਗਾਰ ਦੇ ਖੇਤਰ ਵਿੱਚ ਵੀ ਅੱਗੇ ਵਧਣ ਦੇ ਮੌਕੇ ਮਿਲ ਸਕਣ। ਇਸ ਲਈ ਸਾਰੇ ਸੰਬੰਧਿਤ ਸੰਸਥਾਨਾਂ ਨੂੰ ਚਾਹੀਦਾ ਹੈ ਕਿ ਉਹ ਇਨ੍ਹਾਂ ਯੋਜਨਾਵਾਂ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕਰਦੇ ਹੋਏ ਵਿਦਿਆਰਥੀਆਂ ਨੂੰ ਵੱਧ ਤੋਂ ਵੱਧ ਫਾਇਦਾ ਦਿਵਾਉਣ। ਮੀਟਿੰਗ ਵਿੱਚ ਇਕਬਾਲ ਸਿੰਘ ਪਬਲਿਕ ਕਾਲਜ ਸਮਾਣਾ, ਰਜਨੀਸ਼ ਕੁਮਾਰ ਸਰਕਾਰੀ ਮੋਹਿੰਦਰਾ ਕਾਲਜ ਪਟਿਆਲਾ, ਨਿਧੀ ਸਰਕਾਰੀ ਰਿਪੁਦਮਨ ਕਾਲਜ ਨਾਭਾ, ਡਾ. ਸੋਹਨ ਸਿੰਘ ਪੀ.ਐਮ.ਐਨ. ਕਾਲਜ ਰਾਜਪੁਰਾ, ਪਰਮਜੀਤ ਸਿੰਘ ਸਰਕਾਰੀ ਰਿਪੁਦਮਨ ਕਾਲਜ ਨਾਭਾ, ਅਰੁਣ ਬੰਸਲ ਅਤੇ ਅਰੁਣ ਸ਼ਰਮਾ ਪੰਜਾਬੀ ਯੂਨੀਵਰਸਿਟੀ ਪਟਿਆਲਾ, ਜਗਦੀਪ ਕੁਮਾਰ ਅਤੇ ਕੁਲਿੰਦਰ ਕੌਰ ਸਮਾਜਿਕ ਨਿਆਂ ਅਤੇ ਅਧਿਕਾਰਤਾ ਵਿਭਾਗ ਦਫ਼ਤਰ, ਮੂਰਤੀ ਕੌਰ ਅਤੇ ਜਸਵਿੰਦਰ ਕੌਰ ਸਟੇਟ ਕਾਲਜ ਆਫ਼ ਐਜੂਕੇਸ਼ਨ ਪਟਿਆਲਾ ਅਤੇ ਰਤਨ ਸਿੰਘ ਸਰਕਾਰੀ ਬਿਕਰਮ ਕਾਲਜ ਆਫ਼ ਕਾਮਰਸ ਪਟਿਆਲਾ ਸਮੇਤ ਹੋਰ ਮੈਂਬਰ ਹਾਜ਼ਰ ਸਨ।

## ਸਤਿਗੁਰ ਧਾਮ ਆਸ਼ਰਮ ਮੈਣ ਸੂਲਰ ਰੋਡ ਵਿਖੇ ਤਿੰਨ ਰੋਜ਼ਾ ਧਾਰਮਿਕ ਸਮਾਗਮ ਸ਼ੁਰੂ



ਪਟਿਆਲਾ, 18 ਅਪ੍ਰੈਲ (ਰੁਪਾਣਾ) : ਸਤਿਗੁਰ ਧਾਮ ਆਸ਼ਰਮ ਮੈਣ ਸੂਲਰ ਰੋਡ 3 ਰੋਜ਼ਾ ਧਾਰਮਿਕ ਸਮਾਗਮ ਦੀ ਸ਼ੁਰੂਆਤ ਕੀਤੀ ਗਈ ਮਹਾਤਮਾ ਸਿਧਾਰਥ ਸਤਿਗੁਰੂ ਕ੍ਰਿਸ਼ਨਾ ਨੰਦ ਜੀ ਮਹਾਰਾਜ ਸਦ ਵਿਚਰ ਸਮਾਜ ਅਤੇ ਕਬੀਰ ਸੈਨਾ ਸ਼ਰਧਾਲੂਆਂ ਦੇ ਸਤਿਗੁਰੂ ਪਹੁੰਚਣ ਤੇ ਸੰਗਤਾਂ ਵੱਲੋਂ ਉਹਨਾਂ ਦਾ ਭਰਵਾਂ ਸਵਾਗਤ ਕੀਤਾ ਗਿਆ। ਸਦ ਵਿਚਰ ਸਮਾਜ ਪੰਜਾਬ ਦੇ ਪ੍ਰਧਾਨ ਸ਼ਿਵ ਗੁਪਤਾ ਅਧਿਅਕਸ਼ ਮਹਾਤਮਾ ਸਿਧਾਰਥ ਕਬੀਰ ਸੈਨਾਂ ਸਕੱਤਰ ਜਸਕਰਨ ਸਿੰਘ ਨੇ ਦੱਸਿਆ ਕਿ ਅਕਸ਼ੇ ਤ੍ਰਿਤੀਆ ਦਿਵਸ ਨੂੰ ਸਮਰਪਿਤ 19 ਅਪ੍ਰੈਲ ਸ਼ਾਮ ਨੂੰ ਬਦਰੀਨਾਥ ਲਈ ਛੇ ਲਈ ਮਹੀਨੇ ਰਾਸ਼ਨ ਦਾ ਟਰੱਕ ਗੁਰੂ ਜੀ ਵੱਲੋਂ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਜਾਵੇਗਾ। ਇਸ ਸਮਾਗਮ ਵਿੱਚ ਅਚਾਰੀਆ ਕੁਨਾਲ ਸੁਆਮੀ ਪ੍ਰਤੀਨਿਧੀ ਮਹਾਤਮਾ ਵਿਨੋਦਾ ਨੰਦ ਜੀ ਮਹਾਰਾਜ ਬਦਰੀਨਾਥ ਵਾਲੇ ਤੇ ਹੋਰ ਸਾਧੂ ਸੰਤ ਸਮਾਜ ਦੇ ਨੁਮਾਇੰਦੇ ਵੀ ਪਹੁੰਚੇ ਸਤਿਸੰਗ ਵਿੱਚ ਸੰਗਤਾਂ ਨੂੰ ਪ੍ਰਵਚਨ ਕਰਦੇ ਹੋਏ ਸਤਿਗੁਰ ਕ੍ਰਿਸ਼ਨਾ ਨੰਦ ਜੀ ਨੇ ਦੱਸਿਆ ਕਿ ਦੁਨੀਆਂ ਵਿੱਚ ਭਵ ਸਾਗਰ ਪਾਰ ਕਰਨ ਲਈ ਸਮੇਂ ਦੇ ਸਤਿਗੁਰ ਤੋਂ ਬ੍ਰਹਮ ਦੀਕਸ਼ਾ ਪ੍ਰਾਪਤ ਕਰਨੀ ਪੈਂਦੀ ਹੈ ਤਾਂ ਹੀ ਇਹ ਮਨੁੱਖੀ ਜੀਵਨ ਸੁਖ ਸ਼ਾਂਤੀ ਅਤੇ ਆਨੰਦ ਦੀ ਅਵਸਥਾ ਵਿੱਚ ਜਾ ਸਕਦਾ ਹੈ। ਗੁਰੂ ਜੀ ਨੇ ਸਟੇਜ ਤੋਂ ਇੱਕ ਨਾਰਾ ਦਿੱਤਾ ਜਾਤ ਪਾਤ ਤੋਂ ਨਾਤਾ ਤੋੜੋ ਭਾਈ ਦੇ ਨਾਲ ਭਾਈ ਨੂੰ ਜੋੜੋ ਅਜੀਬ ਉਨ੍ਹਾਂ ਨੇ ਪ੍ਰਵਚਨਾਂ ਵਿੱਚ ਕਿਹਾ ਪ੍ਰਿਥਵੀ ਸੂਰਜ ਚੰਦਰਮਾ ਇੱਕ ਹਨ ਫਿਰ ਧਰਮ ਅਨੇਕ ਕਿਉ ਹਨ ਆਸ਼ਰਮ ਦੇ ਸਾਰੇ ਹੀ ਪ੍ਰਬੰਧਕਾਂ ਵੱਲੋਂ ਲੰਗਰ ਦਾ ਉਚੇਚੇ ਤੌਰ ਤੇ ਸੰਗਤਾਂ ਲਈ ਵਿਸ਼ੇਸ਼ ਪ੍ਰਬੰਧ ਵੀ ਕੀਤਾ ਗਿਆ।

## 'ਭਾਰਤ ਵਿੱਚ ODL/ਆਨਲਾਈਨ ਸਿੱਖਿਆ 'ਤੇ UGC ਨਿਯਮਾਂ ਦਾ ਪ੍ਰਭਾਵ' ਵਿਸ਼ੇ 'ਤੇ ਭਾਸ਼ਣ



ਪਟਿਆਲਾ, 18 ਅਪ੍ਰੈਲ (ਰੁਪਾਣਾ) : ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਵਿਖੇ 'ਭਾਰਤ ਵਿੱਚ ODL/ ਆਨਲਾਈਨ ਸਿੱਖਿਆ 'ਤੇ UGC ਨਿਯਮਾਂ ਦਾ ਪ੍ਰਭਾਵ' ਵਿਸ਼ੇ 'ਤੇ ਇੱਕ ਵਿਸ਼ੇਸ਼ ਭਾਸ਼ਣ ਸਫਲਤਾਪੂਰਵਕ ਆਯੋਜਿਤ ਕੀਤਾ ਗਿਆ। ਇਹ ਭਾਸ਼ਣ ਯੂਨੀਵਰਸਿਟੀ ਗ੍ਰਾਂਟਸ ਕਮਿਸ਼ਨ (UGC), ਨਵੀਂ ਦਿੱਲੀ ਦੇ ਡਿਪਟੀ ਸਕੱਤਰ, ਲੈਫਟੀਨੈਂਟ ਕਮਾਂਡਰ ਵਿਨੋਦ ਸਿੰਘ ਯਾਦਵ ਦੁਆਰਾ ਦਿੱਤਾ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਡਾ. ਕੁਲਦੀਪ ਵਾਲੀਆ, ਡਾਇਰੈਕਟਰ, ਸੈਂਟਰ ਫਾਰ ਇੰਟਰਨਲ ਕੁਆਲਿਟੀ ਅਸ਼ੋਰੈਂਸ (CIQA) ਦੇ ਨਿੱਘੇ ਸਵਾਗਤ ਭਾਸ਼ਣ ਨਾਲ ਹੋਈ, ਜਿਨ੍ਹਾਂ ਨੇ ਭਾਰਤ ਵਿੱਚ ਓਪਨ ਐਂਡ ਡਿਸਟੈਂਸ ਲਰਨਿੰਗ (ODL) ਅਤੇ ਔਨਲਾਈਨ ਸਿੱਖਿਆ ਦੀ ਗੁਣਵੱਤਾ ਨੂੰ ਮਜ਼ਬੂਤ ਕਰਨ ਵਿੱਚ ਰੈਗੂਲੇਟਰੀ ਢਾਂਚੇ ਦੀ ਮਹੱਤਤਾ ਨੂੰ ਉਜਾਗਰ ਕੀਤਾ। ਪ੍ਰੋ. (ਡਾ.) ਰਤਨ ਸਿੰਘ ਦੁਆਰਾ ਪ੍ਰਧਾਨਗੀ ਭਾਸ਼ਣ ਦਿੱਤਾ ਗਿਆ, ਜਿਨ੍ਹਾਂ ਨੇ ਉੱਚ ਸਿੱਖਿਆ ਦੇ ਵਿਕਸਤ ਹੋ ਰਹੇ ਦ੍ਰਿਸ਼ ਅਤੇ ਪਾਰਦਰਸ਼ਤਾ, ਪਹੁੰਚਯੋਗਤਾ ਅਤੇ ਅਕਾਦਮਿਕ ਉੱਤਮਤਾ ਨੂੰ ਯਕੀਨੀ ਬਣਾਉਣ ਵਿੱਚ UGC ਨਿਯਮਾਂ ਦੁਆਰਾ ਨਿਭਾਈ ਗਈ ਮਹੱਤਵਪੂਰਨ ਭੂਮਿਕਾ 'ਤੇ ਜ਼ੋਰ ਦਿੱਤਾ।ਆਪਣੇ ਭਾਸ਼ਣ ਵਿੱਚ, ਲੈਫਟੀਨੈਂਟ ਕਮਾਂਡਰ ਵਿਨੋਦ ਸਿੰਘ ਯਾਦਵ ਨੇ ODL ਅਤੇ ਔਨਲਾਈਨ ਪ੍ਰੋਗਰਾਮਾਂ ਨੂੰ ਨਿਯੰਤਰਿਤ ਕਰਨ ਵਾਲੇ ਹਾਲੀਆ UGC ਨਿਯਮਾਂ ਬਾਰੇ ਵਿਸਥਾਰ ਵਿੱਚ ਦੱਸਿਆ, ਯੂਨੀਵਰਸਿਟੀਆਂ, ਸਿਖਿਆਰਥੀਆਂ ਅਤੇ ਸਮੁੱਚੇ ਸਿੱਖਿਆ ਵਾਤਾਵਰਣ ਪ੍ਰਣਾਲੀ 'ਤੇ ਉਨ੍ਹਾਂ ਦੇ ਪ੍ਰਭਾਵ ਬਾਰੇ ਚਰਚਾ ਕੀਤੀ। ਉਨ੍ਹਾਂ ਨੇ ਇਨ੍ਹਾਂ ਨਿਯਮਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਵਿੱਚ ਮੁੱਖ ਚੁਣੌਤੀਆਂ ਅਤੇ ਮੌਕਿਆਂ ਨੂੰ ਵੀ ਸੰਬੋਧਿਤ ਕੀਤਾ। ਸੈਸ਼ਨ ਦਾ ਸਮਾਪਨ ਡਾ. ਅਮਿਤੋਜ ਸਿੰਘ, ਐਸੋਸੀਏਟ ਡੀਨ, ਅਕਾਦਮਿਕ ਮਾਮਲਿਆਂ ਦੇ ਧੰਨਵਾਦ ਨਾਲ ਹੋਇਆ, ਜਿਨ੍ਹਾਂ ਨੇ ਸਮਾਗਮ ਨੂੰ ਸਾਰਥਕ ਅਤੇ ਸੂਝਵਾਨ ਬਣਾਉਣ ਲਈ ਵਿਸ਼ੇਸ਼ ਬੁਲਾਰੇ, ਪਤਵੰਤਿਆਂ ਅਤੇ ਭਾਗੀਦਾਰਾਂ ਦਾ ਧੰਨਵਾਦ ਕੀਤਾ। ਪ੍ਰੋਗਰਾਮ ਦਾ ਆਯੋਜਨ ਡਾ. ਪਰਮਪ੍ਰੀਤ ਕੌਰ, ਡੀਈਬੀ ਕੋਆਰਡੀਨੇਟਰ ਦੁਆਰਾ ਕੁਸ਼ਲਤਾ ਨਾਲ ਕੀਤਾ ਗਿਆ ਸੀ, ਜਿਨ੍ਹਾਂ ਦੇ ਯਤਨਾਂ ਨੇ ਸਮਾਗਮ ਦੇ ਸੁਚਾਰੂ ਸੰਚਾਲਨ ਨੂੰ ਯਕੀਨੀ ਬਣਾਇਆ।

## ਬਹਾਵਲਪੁਰੀ ਭਾਈਚਾਰੇ ਦਾ ਦੇਸ਼ ਦੀ ਤਰੱਕੀ 'ਚ ਅਹਿਮ ਯੋਗਦਾਨ: ਹਰਪਾਲ ਜੁਨੇਜਾ

### 'ਬਹਾਵਲਪੁਰੀ ਦਿਵਸ' ਮੌਕੇ ਸਮਾਣਾ ਵਿਖੇ ਵਿਸ਼ੇਸ਼ ਸਮਾਗਮ ਕਰਵਾਇਆ



ਸਮਾਣਾ, 18 ਅਪ੍ਰੈਲ (ਵਿਜੇ ਕੁਮਾਰ/ਸੁਖਜਿੰਦਰ ਕੁਲਾਰਾਂ/ਜਵੰਦਾ/ ਅਮਿਤ): ਅਖਿਲ ਭਾਰਤੀ ਬਹਾਵਲਪੁਰ ਮਹਾਸੰਘ ਵੱਲੋਂ 'ਬਹਾਵਲਪੁਰੀ ਦਿਵਸ' ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਸਮਾਗਮ ਵਿੱਚ ਪੀ.ਆਰ.ਟੀ.ਸੀ. ਦੇ ਚੇਅਰਮੈਨ ਹਰਪਾਲ ਜੁਨੇਜਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਸਮਾਗਮ ਨੂੰ ਸੰਬੋਧਨ ਕਰਦਿਆਂ ਚੇਅਰਮੈਨ ਹਰਪਾਲ ਜੁਨੇਜਾ ਨੇ ਕਿਹਾ ਕਿ ਬਹਾਵਲਪੁਰੀ ਭਾਈਚਾਰਾ ਆਪਣੀ ਮਿਹਨਤ ਅਤੇ ਦਿਆਨਤਦਾਰੀ ਲਈ ਜਾਣਿਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਦੇਸ਼ ਦੀ ਆਰਥਿਕ ਅਤੇ ਸਮਾਜਿਕ ਉੱਨਤੀ ਵਿੱਚ ਇਸ ਭਾਈਚਾਰੇ ਦਾ ਬਹੁਤ ਵੱਡਾ ਅਤੇ ਅਹਿਮ ਯੋਗਦਾਨ ਹੈ। ਉਨ੍ਹਾਂ ਭਾਈਚਾਰੇ ਦੇ ਸ਼ਾਨਾਮੱਤੇ ਇਤਿਹਾਸ ਦੀ ਸ਼ਲਾਘਾ ਕਰਦਿਆਂ ਸਾਰਿਆਂ ਨੂੰ ਏਕਤਾ ਦੇ ਸੂਤਰ ਵਿੱਚ ਬੱਝੇ ਰਹਿਣ ਦਾ ਸੱਦਾ ਦਿੱਤਾ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਮਹਾਸੰਘ ਦੇ ਪੰਜਾਬ ਪ੍ਰਧਾਨ ਰਾਜ ਕੁਮਾਰ ਸਚਦੇਵਾ ਨੇ ਦੱਸਿਆ ਕਿ ਇਹ ਦਿਨ ਬਹਾਵਲਪੁਰੀ ਭਾਈਚਾਰੇ ਲਈ ਬਹੁਤ ਮਹੱਤਵਪੂਰਨ ਹੈ ਅਤੇ ਇਸ ਵਾਰ ਵੀ ਇਹ ਦਿਹਾੜਾ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਯਾਦਗਾਰੀ ਬਣਾਇਆ ਗਿਆ। ਸਮਾਗਮ ਦੌਰਾਨ ਭਾਈਚਾਰੇ ਦੀ ਚੜ੍ਹਦੀਕਲਾ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਵੀ ਕੀਤੀ ਗਈ। ਮਹਾਸੰਘ ਦੇ ਮੁੱਖ ਸਰਪ੍ਰਸਤ ਡਾ. ਮਦਨ ਲਾਲ ਹਸੀਜਾ ਅਤੇ ਗਿਆਨ ਚੰਦ ਕਟਾਰੀਆ ਨੇ ਕਿਹਾ ਕਿ ਅਜਿਹੇ ਸਮਾਗਮਾਂ ਦਾ ਮੁੱਖ ਮਕਸਦ ਨਵੀਂ ਪੀੜ੍ਹੀ ਨੂੰ ਆਪਣੀਆਂ ਜੜ੍ਹਾਂ ਅਤੇ ਸੱਭਿਆਚਾਰ ਨਾਲ ਜੋੜਨਾ ਹੈ। ਚੇਅਰਮੈਨ ਜਗਦੀਸ਼ ਕੁਮਾਰ, ਪ੍ਰਧਾਨ ਸੁਸ਼ੀਲ ਪੋਪਲੀ ਅਤੇ ਕਾਰਜਕਾਰੀ ਪ੍ਰਧਾਨ ਰਾਮ ਚੰਦ ਰਾਮਾ ਨੇ ਆਈਆਂ ਹੋਈਆਂ ਸ਼ਖ਼ਸੀਅਤਾਂ ਦਾ ਸਵਾਗਤ ਕੀਤਾ।ਸਮਾਗਮ ਦੇ ਅਖੀਰ ਵਿੱਚ ਪ੍ਰਧਾਨ ਰਾਜ ਕੁਮਾਰ ਸਚਦੇਵਾ ਅਤੇ ਸਮੂਹ ਮੈਂਬਰਾਂ ਵੱਲੋਂ ਹਰਪਾਲ ਜੁਨੇਜਾ ਅਤੇ ਹੋਰ ਮਹਿਮਾਨਾਂ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਮੂਹ ਬਹਾਵਲਪੁਰ ਮਹਾਸੰਘ ਦੇ ਮੈਂਬਰਾਂ ਨੇ ਭਾਈਚਾਰਕ ਏਕਤਾ ਨੂੰ ਕਾਇਮ ਰੱਖਣ ਦਾ ਪ੍ਰਣ ਲਿਆ। 'ਜੈ ਬਹਾਵਲਪੁਰੀ' ਅਤੇ ਜੀਵੇ ਬਹਾਵਲਪੁਰੀ' ਦੇ ਨਾਅਰਿਆਂ ਨਾਲ ਪੂਰਾ ਪੰਡਾਲ ਗੂੰਜ ਉੱਠਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਅਤੇ ਭਾਈਚਾਰੇ ਦੇ ਲੋਕ ਹਾਜ਼ਰ ਸਨ।

## ਡੋਪ ਟੈਸਟ ਪਾਜ਼ੀਟਿਵ ਆਇਆ

ਪਟਿਆਲਾ, 18 ਅਪ੍ਰੈਲ (ਵਿਨੋਦ ਸ਼ਰਮਾ) : ਥਾਣਾ ਬਖਸ਼ੀਵਾਲਾ ਪੁਲਿਸ ਨੇ ਕਥਿਤ ਦੋਸ਼ੀਆਂ ਗੁਰਪ੍ਰੀਤ ਸਿੰਘ ਵਾਸੀ ਪਿੰਡ ਕਾਠ ਮੱਠੀ ਅਤੇ ਰੋਹਿਤ ਕੁਮਾਰ ਵਾਸੀ ਬਾਜ਼ੀਗਰ ਬਸਤੀ ਅਲੋਹਰਾ ਗੇਟ ਨਾਭਾ ਵਿਰੁੱਧ ਮਾਮਲਾ ਦਰਜ ਕੀਤਾ ਹੈ। ਹੌਲਦਾਰ ਗੁਰਧਿਆਨ ਸਿੰਘ ਪੁਲਿਸ ਪਾਰਟੀ ਨਹਿਰ ਦੀ ਪਟੜੀ ਤੋਂ ਨਾਭਾ ਸਾਇਡ ਪਾਸ ਮੌਜੂਦ ਸੀ, ਜੋ ਉਕਤ ਕਥਿਤ ਦੋਸ਼ੀਆਂ ਨੂੰ ਸ਼ੱਕ ਦੇ ਅਧਾਰ ਪਰ ਰੋਕ ਕੇ ਚੈੱਕ ਕਰਨ ਕਥਿਤ ਦੋਸ਼ੀਆਂ ਦਾ ਨਸ਼ਾ ਕੀਤਾ ਜਾਪਦਾ ਪਾਇਆ ਗਿਆ, ਜੋ ਡੋਪ ਟੈਸਟ ਕਰਾਉਣ ਪਰ ਪਾਜ਼ੀਟਿਵ ਆਇਆ।

## ਭਗਤ ਧੰਨਾ ਜੀ ਦਾ ਜਨਮ ਦਿਹਾੜਾ ਭਲਕੇ



ਭਾਦਸੋਂ, 18 ਅਪ੍ਰੈਲ (ਭਰਪੂਰ ਸਿੰਘ ਮੱਟਰਾਂ) : ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸ਼੍ਰੋਮਣੀ ਭਗਤ ਧੰਨਾ ਜੀ ਦਾ ਜਨਮ ਦਿਹਾੜਾ ਭਗਤ ਧੰਨਾ ਜੀ ਰੈਕੀ ਸੈਂਟਰ ਨਾਭਾ ਰੋਡ ਚਾਸਵਾਲ ਵਿਖੇ 20 ਅਪ੍ਰੈਲ ਨੂੰ ਬੜੀ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਜਾ ਰਿਹਾ ਹੈ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉੱਘੇ ਸਮਾਜ ਸੇਵਕ ਮੁੱਖ ਸੇਵਾਦਾਰ ਬਲਵੀਰ ਸਿੰਘ ਖੱਟੜਾ ਚਾਸਵਾਲ ਨੇ ਕਿਹਾ 20 ਅਪ੍ਰੈਲ ਨੂੰ ਸਵੇਰੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦਾ ਭੋਗ ਪਵਾਏ ਜਾਣਗੇ ਅਤੇ ਗੁਰੂ ਦੇ ਲੰਗਰ ਅਤੁੱਟ ਵਰਤਾਏ ਜਾਣਗੇ ਸੰਗਤਾਂ ਨੂੰ ਬੇਨਤੀ ਕਰਦਿਆਂ ਕਿਹਾ ਇਸ ਮੌਕੇ 'ਤੇ ਪਹੁੰਚ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਤੇ ਆਪਣਾ ਜੀਵਨ ਸਫਲ ਬਣਾਓ।

## ਪਲੇਅ ਵੇਜ਼ ਸਕੂਲ ਵਿਖੇ ਮਿੰਨੀ ਮੈਰਾਥਨ ਕਰਵਾਈ

### ➢ਵਿਧਾਇਕ ਕੋਹਲੀ ਤੇ ਮੇਅਰ ਗੋਗੀਆ ਨੇ ਹਰੀ ਝੰਡੀ ਦਿੱਤੀ



ਪਟਿਆਲਾ, 18 ਅਪ੍ਰੈਲ (ਚ.ਨ.ਸ.) : ਪਲੇਅ ਵੇਜ਼ ਸੀਨੀਅਰ ਸੈਕੰਡਰੀ ਸਕੂਲ ਪਟਿਆਲਾ ਵਿਖੇ ਸਕੂਲ ਦੇ ਚੇਅਰਮੈਨ ਡਾ. ਰਾਜਦੀਪ ਸਿੰਘ ਦੀ ਅਗਵਾਈ ਅਤੇ ਤਾਈਕਵਾਡੋਂ ਕੋਚ ਸਤਵਿੰਦਰ ਸਿੰਘ ਦੀ ਦੇਖ-ਰੇਖ ਹੇਠ ਵਿਸਾਖੀ ਦੇ ਮੌਕੇ 'ਤੇ 'ਯੁੱਧ ਨਸ਼ਿਆਂ ਵਿਰੁੱਧ' ਨੂੰ ਸੰਬੋਧਿਤ ਮਿੰਨੀ ਮੈਰਾਥਨ ਦਾ ਆਯੋਜਿਤ ਸਕੂਲ ਕੈਂਪਸ ਤੋਂ ਕੀਤਾ ਗਿਆ । ਇਸ ਮੈਰਾਥਨ ਵਿੱਚ ਬੱਚਿਆਂ ਲਈ ਸਕੂਲ ਚੇਅਰਮੈਨ ਡਾ. ਰਾਜਦੀਪ ਸਿੰਘ ,ਡਾਇਰੈਕਟਰ ਹਰਲੀਨ ਕੌਰ ਅਤੇ ਪ੍ਰਿੰਸੀਪਲ ਰਕਸ਼ਾ ਵਰਮਾ ਵੱਲੋਂ ਬੜੇ ਸੁਚੱਜੇ ਢੰਗ ਨਾਲ ਪ੍ਰਬੰਧ ਕੀਤਾ ਗਿਆ । ਇਸ ਮੈਰਾਥਨ ਵਿੱਚ ਵੱਖ-ਵੱਖ ਸਕੂਲਾਂ ਦੇ ਲਗਭਗ 600 ਦੇ ਕਰੀਬ ਵਿਦਿਆਰਥੀਆਂ ਨੇ ਹਿੱਸਾ ਲਿਆ। ਜ਼ਿਕਰਯੋਗ ਹੈ ਕਿ ਇਸ ਮੈਰਾਥਨ ਵਿੱਚ ਵਿਦਿਆਰਥੀਆਂ ਦੇ ਨਾਲ ਸਕੂਲ ਟੀਚਰਾਂ ਨੇ ਵੀ ਇਸ ਮੈਰਾਥਨ ਵਿੱਚ ਵੱਧ ਚੜ੍ਹ ਕੇ ਹਿੱਸਾ ਲਿਆ ।ਇਸ ਮੈਰਾਥਨ ਨੂੰ ਹਰੀ ਝੰਡੀ ਦੇਣ ਲਈ ਮੁੱਖ ਮਹਿਮਾਨ ਵਜੋਂ ਅਜੀਤ ਪਾਲ ਸਿੰਘ ਕੋਹਲੀ ਐੱਮ.ਐੱਲ.ਏ ਕੁੰਦਨ ਗੋਗੀਆ ਮੇਅਰ ਪਟਿਆਲਾ ਪੁੱਜੇ। ਇਸ ਮੌਕੇ 'ਤੇ ਦਵਿੰਦਰ ਪਾਲ ਸਿੰਘ ਐਮ.ਸੀ, ਜਸਪਾਲ ਸਿੰਘ ਐਮ.ਸੀ, ਵਨਦੀਪ ਕੁਮਾਰ ਸ਼ਰਮਾ ਐੱਸ.ਐੱਚ.ਓ ਵੀ ਪਹੁੰਚੇ। ਇਸ ਮੈਰਾਥਨ ਵਿੱਚ ਬੱਚਿਆਂ ਨੂੰ ਉਤਸਾਹਿਤ ਕਰਨ ਲਈ ਪ੍ਰੋਫੈਸਰ ਸ਼ਵਿੰਦਰ ਸਿੰਘ, ਸਕੂਲ ਸਪੋਰਟਸ ਇੰਚਾਰਜ ਸੁਰਿੰਦਰ ਪਾਲ ਸਿੰਘ, ਅਰਵਿੰਦਰ ਸਿੰਘ ਉਮੰਗ ਫਾਊਂਡੇਸ਼ਨ, ਜਸਵਿੰਦਰ ਸਿੰਘ ਫਿਜ਼ੀਕਲ ਐਜੂਕੇਸ਼ਨ ਅਤੇ ਤਾਂਇਕਵਾਡੋਂ ਕੋਚ ਸਤਵਿੰਦਰ ਸਿੰਘ ਨੇ ਵੀ ਹਿੱਸਾ ਲਿਆ। ਡਾ. ਰਾਜਦੀਪ ਸਿੰਘ ਨੇ ਵਿਸਾਖੀ ਦੀ ਮਹੱਤਤਾ ਦੱਸਦੇ ਹੋਏ ਸਾਡੇ ਵਿਰਸੇ ਬਾਰੇ ਜਾਗਰੂਕ ਕੀਤਾ ਅਤੇ ਉਹਨਾਂ ਨੇ ਕਿਹਾ ਕਿ ਉਹ ਬੱਚਿਆਂ ਦੀ ਚੰਗੀ ਸਿਹਤ ਅਤੇ ਤੰਦਰੁਸਤੀ ਲਈ ਭਵਿੱਖ ਵਿੱਚ ਵੀ ਉਹ ਅਜਿਹੇ ਉਪਰਾਲੇ ਕਰਦੇ ਰਹਿਣਗੇ।

## ਪਬਲਿਕ ਕਾਲਜ ਦੀ ਵਿਦਿਆਰਥਣ ਮਹਿਕ ਸ਼ਰਮਾ ਨੇ ਗੋਲਡ ਮੈਡਲ ਜਿੱਤ ਕੇ ਕਾਲਜ ਦਾ ਨਾਮ ਕੀਤਾ ਰੌਸ਼ਨ



ਸਮਾਣਾ, 18 ਅਪ੍ਰੈਲ (ਵਿਜੇ ਕੁਮਾਰ) : ਪਬਲਿਕ ਕਾਲਜ, ਸਮਾਣਾ ਦੇ ਸਾਇੰਸ ਵਿਭਾਗ ਦੀ ਹੋਣਹਾਰ ਵਿਦਿਆਰਥਣ ਮਹਿਕ ਸ਼ਰਮਾ ਨੇ ਆਪਣੀ ਸਖ਼ਤ ਮਿਹਨਤ ਅਤੇ ਅਧਿਆਪਕਾਂ ਦੇ ਯੋਗ ਮਾਰਗ-ਦਰਸ਼ਨ ਸਦਕਾ ਬੀ.ਐਸ.ਸੀ. ਨਾਨ-ਮੈਡੀਕਲ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ। ਪੰਜਾਬੀ ਯੂਨੀਵਰਸਿਟੀ, ਪਟਿਆਲਾ ਵੱਲੋਂ ਕੈਂਪਸ ਵਿੱਚ ਕਰਵਾਈ ਗਈ 41ਵੀਂ ਕਨਵੋਕੇਸ਼ਨ ਦੌਰਾਨ ਮਹਿਕ ਸ਼ਰਮਾ ਨੂੰ ਗੋਲਡ ਮੈਡਲ ਅਤੇ ਮੈਰਿਟ ਸਰਟੀਫਿਕੇਟ ਨਾਲ ਸਨਮਾਨਿਤ ਕੀਤਾ ਗਿਆ। ਵਿਦਿਆਰਥਣ ਦੀ ਇਸ ਉਪਲੱਬਧੀ 'ਤੇ ਹਲਕਾ ਸਮਾਣਾ ਦੇ ਐਮ.ਐਲ.ਏ. ਅਤੇ ਸਾਬਕਾ ਕੈਬਨਿਟ ਮੰਤਰੀ ਚੇਤਨ ਸਿੰਘ ਜੌੜਾਮਾਜਰਾ, ਕਾਲਜ ਮੈਨੇਜਮੈਂਟ, ਪ੍ਰਿੰਸੀਪਲ ਅਤੇ ਸਮੂਹ ਸਟਾਫ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ ਅਤੇ ਉਸਦੇ ਉੱਜਵਲ ਭਵਿੱਖ ਲਈ ਸ਼ੁੱਭਕਾਮਨਾਵਾਂ ਦਿੱਤੀਆਂ ਗਈਆਂ। ਮਹਿਕ ਸ਼ਰਮਾ ਨੇ ਆਪਣੀ ਇਸ ਪ੍ਰਾਪਤੀ ਨਾਲ ਜਿੱਥੇ ਕਾਲਜ, ਸਾਇੰਸ ਵਿਭਾਗ ਅਤੇ ਆਪਣੇ ਮਾਪਿਆਂ ਦਾ ਨਾਂ ਰੌਸ਼ਨ ਕੀਤਾ ਹੈ, ਉੱਥੇ ਹੀ ਉਹ ਹੋਰਨਾਂ ਵਿਦਿਆਰਥੀਆਂ ਲਈ ਵੀ ਪ੍ਰੇਰਨਾ ਦਾ ਸਰੋਤ ਬਣੀ ਹੈ।

*ਹਰ ਸ਼ੁੱਕਰਵਾਰ ਡੇਂਗੂ 'ਤੇ ਵਾਰ ਮੁਹਿੰਮ ਲਾਂਚ*

## ਹਾਟ ਸਪੋਟ ਇਲਾਕਿਆਂ 'ਚ ਸਿਹਤ ਵਿਭਾਗ ਐਕਟਿਵ



ਨਾਭਾ, 18 ਅਪ੍ਰੈਲ (ਗੁਰਚਰਨ ਸਿੰਘ ਚੌਧਰੀ ਮਾਜਰਾ): ਸਿਵਲ ਸਰਜਨ ਪਟਿਆਲਾ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਿਵਲ ਹਸਪਤਾਲ ਨਾਭਾ ਵੱਲੋਂ ਡੇਂਗੂ ਦੀ ਰੋਕਥਾਮ ਲਈ ਵਿਸ਼ੇਸ਼ ਜਾਗਰੂਕਤਾ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ। ਐਸ.ਐਮ.ਓ ਡਾ. ਵੀਨੂ ਗੋਇਲ ਦੀ ਅਗਵਾਈ ਹੇਠ ਹਰ ਸ਼ੁੱਕਰਵਾਰ-ਡੇਂਗੂ ਤੇ ਵਾਰ ਮੁਹਿੰਮ ਨੂੰ ਹਰੀ ਝੰਡੀ ਦੇ ਕੇ ਲਾਂਚ ਕੀਤਾ ਗਿਆ। ਸਾਲ 2025 ਦੌਰਾਨ ਡੇਂਗੂ ਦੇ ਹੌਟ ਸਪੌਟ ਬਣੇ ਇਲਾਕਿਆਂ ਨੂੰ ਧਿਆਨ ਵਿੱਚ ਰੱਖਦਿਆਂ ਐਂਟੀ ਲਾਰਵਾ ਟੀਮਾਂ ਵੱਲੋਂ ਪ੍ਰੇਮ ਨਗਰ, ਜਸਪਾਲ ਕਲੋਨੀ, ਹਰੀ ਦਾਸ ਕਲੋਨੀ, ਪਾਡੂਸਰ ਮਹੱਲਾ, ਖੱਟੜਾ ਕਲੋਨੀ, ਬਾਜ਼ੀਗਰ ਬਸਤੀ, ਮਲੇਰੀਆ ਸਟਰੀਟ ਅਤੇ ਕਰਤਾਰਪੁਰਾ ਮਹੱਲਾ ਸਮੇਤ 10 ਇਲਾਕਿਆਂ ਵਿੱਚ ਸਰਵੇ ਕੀਤਾ ਗਿਆ। ਟੀਮਾਂ ਨੇ ਘਰ-ਘਰ ਜਾ ਕੇ ਲੋਕਾਂ ਨੂੰ ਡੇਂਗੂ ਬਾਰੇ ਜਾਗਰੂਕ ਕੀਤਾ ਅਤੇ ਖੜ੍ਹੇ ਪਾਣੀ ਨੂੰ ਤੁਰੰਤ ਖਤਮ ਕਰਨ ਦੀ ਅਪੀਲ ਕੀਤੀ। ਐਸ.ਐਮ.ਓ ਡਾ. ਵੀਨੂ ਗੋਇਲ ਨੇ ਕਿਹਾ ਕਿ ਡੇਂਗੂ ਤੋਂ ਬਚਾਅ ਲਈ ਸਫਾਈ ਅਤੇ ਸਾਵਧਾਨੀ ਬਹੁਤ ਜ਼ਰੂਰੀ ਹੈ । ਉਨ੍ਹਾਂ ਨੇ ਨਾਭਾ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਸਿਹਤ ਵਿਭਾਗ ਦਾ ਸਹਿਯੋਗ ਕਰਨ ਅਤੇ ਆਪਣੇ ਆਲੇ-ਦੁਆਲੇ ਪਾਣੀ ਖੜ੍ਹਾ ਨਾ ਹੋਣ ਦੇਣ। ਇਸ ਮੌਕੇ ਡਾ. ਅਨੁਮੇਹਾ ਭੱਲਾ, ਡਾ. ਹੀਨਾ ਸਿੰਗਲਾ, ਡਾ. ਕਰੀਤਿਕਾ, ਸ੍ਰੀ ਅਜੀਤ ਸਿੰਘ ਫਾਰਮੇਸੀ ਅਫਸਰ, ਸੁਪਰਵਾਈਜਰ ਚਮਕੌਰ ਸਿੰਘ ਸਮੇਤ ਇੰਦਰਪਾਲ ਸਿੰਘ, ਕੁਲਦੀਪ ਸਿੰਘ, ਜਗਸੀਰ ਸਿੰਘ, ਹਰਪ੍ਰੀਤ ਸਿੰਘ, ਹਰਦੀਪ ਸਿੰਘ, ਗੁਰਦੀਪ ਸਿੰਘ, ਚਰਨਜੀਤ ਸਿੰਘ, ਨੀਰਜ ਸ਼ਰਮਾ, ਬਲਵਿੰਦਰ ਸਿੰਘ, ਰਾਜਿੰਦਰ ਸਿੰਘ, ਸੁਖਵੀਰ ਸਿੰਘ ਅਤੇ ਹੋਰ ਐਮ.ਪੀ.ਐਚ.ਡਬਲਿਊ., ਏ.ਐਨ.ਐਮ. ਅਤੇ ਆਸ਼ਾ ਵਰਕਰ ਹਾਜ਼ਰ ਸਨ।

## ਸੀਬੀਐਸਈ ਦਸਵੀਂ ਦੇ ਨਤੀਜਿਆਂ 'ਚ ਸਾਕਸ਼ੀ ਮਿੱਤਲ ਨੇ ਮਾਰੀ ਬਾਜ਼ੀ

### 95.20 ਫੀਸਦੀ ਅੰਕ ਲੈ ਕੇ ਮਾਪਿਆਂ ਦਾ ਨਾਮ ਕੀਤਾ ਰੌਸ਼ਨ



ਸਮਾਣਾ, 18 ਅਪ੍ਰੈਲ (ਹਰਜਿੰਦਰ ਸਿੰਘ ਜਵੰਦਾ): ਸੀਬੀਐਸਈ ਬੋਰਡ ਦੀ ਦਸਵੀਂ ਜਮਾਤ ਦੇ ਐਲਾਨੇ ਗਏ ਨਤੀਜਿਆਂ ਵਿੱਚ ਸਮਾਣਾ ਦੀ ਹੋਣਹਾਰ ਵਿਦਿਆਰਥਣ ਸਾਕਸ਼ੀ ਮਿੱਤਲ ਨੇ 95.20 ਫੀਸਦੀ ਅੰਕ ਪ੍ਰਾਪਤ ਕਰਕੇ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ। ਉਹ ਨਾਮੀ ਪੱਤਰਕਾਰ ਜੌਹਰੀ ਮਿੱਤਲ ਦੀ ਧੀ ਹੈ, ਜਿਸ ਨਾਲ ਪਰਿਵਾਰ ਵਿੱਚ ਖੁਸ਼ੀ ਦਾ ਮਾਹੌਲ ਹੈ। ਸਾਕਸ਼ੀ ਮਿੱਤਲ ਦੀ ਇਸ ਕਾਮਯਾਬੀ ਨਾਲ ਨਾ ਸਿਰਫ ਉਸਦੇ ਮਾਪਿਆਂ ਦਾ ਸਿਰ ਮਾਣ ਨਾਲ ਉੱਚਾ ਹੋਇਆ ਹੈ, ਸਗੋਂ ਸਕੂਲ ਦਾ ਨਾਮ ਵੀ ਰੌਸ਼ਨ ਹੋਇਆ ਹੈ। ਡੀਏਵੀ ਪਬਲਿਕ ਸਕੂਲ ਕਕਰਾਲਾ ਦੇ ਅਧਿਆਪਕਾਂ ਅਤੇ ਸਟਾਫ਼ ਵੱਲੋਂ ਵੀ ਵਿਦਿਆਰਥਣ ਨੂੰ ਵਧਾਈ ਦਿੱਤੀ ਗਈ ਅਤੇ ਉਸਦੀ ਮਿਹਨਤ ਦੀ ਸਰਾਹਨਾ ਕੀਤੀ ਗਈ। ਇਸ ਮੌਕੇ ਸਾਕਸ਼ੀ ਦੇ ਮਾਪਿਆਂ ਨੇ ਦੱਸਿਆ ਕਿ ਉਸਨੇ ਨਿਯਮਿਤ ਪੜ੍ਹਾਈ, ਅਨੁਸ਼ਾਸਨ ਅਤੇ ਲਗਨ ਨਾਲ ਇਹ ਸਫਲਤਾ ਹਾਸਲ ਕੀਤੀ ਹੈ। ਸਕੂਲ ਪ੍ਰਬੰਧਕਾਂ ਨੇ ਕਿਹਾ ਕਿ ਸਾਕਸ਼ੀ ਦੀ ਇਹ ਪ੍ਰਾਪਤੀ ਹੋਰ ਵਿਦਿਆਰਥੀਆਂ ਲਈ ਪ੍ਰੇਰਨਾ ਸਰੂਪ ਹੈ।

## ਟਰਾਂਸਜੈਂਡਰ ਪ੍ਰੋਟੈਕਸ਼ਨ ਸੈੱਲ ਦੀ ਮੀਟਿੰਗ ਦੌਰਾਨ ਸਮੱਸਿਆਵਾਂ ਸੁਣੀਆਂ

### ➢ਪਛਾਣ ਪੱਤਰ ਤੇ ਵੋਟਰ ਕਾਰਡ ਬਣਵਾਉਣਾ ਬਹੁਤ ਜ਼ਰੂਰੀ : ਡੀ.ਸੀ.



ਅਮਰਗੜ੍ਹ/ਮਾਲੇਰਕੋਟਲਾ, 18 ਅਪ੍ਰੈਲ (ਬਲਜੀਤ ਸਿੰਘ ਟਿੱਬਾ/ਗੁਰਮੀਤ ਮੰਨਵੀਂ/ ਲਵਦੀਪ ਮੰਨਵੀਂ) : ਡਿਪਟੀ ਕਮਿਸ਼ਨਰ ਵਿਰਾਜ ਐਸ. ਤਿੜਕੇ ਦੀ ਅਗਵਾਈ ਹੇਠ ਟਰਾਂਸਜੈਂਡਰ ਪ੍ਰੋਟੈਕਸ਼ਨ ਸੈੱਲ ਨਾਲ ਸਬੰਧਤ ਮਸਲਿਆਂ ਅਤੇ ਸਮੱਸਿਆਵਾਂ ਸਬੰਧੀ ਜ਼ਿਲ੍ਹਾ ਪੱਧਰੀ ਮੀਟਿੰਗ ਆਯੋਜਿਤ ਕੀਤੀ ਗਈ। ਇਸ ਮੀਟਿੰਗ ਦੌਰਾਨ ਟਰਾਂਸਜੈਂਡਰ ਭਾਈਚਾਰੇ ਦੇ ਪ੍ਰਤੀਨਿਧੀਆਂ ਦੀਆਂ ਮੁੱਖ ਚੁਣੌਤੀਆਂ ਅਤੇ ਮੰਗਾਂ ਨੂੰ ਧਿਆਨ ਨਾਲ ਸੁਣਿਆ ਗਿਆ ਅਤੇ ਉਨ੍ਹਾਂ ਦੇ ਹੱਲ ਲਈ ਤੁਰੰਤ ਕਾਰਵਾਈ ਦੇ ਨਿਰਦੇਸ਼ ਜਾਰੀ ਕੀਤੇ ਗਏ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਟਰਾਂਸਜੈਂਡਰ ਭਾਈਚਾਰੇ ਦੀ ਭਲਾਈ ਲਈ ਪੂਰੀ ਸੰਵੇਦਨਸ਼ੀਲਤਾ ਨਾਲ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਭਰੋਸਾ ਦਿੱਤਾ ਕਿ ਜ਼ਿਲ੍ਹਾ ਪੱਧਰ 'ਤੇ ਹੱਲ ਹੋ ਸਕਣ ਵਾਲੇ ਮਸਲੇ ਤੁਰੰਤ ਨਿਪਟਾਏ ਜਾਣਗੇ, ਜਦਕਿ ਬਾਕੀ ਮਾਮਲਿਆਂ ਨੂੰ ਉੱਚ ਅਧਿਕਾਰੀਆਂ ਕੋਲ ਭੇਜ ਕੇ ਸਮੇਂਬੱਧ ਹੱਲ ਯਕੀਨੀ ਬਣਾਇਆ ਜਾਵੇਗਾ। ਉਨ੍ਹਾਂ ਟਰਾਂਸਜੈਂਡਰ ਵਿਅਕਤੀਆਂ ਲਈ ਪਛਾਣ ਪੱਤਰ ਅਤੇ ਵੋਟਰ ਕਾਰਡ ਬਣਵਾਉਣ ਦੀ ਮਹੱਤਤਾ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਇਹ ਦਸਤਾਵੇਜ਼ ਸਰਕਾਰੀ ਸਕੀਮਾਂ ਅਤੇ ਸਹੂਲਤਾਂ ਦਾ ਲਾਭ ਲੈਣ ਲਈ ਅਤਿ ਜ਼ਰੂਰੀ ਹਨ। ਉਨ੍ਹਾਂ ਸਮੂਹ ਟਰਾਂਸਜੈਂਡਰ ਭਾਈਚਾਰੇ ਨੂੰ ਅਪੀਲ ਕੀਤੀ ਕਿ ਉਹ ਆਪਣੇ ਦਸਤਾਵੇਜ਼ ਜਲਦ ਤਿਆਰ ਕਰਵਾਉਣ। ਸਿੱਖਿਆ ਦੇ ਖੇਤਰ ਵਿੱਚ ਸਮਾਨ ਅਧਿਕਾਰਾਂ ਨੂੰ ਯਕੀਨੀ ਬਣਾਉਂਦੇ ਹੋਏ ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਦੇ ਸਾਰੇ ਸਿੱਖਿਆ ਸੰਸਥਾਨਾਂ ਨੂੰ ਸਖ਼ਤ ਨਿਰਦੇਸ਼ ਜਾਰੀ ਕੀਤੇ ਕਿ ਕਿਸੇ ਵੀ ਟਰਾਂਸਜੈਂਡਰ ਬੱਚੇ ਦੇ ਦਾਖਲੇ ਤੋਂ ਇਨਕਾਰ ਨਾ ਕੀਤਾ ਜਾਵੇ। ਕਿਸੇ ਵੀ ਤਰ੍ਹਾਂ ਦੇ ਭੇਦਭਾਵ ਜਾਂ ਅਨਿਆਂ ਦੀ ਸੂਰਤ ਵਿੱਚ ਸੈੱਲ ਨਾਲ ਤੁਰੰਤ ਸੰਪਰਕ ਕਰਨ ਦੀ ਅਪੀਲ ਵੀ ਕੀਤੀ ਗਈ। ਇਸ ਮੌਕੇ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਡਾ. ਲਵਲੀਨ ਬੜਿੰਗ, ਐੱਸ.ਪੀ (ਪੀ.ਬੀ.ਆਈ) ਰਾਜਵਿੰਦਰ ਸਿੰਘ, ਸੀ.ਡੀ.ਪੀ.ਓ ਪੂਰਨ ਪੰਕਜ ਸ਼ਰਮਾ, ਐਲ.ਡੀ.ਐਮ ਰਾਜਨ ਕੁਮਾਰ, ਜ਼ਿਲ੍ਹਾ ਪ੍ਰੋਗਰਾਮ ਮੈਨੇਜਰ ਅਮ੍ਰਿਤਪਾਲ ਸਿੰਘ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

## ਵਿਸ਼ਵਕਰਮਾ ਮੰਦਰ ਵਿਖੇ ਮੱਸਿਆ ਦਾ ਦਿਹਾੜਾ ਮਨਾਇਆ



ਪਟਿਆਲਾ, 18 ਅਪ੍ਰੈਲ (ਚ.ਨ.ਸ.): ਭਗਵਾਨ ਸ੍ਰੀ ਵਿਸ਼ਵਕਰਮਾ ਮੰਦਰ ਲਾਹੌਰੀ ਗੇਟ ਪਟਿਆਲਾ ਰਜਿ. 1429 ਵੱਲੋਂ ਮਹੀਨਾਵਾਰ ਮੱਸਿਆ ਦਾ ਦਿਹਾੜਾ ਮਨਾਇਆ ਜਾਂਦਾ ਹੈ। ਇਸ ਵਾਰ ਹਵਨਯੱਗ ਦੀ ਸੇਵਾ ਜੱਜਮਾਨ ਤੌਰ 'ਤੇ ਅਮਰਜੀਤ ਸਿੰਘ ਰਾਮਗੜ੍ਹੀਆ ਅਤੇ ਸਮੁੱਚੇ ਪਰਿਵਾਰ ਵੱਲੋਂ ਕਰਵਾਈ ਗਈ। ਮੱਸਿਆ ਦੇ ਦਿਹਾੜੇ 'ਤੇ ਸਮੁੱਚੇ ਭਾਈਚਾਰੇ ਨੇ ਸ਼ਿਰਕਤ ਕੀਤੀ। ਹਵਨ ਯੱਗ ਦੀ ਸੰਪੂਰਨਤਾ ਤੇ ਪੂਰਨ ਅਹੁਤੀ ਪਾਈ ਗਈ। ਸੰਗਤਾਂ ਵਿੱਚ ਕੜਾਹ ਪ੍ਰਸ਼ਾਦ ਅਤੇ ਖੀਰ ਲੰਗਰ ਵਰਤਾਇਆ ਗਿਆ।ਪੰਡਿਤ ਬਦਰੀਨਾਥ ਅਤੇ ਕੈਲਾਸ਼ ਅਚਾਰੀਆ ਜੀ ਨੇ ਬੇ ਹਵੱਨ ਯੱਗ ਦੀ ਸੰਪੂਰਨਤਾ ਕੀਤੀ ਅਮਰਜੀਤ ਸਿੰਘ ਰਾਮਗੜ੍ਹੀਆ ਵੱਲੋਂ ਜਗਜੀਤ ਸਿੰਘ ਸੱਗੂ ਸਕੱਤਰ, ਬਲਜਿੰਦਰ ਸਿੰਘ ਜੰਡੂ ਮੀਤ ਪ੍ਰਧਾਨ, ਜਤਿੰਦਰ ਸਿੰਘ ਮਾਹਲ ਸਹਿ ਸਕੱਤਰ, ਰਾਮ ਕ੍ਰਿਸ਼ਨ ਰਲਨ ਚੇਅਰਮੈਨ, ਅਮਰਜੀਤ ਸਿੰਘ ਸੁਪਾਲ ਸਰਪ੍ਰਸਤ, ਅਮਨ ਗਹੀਰ ਖਜਾਂਨਚੀ, ਗੁਰਬਚਨ ਸਿੰਘ ਵਿਰਦੀ ਮੈਨੇਜਰ ਅਤੇ ਹੋਰ ਬਹੁਤ ਸਤਿਕਾਰਯੋਗ ਸੰਗਤਾਂ ਨੇ ਪਹੁੰਚ ਕੇ ਭਗਵਾਨ ਵਿਸ਼ਵਕਰਮਾ ਜੀ ਦਾ ਅਸ਼ੀਰਵਾਦ ਪ੍ਰਾਪਤ ਕੀਤਾ। ਆਈਆਂ ਸੰਗਤਾਂ ਦਾ ਅਮਰਜੀਤ ਸਿੰਘ ਰਾਮਗੜ੍ਹੀਆ ਪ੍ਰਧਾਨ ਵੱਲੋਂ ਤਹਿ ਦਿਲੋਂ ਧੰਨਵਾਦ ਕੀਤਾ ਗਿਆ।

## ਮਾਨਵ ਵਿਕਾਸ ਸੰਸਥਾਨ ਤੇ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਵਿਚਾਲੇ ਹੋਇਆ ਸਮਝੌਤਾ



ਦੇਵੀਗੜ੍ਹ, 18 ਅਪ੍ਰੈਲ (ਗੁਰਜੀਤ ਸਿੰਘ ਢੋਟ) : ਮਾਨਵ ਵਿਕਾਸ ਸੰਸਥਾਨ (ਐਮ.ਵੀ.ਐਸ.), ਇੱਕ ਗੈਰ-ਮੁਨਾਫ਼ਾ ਖੋਜ ਅਤੇ ਵਿਕਾਸ ਸੰਸਥਾ ਜੋ 1996 ਵਿੱਚ ਸਥਾਪਿਤ ਹੋਈ ਸੀ, ਨੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ (ਪੀ.ਏ.ਯੂ.) ਨਾਲ ਇੱਕ ਸਮਝੌਤਾ ਪੱਤਰ (ਐਮ.ਓ.ਯੂ.) 'ਤੇ ਦਸਤਖਤ ਕੀਤੇ ਹਨ। ਇਹ ਭਾਈਚਾਰਾ ਐਮ.ਵੀ.ਐਸ. ਦੀ ਪਾਣੀ ਸੁਰੱਖਿਆ, ਜਲਵਾਯੂ ਲਚੀਲਾਪਣ ਅਤੇ ਖਾਦ ਪ੍ਰਣਾਲੀਆਂ ਵਿੱਚ ਮੈਦਾਨੀ ਮਹਾਰਤ ਨੂੰ ਪੀ.ਏ.ਯੂ. ਦੀ ਖੇਤੀਬਾੜੀ ਖੋਜ ਅਤੇ ਐਕਸਟੈਂਸ਼ਨ ਲੀਡਰਸ਼ਿਪ ਨਾਲ ਜੋੜਦਾ ਹੈ। ਐਮ.ਓ.ਯੂ. ਦਸਤਖਤ ਸਮਾਰੋਹ ਵਿੱਚ ਦੋਵੇਂ ਸੰਸਥਾਵਾਂ ਦੇ ਪ੍ਰਤੀਨਿਧੀਆਂ ਨੇ ਹਾਜ਼ਰੀ ਭਰੀ, ਜਿਨ੍ਹਾਂ ਵਿੱਚ ਪੀ.ਏ.ਯੂ. ਵੱਲੋਂ ਡਾ. ਐਮ.ਐਸ. ਭੁੱਲਰ (ਡਾਇਰੈਕਟਰ, ਐਕਸਟੈਂਸ਼ਨ ਐਜੂਕੇਸ਼ਨ), ਡਾ. ਜੀ.ਪੀ.ਐਸ. ਸੋਧੀ (ਐਡੀਸ਼ਨਲ ਡਾਇਰੈਕਟਰ, ਐਕਸਟੈਂਸ਼ਨ ਐਜੂਕੇਸ਼ਨ), ਅਤੇ ਡਾ. ਖੁਸ਼ਦੀਪ ਧਰਨੀ (ਪ੍ਰੋਫੈਸਰ, ਬਿਜ਼ਨਸ ਮੈਨੇਜਮੈਂਟ) ਸ਼ਾਮਲ ਸਨ। ਐਮ.ਵੀ.ਐਸ. ਵੱਲੋਂ ਸ਼੍ਰੀ ਰਸਮ ਸਿੰਘ (ਡਾਇਰੈਕਟਰ), ਸ਼੍ਰੀ ਧਨੰਜਯ ਕੁਮਾਰ (ਪ੍ਰੋਗਰਾਮ ਮੈਨੇਜਰ), ਸ਼੍ਰੀ ਅਭਿਸ਼ੇਕ ਸਿੰਘ (ਕਮਿਊਨੀਕੇਸ਼ਨ ਅਫ਼ਸਰ), ਸ੍ਰੀਮਤੀ ਹਰਮਨਦੀਪ ਕੌਰ (ਟੈਕਨੀਕਲ ਐਕਸਪਰਟ, ਐਗਰੋਫੋਰੈਸਟਰੀ) ਅਤੇ ਸ੍ਰੀਮਤੀ ਹਰਲੀਨ ਕੌਰ (ਟੈਕਨੀਕਲ ਐਕਸਪਰਟ, ਐਂਟੋਮੋਲੋਜੀ ਅਤੇ ਜ਼ਿਲ੍ਹਾ ਕੋਆਰਡੀਨੇਟਰ, ਲੁਧਿਆਣਾ) ਵੀ ਮੌਜੂਦ ਸਨ। 1962 ਵਿੱਚ ਸਥਾਪਿਤ ਅਤੇ ਭਾਰਤ ਦੀ ਹਰੀ ਕ੍ਰਾਂਤੀ ਵਿੱਚ ਆਪਣੇ ਯੋਗਦਾਨ ਲਈ ਪ੍ਰਸਿੱਧ ਪੀ.ਏ.ਯੂ. ਮਜ਼ਬੂਤ ਵਿਗਿਆਨਕ ਸਮਰੱਥਾ ਲਿਆਉਂਦਾ ਹੈ, ਜਦਕਿ ਐਮ.ਵੀ.ਐਸ. ਕੋਲ ਵਿਆਪਕ ਮੈਦਾਨੀ ਕਾਰਜਾਨਵੈਨ ਦਾ ਤਜਰਬਾ ਹੈ। ਇਹ ਸਹਿਯੋਗ ਪੰਜਾਬ ਦੀਆਂ ਮਹੱਤਵਪੂਰਨ ਖੇਤੀਬਾੜੀ ਚੁਣੌਤੀਆਂ-ਖ਼ਾਸ ਕਰਕੇ ਪਾਣੀ ਦੀ ਘਾਟ, ਵਧ ਰਹੇ ਇਨਪੁੱਟ ਖਰਚੇ ਅਤੇ ਜਲਵਾਯੂ ਦਬਾਅ—ਨੂੰ ਹੱਲ ਕਰਨ ਲਈ ਖੋਜ ਨੂੰ ਕਿਸਾਨ-ਮਿੱਤਰ ਅਤੇ ਵਿਆਪਕ ਪੱਧਰ 'ਤੇ ਲਾਗੂ ਹੋਣ ਵਾਲੇ ਹੱਲਾਂ ਵਿੱਚ ਤਬਦੀਲ ਕਰਨ ਉੱਤੇ ਕੇਂਦ੍ਰਿਤ ਹੈ। ਐਮ.ਓ.ਯੂ. ਅਧੀਨ, ਐਮ.ਵੀ.ਐਸ. ਅਤੇ ਪੀ.ਏ.ਯੂ. ਦੇ ਵਿਦਵਾਨਾਂ—ਜਿਵੇਂ ਕਿ ਅਗਰੋਨੋਮਿਸਟ, ਮਿੱਟੀ ਵਿਗਿਆਨੀ, ਕੀਟ ਵਿਗਿਆਨੀ, ਸਿੰਚਾਈ ਵਿਸ਼ੇਸ਼ਗਿਆਨ ਅਤੇ ਵਣ ਵਿਗਿਆਨੀ—ਦੀ ਸੰਰਚਿਤ ਭਾਗੀਦਾਰੀ ਨੂੰ ਯਕੀਨੀ ਬਣਾਏਗਾ। ਇਹ ਸਹਿਯੋਗ ਟ੍ਰੇਨਿੰਗ ਕੈਂਪਾਂ, ਐਕਸਪੋਜ਼ਰ ਦੌਰਿਆਂ, ਸਲਾਹਕਾਰ ਸੈਸ਼ਨਾਂ ਅਤੇ ਡੈਮੋਨਸਟ੍ਰੇਸ਼ਨ ਪਲਾਟਾਂ ਰਾਹੀਂ ਲਾਗੂ ਕੀਤਾ ਜਾਵੇਗਾ। ਇਹ ਹਸਤਖੇਪ ਪਾਣੀ-ਕੁਸ਼ਲ ਫਸਲ ਪ੍ਰਣਾਲੀਆਂ, ਸਟੀਕ ਪੋਸ਼ਕ ਪ੍ਰਬੰਧਨ, ਇਕਰੂਪ ਕੀਟ ਪ੍ਰਬੰਧਨ ਅਤੇ ਫਸਲ ਵੱਖ-ਵੱਖਤਾ ਉੱਤੇ ਕੇਂਦ੍ਰਿਤ ਹੋਣਗੇ। ਇਹ ਐਮ.ਓ.ਯੂ. ਲੰਬੇ ਸਮੇਂ ਦੀ ਟਿਕਾਊਤਾ 'ਤੇ ਵੀ ਜ਼ੋਰ ਦਿੰਦਾ ਹੈ, ਜਿਸ ਲਈ ਲੀਡ ਕਿਸਾਨਾਂ ਦੀ ਪਛਾਣ ਅਤੇ ਤਿਆਰੀ ਕੀਤੀ ਜਾਵੇਗੀ ਜੋ ਸਥਾਨਕ ਅਗੂ ਅਤੇ ਸਾਥੀ ਸਿਖਲਾਈਕਾਰ ਵਜੋਂ ਕੰਮ ਕਰਨਗੇ।

## ਮਾਡਰਨ ਸਕੂਲ ਨੇ ਸ਼ਾਨਦਾਰ ਨਤੀਜਿਆਂ ਨਾਲ ਦਸਵੀਂ ਜਮਾਤ 'ਚ ਚਮਕਾਇਆ ਨਾਮ




ਪਟਿਆਲਾ, 18 ਅਪ੍ਰੈਲ (ਚ.ਨ.ਸ.) : ਮਾਡਰਨ ਸੀਨੀਅਰ ਸੈਕੰਡਰੀ ਸਕੂਲ, ਪਟਿਆਲਾ ਜਸ਼ਨ ਅਤੇ ਮਾਣ ਨਾਲ ਭਰਿਆ ਹੋਇਆ ਹੈ ਕਿਉਂਕਿ ਇਸਦੇ ਵਿਦਿਆਰਥੀਆਂ ਨੇ ਹਾਲ ਹੀ ਵਿੱਚ ਐਲਾਨੇ ਗਏ ਸੀ ਬੀ ਐਸ ਈ ਦਸਵੀਂ ਜਮਾਤ ਦੇ ਬੋਰਡ ਨਤੀਜਿਆਂ ਵਿੱਚ ਇੱਕ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ, ਜਿਸ ਨਾਲ ਇੱਕ ਵਾਰ ਫਿਰ ਅਕਾਦਮਿਕ ਉੱਤਮਤਾ ਦਾ ਦਰਜਾ ਵਧਿਆ ਹੈ। ਇਸ ਸ਼ਾਨਦਾਰ ਪ੍ਰਾਪਤੀ ਵਿੱਚ ਮੁਸਕਾਨ ਧੀਮਾਨ ਮੋਹਰੀ ਹੈ, ਜਿਸ ਨੇ ਸ਼ਾਨਦਾਰ 98.6% ਅੰਕਾਂ ਨਾਲ ਸਕੂਲ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ, ਜੋ ਕਿ ਪੂਰੀ ਤਰ੍ਹਾਂ ਸਮਰਪਣ ਅਤੇ ਅਕਾਦਮਿਕ ਪ੍ਰਤਿਭਾ ਨੂੰ ਦਰਸਾਉਂਦਾ ਹੈ। ਇਸ ਤੋਂ ਬਾਅਦ ਮਨਜੋਤ ਕੌਰ ਪ੍ਰਭਾਵਸ਼ਾਲੀ 97.2 ਫੀਸਦੀ ਅੰਕਾਂ ਨਾਲ ਦੂਜੇ ਸਥਾਨ 'ਤੇ ਹੈ, ਜਦੋਂ ਕਿ ਹਰਸਿਮਰਤ ਕੌਰ ਨੇ 96.8 ਫੀਸਦੀ ਪ੍ਰਸ਼ੰਸਾਯੋਗ ਅੰਕਾਂ ਨਾਲ ਤੀਜਾ ਸਥਾਨ ਪ੍ਰਾਪਤ ਕੀਤਾ ਹੈ। ਇਸ ਸਫਲਤਾ ਦੀ ਕਹਾਣੀ ਨੂੰ ਜੋੜਦੇ ਹੋਏ, ਬਹੁਤ ਸਾਰੇ ਵਿਦਿਆਰਥੀਆਂ ਨੇ 90 ਫੀਸਦੀ ਅੰਕਾਂ ਨੂੰ ਅੰਤਰ ਨਾਲ ਪਾਰ ਕੀਤਾ ਹੈ। ਇਹਨਾਂ ਵਿੱਚੋਂ ਗਗਨਦੀਪ ਕੌਰ (95 ਫੀਸਦੀ), ਰਿਧਿਮਾ (95 ਫੀਸਦੀ), ਤਨਿਸ਼ਕ ਸ਼ਰਮਾ (93.6 ਫੀਸਦੀ), ਹਰਨੂਰ ਕੌਰ (92.4 ਫੀਸਦੀ), ਆਦਿਤਿਆ (91.2 ਫੀਸਦੀ), ਰਾਸ਼ੀ (91.2 ਫੀਸਦੀ), ਅਤੇ ਜੈਸ਼ਮੀਤ ਸਿੰਘ (90.4 ਫੀਸਦੀ) ਹਨ, ਹਰ ਇੱਕ ਇਕਸਾਰਤਾ, ਲਗਨ ਅਤੇ ਸਖ਼ਤ ਮਿਹਨਤ ਦੀ ਉਦਾਹਰਣ ਦਿੰਦਾ ਹੈ।ਸਕੂਲ ਪ੍ਰਬੰਧਨ ਨੇ ਸਾਰੇ ਪ੍ਰਾਪਤੀਆਂ ਕਰਨ ਵਾਲਿਆਂ ਨੂੰ ਉਨ੍ਹਾਂ ਦੇ ਸ਼ਲਾਘਾਯੋਗ ਪ੍ਰਦਰਸ਼ਨ ਲਈ ਵਧਾਈ ਦਿੱਤੀ।